ਸ਼ੁੱਕਰਵਾਰ, 10 ਫਰਵਰੀ, 2023

28 ਮਾਘ { ਨਾਨਕਸ਼ਾਹੀ 554 / ਬਿਕਰਮੀ 2079

ਜਿਲਦ/VOL. : 71

ਅੰਕ/NO. : 251

ਨਵਾਂ ਜ਼ਮਾਨਾ

DAILY NAWAN ZAMANA • FRIDAY, 10 FEBRUARY, 2023

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਸੀਰੀਆ ਤੇ ਤੁਰਕੀ 'ਚ ਆਏ ਭੁਚਾਲ ਦੌਰਾਨ ਮਰਨ ਵਾਲਿਆਂ ਦੀ ਗਿਣਤੀ 17000 ਤੋਂ ਪਾਰ ਚਲੀ ਗਈ ਹੈ। ਇਸ ਦੌਰਾਨ ਉਥੇ ਲੋਕਾਂ ਨੂੰ ਮਲਬੇ 'ਚੋਂ ਕੱਢਣ ਲਈ ਲਗਾਤਾਰ ਕੋਸ਼ਿਸ਼ਾਂ ਜਾਰੀ ਹਨ। ਤਸਵੀਰ 'ਚ ਸੀਰੀਆ 'ਚ ਇੱਕ ਮਾਂ ਆਪਣੀ ਮ੍ਰਿਤਕ ਬੇਟੀ ਦਾ ਹੱਥ ਚੁੰਮਦੀ ਹੋਈ, ਜੋ ਭੁਚਾਲ ਦੌਰਾਨ ਇੱਕ ਇਮਾਰਤ ਦੇ ਮਲਬੇ ਹੇਠ ਦੱਬ ਜਾਣ ਕਾਰਨ ਦਮ ਤੋੜ ਗਈ।

ਪੇਂਡੂ ਤੇ ਖੇਤ ਮਜ਼ਦੂਰਾਂ ਵੱਲੋਂ ਚੇਤਾਵਨੀ ਰੈਲੀਆਂ

ਮਲੋਟ : ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਸੱਦੇ ਤਹਿਤ ਵੀਰਵਾਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀਆਂ ਮਜ਼ਦੂਰ ਜਥੇਬੰਦੀਆਂ ਨੇ ਦਾਣਾ ਮੰਡੀ ਮਲੋਟ 'ਚ ਚੇਤਾਵਨੀ ਰੈਲੀ ਕਰਕੇ ਐਲਾਨਿਆ ਕਿ ਜੇ ਮੁੱਖ ਮੰਤਰੀ ਭਗਵੰਤ ਮਾਨ ਨੇ ਸਾਂਝੇ ਮਜ਼ਦੂਰ ਮੋਰਚੇ ਨਾਲ 15 ਫਰਵਰੀ ਦੀ ਮੀਟਿੰਗ ਤੋਂ ਟਾਲਾ ਵੱਟਿਆ ਜਾਂ ਮੰਗਾਂ ਦਾ ਤਸੱਲੀਬਖਸ਼ ਨਿਪਟਾਰਾ ਨਾ ਕੀਤਾ ਤਾਂ ਸਾਂਝੇ ਮੋਰਚੇ ਵੱਲੋਂ ਮਾਰਚ ਦੇ ਪਹਿਲੇ ਹਫਤੇ 'ਆਪ' ਸਰਕਾਰ ਖਿਲਾਫ ਪੱਕਾ ਮੋਰਚਾ ਲਾਇਆ ਜਾਵੇਗਾ। ਇਕੱਠ 'ਚ ਪਹੁੰਚੀ ਨਾਇਬ ਤਹਿਸੀਲਦਾਰ ਮਲੋਟ ਨੂੰ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਦਿੱਤਾ ਗਿਆ।

ਇਕੱਠ ਨੂੰ ਸੂਬਾਈ ਆਗੂਆਂ ਦੇਵੀ ਕੁਮਾਰੀ ਸਰਹਾਲੀ ਕਲਾਂ ਤੇ ● ਬਾਕੀ ਸਫ਼ਾ 2 'ਤੇ

ਅਡਾਨੀ ਮਾਮਲੇ 'ਚ ਸੁਪਰੀਮ ਕੋਰਟ 'ਚ ਸੁਣਵਾਈ ਅੱਜ

ਨਵੀਂ ਦਿੱਲੀ : ਅਡਾਨੀ ਗਰੁੱਪ ਦੀਆਂ ਕੰਪਨੀਆਂ ਬਾਰੇ ਹਿੰਡਨਬਰਗ ਰਿਸਰਚ ਰਿਪੋਰਟ ਦੀ ਅਦਾਲਤ ਦੀ ਨਿਗਰਾਨੀ ਹੇਠ ਜਾਂਚ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਸੁਪਰੀਮ ਕੋਰਟ ਸ਼ੁੱਕਰਵਾਰ ਨੂੰ ਸੁਣਵਾਈ ਕਰੇਗੀ।

ਪਟੀਸ਼ਨ 'ਚ ਜਾਂਚ ਲਈ ਸੁਪਰੀਮ ਕੋਰਟ ਦੇ ਸੇਵਾਮੁਕਤ ਜੱਜ ਦੀ ਨਿਗਰਾਨੀ ਹੇਠ ਕਮੇਟੀ ਕਾਇਮ ਕਰਨ ਲਈ ਕੇਂਦਰ ਨੂੰ ਨਿਰਦੇਸ਼ ਦੇਣ ਦੀ ਮੰਗ ਕੀਤੀ ਗਈ ਹੈ। ਰਿਪੋਰਟ 'ਚ ਕਾਰੋਬਾਰੀ ਗਰੁੱਪ 'ਤੇ ਕਈ ਦੋਸ਼ ਲਗਾਏ ਗਏ ਹਨ। ਪਟੀਸ਼ਨ ਦਾਇਰ ਕਰਨ ਵਾਲੇ ਵਕੀਲ ਵਿਸ਼ਾਲ ਤਿਵਾੜੀ ਨੇ ਮਾਮਲੇ ਨੂੰ ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਬੈਂਚ ਦੇ ਸਾਹਮਣੇ ਤੁਰੰਤ ਸੂਚੀਬੱਧ ਕਰਨ ਦੀ ਮੰਗ ਕੀਤੀ ਸੀ।

ਤੇਲ ਟੈਂਕਰ 'ਚ ਵੜੇ 7 ਮਜ਼ਦੂਰਾਂ ਦੀ ਦਮ ਘੁਟਣ ਨਾਲ ਮੌਤ

ਹੈਦਰਾਬਾਦ : ਆਂਧਰਾ ਪ੍ਰਦੇਸ਼ ਦੇ ਕਾਕੀਨਾਡਾ ਜ਼ਿਲ੍ਹੇ 'ਚ ਵੀਰਵਾਰ ਤੇਲ ਫੈਕਟਰੀ 'ਚ ਟੈਂਕਰ ਦੀ ਸਫਾਈ ਕਰਦੇ ਸਮੇਂ ਘੱਟੋ-ਘੱਟ 7 ਮਜ਼ਦੂਰਾਂ ਦੀ ਦਮ ਘੁਟਣ ਕਾਰਨ ਮੌਤ ਹੋ ਗਈ। ਜ਼ਿਲ੍ਹੇ ਦੇ ਰਾਗਮਪੇਟਾ ਵਿਖੇ ਅੰਬਾਤੀ ਸੁਬੰਨਾ ਤੇਲ ਫੈਕਟਰੀ 'ਚ ਮਜ਼ਦੂਰ ਇਕ-ਇਕ ਕਰਕੇ 24 ਫੁੱਟ ਡੂੰਘੇ ਤੇਲ ਟੈਂਕਰ ਨੂੰ ਸਾਫ ਕਰਨ ਲਈ ਅੰਦਰ ਵੜੇ ਸਨ। ਮ੍ਰਿਤਕਾਂ ਦੇ ਪਰਵਾਰਾਂ ਨੇ ਦੋਸ਼ ਲਾਇਆ ਕਿ ਫੈਕਟਰੀ ਪ੍ਰਬੰਧਕਾਂ ਨੇ ਲੋੜੀਂਦੀਆਂ ਸਾਵਧਾਨੀਆਂ ਨਹੀਂ ਵਰਤੀਆਂ। ਪੁਲਸ ਨੇ ਕਿਹਾ ਕਿ ਪ੍ਰਬੰਧਕਾਂ ਖਿਲਾਫ ਅਪਰਾਧਕ ਕਾਰਵਾਈ ਕੀਤੀ ਜਾਵੇਗੀ।

ਨਬਾਲਗ ਤੋਂ 15 ਕਿੱਲੋ ਹੈਰੋਇਨ ਤੇ ਸਾਢੇ 8 ਲੱਖ ਬਰਾਮਦ

ਚੰਡੀਗੜ੍ਹ : ਅੰਮ੍ਰਿਤਸਰ ਪੁਲਸ ਨੇ ਨਾਬਾਲਗ ਮੁੰਡੇ ਨੂੰ 15 ਕਿਲੋ ਹੈਰੋਇਨ ਸਮੇਤ ਕਾਬੂ ਕੀਤਾ ਹੈ। ਪੰਜਾਬ ਦੇ ਡੀ ਜੀ ਪੀ ਗੌਰਵ ਯਾਦਵ ਨੇ ਟਵੀਟ 'ਤੇ ਦੱਸਿਆ ਕਿ ਅੰਮ੍ਰਿਤਸਰ ਦੇ ਰਾਮ ਤੀਰਥ ਰੋਡ 'ਤੇ ਨਾਕੇ ਤੋਂ ਹਿਰਾਸਤ 'ਚ ਲਏ ਨਾਬਾਲਗ ਕੋਲੋਂ 8.4 ਲੱਖ ਰੁਪਏ ਦੀ ਨਕਦੀ ਵੀ ਮਿਲੀ। ਉਨ੍ਹਾ ਕਿਹਾ ਕਿ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਰੈਕੇਟ ਦਾ ਮਾਸਟਰ ਮਾਈਂਡ ਰੇਸ਼ਮ ਸਿੰਘ ਫਰਾਰ ਹੈ।

ਅਰਜ਼ੀ ਪ੍ਰਕਿਰਿਆ ਸ਼ੁਰੂ

ਨਵੀਂ ਦਿੱਲੀ : ਕੇਂਦਰੀ ਯੂਨੀਵਰਸਿਟੀ ਸਾਂਝਾ ਦਾਖਲਾ ਪ੍ਰੀਖਿਆ-ਅੰਡਰ ਗ੍ਰੈਜੂਏਟ (ਸੀ ਯੂ ਈ ਟੀ-ਯੂ ਜੀ) ਦੇ ਦੂਜੇ ਪੜਾਅ ਲਈ ਅਰਜ਼ੀ ਪ੍ਰਕਿਰਿਆ ਵੀਰਵਾਰ ਰਾਤ ਸ਼ੁਰੂ ਹੋ ਗਈ ਤੇ 12 ਮਾਰਚ ਤੱਕ ਜਾਰੀ ਰਹੇਗੀ। ਇਹ ਜਾਣਕਾਰੀ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਦੇ ਚੇਅਰਮੈਨ ਐੱਮ. ਜਗਦੀਸ਼ ਕੁਮਾਰ ਨੇ ਦਿੱਤੀ। ਪ੍ਰੀਖਿਆ 21 ਤੋਂ 31 ਮਈ ਤੱਕ ਹੋਣੀ ਹੈ।

ਨੱਚਦੇ ਬਰਾਤੀਆਂ 'ਤੇ ਕਾਰ ਚੜ੍ਹਨ ਨਾਲ 3 ਮੌਤਾਂ

ਲਖਨਊ : ਮੇਰਠ ਜ਼ਿਲ੍ਹੇ 'ਚ ਸੜਕ 'ਤੇ ਨੱਚ ਰਹੇ ਬਰਾਤੀਆਂ 'ਤੇ ਤੇਜ਼ ਰਫਤਾਰ ਕਾਰ ਚੜ੍ਹਨ ਕਾਰਨ ਤਿੰਨ ਵਿਅਕਤੀ ਮਾਰੇ ਗਏ ਤੇ ਚਾਰ ਜ਼ਖ਼ਮੀ ਹੋ ਗਏ। ਗੁੱਸੇ 'ਚ ਆਏ ਲੋਕਾਂ ਨੇ ਕਾਰ ਚਾਲਕ ਨੂੰ ਫੜ ਕੇ ਕੁੱਟ ਦਿੱਤਾ। ਪੁਲਸ ਨੇ ਕਾਰ ਨੂੰ ਕਬਜ਼ੇ 'ਚ ਲੈ ਕੇ ਚਾਲਕ ਬਿੱਟੂ ਵਿਰੁੱਧ ਇਰਾਦਾ ਕਤਲ ਦਾ ਮਾਮਲਾ ਦਰਜ ਕਰ ਲਿਆ ਹੈ।

ਹਰਿਆਣਾ ਸਭ ਤੋਂ ਅਸੁਰੱਖਿਅਤ

ਗ੍ਰਹਿ ਮੰਤਰੀ ਅਨਿਲ ਵਿੱਜ ਤੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ।

ਚੰਡੀਗੜ੍ਹ : ਪ੍ਰਧਾਨ ਮੰਤਰੀ ਦੀ ਆਰਥਕ ਸਲਾਹਕਾਰ ਕੌਂਸਲ ਦੀ ਸਮਾਜੀ ਪ੍ਰਗਤੀ ਸੂਚਕ ਅੰਕ ਰਿਪੋਰਟ ਵਿਚ ਹਰਿਆਣਾ ਨੂੰ ਦੇਸ਼ ਦਾ ਸਭ ਤੋਂ ਅਸੁਰੱਖਿਅਤ ਰਾਜ ਕਰਾਰ ਦਿੱਤਾ ਗਿਆ ਹੈ। ਨਾਗਰਿਕ ਸੁਰੱਖਿਆ ਨੂੰ ਲੈ ਕੇ ਭਾਜਪਾ ਸ਼ਾਸਨ ਵਾਲੇ ਇਸ ਰਾਜ ਨੂੰ 100 ਵਿੱਚੋਂ 33.04 ਅੰਕ ਮਿਲੇ ਹਨ, ਜਿਹੜੀ ਦੇਸ਼ ਦੇ 36 ਰਾਜਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿਚ ਸਭ ਤੋਂ ਖਰਾਬ ਸਥਿਤੀ ਹੈ। ਨਾਗਾਲੈਂਡ ਨੂੰ ਸਭ ਤੋਂ ਸੁਰੱਖਿਅਤ ਰਾਜ ਐਲਾਨਿਆ ਗਿਆ ਹੈ। 34.86 ਅੰਕ ਨਾਲ ਓਡੀਸ਼ਾ ਦੂਜੇ, 35.24 ਅੰਕ ਨਾਲ ਭਾਜਪਾ ਸ਼ਾਸਤ ਆਸਾਮ ਤੀਜੇ ਨੰਬਰ ਦੇ ਅਸੁਰੱਖਿਅਤ ਰਾਜ ਕਰਾਰ ਦਿੱਤੇ ਗਏ ਹਨ। 42.22 ਅੰਕ ਨਾਲ ਤਿਲੰਗਾਨਾ ਚੌਥੇ ਤੇ 43.84 ਅੰਕ ਨਾਲ ਦਿੱਲੀ ਪੰਜਵੇਂ ਨੰਬਰ 'ਤੇ ਹਨ। ਇਹ ਸੂਚਕ ਅੰਕ ਨਾਗਰਿਕ ਸੁਰੱਖਿਆ ਨੂੰ ਲੈ ਕੇ ਰਾਜ ਸਰਕਾਰ ਦੇ ਇੰਤਜ਼ਾਮ ਤੇ ਜਤਨਾਂ ਦੀ ਪਰਖ ਕਰਦਾ ● ਬਾਕੀ ਸਫ਼ਾ 2 'ਤੇ

ਧਨਖੜ ਦੇ ਰਵੱਈਏ ਤੋਂ ਕਾਂਗਰਸ ਨਰਾਜ਼

ਮੋਦੀ ਬਾਰੇ ਖੜਗੇ ਦੀਆਂ ਟਿੱਪਣੀਆਂ ਖਾਰਜ ਕਰਨ 'ਤੇ ਸਖਤ ਇਤਰਾਜ਼

ਨਵੀਂ ਦਿੱਲੀ : ਕਾਂਗਰਸ ਨੇ ਵੀਰਵਾਰ ਆਪੋਜ਼ੀਸ਼ਨ ਦੇ ਆਗੂ ਮਲਿਕਾਰਜੁਨ ਖੜਗੇ ਵੱਲੋਂ ਰਾਸ਼ਟਰਪਤੀ ਦੇ ਭਾਸ਼ਣ ਦਾ ਧੰਨਵਾਦ ਕਰਦੇ ਮਤੇ 'ਤੇ ਬੁੱਧਵਾਰ ਬਹਿਸ ਦੌਰਾਨ ਕਹੀਆਂ ਗਈਆਂ ਕੁਝ ਗੱਲਾਂ ਨੂੰ ਰਾਜ ਸਭਾ ਦੇ ਚੇਅਰਮੈਨ ਜਗਦੀਪ ਧਨਖੜ ਵੱਲੋਂ ਕਾਰਵਾਈ ਵਿੱਚੋਂ ਕੱਢਣ 'ਤੇ ਇਤਰਾਜ਼ ਉਠਾਉਂਦਿਆਂ ਕਿਹਾ ਕਿ ਉਨ੍ਹਾ ਕੋਈ ਗੈਰਸੰਸਦੀ ਸ਼ਬਦ ਨਹੀਂ ਵਰਤੇ ਤੇ ਅਜਿਹੇ ਸ਼ਬਦ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਨੇ ਵੀ ਵਰਤੇ ਸਨ। ਧਨਖੜ ਨੇ ਆਪਣੇ ਫੈਸਲੇ 'ਤੇ ਨਜ਼ਰਸਾਨੀ ਕਰਨ ਤੋਂ ਕੋਰੀ ਨਾਂਹ ਕਰ ਦਿੱਤੀ। ਵੀਰਵਾਰ ਰਾਜ ਸਭਾ ਦੀ ਕਾਰਵਾਈ ਸ਼ੁਰੂ ਹੁੰਦਿਆਂ ਹੀ ਕਾਂਗਰਸੀ ਮੈਂਬਰਾਂ ਨੇ ਖੜਗੇ ਦੀਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਬਾਰੇ ਟਿੱਪਣੀਆਂ ਨੂੰ ਕਾਰਵਾਈ ਵਿੱਚੋਂ ਕੱਢਣ ਪਿਛਲੇ ਤੁਕ 'ਤੇ ਕਿੰਤੂ ਕਰਦਿਆਂ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ ਵਾਜਪਾਈ ਤੇ ਮਨਮੋਹਨ ਸਿੰਘ ਵੱਲੋਂ ਕੀਤੀਆਂ ਗਈਆਂ ਅਜਿਹੀਆਂ ਟਿੱਪਣੀਆਂ ਅਜੇ ਵੀ ਰਿਕਾਰਡ ਵਿਚ ਹਨ। ਖੜਗੇ ਨੇ ਕਿਹਾ ਕਿ ਉਨ੍ਹਾ ਵੱਲੋਂ ਕੀਤੀਆਂ ਗਈਆਂ ਟਿੱਪਣੀਆਂ ਨੇਮਾਂ ਤੇ ਪ੍ਰਕਿਰਿਆਵਾਂ ਮੁਤਾਬਕ ਸਨ, ਜਿਨ੍ਹਾਂ ਨੂੰ ਕਾਰਵਾਈ ਵਿੱਚੋਂ ਕੱਢਿਆ ਨਹੀਂ ਜਾ ਸਕਦਾ। ਖੜਗੇ ਨੇ ਚੇਅਰਮੈਨ ਨੂੰ ਕਿਹਾ—ਵਾਜਪਾਈ ਨੇ ਵੇਲੇ ਦੇ ਪ੍ਰਧਾਨ ਮੰਤਰੀ ਪੀ ਵੀ ਨਰਸਿਮ੍ਹਾ ਰਾਓ ਪ੍ਰਤੀ ਅਜਿਹੇ ਸ਼ਬਦ ਵਰਤੇ ਸਨ। ਉਹ ਅਜੇ ਵੀ ਰਿਕਾਰਡ ਵਿਚ ਹਨ। ਤੁਸੀਂ ਰਿਕਾਰਡ ਚੈੱਕ ਕਰ ਸਕਦੇ ਹੋ। ਜਦੋਂ ਕਾਂਗਰਸ ਦੇ ਚੀਫ ਵ੍ਹਿਪ ਜੈਰਾਮ ਰਮੇਸ਼ ਸਣੇ ਹੋਰਨਾਂ ਪਾਰਟੀ ਆਗੂਆਂ ਨੇ ਨੁਕਤਾ ਉਠਾਉਣ ਦੀ ਕੋਸ਼ਿਸ਼ ਕੀਤੀ, ਤੁਸੀਂ ਉਨ੍ਹਾਂ ਨੂੰ ਬਿਠਾ ਦਿੱਤਾ। ਰਮੇਸ਼ ਹਾਰਵਰਡ ਯੂਨੀਵਰਸਿਟੀ ਦੇ ਪੜ੍ਹੇ ਹਨ ਅਤੇ ਹਿੰਦੀ, ਕੰਨੜ, ਇੰਗਲਿਸ਼ ਤੇ ਹੋਰ ਭਾਸ਼ਾਵਾਂ ਵੀ ਜਾਣਦੇ ਹਨ। ਉਹ ਸੰਸਦੀ ਭਾਸ਼ਾ ਜਾਣਦੇ ਹਨ, ਪਰ ਤੁਸੀਂ ਉਨ੍ਹਾਂ ਨੂੰ ਟੋਕਣੋਂ ਨਹੀਂ ਹਟੇ, ਇਹ ਠੀਕ ਨਹੀਂ। ਅਡਾਨੀ ਗਰੁੱਪ ਨਾਲ ਜੁੜੇ ਮਾਮਲਿਆਂ 'ਤੇ ਵਿਰੋਧੀ ਪਾਰਟੀਆਂ ਦੇ ਦੋਸ਼ਾਂ ਦੇ ਮੱਦੇਨਜ਼ਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਉਨ੍ਹਾ 'ਤੇ ਜਿੰਨਾ ਚਿੱਕੜ ਸੁੱਟਿਆ ਜਾਵੇਗਾ, ਓਨਾ ਹੀ ਕਮਲ ਖਿੜੇਗਾ। ਪ੍ਰਧਾਨ ਮੰਤਰੀ ਨੇ ਇਹ ਗੱਲ ਰਾਸ਼ਟਰਪਤੀ ਦੇ ਭਾਸ਼ਣ 'ਤੇ ਧੰਨਵਾਦ ਮਤੇ ਉਪਰ ਰਾਜ ਸਭਾ 'ਚ ਚਰਚਾ ਦਾ ਜਵਾਬ ਦਿੰਦੇ ਹੋਏ ਕਹੀ। ਪ੍ਰਧਾਨ ਮੰਤਰੀ ਨੇ ਜਿਵੇਂ ਹੀ ਜਵਾਬ ਦੇਣਾ ਸ਼ੁਰੂ ਕੀਤਾ, ਕਾਂਗਰਸ ਤੇ ਆਮ ਆਦਮੀ ਪਾਰਟੀ ਸਮੇਤ ਕੁਝ ਵਿਰੋਧੀ ਪਾਰਟੀਆਂ ਦੇ ਮੈਂਬਰ ਮੰਚ ਦੇ ਨੇੜੇ ਆ ਗਏ ਅਤੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ।

ਦਿੱਲੀ-ਬਠਿੰਡਾ ਟਰੈਕ 'ਤੇ ਧਰਨਾ

ਮਾਨਸਾ : ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਨੇ ਮਾਨਸਾ ਜ਼ਿਲ੍ਹੇ ਦੇ ਪਿੰਡ ਖੋਖਰ ਕਲਾਂ ਵਿਖੇ ਦਿੱਲੀ-ਬਠਿੰਡਾ ਰੇਲਵੇ ਲਾਈਨ ਉਤੇ ਅਣਮਿੱਥੇ ਦਾ ਧਰਨਾ ਸ਼ੁਰੂ ਕਰ ਦਿੱਤਾ ਹੈ। ਪਿੰਡ ਖੋਖਰ ਖੁਰਦ ਦੀ 950 ਏਕੜ ਜ਼ਮੀਨ ਨੂੰ ਰੇਲਵੇ ਲਾਈਨ ਦੇ ਹੇਠੋਂ ਦੀ ਨਹਿਰੀ ਪਾਣੀ ਲਈ ਪੁਲੀ ਨਾ ਲੰਘਾਉਣ ਕਾਰਨ ਧਰਨਾ ਮਾਰਿਆ ਗਿਆ ਹੈ। ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਾਰ-ਵਾਰ ਸਮਝੌਤੇ ਕਰਕੇ ਮੁਕਰਦਾ ਆ ਰਿਹਾ ਹੈ, ਜਦੋਂ ਕਿ ਪੁਲੀ ਨਾ ਬਣਨ ਕਰਕੇ ਨਹਿਰੀ ਪਾਣੀ ਤੋਂ ਕਈ ਸਾਲਾਂ ਤੋਂ ਕਿਸਾਨਾਂ ਦੇ ਖੇਤ ਪਿਆਸੇ ਹਨ।

ਇਕ ਹੋਰ ਗ੍ਰਿਫਤਾਰ

ਨਵੀਂ ਦਿੱਲੀ : ਈ ਡੀ ਨੇ ਦਿੱਲੀ ਦੀ ਆਬਕਾਰੀ ਨੀਤੀ 'ਚ ਕਥਿਤ ਬੇਨੇਮੀਆਂ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ 'ਚ ਇਸ਼ਤਿਹਾਰਬਾਜ਼ੀ ਦੇ ਪੇਸ਼ੇ ਨਾਲ ਸੰਬੰਧਤ ਰਾਜੇਸ ਜੋਸ਼ੀ ਨੂੰ ਗ੍ਰਿਫਤਾਰ ਕੀਤਾ ਹੈ। ਗੋਆ ਵਿਧਾਨ ਸਭਾ ਚੋਣਾਂ 'ਚ ਕਥਿਤ ਰਿਸ਼ਵਤਖੋਰੀ ਦੇ ਸੰਬੰਧ 'ਚ ਉਸ ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਹੈ।

ਮਜ਼ਦੂਰ ਤੇ ਰਾਸ਼ਟਰ ਵਿਰੋਧੀ ਨੀਤੀਆਂ ਖਿਲਾਫ ਜ਼ੋਰਦਾਰ ਸੰਘਰਸ਼ ਦੀ ਲੋੜ : ਅਮਰਜੀਤ ਕੌਰ

ਲੁਧਿਆਣਾ (ਐੱਮ ਐੱਸ ਭਾਟੀਆ)-ਮੱਧ ਪ੍ਰਦੇਸ਼ ਦੇ ਕੋਤਮਾ ਵਿਖੇ ਮਾਫ਼ੀਆ ਦੁਆਰਾ ਸ਼ਹੀਦ ਕੀਤੇ ਗਏ ਟਰੇਡ ਯੂਨੀਅਨ ਆਗੂ ਮਦਨ ਸਿੰਘ ਦੀ ਮੂਰਤੀ ਤੋਂ ਪਰਦਾ ਲਾਹੁਣ ਦੀ ਰਸਮ ਅਦਾ ਕਰਨ ਪਿੱਛੋਂ ਛਤੀਸਗੜ੍ਹ ਦੇ ਬਿਲਾਸਪੁਰ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਏਟਕ ਦੀ ਕੌਮੀ ਜਨਰਲ ਸਕੱਤਰ ਅਮਰਜੀਤ ਕੌਰ ਨੇ ਕਿਹਾ ਕਿ ਮੋਦੀ ਸਰਕਾਰ ਦੇ ਦੂਜੇ ਕਾਰਜਕਾਲ ਦਾ ਆਖਰੀ ਬਜਟ ਖੋਖਲਾ, ਗਰੀਬ ਵਿਰੋਧੀ ਅਤੇ ਅਮੀਰ-ਪੱਖੀ ਹੈ। ਇਹ ਅਸਮਾਨਤਾਵਾਂ ਨੂੰ ਹੋਰ ਵਧਾਏਗਾ, ਜੋ ਨਰੇਂਦਰ ਮੋਦੀ ਦੇ ਲੱਗਭੱਗ 9 ਸਾਲਾਂ ਦੇ ਸ਼ਾਸਨ ਦੀ ਵਿਸ਼ੇਸ਼ਤਾ ਰਹੀ ਹੈ। ਉਹਨਾ ਕਿਹਾ ਕਿ ਇਹ ਬਜਟ ਆਕਸਫੈਮ ਦੀ ਇੱਕ ਰਿਪੋਰਟ ਦੇ ਪਿਛੋਕੜ ਵਿੱਚ ਆਇਆ ਹੈ, ਜਿਸ ਵਿੱਚ ਖੁਲਾਸਾ ਕੀਤਾ ਗਿਆ ਹੈ ਕਿ ਭਾਰਤ ਦੀ ਚੋਟੀ ਦੀ 1% ਆਬਾਦੀ, ਜਿਸ ਕੋਲ ਪਿਛਲੇ ਸਾਲ ਤੱਕ ਦੇਸ਼ ਦੀ ਕੁੱਲ ਦੌਲਤ ਦਾ 22% ਸੀ, ਨੇ ਆਪਣਾ ਹਿੱਸਾ ਵਧਾ ਕੇ 40.5% ਕਰ ਲਿਆ ਹੈ, ਜਦੋਂ ਕਿ 50% ਹੇਠਲੇ ਲੋਕਾਂ, ਜਿਨ੍ਹਾਂ ਦਾ ਦੌਲਤ ਵਿੱਚ 13% ਹਿੱਸਾ ਸੀ, ਹੁਣ ਸਿਰਫ 3% ਹੀ ਬਚਿਆ ਹੈ। ਸਾਡੇ ਦੇਸ਼ ਵਿੱਚ ਲਾਕਡਾਊਨ ਤੋਂ ਪਹਿਲਾਂ ਅਰਬਪਤੀ 102 ਸਨ, ਜੋ 2021 ਵਿੱਚ ਵਧ ਕੇ 142 ਹੋ ਗਏ ਅਤੇ ਇਸ ਤਾਜ਼ਾ ਰਿਪੋਰਟ ਵਿੱਚ ਉਨ੍ਹਾਂ ਦੀ ਗਿਣਤੀ 166 ਹੋ ਗਈ ਹੈ, ਜਦੋਂ ਕਿ ਭੁੱਖਮਰੀ ਸੂਚਕ ਅੰਕ 102 ਦੀ ਸਥਿਤੀ ਤੋਂ ਹੋਰ ਵਿਗੜ ਗਿਆ ਹੈ, ਹੁਣ ਭਾਰਤ 107ਵੇਂ ਸਥਾਨ 'ਤੇ ਹੈ। ਭਾਰਤ ਵਿੱਚ ਭੁੱਖਮਰੀ ਦੀ ਸਥਿਤੀ 19 ਕਰੋੜ ਦੀ ਬਜਾਏ ਹੁਣ ਵਧ ਕੇ 35 ਕਰੋੜ ਹੋ ਗਈ ਹੈ। ਸਰਕਾਰ ਨੇ ਖੁਦ ਸੁਪਰੀਮ ਕੋਰਟ ਵਿੱਚ ਇੱਕ ਪਟੀਸ਼ਨ ਵਿੱਚ ਮੰਨਿਆ ਹੈ ਕਿ ਮਰ ਰਹੇ ਬੱਚਿਆਂ ਵਿੱਚੋਂ 65% ਕੁਪੋਸ਼ਣ ਕਾਰਨ ਹਨ। ਭਾਰਤ ਸਰਕਾਰ ਦੇ ਕ੍ਰਾਈਮ ਬਿਊਰੋ ਨੇ ਆਪਣੀ ਰਿਪੋਰਟ ਵਿੱਚ ਦੇਸ਼ ਨੂੰ ਸੂਚਿਤ ਕੀਤਾ ਹੈ ਕਿ ਦੇਸ਼ ਵਿੱਚ ● ਬਾਕੀ ਸਫ਼ਾ 2 'ਤੇ

ਪਾਠ ਦਾ ਭੋਗ ਅਤੇ ਅੰਤਮ ਅਰਦਾਸ

ਆਪ ਜੀ ਨੂੰ ਦੁਖੀ ਹਿਰਦੇ ਨਾਲ ਸੂਚਿਤ ਕਰਦੇ ਹਾਂ ਕਿ ਸਾਡੇ ਸਤਿਕਾਰਯੋਗ ਸਾਬਕਾ ਮੀਤ ਪ੍ਰਧਾਨ ਤੇ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ

ਜਥੇਦਾਰ ਸੁੱਚਾ ਸਿੰਘ ਜੀ ਜੌਹਲ

ਜੋ ਬੀਤੇ ਦਿਨੀਂ ਗੁਰੂ ਚਰਨਾਂ 'ਚ ਜਾ ਬਿਰਾਜੇ ਸਨ, ਦੀ ਆਤਮਿਕ ਸ਼ਾਂਤੀ ਲਈ ਰੱਖੇ ਸਹਿਜ ਪਾਠ ਦੇ ਭੋਗ ਅਤੇ **ਅੰਤਮ ਅਰਦਾਸ 11 ਫਰਵਰੀ 2023 ਦਿਨ ਸ਼ਨੀਵਾਰ ਨੂੰ ਦੁਪਹਿਰ 12.00 ਵਜੇ ਤੋਂ 2.00 ਵਜੇ ਤੱਕ ਪਿੰਡ ਜੌਹਲਾਂ, ਨੇੜੇ ਗੁਰਾਇਆ ਵਿਖੇ ਹੋਵੇਗੀ।** ਆਪ ਜੀ ਨੇ ਅੰਤਮ ਅਰਦਾਸ 'ਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।

ਗੁਰੂ ਦੇ ਭਾਣੇ 'ਚ

ਪ੍ਰਿੰਸੀਪਲ ਰਾਮਤੀਰਥ ਸਿੰਘ ਗਰੇਵਾਲ (ਸਾਬਕਾ ਚੇਅਰਮੈਨ ਮਿਲਕ ਪਲਾਂਟ ਗੁਰਾਇਆ)

ਸ: ਕੰਵਲਜੀਤ ਸਿੰਘ ਸਹੋਤਾ (ਸਾਬਕਾ ਸਰਪੰਚ ਬੜਾ ਪਿੰਡ)

ਅੱਜ-ਨਾਮਾ

ਲੱਗੀ ਹੋਣ ਕੋਈ ਨਵੀਂ ਪੜਤਾਲ ਸੁਣਿਆ,
ਕਿਸ ਪਿੰਡ ਕਿੰਨੀ ਸੀ ਗਈ ਗਰਾਂਟ ਬੇਲੀ।
ਕਰਨੀ ਆ ਪੂਰੇ ਪੰਜਾਬ ਵਿੱਚ ਜਾਂਚ ਪਿੱਛੋਂ,
ਪੰਜ ਕੁ ਸੌ ਪਿੰਡ ਅਗੇਤੇ ਲਏ ਛਾਂਟ ਬੇਲੀ।
ਆਈ ਰਕਮ ਵਿਕਾਸ ਲਈ ਨਹੀਂ ਖਰਚੀ,
ਕਈ ਥਾਂ ਕੀਤੜੀ ਆ ਬੰਦਰ-ਬਾਂਟ ਬੇਲੀ।
ਖਾਧਾ ਕਈ ਵਿਧਾਇਕਾਂ ਵੀ ਮਾਲ ਸੁਣਿਆ,
ਜਿਹੜੇ ਕੁਝ ਬਹੁਤ ਹੀ ਸਨ ਖਰਾਂਟ ਬੇਲੀ।
ਫੈਕਟਰੀ ਟਾਇਲ ਦੀ ਸੁਣੀ ਹੈ ਕਿਸੇ ਲਾਈ,
ਲਈ ਉਹ ਮਾਲ ਕਮਾਉਣ ਨੂੰ ਵਰਤ ਬੇਲੀ।
ਫਸਣਗੇ ਬੇਸ਼ੱਕ ਵਿਧਾਇਕ ਸਰਪੰਚ ਬੇਲੀ,
ਛਕਿਆ ਮਾਲ ਨਹੀਂ ਆਊਗਾ ਪਰਤ ਬੇਲੀ।

-ਤੀਸ ਮਾਰ ਖਾਂ

ਨੀਲੇ ਤੋਂ ਭਗਵੇਂ

ਪਟਿਆਲਾ : ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਮੀਤ ਪ੍ਰਧਾਨ ਜਸਪਾਲ ਸਿੰਘ ਗੰਗਰੋਲੀ, ਭੁਪਿੰਦਰ ਸਿੰਘ ਭੰਗੂ, ਸਕਸ਼ਮ ਬਾਂਸਲ ਭਾਦਸੋਂ ਅਤੇ ਪ੍ਰੀਤਇੰਦਰ ਬੁੱਗਾ ਤੇ ਕੁਝ ਹੋਰਨਾਂ ਸਮੇਤ ਵੀਰਵਾਰ ਚੰਡੀਗੜ੍ਹ ਪਹੁੰਚ ਕੇ ਭਾਜਪਾ ਦੇ ਸੂਬਾ ਜਨਰਲ ਸਕੱਤਰ ਜੀਵਨ ਗੁਪਤਾ ਤੇ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਦੀ ਮੌਜੂਦਗੀ ਵਿਚ ਭਾਜਪਾ 'ਚ ਸ਼ਾਮਲ ਹੋ ਗਏ।

ਡੋਵਾਲ ਪੂਤਿਨ ਨੂੰ ਮਿਲੇ

ਨਵੀਂ ਦਿੱਲੀ : ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਲ ਨੇ ਵੀਰਵਾਰ ਮਾਸਕੋ 'ਚ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਨਾਲ ਮੁਲਾਕਾਤ ਕਰਕੇ ਵੱਖ-ਵੱਖ ਦੁਵੱਲੇ ਅਤੇ ਖੇਤਰੀ ਮੁੱਦਿਆਂ 'ਤੇ ਚਰਚਾ ਕੀਤੀ। ਇਸ ਦੀ ਜਾਣਕਾਰੀ ਭਾਰਤ 'ਚ ਰੂਸ ਦੇ ਦੂਤਘਰ ਨੇ ਟਵੀਟ ਕਰਕੇ ਦਿੱਤੀ।

ਭਾਰਤੀ ਦੂਤਘਰ ਨਿਸ਼ਾਨੇ 'ਤੇ

ਸੰਯੁਕਤ ਰਾਸ਼ਟਰ : ਆਈ ਐੱਸ ਆਈ ਐੱਲ-ਕੇ ਵੱਲੋਂ ਅਫਗਾਨਿਸਤਾਨ 'ਚ ਭਾਰਤ, ਈਰਾਨ ਅਤੇ ਚੀਨ ਦੇ ਦੂਤਘਰਾਂ ਉੱਤੇ ਅੱਤਵਾਦੀ ਹਮਲੇ ਕਰਨ ਦਾ ਖਤਰਾ ਹੈ। ਸੰਯੁਕਤ ਰਾਸ਼ਟਰ ਦੇ ਸਕੱਤਰ-ਜਨਰਲ ਐਂਤੋਨੀਓ ਗੁਤੇਰੇਸ ਦੀ ਆਈ ਐੱਸ ਆਈ ਐੱਲ-ਕੇ ਦੇ ਖਤਰੇ ਬਾਰੇ ਰਿਪੋਰਟ 'ਚ ਇਹ ਖੁਲਾਸਾ ਕੀਤਾ ਗਿਆ ਹੈ।

ਪਾਕਿਸਤਾਨੀ ਡਰੋਨ ਖਦੇੜਿਆ

ਚੰਡੀਗੜ੍ਹ : ਗੁਰਦਾਸਪੁਰ ਸੈਕਟਰ 'ਚ ਬੀ ਐੱਸ ਐੱਫ ਦੀ ਆਦੀਆ ਪੋਸਟ ਦੇ ਕੋਲ ਬੁੱਧਵਾਰ ਰਾਤ ਪਾਕਿਸਤਾਨੀ ਡਰੋਨ ਜਵਾਨਾਂ ਨੇ ਫਾਇਰਿੰਗ ਕਰਕੇ ਖਦੇੜ ਦਿੱਤਾ।

ਕਸ਼ਮੀਰ 'ਚ ਬਰਫਬਾਰੀ

ਸ੍ਰੀਨਗਰ : ਉੱਤਰੀ ਕਸ਼ਮੀਰ ਦੇ ਜ਼ਿਆਦਾਤਰ ਇਲਾਕਿਆਂ 'ਚ ਵੀਰਵਾਰ ਤਾਜ਼ਾ ਬਰਫਬਾਰੀ ਤੇ ਬਾਕੀ ਵਾਦੀ 'ਚ ਬਾਰਿਸ਼ ਹੋਈ। ਬਾਰਾਮੂਲਾ ਜ਼ਿਲ੍ਹੇ ਦੇ ਗੁਲਮਰਗ ਸਕੀ ਰਿਜ਼ਾਰਟ 'ਤੇ ਬੁੱਧਵਾਰ ਰਾਤ ਬਰਫਬਾਰੀ ਸ਼ੁਰੂ ਹੋ ਗਈ ਸੀ। ਸ਼ੁੱਕਰਵਾਰ ਤੋਂ ਖੇਲੋ ਇੰਡੀਆ ਸਰਦ ਰੁੱਤ ਖੇਡਾਂ ਸ਼ੁਰੂ ਹੋਣਗੀਆਂ। ਕੁਪਵਾੜਾ ਅਤੇ ਗੁਰੇਜ਼ ਸੈਕਟਰਾਂ 'ਚ ਵੀਰਵਾਰ ਸਵੇਰੇ ਬਰਫਬਾਰੀ ਸ਼ੁਰੂ ਹੋਈ।

CMYK

ਇਕੋਲਾਹਾ ਸਕੂਲ ਨੇ ਕਰਾਏ ਨਸ਼ਾ ਵਿਰੋਧੀ ਮੁਕਾਬਲੇ

ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)-ਪੰਜਾਬ ਸਕੂਲ ਸਿੱਖਿਆ ਬੋਰਡ ਦੇ ਹੁਕਮਾਂ ਅਨੁਸਾਰ ਅੱਜ ਮਿਤੀ 8 ਫਰਵਰੀ ਨੂੰ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਲਈ ਨਸ਼ਾ ਰੋਕੂ ਮੁਹਿੰਮ ਅਧੀਨ ਪ੍ਰਿੰਸੀਪਲ ਰਜਿੰਦਰ ਸਿੰਘ ਬੈਨੀਪਾਲ ਅਤੇ ਸਮੂਹ ਸਟਾਫ ਦੇ ਸਹਿਯੋਗ ਨਾਲ ਸਵੇਰ ਦੀ ਸਭਾ ਵਿੱਚ ਭਾਸ਼ਣ ਪ੍ਰਤੀਯੋਗਤਾ ਅਤੇ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਬੱਚਿਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ। ਅਧਿਆਪਕਾਂ ਵੱਲੋਂ ਵੀ ਵਿਦਿਆਰਥੀਆਂ ਨੂੰ ਨਸ਼ਾ ਨਾ ਕਰਨ ਲਈ ਪ੍ਰੇਰਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਆਪਣੇ ਪਰਵਾਰ ਅਤੇ ਗੁਆਂਢੀਆਂ ਨੂੰ ਵੀ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਦਾ ਪ੍ਰਣ ਲਿਆ ਗਿਆ। ਇਸ ਮੌਕੇ ਪ੍ਰਿੰਸੀਪਲ ਰਜਿੰਦਰ ਸਿੰਘ ਬੈਨੀਪਾਲ ਦੁਆਰਾ ਬੱਚਿਆਂ ਨੂੰ ਪੜ੍ਹਾਈ ਅਤੇ ਖੇਡਾਂ 'ਚ ਵਧੇਰੇ ਮਿਹਨਤ ਕਰਨ ਦੇ ਨਾਲ ਨਾਲ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਮੁਕਾਬਲੇ 'ਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਉਨ੍ਹਾਂ ਦੀ ਹੌਸਲਾ-ਅਫਜ਼ਾਈ ਕੀਤੀ ਗਈ। ਇਸ ਮੌਕੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ। ਦੇ ਦਫਤਰੀ ਸਕੱਤਰ ਚਰਨਜੀਤ ਸਿੰਘ ਅਤੇ ਸਰਕਲ ਕਮੇਟੀ ਦੇ ਅਹੁਦੇਦਾਰ ਹਾਜ਼ਰ ਸਨ।

ਇੰਪਲਾਈਜ਼ ਫੈਡਰੇਸ਼ਨ ਪੀ ਐੱਸ ਈ ਬੀ ਅਹੁਦੇਦਾਰਾਂ ਦੀ ਚੋਣ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਸੂਬਾ ਕਮੇਟੀ ਅਤੇ ਸਰਕਲ ਚੋਣ ਨਿਗਰਾਨ ਕਮੇਟੀ ਡਵੀਜ਼ਨ ਸਮਾਣਾ ਦੇ ਮੀਤ ਪ੍ਰਧਾਨ ਲਾਲਜੀਤ ਸਿੰਘ ਅਤੇ ਸਲਾਹਕਾਰ ਕਰਮ ਸਿੰਘ ਦੀ ਅਗਵਾਈ ਹੇਠ ਬਾਦਸ਼ਾਹਪੁਰ ਸਬ ਡਵੀਜ਼ਨ ਇੰਪਲਾਈਜ਼ ਫੈਡਰੇਸ਼ਨ ਪੀ ਐਸ ਈ ਬੀ (ਸੁਰਿੰਦਰ ਸਿੰਘ ਪਹਿਲਵਾਨ ਗਰੁੱਪ) ਦੀ ਸਰਬਸੰਮਤੀ ਨਾਲ ਚੋਣ ਕਰਵਾਈ ਗਈ, ਜਿਸ ਵਿੱਚ ਬੱਗਾ ਸਿੰਘ ਨੂੰ ਪ੍ਰਧਾਨ ਅਤੇ ਜਨਰਲ ਸਕੱਤਰ ਪਰਵਿੰਦਰ ਸਿੰਘ ਚੁਣਿਆ ਗਿਆ। ਨਵੇਂ ਬਣੇ ਪ੍ਰਧਾਨ ਨੂੰ ਬਾਕੀ ਅਹੁਦੇਦਾਰਾਂ ਦੀ ਚੋਣ ਕਰਨ ਦਾ ਅਧਿਕਾਰ ਦਿੱਤਾ ਗਿਆ। ਨਵੇਂ ਬਣੇ ਪ੍ਰਧਾਨ ਨੇ ਨੈਬ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਆਦਰਸ਼ ਗਰੋਵਰ ਅਤੇ ਬੂਟਾ ਸਿੰਘ ਨੂੰ ਮੀਤ ਪ੍ਰਧਾਨ, ਰਿੰਕੂ ਸਿੰਘ ਸਹਾਇਕ ਸਕੱਤਰ, ਗਗਨਦੀਪ ਸਿੰਘ ਜਥੇਬੰਦੀ ਸਕੱਤਰ, ਕੁਲਵਿੰਦਰ ਸਿੰਘ ਪ੍ਰੈਸ ਸਕੱਤਰ, ਗੁਰਵਿੰਦਰ ਸਿੰਘ ਕੈਸ਼ੀਅਰ, ਰੁਲਵਿੰਦਰ ਸਿੰਘ ਅਤੇ ਪਰਗਟ ਸਿੰਘ ਸਲਾਹਕਾਰ ਚੁਣਿਆ ਗਿਆ। ਇਸ ਮੌਕੇ ਸੂਬਾ ਕਮੇਟੀ ਦੇ ਦਫਤਰੀ ਸਕੱਤਰ ਚਰਨਜੀਤ ਸਿੰਘ ਅਤੇ ਸਰਕਲ ਕਮੇਟੀ ਦੇ ਅਹੁਦੇਦਾਰ ਹਾਜ਼ਰ ਸਨ।

ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਨਗਰ ਕੀਰਤਨ ਸਜਾਇਆ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਪਿੰਡ ਸਹੌਰ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ 646ਵੇਂ ਜਨਮ ਦਿਹਾੜੇ ਨੂੰ ਸਮਰਪਤ ਵਿਸ਼ਾਲ ਨਗਰ ਕੀਰਤਨ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ। ਇਸ ਮੌਕੇ ਬਾਬਾ ਸੇਵਕ ਸਿੰਘ, ਬਾਬਾ ਜਸਵਿੰਦਰ ਸਿੰਘ, ਦੇ ਰਾਗੀ ਜਥੇ ਨੇ ਕਥਾ ਕੀਰਤਨ ਦੁਆਰਾ ਗੁਰੂ ਰਵਿਦਾਸ ਜੀ ਦੀ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਨਗਰ ਕੀਰਤਨ ਦਾ ਹਰ ਪੜਾਅ ਉਪਰ ਸਮੂਹ ਸੰਗਤਾਂ ਨੇ ਭਰਵਾਂ ਸਵਾਗਤ ਕਰਕੇ ਸ਼ਾਮਲ ਸੰਗਤਾਂ ਲਈ ਵੱਖ-ਵੱਖ ਪ੍ਰਕਾਰ ਦੇ ਲੰਗਰ ਲਾਏ ਗਏ। ਢਾਡੀ ਜਥੇ ਪਰਮਿੰਦਰ ਸਿੰਘ ਸਹੌਰ ਦੇ ਜਥੇ ਨੇ ਗੁਰ ਇਤਿਹਾਸ ਸੁਣਾਇਆ। ਇਸ ਮੌਕੇ ਕਮੇਟੀ ਪ੍ਰਧਾਨ ਜਵਾਹਰ ਸਿੰਘ ਫੌਜੀ, ਖ਼ਜ਼ਾਨਚੀ ਭਾਨ ਸਿੰਘ, ਤਰਸੇਮ ਸਿੰਘ, ਠਾਕੁਰ ਸਿੰਘ, ਕੁਲਵਿੰਦਰ ਸਿੰਘ, ਦਲਬਾਰਾ ਸਿੰਘ ਫੌਜੀ, ਭਾਈ ਲਖਵੀਰ ਸਿੰਘ ਸਹੌਰ ਆਦ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

ਮਿੱਠੇ ਬੋਲ ਦੂਜਿਆਂ ਨੂੰ ਆਪਣਾ ਬਣਾ ਲੈਂਦੇ ਹਨ : ਸੰਤ ਇੰਦਰਜੀਤ ਸ਼ਰਮਾ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਜਿਹੜੇ ਇਨਸਾਨ ਸਤਿਗੁਰੂ ਦੀ ਸ਼ਰਨ ਵਿੱਚ ਆ ਕੇ ਬ੍ਰਹਮ ਗਿਆਨ ਦੀ ਪ੍ਰਾਪਤੀ ਕਰਨ ਉਪਰੰਤ ਆਪਣੇ ਆਪ ਨੂੰ ਸਤਿਗੁਰੂ ਦੇ ਸਮਰਪਤ ਕਰਦੇ ਹਨ, ਸੰਤਾਂ-ਮਹਾਪੁਰਸ਼ਾਂ ਵਾਲੇ ਗੁਣਾਂ ਨੂੰ ਅਪਨਾ ਲੈਂਦੇ ਹਨ, ਉਨ੍ਹਾਂ ਦੇ ਹਿਰਦੇ ਵਿੱਚ ਪ੍ਰੇਮ, ਪਿਆਰ, ਪ੍ਰੀਤ, ਨਿਮਰਤਾ, ਸਹਿਣਸ਼ੀਲਤਾ, ਸਾਂਝੀਵਾਲਤਾ ਵਾਲੇ ਗੁਣ ਆ ਜਾਣ ਕਰਕੇ ਬੋਲ ਬਾਣੀ ਵਿੱਚ ਮਿਠਾਸ ਆ ਜਾਂਦੀ ਹੈ। ਉਨ੍ਹਾਂ ਅੱਗੇ ਫਰਮਾਇਆ ਕਿ ਜਦੋਂ ਸਾਨੂੰ ਵਪਾਰ ਵਿੱਚ ਲਾਭ ਪ੍ਰਾਪਤ ਹੁੰਦਾ ਹੈ ਤਾਂ ਅਸੀਂ ਘਰ ਵਿੱਚੋਂ ਪੁਰਾਣੀਆਂ ਚੀਜਾਂ ਬਦਲ ਕੇ ਨਵੀਆਂ ਚੀਜ਼ਾਂ ਲੈ ਲੈ ਆਉਂਦੇ ਹਾਂ, ਜਿਸ ਨਾਲ ਘਰ ਸੋਹਣਾ ਲੱਗਣ ਲੱਗ ਪੈਂਦਾ ਹੈ। ਇਸੇ ਤਰ੍ਹਾਂ ਸਤਿਸੰਗ ਵਿੱਚ ਆਉਣ ਨਾਲ ਸਰੀਰ ਵਿੱਚੋਂ ਮੈਂ, ਮੇਰੀ, ਹਉਮੈ-ਹੰਕਾਰ, ਵੈਰ, ਵਿਰੋਧ, ਨਫ਼ਰਤ, ਨਿੰਦਿਆ ਚੁਗਲੀ ਵਰਗੇ ਔਗੁਣ ਨਿਕਲ ਜਾਂਦੇ ਹਨ ਅਤੇ ਸੰਤਾਂ-ਮਹਾਂਪੁਰਸ਼ਾਂ ਵਾਲੇ ਗੁਣ ਇਨਸਾਨ ਵਿਚ ਪ੍ਰਵੇਸ਼ ਕਰ ਜਾਂਦੇ ਹਨ। ਇਨਸਾਨ ਦਾ ਜੀਵਨ ਸੋਹਣਾ ਬਣ ਜਾਂਦਾ ਹੈ। ਕਰੋਨਾ ਵਾਇਰਸ ਨੇ ਸਾਰੀ ਦੁਨੀਆ ਹਿਲਾ ਕੇ ਰੱਖ ਦਿੱਤੀ ਸੀ। ਸੰਤ ਇੰਦਰਜੀਤ ਸ਼ਰਮਾ ਨੇ ਫਰਮਾਇਆ ਕਿ ਦੁਨੀਆ ਇੱਕ ਜਗਤ ਤਮਾਸ਼ਾ ਹੈ। ਹਰ ਕੋਈ ਇਨਸਾਨ ਆਪਣਾ ਆਪਣਾ ਰੋਲ ਅਦਾ ਕਰ ਕੇ ਦੁਨੀਆ ਤੋਂ ਚਲਿਆ ਜਾਂਦਾ ਹੈ।

ਗੰਧੂ ਕਿਲਚਾ 'ਚ ਲਾਇਆ ਸਿਹਤ ਸਕੀਮਾਂ ਪ੍ਰਤੀ ਜਾਗਰੂਕਤਾ ਕੈਂਪ

ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸਿੰਘ ਸੋਢੀ)-ਮੌਸਮੀ ਬਿਮਾਰੀਆਂ ਤੋਂ ਬਚਾਓ ਤੇ ਮੱਛਰਾਂ ਸਦਕਾ ਹੋਣ ਵਾਲੇ ਡੇਂਗੂ ਸਮੇਤ ਅਨੇਕਾਂ ਬਿਮਾਰੀਆਂ ਦੇ ਬਚਾਅ ਲਈ ਡਾ. ਰਵਜੀਤ ਸਿੰਘ ਸੀਨੀਅਰ ਮੈਡੀਕਲ ਅਫ਼ਸਰ ਕਮਿਊਨਿਟੀ ਹੈਲਥ ਸੈਂਟਰ ਦੇ ਹੁਕਮਾਂ ਅਨੁਸਾਰ ਸੀ.ਐਚ.ਸੀ ਦੇ ਸਬ ਸੈਂਟਰ ਲੱਖਾ ਹਾਜੀ ਅਧੀਨ ਪੈਂਦੇ ਪਿੰਡ ਗੰਧੂ ਕਿਲਚਾ ਵਿਖੇ ਡੇਂਗੂ ਜਾਗਰੂਕਤਾ ਕੈਂਪ ਲਾ ਕੇ ਲੋਕਾਂ ਨੂੰ ਡੇਂਗੂ ਬੁਖਾਰ ਬਾਰੇ ਜਾਗਰੂਕ ਕੀਤਾ ਗਿਆ। ਕੈਂਪ ਦੀ ਅਗਵਾਈ ਕਰਦਿਆਂ ਅਮਰਜੀਤ ਐਮ.ਪੀ.ਐਚ ਡਬਲਿਊ (ਮੇਲ), ਸ਼੍ਰੀਮਤੀ ਸਰੋਜ ਬਾਲਾ ਐਮ.ਪੀ.ਐਚ.ਡਬਲਿਊ (ਫ਼ੀ), ਲੱਛਮੀ ਬਾਈ ਆਸ਼ਾ ਫੈਸਲੀਟੇਟਰ ਨੇ ਲੋਕਾਂ ਨੂੰ ਵੀ ਐਚ ਐਸ ਐਨ ਸੀ ਕੈਮਿਟੀ ਤਹਿਤ ਜੋ ਮਹਿਕਮੇ ਅੰਦਰ ਚੱਲ ਰਹੀਆਂ ਸਕੀਮਾਂ ਬਾਰੇ ਜਾਣੂ ਕਰਾਇਆ ਤੇ ਨਾਲ ਹੀ ਅਮਰਜੀਤ ਐਮ ਪੀ ਐਚ ਡੱਬਲੂ (ਮੇਲ) ਵਲੋਂ ਮੌਸਮੀ ਬਿਮਾਰੀਆਂ ਦੇ ਲੱਛਣਾਂ ਤੋਂ ਜਾਣੂ ਕਰਾਉਂਦੇ ਹੋਏ ਦੱਸਿਆ ਕਿ ਸਾਨੂੰ ਆਪਣੇ ਘਰਾਂ ਵਿਚ ਸਾਫ-ਸਫਾਈ ਰੱਖਣ ਦੇ ਨਾਲ-ਨਾਲ ਕੂਲਰਾਂ, ਟੈਂਕੀਆਂ ਆਦਿ ਦੀ ਵੀ ਸਫਾਈ ਰੱਖਣੀ ਚਾਹੀਦੀ ਹੈ ਅਤੇ ਇਨ੍ਹਾਂ ਵਿੱਚ ਪਾਣੀ ਜ਼ਿਆਦਾ ਪੁਰਾਣਾ ਨਹੀਂ ਹੋਣਾ ਚਾਹੀਦਾ, ਕਿਉਂਕਿ ਸਾਫ ਪਾਣੀ ਜਿਥੇ ਖੜੇਗਾ, ਉਸ ਪਾਣੀ ਵਿੱਚ ਡੇਂਗੂ ਦਾ ਮੱਛਰ ਪਣਪਦਾ ਹੈ। ਕੈਂਪ 'ਚ ਸ਼੍ਰੀਮਤੀ ਲੱਛਮੀ ਬਾਈ ਆਸ਼ਾ ਫੈਸਲੀਟੇਟਰ, ਸ਼ਮੀ ਆਸ਼ਾ ਵਰਕਰ, ਸੋਮਾ ਦੇਵੀ ਸਰਪੰਚ, ਆਂਗਣਵਾੜੀ ਵਰਕਰ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਹੋਲੀ ਹਾਰਟ ਸਕੂਲ ਵਿਖੇ ਮਾਪੇ-ਅਧਿਆਪਕ ਮਿਲਣੀ



ਅਜੀਤਵਾਲ (ਨਛੱਤਰ ਸੰਧੂ)-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਨਰਸਰੀ ਜਮਾਤ ਤੋਂ ਲੈ ਕੇ 12ਵੀਂ ਜਮਾਤ ਤੱਕ ਮਾਪੇ-ਅਧਿਆਪਕ ਮਿਲਣੀ ਕਰਵਾਈ ਗਈ। ਇਸ ਮਾਪੇ-ਅਧਿਆਪਕ ਮਿਲਣੀ ਵਿੱਚ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਦੇ ਮਾਪਿਆਂ ਨੂੰ ਫਰਵਰੀ ਵਿੱਚ ਹੋਣ ਜਾ ਰਹੇ ਇਮਤਿਹਾਨਾਂ (ਟਰਮ-2) ਦੀ ਜਾਣਕਾਰੀ ਦਿੱਤੀ ਗਈ ਤੇ ਅਧਿਆਪਕਾਂ ਨੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਬੱਚਿਆਂ ਦੀ ਪੜ੍ਹਾਈ ਬਾਰੇ ਜਾਗਰੂਕ ਕੀਤਾ ਤੇ ਨਾਲ ਹੀ ਬੱਚਿਆਂ ਨੂੰ ਹੋਰ ਜ਼ਿਆਦਾ ਮਿਹਨਤ ਕਰਨ ਲਈ ਉਤਸ਼ਾਹਤ ਕੀਤਾ। ਜਮਾਤ ਵਿੱਚ ਰੋਜ਼ ਹੁੰਦੇ ਟੈਸਟਾਂ ਦੀ ਰਿਪੋਰਟ ਵੀ ਦਿੱਤੀ ਗਈ। ਅਧਿਆਪਕਾਵਾਂ ਨੇ ਮਾਪਿਆਂ ਨੂੰ ਕਿਹਾ ਕਿ ਬੱਚਿਆਂ ਨੂੰ ਆਪਣੇ ਪੇਪਰ ਤਨਾਅ ਰਹਿਤ ਦੇਣੇ ਚਾਹੀਦੇ ਹਨ। ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਮੈਡਮ ਪਰਮਜੀਤ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਕਿਹਾ ਕਿ ਇਸ ਮਾਪੇ-ਅਧਿਆਪਕ ਮਿਲਣੀ ਦੌਰਾਨ ਵਿਦਿਆਰਥੀਆਂ ਦੇ ਮਾਪਿਆਂ ਨੇ ਸਕੂਲ ਦੀ ਹੋਰ ਤਰੱਕੀ ਤੇ ਵਿਕਾਸ ਨੂੰ ਮੁੱਖ ਰੱਖਦਿਆਂ ਸਕੂਲ ਚੇਅਰਮੈਨ ਤੇ ਪ੍ਰਿੰਸੀਪਲ ਨਾਲ ਆਪਣੇ ਵਿਚਾਰ ਸਾਂਝੇ ਕੀਤੇ।

ਕੇਂਦਰੀ ਵਿਦਿਆਲਿਆ ਉੱਭਾਵਾਲ 'ਚ ਕਲਾ ਪ੍ਰਦਰਸ਼ਨੀ ਲਗਾਈ

ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸੱਪਲ)-ਨੇੜਲੇ ਪਿੰਡ ਉੱਭਾਵਾਲ ਦੇ ਕੇਂਦਰੀ ਵਿਦਿਆਲਿਆ ਸਕੂਲ ਦੀ ਪ੍ਰਿੰਸੀਪਲ ਅੰਜਨਾ ਗੰਗਵਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੇਂਦਰੀ ਵਿਦਿਆਲਿਆ ਉੱਭਾਵਾਲ ਵਿੱਚ ਇੱਕ ਕਲਾ ਪ੍ਰਦਰਸ਼ਨੀ ਲਗਾਈ ਗਈ। ਪ੍ਰਦਰਸ਼ਨੀ ਦਾ ਉਦਘਾਟਨ ਯੂਨੀਅਨ ਬੈਂਕ ਆਫ ਇੰਡੀਆ ਸੰਗਰੂਰ ਦੇ ਮੈਨੇਜਰ ਗੁੰਜਨ ਸ਼ਰਮਾ ਨੇ ਕੀਤਾ। ਪ੍ਰਿੰਸੀਪਲ ਨੇ ਦੱਸਿਆ ਕਿ ਕਲਾ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਕਰਦੀ ਹੈ ਤੇ ਰਚਨਾਤਮਕ ਸਮਰੱਥਾ ਦੇ ਵਾਧੇ ਲਈ ਕਲਾ ਤੇ ਖੇਡਾਂ ਨੂੰ ਸਮਾਂ ਦੇਣਾ ਚਾਹੀਦਾ ਹੈ। ਸਕੂਲ ਦੇ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਪ੍ਰਦਰਸ਼ਨੀ ਨੂੰ ਦੇਖਿਆ। ਚਿੱਤਰ ਪ੍ਰਦਰਸ਼ਨੀ ਕਲਾ ਅਧਿਆਪਕ ਰਾਜ ਕੁਮਾਰ ਸ਼ਰਮਾ ਦੇ ਸਹਿਯੋਗ ਨਾਲ ਲਗਾਈ ਗਈ।

ਬਿਜਲੀ ਦੀ ਨਹੀਂ ਹੋਵੇਗੀ ਕੋਈ ਕਮੀ, ਮਾਨ ਸਰਕਾਰ ਲਗਾਤਾਰ ਕਰ ਰਹੀ ਪਿਛਲੇ ਬਕਾਏ ਵੀ ਕਲੀਅਰ : ਮਲਵਿੰਦਰ ਸਿੰਘ ਕੰਗ

ਚੰਡੀਗੜ੍ਹ (ਗੁਰਜੀਤ ਬਿੱਲਾ)

ਆਮ ਆਦਮੀ ਪਾਰਟੀ (ਆਪ) ਨੇ ਅਕਾਲੀ ਦਲ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਝੋਨੇ ਦੇ ਸੀਜਨ ਦੌਰਾਨ ਬਿਜਲੀ ਪੂਰਤੀ 'ਤੇ ਜਤਾਈ ਚਿੰਤਾ ਦਾ ਜਵਾਬ ਦਿੰਦਿਆਂ ਕਿਹਾ ਕਿ ਉਹ ਜਾਣਬੁੱਝ ਕੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਵੀਰਵਾਰ ਨੂੰ ਪਾਰਟੀ ਦਫਤਰ ਤੋਂ ਇੱਕ ਪ੍ਰੈਸ ਕਾਨਫਰੰਸ ਰਾਹੀਂ ਪਾਰਟੀ ਮੁੱਖ ਬੁਲਾਰੇ ਮਲਵਿੰਦਰ ਸਿੰਘ ਕੰਗ, ਬੁਲਾਰੇ ਨੀਲ ਗਰਗ ਅਤੇ ਗਗਨਦੀਪ ਸਿੰਘ ਨੇ ਅਕਾਲੀ ਅਤੇ ਕਾਂਗਰਸ ਦੀਆਂ ਪਿਛਲੀਆਂ ਸਰਕਾਰਾਂ ਨੂੰ ਘੇਰਿਆ ਅਤੇ ਕਿਹਾ ਕਿ ਪੀਐਸਪੀਸੀਐਲ ਦੀ ਮੌਜੂਦਾ ਵਿੱਤੀ ਸਥਿਤੀ ਲਈ ਇਨ੍ਹਾਂ ਦੀਆਂ ਸਰਕਾਰਾਂ ਜ਼ਿੰਮੇਵਾਰ ਹਨ। ਨੀਲ ਗਰਗ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੇ ਬਿਜਲੀ ਪੂਰਤੀ ਅਤੇ ਬਿਜਲੀ ਬੋਰਡ ਦੀ ਮਾਲੀ ਹਾਲਤ 'ਤੇ ਦਿੱਤੇ ਬਿਆਨਾਂ ਤੋਂ ਪਤਾ ਲੱਗਦਾ ਹੈ ਕਿ ਉਹ ਘਬਰਾਏ ਹੋਏ ਹਨ ਕਿਉਂਕਿ ਆਮ ਆਦਮੀ ਪਾਰਟੀ ਦੀ ਇਮਾਨਦਾਰ ਅਤੇ ਲੋਕ ਪੱਖੀ ਰਾਜਨੀਤੀ ਨਾਲ ਇਨ੍ਹਾਂ ਦੀਆਂ ਝੂਠ ਦੀਆਂ ਦੁਕਾਨਾਂ ਬੰਦ ਹੋ ਗਈਆਂ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਨਾਲ ਨਾਂ ਸਿਰਫ ਲੋਕ ਭਲਾਈ ਅਤੇ ਵਿਕਾਸ ਦੇ ਕੰਮ ਹੋ ਰਹੇ ਹਨ ਸਗੋਂ ਪੰਜਾਬ ਦੀ ਭਾਈਚਾਰਕ ਸਾਂਝ ਵੀ ਵਧੀ ਹੈ। ਲੋਕਾਂ ਨੂੰ ਬਿਨਾਂ ਕਿਸੇ ਵਿਤਕਰੇ ਦੇ ਸਿੱਖਿਆ, ਸਿਹਤ ਸਹੂਲਤਾਂ ਅਤੇ ਮੁਫਤ ਬਿਜਲੀ ਮਿਲ ਰਹੀ ਹੈ। ਮਲਵਿੰਦਰ ਸਿੰਘ ਕੰਗ ਨੇ ਕਿਹਾ, "ਸੁਖਬੀਰ ਸਿੰਘ ਬਾਦਲ ਘਟੀਆ ਪ੍ਰੋਪੇਗੰਡਾ ਕਰ ਰਹੇ ਹਨ ਅਤੇ ਪੰਜਾਬ ਦੇ ਲੋਕਾਂ ਵਿੱਚ ਡਰ ਦਾ ਮਾਹੌਲ ਪੈਦਾ ਕਰਨਾ ਚਾਹੁੰਦੇ ਹਨ। ਪਰ ਮੈਂ ਅੰਕੜਿਆਂ ਨਾਲ ਸਾਰਾ ਸੱਚ ਲੋਕਾਂ ਦੇ ਸਾਹਮਣੇ ਰੱਖਾਂਗਾ। ਅਕਾਲੀ ਅਤੇ ਕਾਂਗਰਸ ਸਰਕਾਰਾਂ ਨੇ ਸਾਨੂੰ ਵਿਰਾਸਤ ਵਿੱਚ ਬਿਜਲੀ ਬੋਰਡ ਪ੍ਰਤੀ 9020 ਕਰੋੜ ਦੀ ਦੇਣਦਾਰੀ ਦਿੱਤੀ। ਸੁਖਬੀਰ ਬਾਦਲ ਦੱਸਣ ਕਿ ਇਸਦਾ ਜ਼ਿੰਮੇਵਾਰ ਕੌਣ ਹੈ?" ਉਨ੍ਹਾਂ ਅੱਗੇ ਕਿਹਾ ਕਿ 80 ਤੋਂ 90% ਲੋਕਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ। ਇਨ੍ਹਾਂ ਹੀ ਨਹੀਂ ਮਾਨ ਸਰਕਾਰ ਲਗਾਤਾਰ ਬਿਜਲੀ ਬੋਰਡ ਦੇ ਪਿਛਲੇ ਬਕਾਏ ਵੀ ਕਲੀਅਰ ਕਰ ਰਹੀ ਹੈ ਅਤੇ ਨਾਲ ਹੀ ਬਿਜਲੀ ਉਤਪਾਦਨ ਵਧਾਉਣ ਲਈ ਅਪਗ੍ਰੇਡ ਦੇ ਨਾਲ ਨਾਲ ਸਾਰੇ ਲੋੜੀਂਦੇ ਕਦਮ ਉਠਾਏ ਜਾ ਰਹੇ ਹਨ। ਅਗਲੇ ਸਾਲ ਤੱਕ 1200 ਮੈਗਾਵਾਟ ਸੋਲਰ ਪਾਵਰ ਅਤੇ 2024 ਤੱਕ 2300 ਮੈਗਾਵਾਟ ਸੋਲਰ ਪਾਵਰ ਪੈਦਾ ਕਰਨ ਲਈ ਕੰਮ ਜਾਰੀ ਹੈ। ਮਾਨ ਸਰਕਾਰ ਨੇ 2015 ਤੋਂ ਬੰਦ ਪਈ ਪਿਛਵਾੜਾ ਕੋਲ ਖਾਣ ਚਲਵਾਈ। 2025 ਤੱਕ ਰੀਨਿਊਏਬਲ (ਨਵਿਆਉਣਯੋਗ) ਸਰੋਤਾਂ ਤੋਂ 3000 ਮੈਗਾਵਾਟ ਬਿਜਲੀ ਪੰਜਾਬ ਨੂੰ ਮਿਲੇਗੀ। ਉਨ੍ਹਾਂ ਕਿਹਾ ਕਿ ਲੋਕ ਭਲਾਈ ਦੀਆਂ ਇਨ੍ਹਾਂ ਸਕੀਮਾਂ ਤੋਂ ਘਬਰਾ ਕੇ ਹੀ ਸੁਖਬੀਰ ਬਾਦਲ ਅਜਿਹੇ ਬਿਆਨ ਦੇ ਰਹੇ ਹਨ।

ਉਨ੍ਹਾਂ ਕਿਹਾ ਕਿ ਬਿਜਲੀ ਬੋਰਡ ਵੱਲ ਸਰਕਾਰ ਦੀ ਦੇਣਦਾਰੀ 3600 ਕਰੋੜ ਹੈ ਅਤੇ ਅਗਲੇ ਤਿੰਨ ਸਾਲਾਂ ਵਿੱਚ ਪੀਐਸਪੀਸੀਐਲ ਦੇ ਸਾਰੇ ਬਕਾਏ ਕਲੀਅਰ ਕਰ ਦਿੱਤੇ ਜਾਣਗੇ। ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਝੋਨੇ ਦੇ ਸੀਜਨ ਦੌਰਾਨ ਬਿਜਲੀ ਦੀ ਸਪਲਾਈ ਨਿਰਵਿਘਨ ਰਹੇਗੀ ਅਤੇ ਕੋਈ ਕਮੀ ਨਹੀਂ ਆਵੇਗੀ। ਕੰਗ ਨੇ ਬਾਦਲ 'ਤੇ ਤੰਜ ਕੱਸਦਿਆਂ ਕਿਹਾ ਕਿ ਭ੍ਰਿਸ਼ਟਾਚਾਰ ਦੇ ਦੌਰ ਵਿੱਚ ਉਨ੍ਹਾਂ ਨੇ ਟਰਾਂਸਪੋਰਟ ਅਤੇ ਮਾਈਨਿੰਗ ਆਦਿ 'ਤੇ ਕਬਜਾ ਕਰ ਲਿਆ ਸੀ ਪਰ ਹੁਣ ਸੁਖਬੀਰ ਬਾਦਲ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਕੇ ਜਾਂ ਡਰਾ ਕੇ ਆਪਣਾ ਇਨਵਰਟਰ ਦਾ ਕੰਮ ਨਹੀਂ ਚਲਾ ਸਕਦੇ।

ਨਸ਼ਿਆਂ ਨੂੰ ਰੋਕਣ ਲਈ ਕੋਈ ਠੋਸ ਨੀਤੀ ਬਣਾਵੇ ਸਰਕਾਰ : ਕੌਰਜੀਵਾਲਾ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਐਡਵੋਕੇਟ ਹਰਿੰਦਰਪਾਲ ਸ਼ਰਮਾ ਕੌਰਜੀਵਾਲਾ, ਸਾਬਕਾ ਚੇਅਰਮੈਨ ਪੰਜਾਬ ਅਤੇ ਸਕੱਤਰ ਇੰਟਕ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਪੰਜਾਂ ਦਰਿਆਵਾਂ ਦੀ ਧਰਤੀ, ਸੂਰਬੀਰ ਯੋਧਿਆਂ ਦੀ ਧਰਤੀ 'ਤੇ ਛੇਵਾਂ ਦਰਿਆ (ਭਾਵ ਨਸ਼ਿਆਂ ਦਾ) ਪੰਜਾਬ 'ਚ ਵਗ ਰਿਹਾ ਹੈ। ਇਸ ਨਸ਼ਿਆਂ ਰੂਪੀ ਦਰਿਆ ਨੇ ਪੰਜਾਬ ਦੇ ਹਜ਼ਾਰਾਂ ਲੰਮੇ ਲੰਝੇ ਨੌਜਵਾਨਾਂ/ਗੱਭਰੂਆਂ ਅਤੇ ਭਰ ਜਵਾਨੀ ਦੇ ਮਾਸੂਮ ਬੱਚਿਆਂ ਨੂੰ ਆਪਣੇ ਲਪੇਟ 'ਚ ਲੈ ਲਿਆ ਹੈ। ਸਰਕਾਰੀ/ਗੈਰ ਸਰਕਾਰੀ ਅੰਕੜਿਆਂ ਅਤੇ ਅਧਿਐਨਾਂ ਅਨੁਸਾਰ ਛੋਟੀ ਉਮਰ ਭਾਵ 10 ਤੋਂ 17 ਸਾਲ ਦੇ ਬੱਚਿਆਂ ਦਾ ਰੁਝਾਨ ਨਸ਼ਿਆਂ ਵੱਲ ਵਧ ਰਿਹਾ ਹੈ ਪਰ 14-15 ਸਾਲ ਦੇ ਬੱਚਿਆਂ ਦੀ ਚਿੰਤਾ ਸਭ ਤੋਂ ਗੰਭੀਰ ਬਣੀ ਹੋਈ ਹੈ। ਪੰਜਾਬ ਸੂਬਾ ਇੱਕ ਬਹੁਤ ਵੱਡਾ ਪਹਿਲਵਾਨ ਸੀ ਜਿਸ 'ਤੇ ਭਾਰਤ ਦੇਸ਼ ਨੂੰ ਬਹੁਤ ਮਾਣ ਸੀ ਪਰ ਨਸ਼ਿਆਂ ਰੂਪੀ ਬਿਮਾਰੀ ਦੀ ਗ੍ਰਸਤ 'ਚ ਗ੍ਰਸਿਆ ਗਿਆ ਅਤੇ ਆਪਣੇ ਵਜ਼ਨ ਨਾਲ ਆਪੇ ਹੀ ਢਹਿ ਰਿਹਾ ਹੈ। ਪੰਜਾਬ ਖੇਤੀਬਾੜੀ ਸੂਬਾ ਪ੍ਰਧਾਨ ਦੇ ਨਾਲ ਰੰਗਲਾ ਪੰਜਾਬ ਵੀ ਅਖਵਾਉਂਦਾ ਸੀ ਪਰ ਪੰਜਾਬ ਵਿੱਚ ਨਾ ਕੋਈ ਕਾਲ ਪਿਆ ਅਤੇ ਨਾ ਹੀ ਬਿਮਾਰੀ, ਨਾ ਹੀ ਸੋਕਾ ਤੇ ਨਾ ਹੀ ਕੋਈ ਬਾਹਰੀ ਹਮਲਾਵਰ ਪੰਜਾਬ ਨੂੰ ਦਬਾ ਸਕਿਆ ਪਰ ਇਸ ਨਸ਼ੇ ਦੀ ਸਮੱਸਿਆ ਕਾਰਨ ਪੰਜਾਬ ਦੀ ਨੌਜਵਾਨੀ ਵਿਦੇਸ਼ਾਂ ਨੂੰ ਕੂਚ ਕਰ ਰਹੀ ਹੈ। ਮਾਂ ਬਾਪ ਆਪਣੇ ਬੱਚਿਆਂ ਨੂੰ ਬਾਹਰ ਵਿਦੇਸ਼ਾਂ 'ਚ ਭੇਜ ਕੇ ਸੁਰੱਖਿਅਤ ਮਹਿਸੂਸ ਕਰਦੇ ਹਨ। ਪੰਜਾਬ 'ਚ ਰਾਜਨੀਤਕ ਪਾਰਟੀਆਂ ਨੇ ਅਜਿਹੇ ਹਾਲਾਤ ਪੈਦਾ ਕਰ ਦਿੱਤੇ ਹਨ ਕਿ ਸੂਬੇ ਦੇ ਸਮਾਜਕ/ਆਰਥਕ, ਵਿੱਦਿਆ ਅਤੇ ਸਿਹਤ ਵਗੈਰਾ ਦੇ ਢਾਂਚਿਆਂ ਨੂੰ ਕਮਜ਼ੋਰ ਬਣਾ ਦਿੱਤਾ ਹੈ। ਅੱਜ ਦਾ ਨੌਜਵਾਨ ਗੱਭਰੂ ਸਮਾਜ, ਸੂਬੇ, ਦੇਸ਼ ਦੀ ਤਰੱਕੀ ਨੂੰ ਅੱਖੋਂ ਪਰੋਖੇ ਕਰਕੇ ਨਸ਼ੇ ਦੇ ਸਾਮਰਾਜ ਵੱਲ ਕੂਚ ਕਰ ਰਿਹਾ ਹੈ। ਅੱਜ ਦਾ ਨੌਜਵਾਨ ਗੱਭਰੂ ਨਸ਼ਿਆਂ ਦੇ ਦਰਿਆ ਵਿੱਚ ਗੋਤੇ ਖਾ ਕੇ ਪਰਵਾਰ, ਸਮਾਜ, ਸੂਬਾ, ਦੇਸ਼ ਨੂੰ ਡੋਬ ਰਿਹਾ ਹੈ।

ਮੈਂ ਜ਼ਮੀਰ ਜਾਗਦੇ ਹੋਏ ਸਿਆਸਤਦਾਨਾਂ, ਬੁੱਧੀਜੀਵੀਆਂ, ਪ੍ਰੋਫੈਸਰਾਂ, ਦਿੱਗਜ ਲੋਕਾਂ ਅਤੇ ਸ਼ੁੱਭਚਿੰਤਕ ਲੋਕਾਂ ਨੂੰ ਅਪੀਲ ਕਰਦਾ ਹਾਂ ਕਿ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਸੂਬੇ ਅਤੇ ਰਾਸ਼ਟਰ ਹਿੱਤਾਂ ਦੇ 'ਚ ਕੋਈ ਨੀਤੀ ਬਣਾਉਣ ਲਈ ਸੂਬੇ/ਕੇਂਦਰ ਸਰਕਾਰ ਨੂੰ ਸੁਝਾਅ ਦਿੱਤੇ ਜਾਣ ਤਾਂ ਜੋ ਨਸ਼ਿਆਂ ਰੂਪੀ ਬਿਮਾਰੀ ਤੋਂ ਸੂਬਿਆਂ ਅਤੇ ਭਾਰਤ ਦੇਸ਼ ਦਾ ਛੁਟਕਾਰਾ ਹੋ ਸਕੇ ਅਤੇ ਮੁੜ ਉਹੀ ਭਾਰਤ ਸੋਨੇ ਦੀ ਚਿੜੀਆ ਅਤੇ ਪੰਜਾਬ ਮੁੜ ਰੰਗਲਾ ਪੰਜਾਬ ਬਣ ਜਾਵੇ।

ਪਾਰਟੀ ਦੀ ਚੜ੍ਹਦੀ ਕਲਾ ਲਈ ਕੰਮ ਕਰਨ ਵਾਲੇ ਵਰਕਰਾਂ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ : ਜੌੜੇਮਾਜਰਾ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਆਮ ਆਦਮੀ ਪਾਰਟੀ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਕੰਮ ਕਰਨ ਵਾਲੇ ਜੁਝਾਰੂ ਤੇ ਮਿਹਨਤੀ ਵਰਕਰਾਂ ਨੂੰ ਪਾਰਟੀ ਅੰਦਰ ਪੂਰਾ ਮਾਣ ਸਨਮਾਨ ਦਿੱਤਾ ਜਾਵੇਗਾ, ਕਿਉਂਕਿ ਵਰਕਰਾਂ ਦੀ ਬਦੌਲਤ ਹੀ ਪੰਜਾਬ ਅੰਦਰ ਪਾਰਟੀ ਦੀ ਸਰਕਾਰ ਨੇ ਇਤਿਹਾਸਕ ਕੰਮ ਕੀਤੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਬਾਗਬਾਨੀ, ਫੂਡ ਪ੍ਰੋਸੈਸਿੰਗ ਤੇ ਰੱਖਿਆ ਸੇਵਾਵਾਂ ਮੰਤਰੀ ਚੇਤਨ ਸਿੰਘ ਜੌੜੇਮਾਜਰਾ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਨਵ-ਨਿਯੁਕਤ ਚੇਅਰਮੈਨ ਸ੍ਰੀ ਅਜੈ ਸਿੰਘ ਲਿਬੜਾ ਦੇ ਆਹੁਦਾ ਸੰਭਾਲਣ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਮ ਘਰਾਂ ਦੇ ਬੱਚਿਆਂ ਨੂੰ ਜੋ ਵੱਡੇ ਆਹੁਦੇ ਦੇ ਕੇ ਨਿਵਾਜਿਆ ਗਿਆ ਹੈ, ਉਹ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ, ਕਿਉਂਕਿ ਪਹਿਲੀਆਂ ਪਾਰਟੀਆਂ ਤਾਂ ਹਮੇਸ਼ਾ ਆਪਣੇ ਚਹੇਤਿਆਂ ਨੂੰ ਹੀ ਉੱਚ ਅਹੁਦਿਆਂ ਨਾਲ ਨਿਵਾਜਦੀਆਂ ਰਹੀਆਂ ਹਨ, ਪ੍ਰੰਤੂ ਸਾਡੀ ਪਾਰਟੀ ਨੇ ਜੋ ਇਹ ਕਦਮ ਉਠਾਇਆ ਹੈ, ਉਹ ਆਪਣੇ ਆਪ ਵਿੱਚ ਬੇਮਿਸਾਲ ਹੈ। ਨਵ-ਨਿਯੁਕਤ ਚੇਅਰਮੈਨ ਅਜੇ ਸਿੰਘ ਲਿਬੜਾ ਨੂੰ ਮੁਬਾਰਕਬਾਦ ਦਿੰਦਿਆਂ ਕੈਬਨਿਟ ਮੰਤਰੀ ਜੌੜੇਮਾਜਰਾ ਨੇ ਕਿਹਾ ਕਿ ਅਜੇ ਸਿੰਘ ਲਿਬੜਾ ਸ਼ਹੀਦਾਂ ਦੀ ਧਰਤੀ ਦੇ ਸਰਵਪੱਖੀ ਵਿਕਾਸ ਲਈ ਵਿਆਪਕ ਯੋਜਨਾਵਾਂ ਉਲੀਕ ਕੇ ਜ਼ਿਲ੍ਹੇ ਨੂੰ ਮਾਡਲ ਜ਼ਿਲ੍ਹੇ ਵਜੋਂ ਵਿਕਸਤ ਕਰਨ ਵਿੱਚ ਅਹਿਮ ਭੂਮਿਕਾ ਅਦਾ ਕਰਨਗੇ। ਉਨ੍ਹਾਂ ਇਹ ਵੀ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿੱਖਿਆ ਤੇ ਸਿਹਤ ਦੇ ਖੇਤਰ ਵਿੱਚ ਸੂਬੇ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਉਪਰਾਲੇ ਸ਼ੁਰੂ ਕੀਤੇ ਹਨ, ਕਿਉਂਕਿ ਇਹ ਦੋਵੇਂ ਖੇਤਰ ਹੀ ਅਜਿਹੇ ਹਨ, ਜਿਨ੍ਹਾਂ ਤੋਂ ਬਿਨਾਂ ਵਿਕਾਸ ਲਈ ਵਿਆਪਕ ਯੋਜਨਾਵਾਂ ਉਲੀਕ ਕੇ ਜ਼ਿਲ੍ਹੇ ਨੂੰ ਮਾਡਲ ਜ਼ਿਲ੍ਹੇ ਵਜੋਂ ਵਿਕਸਤ ਕਰਨ ਵਿੱਚ ਅਹਿਮ ਭੂਮਿਕਾ ਅਦਾ ਕਰਨਗੇ। ਇਸ ਮੌਕੇ ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ, ਬਸੀ ਪਠਾਣਾ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਸ੍ਰੀ ਅਜੇ ਸਿੰਘ ਲਿਬੜਾ ਨੂੰ ਚੇਅਰਮੈਨ ਬਣਾਉਣ ਲਈ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ।

ਸੜਕ ਹਾਦਸੇ ਦੌਰਾਨ ਦੋ ਨੌਜਵਾਨਾਂ ਦੀ ਮੌਤ, ਦੋ ਗੰਭੀਰ ਜ਼ਖ਼ਮੀ

ਧਨੌਲਾ (ਕਰਮਜੀਤ ਸਿੰਘ ਸਾਗਰ)

ਬੀਤੀ ਰਾਤ ਧਨੌਲਾ ਨੇੜੇ ਬਠਿੰਡਾ ਚੰਡੀਗੜ੍ਹ ਕੌਮੀ ਮੁੱਖ ਮਾਰਗ 'ਤੇ ਹੋਏ ਸੜਕ ਹਾਦਸੇ ਦੌਰਾਨ ਚਾਰ ਨੌਜਵਾਨਾਂ ਵਿੱਚੋਂ ਦੋ ਦੀ ਮੌਤ ਤੇ ਦੋ ਗੰਭੀਰ ਜ਼ਖ਼ਮੀ ਅਤੇ ਕਾਰ ਦੇ ਦੋ ਟੋਟੇ ਹੋਏ। ਇਹ ਹਾਦਸਾ ਹਾਈਵੇ 'ਤੇ ਵਾਪਰਿਆ।

ਥਾਣੇਦਾਰ ਮਨਜੀਤ ਸਿੰਘ ਨੇ ਦੱਸਿਆ ਕਿ ਕਰਨਜੀਤ ਸਿੰਘ, ਨਵੀਨ, ਪਰਦੀਪ ਸਿੰਘ, ਜੁਗਿੰਦਰ ਸਿੰਘ ਬਰਨਾਲਾ ਵਿਖੇ ਇੱਕ ਸੈਲੂਨ ਵਿੱਚ ਕੰਮ ਕਰਦੇ ਸਨ, ਜੋ ਕਿਸੇ ਢਾਬੇ 'ਤੇ ਰੋਟੀ ਖਾ ਕੇ ਧਨੌਲਾ ਤੋਂ ਬਰਨਾਲਾ ਨੂੰ ਜਾ ਰਹੇ ਸਨ। ਅਚਾਨਕ ਕਿਸੇ ਅਣਪਛਾਤੇ ਵਾਹਨ ਨਾਲ ਉਨ੍ਹਾਂ ਦੀ ਕਾਰ ਟਕਰਾਈ, ਜਿਸ ਕਰਨਜੀਤ ਸਿੰਘ 19 ਸਾਲ ਪੁੱਤਰ ਸੁਲੱਖਣ ਸਿੰਘ ਵਾਸੀ ਪਿੰਡ ਤ੍ਰੇਹ (ਪਟਿਆਲਾ), ਨਵੀਨ ਉਰਫ ਗੋਲੂ 20 ਪੁੱਤਰ ਮਹਿੰਦਰ ਸਿੰਘ ਵਾਸੀ ਜਿਉਣ ਸਿੰਘ ਕੈਥਲ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਪ੍ਰਦੀਪ ਸਿੰਘ ਉਰਫ ਹੈਪੀ ਪੁੱਤਰ ਸੁੱਖਪਾਲ ਸਿੰਘ ਥਾਣਾ ਘੱਗਾ ਪਟਿਆਲਾ, ਜੋਗਿੰਦਰ ਸਿੰਘ ਉਰਫ ਦੀਤੂ ਪੁੱਤਰ ਬੂਟਾ ਸਿੰਘ ਵਾਸੀ ਸ਼ਹਿਣਾ, ਜਿਨ੍ਹਾਂ ਦੀ ਹਾਲਤ ਗੰਭੀਰ ਬਣੀ ਹੋਈ ਹੈ, ਜਿਸ ਨੂੰ ਬਰਨਾਲਾ ਰੈਫਰ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪ੍ਰਦੀਪ ਸਿੰਘ ਉਰਫ ਹੈਪੀ ਦੇ ਬਿਆਨਾਂ ਦੇ ਅਧਾਰ 'ਤੇ ਪੁਲਿਸ ਨੇ 304/ਏ ਨੇ ਕਾਰਵਾਈ ਕਰਦਿਆਂ ਜਾਂਚ ਦੇ ਹੁਕਮ ਜਾਰੀ ਕਰ ਦਿੱਤੇ ਹਨ। ਨੌਜਵਾਨਾਂ ਦੀ ਲਾਸ਼ਾਂ ਦਾ ਪੋਸਟਮਾਰਟਮ ਕਰਾ ਕੇ ਉਨ੍ਹਾਂ ਦੇ ਵਾਰਸਾਂ ਦੇ ਹਵਾਲੇ ਕਰ ਦਿੱਤਾ ਗਿਆ।

ਅੱਖਾਂ ਦਾ ਮੁਫ਼ਤ ਜਾਂਚ ਤੇ ਅਪ੍ਰੇਸ਼ਨ ਕੈਂਪ ਲਾਇਆ

ਮੋਗਾ (ਅਮਰਜੀਤ ਬੱਬਰੀ)-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਡਾ ਐਸ ਪੀ ਸਿੰਘ ਉਬਰਾਏ ਦੀ ਗਤੀਸ਼ੀਲ ਅਗਵਾਈ ਹੇਠ 573ਵਾਂ ਅੱਖਾਂ ਦਾ ਮੁਫ਼ਤ ਜਾਂਚ ਤੇ ਲੈਂਜ਼ ਕੈਂਪ ਗੁਰਦੁਆਰਾ ਜਫ਼ਰਨਾਮਾ ਸਾਹਿਬ ਪਿੰਡ ਦੀਨਾ ਸਾਹਿਬ ਵਿਖੇ ਲਾਇਆ ਗਿਆ, ਜਿਸਦਾ ਉਦਘਾਟਨ ਸਰਬੱਤ ਦਾ ਭਲਾ ਮੋਗਾ ਦੇ ਪ੍ਰਧਾਨ ਮਹਿੰਦਰ ਪਾਲ ਲੂੰਬਾ ਅਤੇ ਬਲਾਕ ਰੂਰਲ ਐਨ ਜੀ ਓ ਨਿਹਾਲ ਸਿੰਘ ਵਾਲਾ ਦੇ ਪ੍ਰਧਾਨ ਜਸਵੀਰ ਸਿੰਘ ਦੀਨਾ ਨੇ ਸਾਂਝੇ ਰੂਪ ਵਿੱਚ ਕੀਤਾ। ਕੈਂਪ ਵਿੱਚ ਦੂਰ ਦੁਰਾਡੇ ਦੇ ਪਿੰਡਾਂ ਤੋਂ ਵੀ ਮਰੀਜ਼ ਪਹੁੰਚੇ ਹੋਏ ਸਨ। ਇਸ ਮੌਕੇ ਜਗਦੰਬਾ ਆਈ ਹਸਪਤਾਲ ਬਾਘਾ ਪੁਰਾਣਾ ਦੇ ਡਾਕਟਰਾਂ ਦੀ ਟੀਮ ਵੱਲੋਂ 418 ਦੇ ਕਰੀਬ ਮਰੀਜ਼ਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 206 ਨੂੰ ਐਨਕਾਂ ਤੇ ਬਾਕੀਆਂ ਨੂੰ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ। ਜ਼ਿਲ੍ਹਾ ਪ੍ਰਧਾਨ ਮਹਿੰਦਰ ਪਾਲ ਲੂੰਬਾ, ਬਲਾਕ ਪ੍ਰਧਾਨ ਜਸਵੀਰ ਸਿੰਘ ਦੀਨਾ ਨੇ ਲਖਵੀਰ ਸਿੰਘ ਆਸਟ੍ਰੇਲੀਆ, ਮਾਸਟਰ ਤੇਜਾ ਸਿੰਘ ਕਨੇਡਾ, ਗੁਰਜੰਟ ਸਿੰਘ ਨਿਊਜ਼ੀਲੈਂਡ, ਸੁਖਵਿੰਦਰ ਕੁਮਾਰ ਬਾਗੀ, ਕੁਲਦੀਪ ਸਿੰਘ ਬਰਾੜ, ਆਨੰਦ ਈਸ਼ਰ ਸਪੋਰਟਸ ਕਲੱਬ ਦੀਨਾ ਸਾਹਿਬ ਦੇ ਪ੍ਰਧਾਨ ਲਖਵਿੰਦਰ ਸਿੰਘ ਤੇ ਸਮੂਹ ਮੈਂਬਰਾਂ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਰਬੱਤ ਦਾ ਭਲਾ ਇਕਾਈ ਮੋਗਾ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ।

ਇਸ ਮੌਕੇ ਟਰੱਸਟ ਦੇ ਸਕੱਤਰ ਰਣਜੀਤ ਸਿੰਘ ਧਾਲੀਵਾਲ, ਮੈਂਬਰ ਗੁਰਸੇਵਕ ਸਿੰਘ ਸੰਨਿਆਸੀ, ਚੇਅਰਮੈਨ ਦਵਿੰਦਰਜੀਤ ਸਿੰਘ ਗਿੱਲ, ਗੁਰਦੁਆਰਾ ਮੈਨੇਜਰ ਰਾਜਪਾਲ ਸਿੰਘ, ਬਲਾਕ ਸਕੱਤਰ ਗੁਰਨਾਨਕ ਸਿੰਘ ਪੱਤੋ, ਡਾ. ਗੁਰਸੇਵਕ ਸਿੰਘ, ਮਹਿੰਦਰ ਸਿੰਘ, ਇੰਦਰਜੀਤ ਸਿੰਘ, ਜਸਵਿੰਦਰ ਸਿੰਘ, ਜੀਵਨ ਸਿੰਘ, ਚਰਨਜੀਤ ਸਿੰਘ ਤੇ ਸੁਖਦੀਪ ਸਿੰਘ ਚੌਧਰੀ ਹਾਜ਼ਰ ਸਨ।

...ਸਫ਼ਾ 1 ਦੇ ਬਾਕੀ

ਪੇਂਡੂ ਤੇ ਖੇਤ ਮਜ਼ਦੂਰਾਂ...

ਲਛਮਣ ਸਿੰਘ ਸੇਵੇਵਾਲਾ ਤੋਂ ਇਲਾਵਾ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਆਗੂ ਜਗਜੀਤ ਸਿੰਘ ਜੱਸੇਆਣਾ ਤੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਮਦਰੱਸਾ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਲਖਵੰਤ ਸਿੰਘ ਕਿਰਤੀ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਗੁਰਜੰਟ ਸਿੰਘ ਸਾਉਕੇ, ਜ਼ਿਲ੍ਹਾ ਸਕੱਤਰ ਤਰਸੇਮ ਸਿੰਘ ਖੁੰਡੇ ਹਲਾਲ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਆਗੂ ਨਾਨਕ ਚੰਦ ਬਜਾਜ, ਗੁਰਮੁਖ ਸਿੰਘ ਬਾਦਲ ਤੇ ਮਹਿੰਗਾ ਰਾਮ ਦੋਦਾ ਤੋਂ ਇਲਾਵਾ ਕਾਲਾ ਸਿੰਘ ਖੂੰਨਣ ਖੁਰਦ ਤੇ ਕਾਕਾ ਸਿੰਘ ਆਦਿ ਆਗੂਆਂ ਨੇ ਸੰਬੋਧਨ ਕੀਤਾ। ਉਨ੍ਹਾਂ ਕੇਂਦਰ ਸਰਕਾਰ ਵੱਲੋਂ ਮਨਰੇਗਾ ਦਾ ਬਜਟ ਘਟਾਉਣ ਦੀ ਸਖਤ ਨਿਖੇਧੀ ਕਰਦਿਆਂ ਬਜਟ ਵਧਾਉਣ ਦੀ ਮੰਗ ਵੀ ਕੀਤੀ। ਉਨ੍ਹਾਂ ਕਿਹਾ ਕਿ ਮਜ਼ਦੂਰਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਕੇ ਦਿਹਾੜੀ 700 ਰੁਪਏ ਕੀਤੀ ਜਾਵੇ, ਪੰਚਾਇਤੀ ਜ਼ਮੀਨਾਂ ਦਾ ਤੀਜਾ ਹਿੱਸਾ ਜ਼ਮੀਨ ਸਸਤੇ ਭਾਅ ਮਜ਼ਦੂਰਾਂ ਨੂੰ ਠੇਕੇ 'ਤੇ ਦੇਣਾ ਯਕੀਨੀ ਬਣਾਇਆ ਜਾਵੇ, ਮਾਈਕਰੋ ਫਾਈਨਾਂਸ ਕੰਪਨੀਆਂ ਸਮੇਤ ਮਜ਼ਦੂਰਾਂ ਤੇ ਗਰੀਬ ਕਿਸਾਨਾਂ ਦੇ ਸਮੁੱਚੇ ਕਰਜ਼ੇ ਮੁਆਫ ਕੀਤੇ ਜਾਣ, ਕੱਟੇ ਪਲਾਟਾਂ ਦੇ ਕਬਜ਼ੇ ਦਿੱਤੇ ਜਾਣ ਅਤੇ ਸਭਨਾਂ ਲੋੜਵੰਦਾਂ ਨੂੰ ਦਸ-ਦਸ ਮਰਲੇ ਦੇ ਪਲਾਟ ਅਤੇ ਮਕਾਨ ਉਸਾਰੀ ਲਈ ਗ੍ਰਾਂਟਾਂ ਦਿੱਤੀਆਂ ਜਾਣ, ਮਿਆਰੀ ਤੇ ਮੁਫ਼ਤ ਸਿਹਤ ਸਹੂਲਤਾਂ ਤੇ ਵਿੱਦਿਆ ਦਿੱਤੀ ਜਾਵੇ, ਪੈਨਸ਼ਨ ਦੀ ਰਕਮ ਪੰਜ ਹਜ਼ਾਰ ਰੁਪਏ ਮਹੀਨਾ ਕਰਕੇ ਬੁਢਾਪਾ ਪੈਨਸ਼ਨ ਦੀ ਉਮਰ ਹੱਦ ਘਟਾਈ ਜਾਵੇ, ਦਲਿਤਾਂ 'ਤੇ ਜਬਰ ਬੰਦ ਕੀਤਾ ਜਾਵੇ ਅਤੇ ਜ਼ਮੀਨੀ ਸੁਧਾਰ ਕਾਨੂੰਨ ਸਖਤੀ ਨਾਲ ਲਾਗੂ ਕਰਕੇ ਵਾਧੂ ਨਿਕਲਦੀਆਂ ਜ਼ਮੀਨਾਂ ਦੀ ਵੰਡ ਬੇਜ਼ਮੀਨੇ ਮਜ਼ਦੂਰਾਂ ਤੇ ਕਿਸਾਨਾਂ 'ਚ ਕੀਤੀ ਜਾਵੇ। ਉਧਰ, ਡੀ ਸੀ ਦਫਤਰ ਬਠਿੰਡਾ ਅੱਗੇ ਵੀ ਚੇਤਾਵਨੀ ਰੈਲੀ ਕੀਤੀ ਗਈ। ਆਗੂਆਂ ਨੇ 15 ਫਰਵਰੀ ਨੂੰ ਹੋ ਰਹੀ ਮੀਟਿੰਗ 'ਚ ਮੁੱਖ ਮੰਤਰੀ ਭਗਵੰਤ ਮਾਨ ਦੇ ਹਾਜ਼ਰ ਹੋਣ ਦੀ ਮੰਗ ਕੀਤੀ।

ਮਜ਼ਦੂਰ ਤੇ ਰਾਸ਼ਟਰ ਵਿਰੋਧੀ...

ਹੋ ਰਹੀਆਂ ਖੁਦਕੁਸ਼ੀਆਂ ਵਿੱਚ 25% ਦਿਹਾੜੀਦਾਰ ਮਜ਼ਦੂਰ ਹਨ। ਇਸੇ ਤਰ੍ਹਾਂ ਮਨੁੱਖੀ ਅਧਿਕਾਰਾਂ, ਜਮਹੂਰੀ ਸੰਸਥਾਵਾਂ, ਔਰਤਾਂ ਦੀ ਸਥਿਤੀ ਅਤੇ ਸੱਭਿਆਚਾਰਕ ਅਧਿਕਾਰਾਂ ਬਾਰੇ ਸਾਡਾ ਸੂਚਕ ਅੰਕ ਬਦ ਤੋਂ ਬਦਤਰ ਹੁੰਦਾ ਜਾ ਰਿਹਾ ਹੈ।

ਟਰੇਡ ਯੂਨੀਅਨਾਂ ਨੌਕਰੀਆਂ ਖੋਹਣ, ਵਧ ਰਹੀ ਬੇਰੁਜ਼ਗਾਰੀ, ਜ਼ਰੂਰੀ ਵਸਤਾਂ ਦੀ ਮਹਿੰਗਾਈ, ਸਸਤੀ ਸਿੱਖਿਆ ਅਤੇ ਸਿਹਤ ਸੰਭਾਲ, ਬੁਨਿਆਦੀ ਨਾਗਰਿਕ ਸੇਵਾਵਾਂ ਅਤੇ ਗਰੀਬ ਅਤੇ ਘੱਟ ਆਮਦਨ ਵਾਲੇ ਵਰਗ ਲਈ ਸਬਸਿਡੀ ਵਾਲੀ ਬਿਜਲੀ, ਘੱਟੋ-ਘੱਟ ਉਜਰਤਾਂ ਦੀ ਗਰੰਟੀ, ਸਮਾਜਕ ਸੁਰੱਖਿਆ ਅਤੇ ਪੈਨਸ਼ਨਾਂ ਦੇ ਮੁੱਦੇ ਉਠਾਉਂਦੀਆਂ ਰਹੀਆਂ ਹਨ। ਅਸੀਂ ਨਵੀਂ ਪੈਨਸ਼ਨ ਸਕੀਮ ਨੂੰ ਰੱਦ ਕਰਨ ਅਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਮੰਗ ਕਰ ਰਹੇ ਹਾਂ, ਪਰ ਸਰਕਾਰ ਲਈ ਇਹ ਸਾਰੇ ਮੁੱਦੇ ਅਹਿਮ ਨਹੀਂ ਹਨ ਅਤੇ ਇਨ੍ਹਾਂ ਨੂੰ ਬਜਟ ਵਿੱਚ ਥਾਂ ਨਹੀਂ ਮਿਲਦੀ। ਜਨਤਕ ਖੇਤਰ 'ਤੇ ਸਰਕਾਰ ਦਾ ਹਮਲਾ ਜਾਰੀ ਹੈ। ਨਿੱਜੀਕਰਨ, ਵਿਨਿਵੇਸ਼ ਅਤੇ ਸਾਡੇ ਰਾਸ਼ਟਰੀ ਸਰੋਤਾਂ ਅਤੇ ਸੰਪਤੀਆਂ ਨੂੰ ਭਾਰਤੀ ਅਤੇ ਵਿਦੇਸ਼ੀ ਵੱਡੀਆਂ ਕਾਰੋਬਾਰੀ ਕਾਰਪੋਰੇਸ਼ਨਾਂ ਨੂੰ ਵੇਚਣ ਦੀ ਨੀਤੀ ਜਾਰੀ ਹੈ। ਪ੍ਰਵਾਨਤ ਅਸਾਮੀਆਂ ਵਿਰੁੱਧ ਨਿਯਮ ਅਨੁਸਾਰ ਕੋਈ ਭਰਤੀ ਨਹੀਂ ਕੀਤੀ ਜਾ ਰਹੀ। ਆਊਟਸੋਰਸਿੰਗ ਅਤੇ ਠੇਕੇਦਾਰੀ ਸਿਸਟਮ ਜਾਰੀ ਹੈ। ਨਿਸ਼ਚਿਤ ਮਿਆਦ ਦੇ ਰੁਜ਼ਗਾਰ ਦੀ ਸ਼ੁਰੂਆਤ ਨਾਲ ਨੌਕਰੀ ਦੀ ਸੁਰੱਖਿਆ ਖਤਰੇ ਵਿੱਚ ਹੈ। ਸਰਕਾਰ ਦੇ ਏਜੰਡੇ ਵਜੋਂ ਚਾਰ ਕਿਰਤ ਜ਼ਾਬਤਿਆਂ ਦੇ ਨਾਲ ਲਗਭਗ 150 ਸਾਲਾਂ ਦੇ ਸੰਘਰਸ਼ ਤੋਂ ਮਿਲੇ ਮਜ਼ਦੂਰ ਹੱਕਾਂ ਨੂੰ ਖੋਹਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਸਰਕਾਰ ਚਾਹੁੰਦੀ ਹੈ ਕਿ ਸਾਨੂੰ ਬਰਤਾਨਵੀ ਬਸਤੀਵਾਦੀ ਸ਼ਾਸਨ ਅਧੀਨ ਗੁਲਾਮੀ ਦੇ ਦਿਨਾਂ ਵਿੱਚ ਵਾਪਸ ਸੁੱਟ ਦਿੱਤਾ ਜਾਵੇ। ਵਿੱਤ ਮੰਤਰੀ ਵੱਲੋਂ ਬਜਟ 'ਚ ਅੰਨ ਰਿਸ਼ੀ ਸ਼ਬਦ ਵਰਤਿਆ ਗਿਆ ਹੈ, ਮਤਲਬ ਭਾਰਤ ਅਨਾਜ ਦਾ ਸਭ ਤੋਂ ਵੱਡਾ ਉਤਪਾਦਕ ਅਤੇ ਸਭ ਤੋਂ ਵੱਡਾ ਨਿਰਯਾਤ ਕਰਨ ਵਾਲਾ ਦੇਸ਼ ਹੈ, ਪਰ ਮੋਦੀ ਰਾਜ ਵਿੱਚ ਅੰਨਦਾਤਾ ਕਿਸਾਨ ਨੂੰ ਦਿੱਲੀ ਦੀਆਂ ਸਰਹੱਦਾਂ 'ਤੇ ਤੇਰਾਂ ਮਹੀਨਿਆਂ ਤੱਕ ਸਾਰੇ ਭਿਆਨਕ ਮੌਸਮ ਦਾ ਸਾਹਮਣਾ ਕਰਨਾ ਪਿਆ ਅਤੇ ਦਬਾਇਆ ਗਿਆ। ਲਖੀਮਪੁਰ ਖੀਰੀ ਵਿੱਚ ਇੱਕ ਮੰਤਰੀ ਦੇ ਪੁੱਤਰ ਦੀ ਜੀਪ ਹੇਠਾਂ ਕਿਸਾਨਾਂ ਦਾ ਬੇਰਹਿਮੀ ਨਾਲ ਕਤਲ ਦਿਲ ਦਹਿਲਾ ਦੇਣ ਵਾਲਾ ਸੀ। ਕੈਮਰੇ 'ਚ ਕੈਦ ਹੋਏ ਇਸ ਅਪਰਾਧ ਦੇ ਬਚਾਅ 'ਚ ਮੰਤਰੀ ਆ ਗਏ ਹਨ। ਕਿਸਾਨ ਅੰਦੋਲਨ ਵਿੱਚ ਸੱਤ ਸੌ ਤੋਂ ਵੱਧ ਲੋਕ ਮਾਰੇ ਗਏ ਅਤੇ ਕਿਸਾਨਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਹੋਏ।

ਕੋਵਿਡ-19 'ਚ ਲਾਕਡਾਊਨ ਦੌਰਾਨ ਸਰਕਾਰ ਦੇ ਖਜ਼ਾਨੇ ਨੂੰ 1.84 ਲੱਖ ਕਰੋੜ ਦਾ ਨੁਕਸਾਨ ਹੋਇਆ ਸੀ, ਪਰ ਸਰਕਾਰ ਨੇ ਕਾਰਪੋਰੇਟ ਟੈਕਸ 30 ਫੀਸਦੀ ਤੋਂ ਘਟਾ ਕੇ 22 ਫੀਸਦੀ ਕਰ ਦਿੱਤਾ, ਪਰ ਸਰਕਾਰ ਨੇ ਆਮਦਨ ਕਰ ਨਾ ਦੇਣ ਵਾਲੇ ਪਰਵਾਰਾਂ ਨੂੰ 7500 ਰੁਪਏ ਦੇਣ ਦੀ ਟਰੇਡ ਯੂਨੀਅਨਾਂ ਦੀ ਮੰਗ ਨੂੰ ਪੂਰਾ ਕਰਨ ਤੋਂ ਇਨਕਾਰ ਕਰ ਦਿੱਤਾ। ਅਸੀਂ ਸਕੀਮ ਵਰਕਰਾਂ ਨੂੰ ਰੈਗੂਲਰ ਕਰਨ ਦੀ ਮੰਗ ਕਰ ਰਹੇ ਹਾਂ, ਜਦੋਂ ਤੱਕ ਇਸ ਤਰ੍ਹਾਂ ਨਹੀਂ ਕੀਤਾ ਜਾਂਦਾ, ਘੱਟੋ-ਘੱਟ ਉਨ੍ਹਾਂ ਨੂੰ ਮਜ਼ਦੂਰਾਂ ਦਾ ਦਰਜਾ ਦਿੱਤਾ ਜਾਵੇ ਅਤੇ ਘੱਟੋ-ਘੱਟ ਉਜਰਤ, ਸਮਾਜਕ ਸੁਰੱਖਿਆ, ਸਿਹਤ ਕਵਰੇਜ ਅਤੇ ਸੇਵਾ-ਮੁਕਤੀ ਦੇ ਲਾਭ ਆਦਿ ਦਿੱਤੇ ਜਾਣ। ਔਰਤਾਂ ਨੌਕਰੀਆਂ ਚਾਹੁੰਦੀਆਂ ਹਨ, ਪਰ ਸਰਕਾਰ ਦੇਸ਼ ਦੇ ਨੌਜਵਾਨਾਂ ਅਤੇ ਔਰਤਾਂ ਦੇ ਮੁੱਦਿਆਂ ਨੂੰ ਹੱਲ ਕਰਨ ਵਿੱਚ ਅਸਫਲ ਰਹੀ ਹੈ। ਮਰਦਾਂ ਦੇ ਨਾਲ-ਨਾਲ ਵੱਡੀ ਗਿਣਤੀ ਵਿੱਚ ਔਰਤਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਵਾਲੀ ਮਨਰੇਗਾ ਸਕੀਮ ਨੂੰ ਅਣਗੌਲਿਆ ਕੀਤਾ ਗਿਆ ਹੈ ਅਤੇ ਇਸ ਦੇ ਬਜਟ ਵਿੱਚ 30% ਦੀ ਕਟੌਤੀ ਕੀਤੀ ਗਈ ਹੈ। ਸਿੱਖਿਆ ਅਤੇ ਸਿਹਤ ਸੰਭਾਲ ਵਿੱਚ ਕਹਾਣੀ ਇੱਕੋ ਜਿਹੀ ਹੈ, ਅਸਲ ਬਜਟ ਅਲਾਟਮੈਂਟ ਵਿੱਚ ਕਟੌਤੀ ਕੀਤੀ ਜਾ ਰਹੀ ਹੈ। ਸਕੂਲ ਬੰਦ ਕੀਤੇ ਜਾ ਰਹੇ ਹਨ, ਵਿਦੇਸ਼ੀ ਯੂਨੀਵਰਸਿਟੀਆਂ ਏਜੰਡੇ 'ਤੇ ਹਨ, ਅੰਤਰਰਾਸ਼ਟਰੀ ਕਾਰਪੋਰੇਟਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਹੁਨਰ ਸਿਖਲਾਈ ਦਾ ਪ੍ਰਸਤਾਵ ਹੈ। ਰਹਿਣਾ ਮਹਿੰਗਾ ਹੋ ਰਿਹਾ ਹੈ, ਪਰ ਟੀ ਵੀ, ਮੋਬਾਇਲ ਤੇ ਕੈਮਰਾ ਸਸਤੇ ਹੋ ਗਏ ਹਨ। ਉਹਨਾ ਕਿਹਾ ਕਿ ਹਿੰਡਨਬਰਗ ਦੀ ਰਿਪੋਰਟ ਇਸ ਸੱਚਾਈ ਦਾ ਪਰਦਾ ਫਾਸ਼ ਕਰਦੀ ਹੈ ਕਿ ਕਿਸ ਤਰ੍ਹਾਂ ਇਹ ਸਰਕਾਰ ਬੈਂਕਾਂ ਅਤੇ ਬੀਮੇ ਦੇ ਨਾਲ-ਨਾਲ ਬੁਨਿਆਦੀ ਢਾਂਚਾ, ਬੰਦਰਗਾਹਾਂ, ਹਵਾਈ ਅੱਡਿਆਂ, ਰੇਲਵੇ ਆਦਿ ਜਨਤਾ ਦੇ ਪੈਸੇ ਨਾਲ ਬਣਿਆਂ ਨੂੰ ਆਪਣੇ ਕਾਰਪੋਰੇਟ ਦੋਸਤਾਂ ਦੇ ਹਵਾਲੇ ਕਰ ਰਹੀ ਹੈ, ਜਿਸ ਨਾਲ ਬੈਂਕਾਂ ਅਤੇ ਬੀਮਾ ਕੰਪਨੀਆਂ ਦੀ ਲੁੱਟ ਸੰਭਵ ਹੋ ਰਹੀ ਹੈ। ਸਰਕਾਰ ਗਰੀਬਾਂ, ਮਜ਼ਦੂਰਾਂ, ਕਿਸਾਨਾਂ ਅਤੇ ਆਮ ਲੋਕਾਂ ਖਿਲਾਫ ਹੈ। ਇਹ ਪ੍ਰਭੂਸੱਤਾ ਅਤੇ ਸਵੈ-ਟਿਕਾਊ ਆਰਥਿਕਤਾ ਨੂੰ ਤਬਾਹ ਕਰ ਰਹੀ ਹੈ। ਉਹਨਾ ਕਿਹਾ ਕਿ 30 ਜਨਵਰੀ ਨੂੰ ਕੇਂਦਰੀ ਟਰੇਡ ਯੂਨੀਅਨਾਂ ਦੇ ਫੋਰਮ ਨੇ ਸੁਤੰਤਰ ਖੇਤਰੀ ਯੂਨੀਅਨਾਂ ਦੇ ਨਾਲ ਮਿਲ ਕੇ ਦਿੱਲੀ ਵਿੱਚ ਮਜ਼ਦੂਰਾਂ ਦੀ ਇੱਕ ਰਾਸ਼ਟਰੀ ਕਨਵੈਨਸ਼ਨ ਕੀਤੀ ਸੀ ਅਤੇ ਸਰਕਾਰ ਦੀਆਂ ਮਜ਼ਦੂਰ ਵਿਰੋਧੀ, ਕਿਸਾਨ ਵਿਰੋਧੀ ਅਤੇ ਰਾਸ਼ਟਰ ਵਿਰੋਧੀ ਨੀਤੀਆਂ ਦਾ ਨੋਟਿਸ ਲਿਆ ਸੀ। ਇਨ੍ਹਾਂ ਨੀਤੀਆਂ ਨੂੰ ਉਜਾਗਰ ਕਰਨ ਲਈ ਸੂਬਾਈ, ਜ਼ਿਲ੍ਹਾ ਅਤੇ ਖੇਤਰੀ ਕਾਨਫਰੰਸਾਂ, ਪੈਦਲ ਯਾਤਰਾਵਾਂ, ਸਾਈਕਲ, ਮੋਟਰਸਾਈਕਲ, ਜੀਪਾਂ ਦੇ ਜਥਿਆਂ ਵਾਲੀਆਂ ਵਿਸ਼ਾਲ ਮੁਹਿੰਮਾਂ ਵਿੱਢਣ ਦਾ ਫੈਸਲਾ ਕੀਤਾ ਗਿਆ ਹੈ। ਰਾਜਾਂ ਦੇ ਸਾਰੇ ਪ੍ਰਚਾਰ ਨੂੰ ਸੂਬਿਆਂ ਵਿੱਚ ਪਹਿਲੇ ਪੜਾਅ ਦਾ ਰੂਪ ਦਿੱਤਾ ਜਾਵੇਗਾ। ਸਾਂਝੇ ਕਿਸਾਨ ਮੋਰਚੇ ਦੇ ਨਾਲ ਕੁਝ ਸਾਂਝੇ ਕੰਮਾਂ ਨੂੰ ਵੀ ਉਲੀਕਣ ਦਾ ਫੈਸਲਾ ਕੀਤਾ ਗਿਆ ਹੈ। ਵੱਖ-ਵੱਖ ਖੇਤਰਾਂ ਵਿੱਚ ਵਧ ਰਹੇ ਗੁੱਸੇ ਅਤੇ ਅੰਦੋਲਨਾਂ ਨੂੰ ਟਰੇਡ ਯੂਨੀਅਨਾਂ ਸਹਿਯੋਗ ਅਤੇ ਸਮਰਥਨ ਦੇਣਗੀਆਂ। ਸਾਲ ਦੇ ਅੰਤ ਤੱਕ 'ਦੇਸ਼ ਬਚਾਓ, ਲੋਕਾਂ ਨੂੰ ਬਚਾਓ' ਦੇ ਨਾਅਰੇ ਹੇਠ ਦੇਸ਼-ਵਿਆਪੀ ਹੜਤਾਲ ਦਾ ਸੱਦਾ ਦਿੱਤਾ ਗਿਆ ਹੈ। ਜਿਹੜੀ ਸਰਕਾਰ ਦੇਸ਼ ਅਤੇ ਕੌਮ ਦੇ ਖਿਲਾਫ ਕੰਮ ਕਰ ਰਹੀ ਹੈ, ਉਨ੍ਹਾਂ ਨੂੰ ਨੀਤੀਆਂ ਬਦਲਣੀਆਂ ਪੈਣਗੀਆਂ ਜਾਂ ਆਉਣ ਵਾਲੀਆਂ ਚੋਣਾਂ ਵਿੱਚ ਲੋਕਾਂ ਵੱਲੋਂ ਸੱਤਾ ਤੋਂ ਲਾਂਭੇ ਹੋਣ ਲਈ ਤਿਆਰ ਰਹਿਣਾ ਪਵੇਗਾ।

ਹਰਿਆਣਾ ਸਭ ਤੋਂ...

ਹੈ। ਹੱਤਿਆ, ਘਿਨਾਉਣੇ ਅਪਰਾਧ, ਮਹਿਲਾਵਾਂ ਤੇ ਬੱਚਿਆਂ 'ਤੇ ਅਪਰਾਧ ਤੇ ਸੜਕ ਹਾਦਸਿਆਂ ਨਾਲ ਹੋਣ ਵਾਲੀਆਂ ਮੌਤਾਂ ਦੇ ਮਾਮਲੇ ਵਿਚ ਹਰਿਆਣਾ ਅੱਵਲ ਰਿਹਾ ਹੈ। ਇਹ ਰਿਪੋਰਟ ਹਰਿਆਣਾ ਲਈ ਇਸ ਕਰਕੇ ਅਹਿਮ ਹੈ, ਕਿਉਂਕਿ ਕੇਂਦਰ ਤੇ ਰਾਜ ਵਿਚ ਭਾਜਪਾ ਦੀਆਂ ਸਰਕਾਰਾਂ ਹਨ। 2024 ਵਿਚ ਲੋਕ ਸਭਾ ਚੋਣਾਂ ਦੇ ਛੇਤੀ ਬਾਅਦ ਸੂਬਾਈ ਅਸੰਬਲੀ ਦੀਆਂ ਚੋਣਾਂ ਹੋਣੀਆਂ ਹਨ। ਅਪਰਾਧ ਨੂੰ ਲੈ ਕੇ ਵਿਗੜੀ ਸਥਿਤੀ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੂੰ ਪ੍ਰੇਸ਼ਾਨ ਕਰੇਗੀ। ਗ੍ਰਹਿ ਮੰਤਰੀ ਅਨਿਲ ਵਿੱਜ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਲਈ ਹਰ ਹਫਤੇ ਸ਼ਨੀਵਾਰ ਜਨਤਾ ਦਰਬਾਰ ਲਾਉਂਦੇ ਹਨ। ਉਨ੍ਹਾ ਨੂੰ ਹਰ ਹਫਤੇ 6 ਤੋਂ 7 ਹਜ਼ਾਰ ਸ਼ਿਕਾਇਤਾਂ ਮਿਲਦੀਆਂ ਹਨ, ਪਰ ਰਿਪੋਰਟ ਦੱਸਦੀ ਹੈ ਕਿ ਜਨਤਾ ਦਰਬਾਰ ਵੀ ਕਾਰਗਰ ਨਹੀਂ। ਹਰਿਆਣਾ ਪੁਲਸ ਦੀ ਖੁਫੀਆ ਰਿਪੋਰਟ ਮੁਤਾਬਕ ਮਹਿਲਾਵਾਂ ਵਿਰੁੱਧ ਅਪਰਾਧਾਂ ਵਿਚ ਇਕ ਸਾਲ 'ਚ 27 ਫੀਸਦੀ ਦਾ ਵਾਧਾ ਹੋਇਆ ਹੈ। ਅਗਵਾ ਦੇ 1766 ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚੋਂ 92 ਮਰਦਾਂ ਦੇ ਤੇ 1674 ਮਹਿਲਾਵਾਂ ਦੇ ਹਨ।

ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਲਗਾਇਆ ਖ਼ੂਨਦਾਨ ਕੈਂਪ

ਬਰੇਟਾ (ਗੋਬਿੰਦ ਸ਼ਰਮਾ)-ਸ੍ਰੀ ਗੁਰੂ ਰਵਿਦਾਸ ਜੀ ਫੈਲਫੇਅਰ ਅਤੇ ਪ੍ਰਬੰਧਕ ਕਮੇਟੀ (ਰਜਿ:) ਜਲਵੇੜਾ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 646ਵੇਂ ਜਨਮ ਦਿਹਾੜੇ ਨੂੰ ਸਮਰਪਤ ਨੇਕੀ ਫਾਊਂਡੇਸ਼ਨ ਬੁਢਲਾਡਾ ਦੇ ਸਹਿਯੋਗ ਨਾਲ ਤੀਸਰਾ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਸਿਵਲ ਬਲੱਡ ਬੈਂਕ ਮਾਨਸਾ ਦੀ ਟੀਮ ਵੱਲੋਂ 45 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ਪ੍ਰਬੰਧਕ ਕਮੇਟੀ ਦੇ ਆਗੂ ਬਲਵਾਨ ਸਿੰਘ ਨੇ ਦੱਸਿਆ ਕਿ ਇਸ ਕੈਂਪ ਵਿੱਚ ਸਾਰੇ ਸਵੈਇੱਛੁਕ ਖ਼ੂਨਦਾਨੀ ਬੜੇ ਹੀ ਉਤਸ਼ਾਹ ਨਾਲ ਪਹੁੰਚੇ ਅਤੇ ਖ਼ੂਨਦਾਨ ਕੀਤਾ। ਸਾਰੇ ਹੀ ਖ਼ੂਨਦਾਨੀਆਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਨੇਕੀ ਫਾਊਂਡੇਸ਼ਨ ਅਤੇ ਬਲੱਡ ਬੈਂਕ ਦੀ ਟੀਮ ਤੋਂ ਇਲਾਵਾ ਪ੍ਰਬੰਧਕ ਸੰਦੀਪ ਸਿੰਘ, ਜਸਪਾਲ ਸਿੰਘ, ਗੁਰਜੀਤ ਸਿੰਘ, ਮਨਦੀਪ ਸਿੰਘ, ਬਲਕਾਰ ਸਿੰਘ, ਗੁਰਨੈਬ ਸਿੰਘ, ਗੱਗੀ ਸਿੰਘ, ਅਵਤਾਰ ਸਿੰਘ, ਮੰਗੂ ਸਿੰਘ, ਰਿੰਕੂ ਸਿੰਘ, ਬਲਵੀਰ ਸਿੰਘ, ਜਗਸੀਰ ਸਿੰਘ, ਕਰਨੈਲ ਸਿੰਘ, ਹਰੀਆ ਸਿੰਘ, ਕੋਤੀ ਸਿੰਘ, ਸੋਨੀ ਸਿੰਘ ਆਦਿ ਦਾ ਵਿਸ਼ੇਸ਼ ਯੋਗਦਾਨ ਰਿਹਾ।

ਗੁਰੂ ਰਵਿਦਾਸ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਸਜਾਇਆ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਊਚ ਨੀਚ, ਜਾਤ-ਪਾਤ ਦੇ ਜੰਜਾਲ ਨੂੰ ਮਿਟਾਉਣ ਵਾਲੇ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਮੁੱਖ ਰੱਖਦਿਆਂ ਪਿੰਡ ਠੁੱਲੀਵਾਲ ਵਿਖੇ ਸ੍ਰੀ ਗੁਰੂ ਰਵਿਦਾਸ ਸੇਵਾ ਕਮੇਟੀ ਸਮੁੱਚੀ ਪਿੰਡ ਦੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ, ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਗਿਆ।

ਵੱਖ-ਵੱਖ ਰਾਗੀ ਜਥਿਆਂ ਵੱਲੋ ਰਸਭਿੰਨਾ ਕੀਰਤਨ ਕੀਤਾ ਗਿਆ। ਪ੍ਰਸਿੱਧ ਕਵੀਸ਼ਰ ਪੰਡਤ ਸੋਮ ਨਾਥ ਰੋਡੇ ਵਾਲਿਆਂ ਦੇ ਜਥੇ ਨੇ ਪ੍ਰਸੰਗ ਪੇਸ਼ ਕਰਕੇ ਗੁਰੂ ਰਵੀਦਾਸ ਜੀ ਦੀ ਜੀਵਨੀ ਬਾਰੇ ਚਾਨਣਾ ਪਾਇਆ। ਸ੍ਰੀ ਗੁਰੂ ਰਵਿਦਾਸ ਕਮੇਟੀ ਪ੍ਰਧਾਨ ਹਰੀ ਸਿੰਘ ਨੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਨਗਰ ਵਾਸੀਆਂ, ਨੌਜਵਾਨਾਂ, ਸਮੂਹ ਸੰਗਤਾਂ ਨੇ ਭਰਵਾਂ ਸਹਿਯੋਗ ਦਿੱਤਾ। ਸਟੇਜ ਸੈਕਟਰੀ ਦੀ ਜ਼ਿੰਮੇਵਾਰੀ ਜਥੇਦਾਰ ਗੁਰਸੇਵਕ ਸਿੰਘ ਨੇ ਬਾਖੂਬੀ ਨਿਭਾਈ।

ਉੱਤਰ ਰੇਲਵੇ

ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ਮਾਲ ਭਾੜਾ, ਉਤਰ ਰੇਲਵੇ, ਫਿਰੋਜਪੁਰ ਫਿਰੋਜਪੁਰ ਮੰਡਲ ਦੇ ਜਲੰਧਰ ਕੈਂਟ, ਜਲੰਧਰ ਸਿਟੀ ਅਤੇ ਫਿਰੋਜਪੁਰ ਕੈਂਟ ਸਟੇਸ਼ਨ ਤੇ ਪੰਜ ਸਾਲ ਦੇ ਸਮੇਂ ਦੇ ਲਈ ਕਲਾਕ ਰੂਮ ਪ੍ਰਬੰਧਨ ਨਿਵਿਦਾ ਈ-ਨੀਲਾਮੀ ਦੁਆਰਾ ਮੰਗ ਕਰਦਾ ਹੈ। ਵੇਰਵਾ ਇਸ ਪ੍ਰਕਾਰ ਹੈ:-

Admin Unit/Zone	FEROZPUR DIVISION-COMMERCIAL /NORTHERN RLY
Catalogue Published on	08.02.2023
Auction Catalogue No.	FZRCLOCKROOM2
Auction Start (All Lots)	02.03.23 11:00 hrs
Auction close Date/Time	02.03.23 11:50 hrs
Auction Type	Close Ended
Website particulars where complete details of auction can be seen by registered bidders	E- Auction Module of www.ireps.gov.in
Lot No./ Category	PnU-FZR-JRC-WRL-71-23-1 (Pay and Use- Lounges/Waiting/ Retiring/Cloak Rooms)
	PnU-FZR-JUC-WRL-72-23-1 (Pay and Use- Lounges/Waiting/ Retiring/Cloak Rooms)
	PnU-FZR-FZR-WRL-73-23-1 (Pay and Use- Lounges/Waiting/ Retiring/Cloak Rooms)

425/23

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਪੰਜਾਬ ਮੰਡੀ ਬੋਰਡ

ਪੰਜਾਬ ਮੰਡੀ ਬੋਰਡ

ਈ-ਟੈਂਡਰਿੰਗ ਨੋਟਿਸ ਨੰਬਰ : 02 ਮਿਤੀ 09.02.2023

ਦਫਤਰ ਕਾਰਜਕਾਰੀ ਇੰਜੀਨੀਅਰ (ਸ) ਪੰਜਾਬ ਮੰਡੀ ਬੋਰਡ, ਤਰਨ ਤਾਰਨ ਵੱਲੋਂ ਮਾਰਕਿਟ ਕਮੇਟੀ ਤਰਨ ਤਾਰਨ ਅਧੀਨ ਪੈਂਦੀ ਲਿੰਕ ਸੜਕ ਕੱਲਾ ਤੋਂ ਕੰਗ ਦੀ ਉਸਾਰੀ ਲਈ ਪੰਜਾਬ ਮੰਡੀ ਬੋਰਡ ਪਾਸੋਂ ਪ੍ਰਵਾਨਤ ਯੋਗ ਠੇਕੇਦਾਰਾਂ/ਫਰਮਾਂ/ਸਹਿਕਾਰੀ ਸਭਾਵਾਂ ਪਾਸੋਂ ਪ੍ਰਤੀਸ਼ਤ ਦਰ ਉਤੇ ਈ-ਟੈਂਡਰਿੰਗ ਸਾਈਟ http://eproc.punjab.gov.in ਰਾਹੀਂ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ।

ਇਸ ਟੈਂਡਰ ਨੋਟਿਸ ਦੇ ਨਿਯਮਾਂ ਅਤੇ ਸ਼ਰਤਾਂ ਸੰਬੰਧੀ ਹੋਰ ਜਾਣਕਾਰੀ ਲਈ ਪੰਜਾਬ ਸਰਕਾਰ ਦੀ ਈ-ਟੈਂਡਰਿੰਗ ਸਾਈਟ http://eproc.punjab.gov.in ਤੋਂ ਹਵਾਲਾ ਲਿਆ ਜਾ ਸਕਦਾ ਹੈ।

ਨੋਟ : ਕੋਰੀਜੰਡਮ ਕੇਵਲ http://eproc.punjab.gov.in ਵੈੱਬਸਾਈਟ 'ਤੇ ਹੀ ਜਾਰੀ ਕੀਤਾ ਜਾਵੇਗਾ।

ਸਹੀ/- ਕਾਰਜਕਾਰੀ ਇੰਜੀਨੀਅਰ (ਸ),
ਪੰਜਾਬ ਮੰਡੀ ਬੋਰਡ,
ਤਰਨ ਤਾਰਨ

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

10-Feb-PAGE-3.qxd 2/9/2023 10:16 PM Page 1

ਇੰਸ਼ੋਰੈਂਸ ਇੰਪਲਾਈਜ਼ ਨੇ ਕੀਤੀ ਹਿੰਡਨਬਰਗ ਰਿਸਰਚ ਦੇ ਦੋਸ਼ਾਂ ਦੀ ਜਾਂਚ ਦੀ ਮੰਗ

ਫਗਵਾੜਾ (ਡਾ. ਰਮਨ)

ਭਾਰਤੀ ਜੀਵਨ ਬੀਮਾ ਨਿਗਮ (ਐੱਲ.ਆਈ.ਸੀ.) ਨੇ ਅਮਰੀਕੀ ਕੰਪਨੀ ਹਿੰਡਨਬਰਗ ਵੱਲੋਂ ਪ੍ਰਕਾਸ਼ਿਤ ਰਿਪੋਰਟ ਤੋਂ ਬਾਅਦ ਅਡਾਨੀ ਸਮੂਹ ਦੀਆਂ ਕੰਪਨੀਆਂ ਦੇ ਸੰਭਾਵੀ ਖਤਰੇ ਨੂੰ ਲੈ ਕੇ ਲੋਕਾਂ ਦੇ ਵੱਡੇ ਵਰਗ ਅਤੇ ਸਿਆਸੀ ਪਾਰਟੀਆਂ ਦੀ ਤਰਫੋਂ ਭਾਰਤੀ ਉਦਯੋਗ ਜਗਤ ਦੇ ਅਡਾਨੀ ਸਮੂਹ ਦੀਆਂ ਕੰਪਨੀਆਂ ਬਾਰੇ ਜਾਹਿਰ ਕੀਤੀਆਂ ਚਿੰਤਾਵਾਂ ਦੇ ਦਰਮਿਆਨ ਉੱਤਰੀ ਜੋਨ ਇੰਸ਼ੋਰੈਂਸ ਇੰਪਲਾਈਜ਼ ਐਸੋਸੀਏਸ਼ਨ ਦੇ ਬ੍ਰਾਂਚ ਪ੍ਰਧਾਨ ਦੀਪਕ ਕੁਮਾਰ ਦੁੱਗਲ ਅਤੇ ਸਕੱਤਰ ਦੀਪਕ ਜੋਸ਼ੀ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਕੇ ਸਮੂਹ ਪਾਲਿਸੀ ਧਾਰਕਾਂ ਨੂੰ ਭਰੋਸਾ ਦੁਆਇਆ ਹੈ ਕਿ ਉਨ੍ਹਾਂ ਦੀ ਜਮਾਂ ਪੂੰਜੀ ਪੂਰੀ ਤਰ੍ਹਾਂ ਨਾਲ ਸੁਰੱਖਿਅਤ ਹੈ। ਉਨ੍ਹਾਂ ਕਿਹਾ ਕਿ ਅਸੀਂ ਆਰਥਿਕਤਾ ਦੀ ਕੀਮਤ 'ਤੇ ਕਿਸੇ ਵੀ ਵਪਾਰਕ ਸਮੂਹ ਨੂੰ ਸਿਆਸੀ ਸਰਪ੍ਰਸਤੀ ਦੇਣ ਦੇ ਖਿਲਾਫ ਹਾਂ। ਇਸ ਲਈ ਚਾਹੁੰਦੇ ਹਾਂ ਕਿ ਸਰਕਾਰ ਹਿੰਡਨਬਰਗ ਦੀ ਰਿਪੋਰਟ ਵਿੱਚ ਲੱਗੇ ਦੋਸ਼ਾਂ ਦੀ ਨਿਰਪੱਖ ਜਾਂਚ ਕਰਵਾ ਕੇ ਸੱਚਾਈ ਲੋਕਾਂ ਦੇ ਸਾਹਮਣੇ ਜਾਹਿਰ ਕਰੇ। ਉਪਰੋਕਤ ਅਹੁਦੇਦਾਰਾਂ ਤੋਂ ਇਲਾਵਾ ਐਸੋਸੀਏਸ਼ਨ ਦੇ ਖਜ਼ਾਨਚੀ ਸ਼ਿਵ ਕੁਮਾਰ ਅਲਵਾਦੀ, ਅਸ਼ਵਨੀ ਕੁਮਾਰ ਅਤੇ ਨਰਿੰਦਰ ਕੌਰ ਨੇ ਕਿਹਾ ਕਿ ਐਲ.ਆਈ.ਸੀ. ਦੀ ਪਾਲਿਸੀ ਲੰਬੇ ਸਮੇਂ ਦੇ ਨਿਵੇਸ਼ ਵਾਲੀ ਹੈ ਅਤੇ ਪਾਲਿਸੀ ਧਾਰਕਾਂ ਦੇ ਲੰਬੇ ਸਮੇਂ ਦੇ ਲਾਭਾਂ ਨੂੰ

ਧਿਆਨ ਵਿੱਚ ਰੱਖ ਕੇ ਨਿਵੇਸ਼ ਦੇ ਫੈਸਲੇ ਲਏ ਜਾਂਦੇ ਹਨ। ਕਿਉਂਕਿ ਐਲ.ਆਈ.ਸੀ. ਸੰਸਦ ਦੇ ਇੱਕ ਐਕਟ ਦੇ ਤਹਿਤ ਬਣਾਈ ਗਈ ਇੱਕ ਵਿਧਾਨਕ ਸੰਸਥਾ ਹੈ। ਇਸ ਲਈ ਇਸਦੇ ਸਾਰੇ ਨਿਵੇਸ਼ ਫੈਸਲੇ ਸੰਸਦੀ ਜਾਂਚ ਅਤੇ ਰੈਗੂਲੇਟਰੀ ਨਿਗਰਾਨੀ ਦੇ ਅਧੀਨ ਹਨ। ਨਾਲ ਹੀ ਐਲ.ਆਈ.ਸੀ. ਦਾ ਇੱਕ ਨਿਵੇਸ਼ ਬੋਰਡ ਹੈ ਅਤੇ ਨਿਵੇਸ਼ਾਂ 'ਤੇ ਫੈਸਲੇ ਬੋਰਡ ਦੁਆਰਾ ਪੂਰੀ ਜਾਂਚ ਤੋਂ ਬਾਅਦ ਲਏ ਜਾਂਦੇ ਹਨ। ਐਲ.ਆਈ.ਸੀ. ਦੀ ਨਿਵੇਸ਼ ਨੀਤੀ ਦੇ ਅਨੁਸਾਰ, 80 ਪ੍ਰਤੀਸ਼ਤ ਨਿਵੇਸ਼ ਸਰਕਾਰੀ ਪ੍ਰਤੀਭੂਤੀਆਂ ਜਾਂ ਬਾਂਡਾਂ ਵਰਗੇ ਸੁਰੱਖਿਅਤ ਸਾਧਨਾਂ ਵਿੱਚ ਕੀਤਾ ਜਾਂਦਾ ਹੈ। ਇਕੁਇਟੀ ਵਿਚ ਸਿਰਫ 20 ਫੀਸਦੀ ਨਿਵੇਸ਼ ਕੀਤਾ ਗਿਆ ਹੈ। ਇਸ ਲਈ ਪਾਲਿਸੀ ਧਾਰਕਾਂ ਦੁਆਰਾ ਨਿਵੇਸ਼ ਕੀਤੇ ਫੰਡਾਂ ਨੂੰ ਕੋਈ ਖਤਰਾ ਨਹੀਂ ਹੈ। ਐਲਆਈਸੀ ਨੂੰ ਸੰਭਾਵਿਤ ਨੁਕਸਾਨ ਅਤੇ ਅਡਾਨੀ ਸਮੂਹ ਵਿੱਚ ਨਿਵੇਸ਼ ਬਾਰੇ ਅਟਕਲਾਂ ਨੂੰ ਸਪਸ਼ਟ ਕਰਦੇ ਹੋਏ ਉਨ੍ਹਾਂ ਕਿਹਾ ਕਿ ਇਹ ਘਾਟਾ ਸਿਰਫ਼ ਕਾਲਪਨਿਕ ਹੈ। ਕਿਉਂਕਿ ਐਲਆਈਸੀ ਨੇ ਅਡਾਨੀ ਗਰੁੱਪ ਦਾ ਕੋਈ ਸ਼ੇਅਰ ਨਹੀਂ ਵੇਚਿਆ ਹੈ। ਐਲਆਈਸੀ ਨੇ 30 ਜਨਵਰੀ 2023 ਦੇ ਆਪਣੇ ਪ੍ਰੈਸ ਬਿਆਨ ਰਾਹੀਂ ਪਹਿਲਾਂ ਹੀ ਸਪਸ਼ਟ ਕੀਤਾ ਹੈ ਕਿ ਐਲਆਈਸੀ ਨੇ ਅਡਾਨੀ ਸਮੂਹ ਵਿੱਚ ਆਪਣੇ ਨਿਵੇਸ਼ 'ਤੇ ਲਗਭਗ 20,000 ਕਰੋੜ ਰੁਪਏ ਦਾ ਅਨੁਮਾਨਤ ਲਾਭ ਕਮਾਇਆ ਹੈ। ਉਨ੍ਹਾਂ ਕਿਹਾ ਕਿ ਐੱਲ.ਆਈ.ਸੀ. ਅਤੇ ਬੈਂਕਾਂ ਵਰਗੇ ਹੋਰ ਨਿਵੇਸ਼ਕਾਂ 'ਚ ਫਰਕ ਇਹ ਹੈ ਕਿ ਐੱਲ.ਆਈ.ਸੀ. ਲੰਬੇ ਸਮੇਂ ਲਈ ਨਿਵੇਸ਼ਕ ਹੈ ਜਦਕਿ ਬੈਂਕਾਂ ਦੇ ਮਾਮਲੇ 'ਚ ਅਜਿਹਾ ਨਹੀਂ ਹੈ। ਐਲਆਈਸੀ ਵਿੱਚ ਲੋਕਾਂ ਦਾ ਨਿਵੇਸ਼ ਬਿਲਕੁੱਲ ਸੁਰੱਖਿਅਤ ਹੈ। ਐਲਆਈਸੀ ਦਾ ਲੋਕਾਂ ਦੀ ਮਿਹਨਤ ਦੀ ਕਮਾਈ ਤੋਂ ਸਰੋਤ ਜੁਟਾਉਣ, ਉਨ੍ਹਾਂ ਨੂੰ ਚੰਗੀ ਰਿਟਰਨ ਪ੍ਰਦਾਨ ਕਰਨ ਅਤੇ ਪੂਰੇ ਦੇਸ਼ ਦੀ ਤਰੱਕੀ ਨੂੰ ਯਕੀਨੀ ਬਣਾਉਂਦੇ ਹੋਏ ਉਨ੍ਹਾਂ ਦੀਆਂ ਜਮਾਂ ਰਕਮਾਂ ਦੀ ਪੂਰੀ ਸੁਰੱਖਿਆ ਪ੍ਰਦਾਨ ਕਰਨ ਵਿੱਚ ਦਹਾਕਿਆਂ ਤੋਂ ਵੱਧ ਦਾ ਇੱਕ ਬੇਦਾਗ਼ ਟਰੈਕ ਰਿਕਾਰਡ ਹੈ ਇਸ ਲਈ ਨਿਵੇਸ਼ਕਾਂ ਨੂੰ ਬਿਲਕੁਲ ਵੀ ਚਿੰਤਾ ਕਰਨ ਦੀ ਲੋੜ ਨਹੀਂ ਹੈ।

ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਦੀ ਅਹਿਮ ਮੀਟਿੰਗ 12 ਨੂੰ

ਜਲੰਧਰ (ਸ਼ੈਲੀ ਐਲਬਰਟ)- ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ (ਰਜਿ.) ਦੇ ਜਨ ਸਕੱਤਰ ਪ੍ਰੋ ਸੰਧੂ ਵਰਿਆਣਵੀ ਅਤੇ ਸਕੱਤਰ ਜਗਦੀਸ਼ ਰਾਣਾ ਨੇ ਪ੍ਰੈਸ ਨਾਲ ਗੱਲ ਕਰਦਿਆਂ ਦੱਸਿਆ ਕਿ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਦੇ ਪ੍ਰਧਾਨ ਪਵਨ ਹਰਚੰਦਪੁਰੀ ਦੀ ਅਗੇਤੀ ਆਗਿਆ ਅਨੁਸਾਰ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਦੀ ਇਕ ਅਹਿਮ ਮੀਟਿੰਗ 12 ਫਰਵਰੀ ਨੂੰ ਪੰਜਾਬੀ ਭਵਨ ਲੁਧਿਆਣਾ ਦੇ ਡਾ. ਪਰਮਿੰਦਰ ਸਿੰਘ ਹਾਲ ਵਿਖੇ ਬੁਲਾਈ ਗਈ ਹੈ।ਇਸ ਇਕੱਤਰਤਾ ਵਿੱਚ ਚੁਣੇ ਹੋਏ ਸਾਰੇ ਅਹੁਦੇਦਾਰ, ਕਾਰਜਕਾਰੀ ਮੈਂਬਰ ਅਤੇ ਰਾਜਾਂ ਦੇ ਪ੍ਰਮੁੱਖ ਹਿੱਸਾ ਲੈਣਗੇ। ਉਨ੍ਹਾਂ ਦੱਸਿਆ ਕਿ ਇਕੱਤਰਤਾ ਵਿੱਚ ਵਿਚਾਰ ਵਟਾਂਦਰਾ ਕਰਦਿਆਂ ਕਈ ਅਹਿਮ ਫ਼ੈਸਲੇ ਲਏ ਜਾਣਗੇ ਜਿਨ੍ਹਾਂ ਵਿੱਚ ਯੂਨੀਵਰਸਿਟੀਆਂ ਅਤੇ ਕਾਲਜਾਂ ਨਾਲ਼ ਆਪਸੀ ਸਹਿਮਤੀ ਦੇ ਸਮਝੌਤੇ ਸੰਬੰਧੀ ਅਤੇ 21 ਫਰਵਰੀ 2023 ਨੂੰ ਪੰਜਾਬੀ ਮਾਂ ਬੋਲੀ ਦੇ ਸੰਬੰਧ ਵਿੱਚ ਕਰਵਾਏ ਜਾਣ ਵਾਲੇ ਅੰਤਰਰਾਸ਼ਟਰੀ ਦਿਵਸ ਮਨਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ।

ਮਾਨ ਸਰਕਾਰ ਸਮੂਹ ਵਿਭਾਗਾਂ 'ਚ ਆਊਟ ਸੋਰਸ ਪ੍ਰਣਾਲੀ ਤਿਆਗ ਕੇ ਗਰੁੱਪ-ਡੀ ਦੀ ਰੈਗੂਲਰ ਭਰਤੀ ਕਰੇ : ਲੁਬਾਣਾ, ਰਾਣਵਾਂ

ਮੋਹਾਲੀ (ਗੁਰਜੀਤ ਬਿੱਲਾ)

ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ,ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾਂ,ਚੇਅਰਮੈਨ ਸੁਖਦੇਵ ਸਿੰਘ ਸੁਰਤਾਪੁਰੀ,ਸੀਨੀਅਰ ਵਾਈਸ ਪ੍ਰਧਾਨ ਜਸਵਿੰਦਰ ਪਾਲ ਉੱਘੀ,ਮੀਤ ਪ੍ਰਧਾਨ ਪਵਨ ਗੁਡਿਆਲ,ਵਿੱਤ ਸਕੱਤਰ ਚੰਦਨ ਸਿੰਘ ਅਤੇ ਚੰਡੀਗੜ੍ਹ ਯੂਨਿਟ ਦੇ ਪ੍ਰਧਾਨ ਕ੍ਰਿਸ਼ਨ ਪ੍ਰਸ਼ਾਦ ਤੇ ਰਮਨ ਸ਼ਰਮਾ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੋਂ ਪੁਰਜੋਰ ਮੰਗ ਕੀਤੀ ਕਿ ਪੰਜਾਬ ਦੇ ਸਮੂਹ ਵਿਭਾਗਾਂ/ਬੋਰਡਾਂ/ਕਾਰਪੋਰੇਸ਼ਨਾਂ ਵਿੱਚ ਲੰਮੇਂ ਸਮੇਂ ਤੋਂ ਗਰੁੱਪ-ਡੀ ਦੀ ਰੈਗੂਲਰ ਭਰਤੀ ਨਹੀਂ ਕੀਤੀ ਜਾ ਰਹੀ ,ਠੇਕਾ ਅਤੇ ਆਊਟ ਸੋਰਸ਼ ਪ੍ਰਣਾਲੀ ਰਾਹੀਂ ਹੀ ਕੰਮ ਚਲਾਇਆ ਜਾ ਰਿਹਾ,ਜਿਸ ਨਾਲ ਘੱਟ ਪੜ੍ਹੇ ਲਿਖੇ,ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਚੋਂ ਆਉਂਦੇ ਜੋ ਜਿਆਦਾਤਰ ਹੇਠਲੀਆਂ ਸ਼੍ਰੇਣੀਆਂ ਚੋਂ ਆਉਂਦੇ ਸਨ, ਲਈ ਰਾਜ ਸੱਤਾ 'ਤੇ ਕਾਬਜ ਰਹੀਆਂ ਸਰਕਾਰਾਂ ਨੇ ਸਰਕਾਰੀ ਨੌਕਰੀਆਂ ਵਿੱਚ ਐਂਟਰੀ ਲੱਗਭੱਗ ਖਤਮ ਹੋਣ ਕਿਨਾਰੇ ਕਰ ਦਿੱਤੀ ਹੈ,ਜਿਵੇਂ ਕਿ ਸੜਕਾਂ,ਨਹਿਰਾਂ,ਡਰੇਨਾਂ,ਸੂਏਆਂ ਤੇ ਕੰਮ ਕਰਦੇ ਲਾਲ ਪੱਗਾਂ ਵਾਲੇ ਬੇਲਦਾਰ,ਮੇਟ,ਸਿਵਲ ਹਸਪਤਾਲਾਂ ਦੇ ਮਾਲੀ,ਸਫਾਈ ਸੇਵਕ,ਸਕੂਲਾਂ ਦੇ ਚਪੜਾਸੀ,ਫੂਡ ਗ੍ਰੇਨ ਇਜੰਸੀਆਂ ਦੇ ਚੌਕੀਦਾਰ,ਦਫਤਰਾਂ ਚ ਸੇਵਾਦਾਰ,ਸਵੀਪਰ ਆਦਿ ਆਦਿ ਹੁਣ ਰੈਗੂਲਰ ਘੱਟ ਹੀ ਨਜ਼ਰ ਪੈਂਦੇ ਹਨ,ਜੋ ਕਿ ਗਰੀਬ ਵਰਗਾਂ ਨਾਲ ਸਰਾ-ਸਰ ਧੱਕਾ ਹੈ। ਚੰਨੀ ਸਰਕਾਰ ਨੇ ਅਪਣੇ ਆਖਰੀ ਸਾਹਾਂ 'ਤੇ ਇੱਕ ਹੁਕਮ ਜਾਰੀ ਕੀਤੇ ਸਨ ਕਿ ਭਵਿੱਖ 'ਚ ਗਰੁੱਪ-ਡੀ ਦੀ ਭਰਤੀ ਆਊਟ ਸੋਰ, ਦੀ ਬਿਜਾਏ ਰੈਗੂਲਰ ਕੀਤੀ ਜਾਵੇਗੀ,ਪਰ ਸਰਕਾਰ ਬਦਲਣ ਕਰਕੇ ਉਹਨਾਂ ਹੁਕਮਾਂ ਤੇ ਕੋਈ ਅਮਲ ਨਹੀਂ ਹੋਇਆ ਅਤੇ ਨਾ ਹੀ 10 ਮਹੀਨਿਆਂ 'ਚ ਬਦਲਾਅ ਦੀ ਹਨੇਰੀ 'ਚ ਰਾਜ ਸਤਾ 'ਚ ਆਈ ਭਗਵੰਤ ਮਾਨ ਸਰਕਾਰ ਵੱਲੋਂ ਉਸ ਪੱਤਰ ਦਾ ਕੋਈ ਨੋਟਿਸ ਲਿਆ ਹੈ,ਗਰੁੱਪ-ਡੀ ਦੀਆਂ ਅਸਾਮੀਆਂ ਵਿਰੁੱਧ ਆਊਟ ਸੋਰਸ ਪ੍ਰਣਾਲੀ ਜੰਗੀ ਪੱਧਰ 'ਤੇ ਜਾਰੀ ਹੈ ਅਤੇ ਠੇਕਾ ਕੰਪਨੀਆਂ ਕਿਰਤੀਆਂ ਦੀ ਅੰਨੇਵਾਹ ਆਰਥਿਕ ਲੁੱਟ ਕਰ ਰਹੀਆਂ ਹਨ ਮਾਰਚ 2020 ਤੋਂ ਉਜਰਤਾਂ ਵਿੱਚ ਕੀਤੇ ਤੁਛ ਵਾਧੇ ਦਾ ਏਰੀਅਰ ਵੀ ਅਜੇ ਤੱਕ ਨਹੀਂ ਦਿੱਤਾ ਗਿਆ,ਭਗਵੰਤ ਮਾਨ ਸਰਕਾਰ ਵੱਲੋਂ ਵੀ ਆਊਟ ਸੋਰਸ਼ ਕਰਮਚਾਰੀਆਂ ਨੂੰ ਪੱਕਾ ਕਰਨ ਲਈ ਵਿਚਾਰਨ ਤੋਂ ਕੋਰੀ ਨਾਂਹ ਕਰ ਦਿੱਤੀ ਹੈ ਜੋ ਚੋਣਾਂ ਦੌਰਾਨ ਕੀਤੇ ਵਾਅਦਿਆਂ ਦੇ ਬਿਲਕੁਲ ਉਲਟ ਹੈ। ਸਾਥੀ ਲੁਬਾਣਾ ਅਤੇ ਰਾਣਵਾਂ ਨੇ ਕਿਹਾ ਕਿ ਜੇਕਰ ਮਾਨ ਸਰਕਾਰ ਵੱਲੋਂ ਗਰੁੱਪ-ਡੀ ਦੀਆਂ ਖਤਮ ਕੀਤੀਆਂ ਅਸਾਮੀਆਂ ਮੁੜ ਸੁਰਜੀਤ ਕਰਕੇ ਰੈਗੂਲਰ ਭਰਤੀ ਜਲਦੀ ਸ਼ੁਰੂ ਨਾ ਕੀਤੀ ਅਤੇ ਠੇਕਾ,ਆਊਟ ਸੋਰਸ ਕਰਮੀਆਂ ਨੂੰ ਪੱਕਾ ਨਾ ਕੀਤਾ ਤਾਂ ਜਥੇਬੰਦੀ ਵੱਲੋਂ ਸੰਘਰਸ ਤੇਜ ਕੀਤਾ ਜਾਵੇਗਾ,ਆਗੂਆਂ ਵੱਲੋਂ ਖੇਡ ਵਿਭਾਗ ਅਤੇ ਸਪੋਰਟਸ ਕੌਂਸਲ ਵਿਭਾਗ ਦਾ ਮੁੱਖ ਦਫਤਰ ਮੋਹਾਲੀ ਤੋਂ ਚੰਡੀਗੜ੍ਹ ਸੈਕਟਰ-42(ਵਿਭਾਗ ਦੀ ਅਪਣੀ ਬਿਲਡਿੰਗ) 'ਚ ਤਬਦੀਲ ਕਰਨ ਦੀ ਵੀ ਮੰਗ ਕੀਤੀ,ਆਗੂਆਂ ਇਹ ਵੀ ਦੱਸਿਆ ਕਿ ਪੈਨਸ਼ਨਰ ਫਰੰਟ ਵੱਲੋਂ 15 ਫਰਵਰੀ ਨੂੰ ਜ਼ਿਲ੍ਹਾ ਪੱਧਰੀ ਰੈਲੀਆਂ ਵਿੱਚ ਅਤੇ 19 ਫਰਵਰੀ ਨੂੰ ਚੰਡੀਗੜ੍ਹ ਸਾਂਝੇ ਫਰੰਟ ਵੱਲੋਂ ਐਲਾਨ ਕੀਤੀ ਰਾਜ ਪੱਧਰੀ ਰੋਸ ਰੈਲੀ ਵਿੱਚ ਵੀ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।

ਦਿੱਲੀ 'ਚ ਸਹਾਇਤਾ ਪ੍ਰਾਪਤ ਸਕੂਲਾਂ ਦੀ ਨਵੀਂ ਭਰਤੀ ਪ੍ਰਕਿਰਿਆ ਨਿਯਮਾਂ ਦੀ ਉਲੰਘਣਾ : ਇੰਦਰ ਮੋਹਨ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)

ਦਿੱਲੀ ਸਰਕਾਰ ਵਲੋਂ ਸਹਾਇਤਾ-ਪ੍ਰਾਪਤ ਸਕੂਲਾਂ ਦੀ ਨਵੀਂ ਭਰਤੀ ਪ੍ਰਕਿਰਿਆ ਨਿਯਮਾਂ ਦੀ ਘੋਰ ਉਲੰਘਣਾ ਹੈ। ਇਸ ਗੱਲ ਦਾ ਪ੍ਰਗਟਾਵਾ ਕਰਦਿਆਂ ਦਸਮੇਸ਼ ਸੇਵਾ ਸੁਸਾਇਟੀ ਦੇ ਪ੍ਰਧਾਨ ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਇੰਦਰ ਮੋਹਨ ਸਿੰਘ ਨੇ ਦੱਸਿਆ ਕਿ ਹਾਲ ਹੀ 'ਚ ਦਿੱਲੀ ਸਰਕਾਰ ਵਲੋਂ ਭ੍ਰਿਸ਼ਟਾਚਾਰ 'ਤੇ ਠੱਲ੍ਹ ਪਾਉਣ ਦਾ ਹਵਾਲਾ ਦਿੰਦਿਆਂ ਨਵੀਂ ਭਰਤੀ ਪ੍ਰਕਿਰਿਆ ਦਾ ਐਲਾਨ ਕੀਤਾ ਗਿਆ ਹੈ ਜਿਸਦੇ ਤਹਿਤ ਹੁਣ ਦਿੱਲੀ ਦੇ ਸਰਕਾਰੀ-ਸਹਾਇਤਾ ਪ੍ਰਾਪਤ ਸਕੂਲਾਂ 'ਚ ਅਧਿਆਪਕਾਂ ਤੇ ਹੋਰਨਾਂ ਅਹੁਦਿਆਂ ਦੀ ਭਰਤੀ ਲਈ ਦਿੱਲੀ ਸਰਕਾਰ ਦੇ ਦਿੱਲੀ ਸੁਬਾਰਡੀਨੇਟ ਸਰਵਿਸ ਸਿਲੈਕਸ਼ਨ ਬੋਰਡ (ਡੀਐੱਸਐੱਸਐੱਸਬੀ) ਵਲੋਂ ਲਿਖਤੀ ਇਮਤਿਹਾਨ ਰਾਹੀਂ ਹਰ ਇੱਕ ਅਹੁਦੇ ਲਈ ਤਿੰਨ ਉਮੀਦਵਾਰਾਂ ਦਾ ਪੈਨਲ ਤਿਆਰ ਕੀਤਾ ਜਾਵੇਗਾ, ਜਦਕਿ ਇਨ੍ਹਾਂ 'ਚੋਂ ਕਿਸੇ ਇੱਕ ਉਮੀਦਵਾਰ ਦੀ ਇੰਟਰਵਿਊ ਰਾਹੀਂ ਭਰਤੀ ਕਰਨ ਦਾ ਅਧਿਕਾਰ ਦਿੱਲੀ ਸਕੂਲ ਐਜੂਕੇਸ਼ਨ ਐਕਟ 1973 ਦੇ ਤਹਿਤ ਉਸ ਸਕੂਲ ਦੀ ਮੈਨੇਜਮੈਂਟ ਵਲੋਂ ਗਠਨ ਕੀਤੇ ਗਏ ਭਰਤੀ ਬੋਰਡ ਨੂੰ ਦਿੱਤਾ ਗਿਆ ਹੈ। ਪੂਰੇ ਮੁਲਕ 'ਚ ਇਹੋ ਜਿਹੀ ਦੋਹਰੀ ਭਰਤੀ ਪ੍ਰਕਿਰਿਆ ਦੇਖਣ ਨੂੰ ਨਹੀ ਮਿਲੀ ਹੈ ਜਿਥੇ ਲਿਖਤੀ ਇਮਤਿਹਾਨ ਤਾਂ ਸਰਕਾਰ ਵਲੋਂ ਆਯੋਜਿਤ ਕੀਤੇ ਜਾਣ 'ਤੇ ਇੰਟਰਵਿਊ ਤੋਂ ਉਪਰੰਤ ਉਮੀਦਵਾਰ ਦੇ ਨਿਯੁਕਤੀ 'ਤੇ ਆਖਰੀ ਮੋਹਰ ਲਗਾਉਣ ਦਾ ਅਧਿਕਾਰ ਉਸ ਸਬੰਧਿਤ ਪ੍ਰਾਈਵੇਟ ਅਦਾਰੇ ਨੂੰ ਦਿੱਤਾ ਹੋਵੇ। ਇੰਦਰ ਮੋਹਨ ਸਿੰਘ ਨੇ ਕਿਹਾ ਕਿ ਇਸ ਦੋਹਰੀ ਭਰਤੀ ਪ੍ਰਕਿਰਿਆ ਨਾਲ ਸਰਕਾਰ ਦਾ ਭ੍ਰਿਸ਼ਟਾਚਾਰ 'ਤੇ ਠੱਲ੍ਹ ਦਾ ਟੀਚਾ ਕਿਵੇਂ ਪੂਰਾ ਹੋਵੇਗਾ ਜਦਕਿ ਇੰਟਰਵਿਊ ਦੌਰਾਨ ਇਨ੍ਹਾਂ ਸਹਾਇਤਾ-ਪ੍ਰਾਪਤ ਸਕੂਲਾਂ ਵੱਲੋਂ ਭ੍ਰਿਸ਼ਟਾਚਾਰ 'ਤੇ ਭਾਈ-ਭਤੀਜਾਵਾਦ ਨਾਲ ਨਿਯੁਕਤੀ ਕਰਨ ਦੀ ਸੰਭਾਵਨਾ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ ਹੈ। ਇੰਦਰ ਮੋਹਨ ਸਿੰਘ ਨੇ ਦਿੱਲੀ ਸਰਕਾਰ ਨੂੰ ਆਪਣੇ ਫੈਸਲੇ 'ਤੇ ਮੁੜ੍ਹ ਵਿਚਾਰ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਸਰਕਾਰ ਇਸ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਉਣ 'ਚ ਸੰਜੀਦਾ ਹੈ ਤਾਂ ਸਰਕਾਰੀ-ਸਹਾਇਤਾ ਪ੍ਰਾਪਤ ਸਕੂਲਾਂ 'ਚ ਭਰਤੀ ਲਈ ਲਿਖਤੀ ਇਮਤਿਹਾਨ 'ਤੇ ਇੰਟਰਵਿਊ ਦੋਵੇਂ ਹੀ ਸਰਕਾਰ ਵੱਲੋਂ ਲਏ ਜਾਣ।

ਵਾਰਡ ਦਾ ਵਿਕਾਸ ਹੀ ਮੇਰਾ ਮੁੱਖ ਮਕਸਦ : ਨੇਹਾ ਪੰਮਾ

ਫਿਲੌਰ (ਬੀ ਐਸ ਕੈਨੇਡੀ)-ਵਾਰਡ ਨੰਬਰ 3 ਦੀ ਕੌਂਸਲਰ ਸ੍ਰੀਮਤੀ ਨੇਹਾ ਪੰਮਾ ਨੇ ਇਕ ਭੇਟ 'ਚ ਦਸਿਆ ਕਿ ਜਦੋਂ ਦੇ ਉਹ ਕੌਂਸਲਰ ਬਣੇ ਹਨ ਵਾਰਡ ਨੰਬਰ 3 ਦੀ ਨੁਹਾਰ ਹੀ ਬਦਲ ਦਿੱਤੀ ਹੈ। ਉਨਾਂ ਕਿਹਾ ਕਿ ਵਾਰਡ ਦਾ ਵਿਕਾਸ ਹੀ ਮੇਰਾ ਮੁੱਖ ਮਕਸਦ ਹੈ। ਵਾਰਡ 'ਚ ਸਫਾਈ ਦਾ ਪ੍ਰਬੰਧ ਸੀਵਰੇਜ ਲਾਈਟਾਂ ਤੇ ਲੋਕਾਂ ਨੂੰ ਆ ਰਹੀਆਂ ਸਮੱਸਿਆਵਾਂ ਵੱਲ ਪੂਰਾ ਧਿਆਨ ਦਿੱਤਾ ਜਾ ਰਿਹਾ ਹੈ।ਉਹਨਾਂ ਕਿਹਾ ਕਿ ਵਾਰਡ ਵਿੱਚ ਅਧੂਰੇ ਪਏ ਕੰਮ ਪੂਰੇ ਕੀਤੇ ਜਾ ਰਹੇ ਹ,ਨ ਗਲੀਆਂ ਨਾਲੀਆਂ ਨੂੰ ਪੱਕਾ ਕੀਤਾ ਜਾ ਰਿਹਾ ਹੈ। ਉਹਨਾਂ ਵਾਰਡ ਦੇ ਲੋਕਾਂ ਨੂੰ ਕਿਹਾ ਕਿ ਜੇਕਰ ਕਿਸੇ ਨੂੰ ਵਾਰਡ ਸੰਬੰਧੀ ਕੋਈ ਵੀ ਸਮੱਸਿਆ ਆਉਂਦੀ ਹੈ ਤਾਂ ਉਹ ਮੈਨੂੰ ਖੁਦ ਮਿਲ ਸਕਦਾ ਹੈ। ਇਸ ਮੌਕੇ ਉਹਨਾਂ ਦੇ ਨਾਲ ਉਹਨਾਂ ਦੇ ਪਤੀ ਅਮਿੱਤ ਪੰਮਾ ਸੋਨੂ ਹਾਜਰ ਸਨ।

ਸਰਕਾਰੀ ਸਕੂਲਾਂ 'ਚ ਸਿੱਖਿਆ ਦਾ ਪੱਧਰ ਉੱਚਾ ਚੁੱਕਿਆ

ਦਸੂਹਾ, (ਲਵਜੀਤ ਸਿੰਘ)-ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦਸੂਹਾ ਦੇ ਪ੍ਰਿੰਸੀਪਲ ਗੁਰਦਿਆਲ ਸਿੰਘ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਸਰਕਾਰੀ ਸਕੂਲਾਂ ਵਿੱਚ ਸਿਖਿਆ ਦਾ ਪੱਧਰ ਉੱਚ ਚੁੱਕਿਆ ਗਿਆ ਹੈ। ਰਾਜ ਸਰਕਾਰ ਦੁਆਰਾ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਹਰ ਤਰ੍ਹਾਂ ਦੀਆ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਇੰਨ੍ਹਾਂ ਸਹੂਲਤਾਂ ਦੇ ਚਲਦੇ ਹੁਣ ਪ੍ਰਾਈਵੇਟ ਸਕੂਲਾਂ ਦੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਹੋ ਰਹੇ ਹਨ। ਰਾਜ ਸਰਕਾਰ ਦੇ ਉਪਰਾਲਿਆਂ ਸਦਕਾ ਹੁਣ ਪ੍ਰਾਈਵੇਟ ਸਕੂਲਾਂ ਦੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਨੂੰ ਤਰਜੀਹ ਦੇ ਰਹੇ ਹਨ।

ਕਰੰਟ ਲੱਗਣ ਨਾਲ ਮੌਤ

ਦਸੂਹਾ, (ਲਵਜੀਤ ਸਿੰਘ)- ਬੀਤੀ ਸ਼ਾਮ ਦਸੂਹਾ ਦੇ ਮਹੁੱਲਾ ਮਰਾਸਗੜ੍ਹ ਦੀ ਮੌਤ ਬਿਜਲੀ ਦਾ ਕਰੰਟ ਲੱਗਣ ਨਾਲ ਹੋਈ। ਇਹ ਘਟਨਾ ਉਸ ਵਕਤ ਜਦੋ ਹੋਈ ਜਦੋ ਉਹ ਪੇਂਟ ਦਾ ਕੰਮ ਕਰ ਰਿਹਾ ਸੀ। ਮਰਨ ਵਾਲੇ ਵਿਅਕਤੀ ਦੀ ਪਛਾਣ ਰਾਜਨ ਕੁਮਾਰ ਦੇ ਰੂਪ ਵਿੱਚ ਹੋਈ ਹੈ। ਜਿਸ ਦੇ ਸੰਬੰਧ ਵਿਚ ਦਸੂਹਾ ਪੁਲਸ ਨੇ ਮ੍ਰਿਤਕ ਦੇ ਪਿਤਾ ਦੇ ਬਿਆਨਾਂ ਦੇ ਆਧਾਰ 'ਤੇ 174 ਸੀ.ਆਰ.ਪੀ.ਸੀ ਅਧੀਨ ਘਟਨਾ ਦਰਜ ਕਰਦੇ ਹੋਏ, ਮ੍ਰਿਤਕ ਦਾ ਪੋਸਟਮਾਰਟਮ ਕਰਵਾ ਕੇ ਲਾਸ਼ ਉਸ ਦੇ ਵਾਰਸਾਂ ਦੇ ਹਵਾਲੇ ਕਰ ਦਿੱਤੀ।

ਹਲਕਾ ਅਜਨਾਲਾ ਦਾ ਇੰਚਾਰਜ ਬਣਾਏ ਜਾਣ 'ਤੇ ਜੋਧ ਸਿੰਘ ਸਮਰਾ ਦਾ ਸਵਾਗਤ

ਮਜੀਠਾ (ਸੋਇਮ ਆਨੰਦ)

ਸ਼੍ਰੋਮਣੀ ਅਕਾਲੀ ਦਲ ਦੇ ਸਕੱਤਰ ਜਨਰਲ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਸੀਨੀ ਅਕਾਲੀ ਆਗੂ ਜ਼ੋਧ ਸਿੰਘ ਸਮਰਾ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਸੁਪਰਸਤ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਅਤੇ ਅਕਾਲੀ ਦਲ ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਵੱਲੋਂ ਵਿਧਾਨ ਸਭਾ ਹਲਕਾ ਅਜਨਾਲਾ ਦਾ ਇੰਚਾਰਜ ਲਗਾਇਆ ਗਿਆ। ਜੋਧ ਸਿੰਘ ਸਮਰਾ ਦੇ ਹਲਕਾ ਅਜਨਾਲਾ ਦੇ ਇੰਚਾਰਜ ਲਗਾਏ ਜਾਣ ਨਾਲ ਹਲਕਾ ਮਜੀਠਾ ਸਮੇਤ ਸ਼ਹਿਰ ਮਜੀਠਾ ਦੇ

ਅਕਾਲੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਵੱਲੋਂ ਸਮਰਾ ਨੂੰ ਇੰਚਾਰਜ ਲਗਾਏ ਜਾਣ ਤੇ ਨਗਰ ਕੌਂਸਲ ਮਜੀਠਾ ਦੇ ਸਾਬਕਾ ਪ੍ਰਧਾਨ ਕੌਂਸਲਰ ਤਰੁਨ ਅਬਰੋਲ ਅਤੇ ਸੀਨੀਅਰ ਮੀਤ ਪ੍ਰਧਾਨ ਪ੍ਰਿੰਸ ਨਈਅਰ ਅਤੇ ਸਾਬਕਾ ਚੇਅਰਮੈਨ ਦੁਰਗਾ ਦਾਸ ਨੇ ਸਾਥੀਆਂ ਸਮੇਤ ਸਮਰਾ ਦੇ ਗ੍ਰਹਿ ਮਜੀਠਾ ਵਿਖੇ ਉਨ੍ਹਾਂ ਦਾ ਸਨਮਾਨ ਕੀਤਾ ਅਤੇ ਵਧਾਈ ਦਿੱਤੀ। ਇਸ ਮੌਕੇ ਤਰੁਨ ਅਬਰੋਲ ਤੇ ਨਈਅਰ ਅਤੇ ਦੁਰਗਾ ਦਾਸ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਹਮੇਸ਼ਾ ਹੀ ਮਿਹਨਤੀ ਵਰਕਰਾਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਦੇ ਕੇ ਨਿਵਾਜਿਆਂ ਹੈ। ਇਸ ਮੌਕੇ ਨਵ ਨਿਯੁਕਤ ਇੰਚਾਰਜ ਜ਼ੋਧ ਸਿੰਘ ਸਮਰਾ ਨੇ ਪਾਰਟੀ ਸਰਪ੍ਰਸਤ ਪ੍ਰਕਾਸ਼ ਸਿੰਘ ਬਾਦਲ, ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਬਿਕਰਮ ਸਿੰਘ ਮਜੀਠੀਆ ਦਾ ਤਹਿਦਿਲੋ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਦੀ ਮਜ਼ਬੂਤੀ ਅਤੇ ਚੜ੍ਹਦੀ ਕਲਾ ਲਈ ਦਿਨ ਰਾਤ ਇਕ ਕਰ ਦੇਣਗੇ। ਇਸ ਮੌਕੇ ਪ੍ਰਧਾਨ ਤਰੁਨ ਅਬਰੋਲ ਨਾਲ ਪ੍ਰਿੰਸ ਨਈਅਰ, ਮਾਰਕੀਟ ਕਮੇਟੀ ਮਜੀਠਾ ਦੇ ਸਾਬਕਾ ਚੇਅਰਮੈਨ ਦੁਰਗਾ ਦਾਸ, ਬਿੱਲਾ ਆੜ੍ਹਤੀ, ਅਜੈ ਚੋਪੜਾ, ਨੰਬਰਦਾਰ ਤੇਜਿੰਦਰ ਸਿੰਘ ਲਾਟੀ, ਸਾਬਕਾ ਸਰਪੰਚ ਜਤਿੰਦਰਪਾਲ ਸਿੰਘ ਸਾਬਾ ਹਮਜਾ, ਨਰੇਸ਼ ਕੁਮਾਰ, ਸ਼ੈਂਕੀ ਅਰੋੜਾ, ਰਾਜਾ ਮਜੀਠਾ, ਵਰਿੰਦਰ ਬਾਜਵਾ, ਦੀਪਕ ਤਕਿਆਰ, ਸੰਦੀਪ ਸਮੇਤ ਵੱਡੀ ਗਿਣਤੀ 'ਚ ਅਕਾਲੀ ਵਰਕਰ ਹਾਜ਼ਰ ਸਨ।

ਕਿਰਤੀ ਕਿਸਾਨ ਯੂਨੀਅਨ ਦੇ ਵਫਦ ਨੇ ਏ ਡੀ ਸੀ ਨੂੰ ਦੱਸੀਆਂ ਮੁਸ਼ਕਲਾਂ

ਕਪੂਰਥਲਾ, (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)- ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ ਹੇਠ ਕਿਸਾਨਾਂ ਦਾ ਵਫਦ ਏ ਡੀ ਸੀ

ਕਪੂਰਥਲਾ ਨੂੰ ਮਿਲਿਆ ਤੇ ਕਿਸਾਨੀ ਮੰਗਾਂ 'ਤੇ ਗੱਲਬਾਤ ਕੀਤੀ ਤੇ ਦੱਸਿਆ ਕਿ ਅਵਾਰਾ ਡੰਗਰਾਂ ਨੇ ਕਿਸਾਨਾਂ ਦੀਆਂ ਫਸਲਾਂ ਦਾ ਬਹੁਤ ਨੁਕਸਾਨ ਕੀਤਾ ਹੈ। ਅਵਾਰਾ ਪਸ਼ੂਆਂ ਨੂੰ ਸਾਂਭਣ ਦਾ ਇੰਤਜਾਮ ਸਰਕਾਰ ਕਰੇ ਤੇ ਇਸ ਦੇ ਨਾਲ ਹੀ ਮੰਗ ਕੀਤੀ ਕਿ ਖੰਡ ਮਿੱਲਾਂ ਗੰਨੇ ਦੀ ਅਦਾਇਗੀ 15 ਦਿਨ ਵਿੱਚ ਕਰਨੀ ਸੀ ਉਹ ਲੱਗਭਗ ਡੇਢ ਮਹੀਨੇ ਤੋਂ ਲੇਟ ਹੈ, ਇਸ ਨੂੰ 15 ਦਿਨ ਦੇ ਅੰਦਰ ਕਰਾਇਆ ਜਾਵੇ, ਜੋ ਸਰਕਾਰ ਵਲੋਂ 50, ਰੁਪਏ ਦਿੱਤੇ ਜਾਣੇ ਸੀ ਉਹ ਸ਼ੁਰੂ ਕਰਵਾਏ ਜਾਣ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਭੁੱਲਰ ਤੇ ਜ਼ਿਲ੍ਹਾ ਸਕੱਤਰ ਤਰਸੇਮ ਸਿੰਘ ਬੰਨਾਮਲ ਢਿੱਲਵਾਂ ਬਲਾਕ ਦੇ ਪ੍ਰਧਾਨ ਕੁਲਵਿੰਦਰ ਸਿੰਘ ਭੰਡਾਲ ਫੱਤੂਢੀਗਾ ਏਰੀਏ ਦੇ ਪ੍ਰਧਾਨ ਗੁਰਦਿਆਲ ਸਿੰਘ ਬੂਹ ਮੀਤ ਪ੍ਰਧਾਨ ਬਲਵਿੰਦਰ ਸਿੰਘ ਦੇਸਲ ਸਕੱਤਰ ਬਲਵੀਰ ਸਿੰਘ ਫਜਲਾਬਾਦ ਇਲਾਕਾ ਕਮੇਟੀ ਮੈਂਬਰ ਜਸਮੇਲ ਸਿੰਘ ਸੁਰਖਪੁਰ ,ਬਖ਼ਸ਼ੀਸ਼ ਸਿੰਘ ਧਾਲੀਵਾਲ ਬੇਟ, ਪਰਮਜੀਤ ਸਿੰਘ ਭੰਡਾਲ ,ਕਰਮ ਸਿੰਘ ਬੱਲ, ਰਜਿੰਦਰ ਸਿੰਘ ਢਿਲਵਾਂ, ਸੁਲੱਖਣ ਸਿੰਘ ਧਾਲੀਵਾਲ ਆਦਿ ਸ਼ਾਮਲ ਸਨ।

ਪੱਤਰਕਾਰ ਰਾਜੇਸ਼ ਥਾਪਾ 'ਤੇ ਜਾਨਲੇਵਾ ਹਮਲਾ ਕਰਨ ਦੀ ਸਖਤ ਨਿਖੇਧੀ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)

ਜਨਤਕ ਜਥੇਬੰਦੀਆਂ ਦਾ ਸਾਂਝਾ ਮੋਰਚਾ (ਜੇ.ਪੀ.ਐੱਮ.ਓ.) ਦੇ ਸੂਬਾਈ ਆਗੂਆਂ ਜਮਹੂਰੀ ਕਿਸਾਨ ਸਭਾ ਦੇ ਪਰਗਟ ਸਿੰਘ ਜਾਮਾਰਾਏ, ਜਸਵਿੰਦਰ ਸਿੰਘ ਢੇਸੀ ਅਤੇ ਜ਼ਿਲ੍ਹਾ ਆਗੂਆਂ ਸੰਤੋਖ ਸਿੰਘ ਬਿਲਗਾ, ਮਨੋਹਰ ਸਿੰਘ ਗਿੱਲ, ਸ਼ਿੰਗਾਰਾ ਸਿੰਘ ਦੋਸਾਂਝ,ਦਿਹਾਤੀ ਮਜਦੂਰ ਸਭਾ ਦੇ ਪਰਮਜੀਤ ਰੰਧਾਵਾ, ਬਲਦੇਵ ਸਿੰਘ ਨੂਰ ਪੁਰੀ,ਨਿਰਮਲ ਸਿੰਘ ਮਲਸੀਆਂ, ਨਿਰਮਲ ਸਿੰਘ ਆਧੀ,ਸੀ..ਟੀ.ਯੂ.ਦੇ ਰਾਮ ਕਿਸਨ,ਹਰੀ ਮੁਨੀ ਸਿੰਘ ਅਤੇ ਪ.ਸ.ਸ.ਫ.ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਸੂਬਾ ਕਮੇਟੀ ਮੈਂਬਰ ਤਰਸੇਮ ਮਾਧੋਪੁਰੀ ਅਤੇ ਕੁਲਦੀਪ ਵਾਲੀਆ, ਪੁਸ਼ਪਿੰਦਰ ਕੁਮਾਰ ਵਿਰਦੀ, ਨਿਰਮੋਲਕ ਸਿੰਘ ਹੀਰਾ,ਅਕਲ ਚੰਦ ਸਿੰਘ, ਪਰਨਾਮ ਸਿੰਘ ਸੈਣੀ, ਕੁਲਦੀਪ ਸਿੰਘ ਕੌੜਾ ਆਦਿ ਨੇ ਪਿਛਲੇ ਦਿਨੀਂ ਪੰਜਾਬ ਪ੍ਰੈੱਸ ਕਲੱਬ ਦੇ ਸੀਨੀਅਰ ਮੀਤ ਪ੍ਰਧਾਨ, ਪ੍ਰੈੱਸ ਐਸੋਸੀਏਸ਼ਨ ਸਟੇਟ ਤੇ ਜਲੰਧਰ ਪ੍ਰੋਫੈਸਨਲ ਫੋਟੋਗ੍ਰਾਫਰ ਐਸੋਸੀਏਸ਼ਨ ਦੇ ਐਡਵਾਈਜਰ ਸਫਰੀ ਰਾਜੇਸ ਥਾਪਾ ਦੇ ਫੋਟੋ ਸਟੂਡੀਓ 'ਤੇ ਗੁੰਡੇ ਆਏ ਤੇ ਉਹਨਾਂ ਉੱਤੇ ਜਾਨ ਲੇਵਾ ਹਮਲਾ ਕਰਦੇ ਹੋਏ ਉਨ੍ਹਾਂ ਨੂੰ ਗੰਭੀਰ ਰੂਪ ਵਿੱਚ ਜਖਮੀ ਕਰ ਗਏ, ਦੀ ਤਿੱਖੀ ਨਿਖੇਧੀ ਕਰਦੇ ਹੋਏ ਕਿਹਾ ਕਿ ਰਾਜੇਸ਼ ਥਾਪਾ ਲੋਕ ਸੇਵਾ ਨੂੰ ਪਹਿਲ ਦੇਣ ਵਾਲੇ ਮਨੁੱਖ ਹਨ। ਉਹ ਮਜਦੂਰਾਂ ਦੇ ਕੇਸ ਵੀ ਲੜਦੇ ਹਨ। ਆਗੂਆਂ ਨੇ ਸਾਂਝੇ ਤੌਰ 'ਤੇ ਸ਼ਹਿਰ ਵਿੱਚ ਦਿਨ ਬ ਦਿਨ ਗੁੰਡਾਗਰਦੀ ਦੀਆਂ ਵੱਧ ਰਹੀਆਂ ਘਟਨਾਵਾਂ ਤੇ ਡੂੰਘੀ ਚਿੰਤਾ ਪ੍ਰਗਟ ਕਰਦੇ ਹੋਏ ਪੁਲਸ ਪ੍ਰਸ਼ਾਸਨ ਜਲੰਧਰ ਤੋਂ ਜੋਰਦਾਰ ਢੰਗ ਨਾਲ ਮੰਗ ਕੀਤੀ ਕਿ ਸਾਥੀ ਰਾਜੇਸ਼ ਥਾਪਾ ਨੂੰ ਗੰਭੀਰ ਜਖਮੀ ਕਰਨ ਵਾਲੇ ਗੁੰਡਾ ਅਨਸਰਾਂ ਨੂੰ ਤੁਰੰਤ ਗ੍ਰਿਫਤਾਰ ਕਰਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਦੀ ਪੰਜਾਬ ਰਾਜ ਕਮੇਟੀ ਦੇ ਪ੍ਰਧਾਨ ਸਾਥੀ ਰਤਨ ਸਿੰਘ ਰੰਧਾਵਾ ਅਤੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਇੱਕ ਸਾਂਝਾ ਪ੍ਰੈਸ ਬਿਆਨ ਜਾਰੀ ਕਰਕੇ ਉੱਘੇ ਪੱਤਰਕਾਰ ਤੇ ਪ੍ਰੈਸ ਕਲੱਬ ਦੇ ਮੀਤ ਪ੍ਰਧਾਨ ਸ਼੍ਰੀ ਰਾਜੇਸ਼ ਥਾਪਾ ਉੱਪਰ ਗੁੰਡਾ ਅਨਸਰਾਂ ਵੱਲੋਂ ਕੀਤੇ ਗਏ ਜਾਨਲੇਵਾ ਹਮਲੇ ਦੀ ਜੋਰਦਾਰ ਨਿਖੇਧੀ ਕੀਤੀ ਹੈ। ਜ਼ਿਕਰਯੋਗ ਹੈ ਕਿ ਲੰਘੀ 7 ਫਰਵਰੀ ਨੂੰ ਦੇਰ ਸ਼ਾਮ ਕੁੱਝ ਸਮਾਜ ਵਿਰੋਧੀ ਤੱਤਾਂ ਨੇ ਰਾਜੇਸ਼ ਥਾਪਾ ਦੀ ਦੁਕਾਨ ਉੱਪਰ ਧਾਵਾ ਬੋਲ ਕੇ ਉਨ੍ਹਾਂ ਨੂੰ ਗੰਭੀਰ ਜਖਮੀ ਕਰ ਦਿੱਤਾ ਸੀ। ਰੰਧਾਵਾ ਅਤੇ ਜਾਮਾਰਾਏ ਨੇ ਜ਼ਿਲ੍ਹਾ ਪੁਲਸ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਹਮਲੇ ਦੇ ਦੋਸ਼ੀਆਂ ਨੂੰ ਫੌਰੀ ਗ੍ਰਿਫ਼ਤਾਰ ਕਰਕੇ ਉਨ੍ਹਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸੇ ਦੌਰਾਨ ਇੱਥੋਂ ਜਾਰੀ ਇੱਕ ਵੱਖਰੇ ਬਿਆਨ ਰਾਹੀਂ ਦਿਹਾਤੀ ਮਜਦੂਰ ਸਭਾ ਦੇ ਸੂਬਾਈ ਵਿੱਤ ਸਕੱਤਰ ਸਾਥੀ ਮਹੀਪਾਲ, ਸੀਟੀਯੂ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਤੇ ਸਕੱਤਰ ਰਾਮ ਕਿਸ਼ਨ ਤੇ ਹਰੀ ਮੁਨੀ ਸਿੰਘ, ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਬਲਵਿੰਦਰ ਸਿੰਘ ਛੇਹਰਟਾ, ਮਜਦੂਰ ਆਗੂ ਬਲਦੇਵ ਸਿੰਘ ਨੂਰਪੁਰੀ, ਔਰਤ ਮੁਕਤੀ ਮੋਰਚਾ ਪੰਜਾਬ ਦੀਆਂ ਸੀਨੀਅਰ ਆਗੂ ਬੀਬੀ ਕੰਚਨ ਸਿੰਘ ਅਤੇ ਪਾਰਵਤੀ ਦੇਵੀ ਨੇ ਵੀ ਹਮਲੇ ਦੇ ਦੋਸ਼ੀਆਂ ਨੂੰ ਫੜਨ ਅਤੇ ਮਿਸਾਲੀ ਸਜਾ ਦੇਣ ਦੀ ਮੰਗ ਕੀਤੀ ਹੈ।

ਬਸੰਤ ਮੇਲੇ ਮੌਕੇ ਕੁਸ਼ਤੀ ਦੰਗਲ 12 ਨੂੰ

ਕਰਤਾਰਪੁਰ (ਹਰਮੇਸ ਦੱਤ)

ਬਸੰਤ ਮੇਲਾ ਸ੍ਰੀ ਬ੍ਰਾਹਮਣ ਸਭਾ ਰਜਿਸਟਰਡ ਪੰਜਾਬ ਦੀ ਤਰਫੋਂ ਬੜੀ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ। ਬ੍ਰਾਹਮਣ ਸਭਾ ਪੰਜਾਬ ਯੂਥ ਵਿੰਗ ਦੇ ਚੇਅਰਮੈਨ ਰਾਜਨ ਸ਼ਰਮਾ, ਸ੍ਰੀ ਸਾਈਂ ਸੇਵਾ ਸੰਮਤੀ ਸਰਪ੍ਰਸਤ ਸੰਜੀਵ ਭੱਲਾ, ਪਾਲਾ ਕੁੱਢੋਵਾਲ, ਧੀਰਜ ਵਿਨਾਇਕ ਨੇ ਦੱਸਿਆ ਕਿ 12 ਫਰਵਰੀ ਨੂੰ ਭੁਲੱਥ ਰੋਡ 'ਤੇ ਸਥਿਤ ਜੱਸਾ ਮੱਲ ਤਾਲਾਬ ਵਿਖੇ ਕੁਸ਼ਤੀ ਦੰਗਲ ਕਰਵਾਇਆ ਜਾਵੇਗਾ। ਪਟਕਾ ਦੀ ਕੁਸ਼ਤੀ ਵਿੱਚ ਪਹਿਲਾ ਇਨਾਮ 31 ਹਜਾਰ ਰੁਪਏ, ਦੂਜਾ ਇਨਾਮ 11 ਹਜਾਰ ਰੁਪਏ ਅਤੇ ਜੂਨੀਅਰ ਕੁਸ਼ਤੀ ਅੰਡਰ-16 ਦਾ ਪਹਿਲਾ ਇਨਾਮ 51 ਸੌ ਰੁਪਏ, ਦੂਜਾ ਇਨਾਮ 21 ਸੌ ਰੁਪਏ ਦੱਸਿਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਕਰਤਾਰਪੁਰ ਤੋਂ ਵਿਧਾਇਕ ਬਲਕਾਰ ਸਿੰਘ ਮੁੱਖ ਮਹਿਮਾਨ ਅਤੇ ਡੀ.ਐਸ.ਪੀ ਸੁਰਿੰਦਰ ਪਾਲ ਧੋਗੜੀ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

ਸੁਰਜੀਤ ਸਿੰਘ ਬਣੇ ਦਲਬੀਰ ਕੌਰ ਮੈਮੋਰੀਅਲ ਚੈਰੀਟੇਬਲ ਸਿਲਾਈ ਸੈਂਟਰ ਦੇ ਮੁਖੀ

ਕਰਤਾਰਪੁਰ (ਹਰਮੇਸ਼ ਦੱਤ)

ਫਰੀਡਮ ਫਾਈਟਰ ਐਸ.ਕੇ.ਐਸ. ਵੈਲਫੇਅਰ ਸੁਸਾਇਟੀ ਕਰਤਾਰਪੁਰ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।

ਸੋਸਾਇਟੀ ਦੀ ਤਰਫੋਂ ਦਲਵੀਰ ਕੌਰ ਮੈਮੋਰੀਅਲ ਚੈਰੀਟੇਬਲ ਸਿਲਾਈ ਸੈਂਟਰ ਜੋ ਕਿ ਖੁੱਲਣ ਜਾ ਰਿਹਾ ਹੈ, ਦੀ ਅਗਵਾਈ ਵਿੱਚ ਸੁਸਾਇਟੀ ਦੇ ਅਹੁਦੇਦਾਰਾਂ ਦਾ ਗਠਨ ਕੀਤਾ ਗਿਆ। ਜਿਸ ਵਿਚ ਪ੍ਰਦੀਪ ਕੁਮਾਰ ਚੇਅਰਮੈਨ, ਬਲਵਿੰਦਰ ਸਿੰਘ ਸੀਨੀਅਰ ਵਾਇਸ ਚੇਅਰਮੈਨ, ਹਰਗੁਣਮੀਤ ਸਿੰਘ ਵਾਈਸ ਚੇਅਰਮੈਨ, ਪ੍ਰਧਾਨ ਸੁਰਜੀਤ ਸਿੰਘ, ਅਮਰਜੀਤ ਸਿੰਘ ਸੀਨੀਅਰ ਵਾਈਸ ਪ੍ਰਧਾਨ, ਬਾਬਾ ਗੁਰਦੇਵ ਸਿੰਘ ਮੀਤ ਪ੍ਰਧਾਨ, ਦਵਨੀਤ ਕੌਰ ਜਨਰਲ ਸਕੱਤਰ, ਸੁਖਬੀਰ ਸਿੰਘ ਸਕੱਤਰ, ਗਗਨ ਗੌਤਮ ਪ੍ਰੈਸ ਸਕੱਤਰ, ਸਰਬਜੀਤ ਸਿੰਘ ਮੱਕੜ ਕੈਸ਼ੀਅਰ, ਜਗਦੀਪ ਸਿੰਘ ਲਿੱਲੀ ਲੇਖਾਕਾਰ,ਮਾਸਟਰ ਅਮਰੀਕ ਸਿੰਘ ਮੁੱਖ ਸਲਾਹਕਾਰ, ਸੁਰਜੀਤ ਸਿੰਘ ਲਿੱਲੀ ਸਲਾਹਕਾਰ, ਨਵਦੀਪ ਕੌਰ ਸਲਾਹਕਾਰ, ਗੁਰਦੀਪ ਕੌਰ ਸਲਾਹਕਾਰ, ਤਰਨਜੀਤ ਸਿੰਘ ਸਲਾਹਕਾਰ, ਨਵਜੋਤ ਨਾਗਪਾਲ ਨੂੰ ਸਲਾਹਕਾਰ ਬਣਾਇਆ ਗਿਆ। ਇਸ ਮੌਕੇ ਤੇ ਪ੍ਰਧਾਨ ਸੁਰਜੀਤ ਸਿੰਘ ਅਤੇ ਨੇਕੀ ਦੀ ਦੁਕਾਨ ਕਰਤਾਰਪੁਰ ਦੇ ਪ੍ਰਧਾਨ ਸਮਾਜ ਸੇਵੀ ਮਾਸਟਰ ਅਮਰੀਕ ਸਿੰਘ ਨੇ ਦੱਸਿਆ ਕਿ ਦਲਵੀਰ ਕੌਰ ਮੈਮੋਰੀਅਲ ਚੈਰੀਟੇਬਲ ਸਿਲਾਈ ਸੈਂਟਰ ਜੋਕਿ ਮੁਹੱਲਾ ਸੂਰੀਆਂ ਵਿਖੇ ਖੋਲ੍ਹਿਆ ਜਾ ਰਿਹਾ ਹੈ, ਜਿੱਥੇ ਸਿਲਾਈ ਸਿੱਖਣ ਵਾਲੀਆਂ ਲੜਕੀਆਂ ਦਾ ਦਾਖਲਾ ਅਤੇ ਸਿਲਾਈ ਬਿਲਕੁੱਲ ਮੁਫਤ ਹੈ, ਇਸ ਲਈ ਕੋਈ ਪੈਸਾ ਨਹੀਂ ਲਿਆ ਜਾਵੇਗਾ।. ਜਿਸ ਦੀ ਦਾਖਲਾ ਰਜਿਸਟ੍ਰੇਸ਼ਨ ਸ਼ੁਰੂ ਹੋ ਚੁੱਕੀ ਹੈ ਅਤੇ ਜਿਸ ਦਾ ਉਦਘਾਟਨ 14 ਫਰਵਰੀ ਨੂੰ ਸਵੇਰੇ 11:00 ਵਜੇ ਸ੍ਰੀਮਤੀ ਸੁਨੀਤਾ ਕਪੂਰ ਵਾਈਸ ਚੇਅਰਪਰਸਨ, ਅਪਾਹਜ ਆਸ਼ਰਮ ਜਲੰਧਰ ਕਰਨਗੇ। ਉਨ੍ਹਾਂ ਕਿਹਾ ਕਿ ਲੜਕੀਆਂ ਨੂੰ ਮੁਫਤ ਸਿਲਾਈ ਸਿਖਾਈ ਜਾਵੇਗੀ ਅਤੇ ਜੋ ਵੀ ਲੜਕੀ ਸਿਲਾਈ ਸਿੱਖਣੀ ਚਾਹੁੰਦੀ ਹੈ, ਉਹ ਸੈਂਟਰ ਵਿੱਚ ਆ ਕੇ ਆਪਣਾ ਨਾਂਅ ਮੁਫ਼ਤ ਦਰਜ ਕਰਵਾ ਸਕਦੀ ਹੈ।

ਪ੍ਰਾਇਮਰੀ ਸਕੂਲਾਂ ਦਾ ਬਜਟ ਜਾਰੀ ਕਰਵਾਉਣ ਸੰਬੰਧੀ ਮੁੱਖ ਮੰਤਰੀ ਦੇ ਨਾਂਅ ਭੇਜਿਆ ਰੋਸ ਪੱਤਰ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)

ਸਾਂਝਾ ਅਧਿਆਪਕ ਮੋਰਚਾ ਪੰਜਾਬ ਦੁਆਰਾ ਦਿੱਤੇ ਪ੍ਰੋਗਰਾਮ ਦੇ ਤਹਿਤ ਪ੍ਰਾਇਮਰੀ ਅਧਿਆਪਕਾਂ ਦਾ ਮੋਬਾਈਲ ਭੱਤਾ ਕੱਟਣ ਅਤੇ ਪ੍ਰਾਇਮਰੀ ਅਧਿਆਪਕਾਂ ਦੀਆਂ ਤਨਖਾਹਾਂ ਦਾ ਬਜਟ ਜਾਰੀ ਨਾ ਹੋਣ ਕਾਰਨ ਜ਼ਿਲ੍ਹਾ ਗੁਰਦਾਸਪੁਰ ਦੇ ਸਾਂਝਾ ਅਧਿਆਪਕ ਮੋਰਚਾ ਦੇ ਆਗੂਆਂ ਵਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਂਅ ਤੇ ਇੱਕ ਰੋਸ਼ ਪੱਤਰ ਜ਼ਿਲ੍ਹਾ ਖਜਾਨਾ ਅਫਸਰ ਗੁਰਦਾਸਪੁਰ ਮੋਹਨ ਦਾਸ ਨੂੰ ਦਿੱਤਾ ਗਿਆ। ਇਸ ਸਬੰਧੀ ਅਧਿਆਪਕ ਆਗੂਆਂ ਨੇ ਕਿਹਾ ਕਿ ਅਧਿਆਪਕਾਂ ਦਾ ਨਿਯਮਾਂ ਤੋਂ ਬਾਹਰ ਜਾ ਕੇ ਮੋਬਾਇਲ ਭੱਤਾ ਕੱਟਣਾ ਨਿੰਦਣਯੋਗ ਹੈ। ਜ਼ਿਲ੍ਹਾ ਖਜਾਨਾ ਅਫਸਰ ਗੁਰਦਾਸਪੁਰ ਰਾਹੀਂ ਰੋਸ ਪੱਤਰ ਪੰਜਾਬ ਸਰਕਾਰ ਨੂੰ ਭੇਜਿਆ ਗਿਆ। ਆਗੂਆਂ ਨੇ ਰੋਸ਼ ਪ੍ਰਗਟ ਕਰਦਿਆਂ ਕਿਹਾ ਕਿ ਸਮੇਂ ਸਿਰ ਬਜਟ ਜਾਰੀ ਨਾ ਕਰਨ ਕਾਰਨ ਜਨਵਰੀ ਮਹੀਨੇ ਦੀ ਤਨਖਾਹ ਲਟਕ ਗਈ ਹੈ ਅਤੇ ਅਧਿਆਪਕ ਫਾਕੇ ਕੱਟਣ ਲਈ ਮਜਬੂਰ ਹਨ, ਜਿਸ ਕਰਕੇ ਬੈਂਕਾਂ ਅਤੇ ਹੋਰ ਕਈ ਕਿਸ਼ਮ ਦੇ ਕਰਜ਼ੇ ਤੇ ਬੇਲੋੜੇ ਜੁਰਮਾਨੇ ਦੇਣੇ ਪੈ ਰਹੇ ਹਨ ਅਤੇ ਜ਼ਰੂਰੀ ਕੰਮਕਾਜ ਪੱਛੜ ਰਹੇ ਹਨ ਅਤੇ ਅਧਿਆਪਕਾਂ ਦਾ ਛੁੱਟੀਆਂ ਕਾਰਨ ਕੱਟਿਆ ਗਿਆ। ਮੋਬਾਇਲ ਭੱਤਾ ਬਿਲਕੁਲ ਜਾਇਜ਼ ਨਹੀਂ ਹੈ, ਕਿਉਂਕਿ ਅਧਿਆਪਕਾਂ ਨੂੰ ਛੁੱਟੀਆਂ ਵਿੱਚ ਵੀ ਮੋਬਾਇਲ ਤੇ ਕੰਮ ਕਰਨਾ ਪੈਂਦਾ ਹੈ। ਇਸ ਲਈ ਮੋਬਾਇਲ ਭੱਤਾ ਅਧਿਆਪਕਾਂ ਨੂੰ ਜਾਰੀ ਕੀਤਾ ਜਾਵੇ। ਇਸ ਮੌਕੇ ਕੁਲਦੀਪ ਪੂਰੋਵਾਲ, ਹਰਜਿੰਦਰ ਸਿੰਘ ਵਡਾਲਾ ਬਾਂਗਰ, ਸੋਮ ਸਿੰਘ, ਅਨਿਲ ਕੁਮਾਰ, ਰਜਨੀ ਪ੍ਰਕਾਸ਼, ਪਵਨ ਕੁਮਾਰ, ਜਸਬੀਰ ਸਿੰਘ, ਸਲਵਿੰਦਰ ਕੁਮਾਰ, ਜਗਦੀਸ ਬੈਂਸ, ਦਵਿੰਦਰ ਸਿੰਘ ਦਿਲਦਾਰ ਭੰਡਾਲ, ਵਿਜੇ ਕੁਮਾਰ, ਜੋਤਪ੍ਰਕਾਸ਼ ਸਿੰਘ ਆਦਿ ਅਧਿਆਪਕ ਆਗੂ ਹਾਜ਼ਰ ਸਨ।

ਪਰਵਾਸੀ ਪੰਜਾਬੀ ਕਵੀ ਚਰਨ ਸਿੰਘ ਨਾਲ ਰੂਬਰੂ ਸਮਾਗਮ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)

ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਪੰਜਾਬੀ ਅਧਿਐਨ ਸਕੂਲ ਦੇ ਖੋਜ ਮੰਚ ਵੱਲੋਂ ਪਰਵਾਸੀ ਪੰਜਾਬੀ ਕਵੀ ਚਰਨ ਸਿੰਘ ਦਾ ਰੂਬਰੂ ਸਮਾਗਮ ਕਰਵਾਇਆ ਗਿਆ। ਸਮਾਗਮ ਦੇ ਆਰੰਭ ਵਿਚ ਵਿਭਾਗ ਦੇ ਮੁਖੀ ਡਾ. ਮਨਜਿੰਦਰ ਸਿੰਘ ਨੇ ਚਰਨ ਸਿੰਘ ਦਾ ਸਵਾਗਤ ਕਰਦਿਆਂ ਉਨ੍ਹਾਂ ਦੀ ਸਿਰਜਣ ਪ੍ਰਕਿਰਿਆ ਬਾਰੇ ਚਾਨਣਾ ਪਾਇਆ। ਉਨ੍ਹਾਂ ਅਨੁਸਾਰ ਚਰਨ ਸਿੰਘ ਆਧੁਨਿਕ ਸੰਵੇਦਨਾ ਦਾ ਕਵੀ ਹੈ ਜਿਸ ਨੇ ਪੂੰਜੀਵਾਦੀ ਯੁੱਗ ਦੀ ਮਾਨਸਿਕਤਾ ਨੂੰ ਬੌਧਿਕ ਵਿਸ਼ਲੇਸ਼ਣ ਰਾਹੀਂ ਪ੍ਰਸਤੁਤ ਕੀਤਾ ਹੈ। ਉਸਦੀ ਰਚਨਾ ਵਿੱਚੋਂ ਆਧੁਨਿਕਤਾ ਤੇ ਉੱਤਰ-ਆਧੁਨਿਕਤਾ ਦਾ ਦਵੰਦ ਨਜ਼ਰ ਆਉਂਦਾ ਹੈ। ਉਪਰੰਤ ਡਾ. ਮੇਘਾ ਸਲਵਾਨ (ਅਸਿਸਟੈਂਟ ਪ੍ਰੋਫੈਸਰ ਪੰਜਾਬੀ ਅਧਿਐਨ ਸਕੂਲ) ਨੇ ਚਰਨ ਸਿੰਘ ਦੇ ਜੀਵਨ ਤੇ ਰਚਨਾ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਉਂਦਿਆਂ ਕਿਹਾ ਕਿ ਚਰਨ ਸਿੰਘ ਦੀ ਕਵਿਤਾ ਆਧੁਨਿਕ ਮਨੁੱਖ ਦਾ ਮਾਨਵੀ ਕੀਮਤਾਂ 'ਤੇ ਕੇਂਦਰਤ ਹੋਣ ਦਾ ਪ੍ਰਵਚਨ ਸਿਰਜਦੀ ਹੈ। ਇਸ ਮੌਕੇ ਚਰਨ ਸਿੰਘ ਨੇ ਆਪਣੇ ਜੀਵਨ ਤੇ ਸਿਰਜਣਾਤਮਕ ਅਨੁਭਵਾਂ ਨੂੰ ਵਿਦਿਆਰਥੀਆਂ ਨਾਲ ਸਾਂਝਾ ਕੀਤਾ ਤੇ ਕਿਹਾ ਕਿ ਉਨ੍ਹਾਂ ਦਾ ਸਾਰਾ ਕਾਵਿ ਪੂੰਜੀਵਾਦ ਦੇ ਮਨੁੱਖੀ ਜੀਵਨ 'ਤੇ ਪੈਂਦੇ ਪ੍ਰਭਾਵ ਦੇ ਪ੍ਰਤੀਕਰਮ ਵਿੱਚੋਂ ਉਪਜਿਆ ਹੈ। ਆਧੁਨਿਕਤਾ ਦੇ ਸੰਕਲਪ ਅਤੇ ਇਸ ਦੇ ਪ੍ਰਭਾਵ ਨੂੰ ਪੇਸ਼ ਕਰਦਿਆਂ ਉਨ੍ਹਾਂ ਕਿਹਾ ਕਿ ਅਜੋਕੇ ਦੌਰ ਵਿਚ ਆਧੁਨਿਕਤਾ ਦੇ ਨਾਮ ਹੇਠ ਮਨੁੱਖ ਮਾਨਸਿਕ ਲੁੱਟ-ਖਸੁੱਟ ਦਾ

ਸ਼ਿਕਾਰ ਹੋ ਰਿਹਾ ਹੈ। ਮੰਚ ਸੰਚਾਲਨ ਦੀ ਭੂਮਿਕਾ ਡਾ. ਪਵਨ ਕੁਮਾਰ ਦੁਆਰਾ ਬਾਖੂਬੀ ਨਿਭਾਈ ਗਈ। ਸਮਾਗਮ ਦੇ ਅੰਤ 'ਤੇ ਵਿਭਾਗ ਦੇ ਸੀਨੀਅਰ ਅਧਿਆਪਕ ਡਾ. ਰਮਿੰਦਰ ਕੌਰ ਨੇ ਚਰਨ ਸਿੰਘ ਦਾ ਵਿਭਾਗ ਵੱਲੋਂ ਰਸਮੀ ਧੰਨਵਾਦ ਕੀਤਾ। ਇਸ ਮੌਕੇ ਡਾ ਹਰਿੰਦਰ ਕੌਰ, ਡਾ. ਕੰਵਲਦੀਪ ਕੌਰ, ਡਾ. ਕੰਵਲਜੀਤ ਕੌਰ, ਡਾ. ਇੰਦਰਪ੍ਰੀਤ ਕੌਰ, ਡਾ. ਹਰਿੰਦਰ ਸਿੰਘ, ਡਾ. ਗੁਰਪ੍ਰੀਤ ਸਿੰਘ, ਡਾ. ਚੰਦਨਪ੍ਰੀਤ ਸਿੰਘ, ਵਿਭਾਗ ਦੇ ਖੋਜ-ਵਿਦਿਆਰਥੀ ਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਰਹੇ।

ਨਾਇਬ ਤਹਿਸੀਲਦਾਰਾਂ ਸਮੇਤ ਭਰਤੀ 'ਚ ਘੁਟਾਲਿਆਂ ਨੇ ਨੌਜਵਾਨਾਂ ਦਾ ਮਨੋਬਲ ਡੇਗਿਆ : ਸੁਖਬੀਰ ਬਾਦਲ

ਜਲੰਧਰ (ਸ਼ੈਲੀ ਐਲਬਰਟ, ਸੌਰਭ ਖੰਨਾ)- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦੇ ਰਾਜ ਵਿਚ ਨਾਇਬ ਤਹਿਸੀਲਦਾਰਾਂ ਦੀ ਭਰਤੀ ਸਮੇਤ ਭਰਤੀ ਦੇ ਹੋਏ ਵਾਰ ਵਾਰ ਘੁਟਾਲਿਆਂ ਨੇ ਕਠਪੁਤਲੀ ਮੁੱਖ ਮੰਤਰੀ ਭਗਵੰਤ ਮਾਨ ਨੂੰ ਬੇਨਕਾਬ ਕਰ ਦਿੱਤਾ ਹੈ ਤੇ ਇਹ ਵੀ ਸਾਬਤ ਕਰ ਦਿੱਤਾ ਹੈ ਕਿ ਉਹਨਾਂ ਦੀ ਸਰਕਾਰ ਭ੍ਰਿਸ਼ਟਾਚਾਰ ਵਿਚ ਡੁੱਬੀ ਹੈ। ਯਾਦ ਰਹੇ ਕਿ ਸਰਕਾਰ ਨੇ ਹਾਈ ਕੋਰਟ ਵਿਚ ਆਪ ਮੰਨਿਆ ਹੈ ਕਿ ਨਾਇਬ ਤਹਿਸੀਲਦਾਰਾਂ ਦੀ ਭਰਤੀ ਵਿਚ ਘੁਟਾਲੇ ਹੋਏ ਜਿਸ ਕਾਰਨ ਇਹ ਭਰਤੀ ਪ੍ਰਕਿਰਿਆ ਰੱਦ ਕੀਤੀ ਹੈ।ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਉੱਚੀ ਉੱਚੀ ਰੌਲਾ ਪਾ ਕੇ ਇਹ ਦਾਅਵਾ ਕੀਤਾ ਸੀ ਕਿ ਇਹ ਸਿਰਫ ਮੈਰਿਟ ਦੇ ਆਧਾਰ 'ਤੇ ਵਿਦਿਆਰਥੀਆਂ ਨੂੰ ਨੌਕਰੀ ਦੇਵੇਗੀ। ਉਹਨਾਂ ਕਿਹਾ ਕਿ ਅਜਿਹਾ ਕਰਨ ਦੀ ਤਾਂ ਗੱਲ ਹੀ ਛੱਡੋ ਜਿਸ ਢੰਗ ਨਾਲ ਸਰਕਾਰ ਨੇ ਭਰਤੀ ਕੀਤੀ ਹੈ, ਉਸ ਤੋਂ ਸਾਬਤ ਹੋ ਰਿਹਾ ਹੈ ਕਿ ਆਪ ਸਰਕਾਰ ਨੂੰ ਨੌਜਵਾਨਾਂ ਦੀ ਭਲਾਈ ਦੀ ਕੋਈ ਪਰਵਾਹ ਨਹੀਂ ਹੈ। ਬਾਦਲ ਨੇ ਕਿਹਾ ਕਿ ਵੱਖ-ਵੱਖ ਵਰਗਾਂ ਵਾਸਤੇ ਭਰਤੀ ਪ੍ਰਕਿਰਿਆ ਵਿਚ ਭ੍ਰਿਸ਼ਟਾਚਾਰ ਨੇ ਨੌਜਵਾਨਾਂ ਦਾ ਮਨੋਬਲ ਡੇਗਿਆ ਹੈ।ਉਹਨਾਂ ਕਿਹਾ ਕਿ ਨੌਜਵਾਨਾਂ ਨੂੰ ਲੱਖਾਂ ਨੌਕਰੀਆਂ ਦੇ ਵਾਅਦੇ ਕੀਤੇ ਗਏ ਪਰ ਆਪ ਸਰਕਾਰ ਨੇ ਸਰਕਾਰੀ ਵਿਭਾਗਾਂ ਵਿਚ ਵੀ ਖਾਲੀ ਪਈਆਂ ਆਸਾਮੀਆਂ ਨਹੀਂ ਭਰੀਆਂ। ਉਹਨਾਂ ਕਿਹਾ ਕਿ ਠੇਕੇ 'ਤੇ ਭਰਤੀ 30 ਹਜ਼ਾਰ ਮੁਲਾਜ਼ਮ ਸੇਵਾਵਾਂ ਰੈਗੂਲਰ ਹੋਣ ਦੀ ਉਡੀਕ ਕਰ ਰਹੇ ਹਨ। ਸਰਦਾਰ ਬਾਦਲ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਡਰਾਮੇਬਾਜ਼ੀ ਕਰਨ ਅਤੇ ਸਰਕਾਰੀ ਖ਼ਜ਼ਾਨੇ ਦੀ ਕੀਮਤ 'ਤੇ ਨਾਂਅ ਬਦਲੀ ਮੁਹਿੰਮ ਵਿੱਢਣ ਦੀ ਨਿਖੇਧੀ ਕੀਤੀ।ਉਹਨਾਂ ਕਿਹਾ ਕਿ ਪਹਿਲਾਂ ਪਿਛਲੀ ਅਕਾਲੀ ਦਲ ਦੀ ਸਰਕਾਰ ਵੱਲੋਂ ਸਥਾਪਿਤ ਸੇਵਾ ਕੇਂਦਰਾਂ ਦੇ ਨਾਂ ਮੁਹੱਲਾ ਕਲੀਨਿਕਾਂ ਵਿਚ ਬਦਲੇ ਗਏ। ਹੁਣ 540 ਪੇਂਡੂ ਡਿਸਪੈਂਸਰੀਆਂ ਦੇ ਨਾਂ ਮੁਹੱਲਾ ਕਲੀਨਿਕ ਕਰ ਦਿੱਤੇ ਗਏ ਹਨ

ਜਿਸਦੀ ਬਹੁਤ ਭਾਰੀ ਕੀਮਤ ਤਾਰੀ ਗਈ ਹੈ। ਉਹਨਾਂ ਕਿਹਾ ਕਿ ਰੁਝੇਵਿਆਂ ਭਰਪੂਰ ਹਸਪਤਾਲਾਂ ਵਿਚ ਕੰਮ ਕਰਦੇ ਡਾਕਟਰਾਂ ਨੂੰ ਇਹਨਾਂ ਕਲੀਨਿਕਾਂ ਵਿਚ ਡਿਊਟੀ ਕਰਨ ਵਾਸਤੇ ਮਜਬੂਰ ਕੀਤਾ ਜਾ ਰਿਹਾ ਹੈ।ਉਹਨਾਂ ਕਿਹਾ ਕਿ ਇਹੀ ਤਰੀਕਾ ਸਕੂਲ ਆਫ ਐਮੀਨੈਂਸ ਸਥਾਪਿਤ ਕਰਨ ਵਾਸਤੇ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਸਰਕਾਰ ਪ੍ਰਕਾਸ਼ ਸਿੰਘ ਬਾਦਲ ਵੱਲੋਂ ਸਥਾਪਿਤ ਕੀਤੇ ਮੈਰੀਟੋਰੀਅਸ ਸਕੂਲਾਂ ਦਾ ਨਾਂ ਬਦਲ ਕੇ ਨਵਾਂ ਦਿੱਤਾ ਜਾ ਰਿਹਾ ਹੈ। ਉਹਨਾਂ ਨੇ ਮੁੱਖ ਮੰਤਰੀ ਨੂੰ ਆਖਿਆ ਕਿ ਉਹ ਇਕ ਵੀ ਡਿਸਪੈਂਸਰੀ, ਸਕੂਲ ਜਾਂ ਇਮਾਰਤ ਦਾ ਨਾਂ ਦੱਸਣ ਜੋ ਉਹਨਾਂ ਦੀ ਸਰਕਾਰ ਨੇ ਬਣਾਈ ਹੋਵੇ। ਉਹਨਾਂ ਕਿਹਾ ਕਿ ਅਸੀਂ ਵੇਖ ਰਹੇ ਹਾਂ ਕਿ ਸੂਬੇ ਵਿਚ ਸਿਹਤ ਤੇ ਸਿੱਖਿਆ ਸੈਕਟਰ ਤਬਾਹ ਕੀਤਾ ਜਾ ਰਿਹਾ ਹੈ। ਬਾਦਲ ਨੇ ਇਹ ਵੀ ਦੱਸਿਆ ਕਿ ਕਿਵੇਂ ਆਪ ਸਰਕਾਰ ਨੇ ਪੀ ਐਸ ਪੀ ਸੀ ਐਲ ਨੂੰ ਕੰਗਾਲ ਕਰ ਕੇ ਸੂਬੇ ਨੂੰ ਹਨੇਰੇ ਦੇ ਦੌਰ ਵਿਚ ਧੱਕਿਆ ਹੈ। ਉਹਨਾਂ ਕਿਹਾ ਕਿ ਸਰਕਾਰ ਨਾ ਤਾਂ ਬਿਜਲੀ ਕੰਪਨੀ ਦੀ 4870 ਕਰੋੜ ਰੁਪਏ ਦੀ ਸਬਸਿਡੀ ਰਿਲੀਜ਼ ਕਰ ਰਹੀ ਹੈ ਤੇ ਨਾ ਹੀ ਸਰਕਾਰੀ ਵਿਭਾਗਾਂ ਦੇ ਬਕਾਇਆ ਪਏ 2605 ਕਰੋੜ ਰੁਪਏ ਦੇ ਬਿਜਲੀ ਬਿੱਲਾਂ ਦੀ ਅਦਾਇਗੀ ਕਰ ਰਹੀਹੈ। ਉਹਨਾਂ ਕਿਹਾ ਕਿ ਜਿਸ ਤਰੀਕੇ ਪੀ ਐਸ ਪੀ ਸੀ ਐਲ ਕੋਲ ਫੰਡਾਂ ਦੀ ਤੋਟ ਹੈ ਅਤੇ ਉਹ ਸਰਦੀਆਂ ਵਿਚ ਬਿਜਲੀ ਕੱਟ ਲਾਉਣ ਲਈ ਮਜਬੂਰ ਹੈ, ਇਸ ਤੋਂ ਪ੍ਰਤੱਖ ਹੈ ਕਿ ਗਰਮੀਆਂ ਖਾਸ ਤੌਰ 'ਤੇ ਝੋਨੇ ਦੇ ਸੀਜ਼ਨ ਵਿਚ ਹਾਲਾਤ ਬਦ ਤੋਂ ਬਦਤਰ ਹੋ ਸਕਦੇ ਹਨ। ਸਰਦਾਰ ਬਾਦਲ ਨੇ ਇਹ ਵੀ ਦੱਸਿਆ ਕਿ ਕਿਵੇਂ ਆਪ ਸਰਕਾਰ ਦੀ ਨਵੀਂ ਉਦਯੋਗਿਕ ਨੀਤੀ ਉਦਯੋਗ ਖੇਤਰ ਨੇ ਰੱਦ ਕਰ ਦਿੱਤੀ ਹੈ ਤੇ ਇਸ ਕਾਰਨ ਉਦਯੋਗ ਗੁਆਂਢੀ ਰਾਜ ਨੂੰ ਜਾ ਰਹੇ ਹਨ।ਉਹਨਾਂ ਕਿਹਾ ਕਿ ਅਜਿਹਾ ਇਸ ਕਰ ਕੇ ਵੀ ਹੋ ਰਿਹਾ ਹੈ ਕਿਉਂਕਿ ਨਵੀਂ ਨੀਤੀ ਤਹਿਤ ਕੋਈ ਪ੍ਰੋਤਸਾਹਨ ਨਹੀਂ ਦਿੱਤਾ ਜਾ ਰਿਹਾ।ਉਹਨਾਂ ਕਿਹਾ ਕਿ ਨਵੀਂ ਨੀਤੀ ਤਹਿਤ ਕੋਈ ਠੋਸ ਕਦਮ ਨਹੀਂ ਚੁੱਕੇ ਜਾ ਰਹੇ ਅਤੇ ਇਸੇ ਕਾਰਨ ਉਦਯੋਗਪਤੀ ਹਿਮਾਚਲ ਪ੍ਰਦੇਸ਼ ਤੇ ਜੰਮੂ ਕਸ਼ਮੀਰ ਵਿਚ ਜਾਣਾ ਬੇਹਤਰ ਸਮਝ ਰਹੇ ਹਨ।ਉਹਨਾਂ ਨੇ ਇਹ ਵੀ ਦੱਸਿਆ ਕਿ ਉਦਯੋਗਪਤੀ ਇਸ ਕਰ ਕੇ ਵੀ ਉੱਤਰ ਪ੍ਰਦੇਸ਼ ਜਾ ਰਹੇ ਹਨ ਕਿਉਂਕਿ ਵਿਚ ਕਾਨੂੰਨ ਵਿਵਸਥਾ ਦੇ ਹਾਲਾਤ ਬਦ ਤੋਂ ਬਦਤਰ ਹੋ ਰਹੇ ਹਨ। ਇਸ ਮੌਕੇ ਜਗਬੀਰ ਸਿੰਘ ਬਰਾੜ, ਕੁਲਵੰਤ ਸਿੰਘ ਮੰਨਣ ਤੇ ਚੰਦਨ ਗਰੇਵਾਲ ਵੀ ਉਹਨਾਂ ਦੇ ਨਾਲ ਮੌਜੂਦ ਸਨ।

ਸੰਤ ਬਾਬਾ ਉਦੈ ਸਿੰਘ ਦੀ ਬਰਸੀ ਮੌਕੇ ਖੂਨਦਾਨ ਕੈਂਪ ਲਗਾਇਆ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)

ਪਿੰਡ ਮੌਜੋਮਜਾਰਾ (ਠੱਕਰਵਾਲ) ਵਿਖੇ ਗੁਰਦੁਆਰਾ ਹਰਿਫੁਲਵਾੜੀ ਡੱਬਰੀ ਸਾਹਿਬ ਬ੍ਰਹਮ ਗਿਆਨੀ108 ਸੰਤ ਬਾਬਾ ਉਦੈ ਸਿੰਘ ਦੇ ਤਪ ਅਸਥਾਨ 'ਤੇ ਸੰਤ ਬਾਬਾ ਉਦੈ ਸਿੰਘ ਦੀ 70ਵੀਂ ਬਰਸੀ ਮੌਕੇ ਮਹਾਨ ਗੁਰਮਤਿ ਸਮਾਗਮ ਜਥੇਬੰਦੀ ਦੇ ਮੁੱਖ ਸੇਵਾਦਾਰ ਜਿੰਦਾ ਸ਼ਹੀਦ ਸਿੰਘ ਸਾਹਿਬ ਸੰਤ ਬਾਬਾ ਨਿਹਾਲ ਸਿੰਘ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਦੀ ਅਗਵਾਈ ਹੇਠਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਬਾਬਾ ਗੁਰਪਾਲ ਸਿੰਘ ਨੇ ਦੱਸਿਆ ਕਿ ਬਰਸੀ ਸਮਾਗਮ ਦੌਰਾਨ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਵੱਲੋਂ ਮੁਫ਼ਤ ਮੈਡੀਕਲ ਕੈਂਪ ਅਤੇ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਖੁਨਦਾਨ ਕੈਂਪ ਵਿੱਚ ਆਈ ਐਮ ਏ ਬਲੱਡ ਬੈਂਕ ਹੁਸ਼ਿਆਰਪੁਰ ਵੱਲੋਂ ਡਾਕਟਰਾਂ ਦੀ ਟੀਮ ਨੇ ਪੁੱਜ ਕੇ ਖ਼ੂਨਦਾਨ ਪ੍ਰਾਪਤ ਕੀਤਾ। ਸੰਸਥਾ ਦੇ ਮੁੱਖੀ ਜਥੇਦਾਰ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸਵੈਇੱਛਾ ਨਾਲ ਨੌਜਵਾਨ ਵੀਰਾਂ ਅਤੇ ਭੈਣਾਂ ਵੱਲੋਂ 40 ਯੂਨਿਟ ਖ਼ੂਨਦਾਨ ਕੀਤਾ। ਡਾਕਟਰਾਂ ਦੀ ਟੀਮ ਨੂੰ ਯਾਦਗਾਰੀ ਚਿੰਨ੍ਹ ਅਤੇ ਸਹਿਯੋਗੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਬਾ ਨਾਗਰ ਸਿੰਘ ਹਰੀਆਂ ਵੇਲਾਂ, ਬਾਬਾ ਹਰਦਿਆਲ ਸਿੰਘ, ਬਾਬਾ ਤੀਰਥ ਸਿੰਘ ਹਾਰਟਾ, ਰਣਜੀਤ ਸਿੰਘ ਜੋਰਾਂ, ਦੁੱਖ ਭੰਜਨ ਸਿੰਘ ਹਾਰਟਾ, ਜਸਵਿੰਦਰ ਸਿੰਘ ਮੁੱਖਲਿਆਣਾ, ਭਾਗ ਸਿੰਘ ਹਾਰਟਾ, ਬਾਬਾ ਕੁਲਵਿੰਦਰ ਸਿੰਘ, ਜਸਵਿੰਦਰ ਸਿੰਘ ਲੱਕੀ ਦਿਹਾਣਾ, ਮਨਜਿੰਦਰ ਸਿੰਘ ਖਾਲਸਾ ਹਾਰਟਾ, ਜਤਿੰਦਰ ਸਿੰਘ ਖਾਲਸਾ ਰਾਣਾ, ਜਸਪਾਲ ਸਿੰਘ, ਗੁਰਪ੍ਰੀਤ ਸਿੰਘ, ਮਨਵੀਰ ਸਿੰਘ,

ਗੁਰਜੋਤ ਸਿੰਘ, ਜਤਿੰਦਰ ਸਿੰਘ, ਜਗਪ੍ਰੀਤ ਸਿੰਘ ਸਰਪੰਚ ਖੇੜਾ, ਬਿਕਰਮਪ੍ਰੀਤ ਸਿੰਘ, ਜਸਵਿੰਦਰ ਸਿੰਘ ਦਿਹਾਣਾ, ਸੁਖਦੇਵ ਸਿੰਘ, ਸੂਬੇਦਾਰ ਭੁਪਿੰਦਰ ਸਿੰਘ ਬੰਗਾ, ਮਾਸਟਰ ਕਰਨੈਲ ਸਿੰਘ, ਬਲਜਿੰਦਰ ਸਿੰਘ, ਮਨਜੀਤ ਸਿੰਘ ਡੱਲਾ, ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਦਲਜੀਤ ਸਿੰਘ ਠੱਕਰਵਾਲ, ਬਲਵੀਰ ਸਿੰਘ ਹਾਰਟਾ, ਇੰਦਰਜੀਤ ਸਿੰਘ, ਸੁਖਦੇਵ ਸਿੰਘ, ਕਮਲਜੀਤ ਸਿੰਘ ਅਜਨੋਹਾ, ਫਕੀਰ ਸਿੰਘ ਮਾਈਓਪੱਟੀ, ਸੁਰਿੰਦਰ ਸਿੰਘ ਕਨੇਡਾ, ਪਰਮਜੀਤ ਕੌਰ ਕਨੇਡਾ, ਮਨਦੀਪ ਸਿੰਘ ਅਸਟ੍ਰੇਲੀਆ ਆਦਿ ਹਾਜਰ ਸਨ।

ਨਵਾਂ ਜ਼ਮਾਨਾ
ਸ਼ੁੱਕਰਵਾਰ, 10 ਫਰਵਰੀ 2023

ਚੁੱਪ ਸਹਿਮਤੀ

ਭਾਰਤੀ ਸੰਸਦੀ ਪ੍ਰਣਾਲੀ ਦੀ ਇਹ ਪਰੰਪਰਾ ਰਹੀ ਹੈ ਕਿ ਸੰਸਦ ਦੇ ਅਜਲਾਸ ਦੀ ਸ਼ੁਰੂਆਤ ਰਾਸ਼ਟਰਪਤੀ ਦੇ ਭਾਸ਼ਣ ਨਾਲ ਹੁੰਦੀ ਹੈ। ਰਾਸ਼ਟਰਪਤੀ ਦਾ ਭਾਸ਼ਣ ਸਰਕਾਰ ਵੱਲੋਂ ਤਿਆਰ ਕੀਤਾ ਜਾਂਦਾ ਹੈ, ਜਿਸ ਰਾਹੀਂ ਉਹ ਆਪਣੀ ਸਰਕਾਰ ਦੀ ਕਾਰਗੁਜ਼ਾਰੀ ਮੈਂਬਰਾਂ ਸਾਹਮਣੇ ਰੱਖਦਾ ਹੈ। ਇਸ ਭਾਸ਼ਣ ਉੱਤੇ ਧੰਨਵਾਦੀ ਮਤੇ ਦੌਰਾਨ ਸੱਤਾਧਾਰੀ ਧਿਰ ਤੇ ਵਿਰੋਧੀ ਧਿਰ ਦੇ ਸਾਂਸਦ ਆਪਣੇ ਵਿਚਾਰ ਪੇਸ਼ ਕਰਦੇ ਹਨ। ਵਿਰੋਧੀ ਧਿਰ ਸਰਕਾਰ ਦੀਆਂ ਕਮੀਆਂ-ਕਮਜ਼ੋਰੀਆਂ ਨੂੰ ਸੰਸਦ ਦੀ ਕਚਹਿਰੀ ਵਿੱਚ ਪੇਸ਼ ਕਰਦੀ ਹੈ ਤੇ ਸਰਕਾਰੀ ਧਿਰ ਭਾਸ਼ਣ ਦੀ ਪ੍ਰੌੜ੍ਹਤਾ ਦੇ ਪੱਖ ਵਿੱਚ ਆਪਣੇ ਵਿਚਾਰ ਪੇਸ਼ ਕਰਦੀ ਹੈ। ਅੰਤ ਵਿੱਚ ਪ੍ਰਧਾਨ ਮੰਤਰੀ ਬਹਿਸ ਦਾ ਜਵਾਬ ਦਿੰਦਿਆਂ ਵਿਰੋਧੀ ਧਿਰ ਵੱਲੋਂ ਉਠਾਏ ਗਏ ਸਵਾਲਾਂ-ਇਤਰਾਜ਼ਾਂ ਦੇ ਜਵਾਬ ਦਿੰਦੇ ਹਨ।

ਰਾਸ਼ਟਰਪਤੀ ਦੇ ਭਾਸ਼ਣ 'ਤੇ ਬੋਲਦਿਆਂ ਕਾਂਗਰਸੀ ਆਗੂ ਰਾਹੁਲ ਗਾਂਧੀ ਨੇ ਹਮਲਾਵਰ ਤਰੀਕੇ ਨਾਲ ਮੋਦੀ ਸਰਕਾਰ ਨੂੰ ਘੇਰਨ ਦੀ ਕੋਸ਼ਿਸ਼ ਕੀਤੀ ਸੀ। ਉਨ੍ਹਾ ਮਹਿੰਗਾਈ, ਬੇਰੁਜ਼ਗਾਰੀ ਤੇ ਅਗਨੀਵੀਰ ਆਦਿ ਬਾਰੇ ਲੋਕਾਂ ਦੀ ਚਿੰਤਾ ਤੋਂ ਸਰਕਾਰ ਨੂੰ ਜਾਣੂੰ ਕਰਾਇਆ ਸੀ। ਆਪਣੇ 53 ਮਿੰਟ ਦੇ ਭਾਸ਼ਣ ਵਿੱਚ ਰਾਹੁਲ ਗਾਂਧੀ ਨੇ ਅਡਾਨੀ ਤੇ ਪ੍ਰਧਾਨ ਮੰਤਰੀ ਮੋਦੀ ਦੇ ਰਿਸ਼ਤਿਆਂ ਬਾਰੇ ਤਿੱਖੇ ਸਵਾਲ ਪੁੱਛੇ ਸਨ। ਉਨ੍ਹਾ ਕਿਹਾ ਸੀ ਕਿ ਮੋਦੀ ਤੇ ਅਡਾਨੀ ਦੇ ਸੰਬੰਧ ਉਦੋਂ ਤੋਂ ਹਨ, ਜਦੋਂ ਮੋਦੀ ਗੁਜਰਾਤ ਦੇ ਮੁੱਖ ਮੰਤਰੀ ਹੁੰਦੇ ਸਨ। ਰਾਹੁਲ ਗਾਂਧੀ ਨੇ ਅਡਾਨੀ ਨੂੰ ਹਵਾਈ ਅੱਡੇ ਦੇਣ ਤੇ ਵਿਦੇਸ਼ ਦੌਰਿਆਂ ਦਾ ਵੀ ਮੁੱਦਾ ਉਠਾਇਆ ਸੀ। ਉਨ੍ਹਾ ਇਹ ਵੀ ਕਿਹਾ ਕਿ ਅਡਾਨੀ ਨੂੰ ਲਾਭ ਪੁਚਾਉਣ ਲਈ ਮੋਦੀ ਨੇ ਇਸਰਾਈਲ ਦਾ ਰੱਖਿਆ ਠੇਕਾ ਦਿਵਾਉਣ ਤੇ ਬੰਗਲਾਦੇਸ਼ ਨੂੰ ਬਿਜਲੀ ਸਪਲਾਈ ਕਰਨ ਦਾ ਸਮਝੌਤਾ ਸਿਰੇ ਚਾੜ੍ਹਨ ਵਿੱਚ ਅਡਾਨੀ ਸਮੂਹ ਦੀ ਮਦਦ ਕੀਤੀ ਸੀ। ਹੈਰਾਨੀ ਦੀ ਗੱਲ ਇਹ ਹੈ ਕਿ ਪ੍ਰਧਾਨ ਮੰਤਰੀ ਨੇ ਆਪਣੇ ਉੱਤੇ ਲੱਗੇ ਦੋਸ਼ਾਂ ਵਿੱਚੋਂ ਕਿਸੇ ਦਾ ਵੀ ਜਵਾਬ ਦੇਣ ਦੀ ਖੇਚਲ ਨਹੀਂ ਕੀਤੀ। ਨਾ ਉਨ੍ਹਾ ਮਹਿੰਗਾਈ, ਬੇਰੁਜ਼ਗਾਰੀ ਤੇ ਅਗਨੀਵੀਰ ਬਾਰੇ ਇੱਕ ਵੀ ਸ਼ਬਦ ਕਹਿਣ ਦੀ ਹਿੰਮਤ ਕੀਤੀ। ਇਸ ਦੇ ਉਲਟ ਮੋਦੀ ਮਨਮੋਹਨ ਸਿੰਘ ਦੀ ਅਗਵਾਈ ਵਾਲੀ ਯੂ ਪੀ ਏ ਸਰਕਾਰ ਨੂੰ ਹੀ ਭੰਡਣ ਵਿੱਚ ਲੱਗੇ ਰਹੇ। ਰਾਹੁਲ ਦੇ ਸਵਾਲਾਂ ਬਾਰੇ ਉਨ੍ਹਾ ਦਾ ਜਵਾਬ ਹਾਸੋਹੀਣਾ ਸੀ। ਉਨ੍ਹਾ ਕਿਹਾ, "ਕੱਲ੍ਹ ਮੈਂ ਦੇਖ ਰਿਹਾ ਸੀ। ਕੁਝ ਲੋਕਾਂ ਦੇ ਭਾਸ਼ਣ ਤੋਂ ਸਮਰਥਕ ਉਛਲ ਰਹੇ ਸਨ। ਖੁਸ਼ ਹੋ ਕੇ ਕਹਿ ਰਹੇ ਸਨ ਆਹ ਹੋਈ ਨਾ ਗੱਲ। ਨੀਂਦ ਵੀ ਚੰਗੀ ਆਈ ਹੋਵੇਗੀ, ਸ਼ਾਇਦ ਅੱਜ ਉਠ ਨਹੀਂ ਸਕੇ ਹੋਣਗੇ।"

ਸਪੱਸ਼ਟ ਹੈ ਕਿ ਪ੍ਰਧਾਨ ਮੰਤਰੀ ਕੋਲ ਰਾਹੁਲ ਗਾਂਧੀ ਵੱਲੋਂ ਲਾਏ ਗਏ ਦੋਸ਼ਾਂ ਦਾ ਕੋਈ ਜਵਾਬ ਨਹੀਂ ਸੀ। ਇਸ ਲਈ ਭਾਜਪਾ ਮੈਂਬਰਾਂ ਦੇ ਕਹਿਣ 'ਤੇ ਸਪੀਕਰ ਓਮ ਬਿੜਲਾ ਨੇ ਰਾਹੁਲ ਗਾਂਧੀ ਵੱਲੋਂ ਲਾਏ ਗਏ ਇਲਜ਼ਾਮਾਂ ਨੂੰ ਸੰਸਦ ਦੀ ਕਾਰਵਾਈ ਵਿੱਚੋਂ ਕੱਢ ਦਿੱਤਾ ਹੈ। ਕਾਰਵਾਈ ਵਿੱਚੋਂ ਹਟਾਈਆਂ ਗਈਆਂ 18 ਟਿੱਪਣੀਆਂ ਵਿੱਚ ਮੋਦੀ ਨੂੰ ਪੁੱਛਿਆ ਗਿਆ ਹਰ ਸਵਾਲ ਅਤੇ ਏਜੰਸੀਆਂ ਤੇ ਵਿਦੇਸ਼ ਯਾਤਰਾ ਦੇ ਦੁਰਉਪਯੋਗ ਦੇ ਇਲਜ਼ਾਮ ਸ਼ਾਮਲ ਹਨ। ਇਸ ਦੇ ਜਵਾਬ ਵਿੱਚ ਰਾਹੁਲ ਗਾਂਧੀ ਨੇ ਟਵੀਟ ਕੀਤਾ ਹੈ, "ਪ੍ਰਧਾਨ ਮੰਤਰੀ ਜੀ, ਆਪ ਲੋਕਤੰਤਰ ਦੀ ਅਵਾਜ਼ ਨੂੰ ਮਿਟਾ ਨਹੀਂ ਸਕਦੇ, ਭਾਰਤ ਦੇ ਲੋਕ ਤੁਹਾਨੂੰ ਸਿੱਧੇ ਸਵਾਲ ਕਰ ਰਹੇ ਹਨ, ਜਵਾਬ ਦਿਓ।" ਅਸਲ ਵਿੱਚ ਸਵਾਲਾਂ ਦੇ ਜਵਾਬ ਨਾ ਦੇਣਾ ਵੀ ਇੱਕ ਤਰ੍ਹਾਂ ਨਾਲ ਚੁੱਪ ਸਹਿਮਤੀ ਹੁੰਦੀ ਹੈ।

'ਮੋਦੀ ਵਿਕਾਸ ਮਾਡਲ' ਲੋਕਾਂ ਦੇ ਹਿੱਤਾਂ ਨਾਲ ਖਿਲਵਾੜ

ਮੰਗਤ ਰਾਮ ਪਾਸਲਾ

ਸੰਸਾਰ ਦੇ ਜ਼ਿਆਦਾਤਰ ਲੋਕਾਂ, ਖਾਸ ਕਰਕੇ ਮਜ਼ਦੂਰ ਵਰਗ ਨੂੰ ਪਿਛਲੀ ਸਦੀ ਦੇ ਅੰਤਲੇ ਦਹਾਕੇ ਅੰਦਰ ਸੋਵੀਅਤ ਯੂਨੀਅਨ ਦਾ ਟੁੱਟਣਾ ਤੇ ਸਮਾਜਵਾਦੀ ਪ੍ਰਬੰਧ ਦਾ ਢਹਿ-ਢੇਰੀ ਹੋਣਾ ਬਹੁਤ ਨਿਰਾਸ਼ਾਜਨਕ ਮਹਿਸੂਸ ਹੋਇਆ ਸੀ। ਦੁਨੀਆ ਦਾ ਪਹਿਲਾ ਰਾਜ ਪ੍ਰਬੰਧ ਜਿੱਥੇ ਗਰੀਬ-ਅਮੀਰ ਦਾ ਪਾੜਾ ਨਾ ਹੋਵੇ, ਸਭ ਨੂੰ ਰੁਜ਼ਗਾਰ, ਮੁਫ਼ਤ ਸਿੱਖਿਆ ਤੇ ਸਿਹਤ ਸਹੂਲਤਾਂ ਅਤੇ ਸਮਾਜਿਕ ਸੁਰੱਖਿਆ ਦੀ ਗਰੰਟੀ ਮਿਲੇ, ਸੱਚਮੁੱਚ ਹੀ ਇਕ ਖ਼ੂਬਸੂਰਤ ਸੁਫ਼ਨੇ ਵਾਂਗ ਸੀ, ਜਿਸ ਦਾ ਉਦੈ 7 ਨਵੰਬਰ 1917 ਨੂੰ ਰੂਸ ਦੀ ਧਰਤੀ 'ਤੇ ਹੋਇਆ ਸੀ। ਇਸ ਨਵੇਂ ਤੇ ਨਿਵੇਕਲੇ ਪ੍ਰਬੰਧ ਦਾ ਹੀ ਸਿੱਟਾ ਸੀ ਕਿ ਵਿਕਸਤ ਪੂੰਜੀਵਾਦੀ ਦੇਸ਼ਾਂ ਦੇ ਮੁਕਾਬਲੇ ਘੱਟ ਵਿਕਸਤ ਰੂਸ ਹਰ ਖੇਤਰ 'ਚ ਤਰੱਕੀ ਦੀਆਂ ਮੱਲਾਂ ਮਾਰਦਾ ਹੋਇਆ ਦੁਨੀਆ ਦੀ ਮਹਾਂ ਸ਼ਕਤੀ ਬਣ ਗਿਆ। ਪੂੰਜੀਵਾਦੀ ਵਿਕਾਸ ਮਾਡਲ ਇਸ ਤੋਂ ਪਹਿਲਾਂ ਹੋਂਦ 'ਚ ਆ ਚੁੱਕਾ ਸੀ, ਜਿਸ 'ਚ ਸਰਮਾਏਦਾਰੀ ਟੋਲੇ ਨੂੰ ਖੁੱਲ੍ਹੇ ਮੁਨਾਫ਼ੇ ਕਮਾਉਣ ਦੀ ਛੋਟ ਸੀ। ਇਸ 'ਰਿਆਇਤ' ਦਾ ਖਮਿਆਜ਼ਾ ਉਨ੍ਹਾਂ ਦੇਸ਼ਾਂ ਦੇ ਆਮ ਲੋਕਾਂ ਤੇ ਖਾਸ ਤੌਰ 'ਤੇ ਕਿਰਤੀਆਂ ਨੂੰ ਭੁਗਤਣਾ ਪਿਆ, ਜਿਹੜੇ ਸਾਮਰਾਜ ਦੀ ਸਿੱਧੀ ਗੁਲਾਮੀ ਤੇ ਆਰਥਿਕ ਨਪੀੜਨ ਦਾ ਸ਼ਿਕਾਰ ਸਨ। ਇਸ ਉੱਭਰ ਰਹੇ ਪੂੰਜੀਵਾਦੀ ਵਿਕਾਸ ਮਾਡਲ ਅੰਦਰ ਕੰਮ ਦੇ ਅਨਿਯਮਤ ਘੰਟੇ, ਨਿਗੂਣੀਆਂ ਉਜਰਤਾਂ, ਸਮਾਜਿਕ ਸਹੂਲਤਾਂ ਤੇ ਕ੍ਰਿਤ ਕਾਨੂੰਨਾਂ ਦੀ ਅਣਹੋਂਦ ਵਰਗੀਆਂ ਅਮਾਨਵੀ ਹਾਲਤਾਂ ਦੇ ਨਾਲ-ਨਾਲ ਜਨ ਸਧਾਰਣ ਨੂੰ ਕੁਦਰਤੀ ਖਜ਼ਾਨਿਆਂ ਦੀ ਅੰਨ੍ਹੀ ਲੁੱਟ ਤੇ ਪ੍ਰਦੂਸ਼ਤ ਵਾਤਾਵਰਣ ਦੀਆਂ ਕੁੰਭੀ ਨਰਕ ਵਰਗੀਆਂ ਹਾਲਤਾਂ 'ਚ ਜੀਉਣ ਲਈ ਮਜਬੂਰ ਹੋਣਾ ਪਿਆ। ਵਿਕਸਤ ਪੂੰਜੀਵਾਦੀ ਦੇਸ਼ਾਂ ਦੀ ਅੱਖਾਂ ਚੁੰਧਿਆ ਦੇਣ ਵਾਲੀ ਉਨਤੀ ਨੂੰ ਗੁਲਾਮ ਜਾਂ ਨਵ ਆਜ਼ਾਦ ਹੋਏ ਗਰੀਬ ਤੇ ਵਿਕਾਸਸ਼ੀਲ ਦੇਸ਼ਾਂ ਦੇ ਕੁਦਰਤੀ ਸਾਧਨਾਂ, ਮੰਡੀਆਂ ਤੇ ਮਾਨਵੀ ਸਰੋਤਾਂ ਉਪਰ ਕਾਬਜ਼ ਹੋ ਕੇ ਕੀਤੀ ਬੇਕਿਰਕ ਲੁੱਟ ਦੇ ਚੌਖਟੇ 'ਚ ਵਾਚ ਕੇ ਹੀ ਠੀਕ ਅਰਥਾਂ 'ਚ ਸਮਝਿਆ ਜਾ ਸਕਦਾ ਹੈ। ਸਾਮਰਾਜੀ ਲੁਟੇਰਿਆਂ ਨੇ ਲੁੱਟ ਰਾਹੀਂ ਭਰੇ ਖਜ਼ਾਨਿਆਂ 'ਚੋਂ ਨਿਗੂਣਾ ਜਿਹਾ ਹਿੱਸਾ ਆਪਣੇ ਕਿਰਤੀਆਂ ਦੀ ਜੇਬ 'ਚ ਵੀ ਪਾ ਦਿੱਤਾ, ਜਿਸ ਤੋਂ ਵਿਕਸਤ ਤੇ ਵਿਕਾਸਸ਼ੀਲ ਦੇਸ਼ਾਂ ਦੀ ਮਜ਼ਦੂਰ ਜਮਾਤ ਦੇ ਰਹਿਣ-ਸਹਿਣ ਦੀ ਪੱਧਰ 'ਚ ਭਾਰੀ ਅੰਤਰ ਆਇਆ।

ਸੋਵੀਅਤ ਯੂਨੀਅਨ ਦੇ ਲੋਕ ਮੁਖੀ ਵਿਕਾਸ ਮਾਡਲ ਦੇ ਪ੍ਰਭਾਵ ਹੇਠਾਂ ਦੂਸਰੇ ਦੇਸ਼ਾਂ ਦੇ ਕਿਰਤੀਆਂ ਨੇ ਵੀ ਉਹੀ ਸਹੂਲਤਾਂ ਤੇ ਵਧੇਰੇ ਉਜਰਤਾਂ ਦੀ ਮੰਗ ਕਰਨੀ ਸ਼ੁਰੂ ਕਰ ਦਿੱਤੀ, ਜਿਹੜੀ ਸੋਵੀਅਤ ਯੂਨੀਅਨ 'ਚ ਲੋਕਾਈ ਨੂੰ ਉਪਲੱਬਧ ਹਨ। ਇਸ ਡਰ ਤੋਂ ਕਿ ਕਿਤੇ ਪੂੰਜੀਵਾਦੀ ਦੇਸ਼ਾਂ ਦੇ ਕਾਮੇ ਵੀ ਸੋਵੀਅਤ ਯੂਨੀਅਨ ਵਰਗੇ ਸਮਾਜਵਾਦੀ ਢਾਂਚੇ ਦੀ ਉਸਾਰੀ ਦੇ ਰਸਤੇ ਉਪਰ ਨਾ ਤੁਰ ਪੈਣ, ਸਰਮਾਏਦਾਰੀ ਦੇਸ਼ਾਂ ਦੀਆਂ ਸਰਕਾਰਾਂ ਨੇ ਆਪਣੇ ਮਜ਼ਦੂਰਾਂ ਤੇ ਦੂਸਰੇ ਲੋਕਾਂ ਨੂੰ ਕੁਝ ਆਰਥਿਕ ਤੇ ਸਮਾਜਿਕ ਰਿਆਇਤਾਂ ਦੇਣੀਆਂ ਆਰੰਭ ਕਰ ਦਿੱਤੀਆਂ। ਸਰਮਾਏਦਾਰੀ ਵਿਕਾਸ ਮਾਡਲ ਨੂੰ 'ਲੋਕ ਕਲਿਆਣਕਾਰੀ ਰਾਜ' (People's welfare state) ਦਾ ਨਾਂਅ ਦੇ ਕੇ ਵਿਕਾਸ ਦੇ ਲੋਕ ਵਿਰੋਧੀ ਨਮੂਨੇ ਨੂੰ ਦਿਲ ਖਿੱਚਵਾਂ ਬਣਾਉਣ ਦਾ ਯਤਨ ਕੀਤਾ ਗਿਆ। ਹਾਲਾਂਕਿ ਪੂੰਜੀਵਾਦੀ ਵਿਕਾਸ ਦੇ ਇਸ ਕਥਿਤ 'ਕਲਿਆਣਕਾਰੀ ਵਿਕਾਸ' ਮਾਡਲ ਅੰਦਰਲੀਆਂ ਬੁਨਿਆਦੀ ਖਸਲਤਾਂ ਤੇ ਵਿਰੋਧਤਾਈਆਂ ਪਹਿਲਾਂ ਵਾਂਗ ਹੀ ਕਾਇਮ ਰਹੀਆਂ।

ਹੁਣ ਜਦੋਂ ਸਮਾਜਵਾਦੀ ਸੋਵੀਅਤ ਯੂਨੀਅਨ ਹੀ ਬਿਖਰ ਚੁੱਕਾ ਹੈ ਤੇ ਲੋਕਾਂ ਸਾਹਮਣੇ 'ਪੂੰਜੀਵਾਦੀ ਵਿਕਾਸ ਮਾਡਲ' ਦਾ ਹੋਰ ਕੋਈ ਬਿਹਤਰ ਮੁਤਬਾਦਲ ਮੌਜੂਦ ਨਹੀਂ ਹੈ, ਤਾਂ ਫਿਰ ਉਦੋਂ ਵਿਕਸਤ ਦੇਸ਼ਾਂ ਦੇ ਪੂੰਜੀਪਤੀਆਂ ਤੇ ਬਹੁਕੌਮੀ ਕਾਰਪੋਰੇਸ਼ਨਾਂ ਨੇ ਆਪਣੇ ਮਜ਼ਦੂਰਾਂ ਨੂੰ ਦਿੱਤੀਆਂ ਜਾਂਦੀਆਂ ਸਮਾਜਵਾਦੀ ਢਾਂਚੇ ਦੇ ਦਬਾਅ ਅਧੀਨ ਸਭੇ ਆਰਥਿਕ ਤੇ ਸਮਾਜਿਕ ਸਹੂਲਤਾਂ ਘੱਟ ਕਰਨ ਜਾਂ ਹੌਲੀ-ਹੌਲੀ ਸਮਾਪਤ ਕਰਨ ਦਾ ਰਸਤਾ ਚੁਣ ਲਿਆ ਹੈ। ਅਮਰੀਕਾ, ਇੰਗਲੈਂਡ, ਫਰਾਂਸ, ਜਰਮਨੀ ਆਦਿ ਵਿਕਸਤ ਪੂੰਜੀਵਾਦੀ ਦੇਸ਼ਾਂ ਅੰਦਰ ਮਜ਼ਦੂਰਾਂ ਦੀਆਂ ਉਜਰਤਾਂ 'ਚ ਮਹਿੰਗਾਈ ਦੀ ਅਨੁਪਾਤ ਮੁਤਾਬਕ ਵਾਧਾ ਨਹੀਂ ਕੀਤਾ ਜਾ ਰਿਹਾ ਤੇ ਸਿੱਖਿਆ, ਸਿਹਤ ਸੇਵਾਵਾਂ, ਬੁਢਾਪਾ ਪੈਨਸ਼ਨਾਂ ਤੇ ਹੋਰ ਅਨੇਕਾਂ ਸਹੂਲਤਾਂ ਉਪਰ ਭਾਰੀ ਕਟੌਤੀ ਕੀਤੀ ਜਾ ਰਹੀ ਹੈ। ਇਸ ਤੋਂ ਪ੍ਰੇਸ਼ਾਨ ਹੋ ਕੇ ਇਨ੍ਹਾਂ ਦੇਸ਼ਾਂ ਦੇ ਲੱਖਾਂ ਮਜ਼ਦੂਰ ਤੇ ਕਿਸਾਨ ਸਰਕਾਰਾਂ ਵਿਰੁੱਧ ਲਗਾਤਾਰ ਹੜਤਾਲਾਂ ਤੇ ਰੋਸ ਮੁਜ਼ਾਹਰੇ ਕਰ ਰਹੇ ਹਨ। ਪੂੰਜੀਵਾਦੀ ਦੇਸ਼ਾਂ ਨੇ ਆਪਣੇ ਕਿਰਤੀਆਂ ਤੇ ਆਮ ਲੋਕਾਂ ਨੂੰ ਸਰਕਾਰਾਂ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ 'ਚ ਕਟੌਤੀਆਂ ਕਰਕੇ 'ਲੋਕ ਭਲਾਈ ਰਾਜ' ਦੇ ਸੰਕਲਪ ਨੂੰ ਤਿਆਗ ਕੇ "ਨਵਉਦਾਰਵਾਦੀ ਆਰਥਿਕ ਨੀਤੀਆਂ" ਦਾ ਨਵਾਂ ਨਾਂਅ ਦੇ ਦਿੱਤਾ ਹੈ। ਜਿੱਥੇ ਸਰਕਾਰਾਂ ਜ਼ਿੰਮੇ ਆਪਣੇ ਲੋਕਾਂ ਨੂੰ ਆਰਥਿਕ ਰਿਆਇਤਾਂ ਦੇਣ ਵਾਸਤੇ ਸਰਕਾਰੀ ਖੇਤਰ ਦੀ ਜ਼ਰੂਰਤ ਹੈ, ਹੁਣ ਉੱਥੇ ਪਬਲਿਕ ਸੈਕਟਰ ਦਾ ਭੋਗ ਪਾ ਕੇ ਸਾਰਾ ਕੁਝ ਨਿੱਜੀ ਪੂੰਜੀਪਤੀਆਂ ਤੇ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕੀਤਾ ਜਾ ਰਿਹਾ ਹੈ। ਇਸ ਨਵੀਂ ਆਰਥਿਕ ਵਿਵਸਥਾ ਅੰਦਰ 'ਜਿਸ ਕੀ ਲਾਠੀ ਉਸ ਕੀ ਭੈਂਸ' ਦੀ ਅਖਾਣ ਵਰਗੀ ਸਥਿਤੀ ਹੈ। ਸੋਵੀਅਤ ਯੂਨੀਅਨ ਦੇ ਬਿਖਰਨ ਤੇ ਸੰਸਾਰ ਸਮਾਜਵਾਦੀ ਕੈਂਪ ਦੇ ਢਹਿ-ਢੇਰੀ ਹੋ ਜਾਣ ਕਾਰਨ ਵੱਖਰੀ ਵਿਆਖਿਆ ਦੀ ਮੰਗ ਕਰਦੇ ਹਨ, ਪ੍ਰੰਤੂ ਇਸ ਵਿਚ ਸ਼ੱਕ ਦੀ ਕੋਈ ਗੁੰਜਾਇਸ਼ ਨਹੀਂ ਕਿ ਉਕਤ ਪ੍ਰਬੰਧ ਅਧੀਨ ਪ੍ਰਬੰਧ 'ਚ ਕਿਸੇ ਨਿੱਜੀ ਧਨਵਾਨ ਦੇ ਹਿੱਤਾਂ ਦੀ ਰਖਵਾਲੀ ਕਰਨ ਦੀ ਜਗ੍ਹਾ ਆਮ ਲੋਕਾਂ ਦੇ ਕਲਿਆਣ ਨੂੰ ਪਹਿਲ ਦਿੱਤੀ ਜਾਂਦੀ ਸੀ।

ਭਾਰਤ 'ਚ ਵਿਕਾਸ ਦੇ ਇਸੇ 'ਨਵਉਦਾਰਵਾਦੀ' ਰਾਹ 'ਤੇ ਚੱਲਦਿਆਂ ਹੋਇਆਂ ਕੇਂਦਰ ਦੀ ਮੋਦੀ-ਸ਼ਾਹ ਹਕੂਮਤ ਅਤੇ ਸੂਬਾਈ ਭਾਜਪਾ ਹਕੂਮਤਾਂ 'ਤੇ ਆਧਾਰਤ 'ਡਬਲ ਇੰਜਨ' ਦੀਆਂ ਸਰਕਾਰਾਂ ਵੱਲੋਂ ਦੇਸ਼ ਦੇ ਕੁਲ ਪਬਲਿਕ ਅਦਾਰੇ ਕਾਰਪੋਰੇਟ ਘਰਾਣਿਆਂ ਨੂੰ ਕੌਡੀਆਂ ਦੇ ਭਾਅ ਵੇਚਣ ਦਾ ਧੰਦਾ ਕੀਤਾ ਜਾ ਰਿਹਾ ਹੈ। ਰੇਲਾਂ, ਹਵਾਈ ਜਹਾਜ਼, ਸੜਕਾਂ, ਬਿਜਲੀ, ਖਾਣਾਂ, ਵਿੱਦਿਆ, ਸਿਹਤ ਸਹੂਲਤਾਂ, ਬੈਂਕ, ਬੀਮਾ ਭਾਵ ਸਭ ਅਦਾਰੇ ਲੋਕ ਹਿੱਤਾਂ ਤੇ ਜ਼ਰੂਰਤਾਂ ਦੀ ਪੂਰਤੀ ਲਈ ਨਹੀਂ, ਬਲਕਿ ਮੁਨਾਫ਼ੇ ਕਮਾਉਣ ਦੇ ਸਾਧਨ ਬਣਾ ਦਿੱਤੇ ਗਏ ਹਨ। ਇਨ੍ਹਾਂ ਨਵ-ਉਦਾਰਵਾਦੀ ਆਰਥਿਕ ਨੀਤੀਆਂ ਦੀ ਬਦੌਲਤ ਬੇਰੁਜ਼ਗਾਰੀ, ਮਹਿੰਗਾਈ, ਸਿੱਕੇ ਦਾ ਪਾਸਾਰ ਤੇ ਘਾਟੇ ਦਾ ਬੱਜਟ ਖਤਰਨਾਕ ਹੱਦ ਤੱਕ ਵਧ ਗਿਆ ਹੈ। ਭਾਰਤੀ ਸਿੱਕੇ ਦੀ ਕਦਰ ਘਟਾਈ ਸਦਕਾ ਵਿਦੇਸ਼ੀ ਕਰਜ਼ਾ ਸਾਰੀਆਂ ਹੱਦਾਂ ਪਾਰ ਕਰ ਰਿਹਾ ਹੈ। ਜਦੋਂ ਸੰਸਾਰ ਪੱਧਰ ਦੀਆਂ ਭਰੋਸੇਯੋਗ ਵਿੱਤੀ ਸੰਸਥਾਵਾਂ ਇਹ ਮੁਲਾਂਕਣ ਕਰਦੀਆਂ ਹਨ ਕਿ ਭਾਰਤ ਦੀ 80% ਪੂੰਜੀ ਉਪਰ 2% ਲੋਕਾਂ ਦਾ ਕਬਜ਼ਾ ਹੈ, ਤਾਂ ਫਿਰ ਸਥਿਤੀ ਦੀ ਗੰਭੀਰਤਾ ਸੌਖਿਆਂ ਹੀ ਸਮਝ ਆ ਜਾਂਦੀ ਹੈ। ਅਡਾਨੀਆਂ-ਅੰਬਾਨੀਆਂ ਦੇ ਪੂੰਜੀ ਦੇ ਅੰਬਾਰਾਂ ਦੇ ਤੇਜ਼ ਵਾਧੇ ਨਾਲ-ਨਾਲ ਭੁੱਖੇ, ਗਰੀਬ, ਬੇਰੁਜ਼ਗਾਰ ਤੇ ਅਨਪੜ੍ਹ ਲੋਕਾਂ ਦੀ ਗਿਣਤੀ ਵੀ ਉਸੇ ਅਨੁਪਾਤ ਨਾਲ ਵਧ ਰਹੀ ਹੈ। ਕਾਰਪੋਰੇਟ ਘਰਾਣਿਆਂ ਦੀਆਂ ਆਸਮਾਨ ਛੂੰਹਦੀਆਂ ਇਮਾਰਤਾਂ ਦੀਆਂ ਜੜ੍ਹਾਂ 'ਚ ਝੁੱਗੀਆਂ 'ਚ ਦਿਨ-ਕਟੀ ਕਰਨ ਵਾਲੇ ਲੋਕਾਂ ਦੀ ਤਰਸਯੋਗ ਹਾਲਤ ਦੇਖੀ ਨਹੀਂ ਜਾਂਦੀ! ਬਿਨਾਂ ਸ਼ੱਕ ਪੰਜ ਸਿਤਾਰਾ ਹੋਟਲਨੁਮਾ ਅਤਿ-ਆਧੁਨਿਕ ਹਸਪਤਾਲਾਂ ਤੇ ਬਾਹਰੀ ਚਮਕ-ਦਮਕ ਭਰਪੂਰ ਵਿਦਿਅਕ ਅਦਾਰਿਆਂ ਦਾ ਜਾਲ ਤਾਂ ਵਿਛ ਰਿਹਾ ਹੈ, ਪ੍ਰੰਤੂ ਇਸ ਦੀ ਦਹਿਲੀਜ਼ ਪਾਰ ਕਰਨ ਦੀ ਸਮਰੱਥਾ ਦੇਸ਼ ਦੀ 80% ਵੱਸੋਂ ਦੀ ਪਹੁੰਚ ਤੋਂ ਬਾਹਰ ਹੈ। 'ਨਵ ਉਦਾਰਵਾਦ' ਦੇ ਦੌਰ ਨੇ ਪਬਲਿਕ ਸੈਕਟਰ ਦੇ ਉਹ ਸਾਰੇ ਅਦਾਰੇ ਜਿਵੇਂ ਰੇਲ, ਬਿਜਲੀ, ਸਟੀਲ ਆਦਿ, ਜੋ ਲੋਕਾਂ ਦੀ ਗਾੜ੍ਹੇ ਪਸੀਨੇ ਦੀ ਕਮਾਈ ਨਾਲ ਉਸ ਸਮੇਂ ਉਸਾਰੇ ਗਏ ਸਨ, ਜਦੋਂ ਆਜ਼ਾਦੀ ਮਿਲਣ ਉਪਰੰਤ ਦੇਸ਼ ਦੀ ਉਨਤੀ ਲਈ ਬੁਨਿਆਦੀ ਸਨਅਤਾਂ ਤੇ ਅਧਾਰਭੂਤ ਢਾਂਚੇ ਦੀ ਜ਼ਰੂਰਤ ਸੀ, ਨਕਾਰਾ ਕਰਾਰ ਦੇ ਕੇ 'ਸੇਲ' 'ਤੇ ਲਾ ਦਿੱਤੇ ਹਨ। ਇਹ ਕਾਰਜ ਕੋਈ ਇਕੱਲਾ ਪੂੰਜੀਪਤੀ ਨਹੀਂ ਸੀ ਕਰ ਸਕਦਾ। ਹੁਣ ਜਦੋਂ ਪਬਲਿਕ ਸੈਕਟਰ ਦੇ ਇਨ੍ਹਾਂ ਅਦਾਰਿਆਂ ਦੀ ਪੈਦਾਵਾਰ ਤੇ ਮੁਨਾਫ਼ਿਆਂ 'ਚ ਹੋਏ ਮਹੱਤਵਪੂਰਨ ਵਾਧੇ ਨਾਲ ਸਿਰਜੇ ਵਿੱਤੀ ਸਾਧਨਾਂ ਰਾਹੀਂ ਲੋਕਾਂ ਦੇ ਕਲਿਆਣ ਲਈ ਸਭੇ ਸਹੂਲਤਾਂ ਮੁਹੱਈਆ ਕਰਾਈਆਂ ਜਾ ਸਕਦੀਆਂ ਹਨ; ਤਾਂ ਉਦੋਂ ਲੋਕਾਂ ਦੇ ਗਾੜ੍ਹੇ ਪਸੀਨੇ ਦੀ ਕਮਾਈ ਨਾਲ ਉਸਰੇ ਪਬਲਿਕ ਸੈਕਟਰ ਨੂੰ ਪੂੰਜੀਪਤੀਆਂ ਦੇ ਹਵਾਲੇ ਕੀਤਾ ਜਾ ਰਿਹਾ ਹੈ। ਇਸ ਵਿਕਾਸ ਮਾਡਲ 'ਚੋਂ ਬੇਰੁਜ਼ਗਾਰੀ, ਮਹਿੰਗਾਈ ਅਤੇ ਸਮਾਜਿਕ ਸਹੂਲਤਾਂ ਤੇ ਪੱਕੀਆਂ ਨੌਕਰੀਆਂ ਦੇ ਖ਼ਾਤਮੇ ਆਦਿ ਅਲਾਮਤਾਂ ਤੋਂ ਸਿਵਾਏ ਹੋਰ ਕੁੱਝ ਵੀ ਚੰਗਾ ਨਿਕਲਣ ਦੀ ਉਮੀਦ ਹੀ ਨਹੀਂ ਕੀਤੀ ਜਾ ਸਕਦੀ। ਲੋੜ ਤਾਂ ਸਰਕਾਰੀ ਖੇਤਰ ਨੂੰ ਹੋਰ ਮਜ਼ਬੂਤ ਕਰਕੇ ਭਾਰਤ ਦੇ ਲੋੜਵੰਦ ਲੋਕਾਂ ਨੂੰ, ਜੋ ਅੰਤ ਦੀਆਂ ਬੁਰੀਆਂ ਜੀਵਨ ਹਾਲਤਾਂ 'ਚ ਜ਼ਿੰਦਗੀ ਭੋਗ ਰਹੇ ਹਨ, ਵਿਕਾਸ ਦੀ ਉਸ ਵੰਨਗੀ ਸੰਗ ਜੋੜਨ ਦੀ ਹੈ, ਜੋ ਹਰ ਵਿਅਕਤੀ ਨੂੰ ਰੋਟੀ, ਕੱਪੜਾ, ਮਕਾਨ, ਰੁਜ਼ਗਾਰ, ਸਿਹਤ ਤੇ ਵਿਦਿਅਕ ਸਹੂਲਤਾਂ ਤੇ ਸਮਾਜਿਕ ਸੁਰੱਖਿਆ ਪ੍ਰਦਾਨ ਕਰਾ ਸਕੇ। ਅਜਿਹੇ ਕਾਰਜ ਲਈ ਨਿੱਜੀਕਰਨ ਤੇ ਉਦਾਰੀਕਰਨ ਦਾ ਰਸਤਾ ਤਿਆਗ ਕੇ ਪਬਲਿਕ ਸੈਕਟਰ ਨੂੰ ਮਜ਼ਬੂਤ ਕਰਨ ਤੇ ਵੱਡੇ ਕਾਰਪੋਰੇਟ ਘਰਾਣਿਆਂ ਦੇ ਮੁਨਾਫ਼ਿਆਂ 'ਤੇ ਅੰਕੁਸ਼ ਲਾਉਣ ਤੇ ਇਨ੍ਹਾ ਦੀ ਇਕ 'ਸੀਮਾ' ਤੈਅ ਕਰਨ ਦੀ ਲੋੜ ਹੈ, ਪਰ ਸਾਡੇ ਹੁਕਮਰਾਨ ਤਾਂ ਤੰਗੀਆਂ-ਤੁਰਸ਼ੀਆਂ ਝੱਲ ਰਹੇ ਲੋਕਾਂ ਦੀ ਬਾਂਹ ਫੜਨ ਦੀ ਥਾਂ ਉਨ੍ਹਾਂ ਨੂੰ ਅਜਿਹੇ ਮੁਨਾਫ਼ਾਖੋਰ ਬਘਿਆੜਾਂ ਦੇ ਸਾਹਮਣੇ ਸੁੱਟ ਰਹੇ ਹਨ, ਜੋ ਭਾਰਤੀ ਲੋਕਾਂ ਦਾ ਖ਼ੂਨ ਚੂਸ ਕੇ ਦੁਨੀਆ ਦੇ ਅਮੀਰ ਲੋਕਾਂ ਦੀ ਕਤਾਰ ਅੰਦਰ ਖੜ੍ਹੇ ਹੋਣ 'ਚ ਹੀ ਮਾਣ ਮਹਿਸੂਸ ਕਰਦੇ ਹਨ। ਸਮਾਜ 'ਚ ਵਧ ਰਿਹਾ ਆਰਥਿਕ ਪਾੜਾ ਤੇ ਗੁਰਬਤ ਪੂੰਜੀਵਾਦ ਦੇ ਵਿਕਾਸ ਮਾਡਲ ਦੇ ਕਈ ਹਾਮੀ ਬੁੱਧੀਜੀਵੀਆਂ ਦੇ ਚਿਹਰਿਆਂ ਉਪਰ ਵੀ ਚਿੰਤਾਵਾਂ ਦੀਆਂ ਰੇਖਾਵਾਂ ਖਿੱਚ ਰਹੀ ਹੈ, ਕਿਉਂਕਿ ਇਸ ਪ੍ਰਕਿਰਿਆ ਨਾਲ ਭਾਰੀ ਸਮਾਜਿਕ ਉਥਲ-ਪੁਥਲ ਜਨਮ ਲੈ ਸਕਦੀ ਹੈ। ਇਹ ਉਥਲ-ਪੁਥਲ ਸਮਾਜਿਕ ਬਦਲਾਅ ਦਾ ਮੁੱਢ ਬੰਨ੍ਹ ਸਕਦੀ ਹੈ, ਜਿਸ ਨੂੰ ਹਾਕਮ ਧੜਾ ਕਿਸੇ ਕੀਮਤ 'ਤੇ ਦੇਖਣਾ ਨਹੀਂ ਚਾਹੁੰਦਾ।

ਸਾਨੂੰ ਵਿਕਸਤ ਪੂੰਜੀਵਾਦੀ ਦੇਸ਼ਾਂ ਦੇ ਵਿਕਾਸ ਮਾਡਲ ਦੀ ਨਕਲ ਕਰਨ ਦੀ ਥਾਂ ਵਿਕਾਸ ਦਾ ਐਸਾ ਨਮੂਨਾ ਘੜਨ ਦੀ ਲੋੜ ਹੈ, ਜੋ ਭਾਰਤੀ ਪ੍ਰਸਥਿਤੀਆਂ ਦੇ ਅਨੁਕੂਲ ਹੋਵੇ ਤੇ ਲੋਕਾਂ ਦੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨ ਦੇ ਸਮਰੱਥ ਹੋਵੇ। 'ਸੰਸਾਰ ਗੁਰੂ' ਬਣਨ ਵਾਸਤੇ ਦੋ-ਚਾਰ ਧਨੀਆਂ ਦੇ ਹਿੱਤਾਂ ਦੀ ਪੂਰਤੀ ਲਈ ਸਿਰਤੋੜ ਯਤਨ ਕਰਨ ਦੀ ਥਾਂ ਵਿਸ਼ਾਲ ਵਸੋਂ ਦੀ ਜ਼ਿੰਦਗੀ ਨੂੰ ਜੀਉਣਯੋਗ ਬਣਾਉਣ ਦੇ ਠੋਸ ਉਪਰਾਲੇ ਦੀ ਲੋੜ ਹੈ। 'ਗੁਜਰਾਤ' ਵਿਕਾਸ ਮਾਡਲ ਜਾਂ 'ਮੋਦੀ ਵਿਕਾਸ ਮਾਡਲ' ਭਾਰਤੀ ਲੋਕਾਂ ਦੇ ਹਿੱਤਾਂ ਨਾਲ ਖਿਲਵਾੜ ਕਰਨ ਦੇ ਤੁਲ ਹੈ।

 # ਸੰਪਰਕ : 98141-82998

ਪੰਜਾਬੀ ਨੌਜਵਾਨਾਂ ਦੀਆਂ ਵਿਦੇਸ਼ਾਂ 'ਚ ਹੋ ਰਹੀਆਂ ਮੌਤਾਂ ਚਿੰਤਾ ਦਾ ਵਿਸ਼ਾ

ਬਿੰਦਰ ਸਿੰਘ ਖੁੱਡੀ ਕਲਾਂ

ਪੰਜਾਬੀ ਨੌਜਵਾਨਾਂ ਲਈ ਕੈਨੇਡਾ ਪ੍ਰਵਾਸ ਦੀ ਪਹਿਲੀ ਪਸੰਦ ਬਣਿਆ ਹੋਇਆ ਹੈ। ਬੇਸ਼ੱਕ ਪੰਜਾਬ ਦੇ ਨੌਜਵਾਨ ਵੱਡੀ ਗਿਣਤੀ ਵਿੱਚ ਆਸਟਰੇਲੀਆ, ਨਿਊਜ਼ੀਲੈਂਡ, ਯੂ.ਐੱਸ.ਏ ਅਤੇ ਬਰਤਾਨੀਆ ਸਮੇਤ ਯੂਰਪੀ ਮੁਲਕਾਂ ਵਿਚ ਵੀ ਜਾ ਰਹੇ ਹਨ, ਪਰ ਕੈਨੇਡਾ ਦੇ ਮੁਕਾਬਲੇ ਇਹ ਗਿਣਤੀ ਕਾਫੀ ਘੱਟ ਹੈ। ਵੈਸੇ ਵੀ ਵਿਦੇਸ਼ ਜਾਣ ਦੇ ਇਛੁੱਕ ਨੌਜਵਾਨ ਮੁੰਡੇ-ਕੁੜੀਆਂ ਵੀਜ਼ੇ ਦੀ ਸ਼ੁਰੂਆਤ ਕੈਨੇਡਾ ਤੋਂ ਹੀ ਕਰਦੇ ਹਨ ਅਤੇ ਕੈਨੇਡਾ ਦਾ ਵੀਜ਼ਾ ਪ੍ਰਾਪਤ ਕਰਨ ਤੋਂ ਅਸਫਲ ਰਹਿਣ 'ਤੇ ਹੀ ਬਾਕੀ ਮੁਲਕਾਂ ਦੇ ਵੀਜ਼ੇ ਬਾਰੇ ਵਿਚਾਰ ਕਰਦੇ ਹਨ। ਪ੍ਰਵਾਸ ਲਈ ਕੈਨੇਡਾ ਦੇ ਪੰਜਾਬੀਆਂ ਦੀ ਪਹਿਲੀ ਪਸੰਦ ਹੋਣ ਦੇ ਬਹੁਤ ਸਾਰੇ ਕਾਰਨ ਹਨ। ਕੈਨੇਡਾ ਵਿੱਚ ਪੰਜਾਬੀਆਂ ਦਾ ਪ੍ਰਵਾਸ ਚਿਰਕਾਲੀ ਹੈ। ਬਹੁਤ ਪੁਰਾਣੇ ਸਮਿਆਂ ਤੋਂ ਪੰਜਾਬੀਆਂ ਵੱਲੋਂ ਕੈਨੇਡਾ ਦੀ ਧਰਤੀ 'ਤੇ ਪ੍ਰਵਾਸ ਕੀਤੇ ਜਾਣ ਕਾਰਨ ਇੱਥੇ ਬਾਕੀ ਸਭ ਮੁਲਕਾਂ ਨਾਲੋਂ ਪੰਜਾਬੀਆਂ ਦੀ ਗਿਣਤੀ ਕਈ ਗੁਣਾ ਜ਼ਿਆਦਾ ਹੈ। ਪੰਜਾਬੀਆਂ ਦੀ ਜ਼ਿਆਦਾ ਗਿਣਤੀ ਹੋਣ ਕਾਰਨ ਭਾਸ਼ਾਈ ਦਿੱਕਤਾਂ ਵਿੱਚ ਵੀ ਕਮੀ ਆਉਂਦੀ ਹੈ। ਕੈਨੇਡਾ ਦੇ ਬਹੁਤ ਸਾਰੇ ਖੇਤਰਾਂ ਵਿੱਚ ਸੜਕਾਂ ਅਤੇ ਹੋਰ ਅਦਾਰਿਆਂ ਦੇ ਸਾਈਨ ਬੋਰਡ ਪੰਜਾਬੀ ਵਿੱਚ ਲਗਾਉਣ ਤੋਂ ਇਲਾਵਾ ਕਈ ਸੂਬਿਆਂ ਦੀਆਂ ਸਰਕਾਰਾਂ ਵੱਲੋਂ ਪੰਜਾਬੀ ਭਾਸ਼ਾ ਨੂੰ ਤੀਜੀ ਭਾਸ਼ਾ ਦਾ ਦਰਜਾ ਵੀ ਦਿੱਤਾ ਗਿਆ ਹੈ।

ਕੈਨੇਡਾ ਦੇ ਬਹੁਤ ਸਾਰੇ ਪ੍ਰੀਵੈਂਸਜ਼ਜ਼ ਨੂੰ ਤਾਂ ਮਿੰਨੀ ਪੰਜਾਬ ਵੀ ਕਿਹਾ ਜਾਂਦਾ ਹੈ। ਕਈ ਖੇਤਰਾਂ ਵਿੱਚ ਗੋਰਿਆਂ ਨਾਲੋਂ ਪੰਜਾਬੀਆਂ ਦੀ ਗਿਣਤੀ ਜ਼ਿਆਦਾ ਹੈ। ਕੈਨੇਡਾ ਦੇ ਬਹੁਤ ਸਾਰੇ ਖੇਤਰਾਂ ਵਿੱਚ ਪੰਜਾਬੀ ਸੱਭਿਆਚਾਰ ਦਾ ਪਸਾਰਾ ਬੜੀ ਤੇਜ਼ੀ ਨਾਲ ਹੋ ਰਿਹਾ ਹੈ। ਬਾਕੀ ਮੁਲਕਾਂ ਦੇ ਮੁਕਾਬਲੇ ਕੈਨੇਡਾ ਵਿੱਚ ਜਨਤਕ ਨੁਮਾਇੰਦਿਆਂ ਵਿੱਚ ਪੰਜਾਬੀਆਂ ਦੀ ਗਿਣਤੀ ਵਿੱਚ ਦਿਨ ਪ੍ਰਤੀ ਦਿਨ ਇਜ਼ਾਫਾ ਹੋ ਰਿਹਾ ਹੈ। ਸਰਕਾਰਾਂ ਦੀ ਬਣਤਰ ਵਿੱਚ ਪੰਜਾਬੀਆਂ ਦੀ ਭੂਮਿਕਾ ਅਹਿਮ ਰੂਪ ਧਾਰਨ ਕਰਦੀ ਜਾ ਰਹੀ ਹੈ। ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਪੰਜਾਬੀ ਖਾਸ ਕਰਕੇ ਸਿੱਖ ਭਾਈਚਾਰੇ ਪ੍ਰਤੀ ਕਾਫੀ ਲਚਕੀਲੇ ਵਿਖਾਈ ਦਿੰਦੇ ਹਨ। ਕੈਨੇਡਾ ਦੇ ਪੰਜਾਬੀ ਨੌਜਵਾਨਾਂ ਦੀ ਪਹਿਲੀ ਪਸੰਦ ਹੋਣ ਦੇ ਪ੍ਰਮੁੱਖ ਕਾਰਨਾਂ ਵਿੱਚੋਂ ਇੱਥੇ ਦੀ ਨਾਗਰਿਕਤਾ ਦੀ ਆਸਾਨ ਪ੍ਰਾਪਤੀ ਵੀ ਹੈ। ਬਾਕੀ ਬਹੁਤ ਸਾਰੇ ਮੁਲਕਾਂ ਪ੍ਰਤੀ ਪੰਜਾਬੀ ਵਿਦਿਆਰਥੀਆਂ ਦਾ ਗਿਲਾ ਰਹਿੰਦਾ ਹੈ ਕਿ ਉਹਨਾਂ ਮੁਲਕਾਂ ਦੀਆਂ ਸਰਕਾਰਾਂ ਪੜ੍ਹਾਈ ਪੂਰੀ ਹੋਣ 'ਤੇ ਉਸ ਸਟਰੀਮ ਨੂੰ ਮੰਗ ਤੋਂ ਬਾਹਰ ਕਰਕੇ ਨਾਗਰਿਕਤਾ ਦੇਣ ਤੋਂ ਟਾਲਾ ਵੱਟਣਾ ਸ਼ੁਰੂ ਕਰ ਦਿੰਦੀਆਂ ਹਨ। ਬਾਕੀ ਤਕਰੀਬਨ ਸਾਰੇ ਮੁਲਕਾਂ ਦੇ ਮੁਕਾਬਲੇ ਕੈਨੇਡਾ ਵਿੱਚ ਵਿਦਿਆਰਥੀਆਂ ਨੂੰ ਜਲਦੀ ਪੀ.ਆਰ ਪ੍ਰਾਪਤ ਹੁੰਦੀ ਹੈ। ਕੈਨੇਡਾ ਦੀ ਸਰਕਾਰ ਵੱਲੋਂ ਵਿਦੇਸ਼ੀਆਂ ਨੂੰ ਆਕਰਸ਼ਿਤ ਕਰਨ ਲਈ ਇਮੀਗ੍ਰੇਸ਼ਨ ਨੀਤੀ ਵਿੱਚ ਸਮੇਂ-ਸਮੇਂ ਸਿਰ ਸਾਕਾਰਾਤਮਕ ਤਬਦੀਲੀਆਂ ਵੀ ਕੀਤੀਆਂ ਜਾਂਦੀਆਂ ਹਨ। ਹੁਣ ਜਦੋਂ ਪੰਜਾਬੀ ਨੌਜਵਾਨਾਂ ਦਾ ਪ੍ਰਵਾਸ ਬਿਲਕੁੱਲ ਵੱਖਰੀ ਦਿਸ਼ਾ ਲੈ ਚੁੱਕਿਆ ਹੈ ਤਾਂ ਪੜ੍ਹਾਈ ਦੇ ਆਧਾਰ 'ਤੇ ਵਿਦੇਸ਼ ਜਾਣ ਵਾਲੇ ਨੌਜਵਾਨ ਖੁਦ ਪੀ.ਆਰ ਹਾਸਲ ਕਰਨ ਉਪਰੰਤ ਆਪਣੇ ਜੀਵਨ ਸਾਥੀ ਅਤੇ ਮਾਪਿਆਂ ਇੱਥੋਂ ਤੱਕ ਕਿ ਭੈਣ-ਭਰਾਵਾਂ ਅਤੇ ਰਿਸ਼ਤੇਦਾਰਾਂ ਨੂੰ ਵੀ ਆਪਣੇ ਕੋਲ ਹੀ ਵੇਖਣ ਦੀ ਇੱਛਾ ਰੱਖਦੇ ਹਨ। ਜੀਵਨ ਸਾਥੀ ਅਤੇ ਮਾਪਿਆਂ ਨੂੰ ਵੀਜ਼ਾ ਦੇਣ ਵਿੱਚ ਕੈਨੇਡਾ ਦੀ ਵੀਜ਼ਾ ਨੀਤੀ ਬਾਕੀ ਸਾਰੇ ਮੁਲਕਾਂ ਨਾਲੋਂ ਸਾਕਾਰਾਤਮਕ ਹੈ। ਕੈਨੇਡਾ ਪੀ.ਆਰ ਹੋਣ ਵਾਲੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਆਪਣੇ ਬੱਚਿਆਂ ਕੋਲ ਜਾਣ ਲਈ ਵੀਜ਼ੇ ਜਾਂ ਉਹਨਾਂ ਕੋਲ ਰਹਿਣ ਲਈ ਪੀ.ਆਰ ਪ੍ਰਾਪਤ ਕਰਨ ਦੀ ਚਿੰਤਾ ਨਾ-ਮਾਤਰ ਹੀ ਹੈ।

ਪਰ ਬੜੇ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਪੰਜਾਬੀ ਨੌਜਵਾਨਾਂ ਲਈ ਸਭ ਤੋਂ ਪਹਿਲੀ ਪਸੰਦ ਬਣਿਆ ਮੁਲਕ ਕੈਨੇਡਾ ਹੀ ਉਹਨਾਂ ਦੀਆਂ ਮੌਤਾਂ ਦਾ ਵੀ ਕੇਂਦਰ ਬਣਦਾ ਜਾ ਰਿਹਾ ਹੈ। ਨਸਲੀ ਵਿਤਕਰੇ ਅਤੇ ਅਪਰਾਧਿਕ ਲੋਕਾਂ ਵੱਲੋਂ ਕੀਤੇ ਜਾਣ ਕਤਲਾਂ ਤੋਂ ਬਿਨਾਂ ਵੀ ਪੰਜਾਬੀ ਨੌਜਵਾਨ ਵੱਡੀ ਗਿਣਤੀ ਵਿੱਚ ਮੌਤ ਦਾ ਸ਼ਿਕਾਰ ਹੋ ਰਹੇ ਹਨ। ਬੇਸ਼ੱਕ ਪੰਜਾਬੀ ਨੌਜਵਾਨਾਂ ਦੀਆਂ ਮੌਤਾਂ ਹੋਰਨਾਂ ਮੁਲਕਾਂ ਵਿੱਚ ਵੀ ਹੋ ਰਹੀਆਂ ਹਨ, ਪਰ ਕੈਨੇਡਾ ਦੇ ਮੁਕਾਬਲੇ ਇਹ ਅੰਕੜਾ ਕਾਫੀ ਘੱਟ ਹੈ। ਕੈਨੇਡਾ 'ਚ ਅਚਾਨਕ ਅਤੇ ਰਹੱਸਮਈ ਤਰੀਕੇ ਨਾਲ ਹੋ ਰਹੀਆਂ ਪੰਜਾਬੀ ਨੌਜਵਾਨਾਂ ਦੀਆਂ ਮੌਤਾਂ ਮਾਪਿਆਂ ਲਈ ਵੱਡੀ ਚਿੰਤਾ ਦਾ ਵਿਸ਼ਾ ਬਣ ਰਹੀਆਂ ਹਨ। ਇਹ ਚਿੰਤਾ ਇੰਨਾ ਵਿਕਰਾਲ ਰੂਪ ਧਾਰਨ ਕਰਨ ਲੱਗੀ ਹੈ ਕਿ ਮਾਪੇ ਆਪਣੇ ਬੱਚਿਆਂ ਨੂੰ ਕੈਨੇਡਾ ਦੀ ਬਜਾਏ ਕਿਸੇ ਹੋਰ ਮੁਲਕ ਵਿੱਚ ਭੇਜਣ 'ਤੇ ਵਿਚਾਰ ਕਰਨ ਲੱਗੇ ਹਨ। ਪਿਛਲੇ ਕੁੱਝ ਕੁ ਵਰ੍ਹਿਆਂ ਤੋਂ ਮੌਤਾਂ ਵਿੱਚ ਹੋਇਆ ਇਜ਼ਾਫਾ ਕਿਸੇ ਵੀ ਸਮੀਕਰਨ ਅਨੁਸਾਰ ਸਮਝ ਨਹੀਂ ਪੈ ਰਿਹਾ। ਇੱਕ ਗੱਲ ਹੋਰ ਹੈਰਾਨ ਕਰਨ ਵਾਲੀ ਹੈ ਕਿ ਇਹਨਾਂ ਮੌਤਾਂ ਵਿੱਚ ਲੜਕਿਆਂ ਦੀ ਗਿਣਤੀ ਲੜਕੀਆਂ ਨਾਲੋਂ ਕਈ ਗੁਣਾ ਜ਼ਿਆਦਾ ਹੈ।

ਕੁੱਝ ਲੋਕਾਂ ਦਾ ਤਰਕ ਹੈ ਕਿ ਪੰਜਾਬੀ ਨੌਜਵਾਨਾਂ ਨੂੰ ਪੈਣ ਵਾਲੇ ਦਿਲ ਦੇ ਦੌਰਿਆਂ ਪਿੱਛੇ ਮੌਸਮ ਦੀ ਤਬਦੀਲੀ, ਕੰਮ ਦੀ ਘਾਟ ਕਾਰਨ ਤਣਾਅ, ਵਿਦੇਸ਼ ਪਹੁੰਚਣ ਲਈ ਹੋਏ ਵੱਡੇ ਖਰਚੇ ਦੀ ਭਰਪਾਈ ਦਾ ਤਣਾਅ, ਕੰਮ ਦੇ ਚੱਕਰ ਵਿੱਚ ਖੁਰਾਕ ਵੱਲ ਧਿਆਨ ਨਾ ਦੇਣਾ ਜਾਂ ਫਿਰ ਅਖੀਰ 'ਤੇ ਕਿਹਾ ਇਹ ਵੀ ਜਾਂਦਾ ਹੈ ਕਿ ਕੈਨੇਡਾ ਵਿੱਚ ਵੀ ਕਈ ਸਾਰੇ ਪੰਜਾਬੀ ਨੌਜਵਾਨ ਨਸ਼ਿਆਂ ਦੀ ਅਲਾਮਤ ਦਾ ਸ਼ਿਕਾਰ ਹੋ ਚੁੱਕੇ ਹਨ। ਬਹੁਤ ਸਾਰੇ ਲੋਕਾਂ ਵੱਲੋਂ ਦਿਲ ਦੇ ਦੌਰੇ ਨੂੰ ਵਿਦੇਸ਼ ਪਹੁੰਚਣ ਦੇ ਉਤਸ਼ਾਹ ਨਾਲ ਵੀ ਜੋੜ ਕੇ ਵੇਖਿਆ ਜਾ ਰਿਹਾ ਹੈ, ਪਰ ਕੈਨੇਡਾ ਦੇ ਬਰੈਂਪਟਨ ਸੂਬੇ 'ਚ ਪਹੁੰਚਣ ਦੇ ਮਹਿਜ਼ ਦੋ ਦਿਨਾਂ ਬਾਅਦ ਹੀ ਪਟਿਆਲਾ ਦੇ ਨੌਜਵਾਨ ਨੂੰ ਪਿਆ ਦਿਲ ਦਾ ਦੌਰਾ ਵੱਡੀ ਚਿੰਤਾ ਦੇ ਵਿਸ਼ੇ ਦੇ ਨਾਲ-ਨਾਲ ਵੱਡੇ ਸਵਾਲ ਵੀ ਖੜ੍ਹੇ ਕਰਦਾ ਹੈ। ਸ਼ਾਇਦ ਇਸ ਵਿਦਿਆਰਥੀ ਨੇ ਹਾਲੇ ਤੱਕ ਕੈਨੇਡਾ ਦੇ ਠੰਢੇ ਮੌਸਮ ਦਾ ਵੀ ਸਾਹਮਣਾ ਨਹੀਂ ਕੀਤਾ ਹੋਣਾ ਕਿ ਮੌਸਮ ਦੀ ਤਬਦੀਲੀ ਨੂੰ ਦੌਰੇ ਦਾ ਕਾਰਨ ਮੰਨ ਲਿਆ ਜਾਵੇ। ਇਸ ਵਿਦਿਆਰਥੀ ਦੇ ਮਾਮਲੇ ਵਿੱਚ ਮਾੜੀ ਖੁਰਾਕ ਅਤੇ ਨਸ਼ਿਆਂ ਦੇ ਸੇਵਨ ਦੇ ਸਭ ਸਮੀਕਰਨਾਂ ਦੇ ਫੇਲ੍ਹ ਹੋਣ ਸਮੇਤ ਵਿਦੇਸ਼ ਪਹੁੰਚਣ ਦਾ ਜ਼ਰੂਰਤ ਤੋਂ ਜ਼ਿਆਦਾ ਉਤਸ਼ਾਹ ਵੀ ਲਾਗੂ ਨਹੀਂ ਹੁੰਦਾ, ਕਿਉਂਕਿ ਜ਼ਰੂਰਤ ਤੋਂ ਜ਼ਿਆਦਾ ਉਤਸ਼ਾਹ ਅਚਾਨਕ ਖਬਰ ਮਿਲਣ ਸਮੇਂ ਜਾਂ ਫਿਰ ਕਿਸੇ ਸਥਾਨ 'ਤੇ ਪਹੁੰਚਣ ਸਮੇਂ ਹੀ ਹੁੰਦਾ ਹੈ।

ਸਭ ਤੋਂ ਹੈਰਾਨੀ ਵਾਲੀ ਗੱਲ ਇਹ ਹੈ ਕਿ ਪੰਜਾਬੀ ਨੌਜਵਾਨਾਂ ਦੀਆਂ ਵਿਦੇਸ਼ ਖਾਸ ਕਰਕੇ ਕੈਨੇਡਾ ਵਿੱਚ ਰਹੱਸਮਈ ਤਰੀਕੇ ਨਾਲ ਹੋ ਰਹੀਆਂ ਮੌਤਾਂ ਦੇ ਕਾਰਨਾਂ ਬਾਰੇ ਹਾਲੇ ਤੱਕ ਤਸੱਲੀਬਖਸ਼ ਅਤੇ ਤਰਕਮਈ ਖੁਲਾਸਾ ਨਹੀਂ ਹੋ ਸਕਿਆ। ਚੜ੍ਹਦੀ ਜਵਾਨੀ ਦੀ ਉਮਰੇ ਤੰਦਰੁਸਤ ਨੌਜਵਾਨਾਂ ਨੂੰ ਪੈਣ ਵਾਲੇ ਦਿਲ ਦੇ ਦੌਰੇ ਕਈ ਤਰ੍ਹਾਂ ਦੇ ਸਵਾਲ ਖੜ੍ਹੇ ਕਰਦੇ ਹਨ। ਸਾਡੇ ਮੁਲਕ ਦੀ ਕੇਂਦਰ ਅਤੇ ਸੂਬੇ ਦੀ ਸਰਕਾਰ ਨੂੰ ਪੰਜਾਬੀ ਨੌਜਵਾਨਾਂ ਦੀਆਂ ਰਹੱਸਮਈ ਤਰੀਕੇ ਹੋਣ ਵਾਲੀਆਂ ਮੌਤਾਂ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਭਰ ਜਵਾਨੀ 'ਚ ਤੰਦਰੁਸਤ ਸਰੀਰਾਂ ਨੂੰ ਪੈਣ ਵਾਲੇ ਦਿਲ ਦੇ ਦੌਰਿਆਂ ਦੇ ਪੁਖਤਾ ਕਾਰਨਾਂ ਦੀ ਜਾਣਕਾਰੀ ਜ਼ਰੂਰ ਸਾਹਮਣੇ ਆਉਣੀ ਚਾਹੀਦੀ ਹੈ ਤਾਂ ਕਿ ਵਿਦੇਸ਼ ਜਾਣ ਵਾਲੇ ਨੌਜਵਾਨ ਉਹਨਾਂ ਕਾਰਨਾਂ ਨੂੰ ਧਿਆਨ ਵਿੱਚ ਰੱਖ ਕੇ ਆਪਣੇ-ਆਪ ਨੂੰ ਬਚਾ ਸਕਣ। ਜੇਕਰ ਜ਼ਰੂਰਤ ਪਵੇ ਤਾਂ ਸਾਡੀਆਂ ਸਰਕਾਰਾਂ ਨੂੰ ਸਰਵੇਖਣ ਟੀਮਾਂ ਵੀ ਕੈਨੇਡਾ ਭੇਜਣੀਆਂ ਚਾਹੀਦੀਆਂ ਹਨ ਤਾਂ ਕਿ ਉਹਨਾਂ ਦੀਆਂ ਰਿਪੋਰਟਾਂ ਦੇ ਆਧਾਰ 'ਤੇ ਵਿਦੇਸ਼ ਜਾਣ ਵਾਲੇ ਨੌਜਵਾਨਾਂ ਦੀ ਅਗਾਊਂ ਕੌਂਸਲਿੰਗ ਕੀਤੀ ਜਾ ਸਕੇ। ਉਮੀਦ ਹੀ ਨਹੀਂ, ਯਕੀਨ ਹੈ ਕਿ ਮੁਲਕ ਦੀ ਕੇਂਦਰ ਅਤੇ ਸੂਬਾ ਸਰਕਾਰ ਕੈਨੇਡਾ ਸਰਕਾਰ ਨਾਲ ਤਾਲਮੇਲ ਕਰਕੇ ਪੰਜਾਬੀ ਨੌਜਵਾਨਾਂ ਦੀਆਂ ਮੌਤਾਂ ਦੇ ਦੁਖਦਾਈ ਅਧਿਆਇ ਨੂੰ ਜਲਦੀ ਖਤਮ ਕਰਨ ਲਈ ਯਤਨਸ਼ੀਲ ਹੋਣਗੀਆਂ।

 # ਸੰਪਰਕ : 98786-05965

ਨਵੀਂ ਸਿੱਖਿਆ ਨੀਤੀ ਬਾਰੇ ਭਲਕੇ ਹੋ ਰਹੀ ਕਨਵੈਨਸ਼ਨ ਨੂੰ ਸਮਰਪਤ

ਮੈਕਾਲੇ, ਨਵੀਂ ਵਿੱਦਿਅਕ ਨੀਤੀ 2020 ਤੇ ਜਮਹੂਰੀ ਹੱਕ-(1)

ਡਾਕਟਰ ਬਲਜਿੰਦਰ
ਪ੍ਰਿੰਸੀਪਲ ਬੱਗਾ ਸਿੰਘ

ਮਨੁੱਖੀ ਅਧਿਕਾਰਾਂ ਦੀ ਜਦੋਂ ਵੀ ਗੱਲ ਚੱਲਦੀ ਹੈ ਤਾਂ ਸੁੱਤੇ ਸਿੱਧ ਹੀ ਇਹ ਗੱਲ ਜ਼ਿਹਨ 'ਚ ਆਉਂਦੀ ਹੈ ਕਿ ਇਹਨਾਂ ਬਾਰੇ ਜਦੋਂ ਵਿਸ਼ਾਲ ਲੋਕਾਈ ਨੂੰ ਇਲਮ ਹੀ ਨਹੀਂ ਹੈ ਤਾਂ ਉਹ ਇਹਨਾਂ ਨੂੰ ਮਾਨਣ ਵੱਲ ਵੀ ਕਿਵੇਂ ਵਧ ਸਕਣਗੇ ਅਤੇ ਇਹਨਾਂ ਹੱਕਾਂ 'ਤੇ ਪੈਂਦੇ ਛਾਪਿਆਂ ਨੂੰ ਕਿਵੇਂ ਪਹਿਚਾਨਣਗੇ ਅਤੇ ਇਹਨਾਂ ਦੀ ਰਾਖੀ ਕਰਨ ਵੱਲ ਵੀ ਕਿਵੇਂ ਵਧ ਸਕਣਗੇ। ਵਿਸ਼ਾਲ ਲੋਕਾਈ ਆਪਣੇ ਜਮਾਤੀ ਤੇ ਤਬਕਾਤੀ ਸੰਘਰਸ਼ਾਂ ਰਾਹੀਂ ਜਮਹੂਰੀ ਅਧਿਕਾਰਾਂ ਨਾਲ ਬਾਵਾਸਤਾ ਹੁੰਦੀ ਹੈ। ਬਹੁਗਿਣਤੀ ਲੋਕਾਂ ਦੇ ਅਨਪੜ੍ਹ ਹੋਣ ਕਾਰਨ ਉਹਨਾਂ ਨੂੰ ਇਓਂ ਅਮਲ 'ਚ ਪਿਆ ਹੀ ਜਮਹੂਰੀ ਅਧਿਕਾਰਾਂ ਦੀ ਸੋਝੀ ਆਉਂਦੀ ਹੈ, ਭਾਵ ਉਹ ਆਪਣੇ ਅਮਲ 'ਚੋਂ ਇਹਨਾਂ ਬਾਰੇ ਸੋਝੀ ਹਾਸਲ ਕਰਦੇ ਹਨ। ਜਮਹੂਰੀ ਤੇ ਮਨੁੱਖੀ ਹੱਕਾਂ ਦੀ ਸੋਝੀ ਹਾਸਲ ਕਰਨ ਦਾ ਇੱਕ ਮਹੱਤਵਪੂਰਨ ਜ਼ਰੀਆ ਲੋਕਾਂ ਨੂੰ ਪੜ੍ਹਾਈ-ਲਿਖਾਈ ਨਾਲ ਲੈਸ ਕਰਨ ਰਾਹੀਂ ਇਹਨਾਂ ਬਾਰੇ ਜਾਗਰੂਕਤਾ ਹਾਸਲ ਕਰਨਾ ਹੈ।

ਪਰ ਲੁੱਟ-ਖਸੁੱਟ 'ਤੇ ਆਧਾਰਤ ਨਿਜ਼ਾਮ ਅੰਦਰ ਹਕੂਮਤਾਂ ਦੀ ਮਨਸ਼ਾ ਇਹ ਰਹਿੰਦੀ ਹੈ ਕਿ ਉਹ ਹਰ ਹੀਲੇ ਆਪਣੀ ਲੁੱਟ ਨੂੰ ਬਣਾਈ ਰੱਖਣ ਲਈ ਲੋਕਾਂ ਦੇ ਵਿਸ਼ਾਲ ਹਿੱਸਿਆਂ ਨੂੰ ਉਸ ਸੂਝ-ਬੂਝ ਤੋਂ ਕੋਰੇ ਰੱਖਣ, ਜਿਹੜੀ ਲੋਕਾਂ ਨੂੰ ਹਕੀਕਤ ਦੇ ਦੀਦਾਰ ਕਰਾਉਂਦੀ ਹੋਵੇ। ਇਸ ਲਈ ਹਾਕਮ ਹਮੇਸ਼ਾ ਹੀ ਇਸ ਤਾਕ 'ਚ ਰਹਿੰਦੇ ਹਨ ਕਿ ਉਹ ਉਹ ਸਭ ਰਾਹ ਮੁੰਦ ਦੇਣ, ਜਿਹਨਾਂ ਵੀ ਝੀਥਾਂ ਰਾਹੀਂ ਕੋਈ ਵੀ ਰੌਸ਼ਨੀ ਦੀ ਕਿਰਨ ਉਹਨਾਂ ਬੂਹਾਂ ਮਾਰੇ ਲੋਕਾਂ ਤੱਕ ਪਹੁੰਚਦੀ ਹੋਵੇ, ਇਹੀ ਹੈ ਉਹ ਸੰਦਰਭ, ਜੀਹਦੇ 'ਚ ਸਾਨੂੰ ਨਵੀਂ ਵਿੱਦਿਅਕ ਨੀਤੀ 2020 ਦੀ ਚੀਰ-ਫਾੜ ਕਰਨੀ ਚਾਹੀਦੀ ਹੈ।

ਇਸ ਨੀਤੀ (ਹੁਣ ਤੋਂ ਅੱਗੇ ਇਹੀ ਲਫ਼ਜ਼ ਹੀ ਨਵੀਂ ਵਿੱਦਿਅਕ ਨੀਤੀ 2020 ਲਈ ਵਰਤਿਆ ਜਾਵੇਗਾ) ਦੀਆਂ ਬਾਰੀਕੀਆਂ ਨੂੰ ਸਮਝਣ ਲਈ ਸਾਨੂੰ ਇਸ ਦੇ ਇਤਿਹਾਸ 'ਚ ਡੂੰਘਾ ਜਾ ਕੇ ਨਜ਼ਰਸਾਨੀ ਕਰਨੀ ਚਾਹੀਦੀ ਹੈ। 1947 ਤੋਂ ਲੈ ਕੇ 1980 ਤੱਕ ਤਾਂ ਥੋੜ੍ਹੇ-ਬਹੁਤ ਫਰਕਾਂ ਨਾਲ ਇੱਕੋ ਹੀ ਵਿੱਦਿਅਕ ਨੀਤੀ ਜਾਰੀ ਰੱਖੀ ਜਾਂਦੀ ਰਹੀ, ਪਰ 1980 ਤੋਂ ਬਾਅਦ ਵਿੱਦਿਆ ਦੇ ਮਾਮਲੇ 'ਚ ਤਬਦੀਲੀਆਂ ਕੀਤੀਆਂ ਗਈਆਂ। ਉਹਨਾਂ ਨੀਤੀਆਂ ਨੂੰ ਲਾਗੂ ਕਰਨ ਵੇਲੇ ਵੀ ਇਹੀ ਕਿਹਾ ਗਿਆ ਸੀ ਕਿ ਇਹ ਲੋਕਾਂ ਦੀ ਭਲਾਈ ਖਾਤਰ ਹਨ ਪਰ ਉਹ ਨੀਤੀਆਂ ਵਿੱਦਿਆ ਦੇ ਪੱਧਰ ਨੂੰ ਕਿਸੇ ਤਰ੍ਹਾਂ ਵੀ ਉਤਾਂਹ ਚੁੱਕਣ 'ਚ ਕਾਮਯਾਬ ਨਹੀਂ ਹੋਈਆਂ। ਇਸੇ ਹੀ ਲੜੀ 'ਚ ਜਦੋਂ ਸਾਡੇ ਮੁਲਕ ਦੇ ਹੁਕਮਰਾਨਾਂ ਨੇ ਆਰਥਕ ਖੇਤਰ ਅੰਦਰ ਨਵੀਂ ਉਦਾਰਵਾਦੀ ਨੀਤੀ ਨੂੰ ਮੁਲਕ ਦੇ ਵਿਕਾਸ ਲਈ ਅਮਲ 'ਚ ਲਾਗੂ ਕੀਤਾ ਤਾਂ ਉਹਨਾਂ ਦੀ ਲੋੜ ਇਹ ਬਣੀ ਕਿ ਉਹ ਇਸ ਪੁਰਾਣੀ ਵਿੱਦਿਅਕ ਨੀਤੀ ਨੂੰ ਵੀ ਆਪਣੀਆਂ ਉਹਨਾਂ ਨੀਤੀਆਂ ਦੇ ਅਨੁਸਾਰੀ ਢਾਲਣ, ਜਿਵੇਂ ਕਿ ਆਰਥਿਕਤਾ ਦੇ ਹਰ ਖੇਤਰ ਅੰਦਰ ਹੀ ਇਹ ਦੇਖਿਆ ਜਾ ਸਕਦਾ ਹੈ ਕਿ ਇਹਨਾਂ ਨਵੀਂਆਂ ਆਰਥਕ ਨੀਤੀਆਂ ਦਾ ਪੂਰਾ ਦਾਰੋਮਦਾਰ ਹੀ ਨਿੱਜੀਕਰਨ ਕਰਨ ਵੱਲ ਸੇਧਤ ਹੈ, ਤਾਂ ਇਹ ਕੁਦਰਤੀ ਹੀ ਸੀ ਕਿ ਉਹ ਵਿੱਦਿਅਕ ਪ੍ਰਣਾਲੀ 'ਚ ਵੀ ਉਹ ਤਬਦੀਲੀਆਂ ਲਿਆਉਣ, ਜਿਹੜੀਆਂ ਇੱਥੋਂ ਦੇ ਸਰਮਾਏਦਾਰਾਨਾ ਪ੍ਰਬੰਧ ਨੂੰ ਮਜ਼ਬੂਤੀ ਬਖ਼ਸ਼ੇ। ਇਹ ਨੀਤੀ ਅੱਸੀਵਿਆਂ ਵਾਲੀ ਪਹਿਲਾਂ ਲਿਆਂਦੀ ਨੀਤੀ ਦੀ ਹੀ ਲਗਾਤਾਰਤਾ 'ਚ ਕਹੀ ਜਾ ਸਕਦੀ ਹੈ। ਭਾਵੇਂ ਕਿ ਪਹਿਲਾਂ ਇਸ ਨੂੰ ਐਨੀ ਕੁੱਢਰਤਾ ਨਾਲ ਲਾਗੂ ਨਹੀਂ ਕੀਤਾ ਜਾਂਦਾ ਸੀ, ਪਰ ਇਸ ਨੀਤੀ ਨੂੰ ਲਾਗੂ ਕਰਨ ਵੇਲੇ ਤਾਂ ਪਾਰਲੀਮੈਂਟ 'ਚ ਬਹਿਸ-ਮੁਬਾਹਸੇ ਰਾਹੀਂ ਕੋਈ ਵੀ ਲੋਕ ਹਿੱਤ 'ਚ ਫੈਸਲੇ ਲੈਣ ਦੀ ਕਵਾਇਦ ਦੇ ਸੰਵਿਧਾਨਕ ਕਾਇਦੇ ਦੀ ਪਾਲਣਾ ਨਹੀਂ ਕੀਤੀ ਗਈ ਅਤੇ ਸਿਰਫ ਮੰਤਰੀ ਮੰਡਲ 'ਚੋਂ ਹੀ ਪਾਸ ਕਰਕੇ ਇਸ ਨੂੰ ਲਾਗੂ ਕਰਨਾ ਸ਼ੁਰੂ ਕਰ ਦਿੱਤਾ ਹੈ। ਇਸ ਲਈ ਇਹ ਨੀਤੀ ਸੰਵਿਧਾਨ ਦੀ ਵੀ ਉਲੰਘਣਾ ਕਰਦੀ ਹੈ, ਸੰਵਿਧਾਨ ਵਿਰੋਧੀ ਹੈ।

ਇਤਿਹਾਸਕ ਤੌਰ 'ਤੇ ਨਿਗ੍ਹਾ ਮਾਰਿਆਂ ਅਸੀਂ ਇਹ ਦੇਖਦੇ ਹਾਂ ਕਿ ਇਸ ਨੀਤੀ ਦਾ ਮੁੱਢ ਬਰਤਾਨਵੀ ਹੁਕਮਰਾਨਾਂ ਵੱਲੋਂ 1813 'ਚ ਕੌਂਸਲ ਆਫ ਇੰਡੀਆ 'ਚ ਪਾਸ ਕੀਤੇ ਇੱਕ ਕਾਨੂੰਨ ਨਾਲ ਜਾ ਬੱਝਦਾ ਹੈ, ਜਦੋਂ ਉਹਨਾਂ ਇੱਕ ਕਾਨੂੰਨ ਰਾਹੀਂ ਹਰ ਸਾਲ ਇੱਕ ਲੱਖ ਰੁਪਏ ਦੀ ਰਾਸੀ ਇੱਥੋਂ ਦੀਆਂ ਮੂਲ ਭਾਸ਼ਾਵਾਂ ਸੰਸਕ੍ਰਿਤ ਤੇ ਫਾਰਸੀ ਨੂੰ ਸਿਖਾਉਣ ਅਤੇ ਇਹਨਾਂ ਭਾਸ਼ਾਵਾਂ ਦੀਆਂ ਕਿਤਾਬਾਂ ਛਾਪਣ ਅਤੇ ਇੱਥੋਂ ਦੇ ਮੂਲ ਨਿਵਾਸੀਆਂ ਨੂੰ ਇਹਨਾਂ ਭਾਸ਼ਾਵਾਂ 'ਚ ਉਪਲੱਬਧ ਵਿਗਿਆਨ ਨਾਲ ਬਾਵਾਸਤਾ ਕਰਾਉਣ ਦੇ ਟੀਚੇ ਨਾਲ ਖਰਚ ਕਰਨੇ ਸਨ। ਲੱਗਪੱਗ 20 ਸਾਲ ਬਾਅਦ 1835 'ਚ ਥਾਮਸ ਬੈਬਿੰਗਟਨ ਮੈਕਾਲੇ ਨੇ ਗਵਰਨਰ ਦੀ ਕਮੇਟੀ ਸਾਹਮਣੇ 1813 ਦੇ ਇਸ ਕਾਨੂੰਨ ਦੀ ਵਾਜਬੀਅਤ ਨਾ ਹੋਣ ਸੰਬੰਧੀ ਆਪਣੇ ਵਿਚਾਰ ਪੇਸ਼ ਕੀਤੇ, ਜਿਹੜੇ ਕਿ ਮੈਕਾਲੇ ਮਿਨਟਸ 1835 ਦੇ ਨਾਂਅ ਨਾਲ ਜਾਣੇ ਜਾਂਦੇ ਹਨ। ਇਹੀ ਉਹ ਲਿਖਤ ਹੈ, ਜਿਹੜੀ ਕਿ ਹੁਣ ਤੱਕ ਵਿੱਦਿਅਕ ਪਾਲਿਸੀ ਘਾੜਿਆਂ ਲਈ ਰਾਹ-ਦਰਸਾਵਾ ਬਣੀ ਹੋਈ ਹੈ। 1813 ਦੇ ਢਾਂਚੇ 'ਚ ਇਹ ਦਰਜ ਸੀ ਕਿ ਬਰਤਾਨਵੀ ਹੁਕਮਰਾਨ ਸੰਸਕ੍ਰਿਤ ਤੇ ਫਾਰਸੀ ਦੀ ਪੜ੍ਹਾਈ ਨੂੰ ਉਤਸਾਹਤ ਕਰਨ ਲਈ ਹਰ ਸਾਲ ਇੱਕ ਲੱਖ ਰੁਪੈ ਖਰਚ ਕਰਿਆ ਕਰਨਗੇ ਅਤੇ ਨਾਲ ਹੀ ਉਹ ਇਹਨਾਂ ਭਾਸ਼ਾਵਾਂ ਦੀਆਂ ਕਿਤਾਬਾਂ ਵੀ ਛਾਪਿਆ ਕਰਨਗੇ। ਇਸੇ ਪੈਸੇ 'ਚੋਂ ਹੀ ਇਹਨਾਂ ਸੰਸਥਾਵਾਂ ਅੰਦਰ ਪੜ੍ਹਾਈ ਕਰਨ ਵਾਲੇ ਵਿਦਿਆਰਥੀਆਂ ਲਈ ਵਜੀਫੇ ਦੇਣ ਦੀ ਵੀ ਗੱਲ ਕਹੀ ਗਈ ਸੀ। ਪਰ 1835 'ਚ ਮੈਕਾਲੇ ਨੇ ਇਸ ਨੀਤੀ 'ਤੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ, "ਮੈਨੂੰ ਕਿਹਾ ਜਾਂਦਾ ਹੈ ਕਿ ਮੈਨੂੰ ਇੱਥੋਂ (ਭਾਰਤ) ਦੇ ਹਾਲਾਤ ਦੀ ਸਮਝ ਨਾ ਆਉਣ ਕਾਰਨ ਇਹਨਾਂ ਗੱਲਾਂ 'ਤੇ ਹੈਰਾਨੀ ਹੋ ਰਹੀ ਹੈ ਕਿ ਭਾਰਤ ਦੇ ਵਿਦਿਆਰਥੀਆਂ 'ਚ ਇਹ ਰਿਵਾਜ ਨਹੀ ਕਿ ਉਹ ਆਪਣੇ ਪੱਲਿਓਂ ਪੈਸੇ ਲਾ ਕੇ ਪੜ੍ਹਣ। ਇਹਦੇ ਨਾਲ ਮੈਨੂੰ ਆਪਣੀ ਸਮਝ 'ਤੇ ਹੋਰ ਵਧੇਰੇ ਯਕੀਨ ਬੱਝਿਆ ਹੈ। ਇਸ ਤੋਂ ਵੱਧ ਹੋਰ ਕੋਈ ਵੀ ਸੱਚ ਨਹੀਂ ਹੈ ਅਤੇ ਸੰਸਾਰ ਦੇ ਕਿਸੇ ਵੀ ਹਿੱਸੇ ਅੰਦਰ ਵੀ ਅਜਿਹਾ ਨਹੀਂ ਹੈ ਕਿ ਜਿਹੜੀ ਚੀਜ਼ ਕਿਸੇ ਵਿਅਕਤੀ ਨੂੰ ਆਨੰਦ ਦਿੰਦੀ ਹੈ ਜਾਂ ਉਹਨੂੰ ਫਾਇਦਾ ਪਹੁੰਚਾਉਣ ਵਾਲੀ ਹੈ ਅਤੇ ਭਾਰਤ ਇਹਦੇ ਨਾਲੋਂ ਕੋਈ ਅੱਡਰੀ ਸ਼ੈਅ ਨਹੀਂ ਹੈ ਕਿ ਇੱਥੇ ਵੀ ਕੋਈ ਉਹਦੇ ਲਈ ਪੈਸੇ ਅਦਾ ਨਾ ਕਰੇ। ਕੀ ਜਦੋਂ ਲੋਕਾਂ ਨੂੰ ਭੁੱਖ ਲੱਗਦੀ ਹੈ ਤਾਂ ਚੌਲ ਖਾਣ ਲਈ ਉਹਨਾਂ ਨੂੰ ਪੈਸੇ ਅਦਾ ਕਰਨ ਦੀ ਲੋੜ ਨਹੀਂ ਪੈਂਦੀ, ਇਉਂ ਹੀ ਕੀ ਸਿਆਲਾਂ ਦੀ ਯੱਖ ਸਰਦੀ ਤੋਂ ਬਚਣ ਲਈ ਨਿੱਘੇ ਗਰਮ ਵਸਤਰ ਪਹਿਨਣ 'ਤੇ ਉਹ ਪੈਸੇ ਨਹੀਂ ਖਰਚਦੇ। ਮੁੱਦੇ 'ਤੇ ਆਉਂਦੇ ਹਾਂ- ਜਿਹੜੇ ਨਿਆਣੇ ਪਿੰਡ ਦੇ ਸਕੂਲ ਮਾਸਟਰ ਪਾਸੋਂ ਊੜਾ-ਐੜਾ ਜਾਂ ਥੋੜ੍ਹਾ-ਬਹੁਤ ਗਣਿਤ ਸਿੱਖਦੇ ਹਨ, ਕੀ ਮਾਸਟਰ ਉਹਨਾਂ ਨੂੰ ਇਹ ਸਿਖਾਉਣ ਬਦਲੇ ਪੈਸੇ ਦਿੰਦਾ ਹੈ। ਉਹਨੂੰ ਉਹਨਾਂ ਬੱਚਿਆਂ ਨੂੰ ਇਹ ਸਿਖਾਉਣ ਬਦਲੇ ਪੈਸੇ ਦਿੱਤੇ ਜਾਂਦੇ ਹਨ। ਤਾਂ ਫਿਰ ਕੀ ਗੱਲ ਹੈ ਕਿ ਲੋਕਾਂ ਨੂੰ ਸੰਸਕ੍ਰਿਤ ਜਾਂ ਫਾਰਸੀ ਸਿੱਖਣ ਬਦਲੇ ਪੈਸੇ ਅਦਾ ਕੀਤੇ ਜਾਣ? ਗੱਲ ਪੂਰੀ ਤਰ੍ਹਾਂ ਸਪੱਸ਼ਟ ਹੈ, ਕਿਉਂਕਿ ਇਹ ਗੱਲ ਆਲਮੀ ਪੱਧਰ 'ਤੇ ਹੀ ਮਹਿਸੂਸ ਕੀਤੀ ਗਈ ਹੈ ਕਿ ਸੰਸਕ੍ਰਿਤ ਤੇ ਫਾਰਸੀ ਜ਼ੁਬਾਨ ਅਜਿਹੀਆਂ ਹਨ ਕਿ ਉਹਨਾਂ 'ਤੇ ਮੁਹਾਰਤ ਪਾਉਣ 'ਤੇ ਹੋਣ ਵਾਲੇ ਸਮੇਂ ਤੇ ਸ਼ਕਤੀ ਦੇ ਮੁਕਾਬਲੇ 'ਚ ਉਹਨਾਂ ਦਾ ਮੁੱਲ ਨਹੀਂ ਪੈਂਦਾ। ਇਹਨਾਂ ਸਾਰੇ ਵਿਸ਼ਿਆਂ ਦੇ ਮਾਮਲਿਆਂ 'ਚ ਮੰਡੀ ਹੀ ਪ੍ਰਤੱਖ-ਪ੍ਰਮਾਣ ਹੈ, ਹੋਰ ਕਿਸੇ ਗਵਾਹੀ ਦੀ ਕੋਈ ਲੋੜ ਹੀ ਨਹੀਂ ਹੈ।"

ਇਸ ਤੋਂ ਅੱਗੇ ਉਸ ਨੇ ਇਸ ਵਿਸ਼ੇ ਬਾਰੇ ਆਪਣੇ ਵਿਚਾਰਾਂ ਨੂੰ ਹੋਰ ਵਿਆਖਿਆ ਸਹਿਤ ਦੱਸਦਿਆਂ ਸਬੂਤ ਦਿੰਦਿਆਂ ਕਿਹਾ, 'ਪਿਛਲੇ ਸਾਲ ਸੰਸਕ੍ਰਿਤ ਕਾਲਜ ਦੇ ਕੁਝ ਸਾਬਕਾ ਵਿਦਿਆਰਥੀਆਂ ਨੇ ਕਮੇਟੀ ਸਾਹਮਣੇ ਇੱਕ ਰਿੱਟ ਦਾਇਰ ਕੀਤੀ ਸੀ। ਪਟੀਸ਼ਨਰਾਂ ਦਾ ਕਹਿਣਾ ਸੀ ਕਿ ਉਨ੍ਹਾਂ ਕਾਲਜ 'ਚ ਦਸ-ਬਾਰਾਂ ਸਾਲ ਦੀ ਪੜ੍ਹਾਈ ਕਰਕੇ ਹਿੰਦੂ ਸਾਹਿਤ ਤੇ ਵਿਗਿਆਨ 'ਤੇ ਆਪਣੀ ਮੁਹਾਰਤ ਹਾਸਲ ਕੀਤੀ ਹੈ ਕਿ ਉਹਨਾਂ ਨੂੰ ਇਸ ਮੁਹਾਰਤ ਦੇ ਸਰਟੀਫਿਕੇਟ ਵੀ ਮਿਲੇ ਹੋਏ ਹਨ। ਇਸ ਸਾਰੇ ਕੁਝ ਦਾ ਫਾਇਦਾ ਹੀ ਕੀ ਹੈ? ਉਹਨਾਂ ਦਾ ਕਹਿਣਾ ਸੀ ਕਿ ਤੁਹਾਡੀ ਮਾਣਯੋਗ ਕਮੇਟੀ ਦੀ ਕ੍ਰਿਪਾਲੂ ਦ੍ਰਿਸ਼ਟੀ ਹੋਣ ਤੋਂ ਬਿਨਾਂ ਸਾਡੀ ਜ਼ਿੰਦਗੀ 'ਚ ਸੁਧਾਰ ਕਰਨ 'ਚ ਇਹਨਾਂ ਸਰਟੀਫਿਕੇਟਾਂ ਦੀ ਕੋਈ ਵੁੱਕਤ ਨਹੀਂ, ਸਾਡੇ ਮੁਲਕ ਦੇ ਲੋਕ ਹੀ ਆਮ ਤੌਰ 'ਤੇ ਸਾਨੂੰ ਬੇਗਾਨਗੀ ਨਾਲ ਦੇਖਦੇ ਹਨ। ਸਾਨੂੰ ਉਹਨਾਂ ਪਾਸੋਂ ਕਿਸੇ ਵੀ ਹੌਸਲਾ-ਅਫਜ਼ਾਈ ਅਤੇ ਇਮਦਾਦ ਦੀ ਕੋਈ ਆਸ ਨਹੀਂ ਹੈ।' ਇਸ ਲਈ ਉਹਨਾਂ ਅਰਜ਼ ਕੀਤੀ ਕਿ ਉਹਨਾਂ ਨੂੰ ਸਰਕਾਰ 'ਚ ਕੰਮ ਕਰਨ ਲਈ ਗਵਰਨਰ ਜਨਰਲ ਕੋਲ ਉਹਨਾਂ ਦੀ ਸਿਫਾਰਸ਼ ਕੀਤੀ ਜਾਵੇ, ਜ਼ਰੂਰੀ ਨਹੀਂ ਕਿ ਉਹਨਾਂ ਨੂੰ ਕੋਈ ਉੱਚਾ ਅਹੁਦਾ ਹੀ ਦਿੱਤਾ ਜਾਵੇ, ਪਰ ਉਹ ਨੌਕਰੀ ਅਜਿਹੀ ਹੋਵੇ ਕਿ ਉਹ ਜਿਓਂਦੇ ਰਹਿ ਕੇ ਆਪਣਾ ਗੁਜ਼ਰ-ਬਸਰ ਕਰ ਸਕਣ। ਉਹਨਾਂ ਦਾ ਕਹਿਣਾ ਸੀ, 'ਸਾਨੂੰ ਚੰਗੇਰੀ ਜ਼ਿੰਦਗੀ ਜਿਓਣ ਲਈ ਅਤੇ ਅਗਾਂਹ ਵੱਲ ਵਧਣ ਲਈ ਕੋਈ ਵਸੀਲੇ ਚਾਹੀਦੇ ਹਨ।

(● ਬਾਕੀ ਸਫ਼ਾ 9 'ਤੇ)

ਯੂਨੀਵਰਸਿਟੀ ਮੁਲਾਜ਼ਮਾਂ 'ਤੇ 6ਵਾਂ ਤਨਖਾਹ ਕਮਿਸ਼ਨ ਲਾਗੂ ਕਰਨ ਤੋਂ ਭਗਵੰਤ ਮਾਨ ਸਰਕਾਰ ਇਨਕਾਰੀ

ਪੰਜਾਬ ਦੇ ਮੁਲਾਜ਼ਮਾਂ ਤੋਂ ਡੀ ਲਿੰਕ ਕਰਨ ਦੀਆਂ ਕੋਝੀਆਂ ਚਾਲਾਂ ਛੱਡ ਕੇ ਲੋੜੀਂਦੇ ਫੰਡ ਜਾਰੀ ਨਾ ਕੀਤੇ ਤਾਂ ਹੋਵੇਗਾ ਤਿੱਖਾ ਸੰਘਰਸ਼ : ਸਰਾਭਾ, ਰਾਣਵਾਂ, ਡੀ ਪੀ ਮੌੜ

ਲੁਧਿਆਣਾ (ਐੱਮ ਐੱਸ ਭਾਟੀਆ, ਰੈਕਟਰ ਕਥੂਰੀਆ)

ਪੰਜਾਬ ਸਰਕਾਰ ਵੱਲੋਂ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ, ਗੁਰੂ ਅੰਗਦ ਦੇਵ ਵੈਟਨਰੀ ਐਂਡ ਐਨੀਮਲ ਸਾਇੰਸ ਯੂਨੀਵਰਸਿਟੀ, ਪੰਜਾਬੀ ਯੂਨੀਵਰਸਿਟੀ ਪਟਿਆਲਾ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਮੁਲਾਜ਼ਮਾਂ ਨੂੰ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਲਾਗੂ ਨਾ ਕਰਕੇ ਪੰਜਾਬ ਦੇ ਮੁਲਾਜ਼ਮਾਂ ਨਾਲੋਂ ਡੀ ਲਿੰਕ ਕਰ ਦਿੱਤਾ ਹੈ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾਈ ਸਰਪ੍ਰਸਤ ਚਰਨ ਸਿੰਘ ਸਰਾਭਾ, ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਪੀ ਏ ਯੂ ਰਿਟਾਇਰੀਜ਼ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਕਾ. ਡੀ ਪੀ ਮੌੜ, ਜਨਰਲ ਸਕੱਤਰ ਜੇ ਐੱਲ ਨਰੰਗ ਤੇ ਪੀ ਏ ਯੂ ਇੰਪਲਾਈਜ਼ ਲੁਧਿਆਣਾ ਦੇ ਪ੍ਰਧਾਨ ਬਲਦੇਵ ਸਿੰਘ ਵਾਲੀਆ, ਜਨਰਲ ਸਕੱਤਰ ਮਨਮੋਹਨ ਸਿੰਘ, ਫੈਡਰੇਸ਼ਨ ਦੇ ਜਨਰਲ ਸਕੱਤਰ ਸੁਰਿੰਦਰ ਪੁਆਰੀ ਨੇ ਇੱਕ ਸਾਂਝੇ ਬਿਆਨ ਰਾਹੀਂ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਇਸ ਮੁਲਾਜ਼ਮ ਵਿਰੋਧੀ ਫੈਸਲੇ ਦੀ ਸਖਤ ਨਿਖੇਧੀ ਕਰਦਿਆਂ ਕਿਹਾ ਕਿ ਇਨ੍ਹਾਂ ਯੂਨੀਵਰਸਿਟੀਆਂ ਦੇ ਮੁਲਾਜ਼ਮ ਪਹਿਲਾਂ ਤੋਂ ਹੀ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਦੇ ਪੈਟਰਨ 'ਤੇ ਹੀ ਤਨਖਾਹ ਸਕੇਲ ਪ੍ਰਾਪਤ ਕਰਦੇ ਆ ਰਹੇ ਹਨ। ਇਸ ਵਾਰ ਇਨ੍ਹਾਂ ਯੂਨੀਵਰਸਿਟੀਆਂ ਦੇ ਮੁਲਾਜ਼ਮਾਂ 'ਤੇ 6ਵੇਂ ਤਨਖਾਹ ਕਮਿਸ਼ਨ ਪੰਜਾਬ ਵੱਲੋਂ ਸਿਫਾਰਸ਼ ਕੀਤੇ ਤਨਖਾਹ ਸਕੇਲ ਲਾਗੂ ਕਰਨ ਤੇ ਲੋੜੀਂਦੇ ਫੰਡ ਜਾਰੀ ਕਰਨ ਤੋਂ ਇਨਕਾਰ ਕਰਨਾ ਸਰਾਸਰ ਧੱਕਾ ਹੈ। ਸਾਥੀ ਰਣਜੀਤ ਸਿੰਘ ਰਾਣਵਾਂ, ਕਾ. ਡੀ ਪੀ ਮੌੜ ਤੇ ਬਲਦੇਵ ਸਿੰਘ ਵਾਲੀਆ ਨੇ ਕਿਹਾ ਕਿ ਜੇਕਰ ਯੂਨੀਵਰਸਿਟੀ ਮੁਲਾਜ਼ਮਾਂ ਨੂੰ ਪੰਜਾਬ ਦੇ ਮੁਲਾਜ਼ਮਾਂ ਤੋਂ ਡੀ ਲਿੰਕ ਕਰਨ ਦੀਆਂ ਕੋਝੀਆਂ ਚਾਲਾਂ ਬੰਦ ਨਾ ਕੀਤੀਆਂ ਤੇ ਤਨਖਾਹ ਸਕੇਲ ਲਾਗੂ ਕਰਨ ਲਈ ਲੋੜੀਂਦੇ ਫੰਡਜ਼ ਜਾਰੀ ਨਾ ਕੀਤੇ ਤਾਂ ਤਿੱਖੇ ਸੰਘਰਸ਼ ਦੇ ਰਾਹ ਪੈਣ ਤੋਂ ਗਰੇਜ਼ ਨਹੀਂ ਕੀਤਾ ਜਾਵੇਗਾ। ਆਗੂਆਂ ਨੇ ਦੱਸਿਆ ਕਿ ਇਹ ਮਾਮਲਾ 22 ਫਰਵਰੀ ਨੂੰ ਮੁੱਖ ਮੰਤਰੀ ਪੰਜਾਬ ਪੱਧਰ 'ਤੇ ਹੋਣ ਵਾਲੀ ਪੈਨਲ ਮੀਟਿੰਗ ਵਿੱਚ ਉਠਾਇਆ ਜਾਵੇਗਾ। ਫੈਡਰੇਸ਼ਨ ਦੇ ਸੂਬਾਈ ਸਰਪ੍ਰਸਤ ਚਰਨ ਸਿੰਘ ਸਰਾਭਾ ਤੇ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਮੁੱਖ ਜਥੇਬੰਦਕ ਸਕੱਤਰ ਜਗਦੀਸ਼ ਸਿੰਘ ਚਾਹਲ ਵੱਲੋਂ ਇਨ੍ਹਾਂ ਯੂਨੀਵਰਸਿਟੀਆਂ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸਾਂਝੇ ਹਿੱਤਾਂ ਨੂੰ ਮੁੱਖ ਰੱਖਦਿਆਂ ਪਸਸਫ 1680/22-ਬੀ ਨਾਲ ਚੱਲਣ ਦੇ ਫੈਸਲੇ ਦਾ ਸਵਾਗਤ ਵੀ ਕੀਤਾ।

ਪਾਵਰ ਮੈਨੇਜਮੈਂਟ ਤੇ ਪੰਜਾਬ ਸਰਕਾਰ ਖਿਲਾਫ਼ ਅਰਥੀ ਫੂਕ ਰੈਲੀ

ਧੂਰੀ (ਸੁਖਦੇਵ ਧੂਰੀ)

ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਮੰਡਲ ਧੂਰੀ ਵਿਖੇ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ ਸੁਖਦੇਵ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਦੀ ਅਰਥੀ ਫੂਕ ਰੈਲੀ ਕੀਤੀ ਗਈ। ਇਸ ਮੌਕੇ ਪਹੁੰਚੇ ਸੂਬਾ ਪ੍ਰਧਾਨ ਅਵਿਨਾਸ਼ ਚੰਦਰ ਸ਼ਰਮਾ, ਸੁਖਵਿੰਦਰ ਸਿੰਘ ਮਾਲੇਰਕੋਟਲਾ, ਬਲਵੰਤ ਸਿੰਘ, ਮੁਖਤਿਆਰ ਸਿੰਘ, ਮੁਰਾਰੀ ਲਾਲ ਨੇ ਪੰਜਾਬ ਸਰਕਾਰ ਦੀ ਪੈਨਸ਼ਨਰਾਂ ਪ੍ਰਤੀ ਧਾਰੀ ਚੁੱਪ ਦੀ ਨਿੰਦਾ ਕੀਤੀ ਕਿ ਪੰਜਾਬ ਸਰਕਾਰ ਤੇ ਪਾਵਰ ਮੈਨੇਜਮੈਂਟ ਮੰਗਾਂ ਪ੍ਰਤੀ ਸੰਜੀਦਾ ਨਹੀਂ ਹੈ। ਮੀਟਿੰਗਾਂ ਵਿੱਚ ਮੰਗਾਂ ਮੰਨ ਕੇ ਵੀ ਲਾਗੂ ਨਹੀਂ ਕੀਤੀਆਂ ਜਾ ਰਹੀਆਂ, ਜਿਵੇਂ ਕਿ 31 ਦਸੰਬਰ 2015 ਤੋਂ ਪਹਿਲਾਂ ਰਿਟਾਇਰ ਹੋਏ ਸਾਥੀਆਂ ਨੂੰ 2.45 ਫੈਕਟਰ ਦੀ ਥਾਂ 2.59 ਫੈਕਟਰ ਦੇਣ, ਡੀ ਏ ਦੀ ਕਿਸ਼ਤਾਂ ਤੇ ਪੇ ਸਕੇਲਾਂ ਦਾ ਏਰੀਅਰ ਯਕਮੁਸ਼ਤ ਦੇਣਾ, ਮੈਡੀਕਲ ਭੱਤਾ 2000 ਰੁਪਏ ਫੀ ਮਹੀਨਾ ਕਰਨਾ, ਮੈਡੀਕਲ ਕੈਸ਼ਲੈੱਸ ਸਕੀਮ ਲਾਗੂ ਕਰਨਾ, 23 ਸਾਲਾ ਇੰਕਰੀਮੈਂਟ ਬਿਨਾਂ ਸ਼ਰਤ ਲਾਗੂ ਕਰਨਾ ਤੇ ਹਾਈਕੋਰਟ ਦੇ ਫ਼ੈਸਲੇ ਅਨੁਸਾਰ ਡੀ ਏ 113 ਫੀਸਦੀ ਤੋਂ ਵਧਾ ਕੇ 119 ਫੀਸਦੀ ਕਰਨਾ ਆਦਿ ਲਾਗੂ ਕਰਨ ਦੀ ਮੰਗ ਕੀਤੀ ਗਈ।

ਬੁਲਾਰਿਆਂ ਜੋਗਿੰਦਰ ਸਿੰਘ ਹਰਚੰਦਪੁਰੀ, ਜਸਪਾਲ ਸਿੰਘ ਖੁਰਮੀ, ਸੰਤੋਖ ਸਿੰਘ, ਅਮਰਜੀਤ ਅਮਨ, ਹਰਦੇਵ ਸਿੰਘ, ਇੰਦਰਜੀਤ ਸਿੰਘ, ਬਲਵਿੰਦਰ ਸਿੰਘ ਚਾਂਗਲੀ ਨੇ ਸਰਕਾਰ ਤੇ ਪਾਵਰ ਮੈਨੇਜਮੈਂਟ ਵਿਰੁੱਧ ਪੰਜਾਬ, ਯੂ ਟੀ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੱਦੇ 'ਤੇ 15 ਫ਼ਰਵਰੀ ਨੂੰ ਡੀ ਸੀ ਦਫ਼ਤਰਾਂ ਅੱਗੇ ਰੋਸ ਪ੍ਰਗਟ ਕਰਦਿਆਂ ਮੰਗ ਪੱਤਰ ਦੇਣ ਦਾ ਫ਼ੈਸਲਾ ਵੀ ਕੀਤਾ ਗਿਆ ਅਤੇ ਇਹ ਵੀ ਐਲਾਨ ਕੀਤਾ ਗਿਆ ਕਿ ਪੰਜਾਬ ਸਰਕਾਰ ਦਾ ਬਜਟ ਸੈਸ਼ਨ ਸ਼ੁਰੂ ਹੋਣ ਵਾਲੇ ਦਿਨ ਮੋਹਾਲੀ ਵਿਖੇ ਸੂਬਾ ਪੱਧਰੀ ਵਿਸ਼ਾਲ ਧਰਨਾ ਦਿੱਤਾ ਜਾਵੇਗਾ ਤੇ 10 ਮਾਰਚ ਨੂੰ ਪਾਵਰਕਾਮ ਦੇ ਮੁੱਖ ਦਫ਼ਤਰ ਵਿਖੇ ਰੋਸਮਈ ਧਰਨਾ ਦਿੱਤਾ ਜਾਵੇਗਾ, ਜਿਸ ਵਿੱਚ ਧੂਰੀ ਮੰਡਲ ਦੇ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।

ਪੇਅ ਪੈਰਿਟੀ ਨੂੰ ਲੈ ਕੇ ਵੈਟਰਨਰੀ ਡਾਕਟਰਾਂ ਨੇ ਵਿੱਢਿਆ ਸੰਘਰਸ਼

ਰੋਸ ਪੰਦਰਵਾੜੇ ਦੇ ਪਹਿਲੇ ਦਿਨ ਡਿਪਟੀ ਡਾਇਰੈਕਟਰ ਦਫਤਰ ਅੱਗੇ ਧਰਨਾ

ਸੰਗਰੂਰ (ਪ੍ਰਵੀਨ ਸਿੰਘ)-ਪਸ਼ੂ ਪਾਲਣ ਵਿਭਾਗ ਵਿੱਚ ਕੰਮ ਕਰਦੇ ਵੈਟਰਨਰੀ ਅਫਸਰਾਂ ਨੇ ਅਪਣੇ ਹਮ ਰੁਤਬਾ ਮੈਡੀਕਲ ਅਫਸਰਾਂ ਨਾਲ ਚਿਰਾਂ ਤੋਂ ਚੱਲੀ ਆ ਰਹੀ ਪੇਅ ਪੈਰਿਟੀ ਦੀ ਬਹਾਲੀ ਲਈ ਡਿਪਟੀ ਡਾਇਰੈਕਟਰ ਦਫਤਰ ਦੇ ਬਾਹਰ ਕਾਲੇ ਬਿੱਲੇ ਲਾ ਕੇ ਧਰਨਾ ਲਾਉਂਦਿਆਂ ਰੋਸ ਜ਼ਾਹਰ ਕੀਤਾ। 21 ਫਰਵਰੀ ਤੱਕ ਚੱਲਣ ਵਾਲੇ ਇਸ ਰੋਸ ਪੰਦਰਵਾੜੇ ਬਾਰੇ ਜਾਣਕਾਰੀ ਦਿੰਦਿਆਂ ਜੁਆਇੰਟ ਐਕਸ਼ਨ ਕਮੇਟੀ ਆਫ ਵੈਟਸ ਫਾਰ ਪੇਅ ਪੈਰਿਟੀ ਦੇ ਕੋ-ਕਨਵੀਨਰ ਡਾ. ਗਗਨਦੀਪ ਕੌਸ਼ਲ ਨੇ ਕਿਹਾ ਕਿ ਪਿਛਲੀ ਕਾਂਗਰਸ ਸਰਕਾਰ ਨੇ ਵੈਟਰਨਰੀ ਅਫਸਰਾਂ ਦਾ ਐਂਟਰੀ ਸਕੇਲ 56100/- ਤੋਂ ਘਟਾ ਕੇ 47600/- ਕਰ ਦਿੱਤਾ ਸੀ। ਇਸ ਘੋਰ ਬੇਇਨਸਾਫੀ ਖਿਲਾਫ ਸਰਕਾਰ ਨੂੰ ਵਾਰ-ਵਾਰ ਮੈਮੋਰੰਡਮ ਦੇਣ ਦੇ ਬਾਵਜੂਦ ਇਹ ਮਸਲਾ ਪਿਛਲੇ ਦੋ ਸਾਲ ਤੋਂ ਜਿਉਂ ਦਾ ਤਿਉਂ ਖੜਾ ਹੈ, ਜਿਸ ਕਾਰਨ ਮਜਬੂਰ ਹੋ ਕੇ ਵੈਟਰਨਰੀ ਡਾਕਟਰਾਂ ਨੂੰ ਸੰਘਰਸ਼ ਦਾ ਬਿਗਲ ਵਜਾਉਣਾ ਪਿਆ ਹੈ। ਉਨ੍ਹਾ ਕਿਹਾ ਕਿ ਮੈਡੀਕਲ ਅਫਸਰਾਂ ਨਾਲ ਪੇਅ ਪੈਰਿਟੀ ਦਾ ਮਸਲਾ ਮਹਿਜ ਕੋਈ ਆਰਥਿਕ ਮਸਲਾ ਨਹੀਂ ਹੈ, ਸਗੋਂ ਇਹ ਸਮੁੱਚੇ ਵੈਟਰਨਰੀ ਪ੍ਰੋਫੈਸ਼ਨ ਦੀ ਆਨ-ਸ਼ਾਨ ਤੇ ਸਮਾਜਿਕ ਰੁਤਬੇ ਦਾ ਮਸਲਾ ਹੈ।

ਧਰਨੇ ਨੂੰ ਸੰਬੋਧਨ ਕਰਦਿਆਂ ਐਕਸ਼ਨ ਕਮੇਟੀ ਦੇ ਜ਼ਿਲ੍ਹਾ ਆਰਗੇਨਾਈਜ਼ਰ ਡਾ. ਤਰਪਿੰਦਰਜੀਤ ਸਿੰਘ ਨੇ ਕਿਹਾ ਕਿ ਤੋੜੀ ਗਈ ਇਸ ਪੇਅ ਪੈਰਿਟੀ ਦਾ ਅਹਿਮ ਮਸਲਾ ਉਹ ਪਹਿਲਾਂ ਵੀ ਬਹੁਤ ਵਾਰ ਲਿਖਤੀ ਰੂਪ 'ਚ ਮੌਜੂਦਾ ਸਰਕਾਰ ਦੇ ਧਿਆਨ ਵਿੱਚ ਲਿਆਉਂਦੇ ਰਹੇ ਹਨ, ਪਰ ਸਰਕਾਰ ਝੂਠੇ ਲਾਰੇ ਲਾ ਕੇ ਟਾਲ ਮਟੋਲ ਵਾਲੀ ਨੀਤੀ 'ਤੇ ਚੱਲ ਰਹੀ ਹੈ, ਜਿਸ ਕਾਰਨ ਮਜਬੂਰ ਹੋ ਕੇ ਵੈਟਰਨਰੀ ਡਾਕਟਰਾਂ ਨੂੰ ਸਰਕਾਰ ਖਿਲਾਫ ਝੰਡਾ ਚੁੱਕਣਾ ਪਿਆ ਹੈ। ਇਸ ਇਕੱਠ ਨੂੰ ਹੋਰਨਾਂ ਤੋਂ ਇਲਾਵਾ ਡਾ. ਹਰਬੰਸ ਸਿੰਘ ਭਿੰਡਰ, ਡਾ. ਜਸਕਰਨ ਸਿੰਘ, ਡਾ. ਵਿਕਰਮ ਕਪੂਰ, ਡਾ. ਸਤਵੀਰ ਸਿੰਘ, ਡਾ. ਗਗਨਦੀਪ ਸਿੰਘ ਘਰਾਚੋਂ, ਡਾ. ਸੁਖਪਾਲ ਸਿੰਘ, ਡਾ. ਖੁਸ਼ਵਿੰਦਰ ਸਿੰਘ, ਡਾ. ਰਵਨੀਤ ਕੌਰ ਤੇ ਡਾ. ਦੁਸ਼ਿਅੰਤ ਕੁਮਾਰ ਨੇ ਵੀ ਸੰਬੋਧਨ ਕੀਤਾ। ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਭਰੇ ਲਹਿਜੇ 'ਚ ਕਿਹਾ ਕਿ ਜੇ ਹੁਣ ਵੀ ਸਰਕਾਰ ਨੇ ਉਨ੍ਹਾਂ ਨਾਲ ਇਨਸਾਫ ਨਾ ਕੀਤਾ ਤਾਂ ਉਹ ਅਪਣੇ ਸੰਘਰਸ਼ ਨੂੰ ਹੋਰ ਤਿੱਖਾ ਰੂਪ ਦੇਣ ਲਈ ਮਜਬੂਰ ਹੋਣਗੇ।

ਇਕੱਠੇ ਹੋਏ ਵੈਟਰਨਰੀ ਡਾਕਟਰਾਂ ਨੇ ਅੰਤ ਵਿੱਚ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਸੁਖਵਿੰਦਰ ਸਿੰਘ ਤੇ ਸਹਾਇਕ ਨਿਰਦੇਸ਼ਕ ਡਾ. ਹਰਪ੍ਰੀਤ ਸਿੰਘ ਬਿੰਦ ਰਾਹੀਂ ਪੰਜਾਬ ਸਰਕਾਰ ਨੂੰ ਇੱਕ ਮੈਮੋਰੰਡਮ ਵੀ ਭੇਜਿਆ।

ਕਾਤਰਾਂ

ਰੋਟਰੀ ਕਲੱਬ ਵੱਲੋਂ ਮੁਫਤ ਜਾਂਚ ਕੈਂਪ ਭਲਕੇ

ਜ਼ੀਰਾ (ਨਰਿੰਦਰ ਅਨੇਜਾ)-ਰੋਟਰੀ ਕਲੱਬ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਦੀ ਲੜੀ ਤਹਿਤ ਰੋਟਰੀ ਕਲੱਬ ਜ਼ੀਰਾ ਵੱਲੋਂ ਮੇਦਾਂਤਾ ਹਸਪਤਪਾਲ ਗੁਰੂਗ੍ਰਾਮ ਨੂੰ ਸਹਿਯੋਗ ਕਰਦਿਆਂ ਜ਼ੀਰਾ ਦੇ ਮੱਲਾਂਵਾਲਾ ਰੋਡ ਵਿਖੇ ਸਥਿਤ ਜੋਤ ਹਸਪਤਾਲ ਵਿਖੇ 11 ਫਰਵਰੀ ਨੂੰ ਦਿਲ ਤੇ ਹੱਡੀਆਂ ਦੀ ਫਰੀ ਜਾਂਚ ਸੰਬੰਧੀ ਕੈਂਪ ਲਾਇਆ ਜਾਵੇਗਾ। ਇਸ ਸੰਬੰਧੀ ਗੱਲਬਾਤ ਕਰਦਿਆਂ ਰੋਟਰੀ ਕਲੱਬ ਜ਼ੀਰਾ ਦੇ ਪ੍ਰਧਾਨ ਰਾਜੇਸ਼ ਢੰਡ, ਸੀਨੀਅਰ ਮੈਂਬਰ ਐਡਵੋਕੇਟ ਸਤਨਾਮ ਸਿੰਘ, ਸੈਕਟਰੀ ਗਗਨ ਨਰੂਲਾ, ਉਦੇ ਰੰਦੇਵ, ਵਿਪਨ ਸੇਠੀ, ਡਾ: ਪਰਮਪ੍ਰੀਤ ਸਿੰਘ, ਸੁਖਦੇਵ ਰਾਜ ਅਨੇਜਾ ਤੇ ਮਹਿੰਦਰਪਾਲ ਗਰੋਵਰ ਨੇ ਦੱਸਿਆ ਕਿ ਇਹ ਕੈਂਪ ਸਵੇਰੇ 9 ਵਜੇ ਸ਼ੁਰੂ ਹੋ ਕੇ ਦੁਪਹਿਰ 2 ਵਜੇ ਤੱਕ ਲੱਗੇਗਾ ਤੇ ਕੈਂਪ ਦੌਰਾਨ ਲੋੜਵੰਦਾਂ ਦੇ ਬਲੱਡ ਪ੍ਰੈਸ਼ਰ, ਈ.ਸੀ.ਜੀ, ਬਲੱਡ ਸ਼ੂਗਰ, ਫੇਫੜਿਆਂ ਦੀ ਜਾਂਚ ਲਈ ਪੀ.ਐੱਫ.ਟੀ. ਤੇ ਹੱਡੀਆਂ ਦੀ ਜਾਂਚ ਲਈ ਬੀ.ਐੱਮ.ਡੀ. ਟੈਸਟ ਮੁਫ਼ਤ ਕੀਤੇ ਜਾਣਗੇ।

ਸਮਾਜ ਸੇਵੀਆਂ ਨੇ ਲਾਇਆ ਲੰਗਰ

ਭੀਖੀ (ਧਰਮਵੀਰ ਸ਼ਰਮਾ)-ਸਥਾਨਕ ਥਾਣਾ ਰੋਡ ਤੇ ਸਮਾਜ ਸੇਵੀਆ ਵੱਲੋਂ ਗੁਰੂ ਰਵਿਦਾਸ ਜੀ ਦੇ ਗੁਰਪੁਰਬ ਨੂੰ ਸਮਰਪਤ ਵਿਸ਼ਾਲ ਲੰਗਰ ਸਮਾਜ ਸੇਵੀ ਡਾ. ਧਰਮਪਾਲ ਸਿਘ ਜੱਸੜ ਤੇ ਗੁਰਦੀਪ ਸਿੰਘ ਕੱਤਰੀ ਦੀ ਅਗਵਾਈ ਹੇਠ ਲਾਇਆ ਗਿਆ। ਇਸ ਮੌਕੇ ਪੰਜ ਪਿਆਰਿਆਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਲੰਗਰ ਵੀ ਅਤੁੱਟ ਵਰਤਾਇਆ ਗਿਆ। ਇਸ ਮੌਕੇ ਡੀ ਐੱਸ ਪੀ ਪ੍ਰਿਤਪਾਲ ਸਿੰਘ, ਐੱਸ ਐੱਚ ਓ ਹਰਭਜਨ ਸਿੰਘ, ਸਹਾਇਕ ਥਾਣੇਦਾਰ ਅਮਰੀਕ ਸਿੰਘ, ਰਜਿੰਦਰ ਸਿੰਘ ਚਹਿਲ, ਬੱਬੂ ਆਦਿ ਹਾਜ਼ਰ ਸਨ।

ਰੋਸ ਮੁਜ਼ਾਹਰਾ ਕੱਲ੍ਹ

ਸੰਗਰੂਰ (ਪ੍ਰਵੀਨ ਸਿੰਘ)-ਸਿਹਤ ਵਿਭਾਗ ਦੇ ਮਲਟੀਪਰਪਜ਼ ਕੇਡਰ ਮੇਲ ਦੀਆਂ 2210 ਹੈੱਡ 06 ਅਧੀਨ ਹਜ਼ਾਰਾਂ ਮੁਲਾਜ਼ਮਾਂ ਨੂੰ ਨਵੰਬਰ ਤੋਂ ਲੈ ਕੇ ਹੁਣ ਤੱਕ ਤਨਖਾਹਾਂ ਨਾ ਮਿਲਣ ਕਾਰਨ ਸਿਹਤ ਵਿਭਾਗ ਦੇ ਮੁਲਾਜ਼ਮਾਂ ਵਿੱਚ ਨਿਰਾਸ਼ਾ ਤੇ ਸਰਕਾਰ ਖਿਲਾਫ ਰੋਸ ਫੈਲ ਗਿਆ ਹੈ। ਇਸ ਕਰਕੇ ਇਨ੍ਹਾਂ ਮੁਲਾਜ਼ਮਾਂ ਵੱਲੋਂ ਪੰਜਾਬ ਦੇ ਕੈਬਨਿਟ ਮੰਤਰ ਵਿੱਤ ਤੇ ਯੋਜਨਾ ਹਰਪਾਲ ਸਿੰਘ ਚੀਮਾ ਦੀ ਰਹਾਇਸ਼ ਸੰਗਰੂਰ ਦੇ ਬਾਹਰ 11 ਫਰਵਰੀ ਨੂੰ ਰੋਸ ਮੁਜ਼ਾਹਰਾ ਕੀਤਾ ਜਾਵੇਗਾ। ਇਹ ਜਾਣਕਾਰੀ ਪ੍ਰੈੱਸ ਨੂੰ ਮਲਟੀਪਰਪਜ਼ ਹੈਲਥ ਇੰਪਲਾਈਜ਼ ਮੇਲ/ਫੀਮੇਲ ਯੂਨੀਅਨ ਪੰਜਾਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ, ਕਨਵੀਨਰ ਗੁਰਦੇਵ ਸਿੰਘ ਢਿੱਲੋਂ ਨੇ ਦਿੱਤੀ।

ਸਾਹਿਤਕ ਸਮਾਗਮ 12 ਨੂੰ

ਪਟਿਆਲਾ (ਨ ਜ਼ ਸ)-ਪੰਜਾਬੀ ਸਾਹਿਤ ਸਭਾ ਪਟਿਆਲਾ ਵੱਲੋਂ ਕੇਂਦਰੀ ਪੰਜਾਬੀ ਮਿੰਨੀ ਕਹਾਣੀ ਲੇਖਕ ਮੰਚ ਦੇ ਸਹਿਯੋਗ ਨਾਲ ਭਾਸ਼ਾ ਵਿਭਾਗ ਪਟਿਆਲਾ ਵਿਖੇ 12 ਫਰਵਰੀ 2023 ਨੂੰ ਸਵੇਰੇ 10 ਵਜੇ ਵਿਸ਼ੇਸ਼ ਸਾਹਿਤਕ ਸਮਾਗਮ ਕਰਵਾਇਆ ਜਾ ਰਿਹਾ ਹੈ। ਪੰਜਾਬੀ ਸਾਹਿਤ ਸਭਾ ਪਟਿਆਲਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ 'ਆਸ਼ਟ' ਤੇ ਮਿੰਨੀ ਕਹਾਣੀ ਲੇਖਕ ਮੰਚ ਦੇ ਪ੍ਰਧਾਨ ਡਾ. ਹਰਪ੍ਰੀਤ ਸਿੰਘ ਰਾਣਾ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਸਮਾਗਮ ਦੇ ਮੁੱਖ ਮਹਿਮਾਨ ਕੁਰਕਸ਼ੇਤਰਾ ਯੂਨੀਵਰਸਿਟੀ, ਕੁਰੂਕਸ਼ੇਤਰਾ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਕੁਲਦੀਪ ਸਿੰਘ ਹੋਣਗੇ ਤੇ ਪ੍ਰਧਾਨਗੀ ਪੰਜਾਬੀ ਲੇਖਕ ਤੇ ਸਮਾਜ ਸੇਵੀ ਮੋਹਨ ਸ਼ਰਮਾ ਕਰਨਗੇ। ਇਸ ਵਿਸ਼ੇਸ਼ ਇਕੱਤਰਤਾ ਵਿੱਚ ਸਭਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ ਆਸ਼ਟ ਤੋਂ ਇਲਾਵਾ ਡਾ. ਹਰਪ੍ਰੀਤ ਸਿੰਘ ਰਾਣਾ, ਸੀਨੀਅਰ ਮੀਤ ਪ੍ਰਧਾਨ ਕਹਾਣੀਕਾਰ ਬਾਬੂ ਸਿੰਘ ਰੈਹਲ ਤੇ ਜਨਰਲ ਸਕੱਤਰ ਸ੍ਰੀਮਤੀ ਵਿਜੇਤਾ ਭਾਰਦਵਾਜ ਆਦਿ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ।

ਸਵਾਮੀ ਵਿਵੇਕਾਨੰਦ ਗਰੁੱਪ ਵਿਖੇ ਤਕਨੀਕੀ ਵਿਕਾਸ ਬਾਰੇ ਅੰਤਰਰਾਸ਼ਟਰੀ ਕਾਨਫਰੰਸ

ਰਾਜਪੁਰਾ (ਰਮੇਸ਼ ਕਟਾਰੀਆ)

ਸਵਾਮੀ ਵਿਵੇਕਾਨੰਦ ਗਰੁੱਪ ਆਫ ਇੰਸਟੀਚਿਊਟਸ ਨੇ ਆਪਣੇ ਕੈਂਪਸ ਵਿੱਚ ਤਕਨੀਕੀ ਵਿਕਾਸ ਬਾਰੇ ਅੰਤਰਰਾਸ਼ਟਰੀ ਕਾਨਫਰੰਸ ਦਾ ਆਯੋਜਨ ਕੀਤਾ। ਇਸ ਕਾਨਫਰੰਸ ਵਿੱਚ ਮੁੱਖ ਮਹਿਮਾਨ ਪ੍ਰਤੀਕ ਕਿਸ਼ੋਰ ਡਾਇਰੈਕਟਰ ਟੀ.ਬੀ.ਆਰ.ਐੱਲ., ਡੀ.ਆਰ.ਡੀ.ਓ. ਚੰਡੀਗੜ੍ਹ ਨੇ ਹਾਜ਼ਰੀਨ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਵਿਚਾਰ ਦੱਸੇ। ਮਹਿਮਾਨਾਂ ਵਿੱਚ ਪ੍ਰੋ. (ਡਾ.) ਕੇ.ਪੀ.ਐੱਸ. ਰਾਣਾ, ਡੀਨ ਐੱਨ.ਐੱਸ.ਯੂ. ਟੀ. ਦਿੱਲੀ, ਕਰਨਲ ਰਾਜੀਵ ਭਾਰਗਵ, ਐਸੋਸੀਏਟ ਡਾਇਰੈਕਟਰ, ਆਈ.ਐੱਸ.ਬੀ. ਮੋਹਾਲੀ, ਪ੍ਰੋ. (ਡਾ.) ਸੁਨੀਲ ਕੇ ਸਿੰਘ, ਹੈੱਡ ਕੰਪਿਊਟਰ ਸਾਇੰਸ ਇੰਜਨੀਰਿੰਗ ਤੇ ਡੀਨ ਵਿਦਿਆਰਥੀ ਭਲਾਈ, ਸੀ.ਸੀ.ਈ.ਟੀ. ਚੰਡੀਗੜ੍ਹ ਅਤੇ ਮਿਸ ਅਲਪਾ ਗੁਪਤਾ, ਚੀਫ ਲਰਨਿੰਗ ਅਫਸਰ, ਕੈਲੀਅਸ ਕੰਸਲਟੈਂਸੀ ਨੇ ਵੀ ਰਚਨਾਤਮਕ ਬਣਨ ਦੇ ਵੱਖ-ਵੱਖ ਤਰੀਕਿਆਂ ਅਤੇ ਇਸ ਤਰੀਕੇ ਨਾਲ ਕਿਵੇਂ ਅੱਗੇ ਵਧਣਾ ਹੈ, ਜਿਸ ਨਾਲ ਟਿਕਾਊ ਵਿਕਾਸ ਹੋ ਸਕੇ, ਬਾਰੇ ਆਪਣੇ ਵਿਚਾਰ ਦਿੱਤੇ। ਇਸ ਮੌਕੇ ਚੇਅਰਮੈਨ ਅਸਵਨੀ ਗਰਗ ਤੇ ਪ੍ਰਧਾਨ ਅਸ਼ੋਕ ਗਰਗ ਮੌਜੂਦ ਸਨ। ਸ੍ਰੀ ਵਿਸ਼ਾਲ ਗਰਗ (ਡਾਇਰੈਕਟਰ ਸਕੱਤਰੇਤ ਤੇ ਪ੍ਰਸਾਸਨ), ਸ੍ਰੀ ਸਾਹਿਲ ਗਰਗ (ਪ੍ਰੋਜੈਕਟ ਡਾਇਰੈਕਟਰ), ਸ੍ਰੀ ਸੁਭਮ ਗਰਗ (ਡਾਇਰੈਕਟਰ ਪਲੇਸਮੈਂਟ), ਸ੍ਰੀ ਅੰਕੁਰ ਗਿੱਲ (ਡਾਇਰੈਕਟਰ ਓਪਰੇਸ਼ਨਜ਼) ਤੇ ਡਾ: ਸ਼ਸ਼ੀ ਜਾਵਲਾ (ਕਾਨਫਰੰਸ ਚੇਅਰਪਰਸਨ) ਨੇ ਸਾਰੇ ਪਤਵੰਤਿਆਂ ਤੇ ਭਾਗ ਲੈਣ ਵਾਲਿਆਂ ਦਾ ਸਵਾਗਤ ਕੀਤਾ। ਕਾਨਫਰੰਸ ਦੀ ਸ਼ੁਰੂਆਤ ਮਹਿਮਾਨਾਂ ਵੱਲੋਂ ਸ਼ਮ੍ਹਾਂ ਰੌਸ਼ਨ ਕਰਨ ਦੀ ਰਸਮ ਨਾਲ ਕੀਤੀ ਗਈ। ਉਪਰੰਤ ਕਾਨਫਰੰਸ ਦੇ ਚੇਅਰਪਰਸਨ ਡਾ. ਸ਼ਸ਼ੀ ਜਾਵਲਾ, ਐੱਚ.ਓ.ਡੀ. ਈ.ਸੀ.ਈ. ਦੁਆਰਾ ਸਵਾਗਤੀ ਭਾਸ਼ਣ ਤੇ ਡਾ. ਸੌਰਭ ਸ਼ਰਮਾ, ਡੀਨ ਸੀ.ਐੱਸ.ਈ. ਦੁਆਰਾ ਸੰਸਥਾਗਤ ਸੰਖੇਪ ਜਾਣਕਾਰੀ ਦਿੱਤੀ ਗਈ। ਭਾਗੀਦਾਰਾਂ ਦੁਆਰਾ ਕੀਤੇ ਗਏ ਖੋਜ ਕਾਰਜਾਂ ਦੀ ਪੇਸ਼ਕਾਰੀ ਲਈ ਅਗਲੇ ਸੈਸ਼ਨ ਦਾ ਆਯੋਜਨ ਕੀਤਾ ਗਿਆ। ਕਾਨਫਰੰਸ ਵਿੱਚ ਮੁੱਖ ਭਾਗੀਦਾਰਾਂ ਵਿੱਚ ਵੱਖ-ਵੱਖ ਯੂਨੀਵਰਸਿਟੀਆਂ ਤੇ ਸੰਸਥਾਵਾਂ ਦੇ ਡੈਲੀਗੇਟ ਸ਼ਾਮਲ ਸਨ। ਸਵਾਮੀ ਵਿਵੇਕਾਨੰਦ ਗਰੁੱਪ ਦੇ ਮਾਨਯੋਗ ਚੇਅਰਮੈਨ ਅਸਵਨੀ ਗਰਗ ਨੇ ਕਾਨਫਰੰਸ ਦੌਰਾਨ ਖੋਜਕਰਤਾਵਾਂ ਤੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਅਤੇ ਮਹਿਮਾਨਾਂ ਨੂੰ ਸਨਮਾਨਤ ਕੀਤਾ। ਪ੍ਰੋ. (ਡਾ.) ਵਿਕਾਸ ਚਾਵਲਾ ਡੀਨ ਅਕਾਦਮਿਕ ਆਈ.ਕੇ.ਜੀ.ਪੀ.ਟੀ.ਯੂ. ਨੇ ਭਾਗ ਲੈਣ ਵਾਲਿਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਯਤਨਾਂ ਲਈ ਸਨਮਾਨਤ ਕੀਤਾ। ਪ੍ਰੋਗਰਾਮ ਦੇ ਅਖੀਰ ਵਿੱਚ ਡਾ. ਪ੍ਰਤੀਕ ਗਰਗ ਨੇ ਸਾਰਿਆਂ ਦਾ ਧੰਨਵਾਦ ਕੀਤਾ।

ਵਿਜੀਲੈਂਸ ਆਪਣੀ ਜਾਂਚ 'ਚ ਤੇਜ਼ੀ ਲਿਆਵੇ : ਸੱਤਪਾਲ ਡੋਡ

ਜੈਤੋ (ਸਤੀਸ਼ ਕੁਮਾਰ ਭੀਗੀ)-ਬਦਲਾਅ ਲਿਆਉਣ ਦੇ ਵਾਅਦੇ ਨਾਲ ਭਾਰੀ ਬਹੁਮਤ ਪ੍ਰਾਪਤ ਕਰਕੇ ਪੰਜਾਬ ਦੀ ਸੱਤਾ 'ਤੇ ਕਾਬਜ਼ ਆਮ ਆਦਮੀ ਪਾਰਟੀ ਨੂੰ ਹੁਣ ਨਗਰ ਕੌਂਸਲ ਵੱਲ ਉਚੇਚੇ ਤੌਰ 'ਤੇ ਧਿਆਨ ਦੇਣਾ ਚਾਹੀਦਾ ਹੈ। ਕਿਸੇ ਨੇ ਵੀ ਕੰਮ ਕਰਾਉਣਾ ਹੋਵੇ ਤਾਂ ਪ੍ਰਤੀ ਕੰਮ ਫੀਸ ਤੈਅ ਹੈ ਤੇ ਜੇਕਰ ਕੋਈ ਵਾਰ ਵਾਰ ਗੇੜੇ ਮਾਰਦਾ ਅੱਕ ਕੇ ਬੋਲ ਪਵੇ ਤਾਂ ਭ੍ਰਿਸ਼ਟ ਟੋਲਾ ਅਕਸਰ ਹੀ ਇਹ ਗੱਲ ਕਹਿੰਦਾ ਹੈ ਕਿ ਸਾਨੂੰ ਤਾਂ ਸ਼ਿਕਾਇਤਾਂ ਕਰਨ ਵਾਲੇ ਤੇ ਆਰ ਟੀ ਆਈ ਪਾਉਣ ਵਾਲੇ ਸਾਹ ਨਹੀਂ ਲੈਣ ਦਿੰਦੇ, ਜੋ ਸਰਾਸਰ ਗ਼ਲਤ ਕਹਿੰਦੇ ਹਨ, ਕਿਉਂਕਿ ਇਨ੍ਹਾਂ ਵੱਲੋਂ ਪਿਛਲੇ ਕਈ ਸਾਲਾਂ ਤੋਂ ਕਿਸੇ ਨੂੰ ਆਰ ਟੀ ਆਈ ਵਿੱਚ ਮੰਗੀ ਕੋਈ ਸੂਚਨਾ ਨਹੀਂ ਦਿੱਤੀ ਗਈ ਅਤੇ ਨਾ ਹੀ ਸੂਚਨਾ ਨਾ ਦੇਣ ਲਈ ਕੋਈ ਕਾਰਨ ਦੱਸਿਆ ਗਿਆ ਹੈ।

ਸੂਚਨਾ ਕਮਿਸ਼ਨਰ ਪੰਜਾਬ ਵਿੱਚ ਅਨੇਕਾਂ ਵਾਰ ਭਾਰੀ ਜੁਰਮਾਨੇ ਤੇ ਬੇਹਿਆਈ ਕਰਾਉਣ ਕਰਕੇ ਨਮੋਸ਼ੀ ਦਾ ਸਾਹਮਣਾ ਕਰਨਾ ਪਿਆ। ਨਗਰ ਕੌਂਸਲ ਦੇ ਅਧਿਕਾਰੀਆਂ ਤੇ ਕ੍ਰਮਚਾਰੀਆਂ ਕੋਲ ਸਹੀ ਕੰਮ ਨਾ ਕਰਨ ਲਈ ਸ਼ਿਕਾਇਤ ਅਤੇ ਆਰ ਟੀ ਆਈ ਵਰਗੇ ਸੌ-ਸੌ ਬਹਾਨੇ ਹਨ, ਪਰ ਜੇਕਰ ਆਪਣੀ ਤਨਖਾਹ, ਭੱਤੇ ਲੈਣੇ ਹੋਣ ਜਾਂ ਤੈਅ ਕੀਤੀ ਫ਼ੀਸ ਮਿਲ ਜਾਵੇ ਤਾਂ ਰਿਕਾਰਡ ਨੂੰ ਖੁਰਦ-ਬੁਰਦ ਕਰਨ ਲਈ ਦੇਰ ਨਹੀਂ ਲਾਉਂਦੇ।

ਜ਼ਿਕਰਯੋਗ ਹੈ ਕਿ ਜੇਕਰ ਨਗਰ ਕੌਂਸਲ ਦੇ ਅਕਾਊਂਟ ਬ੍ਰਾਂਚ ਨੂੰ ਪੁੱਠਾ ਕਰਕੇ ਝਾੜਿਆ ਜਾਵੇ ਤੇ ਪਿਛਲੇ 20 ਮਹੀਨਿਆਂ ਦੇ ਪਾਸ ਕੀਤੇ ਗਏ ਬਿੱਲਾਂ ਅਤੇ ਕੀਤੇ ਗਏ ਕੰਮਾਂ ਦੀ ਘੋਖ ਕੀਤੀ ਜਾਵੇ ਤਾਂ ਭ੍ਰਿਸ਼ਟਾਚਾਰ ਦੀ ਨਦੀ ਵਿੱਚ ਗੋਤੇ ਲਾਉਣ ਵਾਲੇ ਅਧਿਕਾਰੀ ਅਤੇ ਕ੍ਰਮਚਾਰੀ ਨੰਗੇ ਕੀਤੇ ਜਾ ਸਕਦੇ ਹਨ। ਪਿਛਲੇ ਦਿਨੀਂ ਐੱਮ ਐੱਲ ਏ ਅਮੋਲਕ ਸਿੰਘ ਵੱਲੋਂ ਨਗਰ ਕੌਂਸਲ ਵਿੱਚ ਕੀਤੀ ਗਈ ਮੀਟਿੰਗ ਵਿੱਚ ਚੱਲ ਰਹੀਆਂ ਬੇਨਿਯਮੀਆਂ ਅਤੇ ਲੋਕਾਂ ਨੂੰ ਆ ਰਹੀਆਂ ਔਕੜਾਂ ਨੂੰ ਲੈ ਕੇ ਨਗਰ ਕੌਂਸਲ ਪ੍ਰਧਾਨ ਸੁਰਜੀਤ ਸਿੰਘ ਬਾਬਾ ਨੂੰ ਪ੍ਰਧਾਨਗੀ ਤੋਂ ਲਾਂਭੇ ਕਰਨ ਲਈ ਚੇਤਾਵਨੀ ਦਿੱਤੀ ਗਈ। ਇਨ੍ਹਾਂ ਸਾਰੀਆਂ ਗੱਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੱਤਪਾਲ ਡੋਡ ਨੇ ਵਿਜੀਲੈਂਸ ਨੂੰ ਸੁਨੇਹਾ ਦਿੱਤਾ ਕਿ ਉਹ ਰਿਕਾਰਡ ਖੁਰਦ ਬੁਰਦ ਕਰਨ ਵਾਲੇ ਭ੍ਰਿਸ਼ਟਾਚਾਰੀਆਂ ਨੂੰ ਘੇਰਨ ਲਈ ਆਪਣੀ ਜਾਂਚ ਵਿੱਚ ਤੇਜ਼ੀ ਲਿਆਵੇ।

ਪੰਜਾਬ ਸਰਕਾਰ ਪੈਨਸ਼ਨਰ ਯੂਨੀਅਨ ਦੀਆਂ ਮੰਗਾਂ ਨੂੰ ਜਲਦੀ ਲਾਗੂ ਕਰੇ : ਗੁਰਦੀਪ ਮੋਤੀ

ਜਗਰਾਓਂ (ਨਛੱਤਰ ਸੰਧੂ)

ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਜਗਰਾਓਂ ਬ੍ਰਾਂਚ ਦੀ ਮੀਟਿੰਗ ਗੁਰਦੀਪ ਸਿੰਘ ਮੋਤੀ, ਗੁਰਮੇਲ ਸਿੰਘ ਮੈਲਡੇ, ਅਵਤਾਰ ਸਿੰਘ ਸੂਬਾ ਸਕੱਤਰ, ਪਰਮਜੀਤ ਸਿੰਘ ਜਨਰਲ ਸਕੱਤਰ ਦੀ ਹਾਜ਼ਰੀ ਵਿੱਚ ਹੋਈ। ਬੁਲਾਰਿਆਂ ਨੇ ਦੱਸਿਆ ਕਿ 29 ਜਨਵਰੀ ਦੀ ਸੰਗਰੂਰ ਰੈਲੀ ਵਿੱਚ ਹਜ਼ਾਰਾਂ ਮੁਲਾਜ਼ਮਾਂ ਨੇ ਹਿੱਸਾ ਲਿਆ ਤੇ ਸਰਕਾਰ ਦੀ ਬੇਰੁਖੀ ਦੀ ਨਿੰਦਿਆ ਕੀਤੀ।

ਪੈਨਸ਼ਨਰਾਂ ਨੇ ਮੰਗ ਕੀਤੀ ਕਿ ਲੋਕਾਂ ਦੇ ਫ਼ੈਸਲੇ ਅਨੁਸਾਰ 119×ਡੀ.ਏ. ਦਾ ਬਕਾਇਆ ਸਮੁੱਚੇ ਮੁਲਾਜ਼ਮਾਂ/ਪੈਨਸ਼ਨਰਾਂ ਨੂੰ ਦਿੱਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, 1/01/16 ਤੋਂ ਬਣਦਾ ਬਕਾਇਆ ਨਕਦ ਜਾਰੀ ਕੀਤਾ ਜਾਵੇ, ਪੈਨਸ਼ਨਰਾਂ ਦੇ ਮੈਡੀਕਲ ਬਿੱਲ ਜਲਦੀ ਪਾਸ ਕੀਤੇ ਜਾਣ, ਲੱਖਾਂ ਰੁਪਏ ਦੇ ਬਿੱਲ ਡਾਇਰੈਕਟਰ ਹੈਲਥ ਦੇ ਦਫ਼ਤਰ ਵਿੱਚ ਕਾਫ਼ੀ ਸਮੇਂ ਤੋਂ ਲਟਕ ਰਹੇ ਹਨ। ਇਸ ਸਮੇਂ ਫ਼ੈਸਲਾ ਕੀਤਾ ਕਿ ਸਾਂਝੇ ਮੋਰਚੇ ਦੇ ਪ੍ਰੋਗਰਾਮ ਅਨੁਸਾਰ 15 ਫ਼ਰਵਰੀ ਨੂੰ ਜ਼ਿਲ੍ਹਾ ਪੱਧਰੀ ਰੈਲੀਆਂ ਤੇ 19 ਫ਼ਰਵਰੀ ਦੀ ਚੰਡੀਗੜ੍ਹ ਰੈਲੀ ਵਿੱਚ ਵਧ-ਚੜ੍ਹ ਕੇ ਹਿੱਸਾ ਲਿਆ ਜਾਵੇਗਾ। ਇਸ ਸਮੇਂ ਡਾਕਟਰ ਇੰਦਰਵੀਰ ਸਿੰਘ ਵੱਲੋਂ ਸਿਹਤ ਸਹੂਲਤਾਂ ਬਾਰੇ ਚਾਨਣਾ ਪਾਇਆ ਅਤੇ ਨਰੋਈ ਸਿਹਤ ਦੇ ਬਾਰੇ ਵੀ ਵਿਸ਼ੇਸ਼ ਤੌਰ 'ਤੇ ਚਾਨਣਾ ਪਾਇਆ ਗਿਆ। ਬ੍ਰਾਂਚ ਦੇ 70 ਸਾਲ ਦੀ ਉਮਰ ਪਾਰ ਕਰ ਰਹੇ ਸਾਥੀਆਂ ਨੂੰ ਸਨਮਾਨਤ ਕੀਤਾ ਗਿਆ। ਹੋਰਨਾਂ ਤੋਂ ਇਲਾਵਾ ਜਗਦੀਸ਼ ਸਿੰਘ ਕਾਉਕੇ, ਬਲਜੀਤ ਸਿੰਘ ਬਿੱਲੂ, ਪ੍ਰਿਤਪਾਲ ਸਿੰਘ ਪੰਡੋਰੀ, ਕਰਮਜੀਤ ਸਿੰਘ, ਦਲਜੀਤ ਸਿੰਘ ਚੂਹੜਚੱਕ, ਬਖ਼ਸ਼ੀਸ ਸਿੰਘ ਰਾਏਕੋਟ, ਪਾਲ ਸਿੰਘ ਫ਼ੌਜੀ, ਜਗਸੀਰ ਸਿੰਘ ਪ੍ਰਧਾਨ ਏਟਕ ਵੀ ਹਾਜ਼ਰ ਸਨ।

ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਸੰਬੰਧੀ 22 ਦੀ ਮੀਟਿੰਗ 'ਚ ਸਾਰੇ ਮਸਲੇ ਹੱਲ ਕੀਤੇ ਜਾਣ : ਪ ਸ ਸ ਫ

15 ਦੀਆਂ ਜ਼ਿਲ੍ਹਾ ਪੱਧਰੀ ਰੈਲੀਆਂ 'ਚ ਪ ਸ ਸ ਫ ਵੱਲੋਂ ਭਰਵੀਂ ਸ਼ਮੂਲੀਅਤ ਦਾ ਐਲਾਨ

ਲੁਧਿਆਣਾ (ਐੱਮ ਐੱਸ ਭਾਟੀਆ/ਰੈਕਟਰ ਕਥੂਰੀਆ)-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੀ ਸੂਬਾਈ ਕਾਰਜਕਾਰਨੀ ਦੀ ਮੀਟਿੰਗ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਦੀ ਪ੍ਰਧਾਨਗੀ ਹੇਠ ਇੱਕ ਮੀਟਿੰਗ ਸਥਾਨਕ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਹੋਈ। ਮੀਟਿੰਗ ਮੌਕੇ ਸਭ ਤੋਂ ਪਹਿਲਾਂ ਤੁਰਕੀ ਵਿੱਚ ਆਏ ਭੂਚਾਲ ਕਾਰਨ ਹੋਏ ਜਾਨੀ ਨੁਕਸਾਨ ਤੇ ਮੁਲਾਜ਼ਮ ਆਗੂ ਤਰਲੋਚਨ ਸਿੰਘ ਦੇ ਵਿਛੋੜੇ 'ਤੇ ਗਹਿਰਾ ਦੁੱਖ ਪ੍ਰਗਟ ਕੀਤਾ ਗਿਆ। ਮੀਟਿੰਗ ਵਿੱਚ ਜਥੇਬੰਦੀ ਦੇ ਸੂਬਾ ਸਰਪ੍ਰਸਤ ਚਰਨ ਸਿੰਘ ਸਰਾਭਾ, ਸੁਰਿੰਦਰ ਕੁਮਾਰ ਪੁਆਰੀ ਜਨਰਲ ਸਕੱਤਰ, ਮੁੱਖ ਜਥੇਬੰਦਕ ਜਗਦੀਸ਼ ਸਿੰਘ ਚਾਹਲ, ਪਾਵਰਕੌਮ ਪੈਨਸ਼ਨਰ ਦੇ ਸੂਬਾ ਪ੍ਰਧਾਨ ਰਾਧੇ ਸ਼ਾਮ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਗੁਰਮੇਲ ਸਿੰਘ ਮੈਲਡੇ, ਅਵਤਾਰ ਸਿੰਘ ਗੰਗੜਾ ਜਨਰਲ ਸਕੱਤਰ (ਪੰਜਾਬ ਪੈਨਸ਼ਨਰ ਯੂਨੀਅਨ) ਆਗੂਆਂ ਨੇ 29 ਜਨਵਰੀ ਨੂੰ ਪ.ਸ.ਸ.ਫ. ਨਾਲ ਸਬੰਧਤ ਤੇ ਸਹਿਯੋਗੀ ਜਥੇਬੰਦੀਆਂ ਵੱਲੋਂ ਭਗਵੰਤ ਸਿੰਘ ਮਾਨ ਸਰਕਾਰ ਦੇ ਮੁਲਾਜ਼ਮ ਤੇ ਪੈਨਸ਼ਨਰ ਮੰਗਾਂ ਪ੍ਰਤੀ ਬੇਰੁਖੀ ਵਿਰੁੱਧ ਕੀਤੀ ਗਈ ਕਾਮਯਾਬ ਤੇ ਵਿਸ਼ਾਲ ਰੈਲੀ ਵਿੱਚ ਸ਼ਮੂਲੀਅਤ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ।

ਆਗੂਆਂ ਨੇ ਕਿਹਾ ਕਿ ਸਿਵਲ ਤੇ ਪੁਲਸ ਪ੍ਰਸ਼ਾਸਨ ਵੱਲੋਂ ਮੁੱਖ ਮੰਤਰੀ ਪੰਜਾਬ ਦੇ ਨਾਲ 22 ਫਰਵਰੀ ਨੂੰ ਸਵੇਰੇ 11 ਵਜੇ ਚੰਡੀਗੜ੍ਹ ਸਥਿਤ ਸੀ.ਐੱਮ. ਰਿਹਾਇਸ਼ 'ਤੇ 25 ਮੈਂਬਰੀ ਵਫਦ ਨੂੰ ਮੀਟਿੰਗ ਕਰਨ ਦਾ ਪੱਤਰ ਸੌਂਪਣ 'ਤੇ ਬਾਅਦ ਬਜ਼ਾਰ ਵਿੱਚ ਕੀਤੇ ਜਾਣ ਵਾਲੇ ਰੋਸ ਮੁਜ਼ਾਹਰੇ ਦਾ ਪ੍ਰੋਗਰਾਮ ਮੁਲਤਵੀ ਕੀਤਾ ਗਿਆ ਸੀ। ਮੀਟਿੰਗ ਵੱਲੋਂ ਆਸ ਪ੍ਰਗਟਾਈ ਕਿ ਫੈਡਰੇਸ਼ਨ ਨਾਲ 22 ਫਰਵਰੀ ਨੂੰ ਹੋ ਰਹੀ ਪੈਨਲ ਮੀਟਿੰਗ ਵਿੱਚ ਮੁੱਖ ਮੰਤਰੀ ਪੰਜਾਬ ਵੱਲੋਂ ਲੱਖਾਂ ਮੁਲਾਜ਼ਮਾਂ, ਪੈਨਸ਼ਨਰਾਂ, ਠੇਕਾ ਤੇ ਆਊਟ ਸੋਰਸ ਕਰਮੀਆਂ, ਸਕੀਮ ਵਰਕਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਅਵਸਥਾ ਵਿੱਚ ਪਈਆਂ ਮੰਗਾਂ ਦਾ ਕੀਤੇ ਵਾਅਦਿਆਂ ਮੁਤਾਬਕ ਨਿਪਟਾਰਾ ਕੀਤਾ ਜਾਵੇਗਾ।

ਮੀਟਿੰਗ ਦੌਰਾਨ ਸਾਂਝੇ ਪੈਨਸ਼ਨਰ ਫਰੰਟ ਵੱਲੋਂ 15 ਫਰਵਰੀ ਨੂੰ ਐਲਾਨ ਕੀਤੇ ਜ਼ਿਲ੍ਹਾ ਪੱਧਰੀ ਐਕਸ਼ਨ ਤੇ ਰੈਲੀਆਂ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਚਿੰਤਾ ਜ਼ਾਹਰ ਕੀਤੀ ਕਿ ਕੇਂਦਰ ਦੀ ਮੋਦੀ ਸਰਕਾਰ ਦੀਆਂ ਲੋਕ ਤੇ ਦੇਸ਼ ਵਿਰੋਧੀ ਕਾਰਵਾਈਆਂ ਕਾਰਨ ਮਿਹਨਤਕਸ਼ ਵਰਗ ਕੰਗਾਲੀ ਵੱਲ ਵਧ ਰਿਹਾ ਹੈ। ਮਹਿੰਗਾਈ ਅਸਮਾਨੀ ਚੜ੍ਹ ਰਹੀ ਹੈ ਤੇ ਬੇਰੁਜ਼ਗਾਰੀ ਤੇਜ਼ੀ ਨਾਲ ਵਧ ਰਹੀ ਹੈ। ਬੀਤੇ ਸਮੇਂ 'ਚ ਪੰਜਾਬ ਸਰਕਾਰ ਸਮੇਤ ਕੁੱਝ ਹੋਰ ਰਾਜ ਸਰਕਾਰਾਂ ਵੱਲੋਂ 01 ਜਨਵਰੀ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ 'ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੇ ਫੈਸਲੇ ਕਰ ਰਹੀਆਂ ਹਨ ਤੇ ਕੇਂਦਰ ਸਰਕਾਰ ਵੱਲੋਂ ਕੰਟਰੀਬਿਊਟਰੀ ਫੰਡ ਵਿੱਚ ਮੁਲਾਜ਼ਮਾਂ ਦਾ ਜਮ੍ਹਾਂ ਫੰਡ ਦੇਣ ਤੋਂ ਕੋਰਾ ਜਵਾਬ ਦੇਣ ਦੀ ਸਖਤ ਨਿਖੇਧੀ ਕੀਤੀ। ਆਗੂਆਂ ਕਿਹਾ ਕਿ ਪ ਸ ਸ ਫ 1680 ਸੈਕਟਰ 22-ਬੀ, ਚੰਡੀਗੜ੍ਹ ਪੰਜਾਬ ਯੂ ਟੀ ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਫਰੰਟ ਦਾ ਵੀ ਹਿੱਸਾ ਹੈ, ਇਸ ਲਈ ਸਾਂਝੇ ਫਰੰਟ ਵੱਲੋਂ 19 ਫਰਵਰੀ ਨੂੰ ਐਲਾਨ ਕੀਤੀ ਚੰਡੀਗੜ੍ਹ ਰੋਸ ਰੈਲੀ ਵਿੱਚ ਵੀ ਸ਼ਮੂਲੀਅਤ ਕੀਤੀ ਜਾਵੇਗੀ।

ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਜਗਦੀਸ਼ ਸਿੰਘ ਚਾਹਲ ਨੇ ਭਗਵੰਤ ਮਾਨ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਪੰਜਾਬ ਦੇ 7 ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਸਮੇਤ ਠੇਕਾ ਕਰਮੀਆਂ ਤੇ ਸਕੀਮ ਵਰਕਰਾਂ ਦੀਆਂ ਮੰਗਾਂ ਦਾ ਜਲਦੀ ਗੱਲਬਾਤ ਰਾਹੀਂ ਨਿਪਟਾਰਾ ਨਾ ਕੀਤਾ ਅਤੇ ਪੇਸ਼ ਕੀਤੇ ਜਾਣ ਵਾਲੇ ਬਜਟ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਅੱਖੋਂ ਪਰੋਖੇ ਕੀਤਾ ਗਿਆ ਤਾਂ ਮੁਲਾਜ਼ਮ ਤੇ ਪੈਨਸ਼ਨਰਜ਼ ਵੱਲੋਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਮੀਟਿੰਗ ਵਿੱਚ ਮਤਾ ਪਾਸ ਕੀਤਾ ਕਿ ਸਿਹਤ, ਸਿੱਖਿਆ, ਟ੍ਰਾਂਸਪੋਰਟ ਤੇ ਬਿਜਲੀ ਵਿਭਾਗ ਦਾ ਤੁਰੰਤ ਕੌਮੀਕਰਨ ਕੀਤਾ ਜਾਵੇ, ਸਕੀਮ ਵਰਕਰਾਂ ਨੂੰ ਵਿਭਾਗਾਂ ਵਿੱਚ ਮਰਜ ਕਰਕੇ ਰੈਗੂਲਰ ਕੀਤਾ ਜਾਵੇ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਉਚੇਚੇ ਤੌਰ 'ਤੇ ਹਾਜ਼ਰ ਹੋਏ ਬਲਦੇਵ ਸਿੰਘ ਵਾਲੀਆ ਪ੍ਰਧਾਨ ਪੀ ਏ ਯੂ ਲੁਧਿਆਣਾ, ਦੀਦਾਰ ਸਿੰਘ ਪ੍ਰਧਾਨ ਗਡਵਾਸੂ, ਕਾ. ਡੀ ਪੀ ਮੌੜ ਤੇ ਮੁਲਾਜ਼ਮ ਆਗੂ ਨਛੱਤਰ ਸਿੰਘ ਭਾਣਾ ਫਰੀਦਕੋਟ, ਵਿਨੋਦ ਕੁਮਾਰ, ਮਨੀਸ਼ ਸ਼ਰਮਾ (ਟੀਚਰ ਯੂਨੀਅਨ), ਹਰਬੰਸ ਸਿੰਘ ਪੰਧੇਰ ਪ੍ਰਧਾਨ (ਲੁਧਿਆਣਾ), ਕਰਤਾਰ ਸਿੰਘ ਮੀਤ ਪ੍ਰਧਾਨ ਪੀ ਐੱਸ ਈ ਬੀ ਇੰਪ: ਫੈਡਰੇਸ਼ਨ (ਏਟਕ), ਅਮਰੀਕ ਸਿੰਘ ਮਸੀਤਾਂ, ਬਲਵੀਰ ਕੌਰ ਗਿੱਲ ਜਨ: ਸਕੱਤਰ ਤੇ ਸੁਖਵਿੰਦਰ ਸਿੰਘ ਸੁੱਖੀ ਪ੍ਰਧਾਨ, ਬਲਵਿੰਦਰ ਕੌਰ ਭੈਣੀ ਬਾਘਾ ਚੇਅਰਮੈਨ ਮਾਨਸਾ ਆਲ ਇੰਡੀਆ ਆਸ਼ਾ ਵਰਕਰ ਤੇ ਫੈਸਿਲੀਟੇਟਰ ਯੂਨੀਅਨ ਸ਼ਾਮਲ ਸਨ। ਸੂਬਾ ਜਨਰਲ ਸਕੱਤਰ ਸੁਰਿੰਦਰ ਪੁਆਰੀ ਨੇ ਦੱਸਿਆ ਕਿ ਫੈਡਰੇਸ਼ਨ ਦੀ ਅਗਲੀ ਮੀਟਿੰਗ 25 ਫਰਵਰੀ ਨੂੰ 11 ਵਜੇ ਈਸੜੂ ਭਵਨ ਲੁਧਿਆਣਾ ਵਿਖੇ ਹੋਵੇਗੀ।

ਗੁਰੂ ਰਵਿਦਾਸ ਜੀ ਨੇ ਝੂਠੇ ਅਡੰਬਰਾਂ ਨੂੰ ਤਿਆਗਣ ਤੇ ਸਮਾਨਤਾ ਵਾਲਾ ਸਮਾਜ ਸਿਰਜਣ ਲਈ ਸਭ ਨੂੰ ਪ੍ਰੇਰਿਆ : ਵਿਧਾਇਕ ਅੰਮ੍ਰਿਤਪਾਲ ਸੁਖਾਨੰਦ

ਬਾਘਾ ਪੁਰਾਣਾ (ਮਨੀ ਸਿੰਗਲਾ)

ਮੰਡੀਰਾ ਵਾਲਾ ਰੋਡ 'ਤੇ ਸਥਿਤ ਬਾਬਾ ਜੀਵਨ ਸਿੰਘ ਨਗਰ ਵਿਖੇ ਗੁਰਦੁਆਰਾ ਬਾਬਾ ਜੀਵਨ ਸਿੰਘ (ਸੰਗਤਸਰ) ਵਿੱਚ ਸ੍ਰੀ ਗੁਰੂ ਰਵਿਦਾਸ ਭਗਤ ਜੀ ਦਾ ਪ੍ਰਕਾਸ਼ ਪੁਰਬ ਧੂਮਧਾਮ ਨਾਲ ਮਨਾਇਆ ਗਿਆ। ਪਿਛਲੇ ਦਿਨਾਂ ਤੋਂ ਪ੍ਰਕਾਸ਼ ਕਰਾਏ ਗਏ ਸ੍ਰੀ ਸਹਿਜ ਪਾਠ ਦੇ ਭੋਗ ਉਪਰੰਤ ਕੀਰਤਨੀ ਜਥੇ ਵੱਲੋਂ ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕਰਦਿਆਂ ਗੁਰੂ ਘਰ ਦੇ ਨਾਲ ਜੋੜਿਆ ਗਿਆ। ਸਮਾਗਮ ਵਿਚ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ, ਸਾਬਕਾ ਵਿਧਾਇਕ ਦਰਸ਼ਨ ਸਿੰਘ ਬਰਾੜ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਦੀਪਕ ਕੁਮਾਰ ਅਰੋੜਾ ਸਮਾਲਸਰ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਪੰਜਾਬ ਟਰੇਡ ਵਿੰਗ ਦੇ ਪ੍ਰਧਾਨ ਰਮਨ ਮਿੱਤਲ (ਰਿੰਪੀ ਮਿੱਤਲ), ਸੀਨੀਅਰ ਕਾਂਗਰਸੀ ਆਗੂ ਬਿੱਟੂ ਮਿੱਤਲ, ਆਮ ਆਦਮੀ ਪਾਰਟੀ ਦੇ ਵਲੰਟੀਅਰਜ਼ ਰਣਜੀਤ ਸਿੰਘ ਟੀਟੂ, ਧਰਮਿੰਦਰ ਸਿੰਘ ਰੱਖੜਾ, ਜਸਵੰਤ ਸਿੰਘ ਮਿੰਟ, ਗੁਰਸੇਵਕ ਸਿੰਘ ਬਰਾੜ, ਸੁਸਾਇਟੀ ਪ੍ਰਧਾਨ ਮੱਖਣ ਬਰਾੜ, ਸਾਬਕਾ ਕੌਂਸਲਰ ਜਗਸੀਰ ਸਿੰਘ ਜੱਗਾ, ਸਾਬਕਾ ਕੌਂਸਲਰ ਪ੍ਰਿਥੀ ਸਿੰਘ ਨੇ ਵੀ ਗੁਰੂ ਘਰ ਪਹੁੰਚ ਕੇ ਆਪਣੀ ਹਾਜ਼ਰ ਭਰੀ। ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਤੇ ਸਾਬਕਾ ਵਿਧਾਇਕ ਦਰਸ਼ਨ ਸਿੰਘ ਬਰਾੜ ਨੇ ਦਰਬਾਰ ਵਿਚ ਹਾਜ਼ਰ ਸਮੁੱਚੀ ਸੰਗਤ ਨੂੰ ਸ੍ਰੀ ਗੁਰੂ ਰਵਿਦਾਸ ਭਗਤ ਜੀ ਦਾ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਭਗਤ ਜੀ ਵੱਲੋਂ ਵਹਿਮਾਂ-ਭਰਮਾਂ ਦਾ ਖੰਡਨ ਕੀਤਾ ਤੇ ਸ਼ੁਦਰ ਉਨ੍ਹਾਂ ਦੀਆਂ ਸਿੱਖਿਆਵਾਂ ਦੁਆਰਾ ਮਾਨਵ ਜਾਤੀ ਦੇ ਕਲਿਆਣ ਵਾਸਤੇ ਜਾਤ-ਪਾਤ ਸਮਾਜਿਕ ਵੰਡ, ਝੂਠੇ ਆਡੰਬਰਾਂ ਨੂੰ ਤਿਆਗਣ ਅਤੇ ਸਮਾਨਤਾ ਵਾਲਾ ਸਮਾਜ ਸਿਰਜਣ ਲਈ ਸਭ ਨੂੰ ਪ੍ਰੇਰਿਆ ਅਤੇ ਉਨ੍ਹਾਂ ਨੇ ਇਕ ਪ੍ਰਮਾਤਮਾ ਨੂੰ ਮੰਨਣ 'ਤੇ ਜ਼ੋਰ ਦਿੱਤਾ। ਇਸ ਮੌਕੇ ਸੰਗਤ ਨੂੰ ਅਤੁੱਟ ਲੰਗਰ ਵੀ ਵਰਤਾਇਆ ਗਿਆ। ਇਸ ਮੌਕੇ ਰਵੀ, ਵਰਿੰਦਰ ਸਿੰਘ, ਅਸ਼ੋਕੀ, ਸੁੱਖਾ ਗਿੱਲ, ਮੁਨੀਸ਼ ਕੁਮਾਰ ਲਾਲਾ, ਪਰਮਜੀਤ ਸਿੰਘ, ਪਰਗਟ ਸਿੰਘ, ਸੁਖਮੰਦਰ ਸਿੰਘ ਭੱਟੀ, ਬਲਜੀਤ ਸਿੰਘ ਦੇ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

ਮਾਡਰਨ ਕਾਲਜ ਬੀਰ ਕਲਾਂ ਦਾ ਬੀ ਐੱਡ ਦਾ ਨਤੀਜਾ ਸ਼ਾਨਦਾਰ ਰਿਹਾ

ਚੀਮਾ ਮੰਡੀ (ਰਵਿੰਦਰ ਚੀਮਾ)-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਬੀ.ਐੱਡ. ਸਾਲ ਪਹਿਲਾ ਦੇ ਦੂਜੇ ਸਮੈਸਟਰ ਦੇ ਨਤੀਜਿਆਂ ਵਿੱਚ ਮਾਡਰਨ ਕਾਲਜ ਆਫ ਐਜੂਕੇਸ਼ਨ ਬੀਰ ਕਲਾਂ ਦਾ ਰਿਜਲਟ ਬਹੁਤ ਸ਼ਾਨਦਾਰ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਕਾਲਜ ਦੇ ਪ੍ਰਿੰਸੀਪਲ ਡਾ. ਵੀ. ਕੇ. ਰਾਏ ਨੇ ਦੱਸਿਆ ਕਿ ਪਹਿਲੀਆਂ 10 ਪੁਜ਼ੀਸ਼ਨਾਂ ਵਿੱਚ ਵਿਦਿਆਰਥਣ ਨਿਧੀ ਪੁੱਤਰੀ ਸੰਦੀਪ ਕੁਮਾਰ ਨੇ ਕੁੱਲ 500 ਵਿੱਚੋਂ 422 ਅੰਕ ਪ੍ਰਾਪਤ ਕਰਕੇ ਪਹਿਲਾ, ਨਿਸ਼ੂ ਆਰਿਆ ਪੁੱਤਰੀ ਰਾਮ ਪਾਲ ਤੇ ਮਨਪ੍ਰੀਤ ਕੌਰ ਪੁੱਤਰੀ ਅੰਗਰੇਜ ਸਿੰਘ ਨੇ 402 ਅੰਕ ਲੈ ਕੇ ਸਾਂਝੇ ਰੂਪ ਵਿੱਚ ਦੂਜਾ, ਸਿਮਰਨਜੀਤ ਕੌਰ ਪੁੱਤਰੀ ਕੁਲਵਿੰਦਰ ਸਿੰਘ ਨੇ 399 ਅੰਕ ਲੈ ਕੇ ਤੀਜਾ, ਮਨਪ੍ਰੀਤ ਕੌਰ ਪੁੱਤਰੀ ਨਿਰਮਲ ਸਿੰਘ ਨੇ 396 ਅੰਕ ਲੈ ਕੇ ਚੌਥਾ, ਇੰਦਰਜੀਤ ਕੌਰ ਪੁੱਤਰੀ ਦਰਸ਼ਨ ਸਿੰਘ ਨੇ 393 ਅੰਕ ਲੈ ਕੇ ਪੰਜਵਾਂ, ਮਨਪ੍ਰੀਤ ਕੌਰ ਪੁੱਤਰੀ ਸੁਖਪਾਲ ਸਿੰਘ ਨੇ 388 ਅੰਕ ਲੈ ਕੇ ਛੇਵਾਂ, ਸ਼ਿੰਦਰ ਕੌਰ ਪੁੱਤਰੀ ਹਜ਼ੂਰਾ ਸਿੰਘ ਤੇ ਕੈਥਰੀਨ ਪੁੱਤਰੀ ਧਰਮਿੰਦਰ ਕੁਮਾਰ ਨੇ 386 ਅੰਕ ਲੈ ਕੇ ਸੱਤਵਾਂ ਤੇ ਅਮਰਜੋਤ ਕੌਰ ਪੁੱਤਰੀ ਅਜੈਬ ਸਿੰਘ ਨੇ 384 ਅੰਕ ਲੈ ਕੇ ਅੱਠਵਾਂ ਸਥਾਨ ਹਾਸਲ ਕੀਤਾ ਹੈ। ਇਸ ਮੌਕੇ ਕਾਲਜ ਦੇ ਚੇਅਰਮੈਨ ਰਵਿੰਦਰ ਬਾਂਸਲ ਨੇ ਵਿਦਿਆਰਥੀਆਂ ਨੂੰ ਸ਼ਾਨਦਾਰ ਨਤੀਜੇ ਦੀ ਵਧਾਈ ਦਿੱਤੀ ਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਕਾਮਨਾ ਕੀਤੀ।

ਪ੍ਰੈਸ ਕਲੱਬ ਦੇ ਨਵੇਂ ਮੈਂਬਰਾਂ ਦਾ ਸਿਰੋਪਾਓ ਪਾ ਕੇ ਸਨਮਾਨ

ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸੋਢੀ)

ਗੁਰਪ੍ਰੀਤ ਸਿੰਘ ਸੰਧੂ ਦੀ ਅਗਵਾਈ ਵਾਲੀ ਪ੍ਰੈਸ ਕਲੱਬ ਦੇ ਪਰਵਾਰ ਵਿੱਚ ਉਸ ਵਕਤ ਹੋਰ ਵਾਧਾ ਹੋਇਆ, ਜਦੋਂ ਪੱਤਰਕਾਰ ਨਿਸ਼ਾਨ ਸਿੰਘ ਛਾਂਗਾ ਖੁਰਦ ਨੂੰ ਪ੍ਰੈਸ ਕਲੱਬ ਦੇ ਸਮੂਹ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਪ੍ਰਵਾਨਗੀ ਦੇਣ ਉਪਰੰਤ ਕਲੱਬ ਦੇ ਮੈਂਬਰ ਵਜੋਂ ਸ਼ਾਮਲ ਕਰ ਲਿਆ ਗਿਆ, ਜਿਨ੍ਹਾਂ ਨੂੰ ਪ੍ਰੈਸ ਕਲੱਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਸੰਧੂ ਤੇ ਕਲੱਬ ਚੇਅਰਮੈਨ ਹਰਪਾਲ ਸੋਢੀ ਤੇ ਉਪ ਚੇਅਰਮੈਨ ਤੇ ਦਫ਼ਤਰ ਇੰਚਾਰਜ ਡਾ. ਨਿਰਵੈਰ ਸਿੰਘ ਸਿੰਧੀ ਨੇ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ। ਨਵੇਂ ਸ਼ਾਮਲ ਹੋਏ ਮੈਂਬਰਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਕਲੱਬ ਦੇ ਨਿਯਮਾਂ ਅਨੁਸਾਰ ਲੋਕਾਂ ਦੀ ਆਵਾਜ ਬਣ ਕੇ ਸਮਾਜ ਦੀ ਸੇਵਾ ਕਰਨਗੇ।

ਇਸ ਮੌਕੇ ਵਾਈਸ ਪ੍ਰਧਾਨ ਜੋਗਿੰਦਰ ਸਿੰਘ ਭੋਲਾ, ਸੀਨੀਅਰ ਪੱਤਰਕਾਰ ਬਲਦੇਵ ਰਾਜ ਸ਼ਰਮਾ, ਸੀਨੀਅਰ ਪੱਤਰਕਾਰ ਜਸਬੀਰ ਕੰਬੋਜ, ਜਸਵੰਤ ਸਿੰਘ ਕੰਬੋਜ, ਰਾਜਿੰਦਰ ਸਿੰਘ ਹਾਂਡਾ, ਸੰਜੀਵ ਮਦਾਨ, ਤੇਜਿੰਦਰਪਾਲ ਢੀਂਗਰਾ, ਭੁਪਿੰਦਰ ਨਰੂਲਾ, ਲੱਕੀ ਨਰੂਲਾ, ਹਰਪ੍ਰੀਤ ਸਿੰਘ ਹੈਪੀ, ਦੀਪ ਸੋਨੀ, ਬਗੀਚਾ ਸਿੰਘ ਤੇ ਬਲਜੀਤ ਸਿੰਘ ਹਾਜ਼ਰ ਸਨ।

ANMOL INDIA LIMITED

CIN: L51909PB1998PLC050300

Registered Office: 2nd Floor, 2/43, B- Block, Aggar Nagar, Ludhiana, Punjab- 141001,
Tel.: 0161-4503400, Website: www.anmolindialtd.com, Email: csprabhjot@anmolindialtd.com

EXTRACT OF UNAUDITED STANDALONE FINANCIAL RESULTS FOR THE QUARTER AND NINE MONTHSENDED 31ST DECEMBER, 2022

(Amount in Crores Except EPS)

Particulars	Quarter Ended 31.12.2022 (Un-audited)	Quarter Ended 30.09.2022 (Un-audited)	Quarter Ended 31.12.2021 (Un-audited)	For Nine Months Ended 31.12.2022 (Un-audited)	For Nine Months Ended 31.12.2021 (Un-audited)	For the Year Ended 31.03.2022 (Audited)
Total Income from operations	355.26	132.11	302.12	1045.67	752.02	1064.57
Net Profit / (Loss) for the period (before Tax, Exceptional and / or Extra ordinary items#)	5.52	2.63	4.32	19.02	16.40	20.83
Net Profit / (Loss) for the period before tax (after Exceptional and / or Extra ordinary items#)	5.52	2.63	4.32	19.02	16.40	20.83
Net Profit / (Loss) for the period after tax (after Exceptional and / or Extra ordinary items#)	4.13	1.97	3.26	14.23	12.39	15.55
Total Comprehensive Income for the period [Comprising Profit / (Loss) for the period (after tax) and Other Comprehensive Income (after tax)]	4.13	1.97	3.26	14.23	12.39	15.58
Equity Share Capital	11.38	11.38	11.38	11.38	11.38	11.38
Reserves (excluding Revaluation Reserve) as shown in the Audited Balance Sheet of the previous year	-	-	-	-	-	49.02
Earnings Per Share (of Rs.10/- each) (for continuing operations)						
Basic	3.63	1.73	2.87	12.50	10.89	13.67
Diliuted	3.63	1.73	2.87	12.50	10.89	13.67

Note : a) The above is an extract of the detailed format of result for Quarter ended 31st December, 2022filed with the Stock Exchanges underRegulation33oftheSEBI(Listing and Other Disclosure Requirements) Regulations, 2015. The full form at of the said results are available on the websites of the Stock Exchanges websites at www.bseindia.com, www.nseindia.com and the listed entity at www.anmolindialtd.com. **b)**The Standalone Financial Results have been prepared in accordance with principles of Indian Accounting Standards (Ind AS) as specified by ICAI and Section 133 of the Companies Act, 2013.

For & On behalf of Anmol India Limited
Sd/-
Parabhjot Kaur
Company Secretary & Compliance Officer

Date : 10.02.2023
Place : Ludhiana

ਖੁੱਲ੍ਹੀ ਕਵਿਤਾ ਟੁੱਟੇ ਬਿੰਬ ਨੂੰ ਸੰਬੋਧਿਤ ਗਿਆਨਾਤਾਮਕ ਸਿਰਜਣਾ: ਅਰਤਿੰਦਰ ਸੰਧੂ

ਨਾਦ ਪ੍ਰਗਾਸੁ ਵੱਲੋਂ ਸਿਰਜਣ ਪ੍ਰਕਿਰਿਆ 'ਤੇ ਰੂਬਰੂ ਤੇ ਕਵੀ ਦਰਬਾਰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) : ਨਾਦ ਪ੍ਰਗਾਸੁ, ਸ੍ਰੀ ਅੰਮ੍ਰਿਤਸਰ ਵੱਲੋਂ 'ਕਾਵਿ ਸਿਰਜਣ ਪ੍ਰਕਿਰਿਆ' ਵਿਸ਼ੇ 'ਤੇ 7 ਫਰਵਰੀ ਨੂੰ ਦੂਜਾ ਮਹੀਨਾਵਾਰ ਪ੍ਰੋਗਰਾਮ ਅਤੇ 'ਯੁਵਾ ਕਵੀ ਦਰਬਾਰ' ਦਾ ਆਯੋਜਨ ਸੰਸਥਾ ਦੇ ਸੈਮੀਨਾਰ ਹਾਲ 'ਚ ਕਰਵਾਇਆ ਗਿਆ। ਇਸ ਸਮਾਗਮ 'ਚ ਪ੍ਰਸਿੱਧ ਕਵਿਤਰੀ ਅਰਤਿੰਦਰ ਸੰਧੂ ਨੇ ਸ਼ਿਰਕਤ ਕੀਤੀ ਅਤੇ ਉਨ੍ਹਾ ਵਿਦਿਆਰਥੀਆਂ ਨਾਲ ਆਪਣੀ ਕਾਵਿ ਸਿਰਜਣ ਪ੍ਰਕਿਰਿਆ ਦਾ ਅਨੁਭਵ ਸਾਂਝਾ ਕੀਤਾ। ਰਾਜਵੀਰ ਕੌਰ ਨੇ ਮੰਚ ਸੰਚਾਲਨ ਕਰਦਿਆਂ ਵੱਖ-ਵੱਖ ਵਿੱਦਿਅਕ ਅਦਾਰਿਆਂ ਤੋਂ ਆਏ ਵਿਦਿਆਰਥੀਆਂ ਅਤੇ ਉਭਰ ਰਹੇ ਕਵੀਆਂ ਦਾ ਗਰਮਜੋਸ਼ੀ ਨਾਲ ਸੁਆਗਤ ਕੀਤਾ। ਉਨ੍ਹਾ ਨਾਦ ਪ੍ਰਗਾਸੁ ਸੰਸਥਾ ਦੀਆਂ ਚਿੰਤਨ, ਸਾਹਿਤਕ ਅਤੇ ਅਕਾਦਮਿਕ ਗਤੀਵਿਧੀਆਂ ਬਾਰੇ ਦੱਸਦਿਆਂ ਕਿਹਾ ਕਿ ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਕਵੀਆਂ ਦੇ ਰੂਬਰੂ ਕਰਦਿਆਂ ਸਾਹਿਤ ਅਤੇ ਚਿੰਤਨ ਨਾਲ ਜੋੜਨਾ ਹੈ। ਅਰਤਿੰਦਰ ਸੰਧੂ ਨੇ ਆਪਣਾ ਅਨੁਭਵ ਸਾਂਝਾ ਕਰਦਿਆਂ ਕਿਹਾ ਕਿ ਮਨੁੱਖ ਦੀ ਆਪਣੇ ਮੂਲ ਤੱਕ ਪਹੁੰਚਣ ਦੀ ਯਾਤਰਾ ਕੁਦਰਤ ਦੀ ਬਰੀਕ ਸਮਝ ਰਾਹੀਂ ਹੀ ਸੰਭਵ ਹੈ। ਕੋਈ ਵੀ ਕਲਾ ਸੰਪੂਰਨ ਨਹੀਂ ਹੁੰਦੀ, ਇਸ ਤਰ੍ਹਾਂ ਕਵਿਤਾ ਵੀ ਅਧੂਰੇਪਣ ਵਿੱਚੋਂ ਹੀ ਆਉਂਦੀ ਹੈ। ਇਹ ਕਵੀ ਦਾ ਕੰਮ ਹੈ ਕਿ ਉਹ ਕਿਸ ਤਰ੍ਹਾਂ ਆਪਣੀ ਬੌਧਿਕਤਾ ਰਾਹੀਂ ਆਪਣੇ ਕਾਵਿ ਦੇ ਅਧੂਰੇਪਣ ਨੂੰ ਰਚਨਾਤਮਕ ਬਣਾਉਂਦਾ ਹੈ। ਇਸ ਤਰ੍ਹਾਂ ਕਲਾਤਮਕਤਾ ਰਾਹੀਂ ਕਵਿਤਾ ਨੂੰ ਸੋਧਣਾ ਇਕ ਕਲਾ ਹੈ। ਉਨ੍ਹਾਂ ਸਾਇੰਸ ਰਾਹੀਂ ਮਨੁੱਖੀ ਜਗਿਆਸਾ ਨੂੰ ਪ੍ਰਫੁੱਲਤ ਕਰਨ ਦਾ ਸੁਝਾਅ ਦਿੰਦੇ ਹੋਏ ਜਗਿਆਸਾ ਨੂੰ ਰਚਨਾਤਮਕਤਾ ਨਾਲ ਜੋੜ ਕੇ ਕਾਵਿ ਸਿਰਜਣ ਵਿੱਚ ਸਹਾਈ ਅੰਗ ਵਜੋਂ ਮੰਨਿਆ। ਉਨ੍ਹਾ ਨੇ ਖੁੱਲ੍ਹੀ ਕਵਿਤਾ ਨੂੰ ਸਮਕਾਲੀ ਸਮੇਂ ਵਿਚ ਟੁੱਟੇ ਬਿੰਬ ਨੂੰ ਸੰਬੋਧਿਤ ਹੋਣ ਵਾਲੀ ਗਿਆਨਾਤਾਮਕ ਸਿਰਜਣਾ ਵਜੋਂ ਪ੍ਰਫੁਲਿਤ ਹੋਣ ਵਾਲੀ ਦੱਸਿਆ। ਕਵਿਤਾ 'ਚ ਪ੍ਰਤੀਰੋਧ ਦੀ ਭਾਸ਼ਾ ਅਕਾਵਿਕ ਨਹੀਂ ਹੋਣੀ ਚਾਹੀਦੀ, ਇਸ ਤੋਂ ਉਲਟ ਇਹ ਸੁਹਜਾਤਮਕ ਹੋਣੀ ਚਾਹੀਦੀ ਹੈ। ਇਸ ਮੌਕੇ ਕਵੀ ਦਰਬਾਰ 'ਚ ਵੱਖ-ਵੱਖ ਨੌਜਵਾਨ ਕਵੀਆਂ ਮਨਿੰਦਰ ਸਿੰਘ, ਉਮਰਵੀਰ ਸਿੰਘ (ਜੀ ਐਨ ਡੀ ਯੂ), ਸਾਹਿਲਪ੍ਰੀਤ ਸਿੰਘ (ਖਾਲਸਾ ਕਾਲਜ) , ਹਰਅਸੀਸ ਸਿੰਘ (ਖਾਲਸਾ ਕਾਲਜ), ਸਾਹਿਲਪ੍ਰੀਤ ਸਿੰਘ (ਜੀ ਐਨ ਡੀ ਯੂ), ਹਰਪ੍ਰੀਤ ਨਾਰਲੀ, ਮਨੀਪਾਲ ਮਸੀਹ, ਜਸਵਿੰਦਰ ਸਿੰਘ (ਜੇ ਐਮ ਆਈ ਨਵੀਂ ਦਿੱਲੀ) ਆਦਿ ਨੇ ਆਪਣੀਆਂ ਰਚਨਾਵਾਂ ਪੜ੍ਹੀਆਂ।

ਪ੍ਰੋ. ਜਗਦੀਸ਼ ਸਿੰਘ ਨੇ ਧੰਨਵਾਦ ਕਰਦਿਆਂ ਕਿਹਾ ਕਿ ਮੌਜੂਦਾ ਦੌਰ ਵਿਚ ਖੁੱਲ੍ਹੀ ਕਵਿਤਾ ਦਾ ਕਾਵਿ ਰੂਪ ਕਾਫੀ ਪ੍ਰਭਾਵਸ਼ਾਲੀ ਮੰਨਿਆ ਜਾ ਸਕਦਾ ਹੈ, ਜਿਸ ਵਿੱਚ ਕੋਈ ਵੀ ਬਿੰਬ ਸਾਬਤ ਨਹੀਂ ਹੈ ਅਤੇ ਹਰ ਪਲ ਜੀਵਨ ਨਵੇਂ ਅਰਥ ਲੈ ਰਿਹਾ ਹੈ। ਸੋ ਖੁੱਲ੍ਹੀ ਕਵਿਤਾ ਇਸ ਤਰ੍ਹਾਂ ਦੇ ਟੁੱਟੇ ਬਿੰਬ ਨੂੰ ਨਵੇਂ ਗਿਆਨਾਤਾਮਕ ਪਾਸਾਰ ਵਿੱਚ ਲੈ ਜਾਣ ਦਾ ਰਾਹ ਹੈ। ਇਸ ਮੌਕੇ ਸੰਸਥਾ ਵੱਲੋਂ ਵਿਸ਼ੇਸ਼ ਪੁਸਤਕ ਪ੍ਰਦਰਸ਼ਨੀ ਦਾ ਵੀ ਆਯੋਜਨ ਕੀਤਾ ਗਿਆ।

ਭੱਠਾ ਮਾਲਕਾਂ ਖਿਲਾਫ ਕਾਰਵਾਈ ਦੀ ਚੇਤਾਵਨੀ

ਗੁਰਦਾਸਪੁਰ (ਜਨਕ ਮਹਾਜਨ) : ਸੀ ਟੀ ਯੂ ਪੰਜਾਬ ਵਿੱਤ ਸਕੱਤਰ ਕਾਮਰੇਡ ਸ਼ਿਵ ਕੁਮਾਰ, ਜ਼ਿਲ੍ਹਾ ਜਨਰਲ ਸਕੱਤਰ ਕਾਮਰੇਡ ਧਿਆਨ ਸਿੰਘ ਠਾਕੁਰ, ਲਾਲ ਝੰਡਾ ਪੰਜਾਬ ਲੇਬਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਜਸਵੰਤ ਸਿੰਘ ਬੁੱਟਰ, ਜ਼ਿਲ੍ਹਾ ਆਗੂ ਕਾਮਰੇਡ ਦਰਸ਼ਨ ਸਿੰਘ ਆਦਿ ਵੱਲੋਂ ਵੱਖ ਵੱਖ ਭੱਠਿਆਂ 'ਤੇ ਕੰਮ ਕਰਦੇ ਮਜ਼ਦੂਰਾਂ ਨੂੰ ਮਿਲਣ ਤੇ ਸਹਾਇਕ ਲੇਬਰ ਕਮਿਸ਼ਨਰ ਜ਼ਿਲ੍ਹਾ ਗੁਰਦਾਸਪੁਰ ਨਾਲ ਹੋਈ ਮੀਟਿੰਗ ਉਪਰੰਤ ਲਿਖਤੀ ਪ੍ਰੈਸ ਬਿਆਨ 'ਚ ਸਾਂਝੇ ਤੌਰ 'ਤੇ ਕਿਹਾ ਕਿ ਇੱਕ ਤਾਂ ਮਜ਼ਦੂਰਾਂ ਨੂੰ ਕੰਮ ਘੱਟ ਮਿਲ ਰਿਹਾ ਹੈ ਅਤੇ ਦੂਜਾ ਮਹਿਗਾਈ ਨੇ ਗਰੀਬ ਲੋਕਾਂ ਦਾ ਜਿਊਣਾ ਦੁੱਭਰ ਕੀਤਾ ਹੋਇਆ ਹੈ ਤੇ ਉਪਰੋਂ ਕੁਝ ਭੱਠਾ ਮਾਲਕਾਂ ਨੇ ਅਖੌਤੀ ਮਜ਼ਦੂਰ ਯੂਨੀਅਨ ਦੇ ਆਗੂਆਂ ਨਾਲ ਮਿਲੀਭੁਗਤ ਕਰਕੇ ਸਮਝੌਤੇ ਦੀ ਉਲੰਘਣਾ ਕਰਦਿਆਂ ਨਿਸਚਤ ਮਜ਼ਦੂਰੀ 833 ਰੁਪਏ ਪ੍ਰਤੀ ਹਜ਼ਾਰ ਇੱਟਾਂ ਦੇਣ ਦੀ ਬਜਾਏ ਮਜ਼ਦੂਰਾਂ ਦੀ ਆਰਥਕ ਲੁੱਟ ਕਰਦਿਆਂ 825 ਰੁਪਏ ਦੇ ਰੇਟ ਦੇ ਹਿਸਾਬ ਨਾਲ ਕੀਤਾ ਗਿਆ ਹੈ। ਅਖੌਤੀ ਲੀਡਰਾਂ ਦੇ ਇਸ ਵਰਤਾਰੇ ਤੋਂ ਭੱਠਾ ਮਜ਼ਦੂਰ ਦੁਖੀ ਹਨ। ਇਸ ਸੰਬੰਧੀ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਵੱਲੋਂ

ਪਿਛਲੇ ਦਿਨੀਂ ਸਹਾਇਕ ਲੇਬਰ ਕਮਿਸ਼ਨਰ ਜ਼ਿਲ੍ਹਾ ਗੁਰਦਾਸਪੁਰ ਨੂੰ ਸ਼ਿਕਾਇਤ ਕੀਤੀ ਗਈ ਸੀ, ਦੇ ਸੰਬੰਧ 'ਚ ਸਹਾਇਕ ਲੇਬਰ ਕਮਿਸ਼ਨਰ ਸੰਤੋਖ ਸਿੰਘ ਔਲਖ ਅਤੇ ਲੇਬਰ ਇਨਫੋਰਸਮੈਂਟ ਅਫਸਰ ਮਨੋਜ ਸ਼ਰਮਾ ਨੇ ਭਰੋਸਾ ਦਿਵਾਇਆ ਕਿ ਭੱਠਿਆ ਉਪਰ ਦੌਰਾ ਕਰਕੇ ਪੜਤਾਲ ਉਪਰੰਤ ਸਮਝੌਤੇ ਦੀ ਉਲੰਘਣਾ ਕਰਨ ਵਾਲੇ ਭੱਠਾ ਮਾਲਕਾ ਖਿਲਾਫ ਕਾਰਵਾਈ ਕੀਤੀ ਜਾਵੇਗੀ। ਆਗੂਆਂ ਮੰਗ ਕੀਤੀ ਹੈ ਕਿ ਇਸ ਸਮਝੌਤੇ ਨੂੰ ਇੰਨ ਬਿੰਨ ਲਾਗੂ ਕਰਵਾਇਆ ਜਾਵੇ।

ਗਰਭਵਤੀ ਔਰਤਾਂ ਦੇ ਐਂਟੀਨੇਟਲ ਚੈੱਕਅਪ

ਗੁਰਦਾਸਪੁਰ (ਜਨਕ ਮਹਾਜਨ) : ਸਿਵਲ ਸਰਜਨ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸਿਹਤ ਅਤੇ ਪਰਵਾਰ ਭਲਾਈ ਅਫਸਰ ਡਾ. ਤੇਜਿੰਦਰ ਕੌਰ ਅਤੇ ਸੀਨੀਅਰ ਮੈਡੀਕਲ ਅਫਸਰ ਬਲਾਕ ਰਣਜੀਤ ਬਾਗ਼ ਦੇ ਸਹਿਯੋਗ ਨਾਲ ਪੀ ਐਚ ਸੀ ਰਣਜੀਤ ਬਾਗ਼ ਅਤੇ ਸੀ ਐਚ ਸੀ ਪੁਰਾਣਾ ਸ਼ਾਲਾ ਵਿਖੇ ਪ੍ਰਧਾਨ ਮੰਤਰੀ ਸੁਰੱਖਿਆ ਮਾਤਰਤਵ ਅਭਿਆਨ ਪ੍ਰੋਗਰਾਮ ਤਹਿਤ ਚੱਲ ਰਹੇ ਗਰਭਵਤੀ ਔਰਤਾਂ ਦੇ ਐਂਟੀਨੇਟਲ ਚੈੱਕਅੱਪ ਦਾ ਮੋਆਇਨਾ ਕੀਤਾ ਗਿਆ।

ਇਸ ਮੌਕੇ ਡਾ. ਤੇਜਿੰਦਰ ਕੌਰ ਨੇ ਆਸ਼ਾ ਵਰਕਰਾਂ ਨੂੰ ਕਿਹਾ ਕਿ ਉਹ ਗਰਭਵਤੀ ਔਰਤਾਂ ਦੀ ਸਮੇਂ ਸਮੇਂ 'ਤੇ ਜਾਂਚ ਕਰਵਾਉਣ ਲਈ ਸਿਹਤ ਕੇਂਦਰਾਂ 'ਤੇ ਲੈ ਕੇ ਆਉਣ ਤਾਂ ਜੋ ਉੱਚ ਜੋਖਮ ਦੇ ਕਾਰਕ ਜਿਵੇਂ ਕਿ ਗੰਭੀਰ ਅਨੀਮੀਆ, ਗਰਭ ਅਵਸਥਾ ਕਾਰਨ ਹਾਈਪਰਟੈਨਸ਼ਨ ਆਦਿ ਦਾ ਸਮੇਂ ਸਿਰ ਪਤਾ ਲਗਾ ਕੇ ਇਲਾਜ ਮੁਹੱਈਆ ਕਰਵਾਇਆ ਜਾ ਸਕੇ। ਇਸ ਮੌਕੇ ਡਾ. ਸ਼ਿਲਪਾ, ਡਾ. ਗੁਰਪ੍ਰੀਤ ਕੌਰ, ਡਾ. ਸਮ੍ਰਿਤੀ, ਬਲਾਕ ਅਜੂਕੇਟਰ ਸੰਦੀਪ ਕੌਰ, ਹਰਬੰਸ ਕੌਰ ਐਲ ਐਚ ਵੀ, ਨਮਿੰਦਰ ਦੇਵੀ ਐਲ ਐਚ ਵੀ, ਕੌਸ਼ਲਿਆ ਦੇਵੀ ਐਲ ਐਚ ਵੀ, ਸੀ ਐਚ ਓ ਜਸਮੀਤ ਕੌਰ, ਸੀ ਐਚ ਓ ਮਾਨਸੀ ਅਤੇ ਹਸਪਤਾਲ ਦਾ ਸਮੂਹ ਸਟਾਫ ਹਾਜ਼ਰ ਸੀ।

ਫੌਜ 'ਚ ਭਰਤੀ ਹੋਣ ਵਾਲੇ ਨੌਜਵਾਨਾਂ ਨੂੰ ਦਿੱਤੀ ਜਾਵੇਗੀ ਮੁਫ਼ਤ ਸਿਖਲਾਈ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ) ਕੈਂਪ ਇੰਚਾਰਜ ਦਵਿੰਦਰ ਪਾਲ ਸੀ-ਪਾਈਟ ਕੈਂਪ, ਹਕੂਮਤ ਸਿੰਘਵਾਲਾ (ਫ਼ਿਰੋਜ਼ਪੁਰ) ਨੇ ਦੱਸਿਆ ਕਿ ਫੌਜ ਦੀਆਂ ਅਪ੍ਰੈਲ ਮਹੀਨੇ ਆਉਣ ਵਾਲੀਆਂ ਭਰਤੀਆਂ ਰੈਲੀਆਂ ਦੀ ਫ਼ਿਜ਼ੀਕਲ ਅਤੇ ਲਿਖਤੀ ਪੇਪਰ ਦੀ ਪ੍ਰੀ-ਟ੍ਰੇਨਿੰਗ ਚੱਲ ਰਹੀ ਹੈ। ਸ੍ਰੀ ਮੁਕਤਸਰ ਸਾਹਿਬ, ਫ਼ਿਰੋਜ਼ਪੁਰ, ਫ਼ਾਜ਼ਿਲਕਾ, ਫ਼ਰੀਦਕੋਟ ਤੇ ਮੋਗਾ ਜ਼ਿਲ੍ਹੇ ਦੇ ਯੁਵਕ ਜੋ ਫੌਜ ਵਿੱਚ ਭਰਤੀ ਹੋਣਾ ਚਾਹੁੰਦੇ ਹਨ, ਉਹ ਹਰ ਹਫ਼ਤੇ ਮੰਗਲਵਾਰ ਤੋਂ ਵੀਰਵਾਰ ਤੱਕ ਸਵੇਰੇ 09. 00 ਵਜੇ ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ ਵਿਖੇ ਸਕਰੀਨਿੰਗ ਲਈ ਦਸਤਾਵੇਜ਼ ਲੈ ਕੇ ਪੇਸ਼ ਹੋ ਸਕਦੇ ਹਨ।

ਕੈਂਪ ਵਿੱਚ ਆਉਣ ਸਮੇਂ ਆਨਲਾਈਨ ਅਪਲਾਈ ਦੀ ਇੱਕ ਕਾਪੀ, ਦਸਵੀਂ ਦਾ ਅਸਲ ਸਰਟੀਫਿਕੇਟ, ਦਸਵੀਂ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਪੰਜਾਬ ਰੈਜ਼ੀਡੈਂਸ ਦੀ ਫੋਟੋ ਸਟੇਟ ਕਾਪੀ, ਜਾਤੀ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਆਧਾਰ ਕਾਰਡ ਦੀ ਫੋਟੋ ਸਟੇਟ ਕਾਪੀ, ਬੈਂਕ ਖਾਤੇ ਦੀ ਫੋਟੋ ਸਟੇਟ ਕਾਪੀ ਤੇ ਖਾਤਾ ਚਾਲੂ ਹਾਲਤ ਵਿੱਚ ਹੋਵੇ ਅਤੇ ਇੱਕ ਪਾਸਪੋਰਟ ਸਾਈਜ਼ ਦੀ ਫੋਟੋ, ਕਾਪੀ-ਪੈੱਨ, ਖਾਣਾ ਖਾਣ ਲਈ ਬਰਤਨ, ਰਹਿਣ ਲਈ ਬਿਸਤਰਾ ਆਦਿ ਨਾਲ ਲੈ ਕੇ ਆਉਣ।

ਯੁਵਕ ਦੀ ਉਮਰ ਸਾਢੇ 17 ਸਾਲ ਤੋਂ 21 ਸਾਲ ਤੱਕ ਹੋਵੇ। ਛਾਤੀ ਬਿਨਾਂ ਫੁਲਾ ਕੇ 77 ਸੈਂਟੀਮੀਟਰ ਤੇ ਫੁਲਾ ਕੇ 82 ਸੈਂਟੀਮੀਟਰ ਹੋਵੇ। ਯੁਵਕ ਘੱਟੋ-ਘੱਟ 10ਵੀਂ 45% ਅੰਕਾਂ ਨਾਲ ਪਾਸ ਹੋਵੇ ਜਾਂ 10+2 ਪਾਸ ਹੋਵੇ। ਇਸ ਤੋਂ ਇਲਾਵਾ ਯੁਵਕਾਂ ਨੂੰ ਸਰਕਾਰ ਵੱਲੋਂ ਵਜ਼ੀਫ਼ਾ ਗ੍ਰਾਂਟ ਮਿਲਣ ਉਪਰੰਤ ਪ੍ਰਤੀ ਯੁਵਕ 400/-ਰੁਪਏ ਪ੍ਰਤੀ ਮਹੀਨਾ ਦੇ ਹਿਸਾਬ ਨਾਲ ਵਜ਼ੀਫ਼ਾ ਵੀ ਦਿੱਤਾ ਜਾਵੇਗਾ। ਕੈਂਪ ਵਿੱਚ ਰਹਿਣ ਸਮੇਂ ਖਾਣਾ ਤੇ ਰਿਹਾਇਸ਼ ਬਿਲਕੁਲ ਮੁਫ਼ਤ ਦਿੱਤੀ ਜਾਵੇਗੀ ਅਤੇ ਫ਼ਿਜ਼ੀਕਲ ਤੇ ਲਿਖਤੀ ਪੇਪਰ ਦੀ ਤਿਆਰੀ ਦੀ ਕੋਈ ਵੀ ਫ਼ੀਸ ਨਹੀਂ ਲਈ ਜਾਵੇਗੀ।

ਦੀਵਾਨ ਖੇੜਾ 'ਚ ਕਿਸਾਨ ਸਿਖਲਾਈ ਕੈਂਪ ਲਗਾਇਆ

ਫਾਜ਼ਿਲਕਾ, 10 ਫਰਵਰੀ (ਨਿਸ਼ਾ ਸ਼ਰਮਾ)-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਅਬੋਹਰ ਸਥਿਤ ਖੇਤਰੀ ਖੋਜ ਕੇਂਦਰ ਤੇ ਇੱਥੋਂ ਦੀ ਕਿਸਾਨ ਸਲਾਹ ਸੇਵਾ ਵੱਲੋਂ ਇਕ ਕਿਸਾਨ ਸਿਖਲਾਈ ਕੈਂਪ ਪਿੰਡ ਦੀਵਾਨ ਖੇੜਾ ਵਿੱਚ ਲਗਾਇਆ ਗਿਆ। ਇਸ ਕੈਂਪ ਵਿੱਚ ਕਿਸਾਨਾਂ ਨੂੰ ਕਣਕ ਦੀ ਫਸਲ ਦੇ ਨਾਲ ਨਾਲ ਨਰਮੇ ਦੀ ਆਉਣ ਵਾਲੀ ਫਸਲ ਸਬੰਧੀ ਅਗੇਤੀ ਤਿਆਰੀਆਂ ਸਬੰਧੀ ਜਾਣਕਾਰੀ ਦਿੱਤੀ ਗਈ ਤੇ ਨਾਲ ਦੀ ਨਾਲ ਕਿਨੂੰ ਦੇ ਬਾਗਾਂ ਦੀ ਸਾਂਭ ਸੰਭਾਲ ਸਬੰਧੀ ਵੀ ਜਾਣਕਾਰੀ ਦਿੱਤੀ ਗਈ। ਕੈਂਪ ਵਿੱਚ ਡਾ: ਜਗਦੀਸ਼ ਅਰੋੜਾ ਜੋ ਕਿ ਕਿਸਾਨ ਸਲਾਹ ਸੇਵਾ ਤਹਿਤ ਇਸ ਕੈਂਪ ਵਿੱਚ ਮੁੱਖ ਵਕਤਾ ਵਜੋਂ ਪਹੁੰਚੇ ਸਨ, ਨੇ ਕਿਸਾਨਾਂ ਨੂੰ ਸਲਾਹ ਦਿੱਤੀ ਕਿ ਜੇਕਰ ਨਰਮੇ ਦੀ ਅਗਲੀ ਫਸਲ ਨੂੰ ਗੁਲਾਬੀ ਸੁੰਡੀ ਤੇ ਚਿੱਟੇ ਮੱਛਰ ਤੋਂ ਬਚਾਉਣਾ ਹੈ ਤਾਂ ਸਾਨੂੰ ਹੁਣੇ ਤੋਂ ਉਪਾਅ ਕਰਨੇ ਚਾਹੀਦੇ ਹਨ। ਇਸੇ ਤਰ੍ਹਾਂ ਡਾ: ਅਨਿਲ ਸਾਂਗਵਾਲ ਜੋ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਖੇਤਰੀ ਕੇਂਦਰ ਅਬੋਹਰ ਤੋਂ ਆਏ ਸਨ, ਨੇ ਕਿਸਾਨਾਂ ਨੂੰ ਬਾਗਾਂ ਦੀ ਸਾਂਭ ਸੰਭਾਲ ਸਬੰਧੀ ਜਾਣਕਾਰੀ ਦਿੱਤੀ। ਇਸੇ ਖੇਤਰੀ ਖੋਜ ਕੇਂਦਰ ਤੋਂ ਆਏ ਡਾ: ਅਨਿਲ ਕਾਮਰਾ ਨੇ ਕਿਸਾਨਾਂ ਨੂੰ ਕਣਕ ਦੀ ਫਸਲ ਸਬੰਧੀ ਜਾਣਕਾਰੀ ਦੇ ਨਾਲ ਨਾਲ ਹੋਰ ਖੇਤੀ ਗਿਆਨ ਕਿਸਾਨਾਂ ਨਾਲ ਸਾਂਝਾ ਕੀਤਾ।

ਪਬਲਿਕ ਨੋਟਿਸ

ਮੈਂ, ਮਹਿੰਦਰਪਾਲ ਜੈਨ ਪੁੱਤਰ ਗਿਆਨ ਚੰਦ ਜੈਨ ਵਾਸੀ ਮਕਾਨ ਨੰ. 1068 ਜੀ, ਸ਼ਹੀਦ ਭਗਤ ਸਿੰਘ ਨਗਰ, ਲੁਧਿਆਣਾ, ਪੰਜਾਬ-141001 ਘੋਸ਼ਣਾ ਕਰਦਾ ਹਾਂ ਕਿ ਮੈਂ ਮਕਾਨ ਨੰ. 1068 ਜੀ, ਸ਼ਹੀਦ ਭਗਤ ਸਿੰਘ ਨਗਰ, ਲੁਧਿਆਣਾ 'ਤੇ ਸਥਿਤ ਆਪਣੀ ਜਾਇਦਾਦ ਨਾਲ ਸੰਬੰਧਤ ਅਸਲ ਦਸਤਾਵੇਜ਼ ਗੁਆ ਦਿੱਤੇ ਹਨ, ਜਿਨ੍ਹਾਂ ਦਾ ਹੇਠਾਂ ਜ਼ਿਕਰ ਕੀਤਾ ਗਿਆ ਹੈ

1. ਅਸਲ ਅਲਾਟਮੈਂਟ ਪੁੱਤਰ ਅਵਤਾਰ ਸਿੰਘ ਪੁੱਤਰ ਪ੍ਰੀਤਮ ਸਿੰਘ ਦੇ ਹੱਕ ਵਿੱਚ ਲੁਧਿਆਣਾ ਇੰਪਰੂਵਮੈਂਟ ਟਰੱਸਟ, ਲੁਧਿਆਣਾ ਦੁਆਰਾ ਜਾਰੀ ਕੀਤਾ
2. ਅਸਲੀ ਜੀ.ਪੀ.ਏ. ਵਸੀਕਾ ਨੰਬਰ 4232 ਮਿਤੀ 07-12-1999 ਨੂੰ ਅਵਤਾਰ ਸਿੰਘ ਪੁੱਤਰ ਪ੍ਰੀਤਮ ਸਿੰਘ ਨੇ ਜੀ.ਪੀ.ਏ. ਗੁਰਦੇਵ ਸਿੰਘ ਪੁੱਤਰ ਦਲੀਪ ਸਿੰਘ ਦੇ ਹੱਕ ਵਿੱਚ ਕੀਤੀ
3. ਅਸਲੀ ਵਿਕਰੀ ਡੀਡ ਵਸੀਕਾ ਨੰਬਰ 4647 ਮਿਤੀ 16-06-2011 ਨੂੰ ਲੁਧਿਆਣਾ ਇੰਪਰੂਵਮੈਂਟ ਟਰੱਸਟ, ਲੁਧਿਆਣਾ ਦੁਆਰਾ ਅਵਤਾਰ ਸਿੰਘ ਪੁੱਤਰ ਪ੍ਰੀਤਮ ਸਿੰਘ ਦੇ ਹੱਕ ਵਿੱਚ ਕੀਤੀ

ਇਸ ਸਬੰਧੀ ਇੱਕ ਪੁਲਿਸ ਰਿਪੋਰਟ ਐਲ. ਆਰ. ਨੰ: 312664/2023 ਮਿਤੀ 02-02-2023 ਥਾਣਾ ਐੱਸ.ਬੀ.ਐੱਸ. ਨਗਰ ਲੁਧਿਆਣਾ ਵਿਖੇ ਦਰਜ ਕੀਤੀ ਗਈ ਹੈ। ਕਿਸੇ ਨੂੰ ਵੀ ਇਹ ਦਸਤਾਵੇਜ਼ ਮਿਲੇ ਤਾਂ ਕਿਰਪਾ ਕਰਕੇ 7 ਦਿਨਾਂ ਵਿੱਚ ਮੇਰੇ ਮੋਬਾਈਲ ਨੰਬਰ 9815979180'ਤੇ ਸੰਪਰਕ ਕਰੋ।

Court Notice

In the Court of Ms. Ankita Mittal Civil Judge Junior Division-2, Nabha

CNR No. PBPTB0-000530-2020
Next Date : 3.3.2023
Dharinder Raj Singh
Versus
Amandeep Kaur

Publication issued to : Amandeep Kaur Spouse Late Yudhvir Singh S/o Late Ajit Singh Vill. Hakimpura, Tehsil Nabha, Distt. Patiala.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 3.3.2023 at 10.00 a.m.

For details logon to https://highcourtchd.gov.in/?trs=district notice&district=Patiala

Civil Judge Junior Division-2, Nabha
Dated, this day of 9.2.2023

Court Notice

In the Court of Mr. Ankita Civil Judge Junior Division-9, Patiala.

CNR No. PBPT02-001484-2022
Next Date : 10.3.2023
Bank of Baroda
Versus
Shankar Lal and others

Publication issued to Defendants

1. Shankar Lal S/o Sh. Banwari Lal 2. Suman W/o Sh. Shankar Lal 3. Raj Kumar @ Raju S/o Sh. Ramesh Kumar all residents of H.No. 258, Tope Khana Road, Patiala.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 10.3.2023 at 10.00 a.m.

For details logon to https://highcourtchd.gov.in/?trs=district notice&district=Patiala

Civil Judge Junior Division-9, Patiala.
Dated, this day of 9.2.2023

ਕੋਰਟ ਨੋਟਿਸ

ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ।

ਬਨਾਮ-ਆਮ ਜਨਤਾ

ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਬਿਨੈਕਾਰ ਦਾ ਨਾਂਅ : ਰੇਸ਼ਮ ਸਿੰਘ

ਪਿਤਾ/ਪਤੀ ਦਾ ਨਾਂਅ : ਮੇਵਾ ਸਿੰਘ

ਪਤਾ : Village Jagatpura Teh. and Distt. Tarn Taran, Vill. Jagatpura/Tehsil-Tarn Taran/Distt. Tarn Taran, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ :

ਨਾਂਅ : ਮਨਜੋਤ ਸਿੰਘ

ਪੱਕਾ ਪਤਾ : Village Jagatpura Teh. and Distt. Tarn Taran, Jagatpura Tarn Taran, Tarn Taran, Punjab

ਵਿਦੇਸ਼ੀ ਪਤਾ : Carrer Cinca 21 PISO I Puerta 08904 I. Hospitalet De Llobergat Barcelona Spain/ ਕੈਰਰ ਸਿਨਕਾ 21 ਫਲੋਰ ਨੂੰ ਡੋਰ 1 08904 ਲ ਹੋਸਪਿਟਲੇਟ ਡੇ ਲੋਬਰਗਟ ਬਾਰਸੀਲੋਨਾ ਸਪੇਨ

ਉਮਰ/ਜਨਮ ਮਿਤੀ : 21 (3.12.2001)

ਬਿਨੈਕਾਰ ਨੇ ਕਿਹਾ ਹੈ ਕਿ ਉਸ ਦੇ ਪੁੱਤਰ ਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।

ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸ ਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 7.2.2023 ਨੂੰ ਜਾਰੀ ਹੋਇਆ।

ਜ਼ਿਲ੍ਹਾ ਮੈਰਿਜ ਅਫਸਰ
ਤਰਨ ਤਾਰਨ, ਪੰਜਾਬ, ਭਾਰਤ।

ਨੰਬਰ : ਐੱਮ ਏ./ਐੱਮ ਸੀ-1/124-126/ਮਿਤੀ : 7.2.2023

Public Notice

I, Joginder Singh S/o Gian Singh R/o Avtar Nagar, Jande Sarai Road, Kartarpur, Distt. Jalandhar, declare that I disinherit and evict my daughter Balwinder Kaur, her husband Surinder Kumar and their children Kanisha and Reema all resident of Moh. Bhandhora, Distt. Shaheed Bhagat Singh Nagar from all my moveable & immoveable properties/assets because they are not in my say even not in my control so if anybody deal with them, He/She may responsible for his/her own act or dealing and I will not responsible for any act done by them.

I, Kunal Walia S/o Samar Walia resident at H.No. 204, Shastry Market, Ward No. 13, Kapurthala, I declare that name of my mother has been wrongly written as Dimple Walia in my Educational Document. The actual name of my mother is Amrit Kaur. All concerned please note.

ਆਮ ਸੂਚਨਾ

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏਪੀ 22/904 ਜੋ ਕਰਤਾਰ ਸਿੰਘ ਪੁੱਤਰ ਸੁਰੈਣ ਸਿੰਘ ਵਾਸੀ ਕਲੇਰ ਕਲਾਂ ਜ਼ਿਲ੍ਹਾ ਗੁਰਦਾਸਪੁਰ ਦੇ ਨਾਮ ਤੇ ਚੱਲ ਰਿਹਾ ਹੈ, ਨੂੰ ਬਲਜਿੰਦਰ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਕਲੇਰ ਕਲਾਂ ਜ਼ਿਲ੍ਹਾ ਗੁਰਦਾਸਪੁਰ ਦੇ ਨਾਮ ਤਬਦੀਲ ਕਰਨਾ ਹੈ। ਕਿਸੇ ਨੂੰ ਇਤਰਾਜ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਉਪ ਮੰਡਲ ਅਫਸਰ, ਪੀਐੱਸਪੀਸੀਐੱਲ, ਸਬ ਡਿਵੀਜਨ ਦਫਤਰ ਧਾਰੀਵਾਲ (ਗੁਰਦਾਸਪੁਰ) ਨਾਲ ਸੰਪਰਕ ਕਰੇ। (KP)

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏਪੀ 22/1077 ਜੋ ਕਰਤਾਰ ਸਿੰਘ ਪੁੱਤਰ ਸੁਰੈਣ ਸਿੰਘ ਵਾਸੀ ਕਲੇਰ ਕਲਾਂ ਜ਼ਿਲ੍ਹਾ ਗੁਰਦਾਸਪੁਰ ਦੇ ਨਾਮ ਤੇ ਚੱਲ ਰਿਹਾ ਹੈ, ਨੂੰ ਬਲਜਿੰਦਰ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਕਲੇਰ ਕਲਾਂ ਜ਼ਿਲ੍ਹਾ ਗੁਰਦਾਸਪੁਰ ਦੇ ਨਾਮ ਤਬਦੀਲ ਕਰਨਾ ਹੈ। ਕਿਸੇ ਨੂੰ ਇਤਰਾਜ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਉਪ ਮੰਡਲ ਅਫਸਰ, ਪੀਐੱਸਪੀਸੀਐੱਲ, ਸਬ ਡਿਵੀਜਨ ਦਫਤਰ ਧਾਰੀਵਾਲ (ਗੁਰਦਾਸਪੁਰ) ਨਾਲ ਸੰਪਰਕ ਕਰੇ। (KP)

ਜਰਨੈਲ ਸਿੰਘ ਦੇ ਨਾਮ ਪਿੰਡ ਲੱਖੋਵਾਲ ਵਿੱਚ ਚੱਲ ਰਿਹਾ ਟਿਊਬਵੈੱਲ ਕੁਨੈਕਸਨ ਖਾਤਾ ਨੰਬਰ AP49/1482M ਜੋ ਕਿ ਹਰਜੀਤ ਸਿੰਘ ਪੁੱਤਰ ਸਤਨਾਮ ਸਿੰਘ ਆਪਣੇ ਨਾਮ ਕਰਵਾ ਰਿਹਾ ਹੈ। ਇਤਰਾਜਕਰਤਾ 15 ਦਿਨ ਦੇ ਅੰਦਰ ਉਪ ਮੰਡਲ ਅਫਸਰ ਜੰਡਾ ਛੱਤਰਾਂ ਨੂੰ ਆਪਣਾ ਇਤਰਾਜ ਪੇਸ਼ ਕਰ ਸਕਦਾ ਹੈ। (KP)

ਮੈਂ ਸਰਵਣ ਸਿੰਘ ਪੁੱਤਰ ਲਛਮਣ ਸਿੰਘ ਵਾਸੀ ਪਿੰਡ ਕੁਲਾਰ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰੇ ਅਤੇ ਮੇਰੇ ਪਰਵਾਰ ਦੇ ਸਾਰੇ ਦਸਤਾਵੇਜ਼ਾਂ 'ਤੇ ਮੇਰਾ ਨਾਂਅ ਸਰਵਣ ਸਿੰਘ ਅਤੇ ਰੈਵੇਨਿਊ ਰਿਕਾਰਡ ਵਿੱਚ ਮੇਰਾ ਨਾਂਅ ਅਰਜਨ ਸਿੰਘ ਹੈ। ਸਰਵਣ ਸਿੰਘ ਅਤੇ ਅਰਜਨ ਸਿੰਘ ਇੱਕੋ ਹੀ ਵਿਅਕਤੀ ਦਾ ਨਾਂਅ ਹੈ। ਸੰਬੰਧਤ ਨੋਟ ਕਰਨ।

ਅਦਾਲਤੀ ਇਸ਼ਤਿਹਾਰ

ਬਾ ਅਦਾਲਤ-ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਭੁਲੱਥ।

ਵਿਸ਼ਾ-ਮਾਲ ਰਿਕਾਰਡ ਵਿੱਚ ਮਾਲਕ ਦਾ ਨਾਂਅ ਦਰੁੱਸਤ ਕਰਨ ਸੰਬੰਧੀ।

ਨੋਟਿਸ ਬਨਾਮ-ਜਨਰਲ ਪਬਲਿਕ

ਸ੍ਰੀ ਰਜਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਮਾਨਾਂ ਤਲਵੰਡੀ, ਤਹਿ: ਭੁਲੱਥ, ਜ਼ਿਲ੍ਹਾ ਕਪੂਰਥਲਾ ਨੇ ਇੱਕ ਦਰਖਾਸਤ ਦਿੱਤੀ ਹੈ ਕਿ ਮਾਲ ਰਿਕਾਰਡ ਵਿੱਚ ਵਾਕਿਆ ਰਕਬਾ ਪਿੰਡ ਰਾਮਗੜ੍ਹ ਤਹਿ: ਭੁਲੱਥ ਜ਼ਿਲ੍ਹਾ ਕਪੂਰਥਲਾ ਵਿੱਚ ਉਸ ਦਾ ਨਾਂਅ ਹਰਜਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਹਰਨਾਮ ਸਿੰਘ ਅਤੇ ਰਾਜਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਹਰਨਾਮ ਸਿੰਘ ਗਲਤ ਚਲਿਆ ਆ ਰਿਹਾ ਹੈ, ਜਦ ਕਿ ਉਸ ਦਾ ਅਸਲ ਨਾਂਅ ਹਰਜਿੰਦਰ ਸਿੰਘ ਉਰਫ ਰਜਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਹਰਨਾਮ ਸਿੰਘ ਅਤੇ ਰਾਜਿੰਦਰ ਸਿੰਘ ਉਰਫ ਰਜਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਹਰਨਾਮ ਸਿੰਘ ਹੈ। ਪ੍ਰਾਰਥੀ ਨੇ ਇਸ ਨਾਂਅ ਦਰੁੱਸਤੀ ਲਈ ਦਰਖਾਸਤ ਪੇਸ਼ ਕੀਤੀ ਹੈ। ਇਸ ਨਾਂਅ ਦੀ ਸੋਧ ਦੇ ਸੰਬੰਧ ਵਿੱਚ ਜੇਕਰ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਅਸਾਲਤਨ ਜਾਂ ਵਕਾਲਤਨ ਸਾਡੇ ਦਫਤਰ/ਅਦਾਲਤ ਵਿੱਚ ਹਾਜ਼ਰ ਹੋ ਕੇ ਆਪਣਾ ਇਤਰਾਜ਼ ਨੋਟਿਸ ਛਪਣ ਤੋਂ 15 ਦਿਨ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਇਤਰਾਜ਼ ਕਾਬਲੇ ਸ਼ਿਕਾਇਤ ਨਹੀਂ ਹੋਗਾ ਅਤੇ ਨਾਂਅ ਦੀ ਸੋਧ ਕਰ ਦਿੱਤੀ ਜਾਵੇਗੀ।

ਅੱਜ ਮਿਤੀ 8.2.2023 ਨੂੰ ਮੇਰੇ ਦਸਤਖਤ ਅਤੇ ਮੋਹਰ ਨਾਲ ਜਾਰੀ ਹੋਇਆ।

ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਭੁਲੱਥ।

Court Notice

In the Court of Ms. Suman Pathak Addl. Civil Judge (Senior Division), Jagraon.

CNR No. PBLDB0-001317-2021
Next Date : 16.3.2023
Amrik Singh
Versus
Jagmit Singh @ Jagjit Singh

Publication issued to : Jagmit Singh @ Jagjit Singh Father Rajinder Singh S/o Charan Singh R/o Bhundri, Tehsil Jagraon, Distt. Ludhiana.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 16.3.2023 at 10.00 a.m.

For details logon to https://highcourtchd.gov.in/?trs=district notice&district=Ludhiana.

Addl. Civil Judge (Senior Division), Jagraon.
Dated, this day of 3.2.2023

ਬੇਦਖਲੀ ਨੋਟਿਸ

ਮੈਂ, ਤਰਲੋਕ ਸਿੰਘ ਪੁੱਤਰ ਬਤਨਾ ਰਾਮ ਵਾਸੀ ਪਿੰਡ ਤੇ ਡਾਕਖਾਨਾ ਉਚਾ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸਰਬਜੀਤ ਕੌਰ ਪਤਨੀ ਨਰਿੰਦਰ ਸਿੰਘ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ। ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬਧਿਤ ਨੋਟ ਕਰਨ।

ਮੈਂ, ਕਪਿਲ ਦੇਵ ਚੱਢਾ ਪੁੱਤਰ ਸੰਸਾਰ ਚੱਢਾ ਵਾਸੀ ਮਕਾਨ ਨੰ. 549-ਬੀ, ਚੀਮਾ ਨਗਰ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸ਼ਾਕਸ਼ੀ ਅਤੇ ਉਸਦੇ ਵਾਰਸਨ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾ ਨਾਲ ਲੈਣ ਦੇਣ ਕਰੇਗਾ। ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬਧਿਤ ਨੋਟ ਕਰਨ।

ਮੈਂ, ਬ੍ਰਿਜ ਬਾਲਾ ਪਤਨੀ ਲੇਟ ਗੁਰਬਕਸ਼ ਸਿੰਘ ਵਾਸੀ ਮਕਾਨ ਨੰ. 174-ਏ, ਸਤਨਾਮ ਨਗਰ, ਨੇੜੇ ਜੇ. ਸੀ. ਰਿਸੋਟ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਤਿੰਦਰ ਸਿੰਘ ਅਤੇ ਆਪਣੇ ਵੱਡੇ ਪੋਤੇ ਮਨਕਰਨ ਸਿੰਘ ਅਤੇ ਉਸਦੀ ਪਤਨੀ ਰੀਆ ਅਤੇ ਛੋਟੇ ਪੋਤੇ ਅਵੇ ਦਿਓਲ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਸਾਰਿਆਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾ ਨਾਲ ਲੈਣ ਦੇਣ ਕਰੇਗਾ। ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬਧਿਤ ਨੋਟ ਕਰਨ।

ਮੈਂ, ਸਤਵਿੰਦਰ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਮਕਾਨ ਨੰ. 4473/ਏ, ਗਲੀ ਨੰਬਰ 4, ਗੰਗਾ ਬਿਲਡਿੰਗ, ਰਣਜੀਤਪੁਰਾ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਹਰਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਕਰਨ ਵਾਲਾ ਆਪਣੇ ਨਫ਼ੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਕੇਵਲ ਕ੍ਰਿਸ਼ਨ ਪੁੱਤਰ ਸ੍ਰੀ ਹੰਸ ਰਾਜ ਵਾਸੀ ਮਕਾਨ ਨੰ: 48, ਨਿਊ ਪ੍ਰਿਥਵੀ ਨਗਰ, ਹੁਸ਼ਿਆਰਪੁਰ ਰੋਡ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੌਰਵ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸੁਦੇਸ਼ ਰਾਣੀ ਪਤਨੀ ਰਜਿੰਦਰ ਕੁਮਾਰ ਵਾਸੀ ਪਿੰਡ ਪੱਤੜ ਕਲਾਂ, ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਰਣਦੀਪ ਕੁਮਾਰ ਅਤੇ ਨੂੰਹ ਗੀਤੂ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫ਼ੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੇ ਕਿਸੇ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਗੁਰਸ਼ਰਨ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਪਿੰਡ/ਡਾਕਖਾਨਾ ਗਾਜੀਕੋਟ, ਤਹਿਸੀਲ ਦੀਨਾਨਗਰ, ਜ਼ਿਲ੍ਹਾ ਗੁਰਦਾਸਪੁਰ। ਮੇਰਾ ਛੋਟਾ ਲੜਕਾ ਅਮਰਪ੍ਰੀਤ ਸਿੰਘ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ। ਖੁਦ ਜ਼ਿੰਮੇਵਾਰ ਹੋਵੇਗਾ। (ਡੋਗਰਾ)

ਮੈਂ, ਮਨਜੀਤ ਕੌਰ ਪਤਨੀ ਸੁਰਜੀਤ ਸਿੰਘ ਵਾਸੀ ਪਿੰਡ ਸਾਧੂ ਸਿੰਘ ਵਾਲਾ, ਤਹਿ: ਤੇ ਜ਼ਿਲ੍ਹਾ ਫਿਰੋਜ਼ਪੁਰ ਦੀ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਸੇਵਕ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ। (ਰਮਨ ਚੱਢਾ)

ਮੈਂ, ਸ਼ਮਸ਼ੇਰ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਜੇ-18/2132, ਭਾਈ ਮੰਝ ਰੋਡ, ਨਜ਼ਦੀਕ ਬਿੰਦਰਾ ਮੈਡੀਕਲ ਸਟੋਰ, ਮਾਤਾ ਗੰਗਾ ਜੀ ਨਗਰ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਬੇਟਾ ਸੁਖਬੀਰ ਸਿੰਘ ਅਤੇ ਉਸ ਦੀ ਪਤਨੀ ਮਨਪ੍ਰੀਤ ਕੌਰ ਅਤੇ ਇਨ੍ਹਾਂ ਦੇ ਬੱਚੇ ਸੁਖਮਨਦੀਪ ਸਿੰਘ ਅਤੇ ਹਰਜਾਪ ਸਿੰਘ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਕਰਨ ਵਾਲਾ ਆਪਣੇ ਨਫ਼ੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

ਬੇਦਖਲੀ ਨੋਟਿਸ

ਮੈਂ ਬਲਵਿੰਦਰ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਪਿੰਡ ਤੇ ਡਾਕਘਰ ਬਘਾਣਾ, ਤਹਿਸੀਲ ਫਗਵਾੜਾ ਜਿਲਾ ਕਪੂਰਥਲਾ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਜਸਵਿੰਦਰ ਸਿੰਘ (31) ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਇਸ ਲਈ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਇਸਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ੁਮੇਵਾਰ ਹੋਵੇਗਾ ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਵੀ ਜ਼ੁਮੇਵਾਰੀ ਨਹੀਂ ਹੋਵੇਗੀ। ਸਬੰਧਤ ਨੋਟ ਕਰਨ। (kamal rai)

ਮੈਂ ਬਲਵਿੰਦਰ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਪਿੰਡ ਤੇ ਡਾਕਘਰ ਬਘਾਣਾ, ਤਹਿਸੀਲ ਫਗਵਾੜਾ ਜਿਲਾ ਕਪੂਰਥਲਾ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਜਸਵਿੰਦਰ ਸਿੰਘ (31) ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਇਸ ਲਈ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਇਸਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ੁਮੇਵਾਰ ਹੋਵੇਗਾ ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਵੀ ਜ਼ੁਮੇਵਾਰੀ ਨਹੀਂ ਹੋਵੇਗੀ। ਸਬੰਧਤ ਨੋਟ ਕਰਨ। (kamal rai)

ਮੈਂ ਪਰਮਜੀਤ ਕੌਰ ਵਿਧਵਾ ਸੁਰਜੀਤ ਸਿੰਘ, ਵਾਸੀ ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ) ਆਪਣੇ ਲੜਕੇ ਹਰਪ੍ਰੀਤ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਣ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। (ਅਠੌਲਾ)

ਮੈਂ ਕੇਵਲ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਸੁਖਚੈਨ ਨਗਰ ਫਗਵਾੜਾ ਜਿਲਾ ਕਪੂਰਥਲਾ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਤਜਿੰਦਰ ਸਿੰਘ ਅਤੇ ਉਸ ਦੀ ਪਤਨੀ ਨਿਧੀ ਸਰਮਾ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਹਾਂ ਨੂੰ ਆਪਣੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ - ਦੇਣ ਕਰਨ ਵਾਲਾ ਖੁਦ ਜ਼ੁਮੇਵਾਰ ਹੋਵੇਗਾ। ਸੰਬਧਤ ਨੋਟ ਕਰਨ।

ਮੈਂ, ਸੁਖਵਿੰਦਰ ਕੌਰ ਸਹੋਤਾ ਪੁੱਤਰੀ ਸਵ: ਸੁਰਿੰਦਰ ਕੁਮਾਰ ਵਾਸੀ ਪਿੰਡ ਮਾਲੜੀ, ਤਹਿ: ਨਕੋਦਰ, ਜ਼ਿਲ੍ਹਾ ਜਲੰਧਰ ਆਪਣੇ ਬੇਟੇ ਕਰਮਜੀਤ ਸਿੰਘ ਨੂੰ ਕਹਿਣੇਕਾਰ ਨਾ ਹੋਣ ਕਾਰਨ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ ਅਤੇ ਉਸ ਨਾਲੋਂ ਆਪਣੇ ਰਿਸ਼ਤੇ-ਨਾਤੇ ਖਤਮ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਉਸ 'ਚ ਅਤੇ ਉਸ ਦੇ ਕਿਸੇ ਵੀ ਚੰਗੇ-ਮਾੜੇ ਕੰਮਾਂ 'ਚ ਕੋਈ ਸੰਬੰਧ ਨਹੀਂ ਹੋਵੇਗਾ। (6978)

ਮੈਂ ਰਣਜੀਤ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਪਾਖਰਪੁਰਾ, ਤਹਿਸੀਲ ਮਜੀਠਾ ਜਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਰਬਪ੍ਰੀਤ ਸਿੰਘ ਅਤੇ ਉਸਦੀ ਪਤਨੀ ਹਰਪ੍ਰੀਤ ਕੌਰ ਜੋ ਕਿ ਮੇਰੇ ਕਹਿਣੇ ਤੋ ਬਾਹਰ ਹਨ ਅਤੇ ਮਾੜੀ ਸੰਗਤ ਵਿਚ ਪੈ ਗਏ ਹਨ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ ਹੈ। (KK)

ਮੈਂ, ਜਸਵੀਰ ਸਿੰਘ ਪੁੱਤਰ ਸ੍ਰੀ ਰਾਮ ਸਿੰਘ ਵਾਸੀ ਫਰਨੀਚਰ ਮਾਰਕਿਟ, ਵਾਰਡ ਨੰਬਰ 10, ਲਹਿਰਾਗਾਗਾ, ਤਹਿ: ਲਹਿਰਾ, ਜ਼ਿਲ੍ਹਾ ਸੰਗਰੂਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਰਣਧੀਰ ਸਿੰਘ ਅਤੇ ਮੇਰੀ ਨੂੰਹ ਮੀਨਾਕਸ਼ੀ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫ਼ੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਹਨਾ ਨਾਲ ਕੋਈ ਤਾਲੁਕ-ਵਾਸਤਾ ਨਹੀਂ ਹੈ।

ਨਾਂਅ ਦੀ ਬਦਲੀ

ਮੈਂ, ਨੀਤੂ ਕੁਮਾਰੀ ਪਤਨੀ ਤਜਿੰਦਰ ਕੁਮਾਰ ਵਾਸੀ ਗੁਲਮਰਗ ਕਾਲੋਨੀ, ਕੋਟਲਾ ਰੋਡ, ਨਜਦੀਕ ਲੰਬਾ ਪਿੰਡ ਚੌਕ, ਜਲੰਧਰ-144012, ਪੰਜਾਬ ਨੇ ਆਪਣੀ ਨਬਾਲਿਗ ਲੜਕੀ ਦਾ ਨਾਮ ਅਲੀਸ਼ਾ ਤੋਂ ਬਦਲ ਕੇ ਅਲੀਸ਼ਾ ਕੁਮਾਰੀ ਰੱਖ ਲਿਆ ਹੈ। (ਸਰਨੇਮ ਕੁਮਾਰੀ) ਸਬੰਧਿਤ ਨੋਟ ਕਰਨ।

ਮੈਂ, ਨੀਤੂ ਪਤਨੀ ਤਜਿੰਦਰ ਕੁਮਾਰ ਵਾਸੀ ਗੁਲਮਰਗ ਕਾਲੋਨੀ, ਕੋਟਲਾ ਰੋਡ, ਨਜਦੀਕ ਲੰਬਾ ਪਿੰਡ ਚੌਕ, ਜਲੰਧਰ-144012, ਪੰਜਾਬ ਨੇ ਆਪਣਾ ਨਾਮ ਨੀਤੂ ਤੋਂ ਬਦਲ ਕੇ ਨੀਤੂ ਕੁਮਾਰੀ ਰੱਖ ਲਿਆ ਹੈ। (ਸਰਨੇਮ ਕੁਮਾਰੀ) ਸਬੰਧਿਤ ਨੋਟ ਕਰਨ।

ਮੈਂ ਸ਼ਿਵਾਂਸ਼ ਭਾਟੀਆ ਪੁੱਤਰ ਸੁਰਿੰਦਰ ਭਾਟੀਆ ਵਾਸੀ ਮੁਹੱਲਾ ਪ੍ਰੀਤ ਨਗਰ, ਨੇੜੇ ਰਾਮ ਮੰਦਰ ਕਪੂਰਥਲਾ (ਪੰਜਾਬ) ਨੇ ਆਪਣਾ ਨਾਮ ਸ਼ਿਵਾਂਸ਼ ਤੋਂ ਬਦਲ ਕੇ ਸ਼ਿਵਾਂਸ਼ ਭਾਟੀਆ ਰੱਖ ਲਿਆ ਹੈ। ਜਾਣਕਾਰ ਨੋਟ ਕਰਨ।

ਮੈਂ, ਦੀਪਕ ਪੁੱਤਰ ਮਨੋਜ ਕੁਮਾਰ ਵਾਸੀ ਪਿੰਡ ਤੇ ਡਾਕ: ਦੌਲਤਪੁਰ, ਤਹਿ: ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਆਪਣਾ ਨਾਂਅ ਬਦਲ ਕੇ ਦੀਪਕ ਕੁਮਾਰ ਰੱਖ ਲਿਆ ਹੈ। ਸੰਬੰਧਤ ਨੋਟ ਕਰਨ। (ਐੱਸ ਕੇ ਦੁੱਗਲ)

ਮੈਂ, ਕ੍ਰਿਸ਼ਨ ਲਾਲ ਪੁੱਤਰ ਮੇਹਰ ਚੰਦ ਵਾਸੀ 35, ਗਰੀਨ ਐਵੇਨਿਊ, ਨੰਦਨਪੁਰ ਰੋਡ, ਮਕਸੂਦਾਂ, ਜਲੰਧਰ ਨੇ ਆਪਣਾ ਨਾਂਅ ਬਦਲ ਕੇ ਕ੍ਰਿਸ਼ਨ ਲਾਲ ਬੱਤਰਾ ਰੱਖ ਲਿਆ ਹੈ। (ਭਾਵ)

Change of Name

I, Sarabjit Kaur W/o Nirmal Singh Sandhu R/o 43, Sher Shah Suri Road,Shakti Nagar, Khandwala Chheharta, Amritsar have changed my name from Sarabjit Kaur to Sarbjit Kaur Sandhu after marriage.

I Shveta Mehra W/O Ankur Rawlley R/O H.no.166 Rb Estate Lane No.9 Near Mandir Loharka Road Amritsar Have Changed My Name To Shveta Rawlley

I Tajinder Singh Son Of Kulwant Singh R/O Vill. Muradpura P.o. Bal Khurd Distt. Amritsar Punjab. Have Changed My Name To Tajinder Singh Gill.

I Sukhdev Singh Son Of Avtar Singh R/O Vill. Muradpura P.o. Bal Khurd Distt. Amritsar Punjab. Have Declare That Singh Is My Surname And Sukhdev Is My Given Name.

I Simarjit Singh Son Of Nirmal Singh R/O Vill. Muradpura P.o. Bal Khurd Distt. Amritsar Punjab. Have Changed My Name To Simarjeet Singh.

I Gurdayal Singh S/O Harbans Singh Vpo Dinewal Teh Khadur Sahib Distt Tarn Taran Have Changed My Name From Gurdayal Singh To Gurdial Singh.

I Jaswinder Singh Dol S/O Jarnail Singh R/O H No. J/12/8 Small Town Colony Vpo. Sultanwind Near Attari Sahib Gurdwara , Amritsar Have Changed My Name From Jaswinder Singh Dol To Jaswinder Singh .

I, Shiv Kumar S/o Shri Jai Krishan Chouhan R/o H.No. 243/5 Shiv Vihar Near Cheema Chowk Jalandhar, have changed my name from Shiv Kumar to Shiv Chouhan. Please note. (6905)

I, Shiv Kumar S/o Sh. Jai Krishan Chouhan R/o H.No. 243/5 Shiv Vihar Near Cheema Chowk Jalandhar, have changed my name from Shiv Kumar to Shiv Chouhan. Please note. (6905)

I, Nirwail Singh S/o Thakur Singh R/o Village Sangrai, Distt. Amritsar, Punjab have changed my name from Nirwail Singh to Nirvail Singh.

Change of Name

I, Alka Kundra w/o Vimal Kundra r/o 970, Urban Estate, Phase-2, Jalandhar declare that my husband's name Vimal Kundra & Vimal Kishore is one and same person. All Please Note.

I, Namita Sharma d/o Rajinder Kumar r/o VPO. Saidpur, Distt. Kapurthala declare that Namita Sharma & Upma Sharma is one and the same person. All Please Note.

I, Salwinder Kumar s/o Das r/o Village Lambri, Po. Lambra, Jalandhar, Punjab-144026 have changed my name as Salwinder. All Please Note.

I, Sanjay Kumar Hans s/o Balraj Ram r/o H.No.96, W.No.39, Arjun Nagar, Basti Guzan, Jalandhar, Punjab-144002 have changed my name as Sanjay Kumar. All Please Note.

I, Tajinder Pal Singh s/o Paramjit Singh r/o ED-185, Dhan Mohalla, Jalandhar, Punjab have changed my spelling name to Tejinder Pal Singh. All Please Note.

I, Barinder Kaur d/o Balwant Singh w/o Tejinder Singh r/o 6572, W.No.9, Mohalla Guru Teg Bahadur Nagar, Nakodar, Jalandhar-144040, Punjab changed my name to Simran Arora, after marriage. All Please Note.

I, Tanisha D/o Ashok Kumar W/o Davinder Pal Singh resident at Village Fattowal, Po. Bullowal, Distt. Hoshiarpur have changed my name from Tanisha to Tanisha Singh. All concerned please note.

I, Komaljeet Kaur W/o Lovepreet Singh R/o VPO Bhadas, Tehsil Bholath, District Kapurthala, Punjab declare that given name Komaljeet and surname as Kaur. My name may be read as Kaur Komaljeet. All please note.

I, Dishima Tandon D/o Sanjeev Tandon W/o Sahil Anand R/o H.No. 8/A, Jyoti Nagar, Jalandhar, Punjab Have Changed My Name To Dishima Anand, after marriage. All please note.

I, Kiran Bala W/o Parwinder Jeet Sund R/o Vill. Nawan Pind, Po. Nussi, Distt. Jalandhar, Punjab Have Changed My Name From Kiran Bala To Kiran Bala Sund. All please note.

I, Kamla Rani W/o Ramesh Chand R/o H.No. A-79, Khandala Farm, Near Salempur Road, Jalandhar have changed my name to Rani Kamla (Surname as Rani) All please note.

I, Gagandeep Sharma S/o Ramesh Chand R/o H.No. A-79, Khandala Farm, Near Salempur Road, Jalandhar have changed name of my minor daughter from Palak to Palak Sharma. All please note.

I, Parmjit Kaur Thind W/o Jaswinder Singh R/o Vill. Isewal, Tehsil Shahkot, Distt. Jalandhar, Punjab have changed my name from Parmjit Kaur Thind to Parmjit Kaur. All please note.

I, Mohit Rishi S/o Ravinder Pal R/o Lane No-17, Bhakhra Enclave, Malo Majra Patiala, Punjab-147001, have changed my name from Mohit Rishi to Mohit Rikhi. All please note.

I, Poonam Nayyar W/o Vinod Goyal R/o 291, Sector-17, Kheri Kalan (133), Faridabad, Haryana-121002. have changed my name from Poonam Nayyar to Poonam Goyal. All please note.

I, Deepak Kumar S/o Sukhveer Singh R/o H.No-357, VTC: Dubaldhan Kirmian (136), Po, Dubaldhan, District Jhajjar, State-Haryana-124202. have changed my name from Deepak Kumar to Deepak Kadian. All please note.

I, Anjula V. W/o Varghese Paul R/o Flat No-902, Tower-7, The Close South, Sector-50 Nirvana Country, Gurgaon, Haryana-122018. have changed my name from Anjula V. to Anjula Varghese. All please note.

I, Nirmal Singh Alias Nirmal Kumar S/o Waryam Singh R/o VPO. Munak Kalan, Tehsil Dasuya, Distt. Hoshiarpur, Punjab have changed my name to Nirmal Kumar. All please note.

I, Parveen D/o Viswa Nath W/o Vikas Sharma R/o 311, Rose Street, Majitha Road, Amritsar, Punjab have changed my name after marriage from Parveen to Parveen Sharma.

I, Nirmal Kaur W/o Narinder Singh R/o Village Aima Khurd, PO Aima Kalan, Tehsil and District TarnTaran, Punjab (India) have changed my name from Nirmal Kaur to Rajwinder Kaur. Concerned please note.

I, KUNAL JANGRA S/o Sh. Janak Raj, R/o H. No. 1405/10, Ajit Nagar, Jalandhar, Punjab-144004, India. That KUNAL and KUNAL JANGRA, both names belong to one and the same person i.e. mine.

I Gurprem Singh S/O Harjinder Singh R/O Village Rure Aasal Tarn Taran Have Changed My Name To Singh Is My Surname And Gurprem Is My Given Name

I Parvinder S/O Ram Parkash R/O V.P.O.Karnana, Tehsil & District Shaheed Bhagat Singh Nagar have changed my name to Parvinder Singh.

I, hitherto known as Ranbir Singh Kohli S/O Harnam Singh residing at House No. B-32/455, Main Kapurthala Road, Lali Complex, Basti Bawa Khel, Distt. Jalandhar - 144021, Punjab, India have changed my name and shall hereafter be known as Ranbir Singh.

I, Manjit S/o Joginder Pal R/o V. Dara Pur Nangal, P.O. Salala, P.S. Adampur, Distt. Jalandhar, have changed my name from Manjit to MANJIT VIRDI.

I Baljit Singh S/O Gurmail Singh @ Shingara Singh R/o V.P.O.Dhuleta,Tehsil Phillaur District Jalandhar Declared that Baljit Singh and Jeet Singh both are my names.All concerned known me with Baljit Singh alias Jeet Singh Names.

ਕਲਾਨੌਰ ਤੇ ਡੇਰਾ ਬਾਬਾ ਨਾਨਕ 'ਚ ਜਾਗਰੂਕਤਾ ਸੈਮੀਨਾਰ

ਕਲਾਨੌਰ (ਮਨਦੀਪ ਕੋਹਲੀ) : ਨਵਦੀਪ ਕੌਰ ਗਿੱਲ, ਸਿਵਲ ਜੱਜ (ਸੀਨੀਅਰ ਡਵੀਜ਼ਨ)-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੀ ਅਗਵਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕਲਾਨੌਰ ਅਤੇ ਡੇਰਾ ਬਾਬਾ ਨਾਨਕ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਵਿਖੇ ਜਾਗਰੂਕਤਾ ਸੈਮੀਨਾਰ ਕਰਵਾਏ ਗਏ। ਇਨ੍ਹਾਂ ਸੈਮੀਨਾਰਾਂ ਦੌਰਾਨ ਸਕੂਲਾਂ ਦੇ ਲਗਭਗ 480 ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਹਿੱਸਾ ਲਿਆ।

ਇਨ੍ਹਾਂ ਸੈਮੀਨਾਰ ਦੌਰਾਨ ਮੈਡਮ ਨਵਦੀਪ ਕੌਰ ਗਿੱਲ ਨੇ ਸਕੂਲ ਦੇ ਬੱਚਿਆਂ ਨੂੰ ਪੰਜਾਬ ਵਿਕਟਿਮ ਕੰਪਨਸੇਸ਼ਨ ਸਕੀਮ-2017, ਨਾਲਸਾ ਕੰਪਨਸੇਸ਼ਨ ਸਕੀਮ ਫਾਰ ਵੋਮੈਨ-2018, ਲੀਗਲ ਏਡ ਅਤੇ ਪਰੋਵੀਜ਼ਨਸ ਆਫ ਪੋਸਕੋ ਐਕਟ 2012 ਬਾਰੇ ਜਾਗਰੂਕ ਕੀਤਾ। ਨਵਦੀਪ ਕੌਰ ਗਿੱਲ ਨੇ ਮੁਫ਼ਤ ਕਾਨੂੰਨੀ ਸਹਾਇਤਾ ਲੈਣ ਬਾਰੇ ਜਾਗਰੂਕ ਕਰਦਿਆਂ ਵਿਦਿਆਰਥੀਆਂ ਨੂੰ ਕਿਹਾ ਕਿ ਉਹ ਆਪਣੇ ਆਸ-ਪਾਸ ਦੇ ਲੋਕਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਜਾਣੂ ਕਰਵਾਉਣ ਤਾਂ ਜੋ ਵੱਧ ਤੋਂ ਵੱਧ ਲੋਕ ਮੁਫ਼ਤ ਕਾਨੂੰਨੀ ਸਹਾਇਤਾ ਦਾ ਲਾਭ ਉਠਾ ਸਕਣ। ਇਸ ਦੇ ਨਾਲ ਹੀ ਮੈਡਮ ਨਵਦੀਪ ਕੌਰ ਗਿੱਲ, ਸਿਵਲ ਜੱਜ (ਸੀਨੀਅਰ ਡਵੀਜ਼ਨ)-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਨੇ ਵਿਦਿਆਰਥੀਆਂ ਨੂੰ ਲੋਕ ਅਦਾਲਤਾਂ ਦੇ ਲਾਭਾਂ ਬਾਰੇ ਵੀ ਵਿਸਥਾਰ 'ਚ ਦੱਸਿਆ।

ਉਨ੍ਹਾ ਕਿਹਾ ਕਿ 11 ਫਰਵਰੀ ਨੂੰ ਜ਼ਿਲ੍ਹਾ ਗੁਰਦਾਸਪੁਰ ਦੀਆਂ ਸਾਰੀਆਂ ਅਦਾਲਤਾਂ 'ਚ ਰਾਸ਼ਟਰੀ ਲੋਕ ਅਦਾਲਤਾਂ ਲਗਾਈਆਂ ਜਾ ਰਹੀਆਂ ਹਨ।

ਅਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੀ ਸੂਬਾਈ ਮੀਟਿੰਗ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ) : ਅਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੀ ਮੀਟਿੰਗ ਪਵਿੱਤਰ ਅਸਥਾਨ ਗੁਰਦੁਆਰਾ ਅੰਗੀਠਾ ਸਾਹਿਬ, ਭਾਈ ਜੋਧ ਹਾਲ ਖਡੂਰ ਸਾਹਿਬ ਵਿਖੇ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਜਥੇਬੰਦੀ ਦੇ ਸੂਬਾ ਸਰਪ੍ਰਸਤ ਬਾਬਾ ਮੋਹਿੰਦਰ ਸਿੰਘ ਵੇਈਂਪੁਈਂ ਨੇ ਕੀਤੀ। ਇਸ ਮੀਟਿੰਗ ਵਿੱਚ ਸੂਬਾ ਕਮੇਟੀ ਦੇ ਸਾਰੇ ਅਹੁਦੇਦਾਰ ਪਹੁੰਚੇ ਅਤੇ ਜਥੇਬੰਦੀ ਦੇ ਪ੍ਰੋਗਰਾਮਾਂ 'ਤੇ ਵਿਚਾਰ ਵਟਾਂਦਰਾ ਕੀਤਾ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਹਰਜਿੰਦਰ ਸਿੰਘ ਟਾਂਡਾ ਨੇ ਕਿਹਾ ਕਿ ਅੱਜ ਦੀ ਮੀਟਿੰਗ ਬਲਾਉਣ ਦਾ ਮੁੱਖ ਮੰਤਵ ਇਹ ਸੀ ਕਿ ਜੋ ਪੰਜ ਕਿਸਾਨ ਜਥੇਬੰਦੀਆਂ ਵੱਲੋਂ 3 ਫਰਵਰੀ ਨੂੰ ਪਾਣੀਆਂ ਅਤੇ ਵਾਤਾਵਰਨ ਬਚਾਓ, ਪੰਜਾਬ ਬਚਾਓ ਦੇ ਮੁੱਦੇ ਤਹਿਤ ਚੰਡੀਗੜ੍ਹ ਵਿਖੇ ਪੱਕਾ ਮੋਰਚਾ ਲੱਗਣਾ ਸੀ, ਉਸ ਨੂੰ ਚੰਡੀਗੜ੍ਹ ਵਿੱਚ ਚੱਲ ਰਹੇ ਕੌਮੀ ਇਨਸਾਫ ਮੋਰਚੇ ਨੂੰ ਧਿਆਨ 'ਚ ਰੱਖਦੇ ਹੋਏ ਕੁਝ ਸਮੇਂ ਲਈ ਮੁਲਤਵੀ ਕਰ ਦਿੱਤਾ ਹੈ ਅਤੇ ਕੌਮੀ ਇਨਸਾਫ ਮੋਰਚੇ ਦਾ ਪੁਰਜ਼ੋਰ ਸਮਰਥਨ ਕਰਨ ਦਾ ਐਲਾਨ ਕੀਤਾ ਹੈ ਅਤੇ ਜਥੇਬੰਦੀ ਵੱਲੋਂ ਇਸ ਮੋਰਚੇ ਦੀ ਹਮਾਇਤ ਲਈ 10 ਫਰਵਰੀ ਨੂੰ ਬਹੁਤ ਵੱਡਾ ਜਥਾ ਲੈ ਕੇ ਮੋਰਚੇ 'ਚ ਪਹੁੰਚਣ ਦਾ ਫੈਸਲਾ ਕੀਤਾ। ਇਸ ਦੇ ਨਾਲ ਹਰਜਿੰਦਰ ਸਿੰਘ ਟਾਂਡਾ ਨੇ ਦੱਸਿਆ ਕਿ 25 ਫਰਵਰੀ ਨੂੰ ਜਥੇਬੰਦੀ ਦਾ ਸੂਬਾ ਇਜਲਾਸ ਕੀਤਾ ਜਾਵੇਗਾ ਅਤੇ ਜਥੇਬੰਦੀ ਦੀ ਸੂਬਾ ਕੋਰ ਕਮੇਟੀ ਅਤੇ ਸੂਬਾ ਕਮੇਟੀ ਦੀ ਚੋਣ ਕੀਤੀ ਜਾਵੇਗੀ। ਇਸ ਮੌਕੇ ਦਲਬੀਰ ਸਿੰਘ ਵਦਾਦਪੁਰ, ਸੁਖਦੇਵ ਸਿੰਘ ਤੁੜ, ਅਵਤਾਰ ਸਿੰਘ ਚਾਹਲ, ਸੁਖਜਿੰਦਰ ਸਿੰਘ ਕੈਨੇਡੀ, ਪਰਮਜੀਤ ਸਿੰਘ, ਰਤਨ ਸਿੰਘ ਢੰਡ, ਮਨਜਿੰਦਰ ਸਿੰਘ ਪ੍ਰਧਾਨ, ਦਿਲਬਾਗ ਸਿੰਘ ਬਾਣੀਆ, ਜਗੀਰ ਸਿੰਘ ਸੰਗਰ, ਗੁਰਮੀਤ ਸਿੰਘ ਧਿਆਨਪੁਰ, ਪਲਵਿੰਦਰ ਸਿੰਘ, ਬਲਦੇਵ ਸਿੰਘ ਕੋਟ, ਸਰਪੰਚ ਗੁਰਦਿਆਲ ਸਿੰਘ, ਮੋਹਨ ਸਿੰਘ, ਰਸ਼ਪਾਲ ਸਿੰਘ ਭੈਲ, ਡਾਕਟਰ ਗੁਰਦੇਵ ਸਿੰਘ, ਜੋਗਾ ਸਿੰਘ, ਕਾਰਜ ਸਿੰਘ ਸਰਾਂ, ਜਸਬੀਰ ਸਿੰਘ ਕੋਟਲੀ, ਜੱਸਾ ਸਿੰਘ ਕੱਦਗਿਲ, ਪਿਆਰਾ ਸਿੰਘ ਸਰਪੰਚ, ਸੁਖਜਿੰਦਰ ਸਿੰਘ ਟਾਂਡਾ, ਗੁਰਪਾਲ ਸਿੰਘ ਜਮਸਤਪੁਰ, ਮਾਸਟਰ ਸਾਬ ਲੁੱਧੜ, ਜਗਦੀਸ਼ ਸਿੰਘ ਝੰਡੇਰ ਆਦਿ ਹਾਜ਼ਰ ਹੋਏ।

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕਲਾਨੌਰ ਤੇ ਡੇਰਾ ਬਾਬਾ ਨਾਨਕ 'ਚ ਜਾਗਰੂਕਤਾ ਸੈਮੀਨਾਰ

ਗੁਰਦਾਸਪੁਰ, (ਜਨਕ ਮਹਾਜਨ) : ਨਵਦੀਪ ਕੌਰ ਗਿੱਲ, ਸਿਵਲ ਜੱਜ (ਸੀਨੀਅਰ ਡਵੀਜਨ)-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੀ ਅਗਵਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕਲਾਨੌਰ ਅਤੇ ਡੇਰਾ ਬਾਬਾ ਨਾਨਕ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਵਿਖੇ ਜਾਗਰੂਕਤਾ ਸੈਮੀਨਾਰ ਕਰਵਾਏ ਗਏ। ਇਹਨਾਂ ਸੈਮੀਨਾਰਾਂ ਦੌਰਾਨ ਸਕੂਲਾਂ ਦੇ ਲਗਭਗ 480 ਵਿਦਿਆਰਥੀਆਂ ਅਤੇ ਅਧਿਆਪਕਾਂ ਦੁਆਰਾ ਹਿੱਸਾ ਲਿਆ ਗਿਆ। ਇਹਨਾਂ ਸੈਮੀਨਾਰ ਦੌਰਾਨ ਨਵਦੀਪ ਕੌਰ ਗਿੱਲ ਦੁਆਰਾ ਸਕੂਲ ਦੇ ਬੱਚਿਆਂ ਨੂੰ ਪੰਜਾਬ ਵਿਕਟਿਮ ਕੰਪਨਸੇਸ਼ਨ ਸਕੀਮ-2017, ਨਾਲਸਾ ਕੰਪਨਸੇਸ਼ਨ ਸਕੀਮ ਫਾਰ ਵੋਮੈਨ-2018, ਲੀਗਲ ਏਡ ਅਤੇ ਪਰੋਵੀਜ਼ਨਸ ਆਫ ਪੋਸਕੋ ਐਕਟ 2012 ਬਾਰੇ ਜਾਗਰੂਕ ਕੀਤਾ। ਮੈਡਮ ਨਵਦੀਪ ਕੌਰ ਗਿੱਲ ਨੇ ਮੁਫ਼ਤ ਕਾਨੂੰਨੀ ਸਹਾਇਤਾ ਲੈਣ ਬਾਰੇ ਜਾਗਰੂਕ ਕਰਦਿਆਂ ਵਿਦਿਆਰਥੀਆਂ ਨੂੰ ਕਿਹਾ ਕਿ ਉਹ ਆਪਣੇ ਆਸ-ਪਾਸ ਦੇ ਲੋਕਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਜਾਣੂ ਕਰਵਾਉਣ ਤਾਂ ਜੋ ਵੱਧ ਤੋਂ ਵੱਧ ਲੋਕ ਮੁਫ਼ਤ ਕਾਨੂੰਨੀ ਸਹਾਇਤਾ ਦਾ ਲਾਭ ਉਠਾ ਸਕਣ। ਇਸ ਦੇ ਨਾਲ ਹੀ ਨਵਦੀਪ ਕੌਰ ਗਿੱਲ, ਸਿਵਲ ਜੱਜ (ਸੀਨੀਅਰ ਡਵੀਜ਼ਨ)-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਨੇ ਵਿਦਿਆਰਥੀਆਂ ਨੂੰ ਲੋਕ ਅਦਾਲਤਾਂ ਦੇ ਲਾਭਾਂ ਬਾਰੇ ਵੀ ਵਿਸਥਾਰ ਵਿੱਚ ਦੱਸਿਆ। ਉਨ੍ਹਾਂ ਕਿਹਾ ਕਿ 11 ਫਰਵਰੀ ਨੂੰ ਜ਼ਿਲ੍ਹਾ ਗੁਰਦਾਸਪੁਰ ਦੀਆਂ ਸਾਰੀਆਂ ਅਦਾਲਤਾਂ ਵਿੱਚ ਰਾਸ਼ਟਰੀ ਲੋਕ ਅਦਾਲਤਾਂ ਲਗਾਈਆਂ ਜਾ ਰਹੀਆਂ ਹਨ।

Change of Name

I, Gurdeep Singh S/o Sh. Mangal Singh R/o Ward No. 10 Dharampur Dasuya Tehsil Dasuya Distt Hoshiarpur, (Pb.) have Changed the Name of My Minor Daughter Lavanya to Lavanya Jamba. All Concerned please note. (VIG)

I, Naresh Kumar S/o Late Sh. Bhag Singh R/o 21-New Model Town, Jalandhar, have changed my name from Naresh Kumar to Naresh Kumar Bagla. All concerned please note. (6968)

I, Neetu Bala W/o Raman Kumar R/o Gopalpur @ Bidhipur, Tehsil & Distt. Jalandhar, have changed my daughter's name from Mannat to Mannat Kaur. Concerned noted. (R)

I, Sukhjit Kaur W/o Sukhjit Singh R/o Vill. Missarpura PO. Chahal Kalan Tehsil Batala,Distt Gurdaspur. Declare that Sukhjit Kaur & Sukhjeet Kaur Both names are belongs to mine and Both are Same & One Person. (SHREE KRISHNA)

I,Neha Rani D/O Budhi Singh W/O Rakesh Kumar R/O Plot No.20/B,Gali No.5,Bori Sahib Road ,Near South City Colony,Prem Nagar,Amritsar,Punjab have changed my name from Neha Rani to Neha.Concerned note. (KK)

I, Prabhjit Singh S/O Gurmej Singh R/O VPO Uchoke Kalan,Tehsil Baba Bakala,Distt. Amritsar,Punjab have changed my name from Prabhjit Singh to Prabjit Singh. Concerned note. (KK)

I hitherto Known as SUKHJINDER SINGH RANDHAWA S/O AMRIK SINGH R/O RAIL VIHAR ABADI KOT RAMDASS PO.CHUGITTI DISTT JALANDHAR 144009 PUNJAB, INDIA. Have changed my name and shall hereafter be known as SUKHJINDER SINGH

ਕੇਂਦਰ ਸਰਕਾਰ ਐਸ ਜੀ ਪੀ ਸੀ ਚੋਣਾਂ ਕਰਾਉਣ ਤੋਂ ਭੱਜ ਰਹੀ : ਮਾਨ

ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ) ਕੇਂਦਰ ਤੇ ਰਾਜ ਸਰਕਾਰਾਂ ਵੱਲੋਂ ਸਿੱਖਾਂ ਦੇ ਮਸਲਿਆਂ ਨੂੰ ਲਗਾਤਾਰ ਅਣਗੌਲਿਆ ਕੀਤਾ ਜਾ ਰਿਹਾ ਹੈ, ਕੋਈ ਵੀ ਸਰਕਾਰ ਸਿੱਖਾਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਢੁੱਕਵੇਂ ਕਦਮ ਨਹੀਂ ਚੁੱਕ ਰਹੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੰਸਦ ਮੈਂਬਰ ਸਿਮਰਨਜੀਤ ਸਿੰਘ ਮਾਨ ਦੇ ਪੁੱਤਰ ਈਮਾਨ ਸਿੰਘ ਮਾਨ ਨੇ ਗੁਰਦੁਆਰਾ ਵੱਡਾ ਘੱਲੂਘਾਰਾ ਸਾਹਿਬ ਕੁਤਬਾ (ਬਰਨਾਲਾ) ਵਿਖੇ ਮਹਾਨ ਸ਼ਹੀਦਾਂ ਦੀ ਯਾਦ 'ਚ ਸ਼ਹੀਦੀ ਸਮਾਗਮ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਬਾਰਾਂ ਸਾਲਾਂ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਕੇਂਦਰ ਸਰਕਾਰ ਐਸ.ਜੀ.ਪੀ.ਸੀ. ਦੀਆਂ ਚੋਣਾਂ ਕਰਾਉਣ ਤੋਂ ਭੱਜ ਰਹੀ ਹੈ। ਦੂਜੇ ਪਾਸੇ ਸ਼੍ਰੋਮਣੀ ਕਮੇਟੀ ਦੇ ਅਧੀਨ ਆਉਂਦੇ ਗੁਰਦੁਆਰਿਆਂ 'ਚ ਲਗਾਤਾਰ ਵਧ ਰਹੇ ਬੇਅਦਬੀ ਦੇ ਮਾਮਲੇ ਗੰਭੀਰ ਚਿੰਤਾ ਦਾ ਵਿਸ਼ਾ ਹਨ। ਮਾਨ ਨੇ ਕਿਹਾ ਕਿ ਸਿੱਖ ਕੌਮ ਨਾਲ ਹੋ ਰਹੀਆਂ ਧੱਕੇਸ਼ਾਹੀਆਂ ਦੇ ਵਿਰੁੱਧ ਸਿਮਰਨਜੀਤ ਸਿੰਘ ਮਾਨ ਵੱਲੋਂ ਲਗਾਤਾਰ ਜ਼ੋਰਦਾਰ ਢੰਗ ਨਾਲ ਆਵਾਜ਼ ਬੁਲੰਦ ਕੀਤੀ ਜਾ ਰਹੀ ਹੈ ਇਸ ਮੌਕੇ ਢਾਡੀ ਬੀਬੀ ਜਸਵੰਤ ਕੌਰ, ਢਾਡੀ ਰਾਜਵੰਤ ਕੌਰ ਖਾਲਸਾ ਫ਼ਤਿਹਗੜ੍ਹ ਸਾਹਿਬ, ਢਾਡੀ ਗੁਰਮੇਲ ਸਿੰਘ ਕਾਲੇਕੇ ਤੇ ਕਵੀਸ਼ਰੀ ਜੀਵਨ ਸਿੰਘ ਘਰਾਚੋਂ ਦੇ ਜਥਿਆਂ ਨੇ ਵਾਰਾਂ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਹਲਕਾ ਇੰਚਾਰਜ ਗੁਰਜੰਟ ਸਿੰਘ ਕੱਟੂ, ਕਰਮ ਸਿੰਘ ਕੁਤਬਾ, ਜਥੇ: ਮਹਿੰਦਰ ਸਿੰਘ ਸਹਿਜੜਾ, ਜਥੇ. ਮਲਕੀਤ ਸਿੰਘ ਮਹਿਲ ਖੁਰਦ, ਜਥੇ. ਮੁਖਤਿਆਰ ਸਿੰਘ ਛਾਪਾ, ਮਨਜੀਤ ਸਿੰਘ ਤੇ ਲਾਭ ਸਿੰਘ ਸਮਰਾ ਹਾਜ਼ਰ ਸਨ।

ਬਿਜਲੀ ਮੁਲਾਜ਼ਮਾਂ ਵੱਲੋਂ ਥਰਮਲ ਗੇਟ 'ਤੇ ਰੋਸ ਰੈਲੀ

ਥਰਮਲ ਪਲਾਂਟ ਲਹਿਰਾ ਮੁਹੱਬਤ ਵਿਖੇ ਇੰਪਲਾਈਜ਼ ਫੈਡਰੇਸ਼ਨ (ਚਾਹਲ) ਦੀ ਅਗਵਾਈ 'ਚ ਬਿਜਲੀ ਮੁਲਾਜ਼ਮ ਰੋਸ ਰੈਲੀ ਦੌਰਾਨ ਨਾਅਰੇਬਾਜ਼ੀ ਕਰਦੇ ਹੋਏ।

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਇੰਪਲਾਈਜ਼ ਫੈਡਰੇਸ਼ਨ (ਚਾਹਲ) ਥਰਮਲ ਪਲਾਂਟ ਲਹਿਰਾ ਮੁਹੱਬਤ ਦੀ ਅਗਵਾਈ ਹੇਠ ਬਿਜਲੀ ਮੁਲਾਜ਼ਮਾਂ ਨੇ ਥਰਮਲ ਗੇਟ 'ਤੇ ਰੋਸ ਰੈਲੀ ਦੌਰਾਨ ਮੈਨੇਜਮੈਂਟ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਜਥੇਬੰਦੀ ਦੇ ਪ੍ਰਧਾਨ ਬਲਜੀਤ ਸਿੰਘ ਬਰਾੜ (ਸੂਬਾ ਮੀਤ ਪ੍ਰਧਾਨ), ਜਨਰਲ ਸਕੱਤਰ ਰਜਿੰਦਰ ਸਿੰਘ (ਨਿੰਮਾ), ਸੀਨੀਅਰ ਮੀਤ ਪ੍ਰਧਾਨ ਲਖਵੰਤ ਸਿੰਘ ਬਾਂਡੀ ਤੇ ਜੁਆਇੰਟ ਸਕੱਤਰ ਰਘਬੀਰ ਸਿੰਘ ਸੈਣੀ ਆਦਿ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਥਰਮਲ ਮੈਨੇਜਮੈਂਟ ਵੱਲੋਂ ਪਲਾਂਟ ਦੇ ਯੂਨਿਟ ਨੰਬਰ 2 ਦੀ ਈ. ਐੱਸ. ਪੀ. ਦਾ ਢਾਂਚਾ ਬੀਤੀ 12 ਮਈ 2022 ਨੂੰ ਢਹਿ-ਢੇਰੀ ਹੋਣ ਕਰਕੇ ਉਤਪਾਦਨ ਬੰਦ ਹੋ ਗਿਆ ਸੀ। ਤਕਰੀਬਨ 8 ਮਹੀਨੇ ਬੀਤ ਜਾਣ 'ਤੇ ਵੀ ਇਸ ਦਾ ਈ. ਐੱਸ. ਪੀ. ਨਵਾਂ ਲਗਾਏ ਜਾਣ ਦਾ ਟੈਂਡਰ ਜਾਰੀ ਨਹੀਂ ਹੋ ਸਕਿਆ ਤੇ ਹੋਰ ਇਕ ਸਾਲ ਲਈ ਉਤਪਾਦਨ ਬੰਦ ਰਹੇਗਾ। ਇਸ ਯੂਨਿਟ ਨੂੰ ਸ਼ੈੱਡ-ਡਾਊਨ 'ਤੇ ਘੋਸ਼ਿਤ ਕਰਨ ਦੇ ਕੰਮ ਤੋਂ ਟਾਲਾ ਵੱਟਿਆ ਜਾ ਰਿਹਾ ਹੈ, ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਤੇ ਨਾਰਾਜ਼ਗੀ ਹੈ। ਉਨ੍ਹਾਂ ਕਿਹਾ ਕਿ ਥਰਮਲ ਵਿੱਚ ਟੈਕਨੀਕਲ ਸਟਾਫ ਦੀ ਭਾਰੀ ਕਮੀ ਹੋਣ ਦੇ ਬਾਵਜੂਦ ਮੌਜੂਦਾ ਤੈਨਾਤ ਕਰਮਚਾਰੀ ਦੋ-ਦੋ ਲੋਕੇਸ਼ਨਾਂ 'ਤੇ ਕੰਮ ਕਰਕੇ ਪਲਾਂਟ ਦੇ ਦੂਸਰੇ 3 ਨੰਬਰ ਯੂਨਿਟ ਤੋਂ ਭਰਪੂਰ ਬਿਜਲੀ ਉਤਪਾਦਨ ਕਰ ਰਹੇ ਹਨ। ਤੈਨਾਤ ਕਰਮਚਾਰੀਆਂ ਨੂੰ ਆਪਣੇ ਘਰੇਲੂ ਕੰਮਾਂ ਕਾਰਾਂ ਲਈ ਛੁੱਟੀ ਵੀ ਨਾ ਦਿੱਤੇ ਜਾਣ ਕਾਰਨ ਅਧਿਕਾਰੀਆਂ ਤੇ ਮੁਲਾਜ਼ਮਾਂ ਵਿੱਚ ਤਕਰਾਰ-ਬਾਜ਼ੀ ਵਧ ਰਹੀ ਹੈ। ਆਗੂਆਂ ਨੇ ਯੂਨਿਟ ਨੰਬਰ 2 ਨੂੰ ਸ਼ੈੱਡ-ਡਾਊਨ 'ਤੇ ਘੋਸ਼ਿਤ ਕਰਨ ਦੀ ਮੰਗ ਤੋਂ ਇਲਾਵਾ 9-16-23 ਸਾਲਾ ਸਮਾਂਬੱਧ ਸਕੇਲ ਜਾਰੀ ਕਰਨ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਮੋਬਾਈਲ/ਡਿਊਟੀ ਲੋਡਾ ਭੱਤਾ ਡਬਲ ਕਰਨ, ਪੇਂਡੂ ਭੱਤਾ ਲਾਗੂ ਕਰਨ, ਪਿਛਲੇ 8 ਸਾਲ ਤੋਂ ਥਰਮਲ ਪਲਾਂਟਾਂ ਦੀ ਸਿੱਧੀ ਭਰਤੀ ਕੋਟੇ ਦੀਆਂ ਪੋਸਟਾਂ 'ਤੇ ਭਰਤੀ ਕਰਨ, ਥਰਮਲ ਬਠਿੰਡਾ ਦੀਆਂ ਪੈਂਡਿੰਗ ਪਈਆਂ ਪੋਸਟਾਂ ਥਰਮਲ ਲਹਿਰਾ ਮੁਹੱਬਤ ਵਿਖੇ ਤਬਦੀਲ ਕਰਨ, ਪੇ-ਸਕੇਲਾਂ ਤੇ ਡੀ. ਏ. ਦੀਆਂ ਪੈਂਡਿੰਗ ਕਿਸ਼ਤਾਂ ਜਾਰੀ ਕਰਨੇ ਅਤੇ ਐੱਸ. ਐੱਸ. ਏ. ਤੋਂ ਬਣਦੀ ਡਿਊਟੀ ਲੈਣ ਦੀ ਮੰਗ ਕੀਤੀ। ਰੈਲੀ ਵਿੱਚ ਦਮਨਜੀਤ ਸਿੰਘ, ਰਜਿੰਦਰ ਬਹਾਦਰ, ਮਲਕੀਤ ਸਿੰਘ ਚੈਨਾ, ਗੁਰਲਾਲ ਸਿੰਘ ਗਿੱਲ, ਜਸ਼ਨਦੀਪ ਸਿੰਘ, ਰਾਜ ਕੁਮਾਰ ਤੇ ਪ੍ਰੇਮ ਕੁਮਾਰ ਉੱਪਲ ਆਦਿ ਸ਼ਾਮਲ ਸਨ।

ਵਾਰਡ ਨੰਬਰ 8 ਦੀ ਚੋਣ ਰੱਦ ਕਰਨ ਤੇ ਮੁੜ ਚੋਣ ਕਰਵਾਉਣ ਦੇ ਹੁਕਮ

■ ਬੂਥ ਕੈਪਚਰਿੰਗ ਤੇ ਜਾਲ੍ਹੀ ਵੋਟਾਂ ਪਾਉਣ ਕਾਰਨ ਚੋਣ ਰੱਦ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)

ਮਾਣਯੋਗ ਇਲੈਕਸ਼ਨ ਟ੍ਰਿਬਿਊਨਲ-ਕਮ-ਸਬ ਡਵੀਜ਼ਨਲ ਮੈਜਿਸਟ੍ਰੇਟ ਰਾਜਪੁਰਾ ਸ੍ਰੀ ਸੰਜੀਵ ਸ਼ਰਮਾ ਦੀ ਮਾਨਯੋਗ ਕੋਰਟ ਨੇ ਵਾਰਡ ਨੰਬਰ 8 ਸਮਾਣਾ ਨਗਰ ਕੌਂਸਲ ਦੀ ਚੋਣ ਰੱਦ ਕਰਨ ਦੇ ਹੁਕਮ ਦਿੱਤੇ ਹਨ ਅਤੇ ਦੁਬਾਰਾ ਚੋਣਾਂ ਕਰਵਾਉਣ ਦੇ ਹੁਕਮ ਜਾਰੀ ਕੀਤੇ ਹਨ। ਇਥੇ ਦੱਸਣਯੋਗ ਹੈ ਕਿ ਗੁਨਤਾਸ ਸਿੰਘ ਗੁਣੀ ਵੜੈਚ ਜਾਲ੍ਹੀ ਵੋਟਾਂ ਨਾਲ ਜੇਤੂ ਕਰਾਰ ਦਿੱਤੇ ਗਏ ਸਨ, ਉਨ੍ਹਾਂ ਖਿਲਾਫ ਇੱਕ ਇਲੈਕਸ਼ਨ ਪਟੀਸ਼ਨ ਸ੍ਰੀ ਕਪੂਰ ਚੰਦ ਬਾਂਸਲ (ਸਾਬਕਾ ਪ੍ਰਧਾਨ ਨਗਰ ਕੌਂਸਲ ਸਮਾਣਾ) ਨੇ ਆਪਣੇ ਸੀਨੀਅਰ ਵਕੀਲ ਜਗਦੀਸ਼ ਸ਼ਰਮਾ ਰਾਹੀਂ ਮਾਨਯੋਗ ਟ੍ਰਿਬਿਊਨਲ ਕੋਲ ਦਾਇਰ ਕੀਤੀ ਸੀ, ਜਿਸ ਵਿੱਚ ਮਾਣਯੋਗ ਅਦਾਲਤ ਨੇ ਸ੍ਰੀ ਜਗਦੀਸ਼ ਸ਼ਰਮਾ ਦੀਆਂ ਦਲੀਲਾਂ ਨਾਲ ਸਹਿਮਤ ਹੁੰਦੇ ਹੋਏ ਸਮਾਣਾ ਦੇ ਵਾਰਡ ਨੰਬਰ 8 ਦੀ ਚੋਣ ਨੂੰ ਰੱਦ ਕਰ ਦਿੱਤਾ ਹੈ। ਇਹ ਚੋਣਾਂ 14 ਫਰਵਰੀ 2021 ਨੂੰ ਐੱਸ ਐੱਸ ਹਰਭਗਵਾਨ ਸਕੂਲ ਸਮਾਣਾ ਵਿੱਚ ਹੋਈਆਂ ਸਨ ਤੇ ਉਸ ਚੋਣਾਂ ਦੀ ਗੜਬੜੀ ਸੰਬੰਧੀ ਇਲੈਕਸ਼ਨ ਕਮਿਸ਼ਨ ਪੰਜਾਬ ਨੂੰ ਮੇਲ ਰਾਹੀਂ ਸੂਚਿਤ ਕੀਤਾ ਸੀ ਕਿ ਗੁਨਤਾਸਇੰਦਰ ਸਿੰਘ ਗੁਣੀ ਵੜੈਚ ਨੇ ਚੋਣ ਬੂਥ 'ਤੇ ਕਬਜ਼ਾ ਕਰ ਲਿਆ ਹੈ ਤੇ ਜਾਲ੍ਹੀ ਵੋਟਾਂ ਪਵਾ ਰਿਹਾ ਹੈ, ਜਿਸ ਸਬੰਧੀ ਬਾਅਦ ਵਿੱਚ ਅਣਪਛਾਤੇ ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਕੀਤਾ ਸੀ, ਜਿਸ ਨੂੰ ਸਬੂਤ ਮੰਨ ਕੇ ਤੇ ਇੱਕ ਬੂਥ ਕੈਪਚਰਿੰਗ ਦੀ ਵੀਡੀਓ ਨੂੰ ਅਧਾਰ ਮੰਨ ਕੇ ਇਲੈਕਸ਼ਨ ਪਟੀਸ਼ਨ ਦਾਇਰ ਕੀਤੀ ਸੀ, ਜਿਸ ਨੂੰ ਮਾਨਯੋਗ ਅਦਾਲਤ ਨੇ ਪ੍ਰਾਰਥੀ ਦੇ ਵਕੀਲ ਜਗਦੀਸ਼ ਸ਼ਰਮਾ ਦੀਆਂ ਦਲੀਲਾਂ ਨਾਲ ਸਹਿਮਤ ਹੁੰਦੇ ਹੋਏ ਇਲੈਕਸ਼ਨ ਪਟੀਸ਼ਨ ਨੂੰ ਮਨਜ਼ੂਰ ਕਰ ਲਿਆ ਅਤੇ ਇਲੈਕਸ਼ਨ ਨੂੰ ਰੱਦ ਕਰ ਦਿੱਤਾ ਹੈ।

ਇਸ ਸਬੰਧੀ ਗੁਨਤਾਸਇੰਦਰ ਸਿੰਘ ਗੁਣੀ ਵੜੈਚ ਦਾ ਪੱਖ ਜਾਣਿਆ ਤਾਂ ਉਨ੍ਹਾਂ ਕਿਹਾ ਕਿ ਚੋਣਾਂ ਸਹੀ ਤਰੀਕੇ ਨਾਲ ਹੋਈਆਂ ਸਨ, ਫੈਸਲਾ ਇੱਕ ਪਾਸੜ ਹੋਇਆ ਹੈ, ਉਹ ਇਸ ਫੈਸਲੇ ਖਿਲਾਫ ਉੱਚ ਅਦਾਲਤ ਵਿੱਚ ਅਪੀਲ ਦਾਇਰ ਕਰਨਗੇ।

ਡਰੇਨ 'ਚੋਂ ਅੱਧੀ ਕੱਟੀ ਲਾਸ਼ ਮਿਲੀ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਬੀਤੇ ਦਿਨ ਦੁਪਹਿਰ ਉਸ ਸਮੇਂ ਪਿੰਡ ਪਿੱਥੋਂ ਵਿੱਚ ਸਨਸਨੀ ਫੈਲ ਗਈ, ਜਦੋਂ ਪਿੰਡ ਵਾਸੀਆਂ ਨੇ ਅੱਧੀ ਕੱਟੀ ਲਾਸ਼ ਨੂੰ ਡਰੇਨ ਵਿੱਚ ਦੇਖਿਆ ਸਹਾਰਾ ਸਮਾਜ ਸੇਵਾ ਦੇ ਪ੍ਰਧਾਨ ਸੰਦੀਪ ਵਰਮਾ ਨੇ ਦੱਸਿਆ ਕਿ ਸਾਨੂੰ ਥਾਣਾ ਸਦਰ ਰਾਮਪੁਰਾ ਨੇ ਇਤਲਾਹ ਦਿੱਤੀ ਕਿ ਪਿੰਡ ਪਿੱਥੋ ਤੋਂ ਖੋਖਰ ਨੂੰ ਜਾਂਦੇ ਕੱਚੇ ਰਸਤੇ 'ਤੇ ਬਣੇ ਡਰੇਨ ਪੁਲ ਨਜ਼ਦੀਕ ਡਰੇਨ ਵਿੱਚ ਅੱਧੀ ਕੱਟੀ ਲਾਸ਼ ਪਈ ਹੈ, ਬਿਨਾਂ ਕਿਸੇ ਦੇਰੀ ਤੋਂ ਸਮਾਜ ਸੇਵਾ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਦੇਵ ਰਾਜ ਗਰਗ ਤੇ ਸਹਾਰਾ ਦੇ ਵਾਇਸ ਪ੍ਰਧਾਨ ਸੁਖਦੇਵ ਸਿੰਘ, ਵਰਕਰ ਵਿਨਸ ਗੋਇਲ ਸੰਸਥਾ ਦੀ ਰੈਸਕਿਊ ਵੈਨ ਸ਼ਵ ਵਾਹਨ ਗੱਡੀ ਲੈ ਕੇ ਘਟਨਾ ਸਥਾਨ 'ਤੇ ਪਹੁੰਚੇ ਤੇ ਲਾਸ਼ ਨੂੰ ਐੱਸ.ਐੱਚ.ਓ. ਦਰਸ਼ਨ ਸਿੰਘ ਥਾਣਾ ਸਦਰ ਰਾਮਪੁਰਾ ਪਾਰਟੀ ਦੀ ਮੌਜੂਦਗੀ 'ਚ ਚੈੱਕ ਕੀਤਾ ਗਿਆ। ਲਾਸ਼ ਨਗਣ ਹਾਲਤ ਵਿੱਚ ਸੀ। ਲਾਸ਼ 15/20 ਦਿਨ ਪੁਰਾਣੀ ਤੇ ਉਮਰ 30/35 ਸਾਲ ਦੇ ਦਰਮਿਆਨ ਜਾਪ ਰਹੀ ਹੈ। ਲਾਸ਼ ਦੇ ਦੋਨੋਂ ਲੱਤਾਂ ਤੇ ਖੱਬੀ ਬਾਂਹ ਨਹੀਂ ਸੀ। ਲਾਸ਼ ਨੂੰ ਥਾਣਾ ਸਦਰ ਰਾਮਪੁਰਾ ਦੀ ਮੌਜੂਦਗੀ ਵਿੱਚ ਸ਼ਨਾਖਤ ਲਈ 72 ਘੰਟਿਆਂ ਵਾਸਤੇ ਸਿਵਲ ਹਸਪਤਾਲ ਰਾਮਪੁਰਾ ਫੂਲ ਦੀ ਮੋਰਚਰੀ ਵਿੱਚ ਰੱਖਿਆ ਗਿਆ ਹੈ।

ਪਾਵਰਕਾਮ ਪੈਨਸ਼ਨਰਾਂ ਵੱਲੋਂ ਅਰਥੀ ਫੂਕ ਮੁਜ਼ਾਹਰਾ

ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਪਾਵਰਕਾਮ ਤੋਂ ਸੇਵਾ ਮੁਕਤ ਕਰਮਚਾਰੀਆਂ ਦੀ ਜਥੇਬੰਦੀ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਦਿੱਤੇ ਸੂਬਾ ਪੱਧਰੀ ਸੱਦੇ 'ਤੇ ਪਾਵਰਕਾਮ ਮੈਨੇਜਮੈਂਟ ਤੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਦੇ ਵਿਰੋਧ 'ਚ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਡਵੀਜ਼ਨ ਦਫਤਰ ਸਾਹਮਣੇ ਕੀਤੇ ਗਏ ਰੋਸ ਮੁਜ਼ਾਹਰੇ ਦੌਰਾਨ ਸੇਵਾ ਮੁਕਤ ਕਰਮਚਾਰੀਆਂ ਨੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਪੰਜਾਬ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।

ਰੋਸ ਪ੍ਰਦਰਸ਼ਨ ਦੌਰਾਨ ਸੰਬੋਧਨ ਕਰਦਿਆਂ ਪੈਨਸ਼ਨਰ ਐਸੋਸੀਏਸ਼ਨ ਦੇ ਬਲਾਕ ਪ੍ਰਧਾਨ ਖਿਆਲੀ ਰਾਮ ਨੇ ਕਿਹਾ ਕਿ ਪਾਵਰਕਾਮ ਮੈਨੇਜਮੈਂਟ ਸੇਵਾਮੁਕਤ ਕਰਮਚਾਰੀਆਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦੇ ਰਹੀ ਤੇ ਪਿਛਲੇ ਲੰਬੇ ਸਮੇਂ ਤੋਂ ਮੁਲਾਜ਼ਮਾਂ ਦੀਆਂ ਮੰਗਾਂ ਲਟਕਦੀਆਂ ਆ ਰਹੀਆਂ ਹਨ। ਉਨ੍ਹਾ ਕਿਹਾ ਕਿ 2016 ਤੋਂ ਰਿਵਾਈਜ਼ ਕੀਤੀਆਂ ਪੈਨਸ਼ਨਾਂ ਲਾਗੂ ਕੀਤੀਆਂ ਜਾਣ ਦੇ ਨਾਲ ਨਾਲ ਸੇਵਾਮੁਕਤ ਕਰਮਚਾਰੀਆਂ ਨੂੰ ਮੁਫਤ ਬਿਜਲੀ ਦੀ ਸਹੂਲਤ ਪ੍ਰਦਾਨ ਕੀਤੀ ਜਾਵੇ। ਉਨ੍ਹਾ ਕਿਹਾ ਕਿ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦੇਣ ਦੇ ਨਾਲ-ਨਾਲ ਤੇਈ ਸਾਲਾ ਪ੍ਰਮੋਸ਼ਨਲ ਸਕੇਲ ਹਰ ਇੱਕ ਨੂੰ ਦਿੱਤਾ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੱਤਪਾਲ ਸ਼ਰਮਾ, ਮਗਰ ਸਿੰਘ, ਨਿਸ਼ਾਨ ਸਿੰਘ ਕੁਆਡੇਰੀ, ਜਰਨੈਲ ਸਿੰਘ ਤੇ ਸੁਖਦੇਵ ਰਾਮ ਆਦਿ ਹਾਜ਼ਰ ਸਨ।

ਕਾਤਰਾਂ

ਵਿੱਕੀ ਗੌਂਡਰ ਦੇ ਪਿਤਾ ਨੇ ਕੀਤੀ ਆਤਮ ਹੱਤਿਆ, ਰੇਲਵੇ ਟਰੈਕ ਤੋਂ ਮਿਲੀ ਲਾਸ਼

ਮਲੋਟ (ਗੁਰਮੀਤ ਸਿੰਘ ਮੱਕੜ)-ਲਗਭਗ ਪੰਜ ਸਾਲ ਪਹਿਲਾਂ ਐਨਕਾਊਂਟਰ ਵਿੱਚ ਮਾਰੇ ਗਏ ਗੈਂਗਸਟਰ ਵਿੱਕੀ ਗੌਂਡਰ ਦੇ ਪਿਤਾ ਮਹਿਲ ਸਿੰਘ ਦੀ ਲਾਸ਼ ਅੱਜ ਕਬਰਵਾਲਾ ਨੇੜੇ ਰੇਲਵੇ ਟ੍ਰੈਕ ਤੋਂ ਮਿਲੀ। ਉਹ ਸੋਮਵਾਰ ਦੀ ਰਾਤ ਤੋਂ ਘਰੋਂ ਲਾਪਤਾ ਸੀ। ਮ੍ਰਿਤਕ ਮਹਿਲ ਸਿੰਘ ਦੇ ਭਰਾ ਗੁਰਦੇਵ ਸਿੰਘ ਨੇ ਦੱਸਿਆ ਕਿ ਵਿੱਕੀ ਦੀ ਮੌਤ ਤੋਂ ਬਾਅਦ ਹੀ ਮਹਿਲ ਸਿੰਘ ਕਾਫੀ ਪ੍ਰੇਸ਼ਾਨ ਰਹਿੰਦਾ ਸੀ। ਉਸ ਦੀ ਇੱਕ ਬੇਟੀ ਦਾ ਵਿਆਹ ਹੋ ਚੁੱਕਿਆ ਸੀ ਤੇ ਦੂਸਰੀ ਬੇਟੀ ਨੂੰ ਕਰੀਬ 3 ਮਹੀਨੇ ਪਹਿਲਾਂ ਮਹਿਲ ਸਿੰਘ ਨੇ ਵਿਦੇਸ਼ ਭੇਜਿਆ ਸੀ। ਉਸ ਦੀ ਪਤਨੀ ਅਨੁਸਾਰ ਬੇਟੀ ਦੇ ਬਾਹਰ ਜਾਣ ਤੋਂ ਬਾਅਦ ਉਹ ਹੋਰ ਵੀ ਪ੍ਰੇਸ਼ਾਨ ਰਹਿਣ ਲੱਗਿਆ ਸੀ। ਗੁਰਦੇਵ ਸਿੰਘ ਨੇ ਦੱਸਿਆ ਕਿ ਸੋਮਵਾਰ ਨੂੰ ਉਹ ਮਲੋਟ ਤੋਂ ਜਾਂਚ ਕਰਵਾ ਕੇ ਦਵਾਈ ਲੈ ਕੇ ਆਇਆ ਤੇ ਇਹ ਠੀਕ ਠਾਕ ਸੀ, ਪ੍ਰੰਤੂ ਰਾਤ ਨੂੰ ਕਿਤੇ ਚਲਾ ਗਿਆ। ਮਹਿਲ ਸਿੰਘ ਦੀ ਮੌਤ ਦਾ ਪਤਾ ਲੱਗਣ ਤੋਂ ਬਾਅਦ ਘਰ ਵਿੱਚ ਮਾਤਮ ਦਾ ਮਾਹੌਲ ਹੈ।

ਨਵੋਦਿਆ ਦਾਖਲਾ ਪ੍ਰੀਖਿਆ ਲਈ ਰਜਿਸਟ੍ਰੇਸ਼ਨ ਮਿਤੀ 'ਚ ਵਾਧਾ

ਲੌਂਗੋਵਾਲ (ਪ੍ਰਦੀਪ ਸੱਪਲ, ਕੁਲਦੀਪ ਅੱਤਰੀ)-ਜਵਾਹਰ ਨਵੋਦਿਆ ਵਿਦਿਆਲਿਆ ਲੌਂਗੋਵਾਲ ਜ਼ਿਲ੍ਹਾ ਸੰਗਰੂਰ ਵਿਖੇ ਛੇਵੀਂ ਜਮਾਤ ਵਿੱਚ ਦਾਖਲਾ ਲੈਣ ਲਈ ਫਾਰਮ ਦੀ ਮਿਤੀ ਨਵੋਦਿਆ ਵਿਦਿਆਲਿਆ ਸਮਿਤੀ ਵੱਲੋਂ ਵਧਾ ਕੇ 15.02.2023 ਤੱਕ ਕਰ ਦਿੱਤੀ ਗਈ ਹੈ। ਹੋਰ ਜ਼ਰੂਰੀ ਸ਼ਰਤਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ। ਮਾਂ-ਬਾਪ ਆਪਣੇ ਪੰਜਵੀਂ ਜਮਾਤ 'ਚ ਪੜ੍ਹ ਰਹੇ ਯੋਗ ਤੇ ਇੱਛੁਕ ਬੱਚੇ ਦਾ ਦਾਖਲਾ ਫਾਰਮ online. www.Navodaya.gov.in ਜਾ ਕੇ ਭਰ ਸਕਦੇ ਹਨ। ਇਹ ਰਜਿਸਟ੍ਰੇਸ਼ਨ ਬਿਲਕੁਲ ਮੁਫਤ ਹੈ।

ਸਬ-ਡਵੀਜ਼ਨ ਬੱਸੀਆਂ ਦੇ ਮੁਲਾਜ਼ਮਾਂ ਦੀ ਮੀਟਿੰਗ

ਹਠੂਰ (ਨਛੱਤਰ ਸੰਧੂ)-ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਬ ਡਵੀਜ਼ਨ ਬੱਸੀਆਂ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਮਨਜਿੰਦਰ ਸਿੰਘ ਢੋਲਣ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਡਵੀਜ਼ਨ ਪ੍ਰਧਾਨ ਹਰਵਿੰਦਰ ਸਿੰਘ ਲਾਲੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ, ਜਿਸ ਵਿੱਚ ਬੋਲਦਿਆਂ ਮੁਲਾਜ਼ਮਾਂ ਦੇ ਭਖਦੇ ਮੁੱਦੇ ਵਿਚਾਰੇ ਗਏ, ਜਿਵੇਂ ਕਿ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ ਪਰਵੀਜਨ ਪੀਰਡ ਖਤਮ ਕੀਤਾ ਜਾਵੇ, ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ। ਸਰਕਾਰ ਨੂੰ ਸਕੱਤਰ ਜਗਮੋਹਣ ਸਿੰਘ ਛੱਜਾਵਾਲ ਨੇ ਚਿਤਾਵਨੀ ਦਿੱਤੀ ਕਿ ਉਕਤ ਮੰਗਾਂ ਨਾ ਮੰਨਣ 'ਤੇ ਸੰਘਰਸ਼ ਤੇਜ਼ ਕੀਤਾ ਜਾਵੇਗਾ।

ਹੋਲੀ ਹਾਰਟ ਸਕੂਲ 'ਚ ਗੁਰੂ ਰਵਿਦਾਸ ਜਯੰਤੀ ਮਨਾਈ

ਅਜੀਤਵਾਲ (ਨਛੱਤਰ ਸੰਧੂ)-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਗੁਰੂ ਰਵਿਦਾਸ ਜਯੰਤੀ ਮਨਾਈ ਗਈ। ਇਸ ਮੌਕੇ ਅਧਿਆਪਕਾਵਾਂ ਨੇ ਬੱਚਿਆਂ ਨੂੰ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ ਜਨਮ 1371 ਈ: ਨੂੰ ਹੋਇਆ ਸੀ। ਇਨ੍ਹਾਂ ਨੇ ਰੱਬ ਦੀ ਬੰਦਗੀ ਕਰਨ ਦਾ ਸੁਨੇਹਾ ਦਿੱਤਾ ਅਤੇ ਬਰਾਬਰਤਾ, ਪਿਆਰ, ਇਤਫਾਕ ਉੱਤੇ ਇੱਕ ਅਨੋਖੇ ਵਤਨ ਬੇਗਮਪੁਰੇ ਦੇ ਸੰਕਲਪ ਨੂੰ ਜ਼ਾਹਰ ਕੀਤਾ। ਗੁਰੂ ਗ੍ਰੰਥ ਸਾਹਿਬ ਜੀ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਦੇ 41 ਵਾਕ 16 ਰਾਗਾਂ ਵਿੱਚ ਦਰਜ ਹਨ। ਗੁਰੂ ਰਵਿਦਾਸ ਜੀ 151 ਸਾਲ ਆਯੂ ਭੋਗ ਕੇ 1528 ਈ: ਨੂੰ ਇਸ ਫਾਨੀ ਦੁਨੀਆ ਤੋਂ ਰੁਖ਼ਸਤ ਹੋ ਗਏ ਸਨ। ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਮੈਡਮ ਪਰਮਜੀਤ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਦੇ ਨਾਲ ਸਮੂਹ ਸਟਾਫ ਹਾਜ਼ਰ ਸੀ।

ਨਸ਼ੇ ਸਮੇਤ ਦੋ ਕਾਬੂ

ਮਮਦੋਟ (ਹਰਪਾਲ ਸਿੰਘ ਸੋਢੀ)-ਜ਼ਿਲ੍ਹਾ ਪੁਲਸ ਮੁਖੀ ਵੱਲੋਂ ਸਮਾਜ ਵਿਰੋਧੀ ਅਨਸਰਾਂ ਤੇ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਦੌਰਾਨ ਇੰਸਪੈਕਟਰ ਲੇਖ ਰਾਜ ਬੱਟੀ ਦੀ ਅਗਵਾਈ ਹੇਠ ਮਮਦੋਟ ਪੁਲਸ ਨੇ ਵੱਖ ਵੱਖ ਥਾਵਾਂ ਤੋਂ ਦੋ ਵਿਅਕਤੀਆਂ ਨੂੰ ਨਸ਼ੇ ਸਮੇਤ ਕਾਬੂ ਕੀਤਾ। ਇਸ ਸੰਬਧੀ ਜਾਣਕਾਰੀ ਦਿੰਦੇ ਹੋਏ ਪੁਲਸ ਅਧਿਕਾਰੀ ਨੇ ਦੱਸਿਆ ਕਿ ਗਸ਼ਤ ਦੌਰਾਨ ਚਪਾਤੀ ਪੁਲ ਦੇ ਕੋਲ ਇੱਕ ਪੈਦਲ ਆਉਂਦਾ ਆਦਮੀ ਦਿਖਾਈ ਦਿੱਤਾ, ਜਦੋਂ ਉਸ ਨੂੰ ਰੋਕ ਕੇ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ ਹੈਰੋਇਨ ਬਰਾਮਦ ਹੋਈ ਅਤੇ ਮੁਖਬਰ ਨੇ ਇਤਲਾਹ ਦਿੱਤੀ ਕਿ ਮੰਗਤ ਪੁੱਤਰ ਬੂਟਾ ਵਾਸੀ ਬੈਟੂ ਕਦੀਮ ਦਾ ਵਿਅਕਤੀ ਨਸ਼ਾ ਵੇਚਣ ਦਾ ਆਦੀ ਹੈ, ਜੇਕਰ ਉਸ ਦੀ ਤਲਾਸ਼ੀ ਲਈ ਜਾਵੇ ਤਾਂ ਉਸ ਕੋਲੋਂ ਹੈਰੋਇਨ ਮਿਲ ਸਕਦੀ ਹੈ। ਪੁਲਸ ਪਾਰਟੀ ਵੱਲੋਂ ਨਾਕਾਬੰਦੀ ਕਰਕੇ ਉਸ ਦੀ ਤਲਾਸ਼ੀ ਲਈ ਤਾਂ ਉਸ ਕੋਲੋਂ ਪੰਜ ਗ੍ਰਾਮ ਹੈਰੋਇਨ ਬਰਾਮਦ ਕਰਕੇ ਉਸ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

ਗੁੰਮਸ਼ੁਦਾ ਬੱਚਾ ਭਾਲ ਕੇ ਮਾਪਿਆਂ ਸਪੁਰਦ ਕੀਤਾ

ਬਠਿੰਡਾ (ਪਰਵਿੰਦਰ ਜੀਤ ਸਿੰਘ)

ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਸ੍ਰੀਮਤੀ ਰਵਨੀਤ ਕੌਰ ਸਿੱਧੂ ਨੇ ਦੱਸਿਆ ਕਿ ਕੁਝ ਮਹੀਨੇ ਪਹਿਲਾਂ ਰਾਮਪੁਰਾ ਫੂਲ ਤੋਂ ਇੱਕ ਬੱਚਾ ਬਿਨਾਂ ਦੱਸੇ ਆਪਣੇ ਘਰ ਤੋਂ ਚਲਾ ਗਿਆ ਸੀ ਤੇ ਮਾਪਿਆਂ ਵੱਲੋਂ ਉਸ ਦੀ ਭਾਲ ਕੀਤੀ ਗਈ, ਪ੍ਰੰਤੂ ਕੋਈ ਵੀ ਜਾਣਕਾਰੀ ਨਾ ਮਿਲਣ ਉਪਰੰਤ ਉਨ੍ਹਾਂ ਵੱਲੋਂ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਦੇ ਨਾਲ ਤਾਲਮੇਲ ਕੀਤਾ ਗਿਆ।

ਉਨ੍ਹਾ ਦੱਸਿਆ ਕਿ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਵੱਲੋਂ ਵੀ ਬੱਚੇ ਦੀ ਪੜਤਾਲ ਸਬੰਧੀ ਯਤਨ ਕੀਤੇ ਗਏ। ਪੜਤਾਲ ਦੌਰਾਨ ਜਾਣਕਾਰੀ ਮਿਲੀ ਕਿ ਬੱਚਾ ਪਟਨਾ ਬਿਹਾਰ ਦੇ ਬਾਲ ਘਰ ਵਿੱਚ ਰਹਿ ਰਿਹਾ ਹੈ। ਇਸ ਦੇ ਸਬੰਧ ਵਿੱਚ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਤੇ ਜ਼ਿਲ੍ਹਾ ਬਾਲ ਭਲਾਈ ਕਮੇਟੀ ਪਟਨਾ ਬਿਹਾਰ ਦੇ ਨਾਲ ਤਾਲਮੇਲ ਕੀਤਾ ਗਿਆ, ਜਿਸ ਦੇ ਸਬੰਧ 'ਚ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਤੇ ਬਾਲ ਘਰ ਪਟਨਾ, ਬਿਹਾਰ ਦੇ ਅਧਿਕਾਰੀ ਬੱਚੇ ਨੂੰ ਬਠਿੰਡਾ ਲੈ ਕੇ ਪਹੁੰਚੇ ਅਤੇ ਜ਼ਿਲ੍ਹਾ ਬਾਲ ਭਲਾਈ ਕਮੇਟੀ ਵੱਲੋਂ ਬੱਚੇ ਦੇ ਮਾਪਿਆਂ ਦੇ ਦਸਤਾਵੇਜ਼ਾਂ ਦੀ ਪੜਤਾਲ ਕਰਨ ਤੋਂ ਬਾਅਦ ਬੱਚੇ ਨੂੰ ਉਸ ਦੇ ਮਾਪਿਆਂ ਹਵਾਲੇ ਕੀਤਾ ਗਿਆ। ਇਸ ਮੌਕੇ ਚੇਅਰਮੈਨ ਬਾਲ ਭਲਾਈ ਕਮੇਟੀ ਡਾ. ਬਿਕਰਮਜੀਤ ਸਿੰਘ, ਐਡਵੋਕੇਟ ਮੋਹਿਤ ਬਾਂਸਲ, ਸ੍ਰੀਮਤੀ ਅਮਨ ਅਰੋੜਾ, ਸ੍ਰੀਮਤੀ ਸਾਮਲਤਾ ਲਾਟੀਕਾ, ਮੈਂਬਰ ਬਾਲ ਭਲਾਈ ਕਮੇਟੀ ਸ੍ਰੀ ਰਾਕੇਸ਼ ਕੁਮਾਰ ਤੇ ਸਮੂਹ ਜ਼ਿਲ੍ਹਾ ਬਾਲ ਸੁਰੱਖਿਆ ਸਟਾਫ ਹਾਜ਼ਰ ਰਹੇ।

ਤਰਕਸ਼ੀਲ ਸੁਸਾਇਟੀ ਨੇ 'ਅੰਧ-ਵਿਸ਼ਵਾਸ ਵਿਰੋਧੀ ਕਾਨੂੰਨ' ਦਾ ਖਰੜਾ ਹਲਕਾ ਵਿਧਾਇਕ ਨੂੰ ਸੌਂਪਿਆ

ਸਮਰਾਲਾ (ਸੁਰਜੀਤ ਸਿੰਘ)

ਅੱਜ ਦੇ ਵਿਗਿਆਨਕ ਯੁੱਗ ਵਿੱਚ ਮਨੁੱਖ ਲਗਾਤਾਰ ਵਿਗਿਆਨਕ ਤੌਰ 'ਤੇ ਤਰੱਕੀ ਦੀਆਂ ਪੌੜੀਆਂ ਚੜ੍ਹਦਾ ਜਾ ਰਿਹਾ ਹੈ। ਇਸ ਦੇ ਬਾਵਜੂਦ ਆਮ ਨਾਗਰਿਕ ਵਿਗਿਆਨਕ ਸਮਝ ਪੱਖੋਂ ਅਜੇ ਅਵੇਸਲਾ ਹੈ। ਸਾਡੇ ਸਮਾਜ ਦੀ ਇਸ ਕਮਜ਼ੋਰੀ ਨੂੰ ਕੁਝ ਚਲਾਕ ਤੇ ਸਮਾਜ ਵਿਰੋਧੀ ਅਨਸਰ ਭਲੀ ਭਾਂਤ ਜਾਣਦੇ ਹਨ ਤੇ ਆਮ ਲੋਕਾਂ ਦੀ ਲੁੱਟ ਲਈ ਤਰ੍ਹਾਂ-ਤਰ੍ਹਾਂ ਦੇ ਹੱਥਕੰਡੇ ਅਪਣਾਉਂਦੇ ਹਨ। ਵੱਡੇ ਪੱਧਰ 'ਤੇ ਫੈਲਾਏ ਜਾ ਰਹੇ ਅੰਧਵਿਸ਼ਵਾਸਾਂ ਨਾਲ ਸਾਧਾਰਨ ਲੋਕ ਜਿੱਥੇ ਆਪਣੀ ਆਰਥਿਕ ਤੇ ਸਰੀਰਕ ਲੁੱਟ ਕਰਵਾਉਣ ਲਈ ਮਜਬੂਰ ਹਨ, ਉੱਥੇ ਮਾਨਸਿਕ ਤੌਰ 'ਤੇ ਵੀ ਬਹੁਤ ਪੱਛੜ ਗਏ ਹਨ। ਤਰਕਸ਼ੀਲ ਸੁਸਾਇਟੀ ਪੰਜਾਬ ਪਿਛਲੇ ਲੰਬੇ ਸਮੇਂ ਤੋਂ ਇਨ੍ਹਾਂ ਅੰਧ-ਵਿਸ਼ਵਾਸਾਂ ਖਿਲਾਫ਼ ਕਾਨੂੰਨ ਬਣਾਉਣ ਦੀ ਮੰਗ ਕਰ ਰਹੀ ਹੈ ਤਾਂ ਜੋ ਇਨ੍ਹਾਂ ਅੰਧ-ਵਿਸ਼ਵਾਸ ਫੈਲਾਉਣ ਵਾਲਿਆਂ ਖਿਲਾਫ਼ ਕੋਈ ਠੋਸ ਕਾਰਵਾਈ ਕੀਤੀ ਜਾ ਸਕੇ। ਇਸ ਸੰਬੰਧੀ ਸੁਸਾਇਟੀ ਦੇ ਕਾਨੂੰਨ ਵਿਭਾਗ ਨੇ 2014 ਵਿੱਚ 'ਅੰਧ-ਵਿਸ਼ਵਾਸ ਰੋਕੂ ਕਾਨੂੰਨ' ਦਾ ਖਰੜਾ ਤਿਆਰ ਕਰਕੇ ਸਰਕਾਰ ਦੇ ਨੁਮਾਇੰਦਿਆਂ ਨੂੰ ਸੌਂਪ ਕੇ ਕਨੂੰਨ ਬਣਾਉਣ ਦੀ ਮੰਗ ਕੀਤੀ ਸੀ। ਤਰਕਸ਼ੀਲ ਸੁਸਾਇਟੀ ਪੰਜਾਬ ਨੇ ਮੌਜੂਦਾ ਸਰਕਾਰ ਤੋਂ ਵੀ ਇਹ ਕਨੂੰਨ ਪਾਸ ਕਰਨ ਦੀ ਮੰਗ ਲਈ ਮੁਹਿੰਮ ਵਿੱਢੀ ਹੋਈ ਹੈ। ਇਸ ਲੜੀ ਤਹਿਤ ਹੀ ਸੁਸਾਇਟੀ ਦੀ ਕੋਹਾੜਾ ਇਕਾਈ ਦੇ ਕੋਹਾੜਾ ਤੇ ਸਮਰਾਲਾ ਇਲਾਕੇ ਦੇ ਕਾਰਕੁਨਾਂ ਵੱਲੋਂ ਇੱਕ ਵਫਦ ਦੇ ਰੂਪ ਵਿੱਚ ਮਿਲ ਕੇ ਸਮਰਾਲਾ ਹਲਕੇ ਦੇ ਵਿਧਾਇਕ ਸ੍ਰੀ ਜਗਤਾਰ ਸਿੰਘ ਦਿਆਲਪੁਰਾ ਹੁਰਾਂ ਨੂੰ ਮੰਗ ਪੱਤਰ ਸੌਂਪਿਆ ਗਿਆ ਤੇ ਬੇਨਤੀ ਕੀਤੀ ਗਈ ਕਿ ਪੰਜਾਬ ਸਰਕਾਰ ਵੀ ਮਹਾਰਾਸ਼ਟਰ, ਕਰਨਾਟਕ ਤੇ ਛੱਤੀਸਗੜ੍ਹ ਸਰਕਾਰ ਦੀ ਤਰਜ਼ 'ਤੇ ਪੰਜਾਬ ਵਾਸੀਆਂ ਲਈ ਇਹ ਕਨੂੰਨ ਪਾਸ ਕਰੇ।

ਇਸ ਤੋਂ ਪਹਿਲਾਂ ਜਗਤਾਰ ਸਿੰਘ ਦਿਆਲਪੁਰਾ ਨਾਲ ਉਨ੍ਹਾਂ ਦੇ ਦਫਤਰ ਵਿੱਚ ਬੈਠ ਕੇ ਇਸ ਸਬੰਧੀ ਵਿਚਾਰ ਚਰਚਾ ਕੀਤੀ ਗਈ, ਸਾਰੇ ਦਸਤਾਵੇਜ਼ ਤੇ ਸੁਸਾਇਟੀ ਵੱਲੋਂ ਪ੍ਰਸਤਾਵਿਤ ਕਾਨੂੰਨ ਦਾ ਖਰੜਾ ਇੱਕ ਫਾਈਲ ਬਣਾ ਕੇ ਸੌਂਪਿਆ ਗਿਆ। ਵਿਧਾਇਕ ਨੇ ਇਸ ਮੁੱਦੇ 'ਤੇ ਆਪਣੀ ਨਿੱਜੀ ਦਿਲਚਸਪੀ ਦਿਖਾਈ ਤੇ ਇਸ ਮਸਲੇ ਦੇ ਹੱਕ ਵਿੱਚ ਵਿਧਾਨ ਸਭਾ ਅੰਦਰ ਅਪਣਾ ਬਣਦਾ ਹਿੱਸਾ ਪਾਉਣ ਦਾ ਯਕੀਨ ਦਿਵਾਇਆ।

ਵਫਦ ਵਿੱਚ ਇਕਾਈ ਦੇ ਜਥੇਬੰਦਕ ਮੁਖੀ ਮਾਸਟਰ ਤਰਲੋਚਨ ਸਮਰਾਲਾ, ਵਿੱਤ ਮੁਖੀ ਰਜਿੰਦਰ ਜੰਡਿਆਲੀ, ਮੀਡੀਆ ਵਿਭਾਗ ਮੁਖੀ ਦੀਪ ਦਿਲਬਰ, ਮਾਸਟਰ ਆਤਮਾ ਸਿੰਘ ਕੋਟਾਲਾ, ਕੁਲਦੀਪ ਬੈਂਦਲੀ, ਦਿਲਮਨਪ੍ਰੀਤ ਕੌਰ ਕੋਟਾਲਾ, ਸੁਖਵਿੰਦਰ ਮਾਛੀਵਾੜਾ ਪੀ.ਏ.(ਐੱਮ.ਐੱਲ.ਏ. ਸਮਰਾਲਾ) ਤੇ ਹੋਰ ਸਾਥੀ ਮੌਜੂਦ ਸਨ।

ਸਿਖਿਆਰਥੀਆਂ ਨੂੰ ਸਿਲਾਈ ਕਢਾਈ ਦੇ ਸਰਟੀਫਿਕੇਟ ਵੰਡੇ

ਬਰੇਟਾ (ਗੀਤਵਾਲ)-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਟਰੱਸਟੀ ਡਾ. ਐਸ.ਪੀ. ਸਿੰਘ ਓਬਰਾਏ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ, ਐਜੂਕੇਸ਼ਨ ਡਾਇਰੈਕਟਰ ਇੰਦਰਜੀਤ ਕੌਰ ਗਿੱਲ ਤੇ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਘਾਲੀ ਦੀ ਅਗਵਾਈ ਹੇਠ ਨੇੜਲੇ ਪਿੰਡ ਬਹਾਦਰਪੁਰ ਵਿਖੇ ਚੱਲ ਰਹੇ ਸਿਲਾਈ ਸੈਂਟਰ ਦੇ ਛੇ ਮਹੀਨੇ ਪੂਰੇ ਹੋਣ ਉਪਰੰਤ ਪੇਪਰ ਲਿਆ ਗਿਆ ਸੀ। ਉਨ੍ਹਾਂ ਸਿਖਿਆਰਥੀਆਂ ਨੂੰ ਜ਼ਿਲ੍ਹਾ ਖ਼ਜ਼ਾਨਚੀ ਮਦਨ ਲਾਲ ਕੁਸ਼ਲਾ ਦੀ ਨਿਗਰਾਨੀ ਹੇਠ ਕਿੱਤਾ ਸਰਟੀਫਿਕੇਟ ਵੰਡੇ ਗਏ। ਇਸ ਮੌਕੇ ਬਿੱਗ ਹੋਪ ਫਾਊਂਡੇਸ਼ਨ ਦੇ ਮਨਿੰਦਰ ਸਿੰਗਲਾ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਟਰੱਸਟੀ ਡਾ. ਐੱਸ ਪੀ ਸਿੰਘ ਓਬਰਾਏ ਵੱਲੋਂ ਨਿਭਾਈਆਂ ਗਈਆਂ ਸੇਵਾਵਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸੰਸਥਾ ਵੱਲੋਂ ਸ਼ਹੀਦ ਕਿਸਾਨਾਂ ਤੇ ਮਜ਼ਦੂਰਾਂ ਦੇ ਪਰਵਾਰਾਂ ਨੂੰ ਪੈਨਸ਼ਨਾਂ ਤੇ ਉਨ੍ਹਾਂ ਦੇ ਬੱਚਿਆਂ ਨੂੰ ਮੁਫ਼ਤ ਵਿੱਦਿਆ ਦੇ ਕੇ ਸ਼ਲਾਘਾਯੋਗ ਕੰਮ ਕੀਤਾ ਜਾ ਰਿਹਾ ਹੈ। ਬੱਚਿਆਂ ਨੂੰ ਆਤਮ ਨਿਰਭਰ ਬਣਾਉਣ ਲਈ ਸੰਸਥਾਂ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਕੰਪਿਊਟਰ ਸੈਂਟਰ ਅਤੇ ਸਿਲਾਈ ਸੈਂਟਰ ਖੋਲ੍ਹੇ ਜਾ ਰਹੇ ਹਨ।

ਬੱਚਿਆਂ ਨੂੰ ਸਾਹਿਤ ਨਾਲ ਜੋੜਨਾ ਬੇਹੱਦ ਜ਼ਰੂਰੀ : ਡਾ. ਸਿਮਰਨ ਅਕਸ

ਬਰਨਾਲਾ (ਰਜਿੰਦਰ ਬਰਾੜ, ਗੁਰਪ੍ਰੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਗੁਣਾਤਮਕ ਸਿੱਖਿਆ ਦੇ ਉਪਰਾਲੇ ਤਹਿਤ ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਰੇਨੂੰ ਬਾਲਾ ਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਹਰਕੰਵਲਜੀਤ ਕੌਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਬਰਨਾਲਾ ਵਿਖੇ ਉੱਚ ਸਿੱਖਿਆ ਇੰਸਟੀਚਿਊਟ ਵੱਲੋਂ ਚਾਰ ਰੋਜ਼ਾ ਵਰਕਸ਼ਾਪ ਕਰਵਾਈ ਗਈ, ਜਿਸ ਵਿੱਚ ਵੱਖ ਵੱਖ ਉੱਚ ਸੰਸਥਾਵਾਂ ਤੋਂ ਆਏ ਸਿੱਖਿਆ ਸ਼ਾਸਤਰੀਆਂ ਵੱਲੋਂ ਰਿਸੋਰਸ ਪਰਸਨ ਦੇ ਤੌਰ 'ਤੇ ਵਰਕਸ਼ਾਪ ਵਿੱਚ ਹਿੱਸਾ ਲਿਆ ਗਿਆ। ਪ੍ਰਸਿੱਧ ਲੇਖਿਕਾ ਡਾਕਟਰ ਸਿਮਰਨ ਅਕਸ ਵੱਲੋਂ ਬੱਚਿਆਂ ਤੇ ਅਧਿਆਪਕਾਂ ਦਰਮਿਆਨ ਅਸਲ ਰਾਬਤਾ ਪੈਦਾ ਕਰਨ ਲਈ ਪ੍ਰਭਾਵਸ਼ਾਲੀ ਸੰਚਾਰ, ਬੱਚਿਆਂ ਦੇ ਮਾਨਸਿਕ ਪੱਧਰ 'ਤੇ ਪਹੁੰਚ ਕੇ ਪੜ੍ਹਾਉਣ ਦੀ ਕਲਾ, ਕੁਦਰਤ ਤੋਂ ਸਹਿਜ, ਸਬਰ ਤੇ ਸਹਿਣਸ਼ੀਲਤਾ ਦੇ ਗੁਣ ਸਿੱਖਣ ਅਤੇ ਸਿਖਾਉਣ ਸਬੰਧੀ ਭਾਸ਼ਣ ਦਿੱਤਾ ਗਿਆ। ਉਨ੍ਹਾਂ ਅਧਿਆਪਕਾਂ ਨੂੰ ਬੱਚਿਆਂ ਨੂੰ ਸਾਹਿਤ ਨਾਲ ਜੋੜਨ ਉੱਤੇ ਵਿਸ਼ੇਸ਼ ਜ਼ੋਰ ਦਿੱਤਾ। ਲੈਕਚਰਾਰ ਰਮਨਦੀਪ ਤੇ ਡੀ ਐੱਮ ਕਮਲਦੀਪ ਵੱਲੋਂ ਨਵੀਂ ਸਿੱਖਿਆ ਨੀਤੀ 2020 ਬਾਰੇ ਜਾਣਕਾਰੀ ਦਿੱਤੀ ਗਈ। ਪ੍ਰਿੰਸੀਪਲ ਕਵਿਤਾ ਮਿੱਤਲ ਨੇ ਸਿੱਖਣ ਸਿਖਾਉਣ ਦੀ ਪ੍ਰਕਿਰਿਆ ਵਿੱਚ ਸੰਚਾਰ ਦੀ ਮਹੱਤਤਾ ਬਾਰੇ ਦੱਸਿਆ। ਮੈਡਮ ਮਨਦੀਪ ਸ਼ਰਮਾ ਨੇ ਬੱਚਿਆਂ ਦੇ ਮਨੋਵਿਗਿਆਨ, ਸਿੱਖਿਆ ਤੇ ਪ੍ਰਭਾਵ ਬਾਰੇ ਲੈਕਚਰ ਦਿੱਤਾ। ਅੰਤ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਰੇਨੂੰ ਬਾਲਾ ਨੇ ਅਧਿਆਪਕਾਂ ਨੂੰ ਇਸ ਵਰਕਸ਼ਾਪ ਤੋਂ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ। ਵਰਕਸ਼ਾਪ ਦਾ ਸਮੁੱਚਾ ਪ੍ਰਬੰਧ ਬਲਾਕ ਨੋਡਲ ਅਧਿਕਾਰੀਆਂ ਤੇ ਡੀ ਐੱਮਜ਼ ਦੀ ਦੇਖ-ਰੇਖ ਹੇਠ ਬਲਾਕ ਮੈਂਟਰਜ਼ ਦੀ ਟੀਮ ਵੱਲੋਂ ਕੀਤਾ ਗਿਆ। ਇਸ ਮੌਕੇ ਡੀ ਐੱਮ ਸਾਇੰਸ ਪ੍ਰਿੰਸੀਪਲ ਹਰੀਸ਼ ਬਾਂਸਲ, ਬਲਾਕ ਨੋਡਲ ਅਫਸਰ ਹੈਡਮਿਸਟ੍ਰੈਸ ਹਰਪ੍ਰੀਤ ਕੌਰ, ਹੈਡਮਾਸਟਰ ਜਸਵਿੰਦਰ ਸਿੰਘ, ਡੀ ਐੱਸ ਐੱਮ ਰਾਜੇਸ਼ ਗੋਇਲ, ਹੈਡਮਾਸਟਰ ਪ੍ਰਦੀਪ ਸ਼ਰਮਾ, ਡੀ ਐੱਮ ਅੰਗਰੇਜ਼ੀ ਅਮਨਿੰਦਰ ਕੁਠਾਲਾ, ਜ਼ਿਲ੍ਹਾ ਮੀਡੀਆ ਕੋਆਰਡੀਨੇਟਰ ਹਰਵਿੰਦਰ ਰੋਮੀ, ਡੀ ਐੱਮ ਮੋਹਿੰਦਰਪਾਲ, ਬੀ ਐੱਮ ਤੇਜਿੰਦਰ ਸ਼ਰਮਾ, ਨਵਦੀਪ ਮਿੱਤਲ, ਸਤੀਸ਼ ਜੈਦਕਾ, ਸੁਖਪਾਲ ਢਿੱਲੋਂ ਹਾਜ਼ਰ ਸਨ।

ਗਰੀਬ ਮਜ਼ਦੂਰ-ਕਿਸਾਨਾਂ ਵੱਲੋਂ ਸਖਤ ਮੁਸ਼ੱਕਤ ਨਾਲ ਆਬਾਦ ਕੀਤੀ ਜ਼ਮੀਨ ਖੋਹਣ ਖਿਲਾਫ ਲੱਗੇ ਮੋਰਚੇ ਨੇ ਤੇਜ਼ੀ ਫੜੀ



ਜਲਾਲਾਬਾਦ (ਜੀਤ ਕੁਮਾਰ)

ਫਾਜ਼ਿਲਕਾ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਜਲਾਲਾਬਾਦ ਅਧੀਨ ਆਉਂਦੇ ਪਿੰਡ ਬੱਗੇ ਕੇ ਹਿਠਾੜ ਵਿਖੇ 309 ਏਕੜ ਦੇ ਕਰੀਬ ਜ਼ਮੀਨ, ਜੋ ਅਜ਼ਾਦੀ ਸਮੇਂ ਤੋਂ ਮਜ਼ਦੂਰਾਂ ਕਿਸਾਨਾਂ ਵੱਲੋਂ ਸਖਤ ਮਿਹਨਤ ਕਰਕੇ ਆਬਾਦ ਕੀਤੀ ਗਈ ਸੀ, ਉਸ ਦੀ ਪੰਜਾਬ ਸਰਕਾਰ ਵੱਲੋਂ ਨਿਸ਼ਾਨਦੇਹੀ ਕਰਕੇ ਕਬਜ਼ਾ ਲੈਣ ਖਿਲਾਫ ਪਿੰਡ ਵਾਸੀਆਂ ਵੱਲੋਂ ਖੋਲ੍ਹਿਆ ਮੋਰਚਾ ਅੱਜ 46ਵੇਂ ਦਿਨ ਵਿੱਚ ਦਾਖਲ ਹੋ ਚੁੱਕਿਆ ਹੈ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਸੁਰਿੰਦਰ ਢੰਡੀਆਂ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਰੇਸ਼ਮ ਮਿੱਡਾ ਨੇ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਜਦੋਂ ਤੱਕ ਉਨ੍ਹਾਂ ਨੂੰ ਜ਼ਮੀਨ ਦਾ ਮਾਲਕੀ ਹੱਕ ਨਹੀਂ ਮਿਲ ਜਾਂਦਾ, ਉਨ੍ਹਾਂ ਨਾਲ ਲਗਾਤਾਰ ਸਾਥ ਦਿੰਦੇ ਰਹਿਣਗੇ ਅਤੇ ਆਉਣ ਵਾਲੀ 13 ਫਰਵਰੀ ਨੂੰ ਬੱਘੇ ਕੇ ਮੋੜ 'ਤੇ ਹਾਈਵੇ ਰੋਡ 2 ਘੰਟੇ ਵਾਸਤੇ ਕਰਕੇ ਤਿੱਖਾ ਸੰਘਰਸ਼ ਵਿੱਢਾਂਗੇ।

ਇਸ ਸਬੰਧੀ ਪਿੰਡ ਵਾਸੀਆਂ ਨੇ ਦੱਸਿਆ ਕਿ ਦੇਸ਼ ਦੀ ਆਜ਼ਾਦੀ ਤੋਂ ਪਹਿਲਾਂ ਇਸ ਜ਼ਮੀਨ 'ਤੇ ਕਾਬਜ਼ ਤੇ ਇਸ ਜ਼ਮੀਨ ਨੂੰ ਬਣਾਉਣ, ਸੰਵਾਰਨ ਵਾਲੇ ਕਿਸਾਨਾਂ ਮਜ਼ਦੂਰਾਂ ਦਾ ਕਹਿਣਾ ਹੈ ਕਿ ਇਹ ਜ਼ਮੀਨ ਉਨ੍ਹਾਂ ਦੀ ਜ਼ਿੰਦ ਜਾਨ ਹੈ, ਉਨ੍ਹਾਂ ਨੇ ਆਪਣੀ ਸਖਤ ਮਿਹਨਤ ਨਾਲ ਆਬਾਦ ਕੀਤੀ ਹੈ ਤੇ ਕਿਸੇ ਵੀ ਕੀਮਤ 'ਤੇ ਕਬਜ਼ਾ ਨਹੀਂ ਛੱਡਣਗੇ। ਸੀਤ ਲਹਿਰ ਦੌਰਾਨ ਅੱਤ ਦੀ ਪੈ ਰਹੀ ਠੰਢ ਦੇ ਦਰਮਿਆਨ ਵੀ ਔਰਤਾਂ-ਮਰਦਾਂ ਤੇ ਬੱਚਿਆਂ ਦੇ ਸਮੂਹ ਦਾ ਮੋਰਚਾ ਇਸ ਗੱਲ ਦਾ ਸਬੂਤ ਹੈ ਕਿ ਉਹ ਆਪਣੀ ਮੰਗ ਨੂੰ ਮੰਨ ਕੇ ਹੀ ਰੁਕਣਗੇ। ਇਸ ਮੌਕੇ ਸੰਘਰਸ਼ ਕਮੇਟੀ ਮੈਂਬਰ ਕਰਨੈਲ ਬੱਘੇ ਕੇ, ਵਰਿੰਦਰ ਸਿੰਘ, ਪ੍ਰਮਜੀਤ ਸਿੰਘ, ਪ੍ਰਕਾਸ਼ ਸਿੰਘ, ਕਾਮਰੇਡ ਮੰਗਤ ਬੱਘੇ ਕੇ, ਸੁਰਜੀਤ ਸਿੰਘ, ਦਲਜੀਤ ਸਿੰਘ ਤੇ ਮੱਖਣ ਸਿੰਘ ਅਤੇ ਪਿੰਡ ਵਾਸੀ ਹਾਜ਼ਰ ਸਨ।

ਟੀਚੇ ਤੱਕ ਪਹੁੰਚਣ ਲਈ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਦੀ ਲੋੜ : ਬਿੱਟਾ

■ ਕਾਲਜ ਵੱਲੋਂ ਵਿਦਿਆਰਥੀਆਂ ਨੂੰ ਡਿਗਰੀਆਂ ਤਕਸੀਮ

ਵਿਦਿਆਰਥੀਆਂ ਨੂੰ ਡਿਗਰੀਆਂ ਵੰਡਦੇ ਮਨਿੰਦਰਜੀਤ ਸਿੰਘ ਬਿੱਟਾ, ਸੋਮ ਨਾਥ ਮਹਿਤਾ ਤੇ ਹੋਰ ਅਤੇ ਪੇਸ਼ਕਾਰੀ ਦਿੰਦੇ ਵਿਦਿਆਰਥੀ।

ਭੀਖੀ (ਧਰਮਵੀਰ ਸ਼ਰਮਾ)-ਸਥਾਨਕ ਸ਼ਿਵ ਸ਼ਕਤੀ ਆਯੁਰਵੈਦਿਕ ਕਾਲਜ ਤੇ ਹਸਪਤਾਲ ਤੋਂ ਸਿੱਖਿਆ ਪ੍ਰਾਪਤ ਕਰ ਚੁੱਕੇ ਬੀ.ਏ.ਐੱਮ.ਐੱਸ. ਕੋਰਸ ਦੇ ਦੋ ਬੈਚਾਂ ਦੀ ਹੋਈ ਕਨਵੋਕੇਸ਼ਨ ਵਿੱਚ ਡਾਕਟਰਾਂ ਨੂੰ ਡਿਗਰੀਆਂ ਤਕਸੀਮ ਕੀਤੀਆਂ ਗਈਆਂ ਅਤੇ ਸੰਸਥਾ ਵੱਲੋਂ ਯਾਦਗਾਰ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਆਲ ਇੰਡੀਆ ਐਂਟੀ-ਟੈਰੋਰਿਸਟ ਫਰੰਟ ਦੇ ਮੁਖੀ ਮਨਿੰਦਰਜੀਤ ਸਿੰਘ ਬਿੱਟਾ ਨੇ ਕਿਹਾ ਕਿ ਵਿੱਦਿਆ ਨੂੰ ਹਾਸਲ ਕਰਨ ਲਈ ਇੱਕ ਮਕਸਦ ਹੋਣਾ ਚਾਹੀਦਾ ਹੈ, ਉਸ ਨਿਸ਼ਾਨੇ ਤੱਕ ਪਹੁੰਚਣ ਲਈ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਦੀ ਲੋੜ ਹੈ। ਇੱਕ ਪਰਪੱਕ ਸਿਖਿਆਰਥੀ ਜ਼ਰੂਰੀ ਨਹੀਂ ਕਿ ਉਹ ਆਪਣੇ ਖੇਤਰ ਵਿੱਚ ਹੀ ਰਹਿ ਕੇ ਤਰੱਕੀ ਕਰੇ, ਉਹ ਆਪਣੀ ਲਿਆਕਤ ਨਾਲ ਦੂਸਰੇ ਖੇਤਰਾਂ ਵਿੱਚ ਵੀ ਰਾਹ ਦਸੇਰਾ ਬਣ ਸਕਦਾ ਹੈ। ਉਨ੍ਹਾ ਉਦਾਹਰਣ ਦਿੱਤੀ ਕਿ ਮਾਨਯੋਗ ਮਰਹੂਮ ਰਾਸ਼ਟਰਪਤੀ ਡਾ. ਅਬਦੁੱਲ ਕਲਾਮ ਤੇ ਸਾਬਕਾ ਪ੍ਰਧਾਨ ਮੰਤਰੀ ਸ੍. ਮਨਮੋਹਨ ਸਿੰਘ ਇਸ ਦੀ ਉਦਾਹਰਨ ਹਨ ਤੇ ਉਨ੍ਹਾਂ ਨੇ ਸਿਰਫ਼ ਆਪਣੀ ਵਿੱਦਿਅਕ ਯੋਗਤਾ ਸਹਾਰੇ ਦੇਸ਼ ਦੀ ਅਗਵਾਈ ਕੀਤੀ। ਉਨ੍ਹਾ ਕਿਹਾ ਕਿ ਮੌਜੂਦਾ ਕੇਂਦਰੀ ਸਰਕਾਰ ਵਿੱਚ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਭਾਲ, ਵਿਦੇਸ਼ ਮੰਤਰੀ ਸ਼ੰਕਰ ਜੈ ਕ੍ਰਿਸ਼ਨ ਤੇ ਸ਼ਹਿਰੀ ਵਿਕਾਸ ਮੰਤਰੀ ਹਰਜੀਤ ਸਿੰਘ ਪੁਰੀ ਆਪਣੀ ਵਿੱਦਿਅਕ ਯੋਗਤਾ ਕਾਰਨ ਇੱਕ ਕਾਮਯਾਬ ਪ੍ਰਸ਼ਾਸਕ ਸਿੱਧ ਹੋ ਰਹੇ ਹਨ।

ਗਰੁੱਪ ਆਫ ਕਾਲਜ ਦੇ ਡਾਇਰੈਕਟਰ ਸੋਮ ਨਾਥ ਮਹਿਤਾ ਨੇ ਇਸ ਯਾਦਗਾਰੀ ਸਮਾਗਮ ਤੇ ਆਪਣੇ ਪੇਸ਼ੇ 'ਤੇ ਲੱਗੇ ਡਾਕਟਰਾਂ ਨੂੰ ਸੰਬੋਧਨ ਕਰਦੇ ਕਿਹਾ ਕਿ ਸਿੱਖਿਆ ਹਾਸਲ ਕਰਨਾ ਸਿਰਫ਼ ਰੋਜ਼ਗਾਰ ਪ੍ਰਾਪਤ ਕਰਨ ਲਈ ਨਹੀਂ, ਬਲਕਿ ਸਿੱਖਿਆ ਦੇਸ਼ ਦੇ ਸਰਬਪੱਖੀ ਵਿਕਾਸ ਤੇ ਮਾਨਵਤਾ ਦੇ ਭਲੇ ਲਈ ਹੋਣੀ ਚਾਹੀਦੀ ਹੈ ਤਾਂ ਜੋ ਸਮਾਜ ਦੇ ਹਰ ਤਬਕੇ ਦਾ ਕਲਿਆਣ ਹੋ ਸਕੇ। ਉਨ੍ਹਾਂ ਡਾਕਟਰਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਉਹ ਜ਼ਿੰਦਗੀ ਵਿੱਚ ਹਰ ਬੁਲੰਦੀ ਪ੍ਰਾਪਤ ਕਰਨ। ਉਨ੍ਹਾਂ ਆਪਣੇ ਜਜ਼ਬਾਤਾਂ ਦਾ ਇਜ਼ਹਾਰ ਕਰਦੇ ਕਿਹਾ ਕਿ ਜਦੋਂ ਕੋਈ ਵਿਦਿਆਰਥੀ ਮੁਕਾਮ ਨੂੰ ਹਾਸਲ ਕਰਦਾ ਹੈ ਤਾਂ ਜਿੱਥੇ ਉਸ ਦੇ ਮਾਤਾ-ਪਿਤਾ ਦਾ ਸੀਨਾ ਫ਼ਖਰ ਨਾਲ ਚੌੜਾ ਹੁੰਦਾ ਹੈ, ਉੱਥੇ ਸੰਸਥਾ ਦਾ ਸਿਰ ਵੀ ਮਾਣ ਨਾਲ ਉੱਚਾ ਹੁੰਦਾ ਹੈ। ਉਨ੍ਹਾ ਇੰਸਟੀਚਿਊਟ ਦੀਆਂ ਭਵਿੱਖੀ ਯੋਜਨਾਵਾਂ ਦਾ ਖੁਲਾਸਾ ਕਰਦੇ ਕਿਹਾ ਕਿ ਸੰਸਥਾ ਜਿੱਥੇ ਵਿਦਿਆਰਥੀਆਂ ਨੂੰ ਮਿਆਰੀ ਵਿੱਦਿਆ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ, ਉੱਥੇ ਇਸ ਇਲਾਕੇ ਦੀਆਂ ਮੈਡੀਕਲ ਜ਼ਰੂਰਤਾਂ ਪੂਰੀਆਂ ਕਰਨ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਉਨ੍ਹਾ ਕਿਹਾ ਕਿ ਲੋੜਵੰਦ ਮਰੀਜ਼ਾਂ ਨੂੰ ਮੁਫਤ ਇਲਾਜ ਮੁਹੱਈਆ ਕਰਵਾਉਣ ਲਈ ਠੋਸ ਨੀਤੀ ਬਣਾਈ ਜਾ ਰਹੀ ਹੈ।

ਇਸ ਮੌਕੇ ਕਾਲਜ ਦੇ ਬੱਚਿਆਂ ਨੇ ਰੰਗਾਰੰਗ ਪ੍ਰੋਗਰਾਮ ਵੀ ਪੇਸ਼ ਕੀਤਾ। ਇਸ ਮੌਕੇ ਬਲਵਿੰਦਰ ਸਿੰਘ ਕਾਕਾ, ਮਨਜੀਤ ਸਿੰਘ ਡੀ ਐੱਸ ਪੀ, ਨਗਰ ਪੰਚਾਇਤ ਪ੍ਰਧਾਨ ਵਿਨੋਦ ਸਿੰਗਲਾ, ਵਿਨੋਦ ਗਾਂਧੀ, ਕਰਮਵੀਰ ਗੁੜਥੜੀ, ਪ੍ਰਿੰਸੀਪਲ ਪ੍ਰਮਾਨੰਦ ਸ਼੍ਰੀ ਵਾਸਤਵਾ, ਸਕੱਤਰ ਰਾਜ ਕੁਮਾਰ ਮਹਿਤਾ, ਸੂਰਜ ਭਾਨ ਮਹਿਤਾ, ਮੋਹਿਤ ਮਹਿਤਾ, ਦੀਪਕ ਮਹਿਤਾ, ਕਮਲ ਅਰੋੜਾ ਰਿੰਕੂ ਹਾਜ਼ਰ ਸਨ।

ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਐੱਨ ਸੀ ਸੀ ਏ ਸਰਟੀਫ਼ਿਕੇਟ ਪ੍ਰੀਖਿਆ ਕਰਵਾਈ



ਦੋਰਾਹਾ (ਹਰਿਮੰਦਰ ਹੇਠ)

ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ 19 ਪੰਜਾਬ ਐੱਨ. ਸੀ. ਸੀ. ਬਟਾਲੀਅਨ ਵੱਲੋਂ ਏ ਸਰਟੀਫ਼ਿਕੇਟ ਦਾ ਇਮਤਿਹਾਨ ਕਰਵਾਇਆ ਗਿਆ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਦੱਸਿਆ ਕਿ ਕਰਨਲ ਪਰਵੀਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਕਰਵਾਏ ਗਏ ਇਸ ਇਮਤਿਹਾਨ ਵਿੱਚ ਏ. ਆਈ. ਪੀ. ਸਕੂਲ ਬਰਮਾਲੀਪੁਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ, ਕਲਗੀਧਰ ਅਕੈਡਮੀ ਸਕੂਲ ਦੁੱਗਰੀ ਤੇ ਰਾਧਾ ਵਾਟਿਕਾ ਸੀਨੀਅਰ ਸੈਕੰਡਰੀ ਸਕੂਲ ਖੰਨਾ ਤੋਂ 76 ਵਿਦਿਆਰਥੀਆਂ ਨੇ ਭਾਗ ਲਿਆ। ਇਸ ਇਮਤਿਹਾਨ ਵਿੱਚ 19 ਪੰਜਾਬ ਬਟਾਲੀਅਨ ਤੋਂ ਸੂਬੇਦਾਰ ਜਸਵਿੰਦਰ ਸਿੰਘ, ਸੀ. ਐੱਚ. ਐੱਮ. ਕੁਲਦੀਪ ਸਿੰਘ, ਹਵਲਦਾਰ ਮਨਪ੍ਰੀਤ ਸਿੰਘ ਤੇ ਏ. ਐੱਨ. ਓ. ਸਤਵੀਰ ਸਿੰਘ ਨੇ ਨਰੀਖਕਾਂ ਦੀ ਜ਼ਿੰਮੇਵਾਰੀ ਨਿਭਾਈ। ਇਸ ਪ੍ਰੀਖਿਆ ਵਿੱਚ ਕਾਲਜ ਦੇ ਐੱਨ. ਸੀ. ਸੀ. ਕੇਅਰਟੇਕਰ ਪ੍ਰੋ. ਸਨਦੀਪ ਸਿੰਘ ਹੁੰਦਲ, ਪ੍ਰੋ. ਸ਼ਵੇਤਾ ਥਾਪਾ, ਕੈਡਿਟ ਵਿਜੇ ਗੁਪਤਾ, ਕੈਡਿਟ ਅਨੂ ਤਿਵਾਰੀ, ਕੈਡਿਟ ਸਾਕਸ਼ੀ, ਕੈਡਿਟ ਹਰਮਨਦੀਪ ਸਿੰਘ ਨੇ ਅਹਿਮ ਰੋਲ ਅਦਾ ਕੀਤਾ। ਇਸ ਇਮਤਿਹਾਨ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਰਜਕਾਰੀ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਸੰਬੰਧਤ ਪ੍ਰਾਧਿਆਪਕਾਂ ਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

ਵੱਡੇ ਘੱਲੂਘਾਰੇ ਦੇ ਸ਼ਹੀਦਾਂ ਨੂੰ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸ਼ਰਧਾਂਜਲੀਆਂ

ਸੰਧਵਾਂ, ਕੈਬਨਿਟ ਮੰਤਰੀ ਅਨਮੋਲ ਗਗਨ, ਵਿਧਾਇਕ ਪੰਡੋਰੀ ਤੇ ਉਗੋਕੇ ਸਣੇ ਹੋਰ ਸ਼ਖ਼ਸੀਅਤਾਂ ਨੇ ਕੀਤੀ ਸ਼ਿਰਕਤ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)

ਮਹਿਲ ਕਲਾਂ ਦੇ ਪਿੰਡ ਕੁਤਬਾ ਵਿਖੇ ਵੱਡੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ ਤਿੰਨ ਰੋਜ਼ਾ ਸ਼ਹੀਦੀ ਸਮਾਗਮ ਦੌਰਾਨ ਅੱਜ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਅਨਮੋਲ ਗਗਨ ਮਾਨ, ਵਿਧਾਇਕ ਕੁਲਵੰਤ ਸਿੰਘ ਪੰਡੋਰੀ ਤੇ ਵਿਧਾਇਕ ਲਾਭ ਸਿੰਘ ਉਗੋਕੇ ਸਣੇ ਹੋਰ ਸ਼ਖ਼ਸੀਅਤਾਂ ਨੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਕੁਤਬਾ-ਬਾਹਮਣੀਆਂ ਇਕ ਇਤਿਹਾਸਕ ਪਿੰਡ ਹੈ, ਜਿੱਥੇ ਵੱਡੇ ਘੱਲੂਘਾਰੇ ਸਮੇਂ ਅਹਿਮਦ ਸ਼ਾਹ ਅਬਦਾਲੀ ਦੀਆਂ ਫੌਜਾਂ ਨਾਲ ਲੋਹਾ ਲੈਂਦਿਆਂ ਵੱਡੀ ਗਿਣਤੀ ਸਿੰਘਾਂ ਨੇ ਸ਼ਹਾਦਤ ਦਾ ਜਾਮ ਪੀਤਾ, ਜਿਨ੍ਹਾਂ ਦੀ ਸ਼ਹਾਦਤ ਨੂੰ ਭੁਲਾਇਆ ਨਹੀਂ ਜਾ ਸਕਦਾ। ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਨੇ ਕਿਹਾ ਕਿ ਜੇਕਰ ਅਬਦਾਲੀ ਵਰਗੇ ਮੁਗਲਾਂ ਨੂੰ ਕੋਈ ਚੁਣੌਤੀ ਦੇ ਸਕਦਾ ਸੀ ਤਾਂ ਉਹ ਸਿੰਘ ਹੀ ਸਨ, ਜਿਨ੍ਹਾਂ ਨੇ ਆਪਣੀਆਂ ਜਾਨਾਂ ਦੀ ਪ੍ਰਵਾਹ ਨਹੀਂ ਕੀਤੀ। ਇਸ ਮੌਕੇ ਸੰਬੋਧਨ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਅਨਮੋਲ ਗਗਨ ਮਾਨ ਅੱਗੇ ਪਿੰਡ 'ਚ ਸ਼ਹੀਦਾਂ ਦੀ ਢੁੱਕਵੀਂ ਯਾਦਗਾਰ ਬਣਾਉਣ ਦੀ ਮੰਗ ਰੱਖੀ। ਸ੍. ਪੰਡੋਰੀ ਨੇ ਕਿਹਾ ਕਿ ਇਤਿਹਾਸਕ ਪਿੰਡ ਦੇ ਵਿਕਾਸ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ ਤੇ ਖਾਸ ਕਰਕੇ ਇਸ ਇਲਾਕੇ ਵਿੱਚ ਨਹਿਰੀ ਪਾਣੀ ਦੀ ਪਹੁੰਚ ਵਾਸਤੇ ਖਾਲਾਂ, ਕੱਸੀਆਂ, ਰਜਬਾਹੇ ਦਾ ਕੰਮ ਪਹਿਲ ਦੇ ਆਧਾਰ 'ਤੇ ਕਰਵਾਇਆ ਜਾਵੇਗਾ, ਜੋ ਕਿ ਵਿਭਾਗ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਕੋਲ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਧਾਇਕ ਰਾਏਕੋਟ ਹਾਕਮ ਸਿੰਘ ਠੇਕੇਦਾਰ, ਵਿਧਾਇਕ ਭਦੌੜ ਲਾਭ ਸਿੰਘ ਉਗੋਕੇ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਗੁਰਦੀਪ ਸਿੰਘ ਬਾਠ, ਐੱਸ ਡੀ ਐੱਮ ਗੋਪਾਲ ਸਿੰਘ ਤੇ ਹੋਰ ਸ਼ਖ਼ਸੀਅਤਾਂ ਨੇ ਸ਼ਰਧਾਂਜਲੀ ਭੇਟ ਕੀਤੀ।

ਗੌਰਮਿੰਟ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)-ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੀ ਗੌਰਮਿੰਟ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਸ੍ਰੀ ਮੁਕਤਸਰ ਸਾਹਿਬ ਦੀ ਮਹੀਨਾਵਾਰ ਮੀਟਿੰਗ ਮੇਨ ਵਾਟਰ ਵਰਕਸ ਵਿਖੇ ਸਥਿਤ ਪੈਨਸ਼ਨਰ ਦਫਤਰ ਵਿਖੇ ਜਥੇਬੰਦੀ ਦੇ ਪ੍ਰਧਾਨ ਗੁਰਬਚਨ ਸਿੰਘ ਤੇ ਜਨਰਲ ਸਕੱਤਰ ਮੁਖਤਿਆਰ ਸਿੰਘ ਬੇਦੀ ਦੀ ਅਗਵਾਈ ਹੇਠ ਹੋਈ। ਇਸ ਸਬੰਧੀ ਆਗੂ ਚਿੰਤ ਰਾਮ ਨਾਹਰ, ਕਿਰਪਾਲ ਸਿੰਘ, ਹਰਭਜਨ ਸਿੰਘ ਸੰਧੂ, ਜਸਵਿੰਦਰ ਸਿੰਘ ਫੱਤਣਵਾਲਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਆਪਣੀ ਜ਼ਿੰਦਗੀ ਦੇ ਕੀਮਤੀ ਸਾਲ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਨੂੰ ਦਿੱਤੇ ਹਨ ਅਤੇ ਇਸ ਵਿਭਾਗ ਵਿੱਚ ਨੌਕਰੀ ਕਰਕੇ ਰਿਟਾਇਰਡ ਹੋਏ ਹਨ, ਪਰ ਸਮੇਂ ਸਮੇਂ ਦੀਆਂ ਸਰਕਾਰਾਂ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਲਾਗੂ ਕਰ ਰਹੀਆਂ ਹਨ। ਉਹ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਨ ਕਿ ਮਹੀਨਾ 1-1-2016 ਤੋਂ ਬਾਅਦ ਰਿਟਾਇਰ ਹੋਏ ਕਰਮਚਾਰੀਆਂ ਦੀ ਰਿਵਾਇਜ਼ ਪੈਨਸ਼ਨ ਮੁਤਾਬਿਕ ਛੁੱਟੀਆਂ ਦੇ ਬਣਦੇ ਪੈਸੇ ਦਿੱਤੇ ਜਾਣ। ਹਾਈਕੋਰਟ ਦੇ ਹੁਕਮਾਂ ਮੁਤਾਬਕ 113% ਤੋਂ 119% ਡੀ ਏ ਜਾਰੀ ਕਰਨ ਦੇ ਫੈਸਲੇ ਨੂੰ ਤੁਰੰਤ ਲਾਗੂ ਕੀਤਾ ਜਾਵੇ। ਰਿਟਾਇਰਡ ਹੋਏ ਕਰਮਚਾਰੀਆਂ ਦੇ ਮੈਡੀਕਲ ਦੇ ਬਿੱਲ ਵੀ ਕਲੀਅਰ ਕੀਤੇ ਜਾਣ। ਵਿਭਾਗ ਵਿੱਚ ਕੰਮ ਕਰਦੇ ਵਰਕਰਾਂ ਨੂੰ ਵਿਭਾਗ ਵਿੱਚ ਲਿਆ ਕੇ ਰੈਗੂਲਰ ਕੀਤਾ ਜਾਵੇ। ਵਿਭਾਗ ਦੇ ਹੋ ਰਹੇ ਪੰਚਾਇਤੀਕਰਨ ਤੇ ਨਿੱਜੀਕਰਨ ਨੂੰ ਬੰਦ ਕੀਤਾ ਜਾਵੇ। ਇਸ ਮੌਕੇ ਜੰਗੀਰ ਸਿੰਘ ਬਰਾੜ, ਹਰਭਜਨ ਸਿੰਘ ਮੱਕੜ, ਰੁਕਮਨ ਦਾਸ, ਹਰਮੰਦਰ ਸਿੰਘ, ਸ਼ਾਮ ਲਾਲ, ਮੇਵਾ ਸਿੰਘ, ਨਰਿੰਦਰ ਕੁਮਾਰ, ਧੰਨਾ ਸਿੰਘ, ਬਲਵੀਰ ਸਿੰਘ, ਰਾਮ ਰਤਨ, ਅੰਗਰੇਜ ਸਿੰਘ ਤੇ ਦਰਸ਼ਨ ਸਿੰਘ ਕਪੂਰ ਤੋਂ ਇਲਾਵਾ ਵੱਡੀ ਗਿਣਤੀ 'ਚ ਸਾਥੀ ਹਾਜ਼ਰ ਹੋਏ।

ਬਲੌਜ਼ਮਜ਼ ਕਾਨਵੈਂਟ ਸਕੂਲ ਦਾ ਸਾਲਾਨਾ ਸਮਾਰੋਹ ਯਾਦਗਾਰੀ ਹੋ ਨਿੱਬੜਿਆ

■ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

ਜਗਰਾਉਂ (ਸੰਜੀਵ ਅਰੋੜਾ, ਨਛੱਤਰ ਸੰਧੂ, ਅਮਿਤ ਖੰਨਾ)-ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਸਾਲਾਨਾ ਸਮਾਗਮ ਸ਼ਾਨੋ-ਸ਼ੌਕਤ ਨਾਲ ਹੋ ਨਿੱਬੜਿਆ। ਇਸ ਸਮਾਗਮ ਵਿੱਚ ਨਾਟਕ, ਕੋਰੀਓਗ੍ਰਾਫੀ, ਗੀਤ-ਸੰਗੀਤ, ਭੰਗੜਾ, ਗਿੱਧਾ ਦੇ ਹਰ ਰੰਗ ਦੇਖਣ ਨੂੰ ਮਿਲੇ ਤੇ ਸਾਡੇ ਪ੍ਰਾਂਤਕ ਨਾਚਾਂ ਨੇ ਸਰੋਤਿਆਂ ਦੇ ਦਿਲ ਜਿੱਤ ਲਏ। ਬੱਚਿਆਂ ਨੇ ਆਪਣੇ ਅੰਦਰ ਦੀ ਕਲਾਕਾਰੀ ਨੂੰ ਸਟੇਜ 'ਤੇ ਖੁੱਲ੍ਹ ਕੇ ਪ੍ਰਦਰਸ਼ਤ ਕੀਤਾ। ਵੱਖ-ਵੱਖ ਗਤੀਵਿਧੀਆਂ ਰਾਹੀਂ ਇਸ ਪ੍ਰੋਗਰਾਮ ਦੀ ਇੱਕ ਵੱਖਰੀ ਦਿਖ ਸੀ। ਅਧਿਆਪਕਾਂ ਦੁਆਰਾ ਸਿਖਾਏ ਗੁਰਾਂ ਰਾਹੀਂ ਉਨ੍ਹਾਂ ਨੇ ਆਪਣੇ ਇਸ ਸਮਾਗਮ ਨੂੰ ਹੋਰ ਚਾਰ ਚੰਦ ਲਗਾ ਦਿੱਤੇ। ਸਾਰਾ ਪ੍ਰੋਗਰਾਮ ਬੱਚਿਆਂ ਵੱਲੋਂ ਪੇਸ਼ ਕੀਤਾ ਗਿਆ ਤੇ ਸਕੂਲ ਦੀਆਂ ਖੇਡਾਂ ਤੇ ਪੜ੍ਹਾਈ ਜਾਂ ਫਿਰ ਹਰ ਖਿੱਤੇ ਵਿੱਚ ਕੀਤੀਆਂ ਪ੍ਰਾਪਤੀਆਂ ਨੂੰ ਸਰੋਤਿਆਂ ਨਾਲ ਸਾਂਝਾ ਕੀਤਾ। ਮਾਪਿਆਂ ਦੀ ਸ਼ਮੂਲੀਅਤ ਨੇ ਇਸ ਪ੍ਰੋਗਰਾਮ ਦੀ ਹੋਰ ਸ਼ਾਨ ਵਧਾ ਦਿੱਤੀ। ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਕੁਲਤਾਰ ਸਿੰਘ ਸੰਧਵਾਂ ਸਪੀਕਰ ਵਿਧਾਨ ਸਭਾ ਪੰਜਾਬ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੀ ਮਾਂ ਬੋਲੀ ਨਾਲ ਜੁੜੇ ਰਹਿਣਾ ਚਾਹੀਦਾ ਹੈ। ਉਨ੍ਹਾਂ ਨੂੰ ਆਪਣੇ ਦੇਸ਼ ਦੇ ਉੱਜਵਲ ਭਵਿੱਖ ਬਾਰੇ ਸੋਚਣਾ ਚਾਹੀਦਾ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ: ਅਮਰਜੀਤ ਕੌਰ ਨਾਜ਼ ਨੇ ਮੁੱਖ ਮਹਿਮਾਨ ਤੇ ਇਸ ਸਮਾਗਮ ਵਿੱਚ ਪਹੁੰਚੇ ਮਾਪਿਆਂ ਨੂੰ ਜੀ ਆਇਆਂ ਆਖਿਆ। ਉਨ੍ਹਾ ਕਿਹਾ ਕਿ ਇਸ ਸਮਾਗਮ ਨੂੰ ਦੇਖ ਕੇ ਬੱਚਿਆਂ ਦੀ ਕੀਤੀ ਮਿਹਨਤ ਦਾ ਰੂਪ ਸਭ ਦੇ ਸਾਹਮਣੇ ਆਉਂਦਾ ਹੈ। ਸਕੂਲ ਇਕੱਲੇ ਇਨ੍ਹਾਂ ਪ੍ਰੋਗਰਾਮਾਂ ਕਰਕੇ ਹੀ ਨਹੀਂ ਸਗੋਂ ਦੁਨੀਆ ਭਰ ਵਿੱਚ ਆਪਣੇ ਨਤੀਜਿਆਂ ਕਰਕੇ ਵੀ ਮੋਹਰਲੀ ਕਤਾਰ ਵਿੱਚ ਹੈ। ਅਸੀਂ ਆਪਣੇ ਬੱਚਿਆਂ ਨੂੰ ਹਰ ਪੱਖ ਤੋਂ ਐਨੀਆਂ ਪੱਕੀਆਂ ਨੀਹਾਂ ਦੇ ਧਾਰਨੀ ਬਣਾ ਕੇ ਅੱਗੇ ਤੋਰਦੇ ਹਾਂ ਕਿ ਉਹ ਆਪਣੇ ਜੀਵਨ ਦੀਆਂ ਉਨ੍ਹਾਂ ਉਚਾਈਆਂ ਨੂੰ ਫਤਿਹ ਕਰ ਲੈਂਦੇ ਹਨ, ਜਿਨ੍ਹਾਂ ਦੇ ਸੁਪਨੇ ਉਨ੍ਹਾਂ ਦੇ ਮਾਪੇ ਦੇਖਦੇ ਹਨ। ਉਨ੍ਹਾਂ ਪੁਲਸ ਪ੍ਰਸ਼ਾਸਨ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਅਨੁਸ਼ਾਸਨ ਵਿੱਚ ਸਾਥ ਦਿੱਤਾ ਤੇ ਪੱਤਰਕਾਰ ਭਾਈਚਾਰੇ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਪਹੁੰਚ ਕੇ ਇਸ ਪ੍ਰੋਗ੍ਰਾਮ ਦੀ ਸ਼ਾਨ ਵਧਾਈ। ਇਸ ਮੌਕੇ ਮੁੱਖ ਮਹਿਮਾਨ ਵੱਲੋਂ ਸਕੂਲ ਵਿਚ ਬਣੇ ਰਿਕਾਰਡਿੰਗ ਰੂਮ ਦਾ ਉਦਘਾਟਨ ਕੀਤਾ ਗਿਆ। ਇਸ ਸਮੇਂ ਹਲਕਾ ਵਿਧਾਇਕ ਬੀਬੀ ਸਰਵਜੀਤ ਕੌਰ ਮਾਣੂੰਕੇ, ਸਕੂਲ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ, ਸੈਕਟਰੀ ਅਜਮੇਰ ਸਿੰਘ ਰੱਤੀਆਂ, ਸਤਵੀਰ ਸਿੰਘ ਸੇਖੋਂ, ਰਛਪਾਲ ਸਿੰਘ, ਰਵਿੰਦਰ ਕੌਰ ਜੌਹਲ ਨੇ ਵੀ ਇਸ ਪ੍ਰੋਗ੍ਰਾਮ ਵਿੱਚ ਸ਼ਮੂਲੀਅਤ ਕੀਤੀ ਅਤੇ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਕੈਨੇਡਾ ਤੋਂ ਪ੍ਰੋਗ੍ਰਾਮ ਦੀ ਸਮੂਹ ਬਲੌਜ਼ਮਜ਼ ਪਰਿਵਾਰ ਨੂੰ ਵਧਾਈ ਦਿੱਤੀ। ਇਸ ਪ੍ਰਕਾਰ ਕਈ ਰੰਗਾਂ ਦੀ ਰੰਗੋਲੀ ਵਿੱਚ ਭਰਿਆ ਇਹ ਸਮਾਗਮ ਯਾਦਗਾਰੀ ਹੋ ਨਿੱਬੜਿਆ।

ਥਾਣਾ ਕਬੀਰਪੁਰ ਦੀ ਪੁਲਸ ਵੱਲੋਂ 18750 ਮਿਲੀ ਲੀਟਰ ਨਜਾਇਜ਼ ਸ਼ਰਾਬ ਸਮੇਤ ਦੋ ਕਾਬੂ

ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)

ਸਬ ਡਵੀਜਨ ਸੁਲਤਾਨਪੁਰ ਲੋਧੀ ਦੇ ਡੀ.ਐਸ.ਪੀ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਥਾਣਾ ਕਬੀਰ ਪੁਰ ਦੀ ਪੁਲਸ ਵੱਲੋਂ ਦੋ ਵਿਅਕਤੀਆਂ ਨੂੰ 18750 ਮਿਲੀ ਲੀਟਰ ਨਜਾਇਜ਼ ਸ਼ਰਾਬ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਕਬੀਰਪੁਰ ਦੇ ਮੁੱਖੀ ਸਬ ਇੰਸਪੈਕਟਰ ਲਖਵਿੰਦਰ ਸਿੰਘ ਨੇ ਦੱਸਿਆ ਕਿ ਏ.ਐਸ.ਆਈ ਜਰਨੈਲ ਸਿੰਘ ਅਤੇ ਏ.ਐਸ.ਆਈ ਲਖਵਿੰਦਰ ਸਿੰਘ ਵੱਲੋਂ ਸਮੇਤ ਪੁਲਸ ਪਾਰਟੀ ਅਤੇ ਐਕਸਾਈਜ ਇੰਸਪੈਕਟਰ ਦੇ ਨਾਲ ਮੰਡ ਖੇਤਰ ਵਿੱਚ ਵੱਖ-ਵੱਖ ਥਾਵਾਂ 'ਤੇ ਵਿਸ਼ੇਸ਼ ਨਾਕੇਬੰਦੀ ਕੀਤੀ ਗਈ। ਪਿੰਡ ਚੰਨਣਵਿੰਡੀ ਨੇੜੇ ਕੀਤੀ ਨਾਕੇਬੰਦੀ ਦੌਰਾਨ ਇਕ ਵਿਅਕਤੀ ਨੂੰ ਪਲਾਸਟਿਕ ਦੀ ਕੈਨੀ ਸਮੇਤ ਕਾਬੂ ਕਰ ਲਿਆ ਗਿਆ। ਜਦੋਂ ਉਸਦੀ ਤਲਾਸ਼ੀ ਲਈ ਤਾਂ ਉਸ ਕੋਲੋਂ 9750 ਮਿਲੀ ਲੀਟਰ ਨਜਾਇਜ ਸ਼ਰਾਬ ਬਰਾਮਦ ਹੋਈ। ਪੁਛਗਿੱਛ ਦੌਰਾਨ ਉਸ ਨੇ ਆਪਣਾ ਨਾਂਅ ਭਜਨ ਸਿੰਘ ਪੁੱਤਰ ਬੰਤਾ ਸਿੰਘ ਵਾਸੀ ਚੰਨਣਵਿੰਡੀ ਥਾਣਾ ਸੁਲਤਾਨਪੁਰ ਲੋਧੀ ਦੱਸਿਆ।

ਇਸੇ ਤਰ੍ਹਾਂ ਮੁਖਬਰ ਖਾਸ ਦੀ ਇਤਲਾਹ 'ਤੇ ਸਤਨਾਮ ਸਿੰਘ ਪੁੱਤਰ ਅਮਰ ਸਿੰਘ ਵਾਸੀ ਚੰਨਣਵਿੰਡੀ ਦੀ ਜਦੋਂ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 9000 ਮਿਲੀ ਲੀਟਰ ਨਜਾਇਜ ਸ਼ਰਾਬ ਬਰਾਮਦ ਹੋਈ। ਪੁਲਸ ਵੱਲੋਂ ਆਬਕਾਰੀ ਐਕਟ ਤਹਿਤ ਉਨ੍ਹਾਂ ਦੋਵਾਂ ਵਿਅਕਤੀਆਂ 'ਤੇ ਮਾਮਲਾ ਦਰਜ ਕੀਤਾ ਗਿਆ ਹੈ।

ਜਮਹੂਰੀ ਕਿਸਾਨ ਸਭਾ ਪੰਜਾਬ ਦੀ ਤਿੰਨ ਦਿਨਾ ਸੂਬਾ ਜਥੇਬੰਦਕ ਕਾਨਫਰੰਸ 15 ਤੋਂ

ਜਲੰਧਰ (ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)

ਜਮਹੂਰੀ ਕਿਸਾਨ ਸਭਾ ਪੰਜਾਬ ਦੀ ਤਿੰਨ ਦਿਨਾ ਸੂਬਾ ਜਥੇਬੰਦਕ ਕਾਨਫਰੰਸ 15 ਤੋਂ 17 ਫਰਵਰੀ ਤੱਕ ਲੁਧਿਆਣਾ ਦੇ ਕਸਬੇ ਸਹਿਜਾਦ ਮਨਸੂਰਾਂ ਵਿਖੇ ਹੋਵੇਗੀ। ਇਸ ਕਾਨਫਰੰਸ ਦੀਆਂ ਤਿਆਰੀਆਂ ਦਾ ਜਾਇਜਾ ਲੈਣ ਲਈ ਜਮਹੂਰੀ ਕਿਸਾਨ ਸਭਾ ਦੇ ਪ੍ਰਧਾਨ ਸਤਨਾਮ ਸਿੰਘ ਅਜਨਾਲਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਤੋਂ ਬਾਅਦ ਸੂਬਾ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਦੱਸਿਆ ਕਿ ਇਸ ਕਾਨਫਰੰਸ ਵਿੱਚ ਪਿਛਲੀ ਕਰਮ ਦੀਆਂ ਜਥੇਬੰਦਕ ਸਰਗਰਮੀਆਂ ਦਾ ਲੇਖਾ ਜੋਖਾ ਕਰਦੇ ਹੋਏ ਨਵੀਂ ਸੂਬਾ ਕਮੇਟੀ ਦੀ ਚੋਣ ਕੀਤੀ ਜਾਵੇਗੀ ਅਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਸੰਘਰਸਾਂ ਦਾ ਐਲਾਨ ਕੀਤਾ ਜਾਵੇਗਾ।14 ਜ਼ਿਲ੍ਹਿਆਂ ਦੇ ਡੈਲੀਗੇਟ ਅਜਲਾਸ ਹੋ ਚੁੱਕੇ ਹਨ ਅਤੇ ਨਵੀਆਂ ਜ਼ਿਲ੍ਹਾ ਕਮੇਟੀਆਂ ਦੀ ਚੋਣ ਹੋ ਚੁੱਕੀ ਹੈ ਅਤੇ ਰਹਿੰਦੇ ਜ਼ਿਲ੍ਹਿਆਂ ਦੀ ਚੋਣ 12 ਫਰਵਰੀ ਤੱਕ ਮੁਕੰਮਲ ਹੋ ਜਾਵੇਗੀ। ਸਾਰੇ ਜ਼ਿਲ੍ਹਿਆਂ ਵਿੱਚੋਂ ਚੁਣੇ ਹੋਏ 240 ਡੈਲੀਗੇਟ ਤਿੰਨ ਦਿਨਾਂ ਅਜਲਾਸ ਵਿੱਚ ਦੇਸ਼ ਦੀ ਸਰਕਾਰ ਵੱਲੋਂ ਲਾਗੂ ਕੀਤੀ ਜਾ ਰਹੀ ਵਿਸ਼ਵ ਵਪਾਰ ਸੰਸਥਾ, ਸੰਸਾਰ ਬੈਂਕ ਅਤੇ ਆਈ ਐੱਮ ਐੱਫ ਦੇ ਹੁਕਮਾਂ ਤੇ ਬਣਾਈ ਕਿਸਾਨ ਮਜਦੂਰ ਵਿਰੋਧੀ ਅਤੇ ਕਾਰਪੋਰੇਟ ਪੱਖੀ ਨੀਤੀ ਉੱਪਰ ਗੰਭੀਰ ਵਿਚਾਰ ਚਰਚਾ ਕਰਕੇ ਕਿਸਾਨ ਪੱਖੀ , ਪਾਣੀ, ਵਾਤਾਵਰਨ ਪੱਖੀ ਨਵੀਂ ਨੀਤੀ ਦੀ ਰੂਪ ਰੇਖਾ ਘੜਨ ਅਤੇ ਸਰਕਾਰ ਤੋਂ ਨੀਤੀ ਨੂੰ ਲਾਗੂ ਕਰਨ ਲਈ ਜਥੇਬੰਦਕ ਦਬਾਅ ਬਣਾਉਣ ਲਈ ਠੋਸ ਪ੍ਰੋਗਰਾਮ ਬਣਾਇਆ ਜਾਵੇਗਾ। ਉਹਨਾਂ ਕਿਹਾ ਕਿ ਅਜਲਾਸ ਵਿੱਚ ਦਿੱਲੀ ਬਾਰਡਰਾਂ ਤੇ ਲੜੇ ਗਏ ਜੇਤੂ ਕਿਸਾਨ ਅੰਦੋਲਨ ਦੀਆਂ ਪ੍ਰਾਪਤੀਆਂ ਅਤੇ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਸੰਘਰਸ਼ ਦੀ ਰੂਪ ਰੇਖਾ ਤਿਆਰ ਕੀਤੀ ਜਾਵੇਗੀ। ਕਿਸਾਨ ਆਗੂਆਂ ਨੇ ਦੱਸਿਆ ਕਿ ਮੀਟਿੰਗ ਵਿੱਚ ਕੇਂਦਰ ਦੀ ਸਰਕਾਰ ਵੱਲੋਂ ਪੇਸ਼ ਕੀਤੇ ਬਜਟ ਨੂੰ ਪੂਰੀ ਤਰ੍ਹਾਂ ਕਾਰਪੋਰੇਟ ਪੱਖੀ ਅਤੇ ਮਜਦੂਰ ਕਿਸਾਨ ਵਿਰੋਧੀ ਅਤੇ ਲੋਕਾਂ ਦੇ ਅੱਖੀਂ ਘੱਟਾ ਪਾਉਣ ਵਾਲਾ ਕਰਾਰ ਦਿੱਤਾ। ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਪਰਗਟ ਸਿੰਘ ਜਾਮਾਰਾਏ, ਰਘਬੀਰ ਸਿੰਘ ਬੈਨੀਪਾਲ, ਮੋਹਨ ਸਿੰਘ ਧਮਾਣਾ,ਰਤਨ ਸਿੰਘ ਰੰਧਾਵਾ, ਮੁਖਤਾਰ ਸਿੰਘ ਮੱਲਾ, ਮਨੋਹਰ ਸਿੰਘ ਗਿੱਲ, ਊਧਮ ਸਿੰਘ ਸੰਤੋਖ ਪੁਰਾ, ਬਲਵੰਤ ਸਿੰਘ ਘੋਅ , ਸੰਤੋਖ ਸਿੰਘ ਬਿਲਗਾ ਆਦਿ ਆਗੂਆਂ ਨੇ ਸੰਬੋਧਨ ਕੀਤਾ।

ਬਿਜਲੀ ਬੋਰਡ ਦੇ ਦਫਤਰ ਮੂਹਰੇ ਆਪ ਸਰਕਾਰ ਦਾ ਪੁਤਲਾ ਫੂਕਿਆ

ਮਹਿਤਪੁਰ (ਰਾਜਾ)

ਇਥੇ ਆਲ ਇੰਡੀਆ ਕਿਸਾਨ ਸਭਾ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਇਕੱਠੇ ਲੋਕਾਂ ਨੇ ਸ਼ਹਿਰ ਵਿੱਚ ਮੁਜਾਹਰਾ ਕਰਨ ਤੋਂ ਬਾਅਦ ਸਥਾਨਕ ਬਿਜਲੀ ਬੋਰਡ ਦੇ ਦਫਤਰ ਮੂਹਰੇ ਆਪ ਸਰਕਾਰ ਦਾ ਪੁਤਲਾ ਫੂਕਿਆ। ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਆਗੂ ਸੰਦੀਪ ਅਰੋੜਾ ਜ਼ਿਲ੍ਹਾ ਸਕੱਤਰ ਦਿਲਬਾਗ ਸਿੰਘ ਚੰਦੀ ਤੇ ਤਹਿਸੀਲ ਪ੍ਰਧਾਨ ਮਨਦੀਪ ਸਿੱਧੂ ਤੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਜਿਲ੍ਹਾ ਕਨਵੀਨਰ ਸਿਕੰਦਰ ਸਿੰਘ ਸੰਧੂ ਨੇ ਕਿਹਾ ਕਿ ਆਮ ਆਦਮੀ ਦੀ ਸਰਕਾਰ ਕਹਾਉਣ ਵਾਲੀ ਬਦਲਾਅ ਦਾ ਹੋਕਾ ਦੇ ਵਾਲੀ ਸਰਕਾਰ ਦਾ ਕਿਰਦਾਰ ਕੁੱਝ ਹੋਰ ਹੀ ਦਿਖਾਈ ਦੇ ਰਿਹਾ ਹੈ। ਜੋ ਕਿ ਅੱਜ ਇਹ ਸ਼ਰੇਆਮ ਕਾਰਪੋਰੇਟਾ ਦੇ ਹੱਕ ਵਿੱਚ ਭੁਗਤਦੀ ਨਜਰ ਆ ਰਹੀ ਹੈ। ਜਿਸਦਾ ਅਸਲ ਚਿਹਰਾ ਇਹ ਹੈ ਕਿ ਇੱਕ ਪਾਸੇ ਪੰਜਾਬ ਸਰਕਾਰ ਲੋਕਾਂ ਨੂੰ 600 ਯੂਨਿਟ ਬਿਜਲੀ ਮੁਆਫੀ ਦੇਣ ਦੇ ਦਾਅਵੇ ਕਰਕੇ ਵਾਅ ਖੱਟ ਰਹੀ ਹੈ ਤੇ ਦੂਜੇ ਪਾਸੇ ਅੰਦਰ ਖਾਤੇ ਹੀ ਮੀਟਰਾਂ ਤੇ ਲਈ ਜਾਣ ਵਾਲੀ ਸਕਿਓਰਟੀ ਫੀਸ ਨੂੰ ਦੁੱਗਣਾ ਕਰ ਦਿੱਤਾ ਹੈ। ਜੋ ਸਕਿਓਰਟੀ ਫੀਸ ਐਸ ਸੀ ਕੋਟੇ ਦੀ 1300 ਸੀ ਤੇ ਜਨਰਲ ਕੋਟੇ 1470 ਰੁਪਏ ਸਨ। ਉਸ ਨੂੰ ਵਧਾਕੇ ਕੇ ਸਿੱਧਾ 2350 ਰੁਪਏ ਕਰ ਦਿੱਤਾ ਹੈ। ਜੋ ਕਿ ਸ਼ਰੇਆਮ ਲੋਕਾਂ ਦੀ ਜੇਬ ਤੇ ਡਾਕਾ ਹੈ। ਇੱਥੇ ਹੀ ਬਸ ਨਹੀਂ ਇੱਕ ਬੰਨੇ ਮੁਫਤ ਬਿਜਲੀ ਤੇ ਦੂਜੇ ਪਾਸੇ ਇਨਫੋਰਸਮੈਂਟ ਦੀਆ ਟੀਮਾਂ ਲੋਕਾਂ ਦੇ ਕੋਠਿਆਂ ਉਪਰ ਦਗੜ ਦਗੜ ਕਰਦੀਆ ਸ਼ਰੇਆਮ ਗੁੰਡਾਗਰਦੀ ਕਰ ਰਹੀਆਂ ਹਨ ਅਤੇ ਮਾੜੀ ਮੋਟੀ ਗਲਤੀ ਤੇ ਲੋਕਾਂ ਉਪਰ ਭਾਰੀ ਜੁਰਮਾਨੇ ਮੜਕੇ ਸਰਕਾਰੀ ਖਜਾਨੇ ਨੂੰ ਬਰਾਬਰ ਕਰਨ ਦੀਆ ਚਾਲਾਂ ਚੱਲੀਆਂ ਜਾ ਰਹੀਆਂ ਹਨ। ਜਿਸ ਨੂੰ ਲੋਕ ਹੁਣ ਬਰਦਾਸ਼ਤ ਨਹੀਂ ਕਰਨਗੇ ਉਹਨਾਂ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪਿੰਡਾ ਵਿੱਚ ਚਿੱਪ ਵਾਲੇ ਮੀਟਰ ਲਾਉਣ ਦੀ ਕੋਸ਼ਿਸ਼ ਕੀਤੀ ਤਾਂ ਇਸ ਵਿਰੁੱਧ ਹੋਰ ਸੰਘਰਸ਼ਸ਼ੀਲ ਜੱਥੇਬੰਦੀਆਂ ਨੂੰ ਨਾਲ ਲੈ ਕੇ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਇਸ ਮੌਕੇ ਸਤਨਾਮ ਸਿੰਘ ਬਿੱਲੇ, ਹਰਜਿੰਦਰ ਸਿੰਘ, ਪੀਟਰ ਮਸੀਹ, ਸਨੀ ਗਿੱਲ ਅਤੇ ਸੀ ਪੀ ਆਈ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਰਛਪਾਲ ਕੈਲੇ ਆਦਿ ਹਾਜ਼ਰ ਸਨ।

ਪੱਤਰਕਾਰ ਨੂੰ ਗੱਡੀ ਹੇਠ ਦਰੜਨ ਦੀ ਨਿੰਦਾ

ਖਰੜ (ਹਰਨਾਮ ਸਿੰਘ ਡੱਲਾ)

ਮਹਾਰਾਸ਼ਟਰ ਦੇ ਰਤਨਾਗਿਰੀ ਜ਼ਿਲ੍ਹੇ ਦੇ ਰਾਜਾਪੁਰ ਖੇਤਰ ਦੇ ਪੱਤਰਕਾਰ ਸ਼ਸ਼ੀਕਾਂਤ ਵਾਰਿਸੇ ਨੂੰ ਇਕ ਗੱਡੀ ਹੇਠ ਦਰੜ ਕੇ ਸ਼ਹੀਦ ਕਰਨ ਦੀ ਜੋਰਦਾਰ ਨਿੰਦਾ ਕਰਦਿਆਂ ਇੰਡੀਅਨ ਜਰਨਲਿਸਟ ਯੂਨੀਅਨ ਦੇ ਸਕੱਤਰ ਜਨਰਲ ਬਲਵਿੰਦਰ ਜੰਮੂ, ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ ਸੂਬਾ ਪ੍ਰਧਾਨ ਬਲਵੀਰ ਸਿੰਘ ਜੰਡੂ, ਰਾਏਕੋਟ ਪ੍ਰੈੱਸ ਕਲੱਬ ਦੇ ਸਰਪ੍ਰਸਤ ਸੰਤੋਖ ਗਿੱਲ, ਚੇਅਰਮੈਨ ਬਲਵਿੰਦਰ ਸਿੰਘ ਲਿੱਤਰ, ਵਾਈਸ ਚੇਅਰਮੈਨ ਕੰਵਰਪਾਲ ਆਹਲੂਵਾਲੀਆ ਅਤੇ ਪ੍ਰਧਾਨ ਦਲਵਿੰਦਰ ਸਿੰਘ ਰਛੀਨ ਨੇ ਮਹਾਰਾਸ਼ਟਰ ਸਰਕਾਰ ਤੋਂ ਦੋਸ਼ੀ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਸ਼ਹੀਦ ਪੱਤਰਕਾਰ ਦੇ ਪਰਵਾਰ ਲਈ ਘੱਟੋ-ਘੱਟ 10 ਲੱਖ ਰੁਪਏ ਮੁਆਵਜੇ ਦੀ ਵੀ ਮੰਗ ਕੀਤੀ ਹੈ। ਪੱਤਰਕਾਰ ਆਗੂਆਂ ਨੇ ਕਿਹਾ ਕਿ ਭਾਵੇਂ ਮੁਲਜਮ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ, ਪਰ ਭਵਿੱਖ ਵਿਚ ਪੱਤਰਕਾਰਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਕਦਮ ਚੁੱਕਣ ਦੀ ਮੰਗ ਕੀਤੀ ਹੈ। ਕੌਮੀ ਸਕੱਤਰ ਜਨਰਲ ਬਲਵਿੰਦਰ ਜੰਮੂ ਨੇ ਕਿਹਾ ਕਿ ਇਹ ਕੋਈ ਪਹਿਲਾ ਮੌਕਾ ਨਹੀਂ ਹੈ ਜਦੋਂ ਕਿਸੇ ਪੱਤਰਕਾਰ ਨੂੰ ਕਿਸੇ ਖਬਰ ਪ੍ਰਕਾਸ਼ਿਤ ਹੋਣ ਬਾਅਦ ਬੇਰਹਿਮੀ ਨਾਲ ਸ਼ਹੀਦ ਕੀਤਾ ਗਿਆ ਹੈ।

ਦੇਸ ਵਿਚ ਵੱਧ ਰਹੀ ਅਸਹਿਣਸ਼ੀਲਤਾ ਉਪਰ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਪ੍ਰੈੱਸ ਦੀ ਅਜ਼ਾਦੀ ਉੱਪਰ ਅਜਿਹੇ ਹਮਲੇ ਹੁਣ ਆਮ ਹੋ ਗਏ ਹਨ। ਜੰਮੂ ਨੇ ਪੰਜਾਬ ਵਿਚ ਵੀ ਪੱਤਰਕਾਰਾਂ ਨੂੰ ਆਏ ਦਿਨ ਦਿੱਤੀਆਂ ਜਾ ਰਹੀਆਂ ਧਮਕੀਆਂ ਦਾ ਗੰਭੀਰ ਨੋਟਿਸ ਲੈਂਦਿਆਂ ਸੂਬਾ ਸਰਕਾਰ ਤੋਂ ਪੱਤਰਕਾਰਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਮੰਗ ਕੀਤੀ ਹੈ।

ਉਨ੍ਹਾਂ ਇਸ ਘਿਨੌਣੀ ਵਾਰਦਾਤ ਵਿਰੁੱਧ ਥਾਂ-ਥਾਂ ਰੋਸ ਪ੍ਰਗਟ ਕਰਨ ਦਾ ਸੱਦਾ ਦਿੱਤਾ। ਜ਼ਿਕਰਯੋਗ ਹੈ ਕਿ ਰਤਨਾਗਿਰੀ ਜ਼ਿਲ੍ਹੇ ਵਿਚ ਲੱਗ ਰਹੀ ਰਿਫਾਈਨਰੀ ਵਿਰੁੱਧ ਰੋਸ ਪ੍ਰਗਟ ਕਰਦੇ ਕਿਸਾਨਾਂ ਵੱਲੋਂ ਪ੍ਰਧਾਨ ਮੰਤਰੀ, ਮੁੱਖ ਮੰਤਰੀ ਨਾਲ ਇਕ ਬੈਨਰ ਉੱਪਰ ਕਿਸੇ ਅਪਰਾਧੀ ਦੀ ਤਸਵੀਰ ਛਾਪੇ ਜਾਣ ਦਾ ਦਾਅਵਾ ਕੀਤਾ ਗਿਆ ਸੀ। ਇਸੇ ਤੋਂ ਬੌਖਲਾਹਟ ਵਿਚ ਆ ਕੇ ਉਕਤ ਵਿਅਕਤੀ ਨੇ ਪੱਤਰਕਾਰ ਨੂੰ ਗੱਡੀ ਹੇਠ ਦਰੜ ਕੇ ਸ਼ਹੀਦ ਕਰ ਦਿੱਤਾ ਸੀ।

ਘੁੰਮਣਾਂ 'ਚ 7ਵਾਂ ਪੇਂਡੂ ਖੇਡ ਮੇਲਾ 11 ਤੇ 12 ਨੂੰ

ਬਹਿਰਾਮ (ਅਵਤਾਰ ਕਲੇਰ)

ਪਿੰਡ ਘੁੰਮਣ ਵਿਖੇ ਸ਼੍ਰੀ ਗੁਰੂ ਰਵਿਦਾਸ ਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ 7ਵਾਂ ਪੇਂਡੂ ਖੇਡ ਮੇਲਾ 11 ਅਤੇ 12 ਫਰਵਰੀ ਨੂੰ ਸ਼੍ਰੀ ਗੁਰੂ ਰਵਿਦਾਸ ਸਪੋਰਟਸ ਐਂਡ ਵੈਲਫੇਅਰ ਕਲੱਬ ਵੱਲੋਂ ਕਰਵਾਇਆ ਜਾ ਰਿਹਾ ਹੈ। ਸਮਾਗਮ ਦੀ ਅਗਵਾਈ ਬਲਵੀਰ ਸਿੰਘ ਬੈਂਸ ਕੈਨੇਡਾ, ਪ੍ਰਧਾਨ ਪਾਲ ਸਿੰਘ ਮੇਹਲੀਆਣਾ ਤੇ ਜਿਲ੍ਹਾ ਪ੍ਰੀਸ਼ਦ ਕਮਲਜੀਤ ਸਿੰਘ ਬੰਗਾ ਕਰਨਗੇ। ਇਹ ਮੇਲਾ ਸਵ. ਹਰਦੀਪ ਸਿੰਘ ਬੈਂਸ ਅਤੇ ਸਵ. ਜਸਵਿੰਦਰ ਸਿੰਘ ਬੰਗਾ ਯੂ.ਕੇ. ਨੂੰ ਨਿੱਘੀ ਸ਼ਰਧਾਂਜਲੀ ਵਜੋਂ ਹੋਵੇਗਾ। ਜੇਤੂ ਟੀਮ ਨੂੰ ਡੇਢ ਲੱਖ ਦਾ ਨਗਦ ਇਨਾਮ ਅਤੇ ਉਪ ਜੇਤੂ ਟੀਮ ਨੂੰ 1 ਲੱਖ ਰੁਪਏ ਦਾ ਨਗਦ ਇਨਾਮ ਦਿੱਤਾ ਜਾਵੇਗਾ। ਵਧੀਆ ਖੇਡ ਦਾ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ। ਖੇਡ ਮੇਲੇ ਦਾ ਪੋਸਟਰ ਜਾਰੀ ਕਰਦਿਆਂ ਅਹੁਦੇਦਾਰਾਂ, ਸਮੂਹ ਐਨ.ਆਰ.ਆਈਜ਼ ਤੇ ਪਿੰਡ ਵਾਸੀਆਂ ਵੱਲੋਂ ਦਿੱਤਾ ਜਾ ਰਿਹਾ ਸਹਿਯੋਗ ਦਾ ਧੰਨਵਾਦ ਕੀਤਾ। ਇਸ ਮੌਕੇ ਰਣਧੀਰ ਸਿੰਘ ਸਾਬਕਾ ਡੀ.ਆਈ.ਜੀ., ਆਰ ਕੇ ਵਿਰਦੀ, ਧਰਮਾ ਬੈਂਸ, ਵਿਜੈ ਪਾਲ ਤੇਜੀ, ਸੋਨੂੰ ਬੰਗਾ, ਸੁਰਿੰਦਰ ਸਿੰਘ, ਜੀਵਨ ਸਿੰਘ, ਦਵਿੰਦਰ ਸਿੰਘ, ਨਵਜੋਤ, ਬਲਜਿੰਦਰ ਸਿੰਘ, ਹੰਸ ਰਾਜ ਬੰਗਾ ਯੂ.ਕੇ., ਸੁਰਿੰਦਰ ਦੁੱਗਲ, ਬਿੱਟੂ ਬੈਂਸ, ਵੀਰ ਚੰਦ ਲਾਡੀ ਆਦਿ ਹਾਜ਼ਰ ਸਨ।

ਮੋਹਾਲੀ 'ਚ 6 ਗਰੁੱਪ ਹਾਊਸਿੰਗ ਸਾਈਟਾਂ ਸਮੇਤ 77 ਜਾਇਦਾਦਾਂ ਦੀ ਹੋਵੇਗੀ ਈ-ਨਿਲਾਮੀ : ਅਮਨ ਅਰੋੜਾ

ਮੋਹਾਲੀ (ਗੁਰਜੀਤ ਬਿੱਲਾ)

ਸੂਬਾ ਵਾਸੀਆਂ ਨੂੰ ਪੰਜਾਬ ਦੇ ਮਾਡਲ ਸ਼ਹਿਰ ਮੋਹਾਲੀ ਵਿੱਚ ਜਾਇਦਾਦ ਖਰੀਦਣ ਦਾ ਮੌਕਾ ਪ੍ਰਦਾਨ ਕਰਨ ਲਈ ਗ੍ਰੇਟਰ ਮੋਹਾਲੀ ਏਰੀਆ ਡਿਵੈੱਲਪਮੈਂਟ ਅਥਾਰਟੀ (ਗਮਾਡਾ) ਵੱਲੋਂ ਐਸ.ਏ.ਐਸ. ਨਗਰ (ਮੋਹਾਲੀ) ਦੇ ਵੱਖ-ਵੱਖ ਪ੍ਰਾਜੈਕਟਾਂ/ਸੈਕਟਰਾਂ ਵਿੱਚ ਸਥਿਤ ਤਕਰੀਬਨ 77 ਜਾਇਦਾਦਾਂ ਦੀ ਈ-ਨਿਲਾਮੀ ਕੀਤੀ ਜਾਵੇਗੀ। ਇਸ ਬਾਰੇ ਵਿਸਥਾਰ ਵਿੱਚ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਇਹ ਈ-ਨਿਲਾਮੀ 17 ਫਰਵਰੀ ਨੂੰ ਸਵੇਰੇ 9 ਵਜੇ ਸ਼ੁਰੂ ਹੋਵੇਗੀ ਅਤੇ 6 ਮਾਰਚ ਨੂੰ ਦੁਪਹਿਰ 1 ਵਜੇ ਸਮਾਪਤ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਈ-ਨਿਲਾਮੀ ਵਿੱਚ ਉਪਲਬਧ ਜਾਇਦਾਦਾਂ ਦੀ ਕੁੱਲ ਰਾਖਵੀਂ ਕੀਮਤ ਤਕਰੀਬਨ 2100 ਕਰੋੜ ਰੁਪਏ ਬਣਦੀ ਹੈ। ਕੈਬਨਿਟ ਮੰਤਰੀ ਅਮਨ ਅਰੋੜਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਗਮਾਡਾ ਵੱਲੋਂ ਇਸ ਬੋਲੀ ਪ੍ਰਕਿਰਿਆ ਨੂੰ ਸੁਚਾਰੂ ਤੇ ਸੁਖਾਲਾ ਬਣਾਉਣ ਤੋਂ ਇਲਾਵਾ ਬੋਲੀਕਾਰਾਂ ਦੀ ਮਦਦ ਵਾਸਤੇ ਈਮੇਲ helpdesk@gmada.gov.in ਜਾਰੀ ਕੀਤੀ ਗਈ ਹੈ ਤਾਂ ਜੋ ਕੋਈ ਵੀ ਵਿਅਕਤੀ ਈ-ਨਿਲਾਮੀ ਸਬੰਧੀ ਜਾਂ ਬੋਲੀ ਲਗਾਉਣ ਵਿੱਚ ਸਮੱਸਿਆ ਆਉਣ ਉਤੇ ਇਸ ਈਮੇਲ ਰਾਹੀਂ ਸਹਾਇਤਾ ਪ੍ਰਾਪਤ ਕਰ ਸਕੇ। ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਨੇ ਦੱਸਿਆ ਕਿ ਗਮਾਡਾ ਵੱਲੋਂ ਇਸ ਈ-ਨਿਲਾਮੀ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਜਾਇਦਾਦਾਂ ਪੇਸ਼ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ 6 ਗਰੁੱਪ ਹਾਊਸਿੰਗ ਸਾਈਟਾਂ, ਇਕ ਸਕੂਲ ਸਾਈਟ, ਇਕ ਹੋਟਲ ਸਾਈਟ, ਇਕ ਨਰਸਿੰਗ ਹੋਮ ਸਾਈਟ, 9 ਆਈ.ਟੀ. ਉਦਯੋਗਿਕ ਪਲਾਟ, ਦੋ ਵਪਾਰਕ ਚੰਕ ਸਾਈਟਾਂ ਅਤੇ ਲਗਭਗ 57 ਐਸ.ਸੀ.ਓਜ਼. ਅਤੇ ਬੂਥ ਸ਼ਾਮਲ ਹਨ। ਇਹ ਜਾਇਦਾਦਾਂ ਏਅਰੋਸਿਟੀ, ਸੈਕਟਰ 83-ਅਲਫ਼ਾ, ਸੈਕਟਰ 66-ਬੀਟਾ, ਆਈ.ਟੀ. ਸਿਟੀ ਸੈਕਟਰ 101-ਅਲਫ਼ਾ ਅਤੇ ਐਸ.ਏ.ਐਸ. ਨਗਰ ਦੀਆਂ ਹੋਰ ਪ੍ਰਮੁੱਖ ਥਾਵਾਂ 'ਤੇ ਸਥਿਤ ਹਨ। ਉਨ੍ਹਾਂ ਦੱਸਿਆ ਕਿ ਇੱਛੁਕ ਬੋਲੀਕਾਰ ਜਾਇਦਾਦਾਂ ਦੇ ਵੇਰਵੇ ਈ-ਨਿਲਾਮੀ ਪੋਰਟਲ https://puda.e-auctions.in ਉਤੇ ਦੇਖ ਸਕਦੇ ਹਨ। ਈ-ਨਿਲਾਮੀ ਸ਼ੁਰੂ ਹੋਣ ਤੋਂ ਪਹਿਲਾਂ ਬੋਲੀ ਦੀ ਪ੍ਰਕਿਰਿਆ ਵਿੱਚ ਹਿੱਸਾ ਲੈਣ ਵਾਲੇ ਬੋਲੀਕਾਰਾਂ ਲਈ ਰਜਿਸਟਰੇਸ਼ਨ ਦੀ ਪ੍ਰਕਿਰਿਆ, ਭੁਗਤਾਨ ਕਰਨ ਦਾ ਤਰੀਕਾ, ਸਾਈਟਾਂ ਦਾ ਆਕਾਰ, ਸਥਾਨ ਆਦਿ ਨੂੰ ਇਸ ਪੋਰਟਲ 'ਤੇ ਅਪਲੋਡ ਕੀਤਾ ਜਾਵੇਗਾ। ਬੋਲੀਕਾਰ ਨੂੰ ਸਾਈਟ ਲਈ ਨਿਰਧਾਰਤ ਰਾਖਵੀਂ ਕੀਮਤ ਤੋਂ ਵੱਧ ਬੋਲੀ ਲਗਾਉਣੀ ਪਵੇਗੀ। ਉਨ੍ਹਾਂ ਦੱਸਿਆ ਕਿ ਬੋਲੀ ਲਗਾਉਣ ਦੀ ਗਿਣਤੀ 'ਤੇ ਕੋਈ ਰੋਕ ਨਹੀਂ ਹੋਵੇਗੀ ਅਤੇ ਬੋਲੀਕਾਰ ਆਪਣੀ ਇੱਛਾ ਮੁਤਾਬਕ ਬੋਲੀ ਵਿੱਚ ਸੋਧ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਗਮਾਡਾ ਅੰਤਿਮ ਬੋਲੀ ਦੀ ਕੀਮਤ ਦਾ 10 ਫ਼ੀਸਦ ਭੁਗਤਾਨ ਪ੍ਰਾਪਤ ਕਰਨ 'ਤੇ ਸਫ਼ਲ ਬੋਲੀਕਾਰਾਂ ਨੂੰ ਸਾਈਟਾਂ ਅਲਾਟ ਕਰੇਗੀ ਅਤੇ ਸਾਈਟਾਂ ਦਾ ਕਬਜ਼ਾ ਨਿਲਾਮੀ (ਆਕਸ਼ਨ) ਨੀਤੀ ਦੇ ਨਿਯਮਾਂ ਅਤੇ ਸ਼ਰਤਾਂ ਮੁਤਾਬਕ ਸੌਂਪਿਆ ਜਾਵੇਗਾ।

ਐਲ ਆਈ ਸੀ 'ਚ ਪਾਲਸੀ ਹੋਲਡਰਾਂ ਦਾ ਪੈਸਾ ਪੂਰੀ ਤਰ੍ਹਾਂ ਸੁਰੱਖਿਅਤ : ਗੁਲਸ਼ਨ ਕੁਮਾਰ

ਫਿਲੌਰ (ਨਿਰਮਲ)

ਐਲ ਆਈ ਸੀ ਸ਼ਾਖਾ ਫਿਲੌਰ ਦੇ ਪ੍ਰਧਾਨ ਗੁਲਸ਼ਨ ਕੁਮਾਰ ਅਤੇ ਸੈਕਟਰੀ ਹਰਵੀਰ ਸਿੰਘ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਐਲ.ਆਈ.ਸੀ ਪਾਲਸੀ ਹੋਲਡਰਾਂ ਦਾ ਪੈਸਾ ਪੂਰੀ ਤਰ੍ਹਾਂ ਸੁਰੱਖਿਅਤ ਅਤੇ ਪਾਲਸੀ ਹੋਲਡਰਾਂ ਨੂੰ ਘਬਰਾਉਣ ਦੀ ਜਰੂਰਤ ਨਹੀਂ ਹੈ। ਸਪੱਸ਼ਟ ਕਰਦੇ ਹੋਏ ਉਨ੍ਹਾਂ ਕਿਹਾ ਕਿ ਇੰਪਲਾਈਜ ਐਸੋਸੀਏਸ਼ਨ ਕਿਸੇ ਵੀ ਵਪਾਰਕ ਸਮੂਹ ਨੂੰ ਰਾਜਨੀਤਿਕ ਸਰਪ੍ਰਸਤੀ ਦੇਣ ਦੇ ਖਿਲਾਫ਼ ਹੈ। ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਨੂੰ ਹਿੰਡਨਬਰਗ ਰਿਪੋਰਟ ਵੱਲੋਂ ਲਗਾਏ ਗਏ ਦੋਸ਼ ਦੀ ਨਿਰਪੱਖਤਾ ਨਾਲ ਜਾਂਚ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਐਲ.ਆਈ.ਸੀ ਦਾ ਪਿਛਲੇ ਛੇ ਦਹਾਕਿਆ ਤੋਂ ਲੋਕਾਂ ਦੀ ਮਿਹਨਤ ਦੀ ਕਮਾਈ ਵਿੱਚੋਂ ਸਰੋਤਾਂ ਨੂੰ ਜਟਾਉਣ, ਉਨ੍ਹਾਂ ਨੂੰ ਰਿਟਰਨ ਦੇਣ ਅਤੇ ਉਨ੍ਹਾਂ ਦੀ ਜਮ੍ਹਾ ਪੂੰਜੀ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਦੇਣ ਵਿੱਚ ਬੇਦਾਗ ਟ੍ਰੈਕ ਰਿਹਾ ਹੈ। ਉਨ੍ਹਾਂ ਕਿਹਾ ਕਿ ਅਡਾਨੀ ਗਰੁੱਪ ਵਿੱਚ ਨਿਵੇਸ਼ ਅਤੇ ਐਲ.ਆਈ.ਸੀ ਨੂੰ ਹੋਣ ਵਾਲੇ ਸੰਭਾਵਿਤ ਨੁਕਸਾਨ 'ਤੇ ਕਿਹਾ ਕਿ ਇਹ ਨੁਕਸਾਨ ਕੇਵਲ ਕਾਲਪਨਿਕ ਅਤੇ ਅਸਲੀਅਤ ਤੋਂ ਦੂਰ ਹੈ। ਅਡਾਨੀ ਗਰੁੱਪ ਵਿੱਚ ਕੁੱਲ 36,474 ਕਰੋੜ ਦੇ ਨਿਵੇਸ਼ ਦੇ ਮੁਕਾਬਲੇ ਵਰਤਮਾਨ ਬਜ਼ਾਰ ਮੁੱਲ 56,142 ਕਰੋੜ ਰੁਪਏ ਹੈ। ਜਿਸਦੇ ਚਲਦੇ ਐਲ.ਆਈ.ਸੀ ਨੇ ਅਡਾਨੀ ਗਰੁੱਪ ਤੋਂ ਆਪਣੇ ਨਿਵੇਸ਼ ਤੋਂ 20,000 ਕਰੋੜ ਦੀ ਕਮਾਈ ਕੀਤੀ ਹੈ।

ਗੁਰਦੁਆਰਾ ਬਾਬਾ ਬੀਰ ਸਿੰਘ ਸ਼ਤਾਬਗੜ੍ਹ ਵਿਖੇ ਨਵੇਂ 'ਲੰਗਰ ਹਾਲ' ਦਾ ਨੀਂਹ ਪੱਥਰ ਰੱਖਿਆ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)

ਗੁਰਦੁਆਰਾ ਬਾਬਾ ਬੀਰ ਸਿੰਘ ਸ਼ਤਾਬਗੜ੍ਹ ਵਿਖੇ ਨਵੇਂ ਬਣ ਰਹੇ 'ਲੰਗਰ ਹਾਲ' ਦਾ ਨੀਂਹ ਪੱਥਰ ਰੱਖਣ ਮੌਕੇ ਹੋਏ ਇੱਕ ਸਮਾਗਮ ਨੂੰ ਸੰਬੋਧਨ ਕਰਦਿਆਂ ਸੰਤ ਬਾਬਾ ਜਗਜੀਤ ਸਿੰਘ ਹਰਖੋਵਾਲ ਵਾਲਿਆਂ ਨੇ ਕਿਹਾ ਕਿ ਸਮਾਜ ਅੰਦਰ ਜਿਥੇ ਹੋਰ ਕਈ ਦਾਨ ਮਹਾਨ ਸਮਝੇ ਜਾਂਦੇ ਹਨ ਉਥੇ ਭੂਮੀ ਦਾਨ ਕਰਨਾ ਵੀ 'ਉੱਤਮ ਦਾਨ' ਵਜੋਂ ਮੰਨਿਆਂ ਜਾਂਦਾ ਹੈ । ਉਨ੍ਹਾਂ ਅਰਦਾਸ ਕਰ ਕੇ ਪੰਜ ਇੱਟਾਂ ਨੀਂਹ 'ਚ ਰੱਖ ਨਵੇਂ ਬਣ ਰਹੇ ਲੰਗਰ ਹਾਲ ਦੀ ਸ਼ੁਰੂਆਤ ਕੀਤੀ ਅਤੇ ਜਮੀਨ ਦਾਨ ਕਰਨ ਵਾਲਿਆਂ ਦਾ ਧੰਨਵਾਦ ਕੀਤਾ ਤੇ ਸੰਗਤਾਂ ਨੂੰ ਵਧਾਈ ਦਿੱਤੀ। ਗੁਰਦੁਆਰਾ ਕਮੇਟੀ ਦੇ ਪ੍ਰਧਾਨ ਹਰਬੰਸ ਸਿੰਘ ਸੰਧਾ, ਬਲਵਿੰਦਰ ਸਿੰਘ ਸੰਧਾ, ਤਰਲੋਕ ਸਿੰਘ ਮਹਿਰੋਕ, ਨੰਬਰਦਾਰ ਸੁਖਦੇਵ ਸਿੰਘ ਮਹਿਰੋਕ, ਅਮਰੀਕ ਸਿੰਘ ਢੋਟ ਵੱਲੋਂ ਸੰਤ ਬਾਬਾ ਜਗਜੀਤ ਸਿੰਘ ਅਤੇ ਲੰਗਰ ਹਾਲ ਲਈ ਜਮੀਨ ਦਾਨ ਕਰਨ ਵਾਲੇ ਪਿੰਡ ਦੇ ਕਿਸਾਨਾਂ ਤਰਲੋਕ ਸਿੰਘ ਮਹਿਰੋਕ, ਤਰਸੇਮ ਸਿੰਘ ਸੰਧਾ, ਤਰਲੋਚਨ ਸਿੰਘ ਸੰਧਾ ਅਤੇ ਕਰਮ ਸਿੰਘ ਸੰਧਾ ਸਮੇਤ ਹੋਰ ਸਹਿਯੋਗ ਕਰਨ ਵਾਲੀਆਂ ਸ਼ਖਸ਼ੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਮਾਗਮ ਦੌਰਾਨ ਭਾਈ ਸਤਨਾਮ ਸਿੰਘ ਗ੍ਰੰਥੀ, ਭਾਈ ਸੰਤੋਖ ਸਿੰਘ ਗ੍ਰੰਥੀ, ਸੇਵਾ ਮੁਕਤ ਐੱਸ.ਡੀ.ਓ. ਪ੍ਰਤਾਪ ਸਿੰਘ ਮੋਮੀ, ਸਾ. ਸਰਪੰਚ ਪਿਆਰਾ, ਪੰਚ ਸੰਤੋਖ ਸਿੰਘ ਸੰਧਾ, ਬਲਵਿੰਦਰ ਸਿੰਘ ਚੰਦੀ, ਬਲਵਿੰਦਰ ਸਿੰਘ ਸੰਧਾ, ਥਾਣੇਦਾਰ ਕੁਲਵਿੰਦਰ ਸਿੰਘ ਮਹਿਰੋਕ, ਕਸ਼ਮੀਰ ਸਿੰਘ ਜੋਤੀ, ਇੰਸਪੈਕਟਰ ਨਿਰਮਲ ਸਿੰਘ ਮੋਮੀ, ਬਲਦੇਵ ਸਿੰਘ ਪ੍ਰਧਾਨ, ਹਰਜਿੰਦਰ ਸਿੰਘ ਸੰਧਾ, ਦਰਸ਼ਨ ਸਿੰਘ ਮਹਿਰੋਕ, ਬਲਵੀਰ ਸਿੰਘ ਮਹਿਰੋਕ, ਸੰਤੋਖ ਸਿੰਘ ਸੰਧਾ, ਸੁਖਵਿੰਦਰ ਸਿੰਘ, ਸੰਤੋਖ ਸਿੰਘ ਚੰਦੀ, ਤਰਸੇਮ ਸਿੰਘ ਚੰਦੀ, ਗੁਰਵਿੰਦਰ ਸਿੰਘ, ਮੇਜਰ ਸਿੰਘ ਮਠਾੜੂ, ਜੀਤ ਸਿੰਘ ਸਭਰਵਾਲ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਰਾਮ ਗੋਪਾਲ ਨੰਬਰਦਾਰ ਨੂੰ ਸ਼ਰਧਾਂਜਲੀਆਂ ਭੇਟ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)

ਬੀਤੇ ਦਿਨੀਂ ਪਿੰਡ ਲਖਨਪਾਲ ਵਿਖੇ ਨਸ਼ਾ ਤਸਕਰਾਂ ਵਲੋਂ ਕਤਲ ਕੀਤੇ ਗਏ ਨੰਬਰਦਾਰ ਰਾਮ ਗੋਪਾਲ ਦਾ ਸ਼ਰਧਾਂਜਲੀ ਸਮਗਮ ਉਹਨਾਂ ਦੇ ਪਿੰਡ ਹੋਇਆ। ਇਹ ਸਮਗਮ ਨਸ਼ਾ ਵਿਰੋਧੀ ਫਰੰਟ ਵਲੋ ਕੀਤਾ ਗਿਆ। ਜਿਸ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਨੇ ਰਾਮ ਗੋਪਾਲ ਨੂੰ ਸ਼ਰਧਾ ਦੇ ਫੁੱਲ ਅਰਪਿਤ ਕੀਤੇ ਤੇ ਪੰਜਬ ਸਰਕਾਰ ਤੋਂ ਮੰਗ ਕੀਤੀ ਕਿ ਰਾਮ ਗੋਪਾਲ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ। ਉਹਨਾਂ ਕਿਹਾ ਕਿ ਰਾਮ ਗੋਪਾਲ ਨੇ ਨਸ਼ਾ ਵੇਚਣ ਵਾਲਿਆਂ ਵਿਰੁੱਧ ਆਵਾਜ ਉਠਾਈ ਸੀ ਤੇ ਨਸ਼ਾ ਵੇਚਣ ਵਾਲਿਆਂ ਵਿਰੁੱਧ ਸੰਘਰਸ਼ ਲੜਿਆ। ਏਸੇ ਕਰਕੇ ਹੀ ਉਹਨਾਂ ਨੂੰ ਮੌਤ ਦੀ ਘਾਟ ਉਤਾਰ ਦਿੱਤਾ ਗਿਆ । ਇਸ ਸਮਾਗਮ ਨੂੰ ਸੀ ਪੀ ਆਈ ਐਮ ਦੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ,ਪ੍ਰਗਟ ਸਿੰਘ,ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ,ਸੁਖਵਿੰਦਰ ਸਿੰਘ ਕੋਟਲੀ ਸਾਰੇ ਵਿਧਾਇਕ,ਅਮਰਜੀਤ ਸਿੰਘ ਸਮਰਾ ਸਾਬਕਾ ਮੰਤਰੀ ਪੰਜਾਬ ਆਪ ਆਗੂ ਸੁਰਿੰਦਰ ਸਿੰਘ ਸੋਢੀ, ਅਸ਼ੋਕ ਸੰਧੂ ਨੰਬਰਦਾਰ,ਜਸਵੀਰ ਸਿੰਘ ਔਲਖ, ਨਿਰੰਜਨ ਸਿੰਘ ਈ ਡੀ ਅਧਕਰੀ, ਲਹਿੰਬਰ ਸਿੰਘ ਤੱਗੜ, ਗੁਰਚੇਤਨ ਸਿੰਘ ਬੱਸੀ, ਮੱਖਣ ਪੱਲ੍ਹਣ ਸਰਪੰਚ ਜੰਡਿਆਲਾ, ਜਸਵਿੰਦਰ ਸਿੰਘ ਢੇਸੀ, ਮਾਸਟਰ ਪਰਸ਼ੋਤਮ ਬਿਲਗਾ, ਕੁਲਵੰਤ ਸਿੰਘ ਧਨੀ ਪਿੰਡ ਅਤੇ ਫਰੰਟ ਦੇ ਆਗੂਆਂ ਨੇ ਰਾਮ ਗੋਪਾਲ ਨੂੰ ਸ਼ਰਧਾ ਦੇ ਫੁੱਲ ਅਰਪਿਤ ਕੀਤੇ।

ਵਿਸ਼ੇਸ਼ ਟੀਕਾਕਰਨ ਹਫਤੇ 'ਚ 100 ਫ਼ੀਸਦੀ ਟੀਚਾ ਪੂਰਾ ਕੀਤਾ ਜਾਵੇ : ਡਾ. ਬਲਦੇਵ ਸਿੰਘ



ਹੁਸ਼ਿਆਰਪੁਰ, (ਬਲਵੀਰ ਸੈਣੀ)

ਪੀ.ਐਚ.ਸੀ. ਚੱਕੋਵਾਲ ਵਿਖੇ ਸੀਨੀਅਰ ਮੈਡੀਕਲ ਅਫਸਰ ਡਾ. ਬਲਦੇਵ ਸਿੰਘ ਦੀ ਅਗਵਾਈ ਵਿਚ ਆਸ਼ਾ ਵਰਕਰਾਂ ਦੀ ਮਹੀਨਾਵਾਰ ਮੀਟਿੰਗ ਕਰਵਾਈ ਗਈ। ਇਸ ਮੌਕੇ ਐਸ.ਐਮ.ਓ. ਡਾ. ਬਲਦੇਵ ਸਿੰਘ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਮਿਤੀ 13 ਤੋਂ 17 ਫਰਵਰੀ ਤੱਕ ਵਿਸ਼ੇਸ਼ ਟੀਕਾਕਰਨ ਹਫਤਾ ਮਨਾਇਆ ਜਾ ਰਿਹਾ ਹੈ। ਇਸ ਦੌਰਾਨ ਕਿਸੇ ਕਾਰਨ ਟੀਕਾਕਰਨ ਤੋਂ ਰਹੀ ਗਏ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਸਾਡਾ ਟੀਚਾ 100 ਫ਼ੀਸਦੀ ਟੀਕਾਕਰਨ ਕਰਨਾ ਹੈ ਇਸ ਲਈ ਆਸ਼ਾ ਵਰਕਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਆਪਣੇ ਪਿੰਡਾਂ ਵਿਚ ਸਰਵੇਖਣ ਕਰਨ ਅਤੇ ਟੀਕਾ ਲਗਵਾਉਣ ਤੋਂ ਖੁੰਝ ਗਏ ਬੱਚਿਆਂ ਤੇ ਗਰਭਵਤੀ ਔਰਤਾਂ ਦੀ ਪਹਿਚਾਣ ਕਰਕੇ ਉਹਨਾਂ ਦਾ ਟੀਕਾਕਰਨ ਪੂਰਾ ਕਰਨ। ਉਹਨਾਂ ਦੱਸਿਆ ਕਿ ਘਰਾਂ ਵਿਚ ਜਣੇਪਾ ਬਿਲਕੁਲ ਨਹੀਂ ਹੋਣਾ ਚਾਹੀਦਾ ਇਸ ਲਈ ਗਰਭਵਤੀ ਔਰਤਾਂ ਅਤੇ ਉਹਨਾਂ ਦੇ ਪਰਿਵਾਰ ਵਾਲਿਆਂ ਨੂੰ ਸਮਝਾ ਕੇ ਸਰਕਾਰੀ ਹਸਪਤਾਲ ਵਿਚ ਮੁਫ਼ਤ ਜਣੇਪਾ ਕਰਵਾਉਣ। ਉਹਨਾਂ ਕਿਹਾ ਕਿ ਪਰਵਾਸੀ ਲੋਕ ਅਕਸਰ ਟੀਕਾ ਲਗਵਾਉਣ ਤੋਂ ਵਾਂਝੇ ਰਹਿ ਜਾਂਦੇ ਹਨ ਇਸ ਲਈ ਉਨ੍ਹਾਂ ਵੱਲ ਪਹਿਲ ਦੇ ਅਧਾਰ ਤੇ ਧਿਆਨ ਦੇਣਾ ਚਾਹੀਦਾ ਹੈ। ਇਸ ਮੌਕੇ ਹਰਦੀਪ ਸਿੰਘ ਬੇ.ਈ.ਈ. ਨੇ ਦੱਸਿਆ ਕਿ ਸਾਰੀਆਂ ਆਸ਼ਾ ਵਰਕਰਾਂ ਆਪੋ ਆਪਣੇ ਪਿੰਡਾਂ ਵਿਚ ਪਰਵਾਸੀ ਲੋਕਾਂ ਦੇ ਟਿਕਾਣਿਆਂ ਜਿਹਨਾਂ ਵਿਚ ਝੁੱਗੀਆਂ, ਗੁੱਜਰਾਂ ਦੇ ਡੇਰੇ, ਭੱਠਿਆਂ ਆਦਿ ਵਿਚ ਸਰਵੇਖਣ ਕਰਨ ਤੇ ਟੀਕਾਕਰਨ ਤੋਂ ਵਾਂਝੇ ਰਹਿ ਗਏ ਬੱਚਿਆਂ ਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਪੂਰਾ ਕਰਵਾਉਣ। ਘਰਾਂ ਵਿਚ ਜਾ ਕੇ ਗਰਭਵਤੀ ਔਰਤਾਂ ਤੇ ਮਾਂਵਾਂ ਨੂੰ ਮਾਂ ਦੇ ਦੁੱਧ ਦੀ ਮਹੱਤਤਾ ਅਤੇ ਬੱਚੇ ਦੀ ਸਾਂਭ ਸੰਭਾਲ ਬਾਰੇ ਦੱਸਣ।

ਧਾਮੀਆਂ ਖੁਰਦ 'ਚ ਪ੍ਰਕਾਸ਼ ਪੁਰਬ ਨੂੰ ਸਮਰਪਿਤ ਲਾਇਆ ਮੈਡੀਕਲ ਤੇ ਅੱਖਾਂ ਦਾ ਜਾਂਚ ਕੈਂਪ

ਅੱਡਾ ਸਰਾਂ, (ਜਸਵੀਰ ਕਾਜਲ)

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਪਿੰਡ ਧਾਮੀਆਂ ਖੁਰਦ ਵਿਖੇ ਮੈਡੀਕਲ ਅਤੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਾਇਆ ਗਿਆ। ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਵਿਖੇ ਪ੍ਰਧਾਨ ਸੁੱਚਾ ਸਿੰਘ, ਹੈੱਡ ਗ੍ਰੰਥੀ ਖੁਸ਼ਹਾਲ ਸਿੰਘ, ਬਰਦਾਨ ਸਿੰਘ, ਸਾਬਕਾ ਸਰਪੰਚ ਸਰਨ ਸਿੰਘ ਦੀ ਦੇਖ-ਰੇਖ ਹੇਠ ਲਗਾਏ ਇਸ ਕੈਂਪ ਦਾ ਉਦਘਾਟਨ ਸਰਪੰਚ ਜਮਨਾ ਦੇਵੀ ਨੇ ਕੀਤਾ। ਕੈਂਪ ਵਿੱਚ ਬੀ.ਆਰ.ਕਾਜਲ ਹਸਪਤਾਲ ਟਾਂਡਾ ਦੇ ਡਾ. ਕੇਵਲ ਸਿੰਘ ਕਾਜਲ, ਦੀਪਕ ਭੱਟੀ, ਸੁਰਜੀਤ ਸਿੰਘ ਬਿੱਟੂ ਅਤੇ ਅਮਨਿੰਦਰ ਸਿੰਘ ਨੇ 210 ਵਿਅਕਤੀਆਂ ਦੀ ਜਾਂਚ ਕਰਦਿਆਂ ਦਵਾਈਆਂ ਦਿੱਤੀਆਂ। ਇਸ ਮੌਕੇ ਡੀ. ਕਾਜਲ ਨੇ ਅੱਖਾਂ ਦੀ ਦੇਖਭਾਲ ਅਤੇ ਸਿਹਤਮੰਦ ਰਹਿਣ ਬਾਰੇ ਜਾਣਕਾਰੀ ਦਿੰਦਿਆਂ ਫਾਸਟ ਫੂਡ ਤੋਂ ਦੂਰ ਰਹਿਣ ਦੇ ਨਾਲ-ਨਾਲ ਸੰਤੁਲਿਤ ਖੁਰਾਕ ਲੈਣ ਦੇ ਨਾਲ-ਨਾਲ ਕਸਰਤ ਨੂੰ ਜੀਵਨ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ। ਕੈਂਪ ਦੀ ਸਮਾਪਤੀ ਮੌਕੇ ਪ੍ਰਬੰਧਕ ਸੇਵਾਦਾਰਾਂ ਨੇ ਡਾ.ਕਾਜਲ ਅਤੇ ਉਨ੍ਹਾਂ ਦੀ ਟੀਮ ਨੂੰ ਸਨਮਾਨਿਤ ਕੀਤਾ। ਇਸ ਮੌਕੇ ਪੰਚ ਜਸਵੰਤ ਸਿੰਘ, ਰਮਨਦੀਪ ਸਿੰਘ ਰਾਜਾ, ਹੈਰੀ, ਸੋਢੂ, ਅਮਰਜੀਤ ਸਿੰਘ, ਪਰਮਜੀਤ ਸਿੰਘ, ਜਸਵੀਰ ਕੌਰ, ਚਰਨਜੀਤ ਕੌਰ, ਜਸਵੀਰ ਸਿੰਘ ਕੰਧਾਲੀ ਆਦਿ ਹਾਜਰ ਸਨ।

ਮਾਸਟਰ ਗੁਰਬੰਤਾ ਸਿੰਘ ਦੀ ਬਰਸੀ 'ਤੇ ਸ਼ਰਧਾ ਦੇ ਫੁੱਲ ਭੇਟ

ਕਰਤਾਰਪੁਰ (ਹਰਮੇਸ਼ ਦੱਤ)

ਮਾਸਟਰ ਗੁਰਬੰਤਾ ਸਿੰਘ ਮੈਮੋਰੀਅਲ ਜਨਤਾ ਕਾਲਜ ਕਰਤਾਰਪੁਰ ਵਿਖੇ ਪ੍ਰਿੰਸੀਪਲ ਡਾ.ਪ੍ਰੈਟੀ ਸੋਢੀ ਦੀ ਅਗਵਾਈ ਹੇਠ ਮਾਸਟਰ ਗੁਰਬੰਤਾ ਸਿੰਘ ਦੀ ਬਰਸੀ ਮੌਕੇ ਸਮੂਹ ਸਟਾਫ ਵਲੋਂ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਪ੍ਰਿੰਸੀਪਲ ਡਾ.ਪ੍ਰੈਟੀ ਸੋਢੀ ਨੇ ਵਿਦਿਆਰਥੀਆਂ ਨੂੰ ਮਾਸਟਰ ਗੁਰਬੰਤਾ ਸਿੰਘ ਦੇ ਜੀਵਨ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਮਾਸਟਰ ਜੀ ਦਾ ਮਕਸਦ ਆਪਣੇ ਲੋਕਾਂ ਦੀ ਜ਼ਿੰਦਗੀ ਨੂੰ ਸੁਧਾਰਨਾ ਸੀ । ਉਹ ਸਿਰਫ ਵਿਦਿਆ ਪ੍ਰਾਪਤ ਕਰਕੇ ਹੀ ਸੰਭਵ ਹੋ ਸਕਦਾ ਸੀ । ਇਸ ਸੁਪਨੇ ਨੂੰ ਅਮਲੀ ਜਾਮਾ ਪਹਿਨਾਉਣ ਲਈ ਉਨ੍ਹਾਂ ਨੇ ਜਨਤਾ ਲਈ ਜਨਤਾ ਕਾਲਜ ਖੋਲ੍ਹਿਆ ਜੋ ਨਿਰੰਤਰ ਮਾਸਟਰ ਜੀ ਦੇ ਸੁਪਨੇ ਨੂੰ ਪੂਰਾ ਕਰ ਰਿਹਾ ਹੈ। ਇਸ ਮੌਕੇ ਕਾਲਜ ਦੇ ਪੰਜਾਬੀ ਵਿਭਾਗ ਵੱਲੋਂ ਸੁੰਦਰ ਲਿਖਤ ਮੁਕਾਬਲਾ ਵੀ ਕਰਵਾਇਆ ਗਿਆ। ਜਿਸ ਵਿੱਚ ਕਮਲਜੀਤ ਕੌਰ ਨੇ ਪਹਿਲਾ, ਮਮਤਾ ਤੇ ਜੋਤੀ ਨੇ ਦੂਜਾ ਸਥਾਨ ਹਾਸਿਲ ਕੀਤਾ। ਤੀਜੇ ਸਥਾਨ ਤੇ ਸਿਮਰਨ ਤੇ ਹਰਮਨ ਰਹੀਆਂ । ਕਾਲਜ ਦੇ ਪ੍ਰਧਾਨ ਚੌਧਰੀ ਸੁਰਿੰਦਰ ਸਿੰਘ ਤੇ ਸਕੱਤਰ ਹਰੀ ਪਾਲ ਨੇ ਆਪਣੇ ਸੰਦੇਸ਼ ਵਿੱਚ ਮਾਸਟਰ ਗੁਰਬੰਤਾ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਉੱਚੇ ਤੇ ਸੁੱਚੇ ਜੀਵਨ ਤੋਂ ਸਿੱਖਿਆ ਲੈਣ ਦੀ ਪ੍ਰੇਰਨਾ ਦਿੱਤੀ।

ਰੋਟਰੀ ਕਲੱਬ ਨੇ ਟੀ ਬੀ ਹਸਪਤਾਲ 'ਚ ਮਰੀਜ਼ਾਂ ਨੂੰ ਪੌਸ਼ਟਿਕ ਭੋਜਨ ਕੀਤਾ ਭੇਟ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਭਾਰਤ ਸਰਕਾਰ ਵਲੋਂ ਚਲਾਏ ਜਾ ਰਹੇ ਪ੍ਰਧਾਨਮੰਤਰੀ ਟੀ.ਬੀ. ਮੁਕਤ ਮੁਹਿੰਮ ਦੇ ਤਹਿਤ ਫਗਵਾੜਾ ਰੋਡ ਤੇ ਸਥਿਤ ਸਰਕਾਰੀ ਟੀ.ਬੀ. ਹਸਪਤਾਲ ਰੋਟਰੀ ਕਲੱਬ ਆਫ ਹੁਸ਼ਿਆਰਪੁਰ ਵਲੋਂ ਜਨਰਲ ਸਕੱਤਰ ਯੋਗੇਸ਼ ਚੰਦਰ ਦੀ ਪ੍ਰਧਾਨਗੀ ਵਿੱਚ ਟੀ.ਬੀ. ਦਾ ਇਲਾਜ ਕਰਵਾ ਰਹੇ ਮਰੀਜ਼ਾਂ ਨੂੰ ਪੌਸ਼ਟਿਕ ਭੋਜਨ ਉਪਲੱਬਧ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਰੋਟਰੀ ਕਲੱਬ ਵਲੋਂ ਸਹਾਇਕ ਗਵਰਨਰ ਰਜਿੰਦਰ ਮੋਦਗਿਲ, ਪ੍ਰੋਜੈਕਟ ਚੇਅਰਮੈਨ ਸੰਜੀਵ ਕੁਮਾਰ, ਡਾ. ਰਣਜੀਤ ਵਿਸ਼ੇਸ਼ ਤੌਰ ਤੇ ਮੌਜੂਦ ਹੋਏ। ਇਸ ਮੌਕੇ 'ਤੇ ਜ਼ਿਲ੍ਹਾ ਟੀ.ਬੀ. ਅਧਿਕਾਰੀ ਡਾ. ਸ਼ਕਤੀ ਸ਼ਰਮਾ, ਸੁਪਰਵਾਈਜ਼ਰ ਅਰੁਨ ਕਾਲੀਆ ਅਤੇ ਕੁਲਦੀਪ ਸਿੰਘ ਮੌਜੂਦ ਹੋਏ। ਇਸ ਮੌਕੇ ਡਾ. ਸ਼ਕਤੀ ਸ਼ਰਮਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਟੀ.ਬੀ. ਹਸਪਤਾਲ ਦੇ ਮਰੀਜ਼ਾਂ ਨੂੰ ਕੀਤੇ ਜਾ ਰਹੇ ਇਲਾਜ ਅਤੇ ਟੈਸਟ ਸਾਰੇ ਮੁਫਤ ਕੀਤੇ ਜਾ ਰਹੇ ਹਨ ਜਿਨ੍ਹਾਂ ਦਾ ਬਾਜ਼ਾਰ ਵਿੱਚ ਬਹੁਤ ਜ਼ਿਆਦਾ ਰੇਟ ਹੈ। ਉਨਾਂ ਨੇ ਰੋਟਰੀ ਕਲੱਬ ਦੇ ਮੈਂਬਰਾਂ ਦਾ ਦਿਲ ਤੋਂ ਧੰਨਵਾਦ ਕੀਤਾ ਕਿ ਉਹ ਲਗਾਤਾਰ ਗਰੀਬ ਮਰੀਜ਼ਾਂ ਨੂੰ ਪੌਸ਼ਟਿਕ ਭੋਜਨ ਦੇ ਰਹੇ ਹਨ। ਹਸਤਪਾਲ ਵਲੋਂ ਰੋਟਰੀ ਕਲੱਬ ਨੂੰ ਬੇਨਤੀ ਕੀਤੀ ਕਿ ਜਿਹੜਾ ਇੱਥੇ ਮਰੀਜ਼ਾਂ ਦੇ ਲਈ ਠੰਡੇ ਪਾਣੀ ਦਾ ਵਾਟਰ ਕੂਲਰ ਹੈ ਉਹ ਬਹੁਤ ਹੀ ਖਰਾਬ ਹਾਲਤ ਵਿੱਚ ਹੈ ਅਤੇ ਆਉਣ ਵਾਲੀਆਂ ਗਰਮੀਆਂ ਵਿੱਚ ਮੁਸ਼ਕਿਲ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਤੇ ਕਲੱਬ ਦੇ ਮੈਂਬਰਾਂ ਨੇ ਹਸਪਤਾਲ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਇਸ ਸਬੰਧੀ ਅਗਲੀ ਬੈਠਕ ਵਿੱਚ ਸਾਰਿਆਂ ਦੀ ਮੰਨਜ਼ੂਰੀ ਨਾਲ ਇਸ ਬਾਰੇ ਜ਼ਰੂਰ ਕੁਝ ਕਰਨਗੇ ਤਾਂ ਕਿ ਮਰੀਜ਼ਾਂ ਨੂੰ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਸਰਬ ਨੌਜਵਾਨ ਸਭਾ ਨੇ ਲੋੜਵੰਦ ਮਹਿਲਾ ਦੀ ਅੱਖ ਦਾ ਕਰਵਾਇਆ ਅਪ੍ਰੇਸ਼ਨ

ਫਗਵਾੜਾ (ਡਾ. ਰਮਨ)

ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਵਲੋਂ ਉਦਯੋਗਪਤੀ ਜਤਿੰਦਰ ਸਿੰਘ ਕੁੰਦੀ ਇੰਟਰਨੈਸ਼ਨਲ ਡਾਇਰੈਕਟਰ ਅਲਾਇੰਸ ਇੰਟਰਨੈਸ਼ਨਲ ਦੇ ਯਤਨਾਂ ਨਾਲ ਮਿਲੀ ਆਰਥਕ ਸਹਾਇਤਾ ਨਾਲ ਲੜੀਵਾਰ ਪ੍ਰੋਜੈਕਟ 'ਆਓ ਪੁੰਨ ਕਮਾਈਏ' ਤਹਿਤ ਇਕ ਔਰਤ ਦੀ ਅੱਖ ਦਾ ਆਪ੍ਰੇਸ਼ਨ ਅੱਖਾਂ ਦੇ ਮਾਹਿਰ ਡਾ: ਤੁਸ਼ਾਰ ਅਗਰਵਾਲ ਦੀ ਦੇਖ-ਰੇਖ ਹੇਠ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਅਮਿਤ ਅਰੋੜਾ ਐਸ.ਡੀ.ਓ. ਪਾਵਰਕਾਮ ਮਾਡਲ ਟਾਊਨ ਫਗਵਾੜਾ ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਆਮ ਆਦਮੀ ਪਾਰਟੀ ਐਸ.ਸੀ. ਵਿੰਗ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਸੰਤੋਸ਼ ਕੁਮਾਰ ਗੋਗੀ ਸ਼ਾਮਲ ਹੋਏ। ਐਸ.ਡੀ.ਓ. ਅਮਿਤ ਅਰੋੜਾ ਨੇ ਕਿਹਾ ਕਿ ਅੱਜ ਦੇ ਪ੍ਰਦੂਸ਼ਣ ਭਰੇ ਸਮੇਂ ਵਿੱਚ ਮਨੁੱਖੀ ਸਰੀਰ ਦੇ ਸਭ ਤੋਂ ਮਹੱਤਵਪੂਰਨ ਅੰਗ ਅੱਖਾਂ ਦੇ ਉਤੇ ਬਹੁਤ ਮਾੜਾ ਅਸਰ ਪੈ ਰਿਹਾ ਹੈ। ਇਹਨਾ ਦੇ ਬਚਾਅ ਲਈ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਅਤੇ ਪ੍ਰਦੂਸ਼ਣ ਰਹਿਤ ਰੱਖਣਾ ਜਰੂਰੀ ਹੈ। ਉਹਨਾ ਨੇ ਕਿਹਾ ਕਿ ਸਰਬ ਨੌਜਵਾਨ ਸਭਾ ਲੋੜਵੰਦਾਂ ਦੀਆਂ ਅੱਖਾਂ ਦੇ ਅਪਰੇਸ਼ਨ ਕਰਵਾ ਕੇ ਬਹੁਤ ਪਰਉਪਕਾਰੀ ਕੰਮ ਕਰ ਰਹੀ ਹੈ। ਇਸ ਮੌਕੇ ਸੰਤੋਸ਼ ਕੁਮਾਰ ਗੋਗੀ ਨੇ ਸਭਾ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅੱਖਾਂ ਬਿਨ੍ਹਾਂ ਸੰਸਾਰ ਸਿਆਹ ਕਾਲੀ ਰਾਤ ਵਰਗਾ ਹੈ। ਅੱਖਾਂ ਦੀ ਰਖਿਆ ਲਈ ਡਾਕਟਰੀ ਇਲਾਜ ਅਤੇ ਸੁਰੱਖਿਅਤਾ ਜ਼ਰੂਰੀ ਹੈ। ਅੱਜ ਜਦੋਂ ਕੰਪਿਊਟਰ, ਮੋਬਾਇਲ ਦਾ ਦੌਰ ਹੈ ਅੱਖਾਂ ਇਸ ਦੌਰ ਵਿੱਚ ਸਭ ਤੋਂ ਵੱਧ ਪ੍ਰਭਾਵਿਤ ਹੋ ਰਹੀਆਂ ਹਨ। ਇਹਨਾ ਦੇ ਬਚਾਅ ਲਈ ਸਾਰਥਕ ਯਤਨ ਜ਼ਰੂਰੀ ਹਨ। ਜਤਿੰਦਰ ਸਿੰਘ ਕੁੰਦੀ ਨੇ ਕਿਹਾ ਕਿ ਡਾਕਟਰ ਅਤੇ ਸਮਾਜ ਸੇਵੀ ਸੰਸਥਾਵਾਂ ਜ਼ਰੂਰਤਮੰਦਾਂ ਦੀਆਂ ਅੱਖਾਂ ਦੀ ਰੋਸ਼ਨੀ ਪਰਤਾ ਕੇ ਵੱਡੇ ਪਰਉਪਕਾਰੀ ਕੰਮ ਕਰ ਰਹੀਆਂ ਹਨ। ਉਹਨਾ ਨੇ ਸਭਾ ਨੂੰ ਯਕੀਨ ਦੁਆਇਆ ਹੈ ਕਿ ਆਉਣ ਵਾਲੇ ਸਮੇਂ ਵਿੱਚ ਉਹ ਵੱਧ ਤੋਂ ਵੱਧ ਲੋੜਵੰਦਾਂ ਦੀਆਂ ਅੱਖਾਂ ਦਾ ਅਪਰੇਸ਼ਨ ਕਰਵਾਉਣ ਵਿੱਚ ਆਪਣਾ ਸਹਿਯੋਗ ਦੇਣਗੇ। ਵਧੇਰੇ ਜਾਣਕਾਰੀ ਦਿੰਦਿਆਂ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਇਸ ਮਹਿਲਾ ਦੀ ਇਕ ਅੱਖ ਵਿਚ ਚਿੱਟਾ ਮੋਤੀਆ ਹੋਣ ਦੀ ਵਜ੍ਹਾ ਨਾਲ ਉਸ ਦੀ ਨਜ਼ਰ ਕਾਫ਼ੀ ਕਮਜ਼ੋਰ ਸੀ। ਮਹਿਲਾ ਦੇ ਪਰਵਾਰਕ ਮੈਂਬਰਾਂ ਵਲੋਂ ਸਭਾ ਨਾਲ ਸੰਪਰਕ ਕੀਤਾ ਗਿਆ, ਜਿਸ ਤੇ ਅੱਖਾਂ ਦੇ ਮਾਹਿਰ ਡਾ. ਤੁਸ਼ਾਰ ਅੱਗਰਵਾਲ ਨੇ ਸਫਲ ਆਪਰੇਸ਼ਨ ਕਰਦੇ ਹੋਏ ਫੋਲਡੇਬਲ ਲੈਂਸ ਪਾਇਆ ਹੈ। ਉਹਨਾਂ ਦੱਸਿਆ ਕਿ ਸਰਬ ਨੌਜਵਾਨ ਸਭਾ ਜਿੱਥੇ ਲੋੜਵੰਦ ਮਰੀਜ਼ਾਂ ਨੂੰ ਆਪ੍ਰੇਸ਼ਨ ਤੋਂ ਇਲਾਵਾ ਇਲਾਜ ਲਈ ਆਰਥਕ ਸਹਾਇਤਾ ਦਿੰਦੀ ਹੈ ਉੱਥੇ ਹੀ ਮੁਫ਼ਤ ਦਵਾਈਆਂ ਦੀ ਵੰਡ ਵੀ ਸਮੇਂ-ਸਮੇਂ ਤੇ ਕੀਤੀ ਜਾਂਦੀ ਹੈ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਡਾ: ਵਿਜੇ ਕੁਮਾਰ, ਡਾ: ਨਰੇਸ਼ ਬਿੱਟੂ, ਅਨੂਪ ਦੁੱਗਲ, ਨਰਿੰਦਰ ਸਿੰਘ ਸੈਣੀ, ਰਾਕੇਸ਼ ਕੋਛੜ, ਹਰਵਿੰਦਰ ਸਿੰਘ, ਜਗਜੀਤ ਸੇਠ ਆਦਿ ਹਾਜ਼ਰ ਸਨ।

ਦਿਹਾਣਾ ਵਿਖੇ ਜਥੇਦਾਰ ਅਜਨੋਹਾ ਨੇ ਖਿਡਾਰੀਆਂ ਨਾਲ ਕੀਤੀ ਜਾਣ-ਪਛਾਣ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)

ਪਿੰਡ ਦਿਹਾਣਾ ਵਿਖੇ ਗਦਰੀ ਬਾਬੇ ਸਪੋਰਟਸ ਕਲੱਬ ਦਿਹਾਣਾ, ਗ੍ਰਾਮ ਪੰਚਾਇਤ, ਸਮੂਹ ਨਗਰ ਨਿਵਾਸੀਆਂ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਾਲਾਨਾ ਦੂਜਾ 07 ਸਾਈਡ ਪਿੰਡ ਪੱਧਰ ਫੁੱਟਬਾਲ ਟੂਰਨਾਮੈਂਟ 12 ਫਰਵਰੀ ਤੱਕ ਕਰਵਾਇਆ ਜਾ ਰਿਹਾ ਹੈ। ਟੂਰਨਾਮੈਂਟ ਉਦਘਾਟਨ ਗ੍ਰਾਮ ਪੰਚਾਇਤ ਵੱਲੋਂ ਕੀਤਾ ਗਿਆ ਅਤੇ ਵਿਸ਼ੇਸ਼ ਮਹਿਮਾਨ ਜਥੇਦਾਰ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਸੀਨੀਅਰ ਆਗੂ ਆਮ ਆਦਮੀ ਪਾਰਟੀ ਨੇ ਖਿਡਾਰੀਆਂ ਨਾਲ ਜਾਣ ਪਛਾਣ ਕੀਤੀ। ਫਾਈਨਲ ਵਾਲੇ ਦਿਨ ਮੁੱਖ ਮਹਿਮਾਨ ਬ੍ਰਹਮ ਸ਼ੰਕਰ ਜਿੰਪਾ ਕੈਬਨਿਟ ਮੰਤਰੀ ਪੰਜਾਬ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕਰਨਗੇ। ਇਸ ਮੌਕੇ ਸਤਵੀਰ ਸਿੰਘ, ਜੋਗਰਾਜ ਸਿੰਘ, ਅਵਤਾਰ ਸਿੰਘ, ਬਰਿੰਦਰ ਸਿੰਘ ਜਸਵਾਲ, ਕਰਨੈਲ ਸਿੰਘ, ਹਰਜੀਤ ਸਿੰਘ, ਬਲਵੀਰ ਸਿੰਘ ਸਮਰਾ, ਜਸਦੀਪ ਸਿੰਘ ਸੋਨਾ, ਜਸਵਿੰਦਰ ਸਿੰਘ ਜੱਸਾ, ਚਰਨਜੀਤ ਸਿੰਘ, ਨਵਜੋਤ ਸਿੰਘ, ਲਵਜੋਤ ਸਿੰਘ, ਨਵਦੀਪ ਸਿੰਘ, ਸੰਦੀਪ ਸਿੰਘ, ਜਸਵਿੰਦਰ ਸਿੰਘ, ਪਰਮਦੀਪ ਸਿੰਘ ਪੰਮਾ ਪੰਚ, ਨੰਬਰਦਾਰ ਸਰਜਿੰਦਰ ਸਿੰਘ ਕਿੰਗ, ਵਿਜੈ ਕੁਮਾਰ, ਤਨਵੀਰ ਸਿੰਘ ਪੰਚ, ਸੁਰਿੰਦਰ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਖੇਡ ਪ੍ਰੇਮੀ ਹਾਜਰ ਸਨ।

10-Feb-PAGE-9.qxd 2/9/2023 10:13 PM Page 1

ਸੂਬੇ ਦੇ ਇਤਿਹਾਸ 'ਚ 'ਪਹਿਲੀ ਸਰਕਾਰ-ਕਿਸਾਨ ਮਿਲਣੀ' 12 ਨੂੰ : ਧਾਲੀਵਾਲ

ਚੰਡੀਗੜ੍ਹ, (ਗੁਰਜੀਤ ਬਿੱਲਾ)

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ 'ਪਹਿਲੀ ਸਰਕਾਰ-ਕਿਸਾਨ ਮਿਲਣੀ' ਦਾ ਆਯੋਜਨ ਕਰੇਗੀ, ਇਹ ਮਿਲਣੀ ਸਮਾਗਮ 12 ਫਰਵਰੀ, 2023 ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵਿਖੇ ਹੋਵੇਗਾ। ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਸ ਮਿਲਣੀ ਦਾ ਮੁੱਖ ਮੰਤਵ ਪੰਜਾਬ ਸੂਬੇ ਦੇ ਮੁੱਖ ਫਸਲੀ ਚੱਕਰ ਕਣਕ-ਝੋਨੇ ਅਧੀਨ ਰਕਬਾ ਘਟਾ ਕੇ ਹੋਰ ਪਾਣੀ ਬਚਾਉਣ ਵਾਲੀਆਂ ਫਸਲਾਂ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨਾ ਅਤੇ ਹੋਰ ਖੇਤੀ ਸਹਾਇਕ ਧੰਦਿਆਂ ਨੂੰ ਬੜ੍ਹਾਵਾ ਦੇਣਾ ਹੈ। ਧਾਲੀਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਇਸ ਵਿਲੱਖਣ ਆਯੋਜਨ ਦੌਰਾਨ ਸਰਕਾਰ ਅਤੇ ਕਿਸਾਨਾਂ ਦਰਮਿਆਨ ਸਿੱਧਾ ਵਿਚਾਰ-ਵਟਾਂਦਰਾ ਕਰਦੇ ਹੋਏ ਕਿਸਾਨਾਂ ਨਾਲ ਸਲਾਹ ਕਰਕੇ ਤਿਆਰ ਕੀਤੀ ਜਾ ਰਹੀ ਸੂਬੇ ਦੀ ਨਵੀਂ ਖੇਤੀ ਨੀਤੀ ਨੂੰ ਕਿਸਾਨ ਸਹਾਈ ਬਣਾਉਣ ਲਈ ਹੀਲੇ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਮਿਲਣੀ ਦੌਰਾਨ ਪੂਰੇ ਪੰਜਾਬ ਤੋਂ ਅਗਾਂਹਵਧੂ ਕਿਸਾਨ ਸਿੱਧੇ ਮੁੱਖ ਮੰਤਰੀ ਨੂੰ ਆਪਣੇ ਸੁਝਾਅ ਦੇਣਗੇ ਅਤੇ ਪ੍ਰਸ਼ਾਸ਼ਨ, ਵਿਭਾਗਾਂ, ਖੇਤੀਬਾੜੀ ਖੋਜ ਸੰਸਥਾਵਾਂ ਅਤੇ ਕਿਸਾਨਾਂ ਵਿੱਚ ਖੁੱਲੀ ਗੱਲਬਾਤ ਰਾਹੀਂ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਜਿਸ ਰਾਹੀਂ ਸੂਬੇ ਦੀ ਖੇਤੀਬਾੜੀ ਨੂੰ ਵੰਨ-ਸੁਵੰਨਤਾ ਵੱਲ ਲਿਜਾਉਣ, ਲਾਹੇਵੰਦ ਬਣਾਉਣ ਅਤੇ ਖੇਤੀਬਾੜੀ ਸੁਧਾਰਾਂ ਦਾ ਕੰਮ ਕਰਨ ਲਈ ਤਜਵੀਜ਼ ਤਿਆਰ ਕੀਤੀ ਜਾਵੇਗੀ। ਖੇਤੀਬਾੜੀ ਮੰਤਰੀ ਨੇ ਇਹ ਵੀ ਦੱਸਿਆ ਕਿ ਪੰਜਾਬ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਅਜਿਹੀ ਪਹਿਲ ਕੀਤੀ ਗਈ ਹੈ ਅਤੇ ਇਸ ਮਿਲਣੀ ਦੌਰਾਨ ਖੇਤੀਬਾੜੀ ਤੇ ਖੇਤੀ ਆਧਾਰਿਤ ਸਹਾਇਕ ਧੰਦਿਆਂ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਬੂਥਾਂ ਅਤੇ ਪ੍ਰਦਰਸ਼ਨੀਆਂ ਦਾ ਆਯੋਜਨ ਕਿਸਾਨਾਂ ਲਈ ਕੀਤਾ ਜਾਵੇਗਾ ਉਨ੍ਹਾਂ ਦੱਸਿਆ ਕਿ ਪਹਿਲੀ ਕਿਸਾਨ-ਸਰਕਾਰ ਮਿਲਣੀ ਲਈ 5 ਹਜ਼ਾਰ ਕਿਸਾਨਾਂ/ ਉੱਦਮੀਆਂ ਨੂੰ ਸੱਦਾ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮਿਲਣੀ ਦੌਰਾਨ ਤਜ਼ਰਬੇਕਾਰ ਕਿਸਾਨਾਂ ਦੀ ਸ਼ਮੂਲੀਅਤ ਯਕੀਨੀ ਬਣਾਈ ਗਈ ਹੈ, ਜੋ ਕਿ ਖੇਤੀਬਾੜੀ ਅਤੇ ਖੇਤੀਬਾੜੀ ਸਹਾਇਕ ਕਿੱਤਿਆਂ ਨਾਲ ਸਬੰਧਤ ਵੱਖ-ਵੱਖ ਵਿਸ਼ਿਆਂ ਦੀ ਭਰਪੂਰ ਜਾਣਕਾਰੀ ਰੱਖਦੇ ਹਨ ।ਇਸ ਤੋਂ ਇਲਾਵਾ ਵੱਖ-ਵੱਖ ਖੇਤੀਬਾੜੀ ਕਲੱਬਾਂ, ਐਸੋਸੀਏਸ਼ਨਾਂ ਦੇ ਮੈਂਬਰ ਵੀ ਇਸ ਮਿਲਣੀ ਦਾ ਹਿੱਸਾ ਬਣਨਗੇ। ਉਨ੍ਹਾਂ ਦੱਸਿਆ ਕਿ ਇਸ ਮਿਲਣੀ ਵਿੱਚ ਸੈਲਫ ਹੈਲਪ ਗਰੁੱਪਾਂ, ਸਹਿਕਾਰੀ ਸੁਸਾਇਟੀਆਂ ਨਾਲ ਸਬੰਧਤ ਕਿਸਾਨ ਬੀਬੀਆਂ ਦੀ ਸ਼ਮੂਲੀਅਤ ਯਕੀਨੀ ਬਣਾਈ ਗਈ ਹੈ। ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਸਬਜ਼ੀਆਂ, ਫ਼ਲ, ਗੰਨਾ, ਨਰਮਾ, ਮੋਟਾ ਅਨਾਜ਼, ਦਵਾਈਆਂ ਵਾਲੇ ਬੂਟੇ ਅਤੇ ਖੁਸ਼ਬੂਦਾਰ ਬੂਟੇ, ਮੁਰਗੀ ਪਾਲਣ, ਮੱਛੀ ਪਾਲਣ, ਬੱਕਰੀ ਪਾਲਣ, ਚਾਰਾ ਅਤੇ ਪਸ਼ੂ ਆਹਾਰ, ਡੇਅਰੀ, ਖੇਤੀਬਾੜੀ ਮਸ਼ੀਨਰੀ, ਕੰਢੀ ਖੇਤਰ, ਵਣ ਖੇਤੀ, ਖੁੰਬਾਂ ਅਤੇ ਮਧੂ ਮੱਖੀ ਪਾਲਣ, ਫੂਡ ਪ੍ਰੋਸੈਸਿੰਗ ਐਂਡ ਮੁੱਲ ਵਾਧਾ ਅਤੇ ਸਟਾਰਟ ਅੱਪ, ਜੈਵਿਕ ਖੇਤੀ, ਦਾਲਾਂ ਤੇ ਤੇਲ ਬੀਜ, ਕਣਕ, ਝੋਨਾ ਅਤੇ ਮੱਕੀ ਅਤੇ ਬਾਸਮਤੀ ਆਦਿ 20 'ਸਲਾਹ ਮਸ਼ਵਰਾ ਬੂਥ' ਸਥਾਪਿਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ 20 ਵੱਖ-ਵੱਖ ਬੂਥਾ 'ਤੇ ਵਿਸ਼ਾ ਮਾਹਿਰ ਮੌਜੂਦ ਹੋਣਗੇ, ਜੋ ਕਿਸਾਨਾਂ ਨੂੰ ਸਮੱਸਿਆਵਾਂ ਦੇ ਹੱਲ ਲਈ ਸੁਝਾਅ ਦੇਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਬੂਥਾਂ 'ਤੇ ਸੈਂਪਲਿੰਗ ਦੀ ਵਿਵਸਥਾ ਵੀ ਹੋਵੇਗੀ। ਧਾਲੀਵਾਲ ਨੇ ਦੱਸਿਆ ਕਿ ਇਸ ਮੌਕੇ 11 ਵੱਖ-ਵੱਖ ਵਿਭਾਗਾਂ ਜਿਨ੍ਹਾਂ ਵਿੱਚ ਖੇਤੀਬਾੜੀ, ਬਾਗਬਾਨੀ, ਪਸ਼ੂ ਪਾਲਣ, ਡੇਅਰੀ ਵਿਕਾਸ, ਮੱਛੀ ਪਾਲਣ, ਮੰਡੀ ਬੋਰਡ, ਪੋਲਟਰੀ, ਮਿੱਟੀ ਅਤੇ ਪਾਣੀ ਸੰਭਾਲ, ਪੰਜਾਬ ਐਗਰੋ ਇੰਡਸਟਰੀਜ਼, ਮਿਲਕਫੈੱਡ ਅਤੇ ਮਾਰਕਫੈੱਡ ਯਾਮਲ ਹਨ, ਵੱਲੋਂ ਪ੍ਰਦਰਸ਼ਨੀਆਂ ਲਗਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਹ ਪ੍ਰਦਰਸ਼ਨੀਆਂ ਜਾਣਕਾਰੀ ਭਰਪੂਰ ਹੋਣਗੀਆਂ ਜੋ ਕਿ ਕਿਸਾਨਾਂ ਦਾ ਮਾਰਗ ਦਰਸ਼ਨ ਕਰਨਗੀਆਂ।

ਲਤੀਫਪੁਰਾ ਮੋਰਚਾ: ਨਜਾਇਜ਼ ਕਬਜਾ ਕਰਨ ਦੀ ਨੀਅਤ ਨਾਲ ਭੂ-ਮਾਫੀਆ ਵੱਲੋਂ ਕਮਰੇ ਦੀ ਕੰਧ ਪਾੜ ਕੇ ਚੋਰੀ

ਜਲੰਧਰ, (ਨਵਾਂ ਜ਼ਮਾਨਾ ਸਰਵਿਸ)

ਲਤੀਫਪੁਰਾ ਮੁੜ ਵਸੇਬਾ ਮੋਰਚਾ ਦੀ ਅਗਵਾਈ ਹੇਠ ਮੋਰਚਾ 62ਵੇਂ ਦਿਨ ਵੀ ਜਾਰੀ ਰਿਹਾ। 11 ਫਰਵਰੀ ਨੂੰ ਆਪ ਵਿਧਾਇਕ ਸੀਤਵ ਅੰਗਰੂਲ ਦੇ ਘਰ ਅੱਗੇ ਧਰਨਾ ਮੁਜਾਹਰਾ ਕੀਤਾ ਜਾਵੇਗਾ। ਇਸ ਮੌਕੇ ਆਗੂਆਂ ਨੇ ਐਲਾਨ ਕੀਤਾ ਕਿ ਜਿਹਨਾਂ ਚਿਰ ਲਤੀਫਪੁਰਾ ਦੇ ਉਜਾੜੇ ਲੋਕਾਂ ਨੂੰ ਮੁੜ ਉਸ ਜਗ੍ਹਾ ਵਸਾਇਆ ਨਹੀਂ ਜਾਂਦਾ,ਉਹਨਾਂ ਦੇ ਹੋਏ ਨੁਕਸਾਨ ਦਾ ਢੁੱਕਵਾਂ ਮੁਆਵਜਾ ਨਹੀਂ ਦਿੱਤਾ ਜਾਂਦਾ,ਦਰਜ ਝੂਠੇ ਕੇਸ ਰੱਦ ਨਹੀਂ ਕੀਤੇ ਜਾਂਦੇ ਅਤੇ ਮੋਰਚਾ ਦੇ ਮੈਂਬਰ ਦੀ ਠਾਹਰ ਘਰ ਦਾ ਗੇਟ ਟੱਪਣ ਅਤੇ ਗੇਟ ਨੂੰ ਨੁਕਸਾਨ ਪਹੁੰਚਾਉਣ ਵਾਲੇ ਪੁਲਿਸ ਅਧਿਕਾਰੀਆਂ ਖਿਲਾਫ ਕਾਰਵਾਈ ਨਹੀਂ ਕੀਤੀ ਜਾਂਦੀ,ਉਹਨਾਂ ਚਿਰ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਲਤੀਫਪੁਰਾ ਦੀ ਵਸਨੀਕ ਕੁਲਵਿੰਦਰ ਸਿੰਘ ਪੁੱਤਰ ਦੇਸਾ ਸਿੰਘ ਨੇ ਦੱਸਿਆ ਕਿ ਭਗਵੰਤ ਸਿੰਘ ਮਾਨ ਦੀ ਸਰਕਾਰ ਅਤੇ ਪ੍ਰਸਾਸਨ ਨਾਲ ਮਿਲੀਭੁਗਤ ਨਾਲ ਉਸਦੇ ਇੱਕ ਮਕਾਨ ਦੀ ਪਿਛਲੀ ਕੰਧ ਤੋੜ ਕੇ ਮਾਡਲ ਟਾਊਨ ਵਾਸੀ ਭੂ-ਮਾਫੀਆਂ ਸੋਹਨ ਸਿੰਘ ਸੰਧੂ ਅਤੇ ਗਰੀਨ ਮਾਡਲ ਟਾਊਨ ਵਾਸੀ ਰਬਿੰਦਰ ਸਿੰਘ ਨੇ ਇੱਕ ਸਲਾਹ ਹੋ ਕੇ ਉਸਦੇ ਘਰ ਦਾ ਸਮਾਨ ਚੋਰੀ ਕਰ ਲਿਆ ਗਿਆ ਅਤੇ ਮਕਾਨ ਉੱਪਰ ਨਜਾਇਜ ਕਬਜਾ ਕਰਨ ਦੀ ਕੋਸ਼ਿਸ਼ ਕੀਤੀ ਗਈ,ਜਿਸ ਨੂੰ ਸਮੇਂ ਸਿਰ ਪਤਾ ਲੱਗਣ 'ਤੇ ਉਹਨਾਂ ਵਲੋਂ ਅਸਫਲ ਬਣਾਇਆ ਗਿਆ। ਉਨਾਂ ਸੋਹਨ ਸਿੰਘ ਸੰਧੂ ਖਿਲਾਫ ਕਾਰਵਾਈ ਦੀ ਮੰਗ ਕੀਤੀ। ਜਿਵੇਂ ਹੀ ਮੋਰਚੇ ਦੀ ਸਟੇਜ ਤੋਂ ਇਸ ਮਸਲੇ ਨੂੰ ਲੈ ਕੇ ਥਾਣਾ ਡਵੀਜਨ ਨੰਬਰ 6 ਦੇ ਘੇਰਾਓ ਦਾ ਐਲਾਨ ਕੀਤਾ ਗਿਆ ਤਾਂ ਪੁਲਸ ਪ੍ਰਸ਼ਾਸਨ ਹਰਕਤ ਵਿੱਚ ਆਇਆ। ਪੁਲਸ ਵਲੋਂ ਘਰ ਦੇ ਮਾਲਕ ਪੁੱਤਰ ਵਾਸੀ ਲਤੀਫਪੁਰਾ ਦੇ ਬਿਆਨ ਕਲਮਬੱਧ ਕਰਕੇ ਉਸਦੇ ਘਰ ਉੱਪਰ ਇੱਕ ਸਲਾਹ ਕੇ ਨਜਾਇਜ ਕਬਜਾ ਕਰਨ ਅਤੇ ਟੇਬਲ ਫੈਨ ਅਤੇ ਐੱਲ ਸੀ ਡੀ ਲੁੱਟਣ ਵਾਲੇ ਰਬਿੰਦਰ ਸਿੰਘ ਵਾਸੀ ਗਰੀਨ ਮਾਡਲ ਟਾਊਨ ਅਤੇ ਸੋਹਨ ਸਿੰਘ ਵਾਸੀ ਮਾਡਲ ਟਾਊਨ ਖਿਲਾਫ ਕਾਰਵਾਈ ਆਰੰਭ ਦਿੱਤੀ ਗਈ ਹੈ। ਦੇਰ ਸ਼ਾਮ ਮੁੱਖ ਮੰਤਰੀ ਅਤੇ ਚੇਅਰਮੈਨ ਇੰਪਰੂਵਮੈਂਟ ਟਰੱਸਟ ਦਾ ਪੁਤਲਾ ਸਾੜਿਆ। ਇਸ ਮੌਕੇ ਲਤੀਫਪੁਰਾ ਮੋਰਚੇ ਦੇ ਆਗੂ ਕਸ਼ਮੀਰ ਸਿੰਘ ਘੁੱਗਸ਼ੋਰ, ਡਾਕਟਰ ਗੁਰਦੀਪ ਸਿੰਘ ਭੰਡਾਲ,ਜਥੇਦਾਰ ਕਸ਼ਮੀਰ ਸਿੰਘ ਜੰਡਿਆਲਾ,ਸੁਖਜੀਤ ਸਿੰਘ ਡਰੋਲੀ,ਮੱਖਣ ਸਿੰਘ ਕੰਦੋਲਾ, ਲਖਵੀਰ ਸਿੰਘ ਸੌਂਟੀ, ਸੇਵਾ ਸਿੰਘ, ਬਲਜਿੰਦਰ ਕੌਰ, ਰਾਜਵਿੰਦਰ ਕੌਰ,ਸੁਖਮਨ,ਸੁਖਪ੍ਰੀਤ ਕੌਰ,ਨਰਿੰਦਰ ਕੁਮਾਰ, ਬਾਬਾ ਕਸ਼ਮੀਰ ਸਿੰਘ, ਕੁਲਵੰਤ ਕੌਰ,ਰੀਟਾ ਦੇਵੀ, ਹਰਜਿੰਦਰ ਕੌਰ, ਸਰਬਜੀਤ ਸਿੰਘ, ਗੁਰਬਖਸ਼ ਸਿੰਘ, ਸੁਖਦੇਵ ਸਿੰਘ ਆਦਿ ਨੇ ਸੰਬੋਧਨ ਕੀਤਾ।

ਦਾਖਲੇ ਲਈ ਆਨਲਾਈਨ ਰਜਿਸਟਰੇਸ਼ਨ ਦੀ ਮਿਤੀ 15 ਤੱਕ ਵਧਾਈ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)—ਜਵਾਹਰ ਨਵੋਦਿਆ ਵਿਦਿਆਲਿਆ ਫਲਾਹੀ ਦੇ ਪ੍ਰਿੰਸੀਪਲ ਰੰਜੂ ਦੁੱਗਲ ਨੇ ਦੱਸਿਆ ਕਿ ਜਵਾਹਰ ਨਵੋਦਿਆ ਵਿਦਿਆਲਿਆ ਫਲਾਹੀ ਵਿਚ ਛੇਵੀਂ ਜਮਾਤ ਵਿਚ ਦਾਖਲੇ ਲਈ ਪ੍ਰੀਖਿਆ ਫਾਰਮ ਭਰਨ ਦੀ ਆਖਰੀ ਮਿਤੀ 15 ਫਰਵਰੀ ਤੱਕ ਵਧਾਈ ਗਈ ਹੈ, ਜੋ ਕਿ ਪਹਿਲਾਂ 8 ਫਰਵਰੀ ਤੱਕ ਸੀ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਨੇ ਜਵਾਹਰ ਨਵੋਦਿਆ ਵਿਦਿਆਲਿਆ ਜਮਾਤ ਛੇਵੀਂ ਵਿਚ ਦਾਖਲੇ ਲਈ ਹਾਲੇ ਫਾਰਮ ਨਹੀਂ ਭਰੇ ਹਨ, ਉਹ 15 ਫਰਵਰੀ ਤੱਕ ਆਪਣਾ ਫਾਰਮ ਵਿਦਿਆਲਿਆ www.navodaya.govi.n jW https://www/navodaya.govi.n/nvs/nvs-school/Hosiharpur/en/home// ਲਿੰਕ 'ਤੇ ਆਨਲਾਈਨ ਰਜਿਸਟਰੇਸ਼ਨ ਕਰਵਾ ਸਕਦੇ ਹਨ। ਪ੍ਰਿੰਸੀਪਲ ਨੇ ਦੱਸਿਆ ਕਿ ਜ਼ਿਲ੍ਹੇ ਦੇ ਨਿਵਾਸੀ ਅਤੇ ਇਸ ਜ਼ਿਲ੍ਹੇ ਵਿਚ ਪੰਜਵੀਂ ਜਮਾਤ ਵਿਚ ਪੜ੍ਹ ਰਹੇ ਵਿਦਿਆਰਥੀ ਜਵਾਹਰ ਨਵੋਦਿਆ ਵਿਦਿਆਲਿਆ ਫਲਾਹੀ ਵਿਚ ਅਗਲੇ ਵਿਦਿਅਕ ਸੈਸ਼ਨ ਵਿਚ ਛੇਵੀਂ ਜਮਾਤ ਵਿਚ ਦਾਖਲਾ ਲੈਣ ਲਈ ਆਨਲਾਈਨ ਰਸਿਸਟਰੇਸ਼ਨ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਵਿਦਿਆਰਥੀ ਹੁਸ਼ਿਆਰਪੁਰ ਜ਼ਿਲ੍ਹੇ ਦਾ ਸਥਾਈ ਨਿਵਾਸੀ ਹੋਵੇ, ਜਮਾਤ ਤੀਸਰੀ ਤੇ ਚੌਥੀ ਕਿਸੇ ਸਰਕਾਰੀ/ਸਰਕਾਰੀ ਮਾਨਤਾ ਪ੍ਰਾਪਤ ਸਕੂਲ ਤੋਂ ਪੂਰਾ ਵਿਦਿਅਕ ਸੈਸ਼ਨ ਲਗਾ ਕੇ ਪਾਸ ਕੀਤੀ ਹੋਵੇ ਅਤੇ ਉਸ ਦਾ ਜਨਮ 1-5-2011 ਤੋਂ 30-4-2013 (ਦੋਵੇਂ ਮਿਤੀਆਂ ਸ਼ਾਮਲ) ਦੇ ਦਰਮਿਆਨ ਹੋਵੇ।

ਦੁੱਧ ਉਤਪਾਦਕਾਂ ਤੇ ਸਕੱਤਰਾਂ ਨੂੰ ਆ ਰਹੀਆਂ ਮੁਸ਼ਕਲਾਂ ਸੰਬੰਧੀ ਕੀਤਾ ਵਿਚਾਰ-ਵਟਾਂਦਰਾ

ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)

ਦੁੱਧ ਉਤਪਾਦਕ ਸਹਿਕਾਰੀ ਸਭਾਵਾਂ ਸਕੱਤਰ ਯੂਨੀਅਨ ਪੰਜਾਬ ਦੀ ਮੀਟਿੰਗ ਮਿਲਕਫੈੱਡ ਦੇ ਚੇਅਰਮੈਨ ਨਰਿੰਦਰ ਸਿੰਘ ਸ਼ੇਰਗਿੱਲ ਨਾਲ ਹੋਈ ਜਿਸ ਵਿੱਚ ਦੁੱਧ ਉਤਪਾਦਕਾਂ ਅਤੇ ਸਕੱਤਰਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ, ਜਿਵੇਂ ਕਿ ਤਿੰਨ ਸਾਲ ਤੋਂ ਦੁੱਧ ਉਤਪਾਦਕਾਂ ਦਾ ਬੰਦ ਪਿਆ ਸੀ ਐਮ ਪ੍ਰੀਮੀਅਮ ਦਾ ਬਕਾਇਆ ਅਤੇ ਸੀ ਐਮ ਪ੍ਰੀਮੀਅਮ ਨੂੰ ਦੁਬਾਰਾ ਲਾਗੂ ਕਰਨ ਸਬੰਧੀ ਵਿਚਾਰ ਕੀਤੀ ਗਈ ਇਸ ਤੋਂ ਇਲਾਵਾ ਪੂਰੇ ਪੰਜਾਬ ਦੇ ਵਿੱਚ ਦੁੱਧ ਉਤਪਾਦਕਾਂ ਦਾ ਅਤੇ ਕਮਰਸ਼ੀਅਲ ਡੇਅਰੀ ਫਾਰਮਰਾਂ ਦਾ ਦੁੱਧ ਦਾ ਰੇਟ ਅਤੇ ਹੋਰ ਸਹੂਲਤਾਂ ਨੂੰ ਬਰਾਬਰ ਦੇ ਵਿਚ ਜਾਰੀ ਕਰਨ ਸਬੰਧੀ ਵਿਚਾਰ ਕੀਤੀ ਗਈ ਅਤੇ ਸਹਿਕਾਰੀ ਸਭਾਵਾਂ ਨੂੰ ਦਿੱਤਾ ਜਾਣ ਵਾਲਾ 3 ਪਰਸੈਂਟ ਕਮਿਸ਼ਨ ਨੂੰ ਵਧਾ ਕੇ ਪੰਜ ਪਰਸੈਂਟ ਕਰਨ ਦੀ ਮੰਗ ਕੀਤੀ ਗਈ । ਸਹਿਕਾਰੀ ਸਭਾਵਾਂ ਵਿਚ ਕੰਮ ਕਰ ਰਹੇ ਸਕੱਤਰਾਂ ਦੇ ਸਰਵਿਸ ਰੂਲ ਬਣਾਉਣ ਸਬੰਧੀ ਵੀ ਵਿਚਾਰ ਕੀਤੀ ਗਈ ਅਤੇ ਦੁੱਧ ਦੇ ਰੇਟ ਘੱਟੋ-ਘੱਟ 90 ਰੁਪਏ ਪ੍ਰਤੀ ਲੀਟਰ ਕਰਨ ਦੀ ਮੰਗ ਵੀ ਕੀਤੀ ਗਈ। ਐੱਸ ਐੱਨ ਐਫ ਦਾ ਫਾਰਮੂਲਾ ਜੋ ਕਿ ਹਰਿਆਣੇ ਦੇ ਵਿੱਚ ਚਲਦਾ ਹੈ ਉਸ ਦੇ ਬਰਾਬਰ ਪੰਜਾਬ ਵਿਚ ਵੀ ਲਾਗੂ ਕਰਨ ਸਬੰਧੀ ਵੀ ਮੰਗ ਕੀਤੀ ਗਈ। ਦੁੱਧ ਦੀ ਫੈਂਟ ਅਤੇ ਐਸ ਐੱਨ ਐਫ ਦੇ ਸਟੈਂਡਰਡ ਬਾਰੇ ਗੱਲਬਾਤ ਕੀਤੀ ਗਈ ਜਿਸ ਵਿੱਚ ਗਾਵਾਂ ਦੇ ਦੁੱਧ ਦੀ ਫੈਂਟ 3.3 ਤੋਂ ਘਟਾ ਕੇ 2.6 ਤੋਂ ਸ਼ੁਰੂ ਕਰ ਕੇ 5.0 ਤੱਕ ਦਾ ਪੂਰਾ ਰੇਟ ਦਿੱਤਾ ਜਾਵੇ ਅਤੇ ਐੱਸ ਐੱਨ ਐਫ 7. 6 ਤੋਂ ਸ਼ੁਰੂ ਕੀਤੀ ਜਾਵੇ ਅਤੇ ਮੱਝ ਦੇ ਦੁੱਧ ਦੀ ਫੈਟ 5.1 ਤੋਂ 10.2 ਤੱਕ ਦਾ ਪੂਰਾ ਰੇਟ ਦਿੱਤਾ ਜਾਵੇ ਅਤੇ ਐੱਸ ਐੱਨ ਐਫ 8.5 ਤੋਂ 8.8 ਤੱਕ ਦਾ ਪੂਰਾ ਰੇਟ ਦਿੱਤਾ ਜਾਵੇ। ਇਸ ਮੌਕੇ ਜਸਬੀਰ ਸਿੰਘ ਭੱਟੀ ਪ੍ਰਧਾਨ ਸਹਿਕਾਰੀ ਸਭਾਵਾ ਸਕੱਤਰ ਯੂਨੀਅਨ ਪੰਜਾਬ, ਵੀਰ ਸਿੰਘ ਬੜਵਾ ਪ੍ਰਧਾਨ ਕਿਰਤੀ ਕਿਸਾਨ ਮੋਰਚਾ ਰੋਪੜ, ਬੱਬੀ ਰਾਏ ਪੁਰ, ਜਰਨੈਲ ਸਿੰਘ ਸੁਲਤਾਨ ਪੁਰ, ਦਿਲਜੀਤ ਸਿੰਘ ਸ਼ੇਖੂਪੁਰ, ਕਲਾ ਬੇਲਾ ਅਤੇ ਹੋਰ ਵੀ ਸਾਥੀ ਸ਼ਾਮਲ ਸਨ।

ਔਰਤ ਨਾਲ ਛੇੜਛਾੜ ਕਰਨ ਵਾਲੇ ਵਿਅਕਤੀ 'ਤੇ ਪਰਚਾ ਦਰਜ

ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)– ਥਾਣਾ ਸ੍ਰੀ ਚਮਕੌਰ ਸਾਹਿਬ ਅਧੀਨ ਪੈਂਦੇ ਬੇਟ ਏਰੀਏ ਦੇ ਪਿੰਡ ਫੱਸੇ ਦੀ ਔਰਤ ਨੇ ਪਿੰਡ ਦੇ ਹੀ ਇਕ ਵਿਅਕਤੀ ਤੋਂ ਤੰਗ ਆ ਕੇ ਐੱਸ. ਐੱਸ. ਪੀ ਰੂਪਨਗਰ ਨੂੰ ਅਰਜੀ ਦਿੱਤੀ, ਕਿਉਂਕਿ ਲੋਕਲ ਪੁਲਸ ਨੇ ਉਸ ਵਲੋਂ ਕੀਤੀਆਂ ਜਾਦੀਆਂ ਸ਼ਿਕਾਇਤਾਂ ਨੇ ਕੋਈ ਕਾਰਵਾਈ ਨਹੀਂ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਥਾਨਕ ਐੱਸ. ਐੱਚ. ਓ ਰੁਪਿੰਦਰ ਸਿੰਘ ਨੇ ਦੱਸਿਆ ਕਿ ਉਪਰੋਕਤ ਪਿੰਡ ਦੀ ਇਕ ਔਰਤ ਨੇ ਪੁਲਸ ਕੋਲ ਬਿਆਨ ਲਿਖਾਇਆ ਹੈ ਕਿ ਉਸ ਦੇ ਪਿੰਡ ਦਾ ਹੀ ਵਿਅਕਤੀ ਪਰਵਿੰਦਰ ਸਿੰਘ ਜੋ ਸ਼ਰਾਬ ਪੀਣ ਦਾ ਆਦਿ ਹੈ ਉਹ ਉਸ ਨੂੰ ਤੰਗ ਪ੍ਰੇਸ਼ਾਨ ਕਰਦਾ ਰਹਿੰਦਾ ਹੈ ਅਤੇ ਉਸ ਨਾਲ ਛੇੜਛਾੜ ਵੀ ਕਰਦਾ ਹੈ, ਜਿਸ ਦੀ ਸ਼ਿਕਾਇਤ ਉਸ ਨੇ ਲੋਕਲ ਪੁਲਸ ਨੂੰ ਵੀ ਕੀਤੀ ਪ੍ਰੰਤੂ ਉਨ੍ਹਾਂ ਨੇ ਉਸ ਔਰਤ ਦੀ ਕੋਈ ਸੁਣਵਾਈ ਨਹੀਂ ਕੀਤੀ ਹੁਣ ਉੱਚ ਅਧਿਕਾਰੀਆਂ ਨੂੰ ਦਿੱਤੀ ਦਰਖਾਸਤ 'ਤੇ ਕੀਤੀ ਜਾਂਚ ਉਪਰੰਤ ਸਬੰਧਤ ਵਿਅਕਤੀ ਵਿਰੁੱਧ ਮਾਮਲਾ ਦਰਜ ਕਰ ਦਿੱਤਾ ਗਿਆ ਹੈ।

ਬੰਦੀ ਸਿੰਘਾਂ ਨੂੰ ਕੀਤਾ ਜਾਵੇ ਤੁਰੰਤ ਰਿਹਾਅ : ਬਰਾੜ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)

ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਇਹ ਮੰਗ ਸ੍ਰੀ ਅਨੰਦਪੁਰ ਸਾਹਿਬ ਸੇਵਾ ਸੁਸਾਇਟੀ ਦੇ ਆਗੂਆਂ ਮਨਜਿੰਦਰ ਸਿੰਘ ਬਰਾੜ, ਜੱਥੇਦਾਰ ਸੰਤੋਖ ਸਿੰਘ, ਮਾਸਟਰ ਵੀਰ ਸਿੰਘ, ਦਰਸ਼ਨ ਸਿੰਘ ਸੈਣੀ, ਸੁਰਜੀਤ ਸਿੰਘ ਠੇਕੇਦਾਰ, ਰਵਿੰਦਰ ਸਿੰਘ, ਜਰਨੈਲ ਸਿੰਘ ਗੂੰਬਰ, ਤੇਜਿੰਦਰ ਸਿੰਘ ਵਾਲੀਆ, ਰਵਿੰਦਰਪਾਲ ਸਿੰਘ ਖਾਲਸਾ, ਠੇਕੇਦਾਰ ਨਿਰਮਲ ਸਿੰਘ ਸੁਮਨ, ਬਖਸ਼ੀਸ਼ ਸਿੰਘ ਖਾਲਸਾ, ਜਤਿੰਦਰਪਾਲ ਸਿੰਘ, ਪਲਵਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਆਖੀ। ਆਗੂਆਂ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਨਾ ਕਰਨਾ ਉਹਨਾਂ ਨਾਲ ਘੋਰ ਅਨਿਆਂ ਤੇ ਬੇਇਨਸਾਫੀ ਹੈ। ਉਨ੍ਹਾਂ ਕਿਹਾ ਸਿੱਖਾਂ ਨੇ ਦੇਸ਼ ਦੀ ਆਜਾਦੀ ਲਈ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ ਪਰ ਅਫਸੋਸ ਆਜਾਦ ਦੇਸ਼ ਵਿਚ ਸਿੱਖਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਕਾਨੂੰਨ ਇਹ ਆਗਿਆ ਨਹੀਂ ਦਿੰਦਾ ਕਿ ਸਜਾਵਾਂ ਪੂਰੀਆਂ ਹੋਣ ਦੇ ਬਾਵਜੂਦ ਉਹਨਾਂ ਨੂੰ ਜੇਲ੍ਹਾਂ ਵਿੱਚ ਡੱਕਿਆ ਰਹਿਣ ਦਿੱਤਾ ਜਾਵੇ। ਇਉਂ ਲੱਗਦਾ ਹੈ ਕਿ ਆਜਾਦ ਭਾਰਤ ਵਿੱਚ ਦੋ ਕਾਨੂੰਨ ਚਲਦੇ ਹਨ ਸਿੱਖਾਂ ਲਈ ਹੋਰ ਅਤੇ ਬਾਕੀਆਂ ਲਈ ਹੋਰ। ਆਗੂਆਂ ਨੇ ਕਿਹਾ ਕਿ ਬੰਦੀ ਸਿੰਘਾਂ ਨੂੰ ਜਲਦ ਤੋਂ ਜਲਦ ਰਿਹਾਅ ਕੀਤਾ ਜਾਵੇ ਤਾਂ ਜੋ ਉਹ ਵੀ ਆਜ਼ਾਦੀ ਦਾ ਨਿੱਘ ਮਾਣ ਸਕਣ।

ਵੋਟਰ ਕਾਰਡ ਨੂੰ ਆਧਾਰ ਕਾਰਡ ਨਾਲ ਜੋੜਨ ਲਈ ਵਿਸ਼ੇਸ਼ ਕੈਂਪ ਲਾਉਣ ਦੇ ਹੁਕਮ

ਮੋਹਾਲੀ, (ਗੁਰਜੀਤ ਬਿੱਲਾ)

ਜ਼ਿਲ੍ਹਾ ਚੋਣ ਅਫ਼ਸਰ/ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਨੇ ਵੋਟਰ ਕਾਰਡ ਨੂੰ ਆਧਾਰ ਕਾਰਡ ਨਾਲ ਜੋੜਨ ਦੇ ਕੰਮ ਵਿੱਚ ਤੇਜ਼ੀ ਲਿਆਉਣ ਲਈ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ। ਇਥੇ ਜ਼ਿਲ੍ਹਾ ਅਧਿਕਾਰੀਆਂ ਨਾਲ ਇੱਕ ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਵੋਟਰ ਕਾਰਡ ਨੂੰ ਆਧਾਰ ਕਾਰਡ ਨਾਲ ਜੋੜਨ ਦੇ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਅਤੇ ਊਣਤਾਈ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਹਰਕੇ ਅਧਿਕਾਰੀ ਦੀ ਜਵਾਬਦੇਹੀ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਆਪਣੀ ਡਿਊਟੀ ਵਿੱਚ ਲਾਪ੍ਰਵਾਹੀ ਵਰਤਣ ਵਾਲੇ ਅਧਿਕਾਰੀ ਤੇ ਕਰਮਚਾਰੀ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਵੋਟਰ ਕਾਰਡ ਨੂੰ ਆਧਾਰ ਕਾਰਡ ਨਾਲ ਜੋੜਨ ਲਈ ਜਾਗਰੂਕਤਾ ਮੁਹਿੰਮ ਚਲਾਉਣ ਲਈ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦੇ ਹੋਏ ਸ੍ਰੀਮਤੀ ਆਸ਼ਿਕਾ ਜੈਨ ਨੇ ਕਿਹਾ ਕਿ ਵੋਟ ਹਰੇਕ ਨਾਗਰਿਕ ਦਾ ਜਮਹੂਰੀ ਅਧਿਕਾਰ ਹੈ ਅਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਰ ਕਾਰਡ ਨੂੰ ਆਧਾਰ ਕਾਰਡ ਨਾਲ ਜੋੜਨ ਦੀ ਪ੍ਰਕਿਰਿਆ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਦਾ ਮਕਸਦ ਭਵਿੱਖ ਵਿੱਚ ਵੋਟਰਾਂ ਨੂੰ ਬੇਹਤਰ ਸਹੂਲਤਾਂ ਦੇਣਾ ਹੈ ਅਤੇ ਇਸ ਬਾਰੇ ਵੋਟਰਾਂ ਨੂੰ ਜਾਣਕਾਰੀ ਦੇਣ ਦੀ ਲੋੜ ਹੈ। ਡਿਪਟੀ ਕਮਿਸ਼ਨਰ ਨੇ ਵੋਟਰ ਕਾਰਡ ਨੂੰ ਆਧਾਰ ਕਾਰਡ ਨਾਲ ਜੋੜਨ ਦੀ ਅਹਿਮੀਅਤ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਲਈ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਏ ਜਾਣ ਦੇ ਨਿਰਦੇਸ਼ ਦਿੰਦੇ ਹੋਏ ਬੂਥ ਲੈਵਲ ਅਫ਼ਸਰ (ਬੀ.ਐਲ.ਓਜ਼) ਦੀ ਆਪੋ-ਆਪਣੇ ਖੇਤਰਾਂ ਵਿੱਚ ਮੌਜੂਦਗੀ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਡਿਪਟੀ ਕਸ਼ਿਨਰ ਨੇ ਇਹ ਕੰਮ ਨਿਰਧਾਰਤ ਸਮੇਂ ਵਿੱਚ ਨੇਪਰੇ ਚਾੜ੍ਹਨ ਲਈ ਸਥਾਨਿਕ ਕਰਮਚਾਰੀਆਂ ਦੀ ਮਦਦ ਲੈਣ ਲਈ ਵੀ ਅਧਿਕਾਰੀਆਂ ਨੂੰ ਆਖਿਆ। ਉਨ੍ਹਾਂ ਨੇ ਇਸ ਕੰਮ ਵਿੱਚ ਤਕਨਾਲੋਜੀ ਦੀ ਵਰਤੋਂ ਕਰਕੇ ਹਰ ਪੜਾਅ 'ਤੇ ਪਾਰਦਰਸ਼ਤਾ ਲਾਗੂ ਕਰਨ ਲਈ ਵੀ ਕਿਹਾ ਹੈ। ਇਸ ਤੋਂ ਪਹਿਲਾਂ ਅਧਿਕਾਰੀਆਂ ਨੇ ਦੱਸਿਆ ਕਿ ਵੋਟਰ ਕਾਰਡ ਨੂੰ ਆਧਾਰ ਕਾਰਡ ਨਾਲ ਜੋੜਨ ਵਾਸਤੇ ਬੀ.ਐਲ.ਓਜ਼ ਵੱਲੋਂ ਰੋਜ਼ਾਨਾ ਘਰ ਘਰ ਜਾ ਕੇ ਫਾਰਮ 6 ਇਕੱਠੇ ਕੀਤੇ ਜਾ ਰਹੇ ਹਨ। ਗੌਰਤਲਬ ਹੈ ਕਿ ਵੋਟਰ ਆਪ ਵੀ ਆਪਣਾ ਵੋਟਰ ਕਾਰਡ ਆਧਾਰ ਕਾਰਡ ਨਾਲ ਲਿੰਕ ਕਰਨ ਲਈ ਵੋਟਰ ਹੈਲਪਲਾਈਨ ਐਪ 'ਤੇ ਜਾ ਕੇ ਫਰਮ ਨੰ 6 ਭਰ ਸਕਦੇ ਹਨ। ਹੋਰ ਜਾਣਕਾਰੀ ਲਈ ਟੋਲ ਫ਼ੀ ਨੰਬਰ 1950 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਏ.ਡੀ.ਸੀ.(ਜਨਰਲ) ਸ੍ਰੀਮਤੀ ਅਮਨਿੰਦਰ ਕੌਰ ਬਰਾੜ, ਐਸ.ਡੀ.ਐਮ. ਮੋਹਾਲੀ ਸ੍ਰੀਮਤੀ ਸਰਬਜੀਤ ਕੌਰ, ਐਸ.ਡੀ.ਐਮ. ਡੇਰਾ ਬੱਸੀ ਹਿਮਾਂਸ਼ੂ ਗੁਪਤਾ, ਐਸ.ਡੀ.ਐਮ. ਖਰੜ ਰਵਿੰਦਰ ਸਿੰਘ, ਤਹਿਸੀਲਦਾਰ ਚੋਣਾਂ ਸੰਜੇ ਕੁਮਾਰ ਅਤੇ ਸਮੇਤ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

ਮਲਟੀਪਰਪਜ਼ ਹੈਲਥ ਇੰਪਲਾਈਜ਼ ਯੂਨੀਅਨ ਨੇ ਸਿਵਲ ਸਰਜਨ ਨੂੰ ਦੱਸੀਆਂ ਮੁਸ਼ਕਲਾਂ

ਹੁਸ਼ਿਆਰਪੁਰ, (ਬਲਵੀਰ ਸੈਣੀ)

ਸਿਹਤ ਵਿਭਾਗ ਅੰਦਰ ਕੰਮ ਕਰਦੇ ਫੀਲਡ ਸਟਾਫ ਦੇ ਮੁਲਾਜ਼ਮਾਂ ਦੀ ਜੱਥੇਬੰਦੀ ਮਲਟੀਪਰਪਜ਼ ਹੈਲਥ ਇੰਪਲਾਈਜ਼ ਯੂਨੀਅਨ, ਜ਼ਿਲ੍ਹਾ ਹੁਸ਼ਿਆਰਪੁਰ ਵਲੋਂ ਜੱਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਮਨੋਹਰ ਸਿੰਘ ਸੈਣੀ ਦੀ ਅਗਵਾਈ ਹੇਠ ਇੱਕ ਵਫਦ ਵਲੋਂ ਮੁਲਾਜ਼ਮਾਂ ਦੀਆਂ ਮੰਗਾਂ ਅਤੇ ਮੁਸ਼ਕਲਾਂ ਸਬੰਧੀ ਸਿਵਲ ਸਰਜਨ ਹੁਸ਼ਿਆਰਪੁਰ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਲਿਖਤੀ ਮੰਗ ਪੱਤਰ ਰਾਹੀਂ ਮੰਗ ਕੀਤੀ ਗਈ ਕਿ ਬੱਜਟ ਨਾ ਹੋਣ ਕਾਰਨ ਮਲਟੀਪਰਪਜ਼ ਕਾਮਿਆਂ ਨੂੰ ਦਸੰਬਰ ਅਤੇ ਜਨਵਰੀ ਮਹੀਨੇ ਦੀ ਤਨਖਾਹ ਅਜੇ ਤੱਕ ਨਹੀਂ ਮਿਲੀ ਹੈ। ਆਗੂਆਂ ਨੇ ਕਿਹਾ ਕਿ ਜਲਦ ਤੋਂ ਜਲਦ ਬੱਜਟ ਦਾ ਇੰਤਜਾਮ ਕਰਕੇ ਤਨਖਾਹ ਦੀ ਅਦਾਇਗੀ ਕੀਤੀ ਜਾਵੇ ਅਤੇ ਭਵਿੱਖ ਵਿੱਚ ਵੀ ਸਮੇਂ ਸਿਰ ਤਨਖਾਹ ਦੇਣਾ ਯਕੀਨੀ ਬਣਾਇਆ ਜਾਵੇ। ਇਸ ਸਬੰਧੀ ਸਿਵਲ ਸਰਜਨ ਨੇ ਵਫਦ ਨੂੰ ਕਿਹਾ ਕਿ ਡਾਇਰੈਕਟਰ ਦਫਤਰ ਨੂੰ ਬੱਜਟ ਸਬੰਧੀ ਲਿਖਿਆ ਗਿਆ ਹੈ ਅਤੇ 1-2 ਦਿਨਾਂ ਵਿੱਚ ਬੱਜਟ ਆ ਜਾਵੇਗਾ ਅਤੇ ਤੁਰੰਤ ਤਨਖਾਹਾਂ ਦੀ ਅਦਾਇਗੀ ਕਰ ਦਿੱਤੀ ਜਾਵੇਗੀ। ਭਵਿੱਖ ਵਿੱਚ ਵੀ ਅਜਹੀ ਨੌਬਤ ਨਹੀ ਆਉਣ ਦਿੱਤੀ ਜਾਵੇਗੀ। ਮੰਗ ਕੀਤੀ ਗਈ ਕਿ ਮਲਟੀਪਰਪਜ਼ ਕੇਡਰ ਦੀ ਬਤੌਰ ਬੀ.ਐਲ.ਓ. ਲੱਗੀ ਡਿਊਟੀ ਨੂੰ ਰੱਦ ਕੀਤਾ ਜਾਵੇ, ਜੀ.ਪੀ.ਐਫ. ਦੀਆਂ ਸਟੇਟਮੈਂਟਾਂ ਸਮੇਂ ਸਿਰ ਮੁਹੱਈਆ ਕਰਵਾਈਆਂ ਜਾਣ, ਮਲਟੀਪਰਪਜ਼ ਹੈਲਥ ਵਰਕਰਜ਼ ਮੇਲ/ ਫੀਮੇਲ ਦੇ ਰਹਿੰਦੇ 4-9-14 ਕੇਸਾਂ ਦਾ ਨਿਪਟਾਰਾ ਕੀਤਾ ਜਾਵੇ, 2018 ਵਿੱਚ ਭਰਤੀ ਹੋਏ ਮਲਟੀਪਰਪਜ਼ ਹੈਲਥ ਵਰਕਰਾਂ ਦੇ ਤਨਖਾਹ ਕਮਿਸ਼ਨ ਅਨੁਸਾਰ ਬਣਦੇ ਬਕਾਇਆਂ ਦੀ ਅਦਾਇਗੀ ਤੁਰੰਤ ਕੀਤੀ ਜਾਵੇ, ਆਈ.ਡੀ.ਐਸ.ਪੀ. ਦੇ ਕੰਮ ਨੂੰ ਮੁੱਖ ਰੱਖਦੇ ਹੋਏ ਮਲਟੀਪਰਪਜ਼ ਕੇਡਰ ਨੂੰ ਸਬ-ਸੈਂਟਰ ਲੈਬਲ ਤੇ ਟੈਬ, ਇੰਟਰਨੈਟ, ਵਾਈ-ਫਾਈ ਆਦਿ ਮਹੱਈਆ ਕਰਵਾਇਆ ਜਾਵੇ ਤਾਂ ਜੋ ਐਸ. ਰਿਪੋਰਟਿੰਗ ਦਾ ਕੰਮ ਸੁਚਾਰੂ ਢੰਗ ਨਾਲ ਆਨ-ਲਾਈਨ ਹੋ ਸਕੇ। ਸਿਵਲ ਸਰਜਨ ਵਲੋਂ ਉਪਰੋਕਤ ਮੰਗਾਂ ਸਬੰਧੀ ਸਹਿਮਤੀ ਪ੍ਰਗਟ ਕਰਦੇ ਹੋਏ ਇਹਨਾਂ ਨੂੰ ਜਲਦ ਤੋਂ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਅਤੇ ਉਹਨਾਂ ਦੱਸਿਆ ਕਿ ਇਹਨਾਂ ਮੰਗਾਂ ਸਬੰਧੀ ਉੱਚ ਅਧਿਕਾਰੀਆਂ ਨੂੰ ਵੀ ਸੂਚਿਤ ਕੀਤਾ ਜਾ ਚੁਕਾ ਹੈ। ਇਸ ਵਫਦ ਵਿੱਚ ਰਣਜੀਤ ਸਿੰਘ, ਕਰਮਜੀਤ ਸਿੰਘ, ਗੁਰਮੇਲ ਸਿੰਘ, ਲਖਵੀਰ ਚੰਦ, ਗੁਰਦੇਵ ਸਿੰਘ, ਰਜਿੰਦਰ ਪ੍ਰਸ਼ਾਦ, ਬਲਵੀਰ, ਰਜੇਸ਼ ਕੌਸ਼ਲ, ਲੈਂਬਰ ਸਿੰਘ, ਹਰਦੀਪ ਸਿੰਘ, ਪ੍ਰਵੀਨ, ਬਲਵਿੰਦਰ ਸਿੰਘ, ਕੁਲਵਿੰਦਰ ਸਿੰਘ ਆਦਿ ਆਗੂ ਵੀ ਹਾਜਰ ਸਨ।

34 ਦਿਵਿਆਂਗਜਨ ਨੂੰ ਵੰਡੇ ਗਏ ਮੁਫ਼ਤ ਸਹਾਇਕ ਉਪਕਰਨ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਸਮਾਜਿਕ ਸੁਰੱਖਿਆ ਅਤੇ ਮਹਿਲਾ ਤੇ ਬਾਲ ਵਿਕਾਸ ਵਿਭਾਗ ਪੰਜਾਬ ਅਤੇ ਸਮਾਜਿਕ ਨਿਆ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਸਾਂਝੇ ਯਤਨਾਂ ਨਾਲ ਦਿਵਿਆਂਗਜਨ ਨੂੰ ਮੁਫ਼ਤ ਸਹਾਇਕ ਉਪਕਰਨ ਵੰਡੇ ਗਏ। ਵਨ ਸਟਾਪ ਸੈਂਟਰ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਚ ਸੀ.ਡੀ.ਪੀ.ਓ ਹੁਸ਼ਿਆਰਪੁਰ-2 ਰਣਜੀਤ ਕੌਰ ਦੀ ਅਗਵਾਈ ਵਿਚ ਆਯੋਜਿਤ ਇਸ ਕੈਂਪ ਵਿਚ ਐਪਿਡ ਸਕੀਮ ਤਹਿਤ ਅਲਿਮਕੋ ਕੰਪਨੀ ਵਲੋਂ ਪਹਿਲਾਂ ਤੋਂ ਹੀ ਸ਼ਨਾਖਤ ਕੀਤੇ ਗਏ 34 ਦਿਵਿਆਂਗਜਨ ਨੂੰ ਮੁਫ਼ਤ ਸਹਾਇਕ ਉਪਕਰਨ ਦਿੱਤੇ ਗਏ, ਜਿਸ ਵਿਚ 5 ਮੋਟਰਾਈਜ਼ਡ ਟ੍ਰਾਈ ਸਾਈਕਲ, 6 ਅਡਲਟ ਟ੍ਰਾਈ ਸਾਈਕਲ, 16 ਵੀਲ੍ਹ ਚੇਅਰ, 4 ਕੰਨਾਂ ਦੀਆਂ ਮਸ਼ੀਨਾਂ, 10 ਬੈਸਾਖੀਆਂ, 1 ਸੀ.ਪੀ. ਚੇਅਰ, ਬਨਾਵਟੀ ਅੰਗ ਅਤੇ ਕੈਲੀਪਰ ਆਦਿ ਸ਼ਾਮਿਲ ਸਨ। ਕੈਂਪ ਵਿਚ ਰੀਅਲ ਵੈਲਫੇਅਰ ਕਲੱਬ ਟਾਂਡਾ ਦੇ ਪ੍ਰਧਾਨ ਪਵਨ ਪਲਟਾ ਨੇ ਕਿਹਾ ਕਿ ਰੀਅਲ ਵੈਲਫੇਅਰ ਕਲੱਬ ਟਾਂਡਾ ਭਵਿੱਖ ਵਿਚ ਵੀ ਜ਼ਰੂਰਤਮੰਦਾਂ ਦੀ ਸੇਵਾ ਲਈ ਇਸੇ ਤਰ੍ਹਾਂ ਅਸੈਸਮੈਂਟ ਕੈਂਪ ਅਤੇ ਮੁਫ਼ਤ ਉਪਕਰਨ ਵੰਡ ਕੈਂਪ ਚਲਾਉਣ ਲਈ ਯਤਨਸ਼ੀਲ ਰਹੇਗਾ। ਇਸ ਮੌਕੇ ਸਿਵਲ ਸਰਜਨ ਡਾ. ਪ੍ਰੀਤ ਮੋਹਿੰਦਰ ਸਿੰਘ, ਐਸ.ਐਮ.ਓ ਡਾ. ਮਨਮੋਹਨ ਸਿੰਘ, ਸੀ.ਡੀ.ਪੀ.ਓ. ਹੁਸ਼ਿਆਰਪੁਰ-1 ਮੰਜੂ ਬਾਲਾ, ਸਖੀ ਵਨ ਸਟਾਪ ਸੈਂਟਰ ਦਾ ਸਟਾਫ਼, ਸੁਪਰਵਾਈਜ਼ਰ ਅਰਸ਼ਦੀਪ ਕੌਰ, ਰੀਟਾ ਤੇ ਸਰਬਜੀਤ ਕੌਰ ਆਦਿ ਮੌਜੂਦ ਸਨ।

ਆਰ ਐਮ ਪੀ ਆਈ ਵੱਲੋਂ ਸਾਥੀ ਰਾਣਾ ਦੇ ਸ਼ਰਧਾਂਜਲੀ ਸਮਾਗਮ 'ਚ ਸ਼ਮੂਲੀਅਤ ਕਰਨ ਦਾ ਫੈਸਲਾ

ਹੁਸ਼ਿਆਰਪੁਰ, (ਬਲਵੀਰ ਸੈਣੀ)- ਭਾਰਤੀ ਇਨਕਲਾਬੀ ਮਾਰਕਸੀ ਪਾਰਟੀ (ਆਰ.ਐਮ.ਪੀ.ਆਈ.) ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਕਾ. ਗਿਆਨ ਸਿੰਘ ਗੁਪਤਾ, ਸਕੱਤਰ ਪ੍ਰਿੰਸੀਪਲ ਪਿਆਰਾ ਸਿੰਘ ਅਤੇ ਵਿੱਤ ਸਕੱਤਰ ਸਾਥੀ ਸੱਤਪਾਲ ਲੱਠ ਨੇ ਇੱਕ ਸਾਂਝੇ ਬਿਆਨ ਰਾਹੀਂ ਕਿਹਾ ਹੈ ਕਿ ਪੰਜਾਬ ਦੀ ਮੁਲਾਜ਼ਮ ਅਤੇ ਅਧਿਆਪਕ ਲਹਿਰ ਨੂੰ ਮੇਲ-ਮਿਲਾਪ ਦੀ ਨੀਤੀ ਤੋਂ ਲਾਹ ਕੇ ਏਕਤਾ ਅਤੇ ਸੰਘਰਸ਼ ਦੀ ਵਿਗਿਆਨਕ ਲੀਹ 'ਤੇ ਪਾਉਣ ਦੇ ਸੰਘਰਸ਼ ਵਿੱਚ ਮੋਢੀ ਭੂਮਿਕਾ ਨਿਭਾਉਣ ਵਾਲੇ ਮੁਲਾਜ਼ਮਾਂ ਦੇ ਕੌਮੀ ਪੱਧਰ ਦੇ ਸਿਰਮੌਰ ਆਗੂ ਅਤੇ ਜਮਹੂਰੀ ਲਹਿਰ ਨੂੰ ਸਹੀ ਦਿਸ਼ਾ ਵੱਲ ਤੋਰਨ ਵਾਲੀ ਟੀਮ ਦੇ ਸੰਘਰਸ਼ਸ਼ੀਲ ਯੋਧੇ ਸਾਥੀ ਤਰਲੋਚਨ ਸਿੰਘ ਰਾਣਾ ਸਦੀਵੀ ਵਿਛੋੜਾ ਦੇ ਗਏ ਹਨ। ਆਗੂਆਂ ਨੇ ਕਿਹਾ ਕਿ ਇਸ ਮਹਾਨ ਇਨਕਲਾਬੀ ਯੋਧੇ ਨੇ ਆਪਣਾ 91 ਵਰ੍ਹਿਆਂ ਦਾ ਸਮੁੱਚਾ ਜੀਵਨ ਦੇਸ਼ ਦੇ ਮਜ਼ਦੂਰਾਂ, ਮੁਲਾਜ਼ਮਾਂ ਅਤੇ ਹੋਰ ਕਿਰਤੀ ਲੋਕਾਂ ਦੀ ਬੰਦਖਲਾਸੀ ਦੇ ਲੇਖੇ ਲਗਾਇਆ ਹੈ। ਆਗੂਆਂ ਵਲੋਂ ਪਰਵਾਰ ਨਾਲ ਦੁੱਖ ਸਾਂਝਾ ਕਰਦੇ ਹੋਏ ਸਾਥੀ ਰਾਣਾ ਦੇ ਪੂਰਨਿਆਂ 'ਤੇ ਚੱਲਣ ਦਾ ਅਹਿਦ ਲਿਆ ਅਤੇ ਮਿਤੀ 12 ਫਰਵਰੀ ਨੂੰ ਕਮਿਊਨਿਟੀ ਹਾਲ, ਸੈਕਟਰ 49-ਸੀ, ਚੰਡੀਗੜ੍ਹ ਵਿਖੇ ਸਾਥੀ ਰਾਣਾ ਦੇ ਕਰਵਾਏ ਜਾ ਰਹੇ ਸ਼ਰਧਾਂਜਲੀ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਵੀ ਫੈਸਲਾ ਕੀਤਾ। ਇਸ ਮੌਕੇ ਕਾ. ਜੋਧ ਸਿੰਘ, ਡਾ. ਤਰਲੋਚਨ ਸਿੰਘ, ਸਵਰਨ ਸਿੰਘ, ਅਮਰਜੀਤ ਸਿੰਘ ਕਾਨੂੰਗੋ, ਕੁਲਤਾਰ ਸਿੰਘ ਕੁਲਤਾਰ, ਮਨਜੀਤ ਸਿੰਘ ਸੈਣੀ, ਕੁਲਭੂਸ਼ਣ ਕੁਮਾਰ, ਦਵਿੰਦਰ ਸਿੰਘ ਕੱਕੋਂ, ਹਰਜਾਪ ਸਿੰਘ, ਰਾਮਜੀਦਾਸ ਚੌਹਾਨ, ਕਾ.ਗੰਗਾ ਪ੍ਰਸ਼ਾਦ, ਕੇਸਰ ਸਿੰਘ ਬੰਸੀਆ, ਬਲਵੰਤ ਰਾਮ, ਮਲਕੀਤ ਸਿੰਘ ਸਲੇਮਪੁਰ, ਤਰਸੇਮ ਲਾਲ, ਧਰਮਿੰਦਰ ਸਿੰਘ, ਦੀਪਕ ਠਾਕੁਰ, ਸ਼ਿਵ ਕੁਮਾਰ, ਭੈਣ ਬਿਮਲਾ ਰਾਣੀ, ਮਲਕੀਤ ਬਾਹੋਵਾਲ, ਗੁਰਚਰਨ ਸਿੰਘ, ਗੁਰਦੇਵ ਦੱਤ, ਪਿਆਰਾ ਸਿੰਘ ਪਰਖ ਆਦਿ ਹਾਜਰ ਸਨ।

ਰਾਹੁਲ ਨੇ ਜੇ ਈ ਮੇਨ ਦੀ ਪ੍ਰੀਖਿਆ 'ਚ ਹਾਸਲ ਕੀਤੇ 99 ਫੀਸਦੀ ਅੰਕ

ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)

ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਸ੍ਰੀ ਚਮਕੌਰ ਸਾਹਿਬ ਦੇ ਬਾਰ੍ਹਵੀਂ ਜਮਾਤ ਦੇ ਨਾਨ-ਮੈਡੀਕਲ ਗਰੁੱਪ ਦੇ ਵਿਦਿਆਰਥੀ ਰਾਹੁਲ ਸਪੁੱਤਰ ਸਤੀਸ਼ ਕੁਮਾਰ ਵਾਸੀ ਸ੍ਰੀ ਚਮਕੌਰ ਸਾਹਿਬ ਨੇ ਆਲ ਇੰਡੀਆ ਪੱਧਰ ਤੇ ਕਰਵਾਈ ਗਈ ਜੇ ਈ ਮੇਨ ਦੀ ਪ੍ਰੀਖਿਆ 2023 ਵਿੱਚ 99.168 ਅੰਕ ਹਾਸਲ ਕੀਤੇ। ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਨੁਰਾਧਾ ਧੀਮਾਨ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਸਾਡੇ ਲਈ ਇਹ ਬੜੇ ਮਾਣ ਵਾਲੀ ਗੱਲ ਹੈ ਕਿ ਸਾਡੇ ਸਕੂਲ ਦੇ ਵਿਦਿਆਰਥੀ ਰਾਹੁਲ ਨੇ ਜੇ ਈ ਮੇਨ ਦੀ ਪ੍ਰੀਖਿਆ ਵਿੱਚ ਏਨੇ ਵਧੀਆ ਅੰਕ ਹਾਸਲ ਕੀਤੇ ਹਨ। ਉਨ੍ਹਾਂ ਹੋਰਨਾਂ ਵਿਦਿਆਰਥੀਆਂ ਨੂੰ ਵੀ ਰਾਹੁਲ ਦੀ ਤਰ੍ਹਾਂ ਮਿਹਨਤ ਕਰਨ ਤੇ ਉਚੀਆਂ ਮੰਜਲਾਂ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ। ਸਕੂਲ ਦੇ ਪ੍ਰਧਾਨ ਗੁਰਦੇਵ ਸਿੰਘ ਅਟਵਾਲ, ਮਨੇਜਿੰਗ ਡਾਇਰੈਕਟਰ ਮੈਡਮ ਸ਼ਿੰਦਰਪਾਲ ਕੌਰ ਅਟਵਾਲ, ਪ੍ਰਬੰਧਕ ਸੁਰਜੀਤ ਸਿੰਘ, ਮੈਨੇਜਰ ਮੈਡਮ ਪ੍ਰੀਤਪਾਲ ਕੌਰ ਅਟਵਾਲ ਅਤੇ ਸਮੁੱਚੇ ਸਟਾਫ ਨੇ ਰਾਹੁਲ ਅਤੇ ਉਸ ਦੇ ਮਾਪਿਆਂ ਨੂੰ ਵਧਾਈ ਦਿੱਤੀ।

ਮੈਕਾਲੇ, ਨਵੀਂ ਵਿੱਦਿਅਕ ਨੀਤੀ 2020 ਤੇ ਜਮਹੂਰੀ ਹੱਕ... (ਸਫਾ 4 ਦੀ ਬਾਕੀ)

ਜਿਹੜੇ ਕਿ ਅਸੀਂ ਉਸ ਸਰਕਾਰ ਦੀ ਸਹਾਇਤਾ ਬਿਨ੍ਹਾਂ ਹਾਸਲ ਨਹੀਂ ਕਰ ਸਕਦੇ, ਜੀਹਦੇ ਸਿਰ 'ਤੇ ਅਸੀਂ ਬਚਪਣ ਤੋਂ ਲੈ ਕੇ ਪੜ੍ਹਣ-ਲਿਖਣ ਸਿੱਖਦੇ ਆਏ ਹਾਂ ਅਤੇ ਉਹਦੀਆਂ ਦਿੱਤੀਆਂ ਰੋਟੀਆਂ 'ਤੇ ਪਲਦੇ ਆਏ ਹਾਂ।' ਅੱਗੇ ਉਹ ਕਹਿੰਦੇ ਹਨ ਕਿ ਉਹਨਾਂ ਨੂੰ ਰੱਤੀ-ਭਰ ਵੀ ਸ਼ੱਕ ਨਹੀਂ ਕਿ ਜਿਹੜੀ ਸਰਕਾਰ ਨੇ ਉਹਨਾਂ ਨੂੰ ਵਿੱਦਿਆ ਪ੍ਰਦਾਨ ਕਰਨ ਵੇਲੇ ਐਨੀ ਖੁੱਲ੍ਹਦਿਲੀ ਨਾਲ ਖਰਚੇ ਦਿੱਤੇ ਸਨ, ਉਹ ਕਿਵੇਂ ਸਾਨੂੰ ਅੱਧਵਾਟੇ ਛੱਡ ਸਕਦੀ ਹੈ। ਮੈਨੂੰ ਇਹਦੇ 'ਚ ਰੱਤੀ ਭਰ ਵੀ ਸ਼ੱਕ ਨਹੀਂ ਕਿ ਉਹ ਵਿਦਿਆਰਥੀ ਗਲਤ ਹਨ। ਉਹਨਾਂ ਆਪਣੀ ਜ਼ਿੰਦਗੀ ਦੇ ਬੇਹਤਰੀਨ ਸਾਲ ਉਹ ਕੁਝ ਸਿੱਖਣ 'ਤੇ ਲਾਏ ਹਨ, ਜਿਹੜਾ ਕਿ ਉਹਨਾਂ ਨੂੰ ਇੱਜ਼ਤ-ਮਾਣ ਵਾਲੀ ਰੋਜੀ-ਰੋਟੀ ਵੀ ਨਹੀਂ ਦੇ ਸਕਦਾ।

ਇਓਂ ਕਰਕੇ ਉਸ ਨੇ ਇੱਥੋਂ ਦੇ ਪੁਰਾਤਨ ਸਿੱਖਿਆ ਪ੍ਰਬੰਧ 'ਤੇ ਹੀ ਸੁਆਲੀਆ ਨਿਸ਼ਾਨ ਲਾ ਦਿੱਤਾ ਸੀ ਅਤੇ ਇਸ ਨੂੰ ਪੂਰਨ ਰੂਪ 'ਚ ਨਕਾਰ ਦਿੱਤਾ ਸੀ। ਉਸ ਦਾ ਕਹਿਣਾ ਸੀ ਕਿ ਇਸ ਢਾਂਚੇ ਨੂੰ ਮੂਲੋਂ ਹੀ ਬਦਲ ਦੇਣਾ ਚਾਹੀਦਾ ਹੈ। ਇੱਥੇ ਇਹ ਵੀ ਧਿਆਨ 'ਚ ਰਹਿਣਾ ਚਾਹੀਦਾ ਹੈ ਕਿ ਮੈਕਾਲੇ ਇੱਕ ਵਿਅਕਤੀ ਦਾ ਨਾਂਅ ਹੈ, ਜਿਹੜਾ ਬਰਤਾਨਵੀ ਸਾਮਰਾਜੀ ਹੁਕਮਰਾਨ ਜਮਾਤ ਦੀ ਨੁਮਾਇੰਦਗੀ ਕਰਦਾ ਸੀ, ਉਹਦੀ ਥਾਂ 'ਤੇ ਕੋਈ ਰਾਬਰਟ, ਕੋਈ ਵਿਲੀਅਮ ਆਦਿ ਵੀ ਹੋ ਸਕਦਾ ਸੀ। ਗੱਲ ਇਹ ਹੈ ਕਿ ਸਾਮਰਾਜੀ ਹਾਕਮਾਂ ਨੇ ਆਪਣੇ ਸੂਤ ਬਹਿੰਦੀਆਂ ਨੀਤੀਆਂ ਨੂੰ ਲਿਆਂਦਾ, ਚਾਹੇ ਇਹ ਗੱਲਾਂ ਕਿਸੇ ਵੀ ਵਿਅਕਤੀ ਦੇ ਮੂੰਹੋਂ ਕਹਾਈਆਂ। ਇਹਦੇ 'ਚ ਕੋਈ ਵੀ ਅਲੋਕਾਰ ਵਾਲੀ ਗੱਲ ਨਹੀਂ ਹੈ ਪਰ ਸਮਝਣ ਵਾਲੀ ਗੱਲ ਇਹ ਹੈ ਕਿ ਜਿਸ ਢੰਗ ਨਾਲ ਉਸਨੇ ਇੱਥੋਂ ਦੀ ਸੂਝ-ਬੂਝ ਨੂੰ ਨਕਾਰਿਆ ਅਤੇ ਸਥਾਨਕ ਜ਼ੁਬਾਨ ਦੀ ਥਾਂ 'ਤੇ ਅੰਗਰੇਜੀ ਦੀ ਵਕਾਲਤ ਕੀਤੀ ਉਹ ਸਮਝ ਸਾਡੀ ਵਿਦਿਅਕ ਪ੍ਰਣਾਲੀ ਨੂੰ ਕਿੱਧਰ ਨੂੰ ਲੈ ਗਈ।

ਮੈਕਾਲੇ ਦੇ ਦਿਖਾਏ ਪਦ-ਚਿੰਨ੍ਹਾਂ 'ਤੇ ਚੱਲਦਿਆਂ ਮੌਜੂਦਾ ਹੁਕਮਰਾਨਾਂ ਨੇ ਵੀ ਜੋ ਨਵੀਂ ਵਿੱਦਿਅਕ ਨੀਤੀ ਲਿਆਂਦੀ ਹੈ, ਜਿਹੜੀ ਨਿੱਜੀਕਰਨ ਨੂੰ ਉਤਸ਼ਾਹਤ ਕਰਦੀ ਹੈ ਅਤੇ ਜਿਹੜੇ ਵਰਗ ਇਸ ਮਹਿੰਗੀ ਵਿੱਦਿਆ ਨੂੰ ਖਰੀਦ ਸਕਣ ਤੋਂ ਹੀਣੇ ਹਨ, ਉਹ ਇਸ ਵਿੱਦਿਆ ਤੋਂ ਬਾਹਰ ਧੱਕ ਦਿੱਤੇ ਜਾਣਗੇ, ਜਿਸ ਨਾਲ ਉਹ ਆਪਣੀਆਂ ਜ਼ਿੰਦਗੀਆਂ ਨੂੰ ਸੁਧਾਰ ਨਹੀਂ ਸਕਣਗੇ ਅਤੇ ਨਰਕੀ ਜੂਨ ਭੁਗਤਣ ਲਈ ਮਜਬੂਰ ਹੋਣਗੇ। ਜਿਵੇਂ ਇਸ ਨੀਤੀ ਤਹਿਤ ਨਿੱਜੀ ਖੇਤਰ ਦੇ ਨਿਵੇਸ਼ ਨੂੰ ਉਤਸ਼ਾਹਤ ਕੀਤਾ ਗਿਆ ਹੈ ਉਹ ਇਸੇ ਪਾਸੇ ਵੱਲ ਨੂੰ ਹੀ ਲੈ ਜਾਵੇਗਾ। ਸਰਕਾਰੀ ਸਕੂਲਾਂ ਦੀ ਨਿੱਜੀ ਸਕੂਲਾਂ ਨਾਲ ਜੋਟੀਆਂ ਬਣਾਉਣ ਵਾਲੀ ਮੱਦ ਇਹੀ ਤਾਂ ਦਰਸਾਉਂਦੀ ਹੈ ਕਿ ਇਨਫਰਾਸਟਰਕਚਰ ਤਾਂ ਸਰਕਾਰੀ ਹੋਵੇ ਪਰ ਫੀਸ ਨਿੱਜੀ ਹੱਥਾਂ 'ਚ ਜਾਵੇ। ਸਮਾਜ ਦੇ ਕਮਜੋਰ ਵਰਗਾਂ ਦੇ ਜੀਵਨ ਪੱਧਰ ਨੂੰ ਉੱਚਾ ਉਠਾਉਣ ਲਈ ਸੰਵਿਧਾਨ ਅੰਦਰ ਇਹ ਦਰਜ ਕੀਤਾ ਗਿਆ ਸੀ ਕਿ ਇਹਨਾਂ ਵਰਗਾਂ ਦੇ ਬੱਚਿਆਂ ਨੂੰ ਵਜ਼ੀਫੇ, ਪੜ੍ਹਣ ਲਈ ਵਿੱਤੀ ਸਹਾਇਤਾ ਅਤੇ ਹੋਰ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ, ਪਰ ਇਹ ਨੀਤੀ ਸੰਵਿਧਾਨ 'ਚ ਦਰਜ ਇਹਨਾਂ ਰਿਆਇਤਾਂ ਨੂੰ ਹੀ ਖੋਹਣਾ ਚਾਹੁੰਦੀ ਹੈ ਅਤੇ ਵਿੱਦਿਆ ਨੂੰ ਨਿੱਜੀ ਹੱਥਾਂ ਦੀ ਖੇਡ ਬਣਾਉਣ ਜਾ ਰਹੀ ਹੈ।

ਇੱਥੇ ਇਹ ਚੇਤੇ ਕਰਨਾ ਜ਼ਰੂਰੀ ਹੈ ਕਿ ਆਜ਼ਾਦੀ ਦੀ ਲੜਾਈ ਦੌਰਾਨ ਲੋਕਾਂ ਅੰਦਰ ਆਜ਼ਾਦੀ ਘੁਲਾਟੀਆਂ ਵੱਲੋਂ ਜਿਹਨਾਂ ਕਦਰਾਂ-ਕੀਮਤਾਂ ਦਾ ਸੰਚਾਰ ਕੀਤਾ ਗਿਆ ਸੀ, ਉਹਨਾਂ ਨੂੰ ਲੋਕਾਂ ਦੇ ਏਕੇ ਮੂਹਰੇ ਲਾਗੂ ਕਰਨਾ ਅਤੇ ਕੌਮਾਂਤਰੀ ਹਾਲਤਾਂ ਦੇ ਮੱਦੇਨਜ਼ਰ ਭਾਰਤ ਦੇ ਸੰਵਿਧਾਨ ਘਾੜਿਆਂ ਨੂੰ ਲੋਕ-ਪੱਖੀ ਦਿੱਖ ਵਾਲਾ ਸੰਵਿਧਾਨ ਘੜਣ ਲਈ ਮਜਬੂਰ ਹੋਣਾ ਪਿਆ ਸੀ। ਇਹ ਲੋਕਾਂ ਦੀ ਜਮਹੂਰੀ ਚੇਤਨਾ ਹੀ ਸੀ ਕਿ ਸੰਵਿਧਾਨ 'ਚ ਹਰੇਕ ਨੂੰ ਬਰਾਬਰੀ, ਪੜ੍ਹਣ ਦੇ ਬਰਾਬਰ ਮੌਕੇ ਦੇਣ ਦੀਆਂ ਮੱਦਾਂ ਦਰਜ ਕਰਨੀਆਂ ਪਈਆਂ, ਪਰ ਇਹ ਨੀਤੀ ਯੂਨੀਵਰਸਿਟੀਆਂ/ਕਾਲਜਾਂ ਅੰਦਰ ਵਿਦਿਆਰਥੀਆਂ ਦੀਆਂ ਯੂਨੀਅਨਾਂ ਬਣਾਉਣ ਅਤੇ ਹਰ ਪੱਧਰ 'ਤੇ ਹੀ ਅਧਿਆਪਕਾਂ ਦੀਆਂ ਆਪਣੇ ਮਸਲਿਆਂ ਦੇ ਹੱਲ ਲਈ ਜਥੇਬੰਦੀਆਂ ਬਣਾਉਣ ਦੇ ਸੰਵਿਧਾਨ ਅੰਦਰ ਦਰਜ ਜਥੇਬੰਦ ਹੋਣ ਦੇ ਜਮਹੂਰੀ ਹੱਕ 'ਤੇ ਛਾਪਾ ਮਾਰ ਰਹੀ ਹੈ।

ਬਸਤੀਵਾਦੀ ਹਾਕਮਾਂ ਦੇ ਪਦ-ਚਿੰਨ੍ਹਾਂ 'ਤੇ ਚੱਲਦਿਆਂ ਇਹ ਨੀਤੀ ਕੇਂਦਰੀਕਰਨ ਤੇ ਸਮਰੂਪੀਕਰਨ ਨੂੰ ਬੜ੍ਹਾਵਾ ਦਿੰਦੀ ਹੈ। ਧਰਮ, ਜਾਤ ਲਿੰਗ ਆਦਿ ਨੂੰ ਦਰਕਿਨਾਰ ਕਰਦਿਆਂ ਆਜ਼ਾਦੀ ਦੀ ਲੜਾਈ 'ਚ ਭਾਰਤ ਦੇ ਸਾਰੇ ਲੋਕਾਂ ਨੇ ਮੋਢੇ ਨਾਲ ਮੋਢਾ ਡਾਹ ਕੇ ਆਪਣਾ ਯੋਗਦਾਨ ਪਾਇਆ ਸੀ ਅਤੇ ਇਸੇ ਲੜਾਈ 'ਚੋਂ ਹੀ ਸਮਾਜਵਾਦ ਅਤੇ ਧਰਮ ਨਿਰਪੱਖਤਾ ਵਰਗੇ ਦੋ ਲਕਬ ਹੋਂਦ 'ਚ ਆਏ ਹਨ, ਜੋ ਕਿ ਆਜ਼ਾਦੀ ਦੇ ਉਸ ਮਹਾਨ ਯੁੱਧ ਦੀ ਰੂਹ ਹਨ ਅਤੇ ਸਾਡੀ ਵਿਰਾਸਤ ਹਨ, ਪਰ ਇਹ ਨੀਤੀ ਇਸ ਰੂਹ ਨੂੰ ਹੀ ਸਰੀਰ 'ਚੋਂ ਮਨਫੀ ਕਰਕੇ ਸਰੀਰ ਨੂੰ ਧਰਮ ਆਧਾਰਤ ਤੇ ਗੈਰ-ਬਰਾਬਰੀਅਤ ਵਾਲਾ ਸਮਾਜ ਸਿਰਜਣ ਲਈ ਕਾਹਲੀ ਹੈ। ਕਿਉਂਕਿ ਦੋ-ਪਰਤੀ ਵਿੱਦਿਅਕ ਢਾਂਚੇ ਨੂੰ ਉਤਸਾਹਤ ਕਰਨ ਰਾਹੀਂ ਇਹ ਪਾਲਿਸੀ ਸੰਵਿਧਾਨ ਦੇ ਬਰਾਬਰੀ ਦੇ ਅਧਿਕਾਰ ਨੂੰ ਉਲੰਘਦੀ ਹੈ। ਜਿਹੜੇ ਵਿਦਿਆਰਥੀ ਸਾਧਨ ਵਿਹੂਣੇ ਸਕੂਲਾਂ ਤੋਂ ਵਿੱਦਿਆ ਪ੍ਰਾਪਤ ਕਰਨਗੇ ਉਹ ਉਹਨਾਂ ਵਿਦਿਆਰਥੀਆਂ ਨਾਲੋਂ ਪੱਛੜੇ ਹੋਣਗੇ ਜੋ ਸਾਧਨ ਸੰਪੰਨ ਸਕੂਲਾਂ 'ਚ ਪੜ੍ਹੇ ਹਨ। ਇਓਂ ਇਹ ਗੈਰ ਬਰਾਬਰੀ ਵਾਲੇ ਢਾਂਚੇ ਨੂੰ ਉਤਸਾਹਤ ਕਰੇਗੀ।

ਆਪਣੇ ਰਾਜ ਨੂੰ ਬਰਕਰਾਰ ਰੱਖਣ ਲਈ ਬਰਤਾਨਵੀ ਬਸਤੀਵਾਦੀਆਂ ਨੇ ਭਾਰਤ ਦੇ ਪ੍ਰਾਚੀਨ ਇਤਿਹਾਸ ਨੂੰ 'ਪ੍ਰਾਚੀਨ ਸੁਨਹਿਰੀ ਯੁੱਗ' ਕਹਿ ਕੇ ਵਡਿਆਇਆ ਸੀ ਅਤੇ ਗੈਰ-ਮਾਨਵੀ ਕਦਰਾਂ-ਕੀਮਤਾਂ ਨਾਲ ਪਰੁੰਨੇ ਪਏ ਮਨੂੰ ਸਮ੍ਰਿਤੀ ਵਰਗੇ ਉਸ ਸਮੇਂ ਦੇ ਸਾਰੇ ਗਰੰਥਾਂ 'ਚ ਭਰੇ ਪਏ ਮਿਥਿਹਾਸਕ ਹਵਾਲਿਆਂ ਨੂੰ ਇਤਿਹਾਸਕ ਸੱਚ ਹੋਣ ਵਜੋਂ ਪ੍ਰਚਾਰਿਆ ਸੀ, ਪਰ ਬਾਅਦ ਦੇ ਅਰਸੇ 'ਚ ਹੋਈ ਖੋਜ ਨੇ ਉਹਨਾਂ 'ਤੱਥਾਂ-ਹਕੀਕਤਾਂ' ਨੂੰ ਪੂਰੀ ਤਰ੍ਹਾਂ ਨਾਲ ਨਕਾਰ ਦਿੱਤਾ ਸੀ ਅਤੇ ਨਾਲ ਹੀ ਉਸ '...ਯੁੱਗ' ਦੇ ਪ੍ਰਚੱਲਤ ਜਾਤਪਾਤੀ ਤੁਅੱਸਬਾਂ ਨਾਲ ਗ੍ਰਸਤ ਵਿਚਾਰਾਂ, ਔਰਤਾਂ ਪ੍ਰਤੀ ਤ੍ਰਿਸਕਾਰ ਦੀ ਭਾਵਨਾ ਨਾਲ ਭਰਪੂਰ ਹੋਣ ਵਾਲੇ ਭੇਦਭਾਵ ਵਾਲੇ ਵਿਚਾਰਾਂ ਨੂੰ ਨਕਾਰ ਦਿੱਤਾ ਗਿਆ ਸੀ ਅਤੇ ਇਹਨਾਂ ਨੂੰ ਵਿਗਿਆਨਕ ਵਿਚਾਰਧਾਰਾ ਦੀ ਸਾਨ੍ਹ 'ਤੇ ਚਾੜ੍ਹ ਕੇ ਇਹਨਾਂ ਦੀ ਨਕਾਰਾਤਮਕਤਾ ਸਿੱਧ ਕੀਤੀ ਜਾ ਚੁੱਕੀ ਹੈ, ਪਰ ਇਹ ਪਾਲਿਸੀ ਉਹਨਾਂ ਹੀ ਜਾਤਪਾਤੀ ਤੁਅੱਸਬਾਂ ਤੇ ਔਰਤਾ ਪ੍ਰਤੀ ਦਵੈਤ ਪੂਰਨ ਰਵੱਈਏ ਵਾਲੇ ਵਿਚਾਰਾਂ ਵਾਲੇ ਯੁੱਗ ਦਾ ਗੁਣਗਾਣ ਕਰਨ ਵਾਲੇ ਵਿਚਾਰਾਂ ਨੂੰ ਸਿਲੇਬਸ ਅੰਦਰ ਜਗ੍ਹਾ ਦਿੰਦੀ ਹੈ ਅਤੇ ਮਨੂੰ ਸਮ੍ਰਿਤੀ ਵਰਗੇ ਗ੍ਰੰਥਾਂ ਨੂੰ ਸੰਵਿਧਾਨ ਦਾ ਦਰਜਾ ਦਿਵਾਉਣਾ ਲੋਚਦੀ ਹੈ । ਉਹਨਾਂ ਸਮਿਆਂ ਦੌਰਾਨ ਹੀ ਇਹਨਾਂ ਬ੍ਰਾਹਮਣੀ ਮੱਤਾਂ ਦਾ ਮੱਤਖੰਡਨ ਕਰਦੇ ਭਗਵਾਨ ਮਹਾਂਵੀਰ, ਗੌਤਮ ਬੁੱਧ ਦੇ ਵਿਚਾਰਾਂ, ਸੂਫੀ-ਭਗਤੀ-ਇਸਲਾਮੀ ਤੇ ਸਿੱਖ ਰਵਾਇਤਾਂ ਨੂੰ ਸਿਲੇਬਸ ਤੋਂ ਬਾਹਰ ਧੱਕਕੇ ਬ੍ਰਾਹਮਣੀ ਰਵਾਇਤਾਂ ਨੂੰ ਸਥਾਪਤ ਕਰਨ ਲਈ ਅਹੁਲਦੀ ਹੈ ਜਿਹੜਾ ਕਿ ਭਾਰਤ ਦੇ ਮੌਜੂਦਾ ਹਾਕਮਾਂ ਦਾ ਅਜੰਡਾ ਹੈ।

ਇਹ ਵਿਗਿਆਨਕ ਸੱਚਾਈ ਹੈ ਕਿ ਵਿਦਿਆਰਥੀ ਆਪਣੀ ਮਾਂ-ਬੋਲੀ ਦੇ ਮਾਧਿਅਮ ਰਾਹੀਂ ਵਧੇਰੇ ਸਹਿਲਤਾ ਅਤੇ ਤੇਜ਼ੀ ਨਾਲ ਵਿੱਦਿਆ ਗ੍ਰਹਿਣ ਕਰਦਾ ਹੈ, ਪਰ ਆਪਣੇ ਬਰਤਾਨਵੀ ਹੁਕਮਰਾਨਾਂ ਦੀ ਤਰਜ਼ 'ਤੇ ਅੰਗਰੇਜ਼ੀ ਜ਼ੁਬਾਨ ਨੂੰ ਉਤਸ਼ਾਹਤ ਕਰਨ ਲਈ ਇਸ ਪਾਲਿਸੀ ਰਾਹੀਂ ਮਾਂ-ਬੋਲੀ (ਮਾਦਰੀ ਜ਼ੁਬਾਨ) ਰਾਹੀਂ ਵਿੱਦਿਆ ਪ੍ਰਦਾਨ ਕਰਨ ਦੇ ਕਾਰਜ ਨੂੰ ਪੰਜਵੀਂ ਜਮਾਤ ਤੱਕ ਹੀ ਸੁੰਗੇੜ ਦਿੱਤਾ ਗਿਆ ਹੈ ਅਤੇ ਨਾਲ ਹੀ ਪਹਿਲੇ ਕਾਨੂੰਨਾਂ ਵਾਂਗ ਇਸ ਕਾਨੂੰਨ ਵਿੱਚ ਵੀ ਇਹ ਮੱਦ ਦਰਜ ਕੀਤੀ ਗਈ ਹੈ ਕਿ 'ਜਿੱਥੇ ਕਿਤੇ ਵੀ ਸੰਭਵ ਨਾ ਹੋਵੇ,' ਜੀਹਦਾ ਅਰਥ ਇਹ ਹੈ ਕਿ ਅਗਰ ਕਿਸੇ ਸਕੂਲ 'ਚ ਕਿਸੇ ਖਾਸ ਮਾਂ-ਬੋਲੀ ਨੂੰ ਬੋਲਣ ਵਾਲੇ ਵਿਦਿਆਰਥੀ ਤਾਂ ਮੌਜੂਦ ਹਨ, ਪਰ ਜਾਂ ਤਾਂ ਉਸ ਸਕੂਲ 'ਚ ਉਸ ਜ਼ੁਬਾਨ ਦਾ ਮਾਹਰ ਕੋਈ ਅਧਿਆਪਕ ਹੈਨੀ ਜਾਂ ਫਿਰ ਨੇੜੇ-ਤੇੜੇ ਉਸ ਮਾਦਰੀ ਜ਼ੁਬਾਨ ਵਾਲਾ ਕੋਈ ਸਕੂਲ ਹੀ ਮੌਜੂਦ ਨਹੀਂ ਤਾਂ ਉਸ ਵਿਦਿਆਰਥੀ/ਵਿਦਿਆਰਥੀ ਸਮੂਹ ਨੂੰ ਉਸ ਸਕੂਲ 'ਚ ਮੌਜੂਦ ਸਹੂਲਤਾਂ ਅਨੁਸਾਰ ਹੀ ਆਪਣੀ ਪੜ੍ਹਾਈ ਜਾਰੀ ਰੱਖਣੀ ਪਊ, ਯਾਨੀ ਕਿ ਇਉਂ ਦੇਖਿਆਂ ਪੰਜਵੀਂ ਜਮਾਤ ਤੱਕ ਦੀ ਵਿੱਦਿਆ ਪ੍ਰਦਾਨ ਕਰਨ ਦੀ ਗੱਲ ਵੀ ਕਾਗਜ਼ੀ ਹੀ ਬਣ ਕੇ ਰਹਿ ਜਾਂਦੀ ਹੈ ਅਤੇ ਵਿਦਿਆਰਥੀ ਦੇ ਕੁਦਰਤੀ ਰੂਪ 'ਚ ਹੋਣ ਵਾਲੇ ਮਾਨਸਕ ਤੇ ਚੇਤਨਾ ਦੇ ਵਿਕਾਸ ਨੂੰ ਬੰਨ੍ਹ ਵੱਜਦਾ ਹੈ। ਉਹ ਵਿਦਿਆਰਥੀ ਸਰਟੀਫਿਕੇਟ ਤਾਂ ਭਾਵੇਂ ਹਾਸਲ ਕਰ ਲੈਣ, ਪਰ ਉਹਨਾਂ ਦੀ ਵਿਸ਼ੇ 'ਤੇ ਪਕੜ, ਗਹਿਰਾਈ ਨਾਲ ਉਹਦੇ 'ਤੇ ਮੁਹਾਰਤ ਪੱਖੋਂ ਉਹ ਊਣੇ ਹੀ ਰਹਿ ਜਾਣਗੇ।

ਜਿਹੋ ਜਿਹਾ ਇਸ ਪਾਲਿਸੀ ਦਾ ਮਸੌਦਾ ਹੈ, ਉਸ ਮੁਤਾਬਕ ਵਿਦਿਆਰਥੀਆਂ ਲਈ ਗੁਣਵੱਤਾ ਵਾਲੀ ਵਿੱਦਿਆ ਪ੍ਰਾਪਤੀ ਕਰਨਾ ਸੰਭਵ ਨਹੀਂ ਹੈ। ਨਤੀਜਤਨ ਰਸਮੀ ਵਿੱਦਿਆ ਤੋਂ ਹੀਣੇ ਉਹ ਵਿਦਿਆਰਥੀ ਇਸ ਲੋਟੂ ਢਾਂਚੇ ਦੇ ਪੁਰਜ਼ੇ ਹੀ ਬਣਨਗੇ ਅਤੇ ਮਿਆਰੀ ਵਿੱਦਿਆ ਹਾਸਲ ਨਾ ਹੋਣ ਕਾਰਨ ਉਹ ਬੇਰੁਜ਼ਗਾਰਾਂ ਦੀ ਕਤਾਰ 'ਚ ਹੀ ਵਾਧਾ ਕਰਨਗੇ ਜਾਂ ਫਿਰ ਸਮਾਜ ਅੰਦਰ ਕੋਈ ਮਾਣਯੋਗ ਕਿੱਤਾ ਹਾਸਲ ਕਰਨ 'ਚ ਨਾਕਾਮ ਰਹਿਣ ਤੋਂ ਬਾਅਦ ਧੱਕੇ-ਧੋੜੇ ਖਾਂਦੇ ਪਛੜੇ ਵਰਗਾਂ ਨਾਲ ਸੰਬੰਧਤ ਵਿਦਿਆਰਥੀਆਂ ਨੂੰ ਮੁੜ ਤੋਂ ਆਪਣੇ ਪਿਤਾਪੁਰਖੀ ਕਿੱਤਿਆਂ ਵੱਲ ਧੱਕੇਗੀ, ਜਿਸ ਨਾਲ ਜਾਤਪਾਤੀ ਵਿਵਸਥਾ ਦੇ ਖਾਤਮੇ ਦੀ ਬਜਾਏ ਇਹ ਨੀਤੀ ਇਸ ਨਾਪਾਕ ਢਾਂਚੇ ਨੂੰ ਮਜ਼ਬੂਤ ਕਰੇਗੀ, ਕਿਉਂਕਿ ਅਜਿਹੇ ਪਿਤਾ-ਪੁਰਖੀ ਕਿੱਤਿਆਂ ਨਾਲ ਬੱਝੇ ਉਹ ਵਿਦਿਆਰਥੀ ਸਮਾਜ ਦੀ ਮੁੱਖ ਧਾਰਾ ਨਾਲ ਨਾ ਮਿਲ ਕੇ ਸਮਾਜ ਦੇ ਹੋਰਨਾਂ ਵਰਗਾਂ ਤੋਂ ਆਪਣੀ ਵੱਖਰੀ ਪਹਿਚਾਣ ਹੀ ਬਣਾਈ ਰੱਖਣਗੇ ਅਤੇ ਜਾਤਪਾਤੀ ਵਿਵਸਥਾ ਦੇ ਉਸੇ ਹੀ ਗਧੀਗੇੜ 'ਚ ਪਿਸਦੇ ਚਲੇ ਰਹਿਣਗੇ। ਇਉਂ ਜਾਤਪਾਤੀ ਵਿਤਕਰੇਬਾਜ਼ੀ ਵਧੇਗੀ ਅਤੇ ਸਮਾਜ ਜਾਤਾਂ 'ਚ ਵੰਡਿਆ ਰਹੇਗਾ। **# ਸੰਪਰਕ : 9417079720** (ਚਲਦਾ)

ਲਾਇਲਪੁਰ ਖਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਗੁਰਪਿੰਦਰ ਸਿੰਘ ਸਮਰਾ ਹੋਏ ਸੇਵਾ-ਮੁਕਤ

ਜਲੰਧਰ (ਸ਼ੈਲੀ ਐਲਬਰਟ, ਸੌਰਭ ਖੰਨਾ)

ਲਾਇਲਪੁਰ ਖਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਗੁਰਪਿੰਦਰ ਸਿੰਘ ਸਮਰਾ ਲਾਇਲਪੁਰ ਖਾਲਸਾ ਕਾਲਜ ਵਿਖੇ ਬਤੌਰ ਪ੍ਰਿੰਸੀਪਲ 10 ਸਾਲ ਅਤੇ ਬਤੌਰ ਅਧਿਆਪਕ 25 ਸਾਲ ਆਪਣੀਆਂ ਸੇਵਾਵਾਂ ਦੇਣ ਉਪਰੰਤ ਅਹੁਦੇ ਤੋਂ ਸੇਵਾ ਮੁਕਤ ਹੋਏ। ਕਾਲਜ ਵਿਖੇ ਰੱਖੇ ਗਏ ਸਮਾਗਮ ਵਿਚ ਉਨ੍ਹਾਂ ਨੂੰ ਰਸਮੀ ਤੌਰ 'ਤੇ ਵਿਦਾਇਗੀ ਦਿੱਤੀ ਗਈ। ਸਮਾਗਮ ਵਿਚ ਬਲਬੀਰ ਕੌਰ, ਪ੍ਰਧਾਨ ਗਵਰਨਿੰਗ ਕੌਂਸਲ, ਜਸਪਾਲ ਸਿੰਘ ਵੜੈਚ, ਸੰਯੁਕਤ ਸਕੱਤਰ, ਜਗਦੀਪ ਸਿੰਘ ਸ਼ੇਰਗਿਲ ਮੈਂਬਰ ਮੈਨਜਮੈਂਟ ਕਮੇਟੀ ਅਤੇ ਅਜੈਪਾਲ ਸਿੰਘ ਢਿੱਲੋਂ ਮੈਂਬਰ ਮੈਨੇਜਮੈਂਟ ਕਮੇਟੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਨੇ ਪ੍ਰਿੰਸੀਪਲ ਡਾ. ਸਮਰਾ ਅਤੇ ਉਨ੍ਹਾਂ ਦੀ ਸੁਪਤਨੀ ਹਰਕੀਤ ਕੌਰ ਸਮਰਾ ਨੂੰ ਗੁਲਦਸਤੇ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਡਾ. ਰਛਪਾਲ ਸਿੰਘ ਸੰਧੂ ਸਟਾਫ ਸੈਕਟਰੀ ਨੇ ਡਾ. ਸਮਰਾ ਦੇ ਜੀਵਨ ਅਤੇ ਅਕਾਦਮਿਕ ਸਫਰ ਸੰਬੰਧੀ ਜਾਣਕਾਰੀ ਦਿੱਤੀ। ਪ੍ਰੋ. ਜਸਰੀਨ ਕੌਰ ਡੀਨ, ਅਕਾਦਮਿਕ ਮਾਮਲੇ ਨੇ ਪ੍ਰਿੰਸੀਪਲ ਡਾ. ਸਮਰਾ ਨਾਲ ਬਤੌਰ ਸਹਿਕਰਮੀ ਅਤੇ ਬਤੌਰ ਪ੍ਰਿੰਸੀਪਲ ਗੁਜ਼ਾਰੇ ਸਮੇਂ ਸੰਬੰਧੀ ਵਿਚਾਰ ਪ੍ਰਸਤੁਤ ਕੀਤੇ। ਪ੍ਰਿੰਸੀਪਲ ਡਾ. ਸਮਰਾ ਨੇ 38 ਸਾਲ ਦੀ ਸੇਵਾਵਾਂ ਦੇ ਅਨੁਭਵ ਸਾਂਝੇ ਕੀਤੇ, ਜਿਸ ਵਿਚ 35 ਸਾਲ ਉਨ੍ਹਾਂ ਲਾਇਲਪੁਰ ਖਾਲਸਾ ਕਾਲਜ ਵਿਚ ਸੇਵਾ ਕੀਤੀ ਹੈ। ਉਨ੍ਹਾਂ ਕਿਹਾ ਕਿ ਕਾਲਜ ਨੇ ਰਿਸਰਚ ਵਿਚ ਡੀਐਸਟੀ ਤਹਿਤ ਗ੍ਰਾਂਟਸ, ਯੂਜੀਸੀ ਕੋਲੋਂ ਪ੍ਰਾਪਤ ਕਰਕੇ ਇਸ ਖੇਤਰ ਵਿਚ ਪ੍ਰਾਪਤੀ ਕੀਤੀ ਹੈ। ਕਲਾ ਤੇ ਲੋਕ ਨਾਚ ਭੰਗੜੇ ਨੂੰ ਪ੍ਰਫੁਲੱਤ ਕਰਨ ਲਈ ਕਾਲਜ ਨੇ ਆਪਣਾ ਬਣਦਾ ਯੋਗਦਾਨ ਪਾਇਆ ਹੈ, ਇਸ ਤਹਿਤ ਦੋ 'ਭੰਗੜਾ ਵਰਲਡ ਕੱਪ' ਵੀ ਕਰਵਾਏ ਜਾ ਚੁੱਕੇ ਹਨ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਪ੍ਰਸਿਧ ਗਾਇਕ ਸਰਬਜੀਤ ਚੀਮਾ ਨੂੰ ਉਨ੍ਹਾਂ ਕਿਹਾ ਕਿ ਤੀਸਰਾ 'ਭੰਗੜਾ ਵਰਲਡ ਕੱਪ' ਸਤੰਬਰ ਵਿਚ ਕਾਲਜ ਵਿਖੇ ਕਰਵਾਉਣ ਲਈ ਉਹ ਵੱਧ ਤੋਂ ਵੱਧ ਯੋਗਦਾਨ ਪਾਉਣ। ਕਾਲਜ ਵਲੋਂ ਪ੍ਰਿੰਸੀਪਲ ਡਾ. ਸਮਰਾ ਨੂੰ ਸ਼ੋਭਾ ਪੱਤਰ ਭੇਟ ਕੀਤਾ ਗਿਆ। ਇਸ ਮੌਕੇ ਸਮੂਹ ਵਿਭਾਗਾਂ ਦੇ ਮੁਖੀ ਤੇ ਸਟਾਫ ਮੈਂਬਰ ਵੀ ਹਾਜ਼ਰ ਸਨ।

ਸਰਕਾਰ ਸਾਫ-ਸੁਥਰਾ ਤੇ ਪ੍ਰਦੂਸ਼ਣ ਮੁਕਤ ਵਾਤਾਵਰਨ ਪ੍ਰਦਾਨ ਕਰਨ ਲਈ ਵਚਨਬੱਧ : ਡਾ. ਨਿੱਜਰ

ਚੰਡੀਗੜ੍ਹ, (ਗੁਰਜੀਤ ਬਿੱਲਾ)— ਪੰਜਾਬ ਸਰਕਾਰ ਸੂਬੇ ਦੇ ਵਸਨੀਕਾਂ ਨੂੰ ਬੁਨਿਆਦੀ ਸਹੂਲਤਾਂ, ਸਾਫ ਸੁਥਰਾ ਅਤੇ ਪ੍ਰਦੂਸਣ ਮੁਕਤ ਵਾਤਾਵਰਣ ਮੁਹੱਈਆ ਕਰਵਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ। ਇਸੇ ਲੜੀ ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ: ਇੰਦਰਬੀਰ ਸਿੰਘ ਨਿੱਜਰ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਅੰਮ੍ਰਿਤਸਰ ਸਹਿਰ ਦੇ ਸੁੰਦਰੀਕਰਨ ਲਈ ਵਿਕਾਸ ਕਾਰਜਾਂ 'ਤੇ ਕਰੀਬ 16 ਕਰੋੜ ਰੁਪਏ ਖਰਚਣ ਦਾ ਫੈਸਲਾ ਕੀਤਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਇੰਡੀਆ ਗੇਟ ਤੋਂ ਰੇਲਵੇ ਸਟੇਸ਼ਨ ਤੱਕ ਜੀ.ਟੀ. ਰੋਡ ਦੀ ਰੀ-ਕੰਡੀਸ਼ਨਿੰਗ ਅਤੇ ਡਿਵੈਲਪਮੈਂਟ ਲਈ ਤਕਰੀਬਨ 15 ਕਰੋੜ ਰੁਪਏ ਖਰਚ ਕੀਤੇ ਜਾਣਗੇ। ਇਸ ਤੋਂ ਇਲਾਵਾ ਸੁੰਦਰੀਕਰਨ ਲਈ ਸੀਮਿੰਟ ਆਧਾਰਿਤ ਪੇਂਟ ਨਾਲ ਪੁਲਾਂ ਦੀ ਪੇਂਟਿੰਗ 'ਤੇ ਲਗਭਗ 48 ਲੱਖ ਰੁਪਏ ਖਰਚ ਕੀਤੇ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ ਕਬੀਰ ਪਾਰਕ ਐਕਸਟੈਂਸ਼ਨ ਸਕੀਮ ਵਿੱਚ ਫੁੱਟਪਾਥ ਦੀ ਮੁਰੰਮਤ ਅਤੇ ਸੜਕ ਸੁਰੱਖਿਆ ਚਿੰਨ੍ਹ ਅਤੇ ਵਿਸ਼ੇਸ਼ਤਾਵਾਂ ਦੀ ਸਪਲਾਈ/ਨਿਰਮਾਣ ਲਈ ਕ੍ਰਮਵਾਰ 25 ਲੱਖ ਰੁਪਏ ਅਤੇ 49 ਲੱਖ ਰੁਪਏ ਖਰਚ ਕੀਤੇ ਜਾਣਗੇ।

10-FEB-PAGE-10.qxd 2/9/2023 9:50 PM Page 1

ਨਜਾਇਜ਼ ਰੇਤ ਮਾਈਨਿੰਗ 'ਤੇ ਠੱਲ੍ਹ ਪਾਉਣ 'ਚ ਪੂਰੀ ਤਰ੍ਹਾਂ ਨਾਕਾਮ ਹੋਈਆਂ ਸਰਕਾਰਾਂ

ਫਾਜ਼ਿਲਕਾ (ਕ੍ਰਿਸ਼ਨ ਸਿੰਘ)

ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਨਜਾਇਜ਼ ਰੇਤ ਮਾਈਨਿੰਗ ਨੂੰ ਬੰਦ ਕਰਨ ਦੇ ਵੱਡੇ ਵੱਡੇ ਦਾਅਵੇ ਕੀਤੇ ਜਾਂਦੇ ਹਨ, ਪਰ ਹੁਣ ਤੱਕ ਆਈਆਂ ਸਰਕਾਰਾਂ ਨਜਾਇਜ਼ ਰੇਤ ਮਾਈਨਿੰਗ 'ਤੇ ਠੱਲ੍ਹ ਪਾਉਣ 'ਚ ਪੂਰੀ ਤਰ੍ਹਾਂ ਨਾਕਾਮ ਸਾਬਤ ਹੋਈਆਂ ਹਨ, ਜਿਸ ਕਾਰਨ ਆਏ ਦਿਨ ਕਿਤੇ ਨਾ ਕਿਤੇ ਨਜਾਇਜ਼ ਰੇਤ ਮਾਈਨਿੰਗ ਦੇ ਮਾਮਲੇ ਸਾਹਮਣੇ ਆ ਰਹੇ ਹਨ। ਅਜਿਹਾ ਹੀ ਮਾਮਲਾ ਫਾਜ਼ਿਲਕਾ 'ਚ ਸਾਹਮਣੇ ਆਇਆ ਹੈ, ਜਿੱਥੇ ਪਿੰਡ ਘੁਰਕਾ ਦੇ ਨਜ਼ਦੀਕ ਵਗਦੇ ਸਤਲੁਜ ਦਰਿਆ ਦੇ ਕੋਲ ਬਾਬਾ ਖਵਾਜਾ ਪੀਰ ਦੀ ਸਮਾਧ ਵਿਖੇ ਸ਼ਰੇਆਮ ਨਜਾਇਜ਼ ਰੇਤ ਮਾਈਨਿੰਗ ਕੀਤੀ ਜਾ ਰਹੀ ਹੈ। ਇਸ ਮਾਮਲੇ ਨੂੰ ਲੈ ਕੇ ਮਾਈਨਿੰਗ ਵਿਭਾਗ ਦੇ ਐਕਸੀਅਨ ਅਤੇ ਸੀ ਪੀ ਆਈ ਆਗੂਆਂ ਵਿਚਕਾਰ ਤਕਰਾਰ ਵੀ ਹੋ ਗਈ। ਜਿਸ ਦੀ ਇੱਕ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ। ਇਸ ਵੀਡੀਓ 'ਚ ਐਕਸੀਅਨ ਦੇ ਦਫਤਰ 'ਚ ਜਾ ਕੇ ਉਨ੍ਹਾ ਨਾਲ ਤਿੱਖੀ ਗੱਲਬਾਤ ਕਰਦੇ ਹੋਏ ਨਜ਼ਰ ਆ ਰਹੇ ਹਨ। ਇਸ ਮੌਕੇ ਐਕਸੀਅਨ ਫਾਜ਼ਿਲਕਾ ਨੇ ਉਨ੍ਹਾਂ ਨੂੰ ਸ਼ਾਂਤ ਕਰਨ ਦੀ ਅਪੀਲ ਕੀਤੀ ਅਤੇ ਉਨ੍ਹਾਂ ਦੀਆਂ ਮੰਗਾਂ ਦਾ ਹੱਲ ਕਰਨ ਦਾ ਭਰੋਸਾ ਵੀ ਦਿੱਤਾ। ਦੂਜੇ ਪਾਸੇ ਸੀ ਪੀ ਆਈ ਆਗੂਆਂ ਕਾਮਰੇਡ ਸੁਬੇਗ ਸਿੰਘ ਝੰਗੜ ਭੈਣੀ ਸੀ ਪੀ ਆਈ ਬਲਾਕ ਸੰਮਤੀ ਮੈਂਬਰ ਹਸਤਾ ਕਲਾਂ ਅਤੇ ਸੀ ਪੀ ਆਈ ਆਗੂ ਕਾਮਰੇਡ ਸੁਰਿੰਦਰ ਢੰਡੀਆਂ ਦਾ ਕਹਿਣਾ ਹੈ ਕਿ ਆਮ

ਲੋਕਾਂ ਦੁਆਰਾ ਪਿੰਡ ਘੁਰਕਾ ਦੇ ਨਜ਼ਦੀਕ ਵਗਦੇ ਸਤਲੁਜ ਦਰਿਆ ਦੇ ਕੋਲ ਬਾਬਾ ਖਵਾਜਾ ਪੀਰ ਦੀ ਸਮਾਧ ਵਿਖੇ ਸ਼ਰੇਆਮ ਹੋ ਰਹੀ ਨਜਾਇਜ਼ ਰੇਤ ਮਾਈਨਿੰਗ ਦਾ ਮਾਮਲਾ ਉਨ੍ਹਾਂ ਦੇ ਧਿਆਨ 'ਚ ਲਿਆਉਣ ਤੋਂ ਬਾਅਦ ਉਨ੍ਹਾਂ ਵੱਲੋਂ ਫਾਜ਼ਿਲਕਾ ਨਾਲ ਫੋਨ 'ਤੇ ਗੱਲਬਾਤ ਕਰਕੇ ਰੇਤ ਮਾਫੀਆ ਵੱਲੋਂ ਰੇਤਾ ਚੋਰੀ ਕਰਨ ਖਿਲਾਫ ਕਾਰਵਾਈ ਦੀ ਇਤਲਾਹ ਦਿੱਤੀ ਗਈ। ਉਨ੍ਹਾ ਵੱਲੋਂ ਤਸੱਲੀਬਖ਼ਸ਼ ਜਵਾਬ ਨਾ ਮਿਲਣ 'ਤੇ ਇਹ ਮਾਮਲਾ ਫਾਜ਼ਿਲਕਾ ਦੇ ਮਾਈਨਿੰਗ ਵਿਭਾਗ ਦੇ ਜ਼ਿਲ੍ਹਾ ਫਾਜ਼ਿਲਕਾ ਇੰਚਾਰਜ ਐਕਸੀਅਨ ਦੇ ਧਿਆਨ 'ਚ ਲਿਆ ਕੇ ਇਸ ਬਾਰੇ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ। ਉਨ੍ਹਾਂ ਦੋਸ਼ ਲਗਾਉਂਦਿਆਂ ਕਿਹਾ ਕਿ ਇਸ ਦੌਰਾਨ ਇਨ੍ਹਾਂ ਅਧਿਕਾਰੀਆਂ ਵੱਲੋਂ ਵੀ ਆਪਣਾ ਪੱਲਾ ਝਾੜਨ ਦੀ ਕੋਸ਼ਿਸ਼ ਕੀਤੀ ਗਈ ਅਤੇ ਉਨ੍ਹਾਂ ਸੰਬੰਧਤ ਐੱਸ ਡੀ ਓ ਮੱਕੜ ਨਾਲ ਗੱਲਬਾਤ ਦੀ ਗੱਲ ਕਹੀ। ਜਦੋਂ ਕੁਝ ਸਮੇਂ ਬਾਅਦ ਉਨ੍ਹਾਂ ਐਸ ਡੀ ਓ ਨਾਲ ਗੱਲਬਾਤ ਕੀਤੀ ਤਾਂ ਏਨੇ ਨੂੰ ਰੇਤ ਮਾਫੀਆ ਨੇ ਆਪਣੇ ਟਰੈਕਟਰਾਂ ਨੂੰ ਘਟਨਾ ਵਾਲੀ ਥਾਂ ਤੋਂ ਪਾਸੇ ਕਰ ਲਿਆ। ਇਸ ਤੋਂ ਬਾਅਦ ਪੁਲਸ ਮੌਕੇ 'ਤੇ ਪਹੁੰਚ ਗਈ, ਜਿਥੇ ਰੇਤੇ ਨਾਲ ਭਰੀਆਂ ਦੋ ਟਰਾਲੀਆਂ ਮੌਜੂਦ ਸਨ। ਉਨ੍ਹਾਂ ਦਾ ਕਹਿਣਾ ਹੈ ਕਿ ਪੁਲਸ ਖਾਨਾਪੂਰਤੀ ਕਰਕੇ ਰੇਤ ਦੀ ਕਾਲਾ ਬਜ਼ਾਰੀ ਨੂੰ ਰੋਕਣ ਦੀ ਬਜਾਏ ਛਿਪਾਉਣ ਦੀ ਕੋਸ਼ਿਸ਼ ਕਰਦੀ ਹੋਈ ਵਾਪਸ ਜਾ ਰਹੀ ਸੀ ਤਾਂ ਫਿਰ ਦੁਬਾਰਾ ਇਨ੍ਹਾਂ ਨੂੰ ਤੁਰੰਤ ਕਾਰਵਾਈ ਕਰਨ ਲਈ ਐਸ ਐੱਚ ਓ ਸਦਰ ਥਾਣਾ ਫਾਜ਼ਿਲਕਾ ਨੂੰ ਇਸ ਸਾਰੀ ਘਟਨਾ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਇਸ ਦੇ ਬਾਵਜੂਦ ਨਜਾਇਜ਼ ਰੇਤ ਮਾਈਨਿੰਗ ਕਰਨ ਵਾਲਿਆਂ 'ਤੇ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਇਸ ਲਈ ਐਕਸੀਅਨ ਦਫਤਰ ਫਾਜ਼ਿਲਕਾ ਵਿਖੇ ਉਨ੍ਹਾਂ ਦਾ ਡੈਪੂਟੇਸ਼ਨ ਉਨ੍ਹਾਂ ਨੂੰ ਮਿਲਣ ਲਈ ਗਿਆ ਤਾਂ ਉਨ੍ਹਾਂ ਵੱਲੋਂ ਮਿਲਣ ਤੋਂ ਟਾਲਮਟੋਲ ਕਰ ਦਿੱਤਾ ਗਿਆ। ਜਿਸ ਤੋਂ ਬਾਅਦ ਉਹ ਦਫਤਰ ਉਨ੍ਹਾਂ ਨੂੰ ਮਿਲਣ ਗਏ ਅਤੇ ਉਨ੍ਹਾਂ ਨੇ ਐਕਸੀਅਨ ਨੂੰ ਆਪਣੇ ਤਰੀਕੇ ਨਾਲ ਉਨ੍ਹਾ ਨੂੰ ਸਾਰੀ ਗੱਲ ਦੱਸੀ। ਹਾਲਾਂਕਿ ਇਸ ਦੌਰਾਨ ਐਕਸੀਅਨ ਫਾਜ਼ਿਲਕਾ ਵੱਲੋਂ ਉਨ੍ਹਾਂ ਨੂੰ ਭਰੋਸਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਜੇਕਰ ਜਲਦੀ ਹੀ ਉਨ੍ਹਾਂ ਵੱਲੋਂ ਪੁਲਸ ਨੂੰ ਪਕੜਾਈਆਂ ਗਈਆਂ ਰੇਤੇ ਨਾਲ ਭਰੀਆਂ ਟਰਾਲੀਆਂ 'ਤੇ ਕਾਰਵਾਈ ਨਾ ਕੀਤੀ ਗਈ ਤਾਂ ਉਹ ਪ੍ਰਸ਼ਾਸਨ ਖਿਲਾਫ ਵੱਡਾ ਐਕਸ਼ਨ ਲੈਣ ਲਈ ਮਜਬੂਰ ਹੋਣਗੇ। ਓਧਰ ਜਦੋਂ ਇਸ ਬਾਰੇ ਡੀ ਐਸ ਪੀ ਫਾਜ਼ਿਲਕਾ ਸੁਬੇਗ ਸਿੰਘ ਨਾਲ ਫੋਨ 'ਤੇ ਸੰਪਰਕ ਕੀਤਾ ਗਿਆ ਤਾਂ ਫੋਨ ਉਨ੍ਹਾ ਦੇ ਕਿਸੇ ਮੁਲਾਜ਼ਮ ਨੇ ਚੁੱਕਿਆ ਅਤੇ ਡੀ ਐਸ ਪੀ ਦੇ ਮੀਟਿੰਗ 'ਚ ਹੋਣ ਦੀ ਗੱਲ ਕਹੀ। ਇਸ ਤੋਂ ਬਾਅਦ ਜਦੋਂ ਐਕਸੀਅਨ ਫਾਜ਼ਿਲਕਾ ਨਾਲ ਫੋਨ 'ਤੇ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਰੇਤ ਭਰੀਆਂ ਟਰਾਲੀਆਂ ਪੁਲਸ ਵੱਲੋਂ ਫੜੀਆਂ ਗਈਆਂ ਹਨ। ਇਸ ਲਈ ਪੁਲਸ ਵੱਲੋਂ ਹੀ ਇਨ੍ਹਾਂ 'ਤੇ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ।

ਪਾਵਰਕਾਮ ਦੀ ਅਣਗਹਿਲੀ ਕਾਰਨ 25 ਪਰਵਾਰਾਂ 'ਤੇ ਟੁੱਟਿਆ ਕਹਿਰ

ਸੰਗਰੂਰ (ਪ੍ਰਵੀਨ ਸਿੰਘ)

ਪਾਵਰਕਾਮ ਦੀ ਜਥੇਬੰਦੀ ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਦੀ ਸਟੇਟ ਕਮੇਟੀ ਨੇ ਜ਼ੂਮ ਮੀਟਿੰਗ ਕੀਤੀ, ਜਿਸ ਵਿੱਚ ਇੰਜੀ. ਅਵਤਾਰ ਸਿੰਘ ਸ਼ੇਰਗਿੱਲ ਸੂਬਾ ਪ੍ਰਧਾਨ ਅਤੇ ਇੰ. ਦਵਿੰਦਰ ਸਿੰਘ ਪਸੌਰ ਸੂਬਾ ਜਨਰਲ ਸਕੱਤਰ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਪਾਵਰਕਾਮ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ, ਜਿਸ ਕਾਰਨ ਮੁਲਾਜ਼ਮਾਂ 'ਚ ਭਾਰੀ ਗੁੱਸਾ ਅਤੇ ਰੋਸ ਹੈ। ਉਨ੍ਹਾ ਦੱਸਿਆ ਕਿ ਪਾਵਰਕਾਮ ਮਨੈਜਮੈਂਟ ਵੱਲੋਂ ਸੀ ਆਰ ਏ 295/19 ਤਹਿਤ 3500 ਸਹਾਇਕ ਲਾਈਨਮੈਨ ਦੀ ਸ਼ੁਰੂ ਕੀਤੀ ਭਰਤੀ ਹੁਣ ਤੱਕ ਅਧੂਰੀ ਹੈ ਅਤੇ ਯੋਗ ਉਮੀਦਵਾਰ ਵੀ ਨੌਕਰੀ ਤੋਂ ਵਾਂਝੇ ਹਨ। ਇਸ ਸਮੇਂ ਦੌਰਾਨ ਭਰਤੀ ਹੋਏ ਸਹਾਇਕ ਲਾਈਨਮੈਨਾਂ ਦੇ ਸਮੂਹ ਸਰਟੀਫਿਕੇਟਾਂ ਦੀ ਸ਼ੁਰੂ ਹੋਈ ਵੈਰੀਫਿਕੇਸ਼ਨ ਤਹਿਤ ਪੂਰੇ ਪੰਜਾਬ 'ਚ 25 ਸਹਾਇਕ ਲਾਈਨਮੈਨਾਂ ਦੇ ਤਜਰਬਾ ਸਰਟੀਫਿਕੇਟ ਜਾਅਲੀ ਪਾਏ ਦੱਸੇ ਗਏ ਹਨ। ਇਥੇ ਦੱਸਣਾ ਬਣਦਾ ਹੈ ਕਿ ਪਾਵਰਕਾਮ ਅੰਦਰ ਅਸਲੀ ਠੇਕੇਦਾਰ ਆਪ ਕੰਮ ਨਹੀਂ ਕਰਦੇ, ਉਹ ਅੱਗੇ ਸਭ ਠੇਕੇਦਾਰਾਂ ਤੋਂ ਕੰਮ ਕਰਵਾਉਂਦੇ ਹਨ।

ਪਾਵਰਕਾਮ ਦੀ ਮੈਨੇਜਮੈਂਟ ਨੂੰ ਜਥੇਬੰਦੀ ਪਹਿਲਾਂ ਵੀ ਮੀਟਿੰਗਾਂ 'ਚ ਇਸ ਸੰਬੰਧੀ ਜਾਣੂ ਕਰਵਾ ਚੁੱਕੀ ਹੈ ਅਤੇ ਇਹ ਤਜਰਬਾ ਸਰਟੀਫਿਕੇਟ ਵੀ ਸਭ ਠੇਕੇਦਾਰਾਂ ਵੱਲੋਂ ਅਸਲੀ ਠੇਕੇਦਾਰ ਦੇ ਲੈਟਰ ਪੈਡ 'ਤੇ ਜਾਰੀ ਕੀਤੇ ਹੋਏ ਹਨ। ਹੁਣ ਅਸਲੀ ਠੇਕੇਦਾਰ ਇਨ੍ਹਾਂ ਕਰਮਚਾਰੀਆਂ ਨੂੰ ਬਲੈਕਮੇਲ ਕਰਦੇ ਹਨ ਅਤੇ ਪਾਵਰਕਾਮ ਮੈਨੇਜਮੈਂਟ ਵੀ ਆਪਣੀ ਬਣਦੀ ਜ਼ਿੰਮੇਵਾਰੀ ਤੋਂ ਭੱਜ ਰਹੀ ਹੈ। ਜੇਕਰ ਸਮਾਂ ਰਹਿੰਦੇ ਇਨ੍ਹਾਂ ਸਰਟੀਫਿਕੇਟਾਂ ਦੀ ਜਾਂਚ ਕੀਤੀ ਜਾਂਦੀ ਅਤੇ ਇਹ ਤਜਰਬਾ ਸਰਟੀਫਿਕੇਟ ਹਟਾ ਵੀ ਦਿੱਤੇ ਜਾਂਦੇ ਤਾਂ ਵੀ ਇਹ ਕਰਮਚਾਰੀ ਮੈਰਿਟ ਲਿਸਟ 'ਚ ਆਉਂਦੇ ਸਨ, ਕਿਉਂਕਿ ਪਾਵਰਕਾਮ ਮੈਨੇਜਮੈਂਟ ਨਾਲ ਹੋਈ ਗੱਲਬਾਤ ਰਾਹੀਂ ਹੀ ਵੰਨ ਟਾਈਮ ਸੈਟਲਮੈਂਟ ਤਹਿਤ ਹੀ ਇਹ ਤਜਰਬਾ ਸਰਟੀਫਿਕੇਟ ਦਿੱਤੇ ਗਏ ਸਨ, ਪਰ ਹੁਣ ਪਾਵਰਕਾਮ ਦੀ ਮੈਨੇਜਮੈਂਟ ਇਸ ਗੱਲਬਾਤ ਤੋਂ ਭੱਜੀ ਹੋਈ ਹੈ। ਪਾਵਰਕਾਮ ਦੀ ਇਸ ਗਲਤੀ ਦਾ ਖਮਿਆਜ਼ਾ ਹੁਣ ਇਹ 25 ਕਰਮਚਾਰੀ ਭੁਗਤ ਰਹੇ ਹਨ, ਜਿਸ ਕਾਰਨ ਇਨ੍ਹਾਂ 'ਤੇ ਕ੍ਰਾਈਮ ਬ੍ਰਾਂਚ ਮੁਹਾਲੀ ਵੱਲੋਂ ਪਰਚੇ ਦਰਜ ਕਰਕੇ ਗ੍ਰਿਫਤਾਰ ਕੀਤਾ ਗਿਆ। ਅੱਜ ਸਮੂਹ ਸਟੇਟ ਕਮੇਟੀ ਆਗੂਆਂ ਨੇ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਇਨ੍ਹਾਂ ਮੁਲਾਜ਼ਮਾਂ ਦੇ ਗੰਭੀਰ ਮਸਲੇ ਨੂੰ ਹਮਦਰਦੀ ਨਾਲ ਵਿਚਾਰਿਆ ਜਾਵੇ ਅਤੇ ਇਨ੍ਹਾਂ ਨੂੰ ਤਜਰਬਾ ਸਰਟੀਫਿਕੇਟਾਂ ਤੋਂ ਬਿਨਾਂ ਨੌਕਰੀ 'ਤੇ ਬਹਾਲ ਕੀਤਾ ਜਾਵੇ। ਕਿਉਂਕਿ ਜੇਕਰ ਪਾਵਰਕਾਮ ਦੀ ਮੈਨੇਜਮੈਂਟ ਸਮੇਂ ਸਿਰ ਪੂਰੀ ਭਰਤੀ ਕਰਦੀ ਤਾਂ ਕਿਸੇ ਵੀ ਬੇਰੁਜ਼ਗਾਰ ਨੌਜਵਾਨ ਨੂੰ ਤਜਰਬਾ ਸਰਟੀਫਿਕੇਟ ਦੀ ਜ਼ਰੂਰਤ ਨਹੀਂ ਸੀ ਪੈਣੀ। ਜੇਕਰ ਕਿਸੇ ਸਹਾਇਕ ਲਾਈਨਮੈਨ ਨਾਲ ਧੱਕਾ ਹੋਇਆ ਤਾਂ ਜਥੇਬੰਦੀਆਂ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਗੀਆਂ, ਜਿਸ ਤੋਂ ਨਿਕਲਣ ਵਾਲੇ ਸਿੱਟਿਆਂ ਲਈ ਪਾਵਰਕਾਮ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਜ਼ਿੰਮੇਵਾਰ ਹੋਵੇਗੀ।

ਕਾਤਰਾਂ

ਬਰਨਾਲਾ ਪੁਲਸ ਵੱਲੋਂ ਪੱਤਰਕਾਰ ਗ੍ਰਿਫ਼ਤਾਰ

ਬਰਨਾਲਾ (ਰਜਿੰਦਰ ਬਰਾੜ, ਰਾਕੇਸ਼ ਨੀਟਾ)-ਪੁਲਸ ਨੇ ਜਤਿੰਦਰ ਦੇਵਗਨ, ਵਾਸੀ ਸੇਖਾ ਰੋਡ ਸਣੇ ਦੋ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਤੀਜਾ ਅਜੇ ਫਰਾਰ ਹੈ। ਜ਼ਿਲ੍ਹਾ ਪੁਲਸ ਮੁਖੀ ਸੰਦੀਪ ਕੁਮਾਰ ਮਲਿਕ ਨੇ ਦੱਸਿਆ ਕਿ ਸ਼ਿਕਾਇਤਕਰਤਾ ਟੀਨੂੰ ਜਿੰਦਲ ਪੁੱਤਰ ਤਰਸੇਮ ਲਾਲ ਵਾਸੀ ਕੇ. ਸੀ. ਰੋਡ ਨੇ ਪੁਲਸ ਨੂੰ ਸ਼ਿਕਾਇਤ ਕੀਤੀ ਸੀ ਕਿ 23 ਅਕਤੂਬਰ 2022 ਨੂੰ ਜਤਿੰਦਰ ਦੇਵਗਨ ਤੇ ਹੋਰ ਦੋ ਲੋਕਾਂ ਨੇ ਉਸ ਦੇ ਦੁਕਾਨ ਦਾ ਸ਼ਟਰ ਖੋਲ੍ਹ ਕੇ, ਦੁਕਾਨ ਅੰਦਰ ਆ ਕੇ ਗਾਲੀ-ਗਲੋਚ ਕੀਤਾ ਅਤੇ ਧਮਕੀਆਂ ਦਿੱਤੀਆਂ। ਪੁਲਸ ਨੇ ਤਿੰਨਾਂ ਖਿਲਾਫ ਧਾਰਾ 387, 458, 506 ਅਤੇ 120 ਬੀ ਆਈ. ਪੀ. ਸੀ ਅਧੀਨ ਐਫ਼.ਆਈ.ਆਰ ਦਰਜ ਕੀਤੀ। ਪੁਲਸ ਵੱਲੋਂ ਦੇਵਗਨ ਅਤੇ ਇੱਕ ਹੋਰ ਵਿਅਕਤੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਤੀਜੇ ਮੁਲਜ਼ਮ ਦੀ ਭਾਲ ਜਾਰੀ ਹੈ।

ਸਿਟੀ ਪੁਲਸ ਚੌਕੀ ਇੰਚਾਰਜ ਬਲਜੀਤ ਸਿੰਘ ਨੇ ਅਹੁਦਾ ਸੰਭਾਲਿਆ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਸਿਟੀ ਪੁਲਸ ਚੌਕੀ ਪਾਤੜਾਂ ਦੇ ਇੰਚਾਰਜ ਬਲਕਾਰ ਸਿੰਘ ਦਾ ਤਬਾਦਲਾ ਹੋ ਜਾਣ ਮਗਰੋਂ ਉਨ੍ਹਾਂ ਦੀ ਥਾਂ ਨਵੇਂ ਆਏ ਇੰਚਾਰਜ ਏ ਐਸ ਆਈ ਬਲਜੀਤ ਸਿੰਘ ਨੇ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ ਮਗਰੋਂ ਪ੍ਰੈਸ ਮਿਲਣੀ ਦੌਰਾਨ ਉਨ੍ਹਾ ਕਿਹਾ ਕਿ ਸ਼ਹਿਰ 'ਚ ਅਮਨ ਸ਼ਾਂਤੀ ਬਣਾਉਣ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣਾ ਉਨ੍ਹਾ ਦਾ ਪਹਿਲਾ ਕੰਮ ਹੋਵੇਗਾ। ਮਾੜੇ ਅਨਸਰਾਂ ਨੂੰ ਸਖ਼ਤ ਤਾੜਨਾ ਕਰਦਿਆਂ ਉਨ੍ਹਾ ਕਿਹਾ ਕਿ ਨਸ਼ਿਆਂ ਦੀ ਸਮੱਗਲਿੰਗ ਅਤੇ ਚੋਰੀ ਦੀਆਂ ਘਟਨਾਵਾਂ ਨੂੰ ਅੰਜਾਮ ਦੇਣ ਵਾਲੇ ਸਮਾਜ ਵਿਰੋਧੀ ਅਨਸਰ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਪੁਲਸ ਅਤੇ ਪ੍ਰੈਸ ਦਾ ਆਪਸੀ ਤਾਲਮੇਲ ਹੋਣਾ ਬੇਹੱਦ ਜ਼ਰੂਰੀ ਹੈ ਤਾਂ ਹੀ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਈ ਜਾ ਸਕਦੀ ਹੈ।

ਸਿੱਖਿਆ ਮੰਤਰੀ ਅਧਿਆਪਕਾਂ ਨਾਲ ਉਲਝਣ ਦੀ ਬਜਾਏ ਮਸਲੇ ਹੱਲ ਕਰਨ : ਡੀ ਟੀ ਐੱਫ

ਮੋਗਾ (ਅਮਰਜੀਤ ਬੱਬਰੀ)-ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਪਿਛਲੇ ਦਿਨੀਂ ਸੋਸ਼ਲ ਮੀਡੀਆ 'ਤੇ ਸਰਕਾਰੀ ਸਕੂਲਾਂ ਦੇ ਕੰਪਿਊਟਰ ਅਧਿਆਪਕਾਂ ਨਾਲ ਉਲਝਦੇ ਨਜ਼ਰ ਆਏ। ਇਸ ਬਾਰੇ ਜਾਣਕਾਰੀ ਦਿੰਦਿਆਂ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਤੇ ਸੂਬਾ ਸਕੱਤਰ ਸਰਵਣ ਸਿੰਘ ਔਜਲਾ ਨੇ ਦੱਸਿਆ ਕਿ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸੋਸ਼ਲ ਮੀਡੀਆ 'ਤੇ ਕੋਈ ਪੋਸਟ ਪਾਈ ਗਈ ਜਿਸ 'ਤੇ ਕੰਪਿਊਟਰ ਅਧਿਆਪਕਾਂ ਵੱਲੋਂ ਹੋਰ ਮੰਗਾਂ ਸਮੇਤ ਉਨ੍ਹਾਂ ਨੂੰ ਵਿਭਾਗ ਵਿੱਚ ਪੱਕੇ ਕਰਨ ਅਤੇ ਇਸ ਮਾਮਲੇ ਨੂੰ ਲਮਕਾਉਣ ਦੀ ਬਜਾਏ ਜਲਦ ਹੱਲ ਕਰਨ ਦੀ ਮੰਗ ਰੱਖੀ ਗਈ। ਸਿੱਖਿਆ ਮੰਤਰੀ ਵੱਲੋਂ ਕਥਿਤ ਤੌਰ 'ਤੇ ਬਿਨਾਂ ਵਜ੍ਹਾ ਕੰਪਿਊਟਰ ਅਧਿਆਪਕਾਂ 'ਤੇ ਤਲਖ਼ੀ ਭਰੀ ਟਿੱਪਣੀ ਕੀਤੀ ਗਈ। ਆਗੂਆਂ ਨੇ ਇਸ ਮਸਲੇ ਦਾ ਸਖ਼ਤ ਨੋਟਿਸ ਲੈਂਦਿਆਂ ਸਿੱਖਿਆ ਮੰਤਰੀ ਨੂੰ ਕਿਹਾ ਕਿ ਉਹ ਸੋਸ਼ਲ ਮੀਡੀਆ 'ਤੇ ਇਸ ਤਰ੍ਹਾਂ ਦੀਆਂ ਟਿੱਪਣੀਆਂ ਕਰਕੇ ਆਪਣਾ ਮਿਆਰ ਨਾ ਘਟਾਉਣ ਸਗੋਂ ਲੰਮੇ ਸਮੇਂ ਤੋਂ ਸਰਕਾਰਾਂ ਦੀ ਬੇਰੁਖ਼ੀ ਦਾ ਸ਼ਿਕਾਰ ਕੰਪਿਊਟਰ ਅਧਿਆਪਕਾਂ ਨੂੰ ਜਲਦੀ ਤੋਂ ਜਲਦੀ ਸਿੱਖਿਆ ਵਿਭਾਗ 'ਚ ਮਰਜ ਕਰਨ ਅਤੇ ਉਨ੍ਹਾਂ 'ਤੇ ਛੇਵੇਂ ਪੇਅ ਕਮਿਸ਼ਨ ਦੀ ਰਿਪੋਰਟ ਜਲਦ ਲਾਗੂ ਕਰਨ। ਪੰਜਾਬ ਦੇ ਸਰਕਾਰੀ ਸਕੂਲਾਂ 'ਚ ਕੰਮ ਕਰਦੇ ਕੰਪਿਊਟਰ ਅਧਿਆਪਕਾਂ ਨਾਲ ਪਿਛਲੀਆਂ ਸਰਕਾਰਾਂ ਨੇ ਵੀ ਧੱਕਾ ਹੀ ਕੀਤਾ ਹੈ। ਸੂਬਾਈ ਆਗੂਆਂ ਨੇ ਮੰਗ ਕੀਤੀ ਕਿ ਅਧਿਆਪਕਾਂ ਨੂੰ ਧਮਕਾਉਣ ਦੀ ਬਜਾਏ ਉਨ੍ਹਾਂ ਦੇ ਮਸਲੇ ਹੱਲ ਕੀਤੇ ਜਾਣ।

ਚਾਇਨਾ ਡੋਰ ਨਾਲ ਬੱਸ ਚਾਲਕ ਹੋਇਆ ਜ਼ਖ਼ਮੀ

ਮਲੋਟ (ਗੁਰਮੀਤ ਸਿੰਘ ਮੱਕੜ)-ਪ੍ਰਸ਼ਾਸਨ ਦੀ ਚਾਇਨਾ ਡੋਰ ਸਬੰਧੀ ਢਿੱਲੀ ਕਾਰਗੁਜ਼ਾਰੀ ਦੇ ਚੱਲਦਿਆਂ ਆਏ ਦਿਨ ਹਾਦਸੇ ਵਾਪਰ ਰਹੇ ਹਨ, ਜਿਸ ਦੀ ਤਾਜ਼ਾ ਮਿਸਾਲ ਬੱਸ ਚਾਲਕ ਰਣਜੀਤ ਸਿੰਘ ਆਪਣੇ ਪਿੰਡ ਮਾਹਣੀ ਖੇੜਾ ਤੋਂ ਰੋੜਾਂਵਾਲੀ ਨੂੰ ਬੱਸ ਲੈਣ ਵਾਸਤੇ ਮੋਟਰਸਾਈਕਲ 'ਤੇ ਜਾ ਰਿਹਾ ਸੀ ਤਾਂ ਰਸਤੇ ਵਿੱਚ ਮੋਟਰਸਾਈਕਲ 'ਤੇ ਬੈਠੇ ਨੂੰ ਚਾਇਨਾ ਡੋਰ ਨਜ਼ਰ ਨਹੀਂ ਆਈ ਤੇ ਗਲ਼ਾ ਕੱਟਿਆ ਗਿਆ ਹੈ, ਜਿਸ ਉਪਰੰਤ ਉਕਤ ਵਿਅਕਤੀ ਨੂੰ ਜ਼ਖ਼ਮੀ ਹਾਲਤ ਵਿੱਚ ਮਲੋਟ ਦੇ ਸਿਵਲ ਹਸਪਤਾਲ ਵਿਚ ਦਾਖਲ ਕਰਾਇਆ ਗਿਆ। ਪੀੜਤ ਵੱਲੋਂ ਸਰਕਾਰ ਤੋਂ ਮੰਗ ਕੀਤੀ ਗਈ ਕਿ ਚਾਇਨਾ ਡੋਰ 'ਤੇ ਪੂਰਨ ਤੌਰ 'ਤੇ ਸਖਤ ਪਾਬੰਦੀ ਲਗਾਈ ਜਾਵੇ ਤਾਂ ਜੁ ਕਿਸੇ ਹੋਰ ਵਿਅਕਤੀ ਦਾ ਨੁਕਸਾਨ ਨਾ ਹੋਵੇ।

ਸਿਹਤ ਵਿਭਾਗ ਵੱਲੋਂ ਜਾਗਰੂਕਤਾ ਕੈਂਪ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਮੌਸਮੀ ਬਿਮਾਰੀਆਂ ਤੋਂ ਬਚਾਓ ਅਤੇ ਮੱਛਰਾਂ ਸਦਕਾ ਹੋਣ ਵਾਲੀਆਂ ਡੇਂਗੂ ਸਮੇਤ ਅਨੇਕਾਂ ਬਿਮਾਰੀਆਂ ਦੇ ਖਾਤਮੇ ਲਈ ਡਾ. ਰਜੀਤ ਸਿੰਘ ਸੀਨੀਅਰ ਮੈਡੀਕਲ ਅਫਸਰ ਕਮਿਊਨਿਟੀ ਹੈਲਥ ਸੈਂਟਰ ਮਮਦੋਟ ਦੇ ਹੁਕਮਾਂ ਅਨੁਸਾਰ ਸੀ ਐਚ ਸੀ ਮਮਦੋਟ ਦੇ ਸਬ ਸੈਂਟਰ ਲੱਖਾ ਹਾਜੀ ਅਧੀਨ ਪੈਂਦੇ ਪਿੰਡ ਗੱਦੂ ਕਿਲਚਾਂ ਵੇਖੇ ਡੇਂਗੂ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਡੇਂਗੂ ਬੁਖਾਰ ਬਾਰੇ ਜਾਗਰੂਕ ਕੀਤਾ ਗਿਆ।ਇਸ ਕੈਂਪ ਦੀ ਅਗਵਾਈ ਕਰਦਿਆਂ ਅਮਰਜੀਤ ਐਮ ਪੀ ਐਚ ਡਬਲਯੂ (ਮੇਲ), ਸਰੋਜ ਬਾਲਾ ਐਮ ਪੀ ਐਚ ਡਬਲਯੂ (ਫ਼ੀਮੇਲ), ਲਛਮੀ ਬਾਈ ਆਸ਼ਾ ਫੈਸਲੀਟੇਟਰ ਨੇ ਸਪੱਸ਼ਟ ਕੀਤਾ ਕਿ ਪਿੰਡਾਂ 'ਚ ਪਹੁੰਚ ਕਰਕੇ ਜਿਥੇ ਲੋਕਾਂ ਨੂੰ ਵੀ ਐੱਚ ਐੱਸ ਐੱਨ ਸੀ ਤਹਿਤ ਮਹਿਕਮੇ ਅੰਦਰ ਚੱਲ ਰਹੀਆਂ ਸਕੀਮਾਂ ਬਾਰੇ ਜਾਗਰੂਕ ਕੀਤਾ ਗਿਆ।ਅਮਰਜੀਤ ਐਮ ਪੀ ਐਚ ਡਬਲਯੂ (ਮੇਲ) ਵੱਲੋਂ ਮੌਸਮੀ ਬਿਮਾਰੀਆਂ ਦੇ ਲੱਛਣਾਂ ਤੋਂ ਜਾਣੂ ਕਰਵਾਉਂਦੇ ਹੋਏ ਦੱਸਿਆ ਕਿ ਸਾਨੂੰ ਆਪਣੇ ਘਰਾਂ 'ਚ ਸਾਫ-ਸਫਾਈ ਰੱਖਣ ਦੇ ਨਾਲ-ਨਾਲ ਕੂਲਰਾਂ, ਟੈਂਕੀਆਂ ਆਦਿ ਦੀ ਵੀ ਸਫਾਈ ਰੱਖਣੀ ਚਾਹੀਦੀ ਹੈ ਅਤੇ ਇਨ੍ਹਾਂ 'ਚ ਪਾਣੀ ਜ਼ਿਆਦਾ ਪੁਰਾਣਾ ਨਹੀਂ ਹੋਣਾ ਚਾਹੀਦਾ, ਕਿਉਂਕਿ ਸਾਫ ਪਾਣੀ ਜਿਥੇ ਖੜ੍ਹੇਗਾ, ਉਸ ਪਾਣੀ 'ਚ ਡੇਂਗੂ ਦਾ ਮੱਛਰ ਪਨਪਦਾ ਹੈ।

ਪ੍ਰਕਾਸ਼ ਪੁਰਬ ਮੌਕੇ ਲੰਗਰ ਲਾਇਆ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ) ਮਾਛੀਵਾੜਾ-ਕੁਹਾੜਾ ਰੋਡ 'ਤੇ ਸਥਿਤ ਇੰਦਰਾ ਕਾਲੋਨੀ ਦੇ ਨੌਜਵਾਨਾਂ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੰਗਤਾਂ ਲਈ ਚਾਹ ਤੇ ਪਕੌੜਿਆਂ ਦਾ ਲੰਗਰ ਲਾਇਆ ਗਿਆ। ਇਸ ਮੌਕੇ ਨੌਜਵਾਨ ਨਗਰ ਕੀਰਤਨ ਦੀ ਅਗਵਾਈ ਕਰਨ ਵਾਲੇ ਪੰਜ ਪਿਆਰਿਆਂ ਦਾ ਸਿਰੋਪਾਓ ਪਾ ਕੇ ਸਨਮਾਨ ਕੀਤਾ ਗਿਆ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਅੱਗੇ ਨਤਮਸਤਕ ਹੋਏ। ਲੰਗਰ ਦੀ ਸੇਵਾ ਕਰਨ ਵਾਲਿਆਂ ਵਿਚ ਸੁਖਵੀਰ ਸਿੰਘ ਭੋਲਾ, ਬਾਬਾ ਜੋਰਾਵਰ ਸਿੰਘ, ਬਲਦੇਵ ਸਿੰਘ, ਜੇਈ ਜਸਵੀਰ ਸਿੰਘ, ਸੁਰਜੀਤ ਸਿੰਘ, ਜਸਵਿੰਦਰ ਸਿੰਘ, ਸਤਨਾਮ ਸਿੰਘ, ਛਿੰਦਰਪਾਲ ਸਿੰਘ, ਕੁਲਦੀਪ ਸਿੰਘ, ਬਲਵੀਰ ਚੰਦ, ਨਿਰਭੈ ਸਿੰਘ, ਯੁੱਧਵੀਰ ਸਿੰਘ, ਸ਼ਾਮ ਸਿੰਘ, ਡਾ. ਮਨਪ੍ਰੀਤ ਸਿੰਘ, ਸਤਨਾਮ ਸਿੰਘ ਸਨੀ, ਰਾਮ ਦਾਸ, ਰਵੀ ਕੁਮਾਰ, ਚਰਨਜੀਤ ਸਿੰਘ ਚਰਨੀ, ਗੁਰਪ੍ਰੀਤ ਸਿੰਘ, ਮਨਪ੍ਰੀਤ ਵਿੱਕੀ, ਵੀਰਪਾਲ ਸਿੰਘ, ਸੁਮਿਤ ਕੁਮਾਰ, ਰਮਨਦੀਪ ਸਿੰਘ, ਰਾਜੂ, ਹਰਬੰਸ ਸਿੰਘ ਬਿੱਲਾ, ਨਿਰਮਲ ਸਿੰਘ, ਗੁਰਪ੍ਰੀਤ ਸਿੰਘ ਤੇ ਗੁਰਚਰਨ ਸਿੰਘ ਮੌਜੂਦ ਸਨ।

ਬੰਦ ਪਈਆਂ ਗਲੀਆਂ ਖੋਲ੍ਹਣ ਦੀ ਮੰਗ, ਆਵਾਜਾਈ ਹੋ ਰਹੀ ਪ੍ਰਭਾਵਤ

ਮਲੋਟ (ਗੁਰਮੀਤ ਸਿੰਘ ਮੱਕੜ)

ਉਘੇ ਵਕੀਲ ਅਤੇ ਸਮਾਜ ਸੇਵੀ ਅਮਿਤ ਛਾਬੜਾ ਨੇ ਇੱਕ ਪੱਤਰ ਪੰਜਾਬ ਦੇ ਪ੍ਰਿੰਸੀਪਲ ਸਕੱਤਰ ਸਥਾਨਕ ਸਰਕਾਰਾਂ, ਡਿਪਟੀ ਕਮਿਸ਼ਨਰ ਮੁਕਤਸਰ ਸਾਹਿਬ, ਐਸ ਡੀ ਐਮ ਮਲੋਟ, ਕਾਰਜ ਸਾਧਕ ਅਫ਼ਸਰ ਨਗਰ ਕੌਂਸਲ, ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਅਤੇ ਐਡਵਰਡਗੰਜ਼ ਦੇ ਚੇਅਰਮੈਨ ਨੂੰ ਲਿਖ ਕੇ ਮੇਨ ਬਜ਼ਾਰ ਦੀ ਗਲੀ ਨੰਬਰ 1 ਤੋਂ ਲੈ ਕੇ 10 ਨੰਬਰ ਗਲੀ, ਬਿਰਲਾ ਰੋਡ ਦੀਆਂ ਬੰਦ ਗਲੀਆਂ ਜੋ ਕਿ ਪਿਛਲੇ ਲਗਭਗ 100 ਸਾਲਾਂ ਤੋਂ ਬੰਦ ਕੀਤੀਆਂ ਗਈਆਂ ਸਨ, ਉਨ੍ਹਾਂ ਨੂੰ ਖੋਲ੍ਹਣ ਦੀ ਮੰਗ ਕੀਤੀ ਹੈ। ਉਨ੍ਹਾ ਆਪਣੀ ਅਰਜ਼ੀ 'ਚ ਕਿਹਾ ਹੈ ਕਿ ਇਸ ਤੋਂ ਪਹਿਲਾਂ ਇਨ੍ਹਾਂ ਥਾਵਾਂ ਤੋਂ ਪਾਰ ਜੰਗਲ ਸੀ, ਜਿਸ ਕਰਕੇ ਗਲੀਆਂ ਬੰਦ ਕੀਤੀਆਂ ਗਈਆਂ ਸਨ, ਪ੍ਰੰਤੂ ਹੁਣ ਇਨ੍ਹਾਂ ਗਲੀਆਂ ਦੇ ਪਾਰ ਸੰਘਣੀ ਅਬਾਦੀ ਹੋ ਗਈ ਹੈ, ਜਿਨ੍ਹਾਂ ਵਿਚ ਮੱਕੜ ਕਲੋਨੀ, ਗਣੇਸ਼ ਵਿਹਾਰ, ਬਿਰਲਾ ਕਲੋਨੀ, ਇੰਦਰਾ ਬਸਤੀ, ਕ੍ਰਿਸ਼ਨਾ ਕੈਂਪ ਆਦਿ 'ਚ ਬਹੁਤ ਸੰਘਣੀ ਵੱਸੋਂ ਹੋਣ ਕਾਰਨ ਇਨ੍ਹਾਂ ਗਲੀਆਂ ਦੇ ਬੰਦ ਹੋਣ ਕਾਰਨ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਕੋਈ ਵੀ ਹੰਗਾਮੀ ਹਾਲਤ 'ਚ ਨਾ ਤਾਂ ਫਾਇਰ ਬ੍ਰਿਗੇਡ, ਨਾ ਐਂਬੂਲੈਂਸ ਦੇ ਜਾਣ ਦਾ ਰਸਤਾ ਹੈ ਅਤੇ ਇਸ ਤੋਂ ਇਲਾਵਾ ਵਪਾਰਕ ਪੱਖੋਂ ਵੀ ਇਹ ਕਲੋਨੀਆਂ ਅਤੇ ਬਜ਼ਾਰ ਪ੍ਰਭਾਵਿਤ ਹੋ ਰਹੇ ਹਨ, ਜਿਸ 'ਚ ਉਨ੍ਹਾ ਦੱਸਿਆ ਕਿ ਬਿਰਲਾ ਰੋਡ ਤੋਂ ਮੇਨ ਬਜ਼ਾਰ ਅਤੇ ਹੋਰ ਬਜ਼ਾਰਾਂ ਨੂੰ ਇਸ ਨੂੰ ਖੋਲ੍ਹਣ ਦੀ ਬਹੁਤ ਜ਼ਰੂਰਤ ਹੈ। ਉਨ੍ਹਾ ਦੱਸਿਆ ਕਿ ਇਸ ਤੋਂ ਇਲਾਵਾ ਜਦੋਂ ਬਰਸਾਤ ਹੁੰਦੀ ਹੈ ਤਾਂ ਇਹ ਇਲਾਕੇ ਬਰਸਾਤ ਦੇ ਪਾਣੀ ਨਾਲ ਪ੍ਰਭਾਵਿਤ ਹੁੰਦੇ ਹਨ। ਉਨ੍ਹਾ ਕਿਹਾ ਕਿ ਸ਼ਹਿਰ 'ਚ ਹੋ ਰਹੇ ਨਜਾਇਜ਼ ਕਬਜ਼ਿਆਂ ਕਾਰਨ ਵੀ ਸ਼ਹਿਰ ਦੀ ਭੂਗੋਲਿਕ ਸਥਿਤੀ ਵਿਗੜੀ ਹੈ। ਉਨ੍ਹਾ ਸ਼ਹਿਰ ਦੇ ਨਜਾਇਜ਼ ਕਬਜ਼ੇ ਹਟਾਉਣ ਲਈ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਇਸ ਸੰਬੰਧੀ ਦਿੱਤੇ ਹੁਕਮਾਂ ਦਾ ਹਵਾਲਾ ਦਿੱਤਾ। ਉਨ੍ਹਾ ਕਿਹਾ ਕਿ ਬਿਰਲਾ ਰੋਡ ਦੀਆਂ ਗਲੀਆਂ 'ਤੇ ਭੂ ਮਾਫ਼ੀਆ ਵੱਲੋਂ ਨਜਾਇਜ਼ ਕਬਜ਼ੇ ਕੀਤੇ ਗਏ ਹਨ, ਜਿਸ ਕਾਰਨ ਆਵਾਜਾਈ ਵੀ ਪ੍ਰਭਾਵਿਤ ਹੋ ਰਹੀ ਹੈ। ਉਨ੍ਹਾ ਆਪਣੇ ਵੱਲੋਂ ਗਲੀਆਂ ਖੋਲ੍ਹਣ ਲਈ ਜ਼ਰੂਰੀ ਕਾਰਵਾਈਆਂ ਕਰਨ ਲਈ ਵਿਸਥਾਰ ਪੂਰਵਕ ਆਪਣੀ ਅਰਜ਼ੀ 'ਚ ਲਿਖਿਆ ਹੈ।

ਬੈੱਸਟ ਰੇਡਰ ਦਾ ਖਿਤਾਬ ਜਿੱਤਣ ਵਾਲੇ ਅਲੀ ਦਾ ਸ਼ਾਨਦਾਰ ਸਵਾਗਤ

ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ, ਪ੍ਰਦੀਪ ਸਿੰਘ ਲੋਹਗੜ੍ਹ)-ਬਾਬਾ ਸੁਖਨੰਦ ਸਪੋਰਟਸ ਕਬੱਡੀ ਕਲੱਬ ਤਪਾ ਮੰਡੀ ਵੱਲੋਂ ਕਰਾਏ ਡਿੰਪੀ ਫਤਿਹਪੁਰ ਯਾਦਗਾਰੀ 9ਵੇਂ ਕਬੱਡੀ ਕੱਪ ਦੌਰਾਨ ਕਬੱਡੀ 75 ਕਿਲੋ 'ਚੋਂ ਸਰਵੋਤਮ ਰੇਡਰ ਦਾ ਖਿਤਾਬ 'ਚ ਫੋਰਡ 3600 ਟਰੈਕਟਰ ਜਿੱਤ ਕੇ ਪਿੰਡ ਮਹਿਲ ਕਲਾਂ ਪਰਤੇ ਕਬੱਡੀ ਖਿਡਾਰੀ ਅਲੀ ਮਹਿਲ ਕਲਾਂ ਦਾ ਮਹਿਲ ਕਲਾਂ ਵਿਖੇ ਪੁੱਜਣ 'ਤੇ ਭਰਵਾਂ ਸੁਆਗਤ ਕੀਤਾ ਗਿਆ। ਸਮੂਹ ਦੁਕਾਨਦਾਰ ਭਾਈਚਾਰੇ ਅਤੇ ਪ੍ਰਸੰਸਕਾਂ ਵੱਲੋਂ ਹਾਰਾਂ ਨਾਲ ਲੱਦ ਤੇ ਫੁੱਲਾਂ ਦੀ ਵਰਖਾ ਕੀਤੀ ਗਈ। ਪ੍ਰਧਾਨ ਗਗਨਦੀਪ ਸਿੰਘ ਸਰਾਂ ਨੇ ਕਿਹਾ ਕਿ ਅਲੀ ਦੀ ਇਹ ਪ੍ਰਾਪਤੀ ਅੱਜ ਦੀ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਹੋਰਨਾਂ ਨੌਜਵਾਨਾਂ ਨੂੰ ਵੀ ਇਸ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ। ਅਲੀ ਦੇ ਪਿਤਾ ਡਾ. ਮਿੱਠੂ ਮੁਹੰਮਦ ਨੇ ਕਿਹਾ ਕਿ ਉਨ੍ਹਾਂ ਦੇ ਬੇਟੇ ਨੇ ਆਪਣੇ ਗੁਰੂ ਲੱਕੀ ਸਿੱਧਵਾਂ ਤੇ ਸਿਮਰਾ ਮਹਿਲ ਕਲਾਂ ਦੀ ਦੇਖ-ਰੇਖ 'ਚ ਅਣਥੱਕ ਮਿਹਨਤ ਕੀਤੀ ਹੈ, ਜਿਸ ਦੇ ਸਦਕਾ ਉਨ੍ਹਾਂ ਦੇ ਬੇਟੇ ਨੇ 3600 ਫੋਰਡ ਟਰੈਕਟਰ ਜਿੱਤਿਆ ਹੈ। ਉਨ੍ਹਾਂ ਦੇ ਸਾਰੇ ਪਰਵਾਰ ਅਤੇ ਇਲਾਕੇ ਨੂੰ ਇਸ ਪ੍ਰਾਪਤੀ 'ਤੇ ਵੱਡਾ ਮਾਣ ਹੈ। ਇਸ ਸਮੇਂ ਅਸ਼ੋਕ ਕੁਮਾਰ ਅਗਰਵਾਲ, ਪ੍ਰੇਮ ਕੁਮਾਰ ਪਾਸੀ, ਮਾਨ ਸਿੰਘ ਮਹਿਲ ਕਲਾਂ, ਦਿਲਬਰ ਮਹਿਲ ਕਲਾਂ, ਜਗਜੀਤ ਸਿੰਘ ਮਾਹਲ, ਪਰਮਿੰਦਰ ਸਿੰਘ ਹਮੀਦੀ, ਹਨੀ ਪਾਸੀ, ਪੰਨੂ ਛੀਨੀਵਾਲ, ਸੁਖਦੇਵ ਸਿੰਘ ਰਾਗੀ, ਨਾਹਰ ਸਿੰਘ, ਕਾਕਾ ਖਾਨ, ਗਿੰਦਰ ਸਿੰਘ ਰਾਜਾ, ਪਰਮਿੰਦਰ ਧਾਲੀਵਾਲ, ਗਿੰਨੀ ਉੱਪਲ ਤੋਂ ਇਲਾਵਾ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਆਦਿ ਹਾਜ਼ਰ ਸਨ।

ਦੇਵ ਸਮਾਜ ਕਾਲਜ 'ਚ ਇੱਕ ਰੋਜ਼ਾ ਆਨਲਾਈਨ ਵਰਕਸ਼ਾਪ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਦੇਵ ਸਮਾਜ ਕਾਲਜ ਫ਼ਾਰ ਵੂਮੈਨ, ਫ਼ਿਰੋਜ਼ਪੁਰ ਦੇ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਦੀ ਅਗਵਾਈ ਅਤੇ ਡਾ. ਸੰਗੀਤਾ, ਪ੍ਰਿੰਸੀਪਲ ਦੇ ਉਚਿਤ ਮਾਰਗਦਰਸ਼ਨ ਹੇਠ ਕਾਲਜ ਲਗਾਤਾਰ ਤਰੱਕੀ ਦੀ ਰਾਹ 'ਤੇ ਅੱਗੇ ਵਧ ਰਿਹਾ ਹੈ।ਇਸੇ ਲੜੀ ਵਿੱਚ ਐਂਟਰਪ੍ਰਨਿਓਰਸ਼ਿਪ ਡਿਵੈਲਪਮੈਂਟ ਸੈੱਲ ਦੁਆਰਾ ਇੱਕ ਰੋਜ਼ਾ ਆਨਲਾਈਨ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ, ਜਿਸ ਦਾ ਵਿਸ਼ਾ ਜਨਰੇਟਿੰਗ ਸਮਾਲ ਬਿਜ਼ਨਸ ਕਸਟਮਰ ਵਿਦ ਸੋਸ਼ਲ ਮੀਡੀਆ ਰਿਹਾ।ਇਸ ਵਰਕਸ਼ਾਪ 'ਚ ਮੁੱਖ ਵਕਤਾ ਦੇ ਰੂਪ 'ਚ ਸਮਰਥ ਸ਼ਰਮਾ, ਕੰਸਲਟੈਂਟ, ਮਹਾਤਮਾ ਗਾਂਧੀ ਨੈਸ਼ਨਲ ਕੌਂਸਲ ਆਫ਼ ਰੂਰਲ ਐਜੂਕੇਸ਼ਨ, ਸਿੱਖਿਆ ਮੰਤਰਾਲੇ ਨੇ ਸ਼ਿਰਕਤ ਕੀਤੀ।

ਇਸ ਵਰਕਸ਼ਾਪ 'ਚ 90 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ।ਪ੍ਰੋਗਰਾਮ ਦੀ ਸ਼ੁਰੂਆਤ 'ਚ ਡਾ. ਸੰਗੀਤਾ, ਕਾਲਜ ਪ੍ਰਿੰਸੀਪਲ ਨੇ ਮੁੱਖ ਵਕਤਾ ਸਮਰਥ ਸ਼ਰਮਾ ਦਾ ਸਵਾਗਤ ਕੀਤਾ ।ਸਮਰਥ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਸੋਸ਼ਲ ਮੀਡੀਆ ਦੇ ਵੱਖਰੇ-ਵੱਖਰੇ ਚੈਨਲਾਂ ਜਿਵੇਂ ਟਵੀਟਰ, ਫੇਸਬੁੱਕ, ਇੰਸਟਾਗ੍ਰਾਮ, ਲਿੰਕਡਿਨ ਆਦਿ ਦੀ ਮਦਦ ਨਾਲ ਛੋਟੇ ਬਿਜ਼ਨਸ ਨੂੰ ਵੱਡੇ ਲੈਵਲ ਤੱਕ ਕਿਸ ਤਰ੍ਹਾਂ ਵਧਾ ਸਕਦੇ ਹਾਂ।ਉਨ੍ਹਾ ਇਸ ਵਿਸ਼ੇ 'ਤੇ ਹੋਰ ਵਿਸਥਾਰਪੂਰਵਕ ਚਰਚਾ ਕਰਦੇ ਹੋਏ ਪਾਵਰ-ਪੁਆਇੰਟ ਪ੍ਰੈਜ਼ੈਨਟੇਸ਼ਨ ਰਾਹੀਂ ਵਿਦਿਆਰਥੀਆਂ ਨਾਲ ਜਾਣਕਾਰੀ ਸਾਂਝੀ ਕੀਤੀ ਅਤੇ ਵਿਦਿਆਰਥੀਆਂ ਨੇ ਆਪਣੀ ਰੁਚੀ ਦਿਖਾਉਂਦਿਆਂ ਆਪਣੇ ਵਿਸ਼ੇ ਨਾਲ ਸੰਬੰਧਤ ਪ੍ਰਸ਼ਨਾਂ ਦੇ ਉੱਤਰ ਮੁੱਖ ਵਕਤਾ ਤੋਂ ਬੜੇ ਹੀ ਸੁਚੱਜੇ ਢੰਗ ਨਾਲ ਪ੍ਰਾਪਤ ਕੀਤੇ।ਇਸ ਮੌਕੇ ਡਾ. ਸੰਗੀਤਾ ਨੇ ਆਨਲਾਈਨ ਵਰਕਸ਼ਾਪ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੀਆਂ ਵਰਕਸ਼ਾਪਾਂ ਵਿਦਿਆਰਥੀਆਂ ਦੇ ਸਰਵਉੱਚ ਵਿਕਾਸ ਲਈ ਬਹੁਤ ਸਹਾਈ ਹੁੰਦੀਆਂ ਹਨ। ਉਨ੍ਹਾ ਵਰਕਸ਼ਾਪ ਦੇ ਸਫਲ ਆਯੋਜਨ 'ਤੇ ਮੁੱਖ ਵਕਤਾ ਸਮਰਥ ਸ਼ਰਮਾ ਦਾ ਧੰਨਵਾਦ ਕੀਤਾ, ਨਾਲ ਹੀ ਇਸ ਵਰਕਸ਼ਾਪ ਦੇ ਕੋਆਰਡੀਨੇਟਰ ਕਨਿਕਾ ਸਚਦੇਵਾ, ਇੰਚਾਰਜ ਡਾ. ਵੰਦਨਾ ਗੁਪਤਾ ਨੂੰ ਵੀ ਵਧਾਈ ਦਿੱਤੀ।ਇਸ ਮੌਕੇ ਕਾਲਜ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਨੇ ਸ਼ੁੱਭਕਾਮਨਾਵਾਂ ਦਿੱਤੀਆਂ।

ਜੀ ਪੀ ਐੱਫ ਕਟੌਤੀ ਸ਼ੁਰੂ ਨਾ ਹੋਣ 'ਤੇ ਐੱਨ ਪੀ ਐੱਸ ਮੁਲਾਜ਼ਮ ਹੋਏ ਨਰਾਜ਼

ਬਠਿੰਡਾ (ਪਰਵਿੰਦਰ ਜੀਤ ਸਿੰਘ)-ਸੀ ਪੀ ਐਫ ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੱਦੇ ਤਹਿਤ ਜ਼ਿਲ੍ਹਾ ਬਠਿੰਡਾ ਦੇ ਜ਼ਿਲ੍ਹਾ ਪ੍ਰਧਾਨ ਇਕਬਾਲ ਸਿੰਘ ਮਾਨ, ਜਨਰਲ ਸਕੱਤਰ ਰਣਜੀਤ ਰਾਣਾ, ਇਸਤਰੀ ਵਿੰਗ ਦੀ ਪੰਜਾਬ ਪ੍ਰਧਾਨ ਕਿਰਨਾਂ ਖਾਨ, ਸਰਪ੍ਰਸਤ ਸੁਖਦਰਸ਼ਨ ਸਿੰਘ ਬਠਿੰਡਾ, ਜ਼ਿਲ੍ਹਾ ਪ੍ਰੈਸ ਸਕੱਤਰ ਹਰਮੀਤ ਸਿੰਘ ਬਾਜਾਖਾਨਾ ਨੇ ਪ੍ਰੈਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ

ਸਰਕਾਰ ਵੱਲੋਂ ਜੀ ਪੀ ਐੱਫ ਕਟੌਤੀ ਨਾ ਸ਼ੁਰੂ ਕਰਨ ਅਤੇ ਅਧੂਰੇ ਨੋਟੀਫਿਕੇਸ਼ਨ ਨੂੰ ਸੰਪੂਰਨ ਰੂਪ 'ਚ ਜਾਰੀ ਨਾ ਕਰਨ ਦੇ ਵਿਰੋਧ ਵਜੋਂ ਅੱਜ ਡੀ ਸੀ ਦਫਤਰ ਬਠਿੰਡਾ ਵਿਖੇ ਮੁੱਖ ਮੰਤਰੀ ਦੇ ਪੁਤਲੇ ਫੂਕੇ ਗਏ। ਪ੍ਰਦਰਸ਼ਨ ਦੌਰਾਨ ਆਗੂਆਂ ਨੇ ਦੱਸਿਆ ਕਿ ਦੋ ਮਹੀਨੇ ਦਾ ਲੰਮਾ ਸਮਾਂ ਬੀਤ ਜਾਣ ਤੋਂ ਬਾਅਦ ਵੀ ਅਜੇ ਤੱਕ ਐਨ ਪੀ ਐਸ ਮੁਲਾਜ਼ਮਾਂ ਨੂੰ ਨਾ ਤਾਂ ਜੀ ਪੀ ਐਫ ਨੰਬਰ ਹੀ ਅਲਾਟ ਹੋਇਆ ਅਤੇ ਨਾ ਹੀ ਇਸ ਦੀ ਕਟੌਤੀ ਸ਼ੁਰੂ ਹੋਈ ਹੈ। ਇਸ ਦੇ ਨਾਲ ਹੀ ਪੰਜਾਬ ਸਰਕਾਰ ਤੋਂ ਇਹ ਮੰਗ ਵੀ ਕੀਤੀ ਗਈ ਕਿ ਕੇਂਦਰ ਸਰਕਾਰ ਦੀ ਤਰਜ਼ ਉੱਪਰ 20 ਸਾਲ ਦੀ ਸੇਵਾ ਨੂੰ ਪੈਨਸ਼ਨ ਗਣਨਾ ਸਮੇਂ ਪੂਰੇ ਲਾਭ ਦਿੱਤੇ ਜਾਣ। ਇਸ ਸਮੇਂ ਇਹ ਮੰਗ ਉਠਾਈ ਗਈ ਕਿ ਬੋਰਡਾਂ ਤੇ ਕਾਰਪੋਰੇਸ਼ਨਾਂ ਦੇ ਕਰਮਚਾਰੀਆਂ ਨੂੰ ਵੀ ਪੈਨਸ਼ਨ ਦਿੱਤੀ ਜਾਵੇ। ਜ਼ਿਲ੍ਹਾ ਪ੍ਰੀਸ਼ਦ ਅਤੇ ਐਸ ਐਸ ਏ/ਰਮਸਾ ਅਧੀਨ ਕੀਤੀ ਨੌਕਰੀ ਦੇ ਸਮਾਂ ਕਾਲ ਨੂੰ ਪੈਨਸ਼ਨ ਦਾ ਲਾਭ ਗਿਣਦੇ ਸਮੇਂ ਰੈਗੂਲਰ ਨੌਕਰੀ ਦੇ ਸਮੇਂ 'ਚ ਜੋੜਿਆ ਜਾਵੇ। ਇਸ ਸਮੇਂ ਜਥੇਬੰਦੀਆਂ ਦੇ ਆਗੂ ਦੱਸਿਆ ਕਿ ਐਨ ਪੀ ਐਸ ਅਧੀਨ ਆਉਂਦੇ ਅੱਜ ਦੇ ਮੁਲਾਜ਼ਮਾਂ ਨੇ ਆਪਣੀ ਸੇਵਾ ਕਾਲ ਦੇ ਮੁਢਲੇ ਤਿੰਨ ਤੋਂ ਪੰਜ ਸਾਲ ਠੇਕਾ ਅਧਾਰ 'ਤੇ ਨਿਗੂਣੀਆਂ ਤਨਖਾਹਾਂ 'ਤੇ ਲਾਏ ਹਨ। ਅੱਜ ਜਦੋਂ ਇਨ੍ਹਾਂ ਮੁਲਾਜ਼ਮਾਂ ਦੀ ਪੈਨਸ਼ਨ ਤੈਅ ਕੀਤੀ ਜਾਣੀ ਹੈ ਤਾਂ ਸਿਰਫ ਰੈਗੂਲਰ ਸਮੇਂ ਨੂੰ ਹੀ ਗਿਣਿਆ ਜਾਵੇਗਾ। ਰੈਗੂਲਰ ਸਮਾਂ ਘੱਟ ਰਹਿ ਜਾਣ ਕਾਰਨ ਬਹੁਤ ਸਾਰੇ ਮੁਲਾਜ਼ਮ ਸਾਥੀ ਪੈਨਸ਼ਨ ਦਾ ਪੂਰਾ ਲਾਭ ਨਹੀਂ ਲੈ ਸਕਣਗੇ। ਇਸ ਤਰ੍ਹਾਂ ਅੱਜ ਦੇ ਐਨ ਪੀ ਐਸ ਮੁਲਾਜ਼ਮ ਦੋਹਰੀ ਮਾਰ ਹੇਠ ਹਨ, ਇੱਕ ਤਾਂ ਠੇਕੇ ਦੀ ਸੇਵਾ ਦੌਰਾਨ ਨਿਭਾਈ ਸੇਵਾ ਦਾ ਨਾ ਗਿਣਿਆ ਜਾਣਾ। ਇਸ ਲਈ ਸਰਕਾਰ ਪੈਨਸ਼ਨ ਦਾ ਲਾਭ ਮਿਥਦੇ ਸਮੇਂ ਸਾਡੇ ਦੁਆਰਾ ਰੈਗੂਲਰ ਸੇਵਾਕਾਲ ਦੇ ਨਾਲ ਨਾਲ ਠੇਕੇ 'ਤੇ ਕੀਤੀ ਸਰਵਿਸ ਦੀ ਗਣਨਾ ਕਰਨ ਦਾ ਵੀ ਪ੍ਰਾਵਧਾਨ ਰੱਖੇ। ਆਗੂਆਂ ਅੱਗੇ ਦੱਸਿਆ ਕਿ ਜੇਕਰ ਸਰਕਾਰ ਵੱਲੋਂ ਟਾਲ ਮਟੋਲ ਇਸੇ ਤਰ੍ਹਾਂ ਜਾਰੀ ਰਹੀ ਤਾਂ ਆਉਣ ਵਾਲੇ ਦਿਨਾਂ 'ਚ ਸੰਘਰਸ਼ ਹੋਰ ਵੀ ਤਿੱਖਾ ਹੋਵੇਗਾ।

ਭਰਾਜ ਨੇ ਗ੍ਰਾਮ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਚੈੱਕ ਵੰਡੇ

ਸੰਗਰੂਰ (ਪ੍ਰਵੀਨ ਸਿੰਘ)

ਵਿਧਾਨ ਸਭਾ ਹਲਕਾ ਸੰਗਰੂਰ ਅਧੀਨ ਆਉਂਦੇ ਸ਼ਹਿਰੀ ਤੇ ਦਿਹਾਤੀ ਖੇਤਰਾਂ ਦੇ ਬਹੁਪੱਖੀ ਵਿਕਾਸ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਇਹ ਪ੍ਰਗਟਾਵਾ ਕਰਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਹਲਕੇ ਦੇ ਲੋਕਾਂ ਦੀਆਂ ਲੋੜਾਂ ਨੂੰ ਤਰਜੀਹੀ ਆਧਾਰ 'ਤੇ ਪੂਰਾ ਕਰਨ ਲਈ ਉਹ ਸਮੇਂ-ਸਮੇਂ 'ਤੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗਾਂ ਕਰਕੇ ਬਕਾਇਆ ਵਿਕਾਸ ਕਾਰਜਾਂ ਦਾ ਜਾਇਜ਼ਾ ਲੈ ਰਹੇ ਹਨ ਤੇ ਇਸੇ ਲੜੀ ਤਹਿਤ ਗ੍ਰਾਮ ਪੰਚਾਇਤਾਂ ਨੂੰ ਵੀ ਵਿਕਾਸ ਕੰਮਾਂ ਲਈ ਗ੍ਰਾਂਟ ਪ੍ਰਦਾਨ ਕੀਤੀ ਜਾ ਰਹੀ ਹੈ।

ਵਿਧਾਇਕ ਨਰਿੰਦਰ ਕੌਰ ਭਰਾਜ ਨੇ ਹਲਕੇ ਦੇ ਪਿੰਡ ਕਲੌਦੀ ਦੀ ਗ੍ਰਾਮ ਪੰਚਾਇਤ ਨੂੰ 4.25 ਲੱਖ ਰੁਪਏ, ਗ੍ਰਾਮ ਪੰਚਾਇਤ ਬੰਗਾਵਾਲੀ ਨੂੰ 2 ਲੱਖ ਰੁਪਏ, ਗ੍ਰਾਮ ਪੰਚਾਇਤ ਭਿੰਡਰਾਂ ਨੂੰ 3 ਲੱਖ ਤੇ ਗ੍ਰਾਮ

ਪੰਚਾਇਤ ਰੂਪਾਹੇੜੀ ਨੂੰ 2 ਲੱਖ ਰੁਪਏ ਦਾ ਚੈਕ ਸੌਂਪਦਿਆਂ ਸਮੁੱਚੇ ਕੰਮ ਪਾਰਦਰਸ਼ੀ ਪ੍ਰਣਾਲੀ ਨਾਲ ਨੇਪਰੇ ਚੜ੍ਹਾਉਣ ਦੀ ਹਦਾਇਤ ਕੀਤੀ। ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਸ਼੍ਰੀ ਭਗਵੰਤ ਮਾਨ ਵੱਲੋਂ ਭ੍ਰਿਸ਼ਟਾਚਾਰ ਖਿਲਾਫ਼ ਜ਼ੀਰੋ ਟੋਲਰੈਂਸ ਨੀਤੀ ਅਪਣਾਈ ਗਈ ਹੈ ਇਸ ਲਈ ਵਿਕਾਸ ਕਾਰਜਾਂ ਲਈ ਜਾਰੀ ਹੋਣ ਵਾਲੀ ਗ੍ਰਾਂਟ ਦੀ ਕਿਸੇ ਵੀ ਢੰਗ ਨਾਲ ਦੁਰਵਰਤੋਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਵਿਧਾਇਕ ਭਰਾਜ ਨੇ ਕਿਹਾ ਕਿ ਹਲਕੇ ਦੀਆਂ ਬਾਕੀ ਗ੍ਰਾਮ ਪੰਚਾਇਤਾਂ ਨਾਲ ਵੀ ਉਹ ਲਗਾਤਾਰ ਮੀਟਿੰਗਾਂ ਕਰਕੇ ਉਨ੍ਹਾਂ ਦੀਆਂ ਜ਼ਰੂਰਤਾਂ ਦਾ ਜਾਇਜ਼ਾ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਵਿਕਾਸ ਕੰਮਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਚੈੱਕ ਵੰਡਣ ਮੌਕੇ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਸੰਗਰੂਰ, ਮਨਦੀਪ ਰੂਪਾਹੇੜੀ, ਗੁਰਪਿਆਰ ਅਕੋਈ ਸਾਹਿਬ, ਹਰਜੀਤ ਕਲੌਦੀ ਤੇ ਲਖਵਿੰਦਰ ਬੰਗਾਵਾਲੀ ਵੀ ਹਾਜ਼ਰ ਸਨ।

ਮਾਨ ਸਰਕਾਰ ਵੱਲੋਂ ਰੇਤਾ ਦੀ ਸਪਲਾਈ ਸ਼ੁਰੂ ਕਰਨਾ ਸ਼ਲਾਘਾਯੋਗ ਕਦਮ : ਦੇਵ ਮਾਨ

ਨਾਭਾ (ਵਰਿੰਦਰ ਵਰਮਾ)-ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦਾ ਨਾਭਾ ਪਹੁੰਚਣ 'ਤੇ ਵਰਕਰਾਂ ਅਤੇ ਆਗੂਆਂ ਵੱਲੋਂ ਜ਼ੋਰਦਾਰ ਸਵਾਗਤ ਕੀਤਾ ਜਾ ਰਿਹਾ ਹੈ। ਉਥੇ ਉਨ੍ਹਾ ਦੇ ਭਰਾ ਅਤੇ ਸੀਨੀਅਰ ਆਗੂ ਕਪਿਲ ਮਾਨ ਤੇ ਜਸਵੀਰ ਸਿੰਘ ਜੱਸੀ ਨੇ ਮੁੱਖ ਦਫਤਰ ਵਿਖੇ ਵਿਧਾਇਕ ਦੇਵ ਮਾਨ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ। ਇਸ ਮੌਕੇ ਗੁਰਦੇਵ ਸਿੰਘ ਦੇਵ ਮਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇੱਕ ਮਹੀਨੇ ਦੇ ਕਰੀਬ ਕੈਨੇਡਾ ਰਹਿਣ ਤੋਂ ਬਾਅਦ ਉਹ ਆਪਣੇ ਹਲਕੇ 'ਚ ਪਹੁੰਚੇ ਹਨ। ਉਨ੍ਹਾ ਕਿਹਾ ਕਿ ਉਹ ਹਲਕਾ ਵਾਸੀਆਂ ਦੀਆਂ ਸਮੱਸਿਆਵਾਂ ਸੁਣਨ ਲਈ ਉਹ ਲੋਕਾਂ ਨਾਲ ਮੇਲ-ਮਿਲਾਪ ਰੱਖਣਗੇ। ਲੋਕਾਂ ਦੀਆਂ ਹਰ ਸਮੱਸਿਆਵਾਂ ਨੂੰ ਦੂਰ ਕੀਤਾ ਜਾਵੇਗਾ। ਉੱਥੇ ਹੀ ਉਨ੍ਹਾਂ ਮੁੱਖ ਮੰਤਰੀ ਪੰਜਾਬ ਵੱਲੋਂ ਗਰੰਟੀਆਂ ਨੂੰ ਪੂਰਾ ਕਰਨ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਹੱਲ ਕਰਦਿਆਂ ਰੇਤਾ ਦੀ ਸਪਲਾਈ ਸ਼ੁਰੂ ਕਰਨ ਵਾਲੇ ਫੈਸਲੇ ਦੀ ਵੀ ਸ਼ਲਾਘਾ ਕੀਤੀ। ਉਨ੍ਹਾ ਕਿਹਾ ਕਿ ਪੰਜਾਬ ਦੀ ਜਨਤਾ ਨੂੰ ਰੇਤ ਨਾ ਮਿਲਣ ਕਰਕੇ ਆ ਰਹੀਆਂ ਦਿੱਕਤਾਂ ਦਾ ਹੱਲ ਕਰਕੇ ਆਪਣਾ ਵਾਅਦਾ ਪੂਰਾ ਕੀਤਾ ਹੈ। ਉਨ੍ਹਾ ਕਿਹਾ ਕਈ ਥਾਵਾਂ ਤੋਂ 5.50 ਰੁਪਈਏ ਪ੍ਰਤੀ ਘਣ ਫੁੱਟ ਦੇ ਹਿਸਾਬ ਨਾਲ ਰੇਤਾ ਮਿਲੇਗੀ , ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਇੱਕ ਹੀ ਝਟਕੇ 'ਚ ਨਜਾਇਜ਼ ਮਾਈਨਿੰਗ ਵਰਗੇ ਸਾਲਾਂ ਤੋਂ ਲੱਗੇ ਘੁਣ ਨੂੰ ਲਾਹ ਦਿੱਤਾ ਹੈ। ਉਨ੍ਹਾ ਕਿਹਾ ਕਿ ਸਾਡੀ ਸਰਕਾਰ ਦਾ ਏਹੀ ਅੰਤਰ ਹੈ ਕਿ ਅਸੀਂ ਸਿਰਫ ਵਾਅਦੇ ਨਹੀਂ ਕਰਦੇ, ਉਨ੍ਹਾਂ ਨੂੰ ਪੂਰਾ ਵੀ ਕਰਦੇ ਹਾਂ। ਉਨ੍ਹਾ ਕਿਹਾ ਕਿ ਹਲਕਾ ਵਾਸੀਆਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਜੋ ਵੀ ਵਾਅਦੇ ਜਾਂ ਕੰਮ ਰਹਿ ਗਏ ਹਨ, ਉਨ੍ਹਾਂ ਨੂੰ ਇੱਕ ਇੱਕ ਕਰਕੇ ਛੇਤੀ ਪੂਰਾ ਕੀਤਾ ਜਾਵੇਗਾ।

ਵੱਡੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦਗਾਰ ਬਣਾਉਣ ਲਈ ਰੱਖੇ ਨੀਂਹ ਪੱਥਰ ਚਿੜਾ ਰਹੇ ਮੂੰਹ

ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ, ਪ੍ਰਦੀਪ ਸਿੰਘ ਲੋਹਗੜ੍ਹ)

ਇਤਿਹਾਸਕ ਪਿੰਡ ਕੁਤਬਾ (ਬਰਨਾਲਾ) ਦੀ ਪਵਿੱਤਰ ਧਰਤੀ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਵੱਡੇ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਦੀਆਂ ਯਾਦਗਾਰਾਂ ਬਣਾਉਣ ਲਈ ਰੱਖੇ ਨੀਂਹ ਪੱਥਰ ਮੂੰਹ ਚਿੜਾ ਰਹੇ ਹਨ। ਜਾਣਕਾਰੀ ਅਨੁਸਾਰ 1970 ਤੋਂ ਲੈ ਕੇ ਅੱਜ ਤੱਕ ਪਿੰਡ ਕੁਤਬਾ ਬਾਹਮਣੀਆਂ ਦੀ ਇਤਿਹਾਸਕ ਧਰਤੀ ਉੱਪਰ ਸ਼੍ਰੋਮਣੀ ਕਮੇਟੀ ਤੇ ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਮਹਾਨ ਸ਼ਹੀਦਾਂ ਦੀ ਯਾਦਗਾਰ ਬਣਾਉਣ ਲਈ ਨੀਂਹ ਪੱਥਰ ਰੱਖੇ ਗਏ, ਪਰ ਅੱਜ ਤੱਕ ਯਾਦਗਾਰ ਉਸਾਰੀ ਦਾ ਕੰਮ ਸ਼ੁਰੂ ਨਹੀਂ ਹੋ ਸਕਿਆ। ਇਸ ਤੋਂ ਇਲਾਵਾ ਪਿੰਡ ਕੁੱਪ ਰਹੀੜਾ ਤੋਂ ਵਾਇਆ ਕੁਤਬਾ-ਬਾਹਮਣੀਆਂ ਪਿੰਡ ਗਹਿਲ ਤੱਕ ਘੱਲੂਘਾਰਾ ਮਾਰਗ ਬਣਾਉਣ ਸਬੰਧੀ 8 ਫ਼ਰਵਰੀ 2003 ਵਿੱਚ ਨੀਂਹ ਪੱਥਰ ਰੱਖਿਆ ਗਿਆ, ਪਿਛਲੇ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਵਤਾਰ ਸਿੰਘ ਮੱਕੜ ਵੱਲੋਂ ਸ਼ਹੀਦਾਂ ਦੀ ਯਾਦਗਾਰ 'ਅਜੂਬਾ' ਬਣਾਉਣ ਦਾ ਨੀਂਹ ਪੱਥਰ 8 ਫ਼ਰਵਰੀ 2006 ਨੂੰ ਰੱਖਿਆ ਗਿਆ, ਪਰ 16 ਸਾਲ ਤੋਂ ਵੱਧ ਸਮਾਂ ਬੀਤ ਜਾਣ 'ਤੇ ਵੀ ਕੰਮ ਨਹੀਂ ਸ਼ੁਰੂ ਕੀਤਾ ਗਿਆ। ਬੀਤੇ ਸਮੇਂ 'ਚ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇਦਾਰ ਗੁਰਚਰਨ ਸਿੰਘ ਟੌਹੜਾ, ਬੀਬੀ ਜਗੀਰ ਕੌਰ ਵੱਲੋਂ ਵੀ ਯਾਦਗਾਰ ਦੀ ਉਸਾਰੀ ਲਈ ਨੀਂਹ ਪੱਥਰ ਰੱਖੇ ਗਏ, ਪਰ ਅੱਜ ਤੱਕ ਨਿਰਮਾਣ ਦਾ ਕੰਮ ਸ਼ੁਰੂ ਕਰਾਉਣ ਵੱਲ ਕਿਸੇ ਨੇ ਵੀ ਕੋਈ ਧਿਆਨ ਨਹੀਂ ਦਿੱਤਾ। ਗੁ: ਘੱਲੂਘਾਰਾ ਕਮੇਟੀ, ਨਗਰ ਪੰਚਾਇਤ ਵੱਲੋਂ ਸਮੇਂ-ਸਮੇਂ ਸ਼੍ਰੋਮਣੀ ਕਮੇਟੀ ਅਤੇ ਪੰਜਾਬ ਸਰਕਾਰ ਨੂੰ ਯਾਦ ਕਰਾਉਣ ਦੇ ਬਾਵਜੂਦ ਮਹਾਨ ਸ਼ਹੀਦਾਂ ਦੀ ਯਾਦਗਾਰ ਬਣਾਉਣ ਦੀ ਕੋਈ ਯੋਜਨਾ ਨਹੀਂ ਬਣ ਸਕੀ। ਸਾਬਕਾ ਚੇਅਰਮੈਨ ਅਜੀਤ ਸਿੰਘ ਕੁਤਬਾ ਨੇ ਕਿਹਾ ਕਿ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਡਾ ਘੱਲੂਘਾਰਾ ਸਾਹਿਬ ਵੱਲੋਂ ਆਪਣੇ ਪੱਧਰ 'ਤੇ ਐਨ ਆਰ ਆਈ ਵੀਰਾਂ ਗ੍ਰਾਮ ਪੰਚਾਇਤ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਇਸ ਇਤਿਹਾਸਕ ਧਰਤੀ ਪਿੰਡ ਕੁਤਬਾ ਦੀ ਢਾਬ 'ਤੇ ਸ਼ਹੀਦਾਂ ਦੀ ਯਾਦਗਾਰ ਬਣਾਉਣ ਦਾ ਕੰਮ ਜੰਗੀ ਪੱਧਰ ਚੱਲ ਰਿਹਾ ਹੈ, ਜਿਸ 'ਤੇ ਕੋਈ ਡੇਢ ਕਰੋੜ ਦੇ ਕਰੀਬ ਖਰਚ ਆਵੇਗਾ। ਉਨ੍ਹਾਂ ਸਮੂਹ ਦਾਨੀ ਸੱਜਣਾਂ ਨੂੰ ਇਸ ਯਾਦਗਾਰ ਦਾ ਕੰਮ ਮੁਕੰਮਲ ਕਰਨ ਲਈ ਵਡਮੁੱਲਾ ਯੋਗਦਾਨ ਪਾਉਣ ਦੀ ਅਪੀਲ ਕੀਤੀ।

ਇਸ ਮੌਕੇ ਵੱਡਾ ਘੱਲੂਘਾਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਮੁਕੰਦ ਸਿੰਘ ਕੁਤਬਾ, ਕਰਮ ਸਿੰਘ ਰਾਏ, ਗੁਰਦੀਪ ਸਿੰਘ, ਜਸਵਿੰਦਰ ਸਿੰਘ ਨੇ ਕਿਹਾ ਕਿ ਪਿਛਲੇ ਸਮੇਂ ਅਕਾਲੀ ਭਾਜਪਾ ਸਰਕਾਰਾਂ ਦੇ ਕਾਰਜਕਾਲ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਉਸ ਸਮੇਂ ਦੀ ਸਰਕਾਰ ਦੇ ਮੁੱਖ ਮੰਤਰੀ, ਮੰਤਰੀਆਂ ਵੱਲੋਂ ਯਾਦਗਾਰ ਬਣਾਉਣ ਲਈ ਰੱਖੇ ਨੀਂਹ ਪੱਥਰ ਵੀ ਪੱਥਰ ਬਣੇ ਖੜੇ ਹਨ। ਉਨ੍ਹਾਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇਦਾਰ ਹਰਜਿੰਦਰ ਸਿੰਘ ਧਾਮੀ ਪਾਸੋਂ ਯਾਦਗਾਰ ਦੀ ਉਸਾਰੀ ਕਰਵਾਉਣ ਦੀ ਪੁਰਜ਼ੋਰ ਮੰਗ ਕੀਤੀ ਹੈ।

ਹਲਕੇ ਦੇ ਵਿਕਾਸ ਲਈ ਗ੍ਰਾਂਟ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ : ਪ੍ਰੋ. ਬਲਜਿੰਦਰ ਕੌਰ

ਤਲਵੰਡੀ ਸਾਬੋ/ਰਾਮਾਂ ਮੰਡੀ (ਜਗਦੀਪ ਗਿੱਲ)-ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਲਕਾ ਵਿਧਾਇਕਾ ਨੂੰ ਆਪਣੇ ਹਲਕੇ 'ਚ ਰਹਿ ਕੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਦਿੱਤੇ ਗਏ ਨਿਰਦੇਸ਼ ਦਾ ਪਾਲਣ ਕਰਦਿਆਂ ਅੱਜ ਪ੍ਰੋ. ਬਲਜਿੰਦਰ ਕੌਰ ਕੈਬਨਿਟ ਮੰਤਰੀ ਪੰਜਾਬ ਅਤੇ ਹਲਕਾ ਵਿਧਾਇਕਾ ਤਲਵੰਡੀ ਸਾਬੋ ਵੱਲੋਂ ਸਮੂਹ ਵਿਭਾਗਾਂ ਦੇ ਪ੍ਰਸ਼ਾਸਨਕ ਅਧਿਕਾਰੀਆਂ ਦੀ ਟੀਮ ਦੇ ਨਾਲ

ਅੱਜ ਸਥਾਨਕ ਅਨਾਜ ਮੰਡੀ ਵਿਖੇ ਖੁੱਲ੍ਹਾ ਦਰਬਾਰ ਲਗਾਇਆ ਗਿਆ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਸੁਣ ਕੇ ਮੌਕੇ 'ਤੇ ਹੀ ਅਧਿਕਾਰੀਆਂ ਤੋਂ ਹੱਲ ਕਰਵਾਇਆ ਗਿਆ। ਵਿਧਾਇਕਾ ਵੱਲੋਂ ਲਗਾਏ ਗਏ ਖੁੱਲ੍ਹੇ ਦਰਬਾਰ 'ਚ ਵੱਡੀ ਗਿਣਤੀ 'ਚ ਸ਼ਹਿਰ ਵਾਸੀ ਅਤੇ ਨੇੜਲੇ ਪਿੰਡਾਂ ਦੇ ਲੋਕ ਆਪਣੀਆਂ ਸ਼ਿਕਾਇਤਾਂ ਲੈ ਕੇ ਪੁੱਜੇ । ਖੁੱਲ੍ਹੇ ਦਰਬਾਰ ਦੌਰਾਨ ਰਾਮਾਂ ਮੰਡੀ 'ਚ ਸਭ ਤੋਂ ਵੱਧ ਸ਼ਿਕਾਇਤਾਂ ਸੀਵਰੇਜ ਪਾਣੀ ਅਤੇ ਸਫਾਈ ਦੀਆਂ ਮਿਲੀਆਂ। ਲੋਕਾਂ ਨੇ ਨਗਰ ਕੌਂਸਲ ਦੀ ਕਾਰਵਾਈ 'ਤੇ ਸਵਾਲ ਉਠਾਏ ਅਤੇ ਕਿਹਾ ਕਿ ਸ਼ਹਿਰ ਦੇ ਹਰ ਵਾਰਡ 'ਚ ਸੀਵਰੇਜ ਨਿਕਾਸੀ ਦਾ ਮਾੜਾ ਹਾਲ ਹੈ, ਜਿਸ ਬਾਰੇ ਕਈ ਵਾਰ ਨਗਰ ਕੌਂਸਲ ਅਧਿਕਾਰੀਆਂ ਨੂੰ ਸ਼ਿਕਾਇਤ ਵੀ ਕੀਤੀ ਗਈ ਪਰੰਤੂ ਨਗਰ ਕੌਂਸਲ ਅਧਿਕਾਰੀਆਂ ਵੱਲੋਂ ਇਸ ਸਮੱਸਿਆ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਜਨਤਾ ਲਈ ਲਗਾਏ ਗਏ ਖੁੱਲ੍ਹੇ ਦਰਬਾਰ ਤੋਂ ਬਾਅਦ ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ, ਡਿਪਟੀ ਕਮਿਸ਼ਨਰ ਬਠਿੰਡਾ ਸ਼ੌਕਤ ਅਹਿਮਦ ਪਰੇ ਅਤੇ ਸਮੂਹ ਪ੍ਰਸ਼ਾਸਨਕ ਅਧਿਕਾਰੀਆਂ ਨੇ ਨਵੀਂ ਬਣੀ ਸਬਜ਼ੀ ਮੰਡੀ ਅਤੇ ਵਾਟਰ ਵਰਕਸ ਦਾ ਦੌਰਾ ਕੀਤਾ। ਡਿਪਟੀ ਕਮਿਸ਼ਨਰ ਵੱਲੋਂ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਸਬਜ਼ੀ ਮੰਡੀ ਨੂੰ ਜਲਦ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਗਏ। ਉਨ੍ਹਾ ਕਿਹਾ ਕਿ ਹਲਕੇ ਦੇ ਵਿਕਾਸ ਲਈ ਗ੍ਰਾਂਟ ਦੀ ਘਾਟ ਨਹੀਂ ਰਹਿਣ ਦਿੱਤੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਮੈਜਿਸਟਰੇਟ ਸ਼ੌਕਤ ਅਹਿਮਦ ਪਰੇ, ਪਦਵੀ ਚੌਧਰੀ ਏ ਡੀ ਸੀ, ਗਗਨਦੀਪ ਸਿੰਘ ਉੱਪ ਮੰਡਲ ਮੈਜਿਸਟਰੇਟ ਤਲਵੰਡੀ ਸਾਬੋ, ਬੂਟਾ ਸਿੰਘ ਗਿੱਲ ਪੁਲਸ ਉੱਪ ਕਪਤਾਨ ਤਲਵੰਡੀ ਸਾਬੋ, ਰਾਮਾਂ ਥਾਣਾ ਮੁਖੀ ਅੰਗਰੇਜ਼ ਸਿੰਘ, ਮੈਡਮ ਰਮਨਦੀਪ ਕੌਰ ਤਹਿਸੀਲਦਾਰ ਤਲਵੰਡੀ ਸਾਬੋ, ਗੁਰਪ੍ਰੀਤ ਕੌਰ ਨੈਬ ਤਹਿਸੀਲਦਾਰ ਤਲਵੰਡੀ ਸਾਬੋ, ਦੀਪਕ ਸੇਤੀਆ ਕਾਰਜ ਸਾਧਕ ਅਫਸਰ , ਆਪ ਵਰਕਰ ਗੁਰਪ੍ਰੀਤ ਕੌਰ ਸਿੱਧੂ, ਮੁਰਾਰੀ ਲਾਲ ਪੈਸੀਆ, ਅੰਕੁਸ਼ ਲਹਿਰੀ, ਲਵਲੀ ਖਾਲਸਾ, ਸੰਜੀਵ ਲਹਿਰੀ ਐਡਵੋਕੇਟ, ਐਡਵੋਕੇਟ ਸੈਕੀ ਗਰਗ, ਜਗਤਾਰ ਸਿੰਘ ਐਡਵੋਕੇਟ, ਜੈਪਾਲ ਗਰਗ, ਗੌਰਵ, ਸੌਰਵ, ਕੁਲਦੀਪ ਸਿੰਘ ਬੰਗੀ, ਟੇਕ ਸਿੰਘ ਬੰਗੀ ਸਮੇਤ ਵੱਡੀ ਗਿਣਤੀ 'ਚ ਅਧਿਕਾਰੀ ਤੇ ਲੋਕ ਹਾਜ਼ਰ ਸਨ।

ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੇ ਸੁਖਦੇਵ ਸ਼ਰਮਾ ਪ੍ਰਧਾਨ ਤੇ ਡਾ. ਅਮਰਜੀਤ ਸਿੰਘ ਸਕੱਤਰ ਬਣੇ

ਧੂਰੀ (ਸੁਖਦੇਵ ਧੂਰੀ)

ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਰਜਿ: ਧੂਰੀ ਦੀ 2 ਸਾਲਾ ਚੋਣ ਪੈਨਸ਼ਨ ਐਸੋਸੀਏਸ਼ਨ ਦੇ ਦਫਤਰ ਵਿਖੇ ਚੋਣ ਕਮੇਟੀ ਦੇ ਚੇਅਰਮੈਨ ਹਰਦੇਵ ਸਿੰਘ ਜਵੰਧਾ, ਚੋਣ ਕਮੇਟੀ ਦੇ ਮੈਂਬਰਾਨ ਬੁੱਧ ਸਿੰਘ, ਰਮੇਸ਼ ਸ਼ਰਮਾ, ਹੇਮ ਰਾਜ ਕਾਂਝਲਾ ਅਤੇ ਰਾਮ ਗੋਪਾਲ ਸ਼ਰਮਾ ਦੀ ਦੇਖ ਰੇਖ ਹੇਠ ਹੋਈ। ਇਸ ਚੋਣ 'ਚ ਸੁਖਦੇਵ ਸ਼ਰਮਾ ਆਪਣੇ ਮੁਕਾਬਲੇ ਦੇ ਉਮੀਦਵਾਰ ਜੈ ਦੇਵ ਸ਼ਰਮਾ ਨੂੰ 34 ਵੋਟਾਂ ਨਾਲ ਹਰਾ ਕੇ ਪ੍ਰਧਾਨ ਬਣੇ ਅਤੇ ਡਾ. ਅਮਰਜੀਤ ਸਿੰਘ ਸਕੱਤਰ ਦੀ ਚੋਣ ਵਿੱਚ ਆਪਣੇ ਮੁਕਾਬਲੇ ਦੇ ਉਮੀਦਵਾਰ ਜਸਵਿੰਦਰ ਸਿੰਘ ਮੂਲੋਵਾਲ ਨੂੰ 18 ਵੋਟਾਂ ਨਾਲ ਹਰਾ ਕੇ ਸਕੱਤਰ ਬਣੇ। ਇਸ ਚੋਣ ਦਾ ਨਤੀਜਾ ਐਲਾਨਦੇ ਹੋਏ ਚੋਣ ਕਮੇਟੀ ਦੇ ਚੇਅਰਮੈਨ ਹਰਦੇਵ ਸਿੰਘ ਜਵੰਧਾ ਨੇ ਦੱਸਿਆ ਕਿ ਪ੍ਰਧਾਨਗੀ ਦੀ ਇਸ ਚੋਣ 'ਚ 326 ਵੋਟਾਂ ਪੋਲ ਹੋਈਆਂ, ਜਿਸ ਵਿੱਚ ਸੁਖਦੇਵ ਸ਼ਰਮਾ ਨੂੰ 170 , ਜੈ ਦੇਵ ਸ਼ਰਮਾ ਨੂੰ 136 , ਰਣਜੀਤ ਸਿੰਘ ਢੀਂਡਸਾ ਨੂੰ 2 ਵੋਟਾਂ ਅਤੇ ਚਰਨਜੀਤ ਸਿੰਘ ਕੈਂਥ ਨੂੰ 1 ਵੋਟ ਹਾਸਲ ਹੋਈ ਅਤੇ 17 ਵੋਟਾਂ ਰੱਦ ਹੋਈਆਂ, ਜਿਸ 'ਚ 34 ਵੋਟਾਂ ਨਾਲ ਸੁਖਦੇਵ ਸ਼ਰਮਾ ਜੇਤੂ ਰਹੇ ਅਤੇ ਸਕੱਤਰ ਦੀ

ਚੋਣ 'ਚ 326 ਵੋਟਾਂ ਪੋਲ ਹੋਈਆਂ, ਜਿਸ ਵਿੱਚ ਡਾ. ਅਮਰਜੀਤ ਸਿੰਘ ਨੂੰ 160 ਵੋਟਾਂ ਅਤੇ ਜਸਵਿੰਦਰ ਸਿੰਘ ਮੂਲੋਵਾਲ ਨੂੰ 142 ਵੋਟਾਂ ਪੋਲ ਹੋਈਆਂ ਅਤੇ 24 ਵੋਟਾਂ ਰੱਦ ਹੋਈਆਂ। ਜਿਸ 'ਚ ਡਾ. ਅਮਰਜੀਤ ਸਿੰਘ 18 ਵੋਟਾਂ ਨਾਲ ਜਿੱਤ ਕੇ ਸਕੱਤਰ ਬਣੇ। ਇਸ ਮੌਕੇ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀ ਚੋਣ ਜਿੱਤ ਕੇ ਬਣੇ ਪ੍ਰਧਾਨ ਸੁਖਦੇਵ ਸ਼ਰਮਾ ਅਤੇ ਸਕੱਤਰ ਡਾ. ਅਮਰਜੀਤ ਸਿੰਘ ਨੇ ਸਾਰੇ ਪੈਨਸ਼ਨਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੀ ਜ਼ੁੰਮੇਵਾਰੀ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਇਸ ਮੌਕੇ ਵੱਡੀ ਗਿਣਤੀ 'ਚ ਉਨ੍ਹਾਂ ਦੇ ਸਮਰਥਕਾਂ ਵੱਲੋਂ ਸੁਖਦੇਵ ਸ਼ਰਮਾ ਅਤੇ ਡਾ. ਅਮਰਜੀਤ ਸਿੰਘ ਦੇ ਹਾਰ ਪਾ ਕੇ ਖ਼ੁਸ਼ੀ ਦਾ ਇਜ਼ਹਾਰ ਕੀਤਾ ਗਿਆ। ਇਸ ਮੌਕੇ ਜਰਨਲਿਜ਼ਮ ਐਸੋਸੀਏਸ਼ਨ ਰਜਿ: ਧੂਰੀ ਦੇ ਪ੍ਰਧਾਨ ਪੱਤਰਕਾਰ ਲਖਵੀਰ ਸਿੰਘ ਧਾਂਦਰਾ ਨੇ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਰਜਿ: ਧੂਰੀ ਦੇ ਪ੍ਰਧਾਨ ਸੁਖਦੇਵ ਸ਼ਰਮਾ ਅਤੇ ਸਕੱਤਰ ਡਾ. ਅਮਰਜੀਤ ਸਿੰਘ ਨੂੰ ਜਿੱਤ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਦੇਵ ਸਿੰਘ, ਸੋਮ ਨਾਥ ਅੱਤਰੀ, ਪੁਸ਼ਪਿੰਦਰ ਅੱਤਰੀ , ਹਰਭਗਵਾਨ ਸ਼ਰਮਾ, ਨਰਿੰਦਰ ਬਖਸ਼ੀ, ਮਨਜੀਤ ਬਖਸ਼ੀ, ਬਹਾਦਰ ਸਿੰਘ, ਯਾਦਵਿੰਦਰ ਪਾਲ, ਤਰਸੇਮ ਮਿੱਤਲ, ਹੰਸ ਰਾਜ ਗਰਗ ਸਮੇਤ ਅਨੇਕਾਂ ਪੈਨਸ਼ਨਰ ਆਗੂ ਮੌਜੂਦ ਸਨ।

CMYK

10-FEB-2023-page-11-Majha.qxd 2/9/2023 10:29 PM Page 1

ਕੌਮੀ ਇਨਸਾਫ ਮੋਰਚੇ ਦੇ ਵਫਦ ’ਤੇ ਹੋਏ ਲਾਠੀਚਾਰਜ ਵਿਰੁੱਧ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਨੇ ਫੂਕੇ ਪੁਤਲੇ

ਤਰਨ ਤਾਰਨ (ਪ੍ਰਿਤਪਾਲ ਸਿੰਘ) : ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਅਗਰਵਾਈ ਹੇਠ ਅੱਜ ਜ਼ਿਲ੍ਹਾ ਤਰਨ ਤਾਰਨ ਦੇ ਜ਼ੋਨ ਬਾਬਾ ਬੀਰ ਸਿੰਘ ਵੱਲੋਂ ਜੋ ਚੰਡੀਗੜ੍ਹ ਵਿਖੇ ਕੌਮੀ ਇਨਸਾਫ ਮੋਰਚੇ ਦੇ 31 ਮੈਂਬਰੀ ਵਫਦ ਵੱਲੋਂ ਮੁੱਖ ਮੰਤਰੀ ਪੰਜਾਬ ਨੂੰ ਮੰਗ ਪੱਤਰ ਦੇਣ ਜਾਣ ’ਤੇ ਚੰਡੀਗੜ੍ਹ ਪੁਲਸ ਪ੍ਰਸ਼ਾਸਨ ਨੇ ਵਫਦ ਦੇ ਮੈਂਬਰਾਂ ’ਤੇ ਲਾਠੀਚਾਰਜ ਕਰਨ, ਪਾਣੀ ਦੀਆਂ ਬੁਛਾਰਾਂ ਕਰਨ ਤੇ ਵਾਹਨਾਂ ਦੀ ਭੰਨਤੋੜ ਕਰਨ ਦੇ ਵਿਰੋਧ ’ਚ ਅੱਜ ਹਾਈਵੇਅ ਨੰਬਰ 54 ਅੰਮ੍ਰਿਤਸਰ-ਬਠਿੰਡਾ ਤੇ ਪਿੰਡ ਰਸੂਲਪੁਰ ਨਹਿਰਾਂ ਵਿਖੇ ਜਾਮ ਕਰਕੇ ਮੋਦੀ, ਗਵਰਨਰ ਪੰਜਾਬ, ਮੁੱਖ ਮੰਤਰੀ ਪੰਜਾਬ ਤੇ ਚੰਡੀਗੜ੍ਹ ਪੁਲਸ ਪ੍ਰਸ਼ਾਸਨ ਦਾ ਪੁਤਲਾ ਫੂਕਿਆ ਗਿਆ।

ਇਸ ਮੌਕੇ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਫਤਿਹ ਸਿੰਘ ਪਿੱਦੀ, ਜ਼ੋਨ ਪ੍ਰਧਾਨ ਸੁਖਵਿੰਦਰ ਸਿੰਘ ਦੁਗਲਵਾਲਾ ਤੇ ਸਕੱਤਰ ਬਲਜਿੰਦਰ ਸਿੰਘ ਸੇਰੋਂ ਨੇ ਕਿਹਾ ਕਿ 26 ਜਨਵਰੀ 1950 ’ਚ ਦੇਸ਼ ਦੇ ਸੰਵਿਧਾਨ ਦਾ ਖਰੜਾ ਲਾਗੂ ਹੋ ਗਿਆ ਸੀ। ਇਸ ਸੰਵਿਧਾਨ ਖਰੜੇ ਅਨੁਸਾਰ ਦੇਸ਼ ਦਾ ਕਾਨੂੰਨ ਹਰ ਨਾਗਰਿਕਾਂ ਦੇ ਮੌਲਿਕ ਅਧਿਕਾਰਾ ਦੀ ਰਾਖੀ ਕਰੇਗਾ, ਹਰ ਧਰਮ, ਜਾਤੀ, ਅਮੀਰ, ਗਰੀਬ, ਨੇਤਾ, ਅਭਿਨੇਤਾ, ਔਰਤ, ਮਰਦ ਅਤੇ ਹਰ ਦੇਸ਼ ਵਾਸੀ ਲਈ ਬਰਾਬਰਤਾ ਦੇ ਅਧਿਕਾਰ ਦੇਵੇਗਾ, ਪਰ ਅੱਜ ਸਾਡੇ ਭਾਰਤ ਦੇਸ਼ ’ਚ ਕਾਨੂੰਨ ਗਰੀਬ ਵਾਸਤੇ ਲੋਹੇ ਦੀ ਲੱਠ ਅਤੇ ਅਮੀਰ ਵਾਸਤੇ ਮੋਮ ਦਾ ਨੱਕ ਬਣ ਚੁੱਕਾ ਹੈ, ਸਿੱਖਾਂ ਵਾਸਤੇ ਕਾਨੂੰਨ ਹੋਰ ਤੇ ਹੋਰ ਧਰਮ/ਜਾਤੀਆਂ ਵਾਸਤੇ ਹੋਰ, ਕਾਰਪੋਰੇਟਾਂ ਵਾਸਤੇ ਕਾਨੂੰਨ ਹੋਰ ਤੇ ਆਮ ਆਦਮੀ ਵਾਸਤੇ ਹੋਰ, ਭਾਰਤ ਦੇਸ਼ ਵਿੱਚ ਜੇਕਰ ਕੋਈ ਨਾਗਰਿਕ ਕਾਨੂੰਨ ਤੋੜਦਾ ਹੈ, ਉਸ ਦੀਆਂ ਸਜ਼ਾਵਾਂ ਵੀ ਜਾਤੀ ਤੇ ਧਰਮ ’ਤੇ ਅਧਾਰਤ ਹੋ ਗਈਆਂ, ਜੇਕਰ ਸਿੱਖਾਂ ਕੈਦੀਆਂ ਨੂੰ ਕੋਈ ਅਪਰਾਧਕ ਸਜ਼ਾ ਮਿਲਦੀ ਹੈ ਤਾਂ ਸਜ਼ਾਵਾਂ ਪੂਰੀਆਂ ਹੋਣ ਤੋਂ ਬਾਅਦ ਵੀ ਉਹਨਾਂ ਨੂੰ ਰਿਹਾਅ ਨਹੀਂ ਕੀਤਾ ਜਾਂਦਾ। ਸਜ਼ਾ ਪੂਰੀ ਹੋਣ ਤੋਂ 20-30 ਸਾਲ ਬਾਅਦ ਵੀ ਉਹਨਾਂ ਨੂੰ ਜੇਲ੍ਹਾਂ ’ਚ ਰਹਿਣਾ ਪੈ ਰਿਹਾ ਹੈ। ਦੂਜੇ ਪਾਸੇ ਕੁਝ ਰਾਜਨੀਤਕ ਤੇ ਪਖੰਡੀ ਸਾਧਾਂ ਨੂੰ 20 ਸਾਲਾਂ ਦੀ ਬਾ-ਮੁਸ਼ੱਕਤ ਸਜ਼ਾ ਦੇ ਬਾਵਜੂਦ ਪੈਰੋਲ/ਛੁੱਟੀ ਦਿੱਤੀ ਜਾਂਦੀ ਹੈ। ਇਹਨਾਂ ਕਾਨੂੰਨੀ ਬਰਾਬਰਤਾਵਾਂ ਦੇ ਨਾ ਲਾਗੂ ਹੋਣ ਕਾਰਨ ਅੱਜ ਵੀ ਸਿੱਖ ਬੰਦੀ ਸਿੰਘ ਨੂੰ ਸਜ਼ਾਵਾਂ ਪੂਰੀਆ ਹੋਣ ’ਤੇ ਵੀ ਨਹੀਂ ਰਿਹਾਅ ਕੀਤਾ ਜਾ ਰਿਹਾ ਤੇ ਇਹਨਾਂ ਸਿੰਘਾਂ ਦੀ ਰਿਹਾਈ ਲਈ ਪੰਜਾਬ ਦੀ ਰਾਜਧਾਨੀ ਦੇ ਬਾਰਡਰ ’ਤੇ ਕੌਮੀ ਇਨਸਾਫ ਮੋਰਚਾ ਲਗਾਇਆ ਹੋਇਆ ਹੈ ਜੋ ਦੇਸ਼ ਦੇ ਅੰਨ੍ਹੇ ਹਾਕਮਾਂ ਤੇ ਦਲਾਲ ਕਾਨੂੰਨਸਾਜ਼ਾਂ ਨੂੰ ਹਲੂਣਾ ਦੇਣ ਵਾਸਤੇ ਕੱਲ੍ਹ ਚੰਡੀਗੜ੍ਹ ’ਚ ਮੁੱਖ ਮੰਤਰੀ ਨੂੰ ਵਫਦ ਮੰਗ ਪੱਤਰ ਦੇਣ ਜਾ ਰਿਹਾ ਸੀ । ਪਰ ਆਪਣੇ ਹੱਕਾਂ ਦੀ ਲੜਾਈ ਲੜਨ ਵਾਲੇ ਲੋਕਾਂ ਦੀ ਗੱਲ ਸੁਣਨ ਦੀ ਬਜਾਏ ਚੰਡੀਗੜ੍ਹ ਪੁਲਸ ਪ੍ਰਸ਼ਾਸਨ ਨੇ ਉਹਨਾਂ ’ਤੇ ਲਾਠੀਆ ਵਰ੍ਹਾਈਆਂ। ਜਿਸ ਕਾਰਨ ਅੱਜ ਸਾਰੇ ਪੰਜਾਬ ਦੇ ਆਮ ਲੋਕਾਂ ਵਿੱਚ ਰੋਸ ਹੈ। ਕਿਸਾਨ ਆਗੂਆਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਕੌਮੀ ਇਨਸਾਫ ਮੋਰਚਾ ਵੀ ਹੁਣ ਦਿੱਲੀ ਅੰਦੋਲਨ ਦੀਆਂ ਲੀਹਾਂ ’ਤੇ ਲੜਿਆ ਜਾਵੇਗਾ ਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੱਖ ਕੈਦੀਆਂ ਦੀ ਰਿਹਾਈ ਹਰ ਹੀਲੇ ਕਰਵਾਈ ਜਾਵੇਗੀ।

ਦਿੱਲੀ ਅੰਦੋਲਨ ਵਿੱਚ 700 ਤੋਂ ਵੱਧ ਸ਼ਹੀਦੀਆਂ ਹੋਈਆਂ ਸਨ, ਇਥੇ ਵੀ ਉਹੋ ਮਿਸ਼ਾਲ ਜਗਾਉਣੀ ਪਵੇਗੀ। ਇਸ ਮੌਕੇ ਸੁਖਦੇਵ ਸਿੰਘ ਸਹਾਬਪੁਰ, ਨਿਰਮਲ ਸਿੰਘ ਅਤੇ ਫਤਿਹ ਸਿੰਘ ਪਿੱਦੀ, ਮੇਜਰ ਸਿੰਘ ਦੁਗਲਵਾਲਾ, ਦਰਸ਼ਨ ਸਿੰਘ ਅਲਾਵਲਪੁਰ, ਸੁਖਦੇਵ ਸਿੰਘ ਅਲਾਦੀਨਪੁਰ, ਸਰਮੁਖ ਸਿੰਘ ਸੇਰੋਂ, ਬੂਟਾ ਸਿੰਘ ਸੰਘੇ, ਜਲਵਿੰਦਰ ਸਿੰਘ ਰੇਸਿਆਣਾ, ਸੰਦੀਪ ਸਿੰਘ ਸੋਨੂੰ ਰਸੂਲਪੁਰ, ਬਲਜੀਤ ਸਿੰਘ ਬੇਗਮਪੁਰ, ਹਰਪ੍ਰੀਤ ਸਿੰਘ ਬੰਗਾਲੀਪੁਰ, ਸੰਤੋਖ ਸਿੰਘ ਕਲੇਰ, ਸ਼ਮਸ਼ੇਰ ਸਿੰਘ ਸੇਖੋਂ, ਨਿਰਮਲ ਸਿੰਘ ਸੇਰੋਂ ਆਦਿ ਵੀ ਹਾਜ਼ਰ ਸਨ।

ਕਾਰ ਚਾਲਕ ਨੇ ਦੋ ਸਾਈਕਲ ਸਵਾਰਾਂ ਨੂੰ ਮਾਰੀ ਟੱਕਰ, ਇੱਕ ਨੇ ਤੋੜਿਆ ਦਮ, ਦੂਜਾ ਗੰਭੀਰ ਜ਼ਖਮੀ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ, ਰਣਬੀਰ ਸਿੰਘ ਗੋਲਣ) : ਭਿੱਖੀਵਿੰਡ ਤੋਂ ਥੋੜ੍ਹੀ ਦੂਰ ਪੈਂਦੇ ਪਿੰਡ ਮਰਗਿੰਦਪੁਰਾ ਨਜ਼ਦੀਕ ਅਲਟੋ ਕੇ ਟੈਨ ਗੱਡੀ ਨੰਬਰ ਪੀਬੀ01ਬੀ4495 ਵੱਲੋਂ ਦੋ ਸਾਈਕਲ ਸਵਾਰ ਨੌਜਵਾਨਾਂ ਨੂੰ ਟੱਕਰ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਦੁਰਘਟਨਾ ’ਚ ਦੋਵੇਂ ਸਾਈਕਲ ਸਵਾਰ ਨੌਜਵਾਨ ਗੰਭੀਰ ਜ਼ਖ਼ਮੀ ਹੋ ਗਏ, ਜਿਨ੍ਹਾਂ ’ਚੋਂ ਇੱਕ ਨੌਜਵਾਨ ਨੇ ਹਸਪਤਾਲ ’ਚ ਦਮ ਤੋੜ ਦਿੱਤਾ। ਜਾਣਕਾਰੀ ਅਨੁਸਾਰ ਦੁਰਘਟਨਾ ’ਚ ਜਾਨ ਗਵਾਉਣ ਵਾਲੇ ਨੌਜਵਾਨ ਦੀ ਪਛਾਣ ਗੁਰਬਾਜ ਸਿੰਘ ਪੁੱਤਰ ਕਰਨ ਸਿੰਘ ਅਤੇ ਗੰਭੀਰ ਜ਼ਖਮੀ ਹੋਏ ਨੌਜਵਾਨ ਦੀ ਪਛਾਣ ਗੁਰਸੇਵਕ ਸਿੰਘ ਪੁੱਤਰ ਸੁਖਦੇਵ ਸਿੰਘ ਵਜੋਂ ਹੋਈ ਹੈ। ਉਪਰੋਕਤ ਦੋਵੇਂ ਸਾਈਕਲ ਸਵਾਰ ਨੌਜਵਾਨ ਭਿੱਖੀਵਿੰਡ ’ਚ ਸਥਿਤ ਭੁੱਲਰ ਫਰਨੀਚਰ ਹਾਊਸ ’ਤੇ ਕੰਮ ਕਰਦੇ ਹਨ। ਇਸ ਸੰਬੰਧੀ ਜਾਣਕਾਰੀ ਮ੍ਰਿਤਕ ਨੌਜਵਾਨ ਦੇ ਪਿਤਾ ਗੁਰਬਾਜ ਸਿੰਘ ਅਤੇ ਜ਼ਖਮੀ ਨੌਜਵਾਨ ਦੇ ਪਿਤਾ ਸੁਖਦੇਵ ਸਿੰਘ ਨੇ ਦੱਸਿਆ ਕਿ ਰੋਜ਼ਾਨਾ ਦੀ ਤਰ੍ਹਾਂ ਗੁਰਬਾਜ ਅਤੇ ਗੁਰਸੇਵਕ ਆਪਣਾ ਕੰਮ ਖਤਮ ਕਰਕੇ ਭਿੱਖੀਵਿੰਡ ਤੋਂ ਸਾਈਕਲ ’ਤੇ ਘਰ ਵਾਪਸ ਜਾ ਰਹੇ ਸਨ। ਉਨ੍ਹਾ ਦੱਸਿਆ ਕਿ ਜਦੋਂ ਗੁਰਬਾਜ ਅਤੇ ਗੁਰਸੇਵਕ ਕਰੀਬ 6 ਵੱਜ ਕੇ 30 ਮਿੰਟ ’ਤੇ ਮਰਗਿੰਦਪੁਰਾ ਨਜ਼ਦੀਕ ਪੁੱਜੇ ਤਾਂ ਪਿੱਛੋਂ ਆ ਰਹੀ ਅਲਟੋ ਕੇ ਟੈਨ ਕਾਰ ਨੰਬਰ ਪੀ ਬੀ01ਬੀ4495 ਜਿਸ ਨੂੰ ਸਤਿੰਦਰ ਸਿੰਘ ਪੁੱਤਰ ਮਹਿਲ ਸਿੰਘ ਵਾਸੀ ਮਰਗਿੰਦਪੁਰਾ ਚਲਾ ਰਿਹਾ ਸੀ, ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਉਹ ਗੰਭੀਰ ਰੂਪ ’ਚ ਜ਼ਖਮੀ ਹੋ ਗਏ। ਉਨ੍ਹਾ ਦੱਸਿਆ ਕਿ ਭਿਆਨਕ ਹਾਦਸੇ ’ਚ ਜ਼ਖਮੀ ਹੋਏ ਗੁਰਬਾਜ ਅਤੇ ਗੁਰਸੇਵਕ ਨੂੰ ਰਾਹਗੀਰਾਂ ਵੱਲੋਂ ਭਿੱਖੀਵਿੰਡ ਦੇ ਇੱਕ ਨਿੱਜੀ ਹਸਪਤਾਲ ’ਚ ਦਾਖਲ ਕਰਵਾਇਆ ਗਿਆ, ਜਿੱਥੇ ਗੁਰਬਾਜ ਸਿੰਘ ਨੇ ਦਮ ਤੋੜ ਦਿੱਤਾ ਅਤੇ ਗੁਰਸੇਵਕ ਸਿੰਘ ਜੋ ਬੁਰੀ ਤਰ੍ਹਾਂ ਜ਼ਖਮੀ ਹੈ, ਹਸਪਤਾਲ ਵਿਖੇ ਜ਼ੇਰੇ ਇਲਾਜ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਉਪਰੋਕਤ ਕਾਰ ਚਾਲਕ ਟੱਕਰ ਮਾਰਨ ਮਗਰੋਂ ਫਰਾਰ ਦੱਸਿਆ ਜਾ ਰਿਹਾ ਹੈ। ਇਸ ਮੌਕੇ ਉਪਰੋਕਤ ਦੋਵੇਂ ਨੌਜਵਾਨਾਂ ਦੇ ਪਰਵਾਰ ਅਤੇ ਸਾਕ ਸੰਬੰਧੀਆਂ ਨੇ ਥਾਣਾ ਕੱਚਾ ਪੁਲਸ ਵੱਲੋਂ ਪੂਰੇ ਮਾਮਲੇ ਦਾ ਪਤਾ ਹੋਣ ਦੇ ਬਾਵਜੂਦ ਕਰੀਬ ਢਾਈ ਘੰਟੇ ਬਾਅਦ ਭਿੱਖੀਵਿੰਡ ਹਸਪਤਾਲ ਵਿਖੇ ਪੁੱਜਣ ’ਤੇ ਪੁਲਸ ਪ੍ਰਸ਼ਾਸਨ ਖਿਲਾਫ ਰੋਸ ਜ਼ਾਹਰ ਕਰਦਿਆਂ ਮੁਰਦਾਬਾਦ ਦੇ ਨਾਹਰੇ ਲਗਾਏ। ਇਸ ਮਾਮਲੇ ਸੰਬੰਧੀ ਜਦੋਂ ਥਾਣਾ ਕੱਚਾ ਪੱਕਾ ਦੇ ਐੱਸ ਐੱਚ ਓ ਮੁਖਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾ ਕਿਹਾ ਕਿ ਉਨ੍ਹਾ ਵੱਲੋਂ ਦੋਵਾਂ ਧਿਰਾਂ ਨੂੰ ਬੁਲਾ ਕੇ ਗੱਲਬਾਤ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਥਾਣਾ ਕੱਚਾ ਦੀ ਪੁਲਸ ਨੇ ਟੱਕਰ ਮਾਰਨ ਵਾਲੀ ਕਾਰ ਨੂੰ ਕਬਜ਼ੇ ਵਿੱਚ ਲੈ ਲਿਆ ਹੈ ਜਦ ਕਿ ਕਾਰ ਚਾਲਕ ਫਰਾਰ ਦੱਸਿਆ ਜਾ ਰਿਹਾ ਹੈ । ਪ੍ਰੰਤੂ 22 ਘੰਟੇ ਤੋਂ ਜ਼ਿਆਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਕੱਚਾ ਪੱਕਾ ਪੁਲਸ ਵੱਲੋਂ ਕੋਈ ਮਾਮਲਾ ਦਰਜ ਨਹੀਂ ਕੀਤਾ ਗਿਆ। ਜਦ ਕਿ ਥਾਣਾ ਕੱਚਾ ਪੱਕਾ ਦੇ ਐਸ ਐਚ ਓ ਵੱਲੋਂ ਮਾਮਲੇ ਨੂੰ ਰਫਾ ਦਫਾ ਕਰਨ ਲਈ ਦੋਵਾਂ ਧਿਰਾਂ ਨੂੰ ਬੁਲਾ ਕੇ ਰਾਜ਼ੀਨਾਮਾ ਕਰਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

ਵੂਲਨ ਮਿੱਲ ਮਜ਼ਦੂਰਾਂ ਦੀਆਂ ਬਕਾਇਆ ਤਨਖਾਹਾਂ ਲਈ 102 ਕਰੋੜ ਦਾ ਬਜਟ ਜਾਰੀ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਭਾਰਤ ਸਰਕਾਰ ਦੇ ਕੱਪੜਾ ਮੰਤਰਾਲੇ ਅਧੀਨ ਚੱਲ ਰਹੀ ਨਿਊ ਇਜਰਟਨ ਵੂਲਨ ਮਿਲ ਧਾਰੀਵਾਲ ਦੇ ਮਜ਼ਦੂਰਾਂ ਅਤੇ ਮੁਲਾਜ਼ਮਾਂ ਦੀਆਂ ਪਿਛਲੇ 43 ਮਹੀਨਿਆਂ ਤੋਂ ਤਨਖਾਹਾਂ ਰੁਕੀਆਂ ਹੋਈਆਂ ਸਨ। ਇਸ ਸੰਬਧੀ ਸਥਾਨਕ ਭਾਜਪਾ ਆਗੂ ਨਵਨੀਤ ਵਿੱਜ ਅਤੇ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਪਰਮਿੰਦਰ ਸਿੰਘ ਗਿੱਲ ਵੱਲੋਂ ਗੁਰਦਾਸਪੁਰ ਦੇ ਸੰਸਦ ਮੈਂਬਰ ਸੰਨੀ ਦਿਓਲ, ਵਿੱਤ ਮੰਤਰੀ ਨਿਰਮਲਾ ਸੀਤਾਰਮਨ ਅਤੇ ਕੇਂਦਰੀ ਮੰਤਰੀ ਅਰਜੁਨ ਮੇਘਵਾਲ ਨੂੰ ਵੱਖ ਵੱਖ ਸਮੇਂ ’ਤੇ ਮਿਲ ਕੇ ਤਨਖਾਹਾਂ ਜਾਰੀ ਕਰਵਾਉਣ ਦੀ ਅਪੀਲ ਕੀਤੀ ਗਈ। ਭਾਜਪਾ ਆਗੂ ਨਵਨੀਤ ਵਿੱਜ ਅਤੇ ਭਾਜਪਾ ਦੇ ਸਾਬਕਾ ਜ਼ਿਲ੍ਹਾ ਪਰਮਿੰਦਰ ਸਿੰਘ ਗਿੱਲ ਦੇ ਯਤਨਾਂ ਸਦਕਾ ਹੁਣ ਵੂਲਨ ਮਿਲਜ਼ ਦੇ ਮਜ਼ਦੂਰਾਂ ਅਤੇ ਮੁਲਾਜ਼ਮਾਂ ਲਈ ਦੀ 43 ਮਹੀਨਿਆਂ ਦੀ ਬਕਾਇਆ ਤਨਖਾਹ ਅਤੇ ਗਰੈਚੁਟੀ ਲਈ ਕੇਂਦਰ ਸਰਕਾਰ ਵੱਲੋਂ ਬਜਟ ਵਿੱਚ 102 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ। ਇਸ ਸੰਬੰਧੀ ਅੱਜ ਧਾਰੀਵਾਲ ਮਿੱਲ ਮਜ਼ਦੂਰ ਯੂਨੀਅਨਾਂ ਦੇ ਆਗੂਆਂ ਤੇ ਕਰਮਚਾਰੀਆਂ ਤਰਸੇਮ ਮਸੀਹ, ਅਸ਼ੋਕ ਕੁਮਾਰ, ਨਰਿੰਦਰ ਸਿੰਘ, ਸ਼ਾਮ ਲਾਲ ਆਦਿ ਵਿਸ਼ੇਸ਼ ਤੌਰ ’ਤੇ ਸਥਾਨਕ ਭਾਜਪਾ ਆਗੂ ਨਵਨੀਤ ਵਿੱਜ ਦਾ ਧੰਨਵਾਦ ਕਰਨ ਲਈ ਪਹੁੰਚੇ। ਇਸ ਮੌਕੇ ਮਿੱਲ ਮਜ਼ਦੂਰਾਂ ਨੇ ਭਾਜਪਾ ਆਗੂ ਨਵਨੀਤ ਵਿੱਜ ਤੋਂ ਇਲਾਵਾ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਪਰਮਿੰਦਰ ਗਿੱਲ, ਗੁਰਦਾਸਪੁਰ ਦੇ ਸੰਸਦ ਮੈਂਬਰ ਸੰਨੀ ਦਿਓਲ, ਵਿੱਤ ਮੰਤਰੀ ਨਿਰਮਲਾ ਸੀਤਾਰਮਨ, ਕੇਂਦਰੀ ਮੰਤਰੀ ਅਰਜੁਨ ਮੇਘਵਾਲ ਦਾ ਵੀ ਵਿਸ਼ੇਸ਼ ਤੌਰ ’ਤੇ ਧੰਨਵਾਦ ਕੀਤਾ। ਇਸ ਮੌਕੇ ਭਾਜਪਾ ਆਗੂ ਨਵਨੀਤ ਵਿੱਜ ਨੇ ਕਿਹਾ ਕਿ ਤਨਖਾਹਾਂ ਨਾ ਮਿਲਣ ਕਾਰਨ ਮਿਲ ਮਜ਼ਦੂਰਾਂ ਨੂੰ ਆਪਣੇ ਪਰਵਾਰ ਪਾਲਣੇ ਔਖੇ ਹੋ ਗਏ ਸਨ ਅਤੇ ਬੱਚਿਆਂ ਫੀਸਾਂ ਦੇਣ ਤੋਂ ਅਸਮਰਥ ਸਨ। ਹੁਣ 102 ਕਰੋੜ ਰੁਪਏ ਦਾ ਜਾਰੀ ਬਜਟ ਇਨ੍ਹਾਂ ਮਿੱਲ ਮਜ਼ਦੂਰਾਂ ਦੇ ਪਰਵਾਰਾਂ ਲਈ ਸੰਜੀਵਨੀ ਦਾ ਕੰਮ ਕਰੇਗਾ। ਉਨ੍ਹਾ ਕਿਹਾ ਕਿ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਮਜ਼ਦੂਰਾਂ, ਜ਼ਰੂਰਤਵੰਦਾਂ ਅਤੇ ਪਛੜੇ ਵਰਗਾਂ ਲਈ ਸੰਵੇਦਨਸ਼ੀਲ ਹੈ।

ਪੈਨਸ਼ਨਰ ਐਸੋਸੀਏਸ਼ਨ ਮੰਡਲ ਪੱਟੀ ਨੇ ਪਾਵਰ ਕਾਰਪੋਰੇਸ਼ਨ ਮੈਨੇਜਮੈਂਟ ਦੀ ਅਰਥੀ ਫੂਕੀ

ਪੱਟੀ, (**ਬਲਦੇਵ ਸਿੰਘ ਸੰਧੂ, ਸ਼ਮਸ਼ੇਰ ਸਿੰਘ ਯੋਧਾ**) : ਪੈਨਸ਼ਨਰ ਐਸੋਸੀਏਸ਼ਨ ਪੰਜਾਬ ਸਟੇਟ ਪਾਵਰ ਟਰਾਂ: ਕਾਰਪੋਰੇਸ਼ਨ ਸੂਬਾ ਕਮੇਟੀ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਲੈ ਕੇ ਮੈਨੇਜਮੈਂਟ ਦੇ ਪੁਤਲੇ ਫੂਕਣ ਦੇ ਦਿੱਤੇ ਸੱਦੇ ਤਹਿਤ ਮੰਡਲ ਪੱਟੀ ਯੂਨਿਟ ਵੱਲੋਂ ਮੰਡਲ ਪ੍ਰਧਾਨ ਹਰਬੰਤ ਸਿੰਘ ਆਸਲ ਦੀ ਪ੍ਰਧਾਨਗੀ ਹੇਠ ਮੰਡਲ ਦਫਤਰ ਅੱਗੇ ਵਿਸ਼ਾਲ ਰੋਸ ਧਰਨਾ ਦਿੱਤਾ ਅਤੇ ਮੈਨੇਜਮੈਂਟ ਦਾ ਪੁਤਲਾ ਫੂਕਿਆ। ਇਸ ਮੌਕੇ ਸਰਕਲ ਆਗੂ ਰਤਨ ਸਿੰਘ ਡਾਲੇਕੇ, ਮੰਡਲ ਸਕੱਤਰ ਰਸ਼ਪਾਲ ਸਿੰਘ ਸਹਿਦੇਵ, ਬੂਟਾ ਸਿੰਘ ਆਸਲ, ਬਾਬਾ ਜਸਵੰਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਮੀਟਿੰਗਾਂ ਦੌਰਾਨ ਪੈਨਸ਼ਨਰ ਐਸੋਸੀਏਸ਼ਨ ਪੰਜਾਬ ਸਟੇਟ ਪਾਵਰ ਟਰਾਂਸਮਿਸ਼ਨ ਕਾਰਪੋਰੇਸ਼ਨ ਨਾਲ ਸਹਿਮਤੀਆਂ ਕਰਕੇ ਲਾਗੂ ਕਰਨ ਤੋਂ ਮੁਨਕਰ ਹੋ ਰਹੇ ਹਨ। ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਿਆਂ ਇੱਕ ਸਾਲ ਦੇ ਕਰੀਬ ਸਮਾਂ ਬਤੀਤ ਹੋ ਗਿਆ, ਇਹ ਵੀ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦੀ ਬਕਾਇਆ ਰਾਸ਼ੀ ਜਾਰੀ ਨਹੀਂ ਕਰ ਰਹੀ। ਆਪ ਵੀ ਕਾਂਗਰਸੀ ਅਤੇ ਅਕਾਲੀਆਂ ਵਾਂਗ ਸਬਜ਼ਬਾਗ ਵਿਖਾ ਰਹੀ ਹੈ, ਜਿਸ ਕਾਰਨ ਪੈਨਸ਼ਨਰਾਂ ’ਚ ਗੁੱਸੇ ਦੀ ਲਹਿਰ ਵਧ ਰਹੀ ਹੈ। ਆਗੂਆਂ ਨੇ ਧਰਨੇ ’ਚ ਮੰਗ ਕੀਤੀ ਕਿ ਪਹਿਲੀ ਜਨਵਰੀ 2016 ਤੋਂ ਪਹਿਲਾਂ ਰਿਟਾਇਰ ਹੋਏ ਪੈਨਸ਼ਨਰਾਂ ਨੂੰ 6 ਵੇ ਪੇ-ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ 2,45 ਦੀ ਥਾਂ 2,59 ਦਾ ਫੈਕਟਰ ਦਿੱਤਾ ਜਾਵੇ, ਕੈਸ਼ਲੈਸ ਮੈਡੀਕਲ ਸਕੀਮ ਮੁੜ ਚਾਲੂ ਕੀਤੀ ਜਾਵੇ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਰਹਿੰਦੀ ਬਕਾਇਆ ਰਾਸ਼ੀ ਤਰੁੰਤ ਜਾਰੀ ਕੀਤੀ ਜਾਵੇ, ਬਿਜਲੀ ਯੂਨਿਟਾਂ ’ਚ ਰਿਆਇਤ ਦਿੱਤੀ ਜਾਵੇ। ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਅਤੇ ਪਾਵਰ ਕਾਰਪਰੇਸ਼ਨ ਦੀ ਮੈਨੇਜਮੈਂਟ ਨੇ ਪੈਨਸ਼ਨਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲਾਗੂ ਨਾ ਕੀਤਾ ਤਾਂ ਜਥੇਬੰਦੀ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਜਸਵਿੰਦਰ ਸਿੰਘ ਜੱਸ, ਬਲਵਿੰਦਰ ਸਿੰਘ, ਅਮਰੀਕ ਸਿੰਘ ਜੇ ਈ, ਗਿਆਨ ਸਿੰਘ ਐਮਦਪੁਰ, ਜਸਵੰਤ ਸਿੰਘ ਚੋਹਲਾ ਸਹਿਬ, ਰਣਜੀਤ ਸਿੰਘ ਲਹੁਕਾ, ਧਰਮ ਸਿੰਘ ਸਖੀਰਾ, ਗੁਰਚਰਨ ਸਿੰਘ, ਸਵਰਨ ਸਿੰਘ ਪੱਟੀ, ਕਾਬਲ ਸਿੰਘ ਸਰਹਾਲੀ, ਗਿਆਨੀ ਨਿਰਮਲ ਸਿੰਘ, ਨੱਥਾ ਸਿੰਘ ਕੁਹਾੜਕਾ, ਸੁਰਿੰਦਰ ਸਿੰਘ ਛਿੰਦਾ, ਚਰਨ ਸਿੰਘ, ਅਮਰ ਸਿੰਘ ਕੁਹਾੜਕਾ, ਅਵਤਾਰ ਸਿੰਘ ਐਸ ਐਸ ਓ, ਕੁਲਦੀਪ ਸਿੰਘ, ਬਲਵੰਤ ਸਿੰਘ ਆਦਿ ਆਗੂ ਹਾਜ਼ਰ ਸਨ।

ਕਾਮਰੇਡ ਚੈਂਚਲ ਸਿੰਘ ਧੂੰਦਾ ਨਹੀਂ ਰਹੇ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ) : ਭਾਰਤੀ ਕਮਿਊਨਿਸਟ ਪਾਰਟੀ ਦੇ ਹਲਕਾ ਖਡੂਰ ਸਾਹਿਬ ਤੋਂ ਸੀਨੀਅਰ ਆਗੂ ਕਾਮਰੇਡ ਚੈਂਚਲ ਸਿੰਘ ਧੂੰਦਾ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ।

ਸੰਖੇਪ ਬਿਮਾਰੀ ਪਿੱਛੋਂ ਉਨ੍ਹਾ ਦਾ ਦਿਹਾਂਤ ਹੋ ਗਿਆ। ਉਨ੍ਹਾ ਦਾ ਅੰਤਿਮ ਸੰਸਕਾਰ ਪਿੰਡ ਧੂੰਦਾ ਦੇ ਸ਼ਮਸ਼ਾਨਘਾਟ ਵਿਖੇ ਹੋਇਆ ਜਿਥੇ ਉਨ੍ਹਾਂ ਦੀ ਚਿਖਾ ਨੂੰ ਅੱਗ ਉਨ੍ਹਾਂ ਦੇ ਲੜਕੇ ਯਾਦਵਿੰਦਰ ਸਿੰਘ ਨੇ ਦਿਖਾਈ । ਇਸ ਮੌਕੇ ਉਨ੍ਹਾ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿਚ ਕਾਮਰੇਡ ਗੁਰਦਿਆਲ ਸਿੰਘ ਖਡੂਰ ਸਾਹਿਬ, ਕਾਮਰੇਡ ਬਲਦੇਵ ਸਿੰਘ ਧੂੰਦਾ, ਕਾਮਰੇਡ ਬਲਜੀਤ ਸਿੰਘ ਫਤਿਆਬਾਦ, ਕਾਮਰੇਡ ਕੁਲਵੰਤ ਸਿੰਘ ਖਡੂਰ ਸਾਹਿਬ, ਕਾਮਰੇਡ ਘੁੱਕ ਸਿੰਘ ਵੈਂਈਂ ਪੂਈਂ, ਕਾਮਰੇਡ ਅੰਗਰੇਜ ਸਿੰਘ ਧੂੰਦਾ, ਐਡਵੋਕੇਟ ਜਗਦੀਪ ਸਿੰਘ ਰੰਧਾਵਾ, ਆਮ ਆਦਮੀ ਪਾਰਟੀ ਦੇ ਸਰਕਲ ਇੰਚਾਰਜ ਨਿਰਵੈਰ ਸਿੰਘ ਧੂੰਦਾ, ਗੁਰਪ੍ਰੀਤ ਸਿੰਘ ਸਰਪੰਚ ਝੰਡੇਰ ਮਹਾਂਪੁਰਖ, ਅਕਾਲੀ ਆਗੂ ਜਗਤਾਰ ਸਿੰਘ ਸਾਬਕਾ ਸਰਪੰਚ ਧੂੰਦਾ, ਭਗਵਾਨ ਸਿੰਘ ਧੂੰਦਾ, ਬਲਕਾਰ ਸਿੰਘ ਮੈਂਬਰ ਪੰਚਾਇਤ ਧੂੰਦਾ, ਬਾਬਾ ਹਰਜਿੰਦਰ ਸਿੰਘ ਬੰਬੇ ਵਾਲੇ, ਬਾਬਾ ਬਿਕਰਮ ਸਿੰਘ, ਕਿਸਾਨ ਆਗੂ ਜਵਾਹਰ ਸਿੰਘ ਟਾਂਡਾ, ਹਰਬੰਸ ਸਿੰਘ ਵੜਿੰਗ ਸੂਬਾ ਸਿੰਘ, ਜਗਰੂਪ ਸਿੰਘ ਸੰਘਾ ਆਦਿ ਹਾਜ਼ਰ ਸਨ ।

‘ਕਾਫ਼ਲਾ ਰਾਗ’ ਵੱਲੋਂ ਰੰਗਮੰਚ ਦੇ ਜਤਿੰਦਰ ਕੌਰ ਦਾ ਅੱਜ ਹੋਵੇਗਾ ਸਨਮਾਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) : ਕਾਫ਼ਲਾ ਰਾਗ ਵੱਲੋਂ ਵਿਰਸਾ ਵਿਹਾਰ ਸੁਸਾਇਟੀ ਦੇ ਸਹਿਯੋਗ ਨਾਲ ਪਲੇਠਾ “ਰਾਗ ਸ਼ਬਦ ਸਨਮਾਨ” ਫ਼ਿਲਮ ਅਤੇ ਰੰਗਮੰਚ ਅਦਾਕਾਰਾ ਤੇ ਬਾਬਾ ਬੋਹੜ ਮਾਣਯੋਗ ਜਤਿੰਦਰ ਕੌਰ ਨੂੰ 10 ਫ਼ਰਵਰੀ ਨੂੰ ਦੁਪਹਿਰ 3 ਵਜੇ ਵਿਰਸਾ ਵਿਹਾਰ ਦੇ ਨਾਨਕ ਸਿੰਘ ਨਾਵਲਿਸਟ ਸੈਮੀਨਾਰ ਹਾਲ ਵਿਖੇ ਦਿੱਤਾ ਜਾਵੇਗਾ। ਇਸ ਸਮਾਗਮ ਵਿੱਚ ਸਾਹਿਤਕ ਰਸਾਲੇ “ਰਾਗ” ਦੇ ਮੁੱਖ ਸੰਪਾਦਕ ਇੰਦਰਜੀਤ ਪੁਰੇਵਾਲ ਵੱਲੋਂ ਜਤਿੰਦਰ ਕੌਰ ਨੂੰ ਰੰਗਮੰਚ ਪ੍ਰਤੀ ਸੇਵਾਵਾਂ ਬਦਲੇ 51,000 ਰੁਪਏ ਦਾ ਨਕਦ ਪੁਰਸਕਾਰ ਤੇ ਦੁਸ਼ਾਲਾ ਭੇਟ ਕੀਤਾ ਜਾਵੇਗਾ। ਇਸ ਸਮਾਗਮ ਨੂੰ ਚਾਰਚੰਨ ਲਗਾਉਣ ਲਈ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਤੋਂ ਇਲਾਵਾ ਨਾਟਕਕਾਰ ਤੇ ਨਾਵਲਕਾਰ ਜਤਿੰਦਰ ਬਰਾੜ (ਮੁਖੀ ਪੰਜਾਬ ਨਾਟਸ਼ਾਲਾ), ਡਾ. ਆਤਮ ਰੰਧਾਵਾ (ਮੁਖੀ ਪੰਜਾਬੀ ਵਿਭਾਗ ਖਾਲਸਾ ਕਾਲਜ), ਰੰਗਕਰਮੀ ਸੁਰੇਸ਼ ਪੰਡਿਤ, ਡਾ. ਪੀ ਐਸ ਗਰੋਵਰ, ਪ੍ਰਸਿੱਧ ਹਾਸਰਸ ਕਲਾਕਾਰ ਸੁਰਿੰਦਰ ਫਰਿਸ਼ਤਾ ਅਤੇ ਸਮੂਹ ਰੰਗਕਰਮੀ ਇਸ ਸੁਭਾਗੇ ਅਵਸਰ ’ਤੇ ਇਸ ਸਮਾਗਮ ਵਿੱਚ ਸ਼ਮੂਲੀਅਤ ਕਰਕੇ ਇਸ ਵਿਸ਼ੇਸ਼ ਸਮਾਗਮ ਦਾ ਹਿੱਸਾ ਬਣਨਗੇ। ਇਹ ਜਾਣਕਾਰੀ ਪ੍ਰਸਿੱਧ ਗਾਇਕ ਹਰਿੰਦਰ ਸੋਹਲ ਅਤੇ ਰਾਗ ਮੈਗਜ਼ੀਨ ਦੇ ਪ੍ਰਬੰਧਕੀ ਸੰਪਾਦਕ ਧਰਵਿੰਦਰ ਸਿੰਘ ਔਲਖ ਵੱਲੋਂ ਦਿੱਤੀ ਗਈ। ਹੋਰ ਵੀ ਅਹਿਮ ਸ਼ਖ਼ਸੀਅਤਾਂ ਭਾਗ ਲੈਣਗੀਆਂ।

ਜੇ ਈ ਈ ਮੇਨ ਪ੍ਰੀਖਿਆ ’ਚ ਕੁਨਾਲ ਨੇ ਪਹਿਲਾ ਸਥਾਨ ਕੀਤਾ ਹਾਸਲ

ਗੁਰਦਾਸਪੁਰ (ਜਨਕ ਮਹਾਜਨ) : ਕੁਨਾਲ ਮਿਨਹਾਸ ਪੁੱਤਰ ਸਲਿੰਦਰ ਮਿਨਹਾਸ ਵਾਸੀ ਨਵਾਂ ਸ਼ਾਲਾ ਤਿੱਬੜੀ ਕੈਂਟ ਜ਼ਿਲ੍ਹਾ ਗੁਰਦਾਸਪੁਰ ਨੇ ਜੇ ਈ ਈ ਮੇਨ ਪ੍ਰੀਖਿਆ ’ਚੋਂ ਪਹਿਲੇ ਪੇਪਰ ’ਚੋਂ 99.71 ਪ੍ਰਤੀਸ਼ਤ ਨੰਬਰ ਪ੍ਰਾਪਤ ਕਰਕੇ ਗੁਰਦਾਸਪੁਰ ਅਤੇ ਅੰਮ੍ਰਿਤਸਰ ਜ਼ਿਲ੍ਹੇ ’ਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਅਪਣੇ ਪਰਵਾਰ ਅਤੇ ਸਕੂਲ ਦਾ ਨਾਂਅ ਰੋਸ਼ਨ ਕਰਕੇ ਅਪਨੀ ਅਹਿਮ ਪਹਿਚਾਣ ਸਥਾਪਤ ਕੀਤੀ ਹੈ। ਕੁਨਾਲ ਮਿਨਹਾਸ ਨੇ ਨਵਾਂ ਸ਼ਾਲਾ ਵਿਖੇ ਗੱਲਬਾਤ ਕਰਦਿਆਂ ਦੱਸਿਆ ਕਿ ਉਸ ਨੇ ਆਰਮੀ ਪਬਲਿਕ ਸਕੂਲ ਤਿੱਬੜੀ ਕੈਂਟ ਤੋਂ ਚੰਗੇ ਨੰਬਰਾਂ ’ਚ ਦਸਵੀਂ ਪਾਸ ਕੀਤੀ ਸੀ ਅਤੇ ਪਹਿਲੀ ਵਾਰ ਹੀ ਜੇ ਈ ਈ ਮੈਨ ਦਾ ਟੈਸਟ ਦਿੱਤਾ ਹੈ। ਜਿਸ ’ਚੋਂ ਉਸ ਨੇ 99.71 ਪ੍ਰਤੀਸ਼ਤ ਨੰਬਰ ਪ੍ਰਾਪਤ ਕੀਤੇ ਹਨ। ਉਸ ਦੇ ਪਿਤਾ ਸਲਿੰਦਰ ਮਿਨਹਾਸ ਅਤੇ ਮਾਤਾ ਸੁਜਾਤਾ ਰਾਣੀ ਨੇ ਦੱਸਿਆ ਕਿ ਕੁਨਾਲ ਦੇ ਪਿਤਾ ਕਰਿਆਨਾ ਦੀ ਦੁਕਾਨ ਕਰਦੇ ਹਨ ਅਤੇ ਮਾਤਾ ਘਰ ਦੇ ਕੰਮਕਾਜ ਕਰਦੀ ਹੈ। ਕੁਨਾਲ ਨਿਰੰਤਰ ਪੜ੍ਹਾਈ ਕਰਕੇ ਇਸ ਮੁਕਾਮ ’ਤੇ ਪੁੱਜਾ ਹੈ। ਕੁਨਾਲ ਦੇ ਪਿੰਡ ਪਹੁੰਚਣ ’ਤੇ ਉਸ ਦੇ ਪਰਵਾਰ ਤੇ ਚਾਚੇ ਤਾਇਆਂ ਨੇ ਨਿੱਘਾ ਸਵਾਗਤ ਕੀਤਾ। ਕੁਨਾਲ ਨੂੰ ਵਧਾਈ ਦੇਣ ਦੇ ਨਾਲ ਸਨਮਾਨਤ ਵੀ ਕੀਤਾ। ਕੁਨਾਲ ਮਿਨਹਾਸ ਨੇ ਦੱਸਿਆ ਕਿ ਜੇ ਈ ਈ ਦੀ ਪ੍ਰੀਖਿਆ ਪਾਸ ਕਰਨ ਤੋਂ ਬਾਅਦ ਮੁੰਬਈ ਜਾਂ ਦਿੱਲੀ ਵਿੱਚ ਦਾਖਲਾ ਪ੍ਰਾਪਤ ਕਰਨਾ ਹੈ। ਇਸ ਮੌਕੇ ਕੁਨਾਲ ਦੇ ਘਰ ਪਰਵਾਰ ਨੂੰ ਵਧਾਈ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ। ਤਸਵੀਰ ਜਨਕ ਮਹਾਜਨ

ਟੈਫੇ ਨੇ ‘ਮੈਸੀ ਡਾਇਨਾਸਟਾਰ ਕੰਟੈਸਟ 2023’ ਦਾ ਪਹਿਲਾ ਸੀਜ਼ਨ ਕੀਤਾ ਸ਼ੁਰੂ

ਅੰਮ੍ਰਿਤਸਰ : ਟੈਫੇ - ਟਰੈਕਟਰ ਅਤੇ ਫਾਰਮ ਉਪਕਰਨ ਲਿਮਟਿਡ, ਦੁਨੀਆ ਦੀ ਤੀਜੀ ਸਭ ਤੋਂ ਵੱਡੀ ਟ੍ਰੈਕਟਰ ਮੇਜਰ ਅਤੇ ਭਾਰਤ ਵਿੱਚ ਵਿਸ਼ਵ ਪੱਧਰ ’ਤੇ ਮਸ਼ਹੂਰ ਮੈਸੀ ਫਰਗੂਸਨ ਟਰੈਕਟਰਾਂ ਦੀ ਨਿਰਮਾਤਾ ਨੇ, “ਮੈਸੀ ਡਾਇਨਾਸਟਾਰ ਕੰਟੈਸਟ 2023 ਸਭ ਤੋਂ ਵੱਡੇ ਆਲਰਾਉਂਡਰ ਦੀ ਤਲਾਸ਼)” ਸੀਜ਼ਨ 1 ਦੀ ਸ਼ੁਰੂਆਤ ਕੀਤੀ । ਮੈਸੀ ਫਰਗੂਸਨ ਡਾਇਨਾਟ੍ਰੈਕ ਟਰੈਕਟਰ ਦੀ ਵਰਤੋਂ ਕਰਦੇ ਹੋਏ ਕਿਸਾਨਾਂ, ਉੱਦਮੀਆਂ, ਸਟਾਰਟਅੱਪਸ, ਵਿਦਿਆਰਥੀਆਂ, ਵਿੱਦਿਅਕ ਅਤੇ ਅਸਲੀ ਅਤੇ ਰਚਨਾਤਮਕ ਵਿਚਾਰ ਦੇ ਨਾਲ ਕਿਸੇ ਵੀ ਵਿਅਕਤੀ ਜਾਂ ਇਕਾਈ ਲਈ ਇੱਕ ਆਨਲਾਈਨ ਖੋਜ, ਜੋ ਜੀਵਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਬਦਲ ਸਕਦੀ ਹੈ। ਮੁਕਾਬਲੇ ਦੇ ਜੇਤੂ ਨੂੰ 7.5 ਲੱਖ ਰੁਪਏ ਦਾ ਮੈਸੀ ਫਰਗੂਸਨ 241 ਡਾਇਨਾਟ੍ਰੈਕ ਟਰੈਕਟਰ ਦਿੱਤਾ ਜਾਵੇਗਾ। ਇਹ ਮੁਕਾਬਲਾ ਬਿਨਾਂ ਕਿਸੇ ਐਂਟਰੀ ਫੀਸ ਦੇ 18 ਸਾਲ ਤੋਂ ਵੱਧ ਉਮਰ ਦੇ ਸਾਰੇ ਭਾਰਤੀ ਨਾਗਰਿਕਾਂ ਲਈ ਖੁੱਲ੍ਹਾ ਹੈ। ਭਾਗੀਦਾਰਮੈਸੀਫਰਗੂਸਨਇੰਡੀਆ ਡਾਟ ਕਾਮ /ਡਾਇਨਾਸਟਾਰ ’ਤੇ ਵਿਜ਼ਿਟ ਕਰਕੇ ਆਪਣੇ ਮੁਕਾਬਲੇ ਦੀ ਐਂਟਰੀ ਅੱਪਲੋਡ ਕਰ ਸਕਦੇ ਹਨ। ਰਜਿਸਟ੍ਰੇਸ਼ਨ 27 ਫਰਵਰੀ, 2023 ਤੱਕ ਖੁੱਲ੍ਹੀ ਹੈ।

‘ਸੁਨੱਖੀ ਪੰਜਾਬਣ ਮੁਟਿਆਰ’ ਮੁਕਾਬਲੇ ਦਾ ਪ੍ਰਾਸਪੈਕਟਸ ਤੇ ਪੋਸਟਰ ਦੀ ਘੁੰਡ ਚੁਕਾਈ

ਧਾਰੀਵਾਲ/ਗੁਰਦਾਸਪੁਰ (ਮਨਦੀਪ ਸਿੰਘ ਵਿੱਕੀ, ਜਨਕ ਮਹਾਜਨ) : ਸੰਸਾਰ ਭਰ ਵਿੱਚ ਆਪਣੀ ਵਿਲੱਖਣ ਪਛਾਣ ਬਣਾਉਣ ਵਾਲਾ ਮਾਝੇ ਦਾ ਵਿਰਾਸਤੀ ਸੱਭਿਆਚਾਰਕ ਮੁਕਾਬਲਾ ‘ਸੁਨੱਖੀ ਪੰਜਾਬਣ ਮੁਟਿਆਰ’ 24 ਫਰਵਰੀ ਨੂੰ ਲੋਕ ਸੱਭਿਆਚਾਰਕ ਪਿੜ ਗੁਰਦਾਸਪੁਰ ਦੇ ਪਰਵਾਰ ਵੱਲੋਂ ਕਰਵਾਏ ਜਾ ਰਿਹਾ ਹੈ। ਇਸ ਸੰਬੰਧੀ ਸਥਾਨਕ ਰਾਮ ਸਿੰਘ ਦੱਤ ਹਾਲ ਗੁਰਦਾਸਪੁਰ ਵਿਖੇ ਮੀਟਿੰਗ ਕੀਤੀ ਗਈ। ਜਿਸ ਦੌਰਾਨ ਪ੍ਰੋਗਰਾਮ ਦਾ ਪ੍ਰਾਸਪੈਕਟਸ ਤੇ ਪੋਸਟਰ ਜਾਰੀ ਕੀਤਾ ਗਿਆ। ਪ੍ਰਾਸਪੈਕਟਸ ਘੁੰਡ ਚੁਕਾਈ ਮੌਕੇ ਅਜੈਬ ਸਿੰਘ ਚਾਹਲ, ਬੀਬੀ ਅਮਰੀਕ ਕੌਰ, ਬੀਬੀ ਸਤਿੰਦਰ ਕੌਰ, ਬੀਬੀ ਕੁਲਮਿੰਦਰ ਕੌਰ, ਜੈਕਬ ਮਸੀਹ ਤੇਜਾ, ਲੈਕਚਰਾਰ ਜਸਬੀਰ ਸਿੰਘ ਮਾਨ, ਡਾ.ਲੱਕੀ ਗੁਰਦਾਸਪੁਰੀ, ਤਸਰੀਨ ਕੌਰ, ਪਰਮਜੀਤ ਕੌਰ , ਹੈਪੀ ਵਿਨਸੈਂਟ ਆਦਿ ਹਾਜ਼ਰ ਸਨ। ਲੋਕ ਸੱਭਿਆਚਾਰਕ ਪਿੜ ਦੇ ਆਗੂਆਂ ਅਜੈਬ ਸਿੰਘ ਚਾਹਲ, ਬੀਬੀ ਅਮਰੀਕ ਕੌਰ, ਬੀਬੀ ਸਤਿੰਦਰ ਕੌਰ, ਬੀਬੀ ਕੁਲਮਿੰਦਰ ਕੌਰ ਨੇ ਸਾਂਝੇ ਤੌਰ ’ਤੇ ਦੱਸਿਆ ਕਿ ਧੀਆਂ ਲਈ ਚੰਗੇ ਪ੍ਰਬੰਧ ਕੀਤੇ ਜਾ ਰਹੇ ਹਨ। ਲੋਕ ਸੱਭਿਆਚਾਰਕ ਪਿੜ ਵੱਲੋਂ ਵਿਸ਼ਵ ਪੱਧਰੀ ਮੁਕਾਬਲੇ ਦੀ ਕੋਈ ਵੀ ਐਂਟਰੀ ਫੀਸ ਧੀਆਂ-ਧਿਆਣੀਆਂ ਕੋਲੋਂ ਨਹੀਂ ਲਈ ਜਾਵੇਗੀ। ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਆਉਣ ਵਾਲੀਆਂ ਧੀਆਂ ਲਈ ਰਹਿਣ ਅਤੇ ਖਾਣ ਦਾ ਵੀ ਪ੍ਰਬੰਧ ਕੀਤਾ ਗਿਆ ਹੈ। ਇਸ ਮੁਕਾਬਲੇ ਵਿੱਚ 16 ਤੋਂ 35 ਸਾਲ ਦੀ ਉਮਰ ਤੱਕ ਦੀ ਕੋਈ ਵੀ ਚਾਹਵਾਨ ਵਿਆਹੀ/ ਅਣਵਿਆਹੀ ਪੰਜਾਬਣ ਮੁਟਿਆਰ ਭਾਗ ਲੈ ਸਕਦੀ ਹੈ। ਪਹਿਲੇ ਸਥਾਨ ’ਤੇ ਆਉਣ ਵਾਲੀ ਮੁਟਿਆਰ ਨੂੰ ਸੱਗੀ ਫੁੱਲ, ਸ਼ਗਨ ਅਤੇ ਟਰਾਫੀ, ਦੂਸਰੇ ਸਥਾਨ ਵਾਲੀ ਨੂੰ ਬੁਗਤੀਆਂ, ਸ਼ਗਨ ਅਤੇ ਟਰਾਫੀ, ਤੀਜੇ ਸਥਾਨ ਵਾਲੀ ਨੂੰ ਟਿੱਕਾ, ਸ਼ਗਨ ਅਤੇ ਟਰਾਫੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਲੰਮ ਸਲੰਮੀ ਨਾਰ , ਨਸ਼ੀਲੇ ਨੈਣ, ਗਿੱਧਿਆਂ ਦੀ ਮੇਲਣ, ਮੋਰਨੀ ਵਰਗੀ ਧੌਣ, ਸੁਝਵਾਨ ਮੁਟਿਆਰ, ਮੜ੍ਹਕ ਨਾਲ ਤੁਰਨਾ, ਸੋਹਣਾ ਪੰਜਾਬੀ ਪਹਿਰਾਵਾ, ਹਾਸਿਆਂ ਦੀ ਰਾਣੀ, ਸੱਪਣੀ ਵਰਗੀ ਗੁੱਤ, ਮੁੱਖੜਾ ਚੰਨ ਵਰਗਾ, ਮਲੂਕੜੀ ਜਿਹੀ ਮੁਟਿਆਰ, ਸੋਹਣੇ ਗਹਿਣੇ, ਮਿੱਠੜੇ ਬੋਲ, ਮਿਲਾਪੜੀ ਮੁਟਿਆਰ, ਨੰਨ੍ਹੀ ਕਰੂੰਬਲ, ਨਿਰੋਲ ਪਿੜ ਪੇਸ਼ਕਾਰੀ, ਵਿਦਾਇਗੀ ਤੋਰ, ਸ਼ਰਮੀਲੀਆਂ ਅੱਖਾਂ, ਲਾੜੀ ਸਰੂਪ, ਬੁਸਕਣਾ ਦੇ ਖਿਤਾਬ ਦਿੱਤੇ ਜਾਣਗੇ। ਹਰ ਮੁਟਿਆਰ ਨੂੰ ਟਰਾਫੀ ਤੇ ਸਰਟੀਫਿਕੇਟ ਦਿੱਤਾ ਜਾਵੇਗਾ।

11 ਨੂੰ ਜ਼ਿਲ੍ਹਾ ਗੁਰਦਾਸਪੁਰ ਦੀਆਂ ਅਦਾਲਤਾਂ ’ਚ ਲਗਾਈ ਜਾਵੇਗੀ ਰਾਸ਼ਟਰੀ ਲੋਕ ਅਦਾਲਤ

ਗੁਰਦਾਸਪੁਰ (ਜਨਕ ਮਹਾਜਨ) : ਨੈਸ਼ਨਲ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮਿਤੀ 11 ਫਰਵਰੀ ਨੂੰ ਜ਼ਿਲ੍ਹਾ ਗੁਰਦਾਸਪੁਰ ਦੀਆਂ ਸਮੂਹ ਅਦਲਤਾਂ ਵਿੱਚ ਰਾਸ਼ਟਰੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਰਾਸ਼ਟਰੀ ਲੋਕ ਅਦਾਲਤ ਬਾਰੇ ਜਾਣਕਾਰੀ ਦਿੰਦਿਆਂ ਰਜਿੰਦਰ ਅਗਰਵਾਲ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਨੇ ਦੱਸਿਆ ਕਿ ਇਸ ਰਾਸ਼ਟਰੀ ਲੋਕ ਅਦਾਲਤ ਦੌਰਾਨ ਕ੍ਰਿਮੀਨਲ ਕੰਪਾਊਂਡੇਬਲ ਕੇਸ, ਧਾਰਾ 138 ਐਨ ਆਈ ਐਕਟ, ਐਮ ਏ ਸੀ ਟੀ ਕੇਸ, ਵਿਵਾਹਕ/ਪਰਵਾਰਕ ਮਾਮਲੇ, ਲੇਬਰ ਮੈਟਰਜ਼, ਲੈਂਡ ਐਕੂਜ਼ੀਸ਼ਨ ਮੈਟਰਜ਼, ਸਿਵਲ ਕੇਸ, ਰੈਂਟ, ਬੈਂਕ ਰਿਕਵਰੀ, ਰੈਵਿਨਿਊ ਕੇਸ, ਬਿਜਲੀ ਅਤੇ ਪਾਣੀ ਬਿੱਲਾਂ ਸੰਬੰਧੀ, ਸਰਵਿਸ ਮੈਟਰ ਵਗੈਰਾ, ਕੇਸ ਸ਼ਾਮਲ ਕੀਤੇ ਜਾਣਗੇ। ਉਨ੍ਹਾ ਦੱਸਿਆ ਕਿ ਲੋਕ ਅਦਾਲਤਾਂ ਰਾਹੀਂ ਹੋਏ ਫੈਸਲੇ ਨੂੰ ਦੀਵਾਨੀ ਕੋਰਟ ਦੀ ਡਿਕਰੀ ਦੀ ਮਾਨਤਾ ਪ੍ਰਾਪਤ ਹੁੰਦੀ ਹੈ, ਇਸ ਦੇ ਫੈਸਲੇ ਖਿਲਾਫ ਕੋਈ ਅਪੀਲ ਨਹੀਂ ਹੁੰਦੀ, ਇਸ ਦੇ ਫੈਸਲੇ ਉਪਰੰਤ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਵੀ ਵਾਪਸ ਹੋ ਜਾਂਦੀ ਹੈ। ਇਸ ਤੋਂ ਇਲਾਵਾ ਲੋਕਾਂ ਦੇ ਸਮੇਂ ਦੀ ਬੱਚਤ ਵੀ ਹੁੰਦੀ ਹੈ। ਉਨ੍ਹਾ ਦੱਸਿਆ ਕਿ ਲੋਕ ਅਦਾਲਤ ਦਾ ਫੈਸਲਾ ਅੰਤਮ ਹੁੰਦਾ ਹੈ। ਜ਼ਿਲ੍ਹਾ ਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਵੱਲੋਂ ਰਾਸ਼ਟਰੀ ਲੋਕ ਅਦਾਲਤ ਨੂੰ ਕਾਮਯਾਬ ਬਣਾਉਣ ਲਈ ਸਮੂਹ ਇੰਸ਼ੋਰੈਂਸ ਕੰਪਨੀਆਂ ਅਤੇ ਬੈਂਕ ਮੈਨੇਜਰ ਸਾਹਿਬਾਨ ਨਾਲ ਵੀ ਮੀਟਿੰਗਾਂ ਕਰਕੇ ਵੱਧ ਤੋਂ ਵੱਧ ਪ੍ਰੀ ਲਿਟੀਗੇਟੀਵ ਬੈਂਕ ਕੇਸ ਲਗਵਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਸਮੂਹ ਜੁਡੀਸ਼ੀਅਲ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਅਦਾਲਤਾਂ ਵਿੱਚ ਲੰਬਤ ਪਏ ਕੇਸਾਂ ਦੇ ਨਿਪਟਾਰੇ ਰਾਸ਼ਟਰੀ ਲੋਕ ਅਦਾਲਤ ਰਾਹੀਂ ਕਰਵਾਉਣ ਨੂੰ ਤਰਜੀਹ ਦੇਣ ਲਈ ਦੋਨਾਂ ਧਿਰਾਂ ਨੂੰ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਵੱਡੀ ਗਿਣਤੀ ਵਿੱਚ ਕੇਸਾਂ ਦੇ ਨਿਪਟਾਰੇ ਇਸ ਰਾਸ਼ਟਰੀ ਲੋਕ ਅਦਾਲਤ ਰਾਹੀਂ ਕੀਤੇ ਜਾ ਸਕਣ।

ਉਨ੍ਹਾ ਜਨਤਾ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਵਿਅਕਤੀ ਦਾ ਉਪਰੋਕਤ ਸ਼੍ਰੇਣੀਆਂ ਵਿੱਚ ਕੋਈ ਕੇਸ ਚੱਲ ਰਿਹਾ ਹੈ ਤਾਂ ਉਹ ਆਪਣੇ ਕੇਸ ਨੂੰ ਲੋਕ ਅਦਾਲਤ ਰਾਹੀਂ ਹੱਲ ਕਰਵਾਉਣ ਨੂੰ ਤਰਜੀਹ ਦੇਣ।

ਛੱਜਲਵੱਡੀ ਦੀ ਭਾਜਪਾ ਵੱਲੋਂ ਸਕੱਤਰ ਪੰਜਾਬ ਵਜੋਂ ਨਿਯੁਕਤੀ

ਟਾਂਗਰਾ (ਲਾਡੀ ਮੱਲ੍ਹੀ) : ਭਾਰਤੀ ਜਨਤਾ ਪਾਰਟੀ ਵੱਲੋਂ ਐਸ ਸੀ ਮੋਰਚਾ ਪੰਜਾਬ ਦੀ ਟੀਮ ਦਾ ਐਲਾਨ ਕੀਤਾ ਗਿਆ, ਜਿਸ ਵਿੱਚ ਸਵਿੰਦਰ ਸਿੰਘ ਛੱਜਲਵੱਡੀ ਨੂੰ ਪਾਰਟੀ ਪ੍ਰਤੀ ਮਿਹਨਤ ਨੂੰ ਦੇਖਦਿਆਂ ਹੋਇਆਂ ਸਕੱਤਰ ਪੰਜਾਬ ਨਿਯੁਕਤ ਕੀਤਾ ਗਿਆ, ਜਿਸ ਨਾਲ ਐਸ ਸੀ ਭਾਈਚਾਰੇ ਵਿੱਚ ਖੁਸ਼ੀ ਦੀ ਲਹਿਰ ਪਾਈ ਗਈ ਹੈ। ਸਵਿੰਦਰ ਸਿੰਘ ਛੱਜਲਵੱਡੀ ਨੇ ਕਿਹਾ ਕਿ ਉਹ ਪਾਰਟੀ ਵੱਲੋਂ ਮਿਲੀ ਹੋਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਅਤੇ ਐਸ ਸੀ ਸਮਾਜ ਨਾਲ ਪੰਜਾਬ ਵਿੱਚ ਕਿਤੇ ਵੀ ਧੱਕੇਸ਼ਾਹੀ ਹੁੰਦੀ ਹੈ ਤਾਂ ਉਹ ਉਹਨਾਂ ਦੇ ਹਰ ਦੁੱਖ ਸੁੱਖ ਵਿੱਚ ਸ਼ਮੂਲੀਅਤ ਕਰਨਗੇ ਅਤੇ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਜੋ ਗਰੀਬਾਂ ਲਈ ਸਕੀਮਾਂ ਅਤੇ ਸਹੂਲਤਾਂ ਆ ਰਹੀਆਂ ਹਨ ਉਹਨਾਂ ਤੋਂ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਉਹਨਾ ਕਿਹਾ ਕਿ ਪੰਜਾਬ ਵਿੱਚੋਂ ਅਤੇ ਖਾਸ ਕਰਕੇ ਮਾਝੇ ਵਿੱਚੋਂ ਕਾਫੀ ਲੋਕਾਂ ਨੇ ਮੈਨੂੰ ਵਧਾਈਆਂ ਦਿੱਤੀਆਂ ਹਨ ਮੈਂ ਉਹਨਾ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ। ਸਵਿੰਦਰ ਸਿੰਘ ਛੱਜਲਵੱਡੀ ਨੇ ਕਿਹਾ ਕਿ ਗਰੀਬ ਸਮਾਜ ਦੇ ਕਿਸੇ ਵੀ ਭੈਣ ਭਰਾ ਨਾਲ ਧੱਕੇਸ਼ਾਹੀ ਹੁੰਦੀ ਹੈ ਤਾਂ ਉਹ ਮੇਰੇ ਨਾਲ ਸੰਪਰਕ ਕਰਨ, ਮੈਂ ਉਹਨਾਂ ਦੀ ਸੇਵਾ ਵਿੱਚ ਹਰ ਵਕਤ ਹਾਜ਼ਰ ਹਾਂ।

ਹਲਕਾ ਮਜੀਠਾ ਦੇ ਲੋਕਾਂ ਦੀ ਸੇਵਾ ’ਚ ਹਰ ਵੇਲੇ ਹਾਜ਼ਰ : ਡਾ. ਸਤਿੰਦਰ ਗਿੱਲ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ) : ਪਿੰਡ ਭੋਏਵਾਲ ਵਿਖੇ “ਜੰਗ ਫਾਰਮਸ ਸਪੋਰਟਸ ਕਲੱਬ” ਵੱਲੋਂ ਹਰ ਸਾਲ ਕਰਵਾਏ ਜਾਂਦੇ ਫੁੱਟਬਾਲ ਟੂਰਨਾਮੈਂਟ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਦੇ ਨਾਂਅ ’ਤੇ ਕੁਝ ਲੋਕਾਂ ਵੱਲੋਂ ਆਏ ਮਹਿਮਾਨਾਂ ਨੂੰ ਕਾਲੇ ਝੰਡੇ ਵਿਖਾਉਣ ਲਈ ਇਕੱਠੇ ਹੋਏ ਲੋਕਾਂ ਨੂੰ ਆਪ ਦੇ ਹਲਕਾ ਇੰਚਾਰਜ ਮਜੀਠਾ ਸੁਖਜਿੰਦਰ ਸਿੰਘ ਲਾਲੀ ਦੀ ਪਤਨੀ ਡਾ. ਸਤਿੰਦਰ ਗਿੱਲ ਨੇ ਬਿਨਾਂ ਕਿਸੇ ਡਰ-ਭੈਅ ਦੇ ਪ੍ਰਦਰਸ਼ਨਕਾਰੀਆਂ ਵਿੱਚ ਜਾ ਕੇ ਉਨ੍ਹਾਂ ਦੀ ਗੱਲ ਸੁਣੀ ਤੇ ਭਰੋਸਾ ਦਿਵਾਇਆ ਕੇ ਉਨ੍ਹਾਂ ਦਾ ਸੁਨੇਹਾ ਸਰਕਾਰ ਤੱਕ ਪਹੁੰਚਾਇਆ ਜਾਵੇਗਾ। ਡਾ. ਸਤਿੰਦਰ ਗਿੱਲ ਨੇ ਸਮੁੱਚੇ ਹਲਕੇ ਨੂੰ ਬੇਨਤੀ ਕਰਦੇ ਕਿਹਾ ਕਿ ਅਸੀਂ ਹਲਕੇ ਦੀ ਸੇਵਾ ਲਈ ਤਤਪਰ ਹਾਂ ਅਤੇ ਪਾਰਟੀਬਾਜ਼ੀ ਤੇ ਧੜੇਬੰਦੀ ਤੋਂ ਉਪਰ ਉਠ ਕੇ ਸਹਿਯੋਗ ਦੀ ਮੰਗ ਕੀਤੀ। ਆਮ ਆਦਮੀ ਪਾਰਟੀ ਦੀ ਸਰਕਾਰ ਸਭ ਦੀ ਸਰਕਾਰ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਉਨ੍ਹਾ ਦੀ ਸਮੁੱਚੀ ਟੀਮ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਪੂਰੀ ਤਰ੍ਹਾਂ ਸਮਰਪਤ ਹੈ।

ਉਨ੍ਹਾ ਕਿਹਾ ਕਿ ਕੇਂਦਰ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਲਈ ਕਦਮ ਚੁੱਕੇ ਤਾਂ ਪੰਜਾਬ ਸਰਕਾਰ ਹਰ ਪੱਖ ਤੋਂ ਸਹਿਯੋਗ ਦੇਣ ਲਈ ਤਿਆਰ ਹੈ।

ਗੁਰਦਾਸਪੁਰ-ਮੁਕੇਰੀਆਂ ਮੁੱਖ ਸੜਕ ਦੀ ਹਾਲਤ ਖਸਤਾ ਹੋਣ ’ਤੇ ਐਕਸੀਅਨ ਲੋਕ ਨਿਰਮਾਣ ਵਿਭਾਗ ਨੂੰ ਸੰਮਨ

ਗੁਰਦਾਸਪੁਰ (ਜਨਕ ਮਹਾਜਨ) : ਪਰਮਾਨੈਂਟ ਲੋਕ ਅਦਾਲਤ ਗੁਰਦਾਸਪੁਰ ਦੀ ਸੈਸ਼ਨ ਜੱਜ ਸੁਨੀਤਾ ਕੁਮਾਰੀ ਨੇ ਲਿਖਤੀ ਸ਼ਿਕਾਇਤ ਮਿਲਣ ’ਤੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਦੇ ਐਕਸੀਅਨ ਨੂੰ ਸੰਮਨ ਜਾਰੀ ਕੀਤੇ ਜਾਣ ਦੀ ਖਬਰ ਮਿਲੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਐਡਵੋਕੇਟ ਰਵਿੰਦਰ ਸ਼ਰਮਾ, ਚੇਅਰਮੈਨ ਐਡਵੋਕੇਟ ਰਾਜੀਵ ਵੋਹਰਾ ਆਦਿ ਨੇ ਦੱਸਿਆ ਕਿ ਗੁਰਦਾਸਪੁਰ-ਮੁਕੇਰੀਆਂ ਸੜਕ ਦੀ ਮੁਰੰਮਤ ਵਾਸਤੇ ਐਕਸੀਅਨ ਗੁਰਦਾਸਪੁਰ ਲੋਕ ਨਿਰਮਾਣ ਵਿਭਾਗ ਨੂੰ 28 ਫਰਵਰੀ ਤੱਕ ਨਿਰਦੇਸ਼ ਜਾਰੀ ਕੀਤੇ ਹਨ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ-ਮੁਕੇਰੀਆਂ ਸੜਕ ਦੀ ਹਾਲਤ ਖਸਤਾ ਹੋਣ ਕਰਕੇ ਨਿੱਤ ਹਾਦਸੇ ਵਾਪਰਨ ਨਾਲ ਲੋਕਾਂ ਦੀਆਂ ਕੀਮਤੀ ਜਾਨਾਂ ਖਤਰੇ ’ਚ ਹਨ। ਉਨ੍ਹਾਂ ਦੱਸਿਆ ਕਿ ਇਹ ਸੰਪਰਕ ਸੜਕ ਤੇ ਦਿੱਲੀ ਤੋਂ, ਜੰਮੂ ਕਸ਼ਮੀਰ, ਹਿਮਾਚਲ ਤੱਕ ਵਾਹਨਾਂ ਦੀ ਆਵਜਾਈ ਬਣੀ ਰਹਿੰਦੀ ਹੈ। ਉਨ੍ਹਾਂ ਦੱਸਿਆ ਕਿ ਹੁਣ ਗੰਨੇ ਦਾ ਸੀਜ਼ਨ ਹੈ ਅਤੇ ਰੋਜ਼ਾਨਾ ਵੱਡੀ ਗਿਣਤੀ ’ਚ ਟਰੈਕਟਰ ਟਰਾਲੀਆਂ ਇਸ ਸੜਕ ਤੋਂ ਲੰਘਦੀਆਂ ਹਨ ਅਤੇ ਕਈ ਵਾਰ ਟਰੈਕਟਰ ਟਰਾਲੀਆਂ ਦੀਆਂ ਹੁੱਕਾਂ ਵੀ ਟੁੱਟ ਜਾਂਦੀਆਂ ਹਨ, ਜਿਸ ਨਾਲ ਲੋਕਾਂ ਦਾ ਜਾਨੀ ਮਾਲੀ ਨੁਕਸਾਨ ਹੁੰਦਾ ਹੈ। ਇਸ ਨਾਲ ਹਾਦਸਿਆ ’ਚ ਵੀ ਕਾਫੀ ਵਾਧਾ ਹੋਇਆ ਹੈ।

ਆਈ ਟੀ ਆਈ ਪਠਾਨਕੋਟ ਦੇ ਵਿਦਿਆਰਥੀਆਂ ਨੇ ਤਿਆਰ ਕੀਤਾ ਚੈਨਲੈਸ ਸਾਈਕਲ

ਪਠਾਨਕੋਟ (ਦਵਿੰਦਰ ਸਿੰਘ) : ਅੱਜ ਸਰਕਾਰੀ ਆਈ ਟੀ ਆਈ ਕਾਲਜ ਪਠਾਨਕੋਟ ਵਿਖੇ ਬੱਚਿਆਂ ਵੱਲੋਂ ਬਿਨਾਂ ਚੈਨ ਦੇ ਬਣਾਏ ਗਏ ਸਾਈਕਲ ਨੂੰ ਪ੍ਰਿੰਸੀਪਲ ਹਰੀਸ਼ ਮੋਹਣ ਦੇ ਆਦੇਸ਼ਾਂ ਅਨੁਸਾਰ ਹਰਜਿੰਦਰ ਸਿੰਘ ਐਸ ਡੀ ਐਮ ਧਾਰ ਕਲਾਂ ਦੀ ਮੌਜੂਦਗੀ ਵਿੱਚ ਪ੍ਰਮੋਟ ਕੀਤਾ। ਇਸ ਸਮਾਰੋਹ ਦੌਰਾਨ ਹਰਜਿੰਦਰ ਸਿੰਘ ਐਸ ਡੀ ਐਮ ਧਾਰ ਕਲਾਂ ਵਿਸ਼ੇਸ਼ ਤੌਰ ’ਤੇ ਹਾਜ਼ਰ ਹੋਏ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੀ ਹਦਾਇਤਾਂ ਕੀਤੀਆਂ ਜਾ ਰਹੀਆਂ ਹਨ ਕਿ ਬੱਚਿਆਂ ਨੂੰ ਅਜਿਹੀ ਸਿੱਖਿਆ ਦਿੱਤੀ ਜਾਵੇ, ਜਿਸ ਦੀ ਉਨ੍ਹਾਂ ਨੂੰ ਲੋੜ ਹੈ ਤਾਂ ਜੋ ਉਨ੍ਹਾਂ ਬੱਚਿਆਂ ਨੂੰ ਸਹੀ ਰੁਜ਼ਗਾਰ ਮਿਲ ਸਕੇ। ਉਨ੍ਹਾ ਕਿਹਾ ਕਿ ਬਹੁਤ ਹੀ ਖੁਸ਼ੀ ਦੀ ਗੱਲ ਹੈ ਕਿ ਪਠਾਨਕੋਟ ਦੇ ਆਈ ਟੀ ਆਈ ਵਿਖੇ ਵਿਦਿਆਰਥੀਆਂ ਵੱਲੋਂ ਚੈਨਲੈਸ ਸਾਈਕਲ ਬਣਾਇਆ ਗਿਆ ਹੈ। ਇਹ ਅਜਿਹਾ ਸਾਈਕਲ ਤਿਆਰ ਕੀਤਾ ਗਿਆ ਹੈ, ਜਿਸ ਵਿੱਚ ਚੈਨ ਨਹੀਂ ਹੈ ਅਤੇ ਇਹ ਗਰਾਰੀ ਦੇ ਨਾਲ ਵਰਕ ਕਰਦਾ ਹੈ। ਉਨ੍ਹਾ ਕਿਹਾ ਕਿ ਇਹ ਬੱਚਿਆਂ ਵੱਲੋਂ ਨਵੀਂ ਕਾਢ ਕੀਤੀ ਗਈ ਹੈ। ਉਨ੍ਹਾ ਇਸ ਉਪਰਾਲੇ ਲਈ ਬੱਚਿਆਂ ਅਤੇ ਕਾਲਜ ਦੇ ਸਟਾਫ ਨੂੰ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਪ੍ਰਿੰਸੀਪਲ ਆਈ ਟੀ ਆਈ ਪਠਾਨਕੋਟ ਹਰੀਸ਼ ਮੋਹਣ ਨੇ ਕਿਹਾ ਕਿ ਵਿਭਾਗੀ ਮੰਤਰੀ ਹਰਜੋਤ ਸਿੰਘ ਬੈਂਸ ਦੇ ਵੀ ਆਦੇਸ਼ ਹਨ ਕਿ ਆਈ ਟੀ ਆਈ ਦੇ ਅੰਦਰ ਕੁਝ ਨਵਾਂ ਬਣਾਇਆ ਜਾਵੇ ਤਾਂ ਜੋ ਬੱਚਿਆਂ ਵਿੱਚ ਪੜ੍ਹਾਈ ਕਰਨ ਲਈ ਜਾਗਰੂਕਤਾ ਆਵੇ। ਉਨ੍ਹਾ ਕਿਹਾ ਕਿ ਇਹ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਟੀਚਰਾਂ ਦਾ ਉਪਰਾਲਾ ਹੈ ਅਤੇ ਉਨ੍ਹਾਂ ਵੱਲੋਂ ਵੀ ਭਵਿੱਖ ਵਿੱਚ ਹੋਰ ਵੀ ਬਿਹਤਰੀ ਦੇ ਲਈ ਕੰਮ ਕਰਨ ਅਤੇ ਨਵੀਆਂ ਕਾਢਾਂ ਲਈ ਭਰੋਸਾ ਦਿੱਤਾ ਹੈ।



ਅੰਮ੍ਰਿਤਸਰ ਹਵਾਈ ਅੱਡੇ ’ਤੇ ਯਾਤਰੀਆਂ ਦੀ ਗਿਣਤੀ ’ਚ 111 ਫੀਸਦੀ ਦਾ ਵਾਧਾ : ਗੁਮਟਾਲਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) : ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਮਹਾਂਮਾਰੀ ਤੋਂ ਬਾਅਦ ਸਾਲ 2022 ਵਿੱਚ ਆਪਣੇ ਅੰਤਰਰਾਸ਼ਟਰੀ ਅਤੇ ਘਰੇਲੂ ਉਡਾਣਾਂ ਦਾ ਵਿਸਤਾਰ ਕਰਨ ਵਿੱਚ ਕਾਮਯਾਬ ਰਿਹਾ ਹੈ ਅਤੇ ਇੱਥੋਂ ਯਾਤਰੀਆਂ ਦੀ ਆਵਾਜਾਈ ’ਚ ਲਗਾਤਾਰ ਵਾਧਾ ਹੋਇਆ ਹੈ। ਇਸ ਸੰਬੰਧੀ ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਦੇ ਗਲੋਬਲ ਕਨਵੀਨਰ ਸਮੀਪ ਸਿੰਘ ਗੁਮਟਾਲਾ ਨੇ ਦੱਸਿਆ ਕਿ ਸਾਲ 2022 ਦੌਰਾਨ ਯਾਤਰੀਆਂ ਦੀ ਕੁੱਲ ਗਿਣਤੀ ਕੋਵਿਡ ਮਹਾਂਮਾਰੀ ਤੋਂ ਪਹਿਲਾਂ ਵਾਲੇ ਸਾਲ 2019 ਦੀ 95 ਫੀਸਦੀ ਗਿਣਤੀ ਤੱਕ ਪਹੁੰਚ ਗਈ ਹੈ।

ਏਅਰਪੋਰਟ ਅਥਾਰਟੀ ਆਫ ਇੰਡੀਆ ਤੋਂ ਉਪਲਬਧ ਅੰਕੜਿਆਂ ਦੇ ਵਿਸ਼ਲੇਸ਼ਣ ਦੱਸਦੇ ਹਨ ਕਿ ਹਵਾਈ ਅੱਡੇ ਨੇ ਸਾਲ 2022 ਵਿੱਚ ਕੁੱਲ 22.4 ਲੱਖ ਯਾਤਰੀਆਂ ਦਾ ਸੁਆਗਤ ਕੀਤਾ ਜਦੋਂ ਕਿ 2019 ਵਿੱਚ ਸਭ ਤੋਂ ਵੱਧ 25.63 ਲੱਖ ਯਾਤਰੀਆਂ ਦੀ ਗਿਣਤੀ ਦਰਜ ਕੀਤੀ ਗਈ ਸੀ। ਸਾਲ 2022 ਦੀ ਗਿਣਤੀ ਸਾਲ 2021 ਦੀ 13.2 ਲੱਖ ਦੇ ਮੁਕਾਬਲੇ 69.39% ਵੱਧ ਹੈ। ਗੁਮਟਾਲਾ ਨੇ ਕਿਹਾ ਕਿ ਅੰਕੜਿਆਂ ਅਨੁਸਾਰ ਹਵਾਈ ਅੱਡੇ ਤੋਂ ਸਾਲ 2022 ਵਿੱਚ ਅੰਤਰਰਾਸ਼ਟਰੀ ਯਾਤਰੀਆਂ ਦੀ ਗਿਣਤੀ ਤਕਰੀਬਨ 6.5 ਲੱਖ ਦਰਜ ਕੀਤੀ ਗਈ ਜੋ ਕਿ ਸਾਲ 2021 ਦੀ 3 ਲੱਖ 7 ਹਜ਼ਾਰ ਦੀ ਗਿਣਤੀ ਤੋਂ ਦੁੱਗਣੀ ਨਾਲੋਂ ਵੀ ਵੱਧ ਹੈ। ਇਸ ਨਾਲ ਇੱਥੋਂ 111.4 ਫੀਸਦੀ ਦਾ ਵਾਧਾ ਹੋਇਆ ਹੈ। ਇਹੀ ਨਹੀਂ ਅੰਤਰਰਾਸ਼ਟਰੀ ਹਵਾਈ ਜਹਾਜ਼ਾਂ ਦੀ ਆਵਾਜਾਈ ਵਿੱਚ ਵੀ 68.5% ਦਾ ਵਾਧਾ ਦਰਜ ਕੀਤਾ ਗਿਆ। ਸਾਲ 2022 ਵਿੱਚ ਘਰੇਲੂ ਯਾਤਰੀਆਂ ਦੀ ਗਿਣਤੀ ਵੀ 56.2% ਵਧ ਕੇ 15.8 ਲੱਖ ਹੋ ਗਈ ਹੈ ਅਤੇ ਘਰੇਲੂ ਉਡਾਣਾਂ ਦੇ ਜਹਾਜ਼ਾਂ ਦੀ ਆਵਾਜਾਈ ਵਿੱਚ ਵੀ 37.1% ਵਾਧਾ ਹੋਇਆ ਹੈ। ਦਸੰਬਰ 2022 ਦੇ ਮਹੀਨੇ ਲਈ ਜਾਰੀ ਕੀਤੇ ਗਏ ਅੰਕੜਿਆਂ ਵਿੱਚ ਕੁੱਲ 2,40,200 ਯਾਤਰੀਆਂ ਦੀ ਗਿਣਤੀ ਦਰਜ ਕੀਤੀ ਗਈ ਜੋ ਕਿ ਮਾਰਚ 2020 ਵਿੱਚ ਮੁਕੰਮਲ ਤਾਲਾਬੰਦੀ ਕਾਰਨ ਪੂਰੇ ਭਾਰਤ ਵਿੱਚ ਉਡਾਣਾਂ ਨੂੰ ਮੁਅੱਤਲ ਕਰਨ ਤੋਂ ਬਾਅਦ ਸਭ ਤੋਂ ਵੱਧ ਹੈ। ਤਾਲਾਬੰਦੀ ਤੋਂ ਪਹਿਲਾਂ, ਦਸੰਬਰ 2019 ਮਹੀਨੇ ਵਿੱਚ ਸਭ ਤੋਂ ਵੱਧ ਸੰਖਿਆ 2,55,364 ਦਰਜ ਕੀਤੀ ਗਈ ਸੀ। ਉਨ੍ਹਾ ਦੱਸਿਆ ਕਿ ਅੰਮ੍ਰਿਤਸਰ ਹਵਾਈ ਅੱਡੇ ਵਿਖੇ ਕੈਟ-3ਬੀ ਇੰਸਟਰੂਮੈਂਟ ਲੈਂਡਿੰਗ ਸਿਸਟਮ ਦੇ ਹੋਣ ਨਾਲ ਦਸੰਬਰ ਦੇ ਮਹੀਨੇ ਸੰਘਣੀ ਧੁੰਦ ਦੇ ਬਾਵਜੂਦ ਬਹੁਤ ਹੀ ਘੱਟ ਉਡਾਣਾਂ ਰੱਦ ਜਾਂ ਕਿਸੇ ਹੋਰ ਲਾਗਲੇ ਏਅਰਪੋਰਟ ਵੱਲ ਨੂੰ ਮੋੜੀਆਂ ਗਈਆਂ। ਇਹ ਸਿਸਟਮ ਸੰਘਣੀ ਧੁੰਦ ਵਿੱਚ ਸਿਰਫ 50 ਮੀਟਰ ਦੀ ਦਿੱਖ ਰਹਿ ਜਾਣ ’ਤੇ ਵੀ ਜਹਾਜ਼ ਨੂੰ ਉਤਰਨ ਵਿੱਚ ਸਹਾਈ ਹੁੰਦਾ ਹੈ। ਅੰਮ੍ਰਿਤਸਰ ਤੋਂ ਇਸ ਸਮੇਂ 10 ਤੋਂ ਵੱਧ ਭਾਰਤੀ ਅਤੇ ਵਿਦੇਸ਼ੀ ਏਅਰਲਾਈਨਾਂ ਦੁਆਰਾ 11 ਘਰੇਲੂ ਅਤੇ 10 ਅੰਤਰਰਾਸ਼ਟਰੀ ਮੰਜ਼ਲਾਂ ਲਈ ਹਫਤੇ ਵਿੱਚ ਤਕਰੀਬਨ 420 ਉਡਾਣਾਂ ਦੀ ਰਵਾਨਗੀ ਅਤੇ ਆਗਮਨ ਦਾ ਸੰਚਾਲਨ ਕੀਤਾ ਜਾ ਰਿਹਾ ਹੈ। ਹਵਾਈ ਅੱਡਾ ਹੁਣ 2020 ’ਚ ਮਹਾਂਮਾਰੀ ਤੋਂ ਪਹਿਲਾਂ ਦੇ ਮੁਕਾਬਲੇ ਜ਼ਿਆਦਾ ਅੰਤਰਰਾਸ਼ਟਰੀ ਹਵਾਈ ਅੱਡਿਆਂ ਨਾਲ ਜੁੜ ਗਿਆ ਹੈ, ਜਿਸ ਵਿੱਚ ਇਟਲੀ ਦੇ ਮਿਲਾਨ ਮਾਲਪੇਨਸਾ, ਮਿਲਾਨ ਬਰਗਾਮੋ ਅਤੇ ਰੋਮ ਦੇ ਹਵਾਈ ਅੱਡੇ ਸ਼ਾਮਲ ਹਨ। ਇਸ ਦੇ ਨਾਲ ਨਾਲ ਇੱਥੋਂ ਦੁਬਈ, ਸ਼ਾਰਜਾਹ, ਦੋਹਾ, ਸਿੰਗਾਪੁਰ, ਕੁਆਲਾਲੰਪੁਰ, ਲੰਡਨ ਹੀਥਰੋ ਅਤੇ ਬਰਮਿੰਘਮ ਲਈ ਸਿੱਧੀਆਂ ਉਡਾਣਾਂ ਹਨ। ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਹਵਾਈ ਅੱਡੇ ਦੀ ਅੰਤਰਰਾਸ਼ਟਰੀ ਕੁਨੈਕਟੀਵਿਟੀ ਨੂੰ ਹੋਰ ਵਧਾਉਣ ਲਈ ਵੱਖ-ਵੱਖ ਏਅਰਲਾਈਨਾਂ ਦੇ ਨੁਮਾਇੰਦਿਆਂ ਨਾਲ ਸੰਪਰਕ ’ਚ ਹੈ। ਉਨ੍ਹਾ ਉਮੀਦ ਜ਼ਾਹਰ ਕੀਤੀ ਕਿ ਆਉਣ ਵਾਲੇ ਮਹੀਨਿਆਂ ’ਚ ਹੋਰ ਅੰਤਰਰਾਸ਼ਟਰੀ ਜਾਂ ਭਾਰਤੀ ਏਅਰਲਾਈਨਾਂ ਦੁਆਰਾ ਇੱਥੋਂ ਉਡਾਣਾਂ ਸ਼ੁਰੂ ਕਰਨ ਜਾਂ ਚੱਲ ਰਹੀਆਂ ਉਡਾਣਾਂ ਦੀ ਗਿਣਤੀ ਨੂੰ ਵਧਾਉਣ ਨਾਲ ਯਾਤਰੀਆਂ ਦੀ ਗਿਣਤੀ ’ਚ ਹੋਰ ਵਾਧਾ ਹੋਵੇਗਾ ਅਤੇ ਸਾਲ 2023 ਵਿੱਚ ਇੱਥੋਂ ਯਾਤਰੀਆਂ ਦੀ ਕੁੱਲ ਗਿਣਤੀ 30 ਲੱਖ ਤੱਕ ਪਹੁੰਚ ਸਕਦੀ ਹੈ। ਸੂਬਾ ਸਰਕਾਰ ਦੇ ਪ੍ਰਤੀ ਨਮੋਸ਼ੀ ਜ਼ਾਹਰ ਕਰਦਿਆਂ ਗੁਮਟਾਲਾ ਨੇ ਕਿਹਾ ਕਿ ਜੇਕਰ ਰਾਜ ਸਰਕਾਰ ਸਾਲ 2022 ਵਿੱਚ ਪੰਜਾਬ ਦੇ ਹੋਰ ਸ਼ਹਿਰਾਂ ਤੋਂ ਅੰਮ੍ਰਿਤਸਰ ਹਵਾਈ ਅੱਡੇ ਤੱਕ ਬੱਸ ਸੇਵਾ ਸ਼ੁਰੂ ਕਰ ਦਿੰਦੀ ਤਾਂ ਯਾਤਰੀਆਂ ਦੀ ਗਿਣਤੀ ਹੋਰ ਵੀ ਵੱਧ ਹੋ ਸਕਦੀ ਸੀ।

ਪੰਜਾਬ ਦੇ ਕਈ ਸ਼ਹਿਰਾਂ ਤੋਂ ਦਿੱਲੀ ਏਅਰਪੋਰਟ ਲਈ ਸਰਕਾਰੀ ਬੱਸ ਸੇਵਾ ਸ਼ੁਰੂ ਕੀਤੀ ਜਾ ਰਹੀ ਹੈ। ਪਿਛਲੀ ਸਰਕਾਰ ਵਾਂਗ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਅੰਮ੍ਰਿਤਸਰ ਹਵਾਈ ਅੱਡੇ ਨਾਲ ਵਿਤਕਰਾ ਕਰਦੇ ਹੋਏ, ਇੱਥੋਂ ਬੱਸ ਸੇਵਾ ਦੀ ਇਸ ਮੰਗ ਨੂੰ ਨਜ਼ਰਅੰਦਾਜ਼ ਕਰ ਰਹੀ ਹੈ, ਜਿਸ ਨਾਲ ਯਾਤਰੀਆਂ ਨੂੰ ਹਵਾਈ ਅੱਡੇ ਤੱਕ ਪਹੁੰਚਣ ਲਈ ਸਸਤਾ ਆਵਾਜਾਈ ਦਾ ਸਾਧਨ ਮਿਲੇਗਾ। ਇਸ ਦੀ ਬਜਾਏ ਪੰਜਾਬ ਸਰਕਾਰ ਸਿਰਫ ਦਿੱਲੀ ਲਈ ਹੀ ਟਰਾਂਸਪੋਰਟ ਦਾ ਇਹ ਸਸਤਾ ਸਾਧਨ ਪ੍ਰਦਾਨ ਕਰਕੇ ਯਾਤਰੀਆਂ ਨੂੰ ਦਿੱਲੀ ਤੋਂ ਉਡਾਣ ਭਰਨ ਲਈ ਉਤਸ਼ਾਹਿਤ ਕਰ ਰਹੀ ਹੈ।

ਗੁਮਟਾਲਾ ਨੇ ਅੱਗੇ ਕਿਹਾ ਕਿ ਅੰਮ੍ਰਿਤਸਰ ਤੋਂ ਕਈ ਹੋਰ ਅੰਤਰਰਾਸ਼ਟਰੀ ਉਡਾਣਾਂ ਸ਼ੁਰੂ ਹੋ ਸਕਦੀਆਂ ਹਨ ਪਰ ਓਮਾਨ, ਕੁਵੈਤ, ਬਹਿਰੀਨ, ਯੂ ਏ ਈ, ਜਰਮਨੀ ਸਮੇਤ ਕਈ ਦੇਸ਼ਾਂ ਲਈ ਭਾਰਤ ਨਾਲ ਕੀਤੇ ਦੁਵੱਲੇ ਹਵਾਈ ਸੇਵਾਵਾਂ ਦੇ ਸਮਝੌਤਿਆਂ ਵਿੱਚ ਅੰਮ੍ਰਿਤਸਰ ਦਾ ਭਾਰਤ ਸਰਕਾਰ ਵੱਲੋਂ ਨਾ ਸ਼ਾਮਲ ਕਰਨਾ, ਇਸ ਦੀ ਅੰਤਰਰਾਸ਼ਟਰੀ ਆਵਾਜਾਈ ਦੇ ਵਾਧੇ ਵਿੱਚ ਰੁਕਾਵਟ ਪਾ ਰਿਹਾ ਹੈ। ਪਿਛਲੇ ਸਾਲ, ਯੂ ਏ ਈ ਦੀ ਅਮੀਰਾਤ ਏਅਰਲਾਈਨ ਨੇ ਦੁਬਾਰਾ ਭਾਰਤ ਨੂੰ ਹਵਾਈ ਸਮਝੌਤਿਆਂ ਵਿੱਚ ਅੰਮ੍ਰਿਤਸਰ ਦੇ ਹਵਾਈ ਅੱਡੇ ਨੂੰ ਪੁਆਇੰਟ-ਆਫ-ਕਾਲ ਵਜੋਂ ਸ਼ਾਮਲ ਕਰਨ ਦੀ ਬੇਨਤੀ ਕੀਤੀ ਸੀ, ਜਿਸ ਨਾਲ ਉਹ ਇੱਥੋਂ ਉਡਾਣਾਂ ਸ਼ੁਰੂ ਕਰ ਸਕਣਗੇ। ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਕਈ ਵਾਰ ਅਜਿਹੀ ਕਿਸੇ ਵੀ ਬੇਨਤੀ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ ਹੈ, ਕਿਉਂਕਿ ਉਹ ਚਾਹੁੰਦੇ ਹਨ ਕਿ ਸਿਰਫ ਭਾਰਤ ਦੀਆਂ ਏਅਰਲਾਈਨ ਹੀ ਅੰਮ੍ਰਿਤਸਰ ਸਮੇਤ ਭਾਰਤ ਦੇ ਹੋਰ ਖੇਤਰੀ ਹਵਾਈ ਅੱਡਿਆਂ ਤੋਂ ਉਡਾਣਾਂ ਦਾ ਸੰਚਾਲਨ ਕਰਨ।

ਭਿੱਖੀਵਿੰਡ ਦੇ ਰਾਸ਼ਨ ਕਾਰਡਾਂ ਦੀ ਰੀ-ਵੈਰੀਫਿਕੇਸ਼ਨ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ, ਰਣਬੀਰ ਸਿੰਘ ਗੋਲਣ) : ਐਨ ਐਫ ਐਸ ਏ ਐਕਟ, 2013 ਅਧੀਨ ਕੇਂਦਰ ਅਤੇ ਸੂਬਾ ਸਰਕਾਰਾਂ ਵੱਲੋਂ ਲੋੜਵੰਦ ਲੋਕਾਂ ਨੂੰ ਸਸਤਾ ਰਾਸ਼ਨ ਮੁਹੱਈਆ ਕਰਵਾਇਆ ਜਾਂਦਾ ਹੈ। ਉਪਰੋਕਤ ਐਕਟ ਅਨੁਸਾਰ ਯੋਗ ਪਰਵਾਰਾਂ ਦੀ ਚੋਣ ਕਰਨਾ, ਰਾਸ਼ਨ ਕਾਰਡ ਬਣਾਉਣਾ, ਰਾਸ਼ਨ ਦੀ ਵੰਡ ਪਾਰਦਰਸ਼ੀ ਢੰਗ ਨਾਲ ਕਰਵਾਉਣਾ ਆਦਿ ਸੂਬਾ ਸਰਕਾਰ ਦੀ ਜ਼ਿੰਮੇਵਾਰੀ ਹੈ, ਜਿਸ ਨੂੰ ਪੰਜਾਬ ਦੀ ਮਾਨ ਸਰਕਾਰ ਤਨਦੇਹੀ ਨਾਲ ਨਿਭਾਉਂਦੀ ਨਜ਼ਰ ਆ ਰਹੀ ਹੈ। ਵਰਨਣਯੋਗ ਹੈ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਸੂਬੇ ਦੇ ਸਾਰੇ ਜ਼ਿਲ੍ਹਾ ਪ੍ਰਸ਼ਾਸਨਾਂ ਨੂੰ ਰਾਸ਼ਨ ਕਾਰਡਾਂ ਦੀ ਰੀ-ਵੈਰੀਫਿਕੇਸ਼ਨ ਦੇ ਹੁਕਮ ਜਾਰੀ ਕੀਤੇ ਗਏ ਹਨ। ਇਸੇ ਲੜੀ ਤਹਿਤ ਤਰਨ ਤਾਰਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਸਬਾ ਭਿੱਖੀਵਿੰਡ ਦੇ ਰਾਸ਼ਨ ਕਾਰਡਾਂ ਦੀ ਰੀ-ਵੈਰੀਫਿਕੇਸ਼ਨ ਕੀਤੀ ਗਈ, ਜਿਸ ’ਚ 13 ਵਾਰਡਾਂ ਵਿਚਲੇ ਕੁੱਲ 2406 ਪਰਵਾਰਾਂ ਦੀ ਜਾਂਚ ਦਾ ਕੰਮ ਨਗਰ ਪੰਚਾਇਤ ਭਿੱਖੀਵਿੰਡ ਦੇ ਅਧਿਕਾਰੀਆਂ ਵੱਲੋਂ ਮੁਕੰਮਲ ਕਰਕੇ ਡਿਪਟੀ ਕਮਿਸ਼ਨਰ ਤਰਨ ਤਾਰਨ ਨੂੰ ਭੇਜ ਦਿੱਤਾ ਗਿਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਨਗਰ ਪੰਚਾਇਤ ਭਿੱਖੀਵਿੰਡ ਦੇ ਕਲਰਕ ਮਨਜੀਤ ਸਿੰਘ ਨੇ ਦੱਸਿਆ ਕਿ ਉਨ੍ਹਾ ਨੂੰ ਡਿਪਟੀ ਕਮਿਸ਼ਨਰ ਤਰਨ ਤਾਰਨ ਵੱਲੋਂ ਭਿੱਖੀਵਿੰਡ ਦੇ 2406 ਸਸਤੇ ਰਾਸ਼ਨ ਕਾਰਡਾਂ ਦੀ ਸੂਚੀ ਰੀ-ਵੈਰੀਫਿਕੇਸ਼ਨ ਲਈ ਭੇਜੀ ਗਈ ਸੀ, ਜਿਸ ’ਚ ਡਿਪਟੀ ਕਮਿਸ਼ਨਰ ਤਰਨ ਤਾਰਨ ਵੱਲੋਂ ਆਂਗਣਵਾੜੀ ਵਰਕਰ ਅਤੇ ਫੂਡ ਇੰਸਪੈਕਟਰਾਂ ਦੀਆਂ ਡਿਊਟੀਆਂ ਮੇਰੇ ਨਾਲ ਲਗਾਈਆਂ ਗਈਆਂ ਸਨ। ਉਨ੍ਹਾ ਦੱਸਿਆ ਕਿ ਉਨ੍ਹਾ ਨੇ ਲਾਭਪਾਤਰੀਆਂ ਦੇ ਘਰ-ਘਰ ਜਾ ਕੇ ਪਾਰਦਰਸ਼ੀ ਢੰਗ ਨਾਲ ਇਨਕੁਆਰੀ ਕਰਨ ਮਗਰੋਂ ਰਿਪੋਰਟ ਬਣਾ ਕੇ ਡਿਪਟੀ ਕਮਿਸ਼ਨਰ ਨੂੰ ਭੇਜ ਦਿੱਤੀ ਹੈ।

ਦਿੱਲੀ ਆਕਾਸ਼ਬਾਣੀ ਤੋਂ ਪੰਜਾਬੀ ਦੇ ਬੁਲੇਟਿਨ ਨੂੰ ਜਲੰਧਰ ਬਦਲੇ ਜਾਣ ਦੀਆਂ ਕੀਤੀਆਂ ਜਾ ਰਹੀਆਂ ਹਨ ਤਿਆਰੀਆਂ

ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)

ਦਿੱਲੀ ਆਕਾਸ਼ਵਾਣੀ ਦੇ ਪੰਜਾਬੀ ਬੁਲੇਟਿਨ ਨੂੰ ਬਦਲ ਕੇ ਜਲੰਧਰ ਲਿਆਂਦੇ ਜਾਣ ਦਾ ਲੋਕਾਂ ਨੇ ਤਿੱਖਾਂ ਵਿਰੋਧ ਕੀਤਾ ਹੈ। ਪੰਜਾਬੀ ਬੁਲੇਟਿਨ ਵਿੱਚ ਕੰਮ ਕਰਦੇ ਕੱਚੇ-ਪੱਕੇ 12 ਮੁਲਾਜ਼ਮਾਂ ਨੂੰ ਆਪਣੀ ਨੌਕਰੀ ਜਾਣ ਦਾ ਫਿਕਰ ਲੱਗਾ ਹੋਇਆ ਹੈ। ਆਕਾਸ਼ਵਾਣੀ ਵਿੱਚ ਕੰਮ ਕਰਨ ਵਾਲਿਆਂ ਦਾ ਮੰਨਣਾ ਹੈ ਕਿ ਦੇਸ਼ ਦੀ ਰਾਜਧਾਨੀ ਦਿੱਲੀ ਵਿੱਚੋਂ ਪੰਜਾਬੀ ਨੂੰ ਕੱਢਣ ਦੀ ਇਹ ਇੱਕ ਡੂੰਘੀ ਸ਼ਾਜਿਸ਼ ਹੈ। ਆਕਾਸ਼ਵਾਣੀ ਦੇ ਮੁਲਾਜ਼ਮਾਂ ਵੱਲੋਂ ਬਲਜੀਤ ਕੌਰ ਤੇ ਸੰਜਨਾ ਸ਼ਰਮਾ ਨੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੂੰ ਮੰਗ ਪੱਤਰ ਦਿੰਦਿਆ ਉਹਨਾਂ ਮੰਗ ਕਰਦਿਆ ਕਿਹਾ ਕਿ ਉਹ ਪੰਜਾਬੀ ਭਾਸ਼ਾ ਨਾਲ ਕੀਤੇ ਜਾ ਰਹੇ ਧੱਕੇ ਵਿਰੁੱਧ ਅਵਾਜ਼ ਬੁਲੰਦ ਕਰਨ ਜਿਸ ਪ੍ਰਕਾਰ ਉਨ੍ਹਾਂ ਨੇ ਸੰਸਦ ਵਿੱਚ ਪੰਜਾਬੀ ਨੂੰ ਲਾਗੂ ਕਰਵਾਉਣ ਲਈ ਕੀਤੀ ਸੀ। ਆਲ ਇੰਡੀਆ ਰੇਡੀਓ ਦੀਆਂ ਮੁਲਾਜ਼ਮਾਂ ਨੇ ਦੱਸਿਆ ਸੰਤ ਸੀਚੇਵਾਲ ਨੇ ਸੰਸਦ ਵਿੱਚ ਪੰਜਾਬੀ ਦਾ ਮੁੱਦਾ ਬੜੀ ਗੰਭੀਰਤਾ ਨਾਲ ਚੁੱਕਿਆ ਸੀ ਜਿਸ ਕਾਰਨ ਪੰਜਾਬੀ ਮਾਂ ਬੋਲੀ ਨੂੰ 75 ਸਾਲਾਂ ਬਾਅਦ ਪਾਰਲੀਮੈਂਟ ਵਿੱਚ ਲਾਗੂ ਕੀਤਾ ਗਿਆ ਹੈ। ਸੰਤ ਬਲਬੀਰ ਸਿੰਘ ਸੀਚੇਵਾਲ ਨੇ ਭਰੋਸਾ ਦਿੱਤਾ ਕਿ ਬੱਜਟ ਸ਼ੈਸ਼ਨ ਦੌਰਾਨ ਉਹ ਇਸ ਮਾਮਲੇ ਨੂੰ ਰਾਜ ਸਭਾ ਵਿੱਚ ਉਠਾਉਣਗੇ। ਆਕਾਸ਼ਵਾਣੀ ਦੇ ਹੋਰ ਮੁਲਾਜ਼ਮਾਂ ਨੇ

ਵੀ ਦੱਸਿਆ ਕਿ ਕੁਝ ਸਾਲ ਪਹਿਲਾਂ ਤੱਕ ਪੰਜਾਬੀ ਦੇ ਚਾਰ ਰਾਸ਼ਟਰੀ ਬੁਲੇਟਿਨ ਪ੍ਰਸਾਰਤ ਕੀਤੇ ਜਾਂਦੇ ਸਨ। ਪਰ ਮਾਰਚ 2020 ਵਿੱਚ, ਕੋਵਿਡ -19 ਦੇ ਆਉਣ ਕਰਕੇ ਲੱਗੇ ਲਾਕਡਾਊਨ ਵਿੱਚ 5 ਮਿੰਟ ਦਾ ਇੱਕ ਪੰਜਾਬੀ ਦਾ ਐਕਸਟਰਨਲ ਬੁਲੇਟਿਨ ਬੰਦ ਕਰ ਦਿੱਤਾ ਗਿਆ ਜੋ ਕਿ ਸ਼ਾਮ 6 ਵੱਜ ਕੇ 40 ਮਿੰਟ 'ਤੇ ਪ੍ਰਸਾਰਤ ਕੀਤਾ ਜਾਂਦਾ ਸੀ। ਉਸਦਾ ਪ੍ਰਸਾਰਣ ਬਲੋਚਿਸਤਾਨ ਤੱਕ ਹੁੰਦਾ ਸੀ। ਲਾਕਡਾਊਨ ਖਤਮ ਹੋਣ ਤੋਂ ਬਾਅਦ ਵੀ ਅੱਜ ਤੱਕ ਦੋਬਾਰਾ ਸ਼ੁਰੂ ਨਹੀਂ ਕੀਤਾ ਗਿਆ ਹੈ।

ਆਕਾਸ਼ਵਾਣੀ ਦੇ ਉੱਚ ਅਧਿਕਾਰੀਆਂ ਵੱਲੋਂ ਪੰਜਾਬੀ ਸਮਾਚਾਰ ਇਕਾਈ ਦਿੱਲੀ ਨੂੰ ਇੱਥੋਂ ਬੰਦ ਕਰਕੇ ਪੰਜਾਬ ਵਿੱਚ ਜਲੰਧਰ ਭੇਜੇ ਜਾਣ ਦਾ ਫੈਸਲਾ ਲੈਣ ਉੱਪਰ ਵਿਚਾਰ ਕੀਤਾ ਜਾ ਰਿਹਾ ਹੈ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਦਿੱਲੀ ਵਿੱਚੋਂ ਪੰਜਾਬੀ ਦੀ ਨੁਮਾਇੰਦਗੀ ਕਰਨ ਵਾਲੀਆਂ ਇਹਨਾਂ ਖ਼ਬਰਾਂ ਨੂੰ ਬੰਦ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪਹਿਲਾਂ ਸਾਲ 2005 ਵਿੱਚ ਅਤੇ ਫਿਰ ਸਾਲ 2016 ਵਿੱਚ ਵੀ ਅਜਿਹੀ ਕੋਸ਼ਿਸ਼ ਕੀਤੀ ਗਈ ਸੀ। ਜ਼ਿਕਰਯੋਗ ਹੈ ਕਿ ਉਰਦੂ ਵਾਂਗ ਪੰਜਾਬੀ ਦਿੱਲੀ ਦੀ ਦੂਜੀ ਸਰਕਾਰੀ ਭਾਸ਼ਾ ਹੈ। ਇੱਥੇ ਸਕੂਲਾਂ, ਕਾਲਜਾਂ ਅਤੇ ਯੂਨਿਵਰਸਿਟੀ ਵਿੱਚੋਂ ਹਰ ਸਾਲ ਹਜ਼ਾਰਾਂ ਵਿਦਿਆਰਥੀ ਪੰਜਾਬੀ ਭਾਸ਼ਾ ਵਿੱਚ ਗ੍ਰੈਜੂਏਟ, ਪੋਸਟ ਗ੍ਰੈਜੂਏਟ, ਐਮ.ਫਿਲ ਕਰਦੇ ਹਨ। ਹਜ਼ਾਰਾਂ ਦੀ ਤਾਦਾਦ ਵਿੱਚ ਅਧਿਆਪਕ ਹਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਪੰਜਾਬੀ ਅਕਾਦਮੀ, ਭਾਈ ਵੀਰ ਸਿੰਘ ਸਦਨ, ਪੰਜਾਬੀ ਭਵਨ ਅਤੇ ਹੋਰ ਕਈ ਸੰਸਥਾਵਾਂ ਹਮੇਸ਼ਾਂ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਸਰਗਰਮ ਹਨ।

ਜੀ ਪੀ ਐੱਫ ਕਟੌਤੀ ਸ਼ੁਰੂ ਨਾ ਹੋਣ ਕਾਰਨ ਐੱਨ ਪੀ ਐੱਸ ਮੁਲਾਜ਼ਮ ਨਾਰਾਜ਼

ਫਿਲੌਰ, ਨੂਰਮਹਿਲ (ਨਿਰਮਲ, ਬਾਲ ਕ੍ਰਿਸ਼ਨ ਬਾਲੀ)

ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਬ ਦੇ ਬਲਾਕ ਫਿਲੌਰ ਦੇ ਕਾਰਕੁੰਨਾਂ ਵੱਲੋਂ ਰੋਸ ਵਜੋਂ ਪੁਰਾਣੀ ਪੈਨਸ਼ਨ ਬਹਾਲੀ ਦੇ ਅਧੂਰੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਰੋਸ਼ ਜਾਹਰ ਕੀਤਾ ਗਿਆ। ਇਸ ਪ੍ਰਦਸ਼ਨ ਦੌਰਾਨ ਆਗੂਆਂ ਕਨਵੀਨਰ ਕੁਲਦੀਪ ਵਾਲੀਆ ਤੇ ਕੰਪਿਊਟਰ ਟੀਚਰਜ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਹਰਜਿੰਦਰ ਮਹਿਸਮਪੁਰ ਨੇ ਦੱਸਿਆ ਕਿ ਦੋ ਮਹੀਨੇ ਦਾ ਲੰਮਾਂ ਬੀਤ ਜਾਣ ਤੋਂ ਬਾਅਦ ਵੀ ਅਜੇ ਤੱਕ ਐਨ ਪੀ ਐਸ ਮੁਲਾਜਮਾਂ ਨੂੰ ਨਾ ਤਾਂ ਜੀ ਪੀ ਐਫ ਨੰਬਰ ਹੀ ਅਲਾਟ ਹੋਇਆ ਅਤੇ ਨਾ ਹੀ ਇਸਦੀ ਕਟੌਤੀ ਸ਼ੁਰੂ ਹੋਈ ਹੈ। ਇਸਦੇ ਨਾਲ ਹੀ ਪੰਜਾਬ ਸਰਕਾਰ ਤੋਂ ਇਹ ਮੰਗ ਵੀ ਕੀਤੀ ਗਈ ਕਿ ਕੇਂਦਰ ਸਰਕਾਰ ਦੀ ਤਰਜ਼ ਉੱਪਰ 20 ਸਾਲ ਦੀ ਸੇਵਾ ਨੂੰ ,ਪੈਨਸ਼ਨ ਗਣਨਾ ਸਮੇਂ ਪੂਰੇ ਲਾਭ ਦਿੱਤੇ ਜਾਣ। ਇਸ ਸਮੇਂ ਇਹ ਮੰਗ ਵੀ ਉਠਾਈ ਗਈ ਕਿ ਬੋਰਡਾਂ ਤੇ ਕਾਰਪੋਰੇਸ਼ਨਾਂ ਦੇ ਕਰਮਚਾਰੀਆਂ ਨੂੰ ਵੀ ਪੈਨਸ਼ਨ ਦਿੱਤੀ ਜਾਵੇ। ਜਿਲ੍ਹਾ ਪ੍ਰੀਸ਼ਦ ਅਤੇ ਐੱਸ ਐੱਸ ਏ/ ਰਸਮਾ ਅਧੀਨ ਕੀਤੀ ਨੌਕਰੀ ਦੇ ਸਮਾਂਕਾਲ ਨੂੰ ਪੈਨਸ਼ਨ ਦਾ ਲਾਭ ਗਿਣਦੇ ਸਮੇਂ ਰੈਗੂਲਰ ਨੌਕਰੀ ਦੇ ਸਮੇਂ ਵਿੱਚ ਜੋੜਿਆ ਜਾਵੇ।ਇਸ ਸਮੇਂ ਆਗੂਆਂ ਨੇ ਦੱਸਿਆ ਕਿ ਐਨ ਪੀ ਐਸ ਅਧੀਨ ਆਉਂਦੇ ਅੱਜ ਦੇ ਮੁਲਾਜ਼ਮਾਂ ਨੇ ਅਪਣੀ ਸੇਵਾਕਾਲ ਦੇ ਮੁੱਢਲੇ ਤਿੰਨ ਤੋਂ ਪੰਜ ਸਾਲ ਠੇਕਾ ਅਧਾਰ ਤੇ ਨਿਗੁਣੀਆਂ

ਤਨਖਾਹਾਂ ਤੇ ਲਾਏ ਹਨ। ਅੱਜ ਜਦੋਂ ਇਹਨਾ ਮੁਲਾਜਮਾਂ ਦੀ ਜਦੋਂ ਪੈਨਸਨ ਤੈਅ ਕੀਤੀ ਜਾਣੀ ਹੈ ਤਾਂ ਸਿਰਫ ਰੈਗੂਲਰ ਸੇਵਾ ਦੇ ਸਮੇਂ ਨੂੰ ਹੀ ਗਿਣਿਆ ਜਾਵੇਗਾ। ਰੈਗੂਲਰ ਸੇਵਾ ਦਾ ਸਮਾਂ ਘੱਟ ਰਹਿ ਜਾਣ ਕਾਰਨ ਬਹੁਤ ਸਾਰੇ ਮੁਲਾਜਮ ਸਾਥੀ ਪੈਨਸ਼ਨ ਦਾ ਪੂਰਾ ਲਾਭ ਨਹੀਂ ਲੈ ਸਕਣਗੇ। ਇਸ ਤਰਾਂ ਅੱਜ ਦੇ ਐਨ ਪੀ ਐਸ ਮੁਲਾਜਮ ਦੋਹਰੀ ਮਾਰ ਹੇਠ ਹਨ ਇੱਕ ਤਾਂ ਠੇਕੇ ਦੀ ਸੇਵਾ ਦੌਰਾਨ ਨਿਗੁਣੀਆਂ ਤਨਖਾਹਾਂ ਉੱਤੋਂ ਠੇਕੇ ਦੌਰਾਨ ਨਿਭਾਈ ਸੇਵਾ ਦਾ ਨਾ ਗਿਣਿਆ ਜਾਣਾ। ਇਸ ਲਈ ਸਰਕਾਰ ਪੈਨਸ਼ਨ ਦਾ ਲਾਭ ਮਿਥਦੇ ਸਮੇਂ ਸਾਡੇ ਦੁਆਰਾ ਰੈਗੂਲਰ ਸੇਵਾਕਾਲ ਦੇ ਨਾਲ ਨਾਲ ਠੇਕੇ ਉੱਪਰ ਕੀਤੀ ਸਰਵਿਸ ਦੀ ਗਣਨਾ ਕਰਨ ਦਾ ਵੀ ਪ੍ਰਾਵਧਾਨ ਰੱਖੇ। ਆਗੂਆਂ ਅੱਗੇ ਦੱਸਿਆ ਕਿ ਜੇਕਰ ਸਰਕਾਰ ਵੱਲੋਂ ਟਾਲ ਮਟੋਲ ਇਸੇ ਤਰ੍ਹਾਂ ਜਾਰੀ ਰਹੀ ਤਾਂ 26 ਫਰਵਰੀ ਨੂੰ ਧੂਰੀ ਵਿਖੇ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ ਤੇ ਸੰਘਰਸ਼ ਹੋਰ ਵੀ ਤਿੱਖਾ ਹੋਵੇਗਾ। ਇਸ ਸਮੇਂ ਕੰਪਿਊਟਰ ਟੀਚਰਜ ਯੂਨੀਅਨ ਦੇ ਜਿਲਾ ਸਕੱਤਰ ਹਰਜਿੰਦਰ ਮਹਿਸਪੁਰ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਵਾਅਦੇ ਅਨੁਸਾਰ ਕੰਪਿਊਟਰ ਅਧਿਆਪਕਾਂ 'ਤੇ ਪੂਰੇ ਸਕੇਲ ਲਾਗੂ ਕਰੇ ਤੇ ਉਹਨਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ ਕੀਤਾ ਜਾਵੇ। ਇਸ ਸਮੇਂ ਪ੍ਰਿੰਸੀਪਲ ਆਤਮਾ ਰਾਮ, ਰਾਜ ਕੁਮਾਰ ਰੱਲ੍ਹਾ, ਬਹਾਦਰ ਸਿੰਘ, ਸਤਵਿੰਦਰ ਕੌਰ, ਕੰਵਲਜੋਤ ਕੌਰ, ਕਾਂਤੀ ਰਾਣੀ, ਮੋਨਿਕਾ,ਹਰਭਜਨ ਸਿੰਘ, ਸੁਖਜਿੰਦਰ ਸਿੰਘ, ਅਮਰਜੀਤ ਕੌਰ, ਹਰਜੀਤ ਕੌਰ, ਹਰਜਿੰਦਰ ਸਿੰਘ ਅਤੇ ਹੋਰ ਹਾਜਰ ਸਨ।

ਸ਼ਹਿਨਾਈਆਂ

ਅਸ਼ੋਕ ਗੁਪਤਾ ਤੇ ਸ਼ਸ਼ੀਬਾਲਾ ਵਾਸੀ ਸਮਾਨਾ ਨੇ ਆਪਣੇ ਵਿਆਹ ਦੀ 43ਵੀਂ ਵਰ੍ਹੇਗੰਢ ਮਨਾਈ।

ਭਾਰਤ ਦੇ ਸਭ ਤੋਂ ਵੱਡੇ ਡਿਸਪਲੇ ਸੈਂਟਰ ਜੈਕੁਆਰ ਵਰਲਡ ਦਾ ਉਦਘਾਟਨ

ਜਲੰਧਰ (ਸ਼ੈਲੀ ਐਲਬਰਟ)

ਭਾਰਤ ਦੇ ਸਭ ਤੋਂ ਵੱਡੇ ਡਿਸਪਲੇ ਸੈਂਟਰ ਜੈਕੁਅਰ ਵਰਲਡ ਦਾ ਜਲੰਧਰ ਸ਼ਹਿਰ ਵਿੱਚ ਜੈਕੁਆਰ ਗਰੁੱਪ ਦੇ ਡਾਇਰੈਕਟਰ ਅਤੇ ਪ੍ਰਮੋਟਰ ਰਾਜੇਸ਼ ਮਹਿਰਾ ਵੱਲੋਂ ਰਸਮੀ ਉਦਘਾਟਨ ਕੀਤਾ ਗਿਆ।। ਲਗਭਗ 32,000 ਵਰਗ ਫੁੱਟ ਵਿੱਚ ਫੈਲਿਆ ਇਹ ਸੈਂਟਰ ਬਾਥਰੂਮ ਅਤੇ ਸਜਾਵਟੀ ਰੋਸ਼ਨੀ ਲਈ ਢੁਕਵੇਂ ਹੱਲ ਪੇਸ਼ ਕਰੇਗਾ। ਇਥੇ ਸਪਾ ਸਿਸਟਮ, ਸਟੀਮ ਰੂਮਜ਼, ਅਤੇ ਵਰਲਪੂਲ ਪ੍ਰਣਾਲੀਆਂ ਸਮੇਤ ਉਤਪਾਦਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਦੇ ਨਾਲ; ਗਾਹਕ ਬਾਥਰੂਮ ਤਕਨਾਲੋਜੀ ਵਿੱਚ ਨਵੀਨਤਾ ਅਨੁਭਵ ਕਰ ਸਕਣਗੇ । ਜੈਕੁਆਰ ਵਰਲਡ ਲਵਲੀ ਮਾਰਬਲਜ਼ ਐਂਡ ਸੈਨੀਟੇਸ਼ਨ, ਨਕੋਦਰ ਰੋਡ, ਜਲੰਧਰ ਵਿਖੇ ਸਥਾਪਿਤ ਹੋਇਆ ਹੈ। ਇਸ ਵਿੱਚ ਬਲੈਕ ਰੂਮ ਵੀ ਸ਼ਾਮਲ ਹੈ, ਜਿੱਥੇ ਗਾਹਕ ਆਪਣੇ ਲਾਈਟਿੰਗ ਡਿਜ਼ਾਈਨਾਂ ਬਾਰੇ ਮਾਹਰ ਸਲਾਹ ਲੈ ਸਕਦੇ ਹਨ। ਖ਼ਾਸ ਮੁਲਾਕਾਤ ਅਨੁਸਾਰ ਪਹਿਲਾਂ ਹੀ ਤੋਂ ਨਿਵੇਦਨ ਕਰਨ ਤੇ, ਗਾਹਕ ਸਪਾ ਅਤੇ ਸੌਨਾ (ਸਟੀਮ-ਬਾਥ) ਪ੍ਰਣਾਲੀਆਂ ਦਾ ਵੀ ਅਨੁਭਵ ਕਰ ਸਕਣਗੇ । ਲਾਈਵ ਉਤਪਾਦ ਡਿਸਪਲੇਅ ਤੋਂ ਇਲਾਵਾ, ਜੈਕੁਆਰ ਵਰਲਡ ਵਿੱਚ ਪ੍ਰੋਫੈਸ਼ਨਲਸ ਦੀ ਇੱਕ ਟੀਮ ਵੀ ਸ਼ਾਮਲ ਹੈ ਜੋ ਉਤਪਾਦਾਂ ਦੀ ਰੇਂਜ ਰਾਹੀਂ

ਕਸਟਮਰਜ਼ ਦਾ ਸਹੀ ਮਾਰਗਦਰਸ਼ਨ ਕਰਨਗੇ ਅਤੇ ਮਾਹਰ ਸਲਾਹ ਪ੍ਰਦਾਨ ਕਰਨ ਲਈ ਮੌਜੂਦ ਵੀ ਰਹਿਣਗੇ। ਇਹ ਬ੍ਰਾਂਡ ਆਪਣੇ ਗਾਹਕਾਂ ਦੀਆਂ ਵੱਖਰੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਹੀਟ ਪੰਪਾਂ, ਬਾਇਲਰ ਅਤੇ ਗੀਜ਼ਰਾਂ ਦੀ ਇੱਕ ਰੇਂਜ ਦੀ ਪੇਸ਼ਕਸ਼ ਕਰ ਰਿਹਾ ਹੈ।ਇਸਦੇ ਸਾਰੇ ਹੀ ਕਲਾਸੀਕਲ ਅਤੇ ਆਧੁਨਿਕ ਡਿਜ਼ਾਈਨ ਸੁਹਜ ਅਤੇ ਕਾਰਜਸ਼ੀਲਤਾ ਦਾ ਸੰਪੂਰਨ ਮਿਸ਼ਰਣ ਹਨ । ਇਸ ਸੈਂਟਰ ਵਿੱਚ ਲਾਗੁਨਾ ਬਾਥਰੂਮ ਕਲੈਕਸ਼ਨ ਵੀ ਸ਼ਾਮਲ ਹੈ, ਜਿਸ ਨੂੰ ਮਿਲਾਨ ਦੇ ਇਤਾਲਵੀ ਡਿਜ਼ਾਈਨਰ ਮੈਟੀਓ ਥੂਨ ਅਤੇ ਐਂਟੋਨੀਓ ਰੋਡਰਿਗਜ਼ ਦੁਆਰਾ ਡਿਜ਼ਾਈਨ ਕੀਤਾ ਗਿਆ ਹੈ ।।ਇਸ ਨੂੰ ਜਲੰਧਰ ਵਿੱਚ ਇੱਕ ਲਗਜ਼ਰੀ ਬਾਥ ਗੈਲਰੀ ਆਰਟਾਈਜ਼ ਦੁਆਰਾ ਏਟੇਲੀਅਰ ਨਾਲ ਵੀ ਜੋੜਿਆ ਗਿਆ ਹੈ। ਇਹ ਅਜੇ ਵੀ ਆਉਣ ਵਾਲੇ ਬਹੁਤ ਸਾਰੇ ਏਟੇਲੀਅਰਜ਼ ਵਿੱਚੋਂ ਪਹਿਲਾ ਹੈ, ਜਿਸ ਦਾ ਛੇਤੀ ਹੀ ਭਾਰਤ ਵਿੱਚ ਵੱਡਾ ਵਿਸਤਾਰ ਕਰਨ ਦੀ ਯੋਜਨਾ ਹੈ।। ਇਹ ਗਾਹਕਾਂ ਨੂੰ ਬੇਮਿਸਾਲ ਖਰੀਦਦਾਰੀ ਅਨੁਭਵ ਅਤੇ ਪ੍ਰੀਮੀਅਮ ਬਾਥਰੂਮ ਹੱਲਾਂ ਦੀ ਪੇਸ਼ਕਸ਼ ਕਰੇਗਾ । ਇਸਦੇ ਲਈ, ਲਵਲੀ ਮਾਰਬਲਸ ਅਤੇ ਸੈਨੀਟੇਸ਼ਨ ਗਾਹਕਾਂ ਨੂੰ ਬਾਥਰੂਮ ਦੇ ਡਿਜ਼ਾਈਨ ਅਤੇ ਹੱਲਾਂ ਵਿੱਚ ਨਵੀਨਤਮ ਅਨੁਭਵ ਕਰਨ ਲਈ ਜੈਕੁਆਰ ਦੇ ਅਤਿ-ਆਧੁਨਿਕ ਸ਼ੋਅਰੂਮ ਵਿੱਚ ਪਹੁੰਚਣ ਲਈ ਸੱਦਾ ਦਿੰਦੇ ਹਨ।

ਸਰਕਾਰੀ ਸ.ਸ.ਸ. ਸਕੂਲ (ਲੜਕੀਆਂ) ਦੀਆਂ 50 ਵਿਦਿਆਰਥਣਾਂ ਨੂੰ ਵਜ਼ੀਫਿਆਂ ਦੀ ਵੰਡ

ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)

ਸੀਨੀਅਰ ਸੈਕੰਡਰੀ ਐਂਡ ਸਮਾਰਟ ਸਕੂਲ (ਲੜਕੀਆਂ) ਵਿਖੇ ਕਰਵਾਏ ਗਏ ਸਮਾਗਮ ਦੌਰਾਨ ਬਾਬਾ ਸ੍ਰੀ ਚੰਦ ਚੈਰੀਟੇਬਲ ਟਰਸੱਟ ਡੇਰਾ ਬਾਬਾ ਨਾਨਕ ਦੇ ਚੇਅਰਮੈਨ ਬਾਬਾ ਰਜਿੰਦਰ ਸਿੰਘ ਬੇਦੀ ਵੱਲੋਂ ਸਕੂਲ ਦੀਆਂ 50 ਵਿਦਿਆਰਥਣਾਂ ਨੂੰ 1 ਲੱਖ ਰੁਪਏ ਸਾਲਾਨਾ ਵਜੀਫਿਆਂ ਦੀ ਵੰਡ ਕੀਤੀ ਗਈ। ਉਨ੍ਹਾਂ ਵੱਲੋਂ ਸਿੱਖਿਆ ਦੇ ਖੇਤਰ 'ਚ ਚੰਗੀਆਂ ਸੇਵਾਵਾਂ ਨਿਭਾਉਣ ਲਈ ਸਕੂਲ ਦੀ ਪ੍ਰਿੰਸੀਪਲ ਰੁਪਿੰਦਰਜੀਤ ਧਾਲੀਵਾਲ ਅਤੇ ਸਟਾਫ ਦਾ ਵੀ ਸਨਮਾਨ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਬਾਬਾ ਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦ ਪਰਵਾਰਾਂ ਦੀਆਂ ਬੱਚਿਆਂ ਦੀ ਨਿਰੰਤਰ ਪੜ੍ਹਾਈ ਲਈ ਬਲਾਕ ਡੇਰਾ ਬਾਬਾ ਨਾਨਕ ਦੇ ਹੋਰ ਸਰਕਾਰੀ ਸਕੂਲਾਂ ਦੀਆਂ ਬੱਚੀਆਂ ਨੂੰ ਵਜੀਫੇ ਅਤੇ ਪੜ੍ਹਾਈ ਨਾਲ ਸਬੰਧਿਤ ਲੋੜੀਦਾਂ ਸਮਾਨ ਦਿੱਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਸਕੂਲ ਦੀਆਂ ਸਾਰੀਆਂ ਬੱਚੀਆਂ ਨੂੰ ਪੜ੍ਹਾਈ ਨਾਲ ਸਬੰਧਿਤ ਸਮਾਨ ਦੀਆਂ ਕਿੱਟਾਂ ਦੀ ਵੀ ਵੰਡ ਕੀਤੀ ਗਈ ਹੈ। ਜਿਕਰਯੋਗ ਹੈ ਕਿ ਸਰਕਾਰੀ ਕੰਨਿਆ ਸਕੂਲ ਡੇਰਾ ਬਾਬਾ ਨਾਨਕ ਪੰਜਾਬ ਦਾ ਪਹਿਲਾ ਸਰਕਾਰੀ ਸਕੂਲ ਹੈ ਜਿਥੇ ਟਰੱਸਟ ਵੱਲੋਂ ਸਾਰੇ 40 ਕਮਰਿਆਂ ਅਤੇ ਆਡੀਟੋਰੀਅਮ ਵਿਖੇ ਏ ਸੀ ਲਗਵਾਏ ਗਏ ਹਨ। ਇਸ ਤੋਂ ਇਲਾਵਾ ਬਲਾਕ ਦੇ ਸਾਰੇ ਸਰਕਾਰੀ ਸਕੂਲਾਂ ਅੰਦਰ ਸਿੱਖਿਆ ਨੂੰ ਮਿਆਰੀ ਬਨਾਉਣ ਲਈ ਵੀ ਟਰਸੱਟ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਆਤਮਜੀਤ ਕੌਰ ਬੇਦੀ, ਪ੍ਰਿੰਸੀਪਲ ਰੁਪਿੰਦਰਜੀਤ ਧਾਲੀਵਾਲ, ਨਿਰਮਲ ਸਿੰਘ ਹਰੂਵਾਲ, ਸੁੱਚਾ ਸਿੰਘ ਸ਼ਿਕਾਰ, ਬਰਜਿੰਦਰ ਸਿੰਘ ਬਾਜਵਾ, ਮੈਡਮ ਕੰਵਲਜੀਤ ਕੌਰ ਸੋਢੀ, ਕੰਚਨਪ੍ਰੀਤ ਕੌਰ, ਦਵਿੰਦਰ ਕੌਰ, ਤਰਨਜੀਤ ਕੌਰ, ਪਰਮਜੀਤ ਕੌਰ, ਹਰਨੀਤ ਹੁੰਦਲ, ਜਸਬੀਰ ਕੌਰ, ਸੁਖਜਿੰਦਰ ਕੌਰ, ਪਲਵਿੰਦਰ ਸਿੰਘ, ਪੱਲਵੀ, ਜਗਜੀਤ ਸਿੰਘ ਆਦਿ ਸਟਾਫ ਮੈਂਬਰ ਵੀ ਹਾਜ਼ਰ ਸਨ।

ਜਰਨਲਿਸਟ ਪ੍ਰੈੱਸ ਕਲੱਬ ਵੱਲੋਂ ਧਰਨੇ ਲਗਾਉਣ ਦੀ ਚਿਤਾਵਨੀ

ਕਪੂਰਥਲਾ (ਪ੍ਰੀਤ ਸੰਗੋਜਲਾ)—ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈਸ ਕਲੱਬ (ਰਜਿ)ਪੰਜਾਬ ,ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਤੇ ਸਮੂਹ ਸਟੇਟ ਬਾਡੀ ਤੇ ਜ਼ਿਲ੍ਹਾ ਕਪੂਰਥਲਾ ਦੇ ਸਮੂਹ ਪੱਤਰਕਾਰ ਭਾਈਚਾਰਾ ਫੀਲਡ ਵਿਚ ਕਵਰੇਜ ਕਰਦੇ ਸਮੇਂ ਪੱਤਰਕਾਰ ਭਾਈਚਾਰੇ ਨੂੰ ਆ ਰਹੀਆਂ ਮੁਸ਼ਕਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ 10 ਫਰਵਰੀ ਨੂੰ ਐਸ ਐਸ ਪੀ ਕਪੂਰਥਲਾ ਨੂੰ ਮਿਲ ਕੇ ਮਸਲੇ ਹੱਲ ਕਰਵਾਏਗਾ। ਮਾਨ ਤੇ ਸੰਗੋਜਲਾ ਨੇ ਕਿਹਾ ਕਿ ਜੇਕਰ ਪੱਤਰਕਾਰ ਭਾਈਚਾਰੇ ਦੇ ਜਾਇਜ ਮਸਲੇ ਹੱਲ ਨਾ ਕੀਤੇ ਤਾਂ ਸਮੂਹ ਪੱਤਰਕਾਰ ਭਾਈਚਾਰਾ ਪੂਰੇ ਪੰਜਾਬ ਵਿੱਚ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਧਰਨੇ ਲਗਾਉਣ ਲਈ ਮਜਬੂਰ ਹੋਵੇਗਾ।

ਬਿਨਾਂ ਕਿਸੇ ਖੱਜਲ-ਖਰਾਬੀ ਦੇ ਸਹੂਲਤਾਂ ਲਈ ਬੈਂਕਾਂ ਨੂੰ ਨਿਰਦੇਸ਼

ਮੋਹਾਲੀ, (ਗੁਰਜੀਤ ਬਿੱਲਾ)-ਬੈਂਕਿੰਗ ਸੁਵਿਧਾਵਾਂ ਮੁਹੱਈਆ ਕਰਵਾਉਣ ਦੇ ਮਾਮਲੇ ਵਿੱਚ ਬੈਂਕਾਂ ਨੂੰ ਸੰਵੇਦਨਸ਼ੀਲਤਾ ਹੋਣ ਦੀ ਸਲਾਹ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਨੇ ਐਸ.ਏ.ਐਸ. ਨਗਰ ਦੀਆਂ ਸਾਰੀਆਂ ਬੈਂਕਾਂ ਨੂੰ ਬਿਨਾ ਕਿਸੇ ਖੱਜਲ ਖਰਾਬੀ ਦੇ ਲੋਕਾਂ ਨੂੰ ਬੈਂਕਿੰਗ ਸਹੂਲਤਾਂ ਮੁਹੱਈਆ ਕਰਵਾਉਣ ਲਈ ਨਿਰਦੇਸ਼ ਦਿੱਤੇ ਹਨ। ਡਿਪਟੀ ਕਮਿਸ਼ਨਰ ਦੇ ਦਫ਼ਤਰ ਦੇ ਇੱਕ ਬੁਲਾਰੇ ਨੇ ਇਥੇ ਦੱਸਿਆ ਕਿ ਔਰਤਾਂ ਅਤੇ ਬਜ਼ੁਰਗਾਂ ਸਣੇ ਸਾਰੇ ਲੋਕਾਂ ਨੂੰ ਹਲਫ਼ੀਆ ਬਿਆਨ ਵਗੈਰਾ ਲੈਣ ਲਈ ਵੱਖ ਵੱਖ ਦਫ਼ਤਰਾਂ ਵਿੱਚ ਜਾਣਾ ਪੈਂਦਾ ਹੈ ਜਿਸ ਕਰਕੇ ਉਨ੍ਹਾਂ ਦਾ ਕਾਫ਼ੀ ਸਮਾਂ ਖਰਾਬ ਹੁੰਦਾ ਹੈ। ਇਸ ਨੂੰ ਦੇਖਦੇ ਹੋਏ ਡਿਪਟੀ ਕਮਿਸ਼ਨਰ ਨੇ ਬੈਂਕ ਸ਼ਾਖਾਵਾਂ ਨੂੰ ਕਿਹਾ ਹੈ ਕਿ ਉਹ ਲੋਕਾਂ ਨੂੰ ਐਫੀਡੇਵਿਟ ਮੁਹੱਈਆ ਕਰਵਾਉਣ। ਇਸ ਦੇ ਨਾਲ ਹੀ ਉਨ੍ਹਾਂ ਨੇ ਲਾਕਰਾਂ ਆਦਿ ਵਰਗੀਆਂ ਬੁਨਿਆਦੀ ਬੈਂਕਿੰਗ ਸੁਵਿਧਾਵਾਂ ਵੀ ਲੋਕਾਂ ਨੂੰ ਸੁਖਾਲੇ ਢੰਗ ਨਾਲ ਮੁਹੱਈਆ ਕਰਵਾਉਣ ਦੀ ਬੈਕਾਂ ਨੂੰ ਸਲਾਹ ਹੈ।

ਸੰਤ ਸੇਵਾ ਸਿੰਘ ਦੀ ਬਰਸੀ ਨੂੰ 19 ਨੂੰ

ਕਰਤਾਰਪੁਰ (ਹਰਮੇਸ ਦੱਤ)- ਸੰਤ ਸੇਵਾ ਸਿੰਘ ਦੇ ਪੁੱਤਰ ਸਤਨਾਮ ਸਿੰਘ ਨਾਗਰਾ ਨੇ ਦੱਸਿਆ ਕਿ ਸੰਤ ਸੇਵਾ ਸਿੰਘ ਨਾਗਰਾ ਦੀ ਬਰਸੀ 19 ਫਰਵਰੀ ਨੂੰ ਸ਼ਰਧਾ ਭਾਵਨਾ ਅਤੇ ਉਤਸਾਹ ਨਾਲ ਮਨਾਈ ਜਾਵੇਗੀ। 15 ਫਰਵਰੀ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਅਤੇ 17 ਫਰਵਰੀ ਨੂੰ ਸਵੇਰੇ 10 ਵਜੇ ਭੋਗ ਉਪਰੰਤ ਬਰਸੀ ਦੇ ਸਬੰਧ ਵਿੱਚ ਸ੍ਰੀ ਅੰਖਡ ਪਾਠ ਸਾਹਿਬ ਅਰੰਭ ਹੋਣਗੇ ਤੇ 19 ਫਰਵਰੀ ਨੂੰ ਭੋਗ ਪਾਏ ਜਾਣਗੇ। ਢਾਡੀ ਅਤੇ ਰਾਗੀ ਜਥੇ ਗੁਰੂ ਜੀ ਦੀਆ ਵਾਰਾਂ ਗਾ ਕੇ ਆਈਆਂ ਹੋਈਆਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ।

ਸ਼ਿਵਰਾਤਰੀ 18 ਨੂੰ ਮਨਾਈ ਜਾਵੇਗੀ

ਫਿਲੌਰ (ਬੀ ਐਸ ਕੈਨੇਡੀ) ਇੱਥੇ ਪ੍ਰਾਚੀਨ ਸ਼ਿਵ ਮੰਦਿਰ ਤਹਿਸੀਲ ਕੰਪਲੈਕਸ ਫਿਲੌਰ ਦੇ ਪੰਡਿਤ ਪ੍ਰਮੋਦ ਸ਼ਾਸਤਰੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਿਵਰਾਤਰੀ ਦੇ ਤਿਉਹਾਰ 18 ਫਰਵਰੀ ਨੂੰ ਝੰਡੇ ਦੀ ਰਸਮ ਤੋਂ ਬਾਦ ਹਵਨ ਯੱਗ ਹੋਵੇਗਾ। 20 ਫਰਵਰੀ ਨੂੰ ਲੰਗਰ ਲਗਾਇਆ ਜਾਵੇਗਾ। ਇਸ ਮੌਕੇ ਪ੍ਰਧਾਨ ਕਿਸਨ ਲਾਲ ਵਾਈਸ ਪ੍ਰਧਾਨ ਗੁਲਸ਼ਨ ਚੰਦਰ ਮੰਨੀ ਵਕੀਲ ਸਤਪਾਲ ਸਿੰਘ ਕਾਲਾ ਪੰਡਿਤ ਪ੍ਰਮੋਦ ਸ਼ਾਸਤਰੀ ਮੁਨੀਸ਼ ਰਾਜਿੰਦਰ ਕੁਮਾਰ ਆਦਿ ਹਾਜਰ ਸਨ।

ਕੇਂਦਰੀ ਬੱਜਟ ਦੀਆਂ ਕਾਪੀਆਂ ਸਾੜ ਕੇ ਕੁਲ ਹਿੰਦ ਕਿਸਾਨ ਸਭਾ ਨੇ ਕਾਲਾ ਦਿਨ ਮਨਾਇਆ

ਮਾਹਿਲਪੁਰ (ਸਫਰੀ)

ਕੁਲ ਹਿੰਦ ਕਿਸਾਨ ਸਭਾ ਦੀ ਕੇਂਦਰੀ ਕਮੇਟੀ ਦੇ ਸੱਦੇ 'ਤੇ ਗੜ੍ਹਸ਼ੰਕਰ ਤਹਿਸੀਲ ਪਿੰਡ ਪਾਹਲੇਵਾਲ ਸਾਥੀ ਦਰਸ਼ਨ ਸਿੰਘ ਮੱਟੂ ਸੂਬਾਈ ਸਕੱਤਰ ਕੁਲ ਹਿੰਦ ਕਿਸਾਨ ਸਭਾ ਨੇ ਕਿਹਾ ਕਿ ਕੇਂਦਰੀ ਬੱਜਟ ਜੋ ਮਜਦੂਰ, ਕਿਸਾਨ ਮਾਰੂ ਹੈ,ਜਿਸ ਵਿੱਚ ਕਿਸਾਨ ਵਿਕਾਸ ਯੋਜਨਾ 8000 ਕਰੋੜ ਰੁਪਏ ਦਾ ਕੱਟ ਲਗਾ ਦਿੱਤਾ,ਮੋਦੀ ਸਰਕਾਰ ਕਿਸਾਨਾਂ ਦੀ ਆਮਦਨ ਦੂਣੀ ਕਰਨ ਦਾ ਝੂਠ ਦਾ ਪੁਲੰਦਾ ਨਿਕਲਿਆ। ਮਨਰੇਗਾ ਸਕੀਮ ਵਿੱਚ 33%ਦਾ ਕੱਟ ਲਗਾ ਦਿੱਤਾ। 81 ਕਰੋੜ ਲੋਕਾਂ ਤੋਂ ਦੋ, ਤਿੰਨ ਰੁਪਏ ਸਬਸਿਡੀ ਵਾਲੇ ਚੌਲ,ਕਣਕ ਖੋਹ ਕੇ ਭੁੱਖ ਮਰਨ ਲਈ ਛੱਡ ਦਿੱਤਾ ਹੈ। ਮਜਦੂਰ ਕਿਸਾਨ ਮਿਹਨਤਕਸ਼ ਅਵਾਮ ਕਰਜੇ ਦੁੱਖੋਂ ਖੁਦਕਸ਼ੀਆਂ ਕਰ ਰਿਹਾ ਹੈ। ਇਸ ਲਈ ਆਰ ਪਾਰ ਦੀ ਲੜਾਈ ਲਈ ਕੇਂਦਰੀ ਬੱਜਟ ਦੀਆਂ ਕਾਪੀਆਂ ਸਾੜ ਕੇ ਕਾਲਾ ਮਨਾਇਆ ਗਿਆ। ਇਸ ਮੌਕੇ ਕਿਸਾਨ ਆਗੂ ਪ੍ਰੇਮ ਸਿੰਘ ਰਾਨਾ ਸਾਬਕਾ ਸਰਪੰਚ,ਜਗਦੇਵ ਸਿੰਘ, ਸ਼ਿਵ ਕੁਮਾਰ, ਗੌਰਵ,ਸ਼ਿਵ ਕੁਮਾਰ, ਜਰਨੈਲ ਸਿੰਘ, ਵਿਕਾਸ ਕੁਮਾਰ, ਰਵੀ ਪਾਲ,ਹਰਮੇਸ਼ ਸਿੰਘ, ਰਾਮ ਸਰੂਪ,ਹਰਮੇਸ਼ ਲਾਲ,ਅਵਤਾਰ ਸਿੰਘ, ਇੰਦਰਜੀਤ, ਮਲਕੀਤ ਰਾਮ,ਵਿਕਾਸ ਆਦਿ ਹਾਜਰ ਸਨ।

ਏ ਪੀ ਜੇ ਕਾਲਜ ਦੀ ਸਾਬਕਾ ਵਿਦਿਆਰਥਣ ਵੱਖ-ਵੱਖ ਖੇਤਰਾਂ 'ਚ ਮਾਰ ਰਹੀ ਹੈ ਮੱਲਾਂ

ਜਲੰਧਰ (ਸੌਰਭ ਖੰਨਾ)

ਏਪੀਜੇ ਕਾਲਜ ਆਫ ਫਾਈਨ ਆਰਟਸ ਦੀ ਸਾਬਕਾ ਵਿਦਿਆਰਥਣ ਜਾਹਨਵੀ ਅਗਰਵਾਲ ਆਪਣੀ ਪ੍ਰਤਿਭਾ ਨੂੰ ਨਿਖਾਰਦਿਆਂ ਲਗਾਤਾਰ ਵੱਡੀਆਂ ਪ੍ਰਾਪਤੀਆਂ ਕਰ ਰਹੀ ਹੈ। ਜਾਹਨਵੀ ਅਗਰਵਾਲ ਨੂੰ ਲਾ ਐਕਸਲੇਂਸੀਆ ਬ੍ਰਾਂਡ ਵੱਲੋਂ ਆਈਕੋਨਿਕ ਐਂਕਰ ਚੁਣਿਆ ਗਿਆ ਹੈ, ਉਸ ਨੂੰ ਐਂਕਰਿੰਗ ਦੇ ਖੇਤਰ ਵਿੱਚ ਸਰਵੋਤਮ ਹੋਣ ਕਾਰਨ ਇਹ ਸਨਮਾਨ ਪ੍ਰਾਪਤ ਹੋਇਆ ਹੈ। ਯੁਵਾ ਮਾਮਲਿਆਂ ਦੇ ਮੰਤਰਾਲੇ ਦੁਆਰਾ ਆਯੋਜਿਤ ਆਨਲਾਈਨ ਯੁਵਾ ਸੰਸਦ ਵਿੱਚ, ਜਾਹਨਵੀ ਨੇ ਰਾਜ ਪੱਧਰ 'ਤੇ ਦੂਜਾ ਅਤੇ ਖੇਤਰੀ ਪੱਧਰ 'ਤੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਪ੍ਰਾਪਤੀ ਕਾਰਨ ਜਾਹਰਵੀ ਨੂੰ 23-24 ਫਰਵਰੀ ਨੂੰ ਦਿੱਲੀ ਸੰਸਦ ਭਵਨ ਆਉਣ ਦਾ ਸੁਨਹਿਰੀ ਮੌਕਾ ਵੀ ਮਿਲ ਰਿਹਾ ਹੈ। ਪ੍ਰਿੰਸੀਪਲ ਡਾ: ਨੀਰਜਾ ਢੀਂਗਰਾ ਨੇ ਜਾਹਨਵੀ ਅਗਰਵਾਲ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਉਹ ਭਵਿੱਖ ਵਿਚ ਵੀ ਇਸੇ ਤਰ੍ਹਾਂ ਮਿਹਨਤ ਕਰਦੇ ਹੋਏ ਆਪਣੇ ਮਾਤਾ-ਪਿਤਾ ਅਤੇ ਕਾਲਜ ਦਾ ਨਾਂਅ ਰੌਸ਼ਨ ਕਰਨ ਲਈ ਕਿਹਾ। ਉਨ੍ਹਾਂ ਜਾਹਨਵੀ ਦੇ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ। ਜਾਹਨਵੀ ਅਗਰਵਾਲ ਆਪਣੀ ਸਫਲਤਾ ਦਾ ਸਿਹਰਾ ਏਪੀਜੇ ਕਾਲਜ ਵਿਚ ਲਗਾਤਾਰ ਮਿਲੇ ਮੌਕਿਆਂ ਨੂੰ ਦਿੰਦੀ ਹੈ, ਜਿਸ ਨੇ ਉਸ ਨੂੰ ਆਪਣੇ ਆਤਮਵਿਸ਼ਵਾਸ ਨੂੰ ਵਧਾਉਣ ਅਤੇ ਸਟੇਜ ਤੇ ਆਪਣੀ ਪ੍ਰਤਿਭਾ ਨੂੰ ਨਿਖਾਰਨ ਦਾ ਮੌਕਾ ਦਿੱਤਾ, ਖਾਸ ਤੌਰ ਤੇ ਫੈਸ਼ਨ ਸ਼ੋਅ ਲਾਵਨਿਆ ਵਿਚ ਐਂਕਰਿੰਗ ਕਰਨ ਦਾ ਮੌਕਾ ਮਿਲਿਆ। ਉਨ੍ਹਾਂ ਆਪਣੀ ਸਫਲਤਾ ਦਾ ਰਾਜ ਵੀ ਡਾ: ਨਵਜੋਤ ਦਿਓਲ ਵੱਲੋਂ ਮਿਲੇ ਨਿਰੰਤਰ ਮਾਰਗਦਰਸ਼ਨ ਨੂੰ ਦੱਸਿਆ।

ਸ਼ਿਵ ਸੈਨਾ ਵੱਲੋਂ ਮਹਾਸ਼ਿਵਰਾਤਰੀ ਦੇ ਮੌਕੇ 'ਤੇ ਸ਼ੋਭਾ ਯਾਤਰਾ 16 ਨੂੰ

ਫਗਵਾੜ (ਕਮਲ ਰਾਏ)

ਸ਼ਿਵ ਸੈਨਾ (ਬਾਲ ਠਾਕਰੇ) ਦੀ ਮੀਟਿੰਗ ਸ਼ਹਿਰੀ ਪ੍ਰਧਾਨ ਰਮਨ ਸ਼ਰਮਾ ਦੀ ਪ੍ਰਧਾਨਗੀ ਹੇਠ ਸਥਾਨਕ ਸ੍ਰੀ ਹਨੂੰਮਾਨਗੜ੍ਹੀ ਮੰਦਿਰ ਵਿਖੇ ਹੋਈ। ਜਿਸ ਵਿਚ ਸ਼ਿਵ ਸੈਨਾ ਦੇ ਸੀਨੀਅਰ ਸੂਬਾ ਮੀਤ ਪ੍ਰਧਾਨ ਇੰਦਰਜੀਤ ਕਰਵਲ ਅਤੇ ਸੂਬਾ ਮੀਤ ਪ੍ਰਧਾਨ ਗੁਰਦੀਪ ਸੈਨੀ ਨੇ ਸ਼ਿਰਕਤ ਕੀਤੀ। ਇਸ ਦੌਰਾਨ ਮਹਾਸ਼ਿਵਰਾਤਰੀ ਮੌਕੇ ਕੱਢੀ ਜਾਣ ਵਾਲੀ ਸਾਲਾਨਾ ਸ਼ੋਭਾ ਯਾਤਰਾ ਦੀਆਂ ਤਿਆਰੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਉਪਰੰਤ ਸ਼ੋਭਾ ਯਾਤਰਾ ਸਬੰਧੀ ਕੈਲੰਡਰ ਜਾਰੀ ਕਰਦਿਆਂ ਗੁਰਦੀਪ ਸੈਨੀ ਨੇ ਦੱਸਿਆ ਕਿ ਇਸ ਸਾਲ ਵੀ ਮਹਾਸ਼ਿਵਰਾਤਰੀ ਦੇ ਮੌਕੇ 'ਤੇ 16 ਫਰਵਰੀ ਨੂੰ ਸ਼ੋਭਾ ਯਾਤਰਾ ਕੱਢੀ ਜਾਵੇਗੀ। ਇਹ ਸ਼ੋਭਾ ਯਾਤਰਾ ਦੁਪਹਿਰ 2 ਵਜੇ ਸ੍ਰੀ ਠਾਕੁਰਦੁਆਰਾ ਪ੍ਰਾਚੀਨ ਸ਼ਿਵ ਮੰਦਿਰ ਸਰਾਏ ਰੋਡ ਤੋਂ ਸ਼ੁਰੂ ਹੋਵੇਗੀ ਜੋ ਵੱਖ-ਵੱਖ ਬਾਜਾਰਾਂ ਅਤੇ ਮੁੱਖ ਮਾਰਗਾਂ ਦੀ ਪਰਿਕਰਮਾ ਕਰਕੇ ਵਾਪਸ ਮੰਦਿਰ ਪਰਿਸਰ ਵਿੱਚ ਸਮਾਪਤ ਹੋਵੇਗੀ। ਹਮੇਸ਼ਾ ਦੀ ਤਰ੍ਹਾਂ ਇਸ ਭਗਵਾਨ ਸ਼ਿਵ ਪਰਵਾਰ ਨਾਲ ਸਬੰਧਤ ਸੁੰਦਰ ਝਾਕੀਆਂ ਖਿੱਚ ਦਾ ਕੇਂਦਰ ਹੋਣਗੀਆਂ।

20ਵਾਂ ਰਾਜ ਪੱਧਰੀ ਉਲੰਪੀਅਨ ਜਰਨੈਲ ਸਿੰਘ ਮੈਮੋਰੀਅਲ ਫੁੱਟਬਾਲ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਸ਼ੁਰੂ

ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰ)

20ਵਾਂ ਰਾਜ ਪੱਧਰੀ ਉਲੰਪੀਅਨ ਜਰਨੈਲ ਸਿੰਘ ਮੈਮੋਰੀਅਲ ਫੁੱਟਬਾਲ ਟੂਰਨਾਮੈਂਟ ਸ਼ਾਨੋਂ-ਸ਼ੌਕਤ ਨਾਲ ਸ਼ੁਰੂ ਹੋ ਗਿਆ। ਟੂਰਨਾਮੈਂਟ ਦਾ ਉਦਘਾਟਨ ਮੁੱਖ ਮਹਿਮਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਖੇਡਾਂ ਦਾ ਝੰਡਾ ਲਹਿਰਾਉਣ ਉਪਰੰਤ ਖਿਡਾਰੀਆਂ ਨੂੰ ਅਸ਼ੀਰਵਾਦ ਦਿੰਦਿਆ ਹਵਾ 'ਚ ਗੁਬਾਰੇ ਛੱਡ ਕੇ ਕੀਤਾ ਗਿਆ ਤੇ ਉਨ੍ਹਾਂ ਨੇ ਟੂਰਨਾਮੈਂਟ ਕਮੇਟੀ ਵਲੋਂ ਫੁੱਟਬਾਲ ਖੇਡ ਦੇ ਪਸਾਰ ਲਈ ਕੀਤੇ ਜਾ ਰਹੇ ਉਪਰਾਲੇ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਅਜਿਹੇ ਖੇਡ ਕਾਰਜਾਂ ਨੂੰ ਨਿਰੰਤਰ ਜਾਰੀ ਰੱਖਣਾ ਬਹੁਤ ਹੀ ਵੱਡਾ ਉੱਦਮ ਹੈ। ਉਨ੍ਹਾਂ ਕਿਹਾ ਕਿ ਗਤਕੇ ਅਤੇ ਹਾਕੀ ਵਿਚ ਵਿਚ ਸ਼੍ਰੋਮਣੀ ਕਮੇਟੀ ਦੀਆਂ ਟੀਮਾਂ ਨੇ ਵੱਡੀਆਂ ਮੱਲਾਂ ਮਾਰੀਆਂ ਹਨ। ਉਨ੍ਹਾਂ ਕਿਹਾ ਕਿ ਕਰੋੜਾਂ ਰੁਪਏ ਦੀ ਵਿੱਤੀ ਮਦਦ ਜਾਰੀ ਕਰਕੇ ਵਿਦਿਅਕ ਅਦਾਰਿਆਂ ਨੂੰ ਵਿੱਤੀ ਸੰਕਟ 'ਚੋਂ ਬਾਹਰ ਕੱਢਣ ਲਈ ਯਤਨ ਕੀਤਾ ਜਾ ਰਿਹਾ ਹੈ। ਇਸ ਮੌਕੇ ਸਾਬਕਾ ਵਿਧਾਇਕ ਤੇ ਟੂਰਨਾਮੈਂਟ ਕਮੇਟੀ ਦੇ ਸਰਪ੍ਰਸਤ ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਨੇ ਮੁੱਖ ਮਹਿਮਾਨ ਸਮੇਤ ਪਹੁੰਚੀਆਂ ਸਖਸ਼ੀਅਤਾਂ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਟੂਰਨਾਮੈਂਟ ਦੇ ਉਪਰਾਲੇ ਲਈ ਸਮੁੱਚੀ ਕਮੇਟੀ ਅਤੇ ਐੱਨ.ਆਰ.ਆਈ. ਵੀਰ ਵਧਾਈ ਦੇ ਪਾਤਰ ਹੈ। ਟੂਰਨਾਮੈਂਟ ਕਮੇਟੀ ਦੇ ਸੀਨੀ. ਮੀਤ ਪ੍ਰਧਾਨ ਡਾ. ਹਰਵਿੰਦਰ ਸਿੰਘ ਬਾਠ ਨੇ ਕਮੇਟੀ ਵਲੋਂ ਕੀਤੇ ਜਾ ਰਹੇ ਯਤਨਾਂ ਦਾ ਜ਼ਿਕਰ ਕਰਦਿਆਂ ਪਹੁੰਚੀਆਂ ਸਖਸ਼ੀਅਤਾਂ ਦਾ ਧੰਨਵਾਦ ਕੀਤਾ। ਟੂਰਨਾਮੈਂਟ ਦੇ ਉਦਘਾਟਨੀ ਪਿੰਡ ਪੱਧਰੀ ਮੈਚ ਵਿਚ ਪੱਦੀ ਸੂਰਾ ਸਿੰਘ ਦੀ ਟੀਮ ਨੇ ਪੈਨਲਟੀ ਕਿੱਕਾਂ ਨਾਲ 5-3 ਗੋਲਾਂ ਦੇ ਫਰਕ ਨਾਲ ਚੱਕ ਫੁੱਲੂ ਨੂੰ ਹਰਾਇਆ। ਦੂਜੇ ਕਾਲਜ ਵਰਗ ਦੇ ਮੈਚ ਵਿਚ ਪ੍ਰਿੰ. ਹਰਭਜਨ ਸਿੰਘ ਫੁੱਟਬਾਲ ਅਕੈਡਮੀ ਮਾਹਿਲਪੁਰ ਦੀ ਟੀਮ 1-0 ਦੇ ਫਰਕ ਨਾਲ ਫੁੱਟਬਾਲ ਅਕੈਡਮੀ ਬੱਡੋਂ ਨੂੰ ਹਰਾਕੇ ਜੇਤੂ ਰਹੀ। ਇਸੇ ਤਰ੍ਹਾਂ ਪਿੰਡ ਪੱਧਰ ਦੇ ਮੁਕਾਬਲੇ ਵਿਚ ਗੜ੍ਹਸ਼ੰਕਰ ਦੀ ਟੀਮ ਪੈਨਲਟੀ ਕਿੱਕਾਂ ਨਾਲ ਪਨਾਮ ਨੂੰ 3-1 ਦੇ ਫਰਕ ਨਾਲ ਹਰਾਕੇ ਜੇਤੂ ਰਹੀ। ਉਦਘਾਟਨ ਮੌਕੇ ਸਾਬਕਾ ਵਿਧਾਇਕ ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਸ਼੍ਰੋਮਣੀ ਕਮੇਟੀ ਮੈਂਬਰ ਡਾ. ਜੰਗ ਬਹਾਦਰ ਸਿੰਘ ਰਾਏ, ਸ੍ਰੋਮਣੀ ਕਮੇਟੀ ਮੈਂਬਰ ਸੰਤ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਵਾਲੇ, ਟੂਰਨਾਮੈਂਟ ਕਮੇਟੀ ਦੇ ਪ੍ਰਧਾਨ ਮੁਖਤਿਆਰ ਸਿੰਘ ਹੈਪੀ ਹੀਰ, ਸੀਨੀ. ਮੀਤ ਪ੍ਰਧਾਨ ਡਾ. ਹਰਵਿੰਦਰ ਸਿੰਘ ਬਾਠ, ਪ੍ਰਿੰ. ਰਾਜਵਿੰਦਰ ਸਿੰਘ ਬੈਂਸ, ਰਾਜਿੰਦਰ ਸਿੰਘ ਸ਼ੂਕਾ, ਵਿੱਤ ਸਕੱਤਰ ਯੋਗ ਰਾਜ ਗੰਭੀਰ, ਸਕੱਤਰ ਰਣਜੀਤ ਸਿੰਘ ਖੱਖ, ਅਮਨਦੀਪ ਸਿੰਘ ਬੈਂਸ, ਸ਼ਲਿੰਦਰ ਸਿੰਘ ਰਾਣਾ, ਰੋਸ਼ਨਜੀਤ ਸਿੰਘ ਪਨਾਮ, ਕਸ਼ਮੀਰ ਸਿੰਘ ਭੱਜਲ, ਪ੍ਰਵਾਸੀ ਭਾਰਤੀ ਸਤਨਾਮ ਸਿੰਘ ਸੰਘਾ, ਮਨਮੋਹਨ ਸਿੰਘ ਦਿਆਲ, ਪ੍ਰੇਮ ਡੋਗਰ ਯੂ.ਕੇ., ਅਜੀਤ ਸਿੰਘ ਗਿੱਲ ਯੂ.ਐੱਸ.ਏ., ਬਲਰਾਜ ਸਿੰਘ ਤੂਰ, ਜਥੇਦਾਰ ਬੂਟਾ ਸਿੰਘ ਅਲੀਪੁਰ, ਹਰਜੀਤ ਸਿੰਘ ਭਾਤਪੁਰ, ਪ੍ਰੋ. ਆਪਿੰਦਰ ਸਿੰਘ, ਦਰਸ਼ਨ ਸਿੰਘ ਮੱਟੂ, ਪ੍ਰੋ. ਜਸਪਾਲ ਸਿੰਘ, ਸੁਪਰਡੈਂਟ ਪਰਮਿੰਦਰ ਸਿੰਘ, ਬਗੀਚਾ ਸਿੰਘ ਪੱਦੀ ਸੂਰਾ ਸਿੰਘ, ਹਰਪ੍ਰੀਤ ਸਿੰਘ ਬੈਂਸ ਸਾਧੋਵਾਲ, ਤਰਸੇਮ ਸਿੰਘ ਡੇਰੋਂ, ਅਸ਼ੋਕ ਪ੍ਰਾਸ਼ਰ, ਤਰਲੋਚਨ ਸਿੰਘ ਗੋਲੀਆਂ, ਕੋਚ ਹਰਦੀਪ ਸਿੰਘ ਗਿੱਲ, ਕੀਮਤੀ ਲਾਲ, ਸੰਜੀਵ ਕੁਮਾਰ ਡੀ.ਪੀ.ਈ., ਅਮਰੀਕ ਹਮਰਾਜ਼, ਡਾ. ਲਖਵਿੰਦਰ ਬਿਲੜੋਂ, ਸੁਰਿੰਦਰ ਸਿੰਘ ਦਾਰਾਪੁਰੀ ਤੇ ਹੋਰ ਹਾਜ਼ਰ ਹੋਏ। ਸਟੇਜ ਸੰਚਾਲਨ ਰੋਸ਼ਨਜੀਤ ਸਿੰਘ ਪਨਾਮ ਵਲੋਂ ਕੀਤਾ ਗਿਆ।

ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਬੰਗਾ ਨੇ ਡਾ. ਸੁੱਖੀ ਨੂੰ ਮੰਗ ਪੱਤਰ ਦਿੱਤਾ

ਬਹਿਰਾਮ (ਅਵਤਾਰ ਕਲੇਰ)

ਤਰਕਸ਼ੀਲ ਸੁਸਾਇਟੀ ਪੰਜਾਬ ਰਜਿ: ਦੀ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਪੰਜਾਬ ਦੀਆਂ ਸਾਰੀਆਂ ਇਕਾਈਆਂ ਵਲੋਂ ਅੰਧਵਿਸ਼ਵਾਸਾਂ ਵਿਰੁੱਧ ਕਾਨੂੰਨ ਬਣਾਉਣ ਲਈ ਪੰਜਾਬ ਦੇ ਸਾਰੇ ਵਿਧਾਇਕਾਂ ਨੂੰ ਮੰਗ ਪੱਤਰ ਦਿੱਤੇ ਜਾਣਗੇ। ਇਸ ਲੜੀ ਦੇ ਤਹਿਤ ਇਕਾਈ ਬੰਗਾ ਵਲੋਂ ਮਾ.ਜਗਦੀਸ਼, ਜੋਗਿੰਦਰ ਕੁੱਲੇਵਾਲ, ਸੁਖਵਿੰਦਰ ਗੋਗਾ, ਬਲਜੀਤ ਖਟਕੜ ਅਤੇ ਮਾ.ਪਰਮਜੀਤ ਖਮਾਚੋਂ ਦੀ ਅਗਵਾਈ ਵਿੱਚ "ਪੰਜਾਬ ਕਾਲਾ ਜਾਦੂ ਮੰਤਰ ਅਤੇ ਅੰਧਵਿਸ਼ਵਾਸ ਰੋਕੂ ਕਾਨੂੰਨ" ਬਣਾਉਣ ਲਈ ਹਲਕਾ ਬੰਗਾ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਨੂੰ ਮੰਗ ਪੱਤਰ ਦਿੱਤਾ ਗਿਆ। ਆਗੂਆਂ ਨੇ ਵਿਧਾਇਕ ਨੂੰ ਅਪੀਲ ਕੀਤੀ ਕਿ ਇਹ ਕਾਨੂੰਨ ਬਣਾਉਣਾ ਸਮੇਂ ਦੀ ਮੁੱਖ ਲੋੜ ਹੈ। ਕਿਉਂ ਕਿ ਅਖੌਤੀ ਕਾਲੇ ਜਾਦੂ ਮੰਤਰਾਂ ਦੇ ਮਾਹਿਰ ਲੋਕਾਂ ਨੂੰ ਗੁੰਮਰਾਹ ਕਰਕੇ ਉਨ੍ਹਾਂ ਦੇ ਖੂਨ ਪਸੀਨੇ ਦੀ ਕਮਾਈ ਨੂੰ ਲੁੱਟ ਰਹੇ ਹਨ। ਅਖੌਤੀ ਸਾਧ ਚੇਲੇ, ਪੁਜਾਰੀ ਅਤੇ ਤਾਂਤਰਿਕਾਂ ਜਿਹੇ ਸ਼ੈਤਾਨ ਕਿਸਮ ਦੇ ਲੋਕ ਆਮ ਭੋਲੇ ਭਾਲੇ ਲੋਕਾਂ ਨੂੰ ਆਪਣੀਆਂ ਅਖੌਤੀ ਕਰਾਮਾਤਾਂ ਦੇ ਮੱਕੜਜਾਲ ਵਿੱਚ ਫਸਾ ਕੇ ਉਨ੍ਹਾਂ ਦਾ ਆਰਥਿਕ, ਮਾਨਸਿਕ ਅਤੇ ਸਰੀਰਕ ਸੋਸ਼ਣ ਕਰਦੇ ਹਨ। ਜੇਕਰ ਪੰਜਾਬ ਸਰਕਾਰ ਮਹਾਂਰਾਸਟਰ, ਛੱਤੀਸਗੜ੍ਹ ਅਤੇ ਕਰਨਾਟਕ ਸੂਬਿਆਂ ਦੀ ਤਰਜ ਤੇ "ਪੰਜਾਬ ਕਾਲਾ ਜਾਦੂ ਮੰਤਰ ਅਤੇ ਅੰਧਵਿਸ਼ਵਾਸ ਰੋਕੂ ਕਾਨੂੰਨ" ਬਣਾ ਦੇਵੇ ਇਸ ਨਾਲ ਬਹੁਤ ਸਾਰੇ ਗਰੀਬ ਲੋਕ ਲੁੱਟ ਖਸੁੱਟ ਤੋਂ ਬਚ ਸਕਣਗੇ। ਸੁਸਾਇਟੀ ਦੇ ਆਗੂਆਂ ਮਾ. ਨਰੇਸ਼, ਮੁਕੰਦ ਲਾਲ, ਮੋਹਣ ਬੀਕਾ ਅਤੇ ਜਸਵੀਰ ਮੋਰੋਂ ਨੇ ਦੱਸਿਆ ਕਿ ਤਰਕਸ਼ੀਲ ਸੁਸਾਇਟੀ ਲੋਕਾਂ ਨੂੰ ਵਹਿਮਾਂ ਭਰਮਾਂ, ਜਾਦੂ ਟੂਣਿਆਂ,ਧਾਗੇ ਤਵੀਤਾਂ ਦੇ ਚੱਕਰਾਂ ਵਿੱਚੋਂ ਕੱਢਕੇ ਵਿਗਿਆਨਕ ਸੋਚ ਦੇ ਧਾਰਨੀ

ਬਣਾਉਣ ਲਈ ਯਤਨਸ਼ੀਲ ਹੈ। ਹਲਕਾ ਵਿਧਾਇਕ ਡਾ. ਸੁਖਵਿੰਦਰ ਕੁਮਾਰ ਨੇ ਸੁਸਾਇਟੀ ਕਾਰਕੁਨਾਂ ਨੂੰ ਵਿਸਵਾਸ ਦਿਵਾਇਆ ਕਿ ਉਹ ਵਿਧਾਨ ਸਭਾ ਦੇ ਆਉਣ ਵਾਲੇ ਸੈਸਨ ਵਿੱਚ ਇਹ ਕਾਨੂੰਨ ਬਣਾਉਣ ਦੀ ਮੰਗ ਨੂੰ ਜੋਰਦਾਰ ਢੰਗ ਨਾਲ ਰੱਖਣਗੇ। ਇਹ ਕਾਨੂੰਨ ਬਣਨ ਨਾਲ ਪੰਜਾਬ ਅੰਦਰ ਵਾਪਰ ਰਹੀਆਂ ਬਹੁਤ ਸਾਰੀਆਂ ਅਣਸੁਖਾਵੀਆਂ ਘਟਨਾਵਾਂ ਰੁਕ ਸਕਦੀਆਂ ਹਨ। ਇਸ ਮੌਕੇ ਸਤਨਾਮ ਸਿੰਘ ਖਾਨਪੁਰ, ਗੁਰਨਾਮ ਗੜ੍ਹਸੰਕਰ, ਕੁਲਵਿੰਦਰ ਖਟਕੜ, ਸਤਨਾਮ ਖਟਕੜ, ਸੁਰੇਸ ਕਰਨਾਣਾ, ਹਰਚਰਨ ਨੌਰਾ ਅਤੇ ਹਰਜਿੰਦਰ ਸੂੰਨੀ ਹਾਜਰ ਸਨ।

ਸੰਤ ਬਾਬਾ ਨਿਧਾਨ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ 35 ਰੋਜ਼ਾ ਧਾਰਮਿਕ ਜੋੜ ਮੇਲਾ ਸਮਾਪਤ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)

ਪਿੰਡ ਨਡਾਲੋਂ ਦੇ ਗੁਰਦਵਾਰਾ ਵਿਖੇ ਸੰਤ ਬਾਬਾ ਨਿਧਾਨ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸੰਤ ਬਾਬਾ ਨਰਿੰਦਰ ਸਿੰਘ - ਸੰਤ ਬਾਬਾ ਬਲਵਿੰਦਰ ਸਿੰਘ ਦੀ ਦੇਖ-ਰੇਖ ਤੇ ਜਥੇਦਾਰ ਬਾਬਾ

ਗੁਰਮੀਤ ਸਿੰਘ ਦੀ ਅਗਵਾਈ ਹੇਠ ਮਨਾਇਆ ਜਾ ਰਿਹਾ 35 ਰੋਜਾ ਧਾਰਮਿਕ ਜੋੜ ਮੇਲਾ ਸੇਵਾ ਅਤੇ ਸਿਮਰਨ ਨੂੰ ਸਮਰਪਿਤ ਹੋਣ ਦਾ ਸੁਨੇਹਾ ਦਿੰਦਿਆਂ ਸਮਾਪਤ ਹੋ ਗਿਆ। ਇਥੇ ਦੇਸ਼-ਵਿਦੇਸ਼ ਤੋਂ ਆਈਆਂ ਸੰਗਤਾਂ ਨੇ ਵੱਡੀ ਗਿਣਤੀ +ਚ ਹਾਜਰੀਆਂ ਭਰੀਆਂ। ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਖਰੀ ਲੜੀ ਦੇ ਪਾਠਾਂ ਦੇ ਭੋਗ ਉਪਰੰਤ ਸੰਤ ਬਾਬਾ ਨਰਿੰਦਰ ਸਿੰਘ ਸ੍ਰੀ ਹਜ਼ੂਰ ਸਾਹਿਬ ਵਾਲੇ, ਕਵੀਸ਼ਰ ਭਾਈ ਮਹਿਲ ਸਿੰਘ ਚੰਡੀਗੜ੍ਹ ਵਾਲੇ, ਭਾਈ ਮਹਿਤਾਬ ਸਿੰਘ ਜਲੰਧਰ, ਕਥਵਾਚਕ ਭਾਈ ਸਰਬਜੀਤ ਸਿੰਘ ਲੁਧਿਆਣੇ ਵਾਲੇ, ਬਾਪੂ ਭਾਈ ਗੁਰਚਰਨ ਸਿੰਘ ਹਵਾਰਾ, ਭਾਈ ਰਣਜੋਧ ਸਿੰਘ ਨਡਾਲੋਂ, ਭਾਈ ਸੁਖਦੇਵ ਸਿੰਘ ਨਡਾਲੋਂ ਨੇ ਆਈਆਂ ਸੰਗਤਾਂ ਨੂੰ ਜਿੱਥੇ ਗੁਰਬਾਣੀ ਦੇ ਰਸਭਿੰਨੇ ਕੀਰਤਨ, ਗੁਰਮਤਿ ਵਿਚਾਰਾਂ ਤੇ ਢਾਡੀ ਵਾਰਾਂ ਰਾਹੀਂ ਨਿਹਾਲ ਕੀਤਾ ਉੱਥੇ ਸੰਤ ਬਾਬਾ ਨਿਧਾਨ ਸਿੰਘ ਦੇ ਜੀਵਨ 'ਤੇ ਵੀ ਚਾਨਣਾ ਪਾਇਆ। ਮੰਚ ਸੰਚਾਲਣ ਦੀ ਸੇਵਾ ਬਾਬਾ ਜਰਨੈਲ ਸਿੰਘ ਨੇ ਬਾਖੂਬੀ ਨਿਭਾਈ ਜਦ ਕਿ ਸੰਤ ਬਾਬਾ ਨਰਿੰਦਰ ਸਿੰਘ ਸ੍ਰੀ ਹਜੂਰ ਸਾਹਿਬ ਵਾਲਿਆਂ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਪੁੱਜੀਆਂ ਨਾਮਵਰ ਸਖਸੀਅਤਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਅੰਮ੍ਰਿਤ ਸੰਚਾਰ ਦੌਰਾਨ 20 ਪ੍ਰਾਣੀ ਗੁਰੂ ਵਾਲੇ ਬਣੇ। ਇਸ ਮੌਕੇ ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ ਵਾਲੇ, ਬਾਬਾ ਮੰਗਾ ਸਿੰਘ ਧਰਮਕੋਟ, ਬਾਬਾ ਮੇਜਰ ਸਿੰਘ ਸਾਹਨੇਵਾਲ, ਬਾਬਾ ਗੁਰਦੇਵ ਸਿੰਘ ਬਜਵਾੜੇ ਵਾਲੇ, ਬੀਬੀ ਜਸਪ੍ਰੀਤ ਕੌਰ ਮਾਹਿਲਪੁਰ, ਬਾਬਾ ਕਸਮੀਰਾ ਸਿੰਘ ਕੋਟ ਫਤੂਹੀ, ਬਾਬਾ ਹਰਮੀਤ ਸਿੰਘ ਬਣਾ ਸਾਹਿਬ, ਬਾਬਾ ਮੇਜਰ ਸਿੰਘ ਸਾਹਨੇਵਾਲ, ਬਾਬਾ ਜਸਪਾਲ ਸਿੰਘ ਪੰਜੋਡ, ਜਥੇ. ਇਕਬਾਲ ਸਿੰਘ ਖੇੜਾ, ਸਾਬਕਾ ਸਰਪੰਚ ਜਸਵੀਰ ਸਿੰਘ ਭੱਟੀ, ਅਮਰਜੀਤ ਸਿੰਘ ਰਾਜਾ ਜਾਂਗਲੀਆਣਾ, ਲਵਲੀਨ ਸਿੰਘ ਨਰੂੜ, ਸੁਖਦੇਵ ਸਿੰਘ ਨਰੂੜ, ਬਲਜਿੰਦਰ ਸਿੰਘ ਖਾਲਸਾ ਪੰਜੋਡ, ਲਖਵਿੰਦਰ ਸਿੰਘ ਵਿੰਦਾ, ਧਰਮਿੰਦਰ ਸਿੰਘ ਸੋਨੂੰ, ਕਿਰਪਾਲ ਸਿੰਘ ਅਜਨੋਹਾ, ਬੂਟਾ ਸਿੰਘ ਕੋਟ ਫਤੂਹੀ ਆਦਿ ਹਾਜਰ ਸਨ।

ਡਿਪਟੀ ਕਮਿਸ਼ਨਰ ਨੇ ਜਨ ਸੁਣਵਾਈ ਕੈਂਪ ਦੌਰਾਨ ਝੱਜ, ਪਚਰੰਡਾ ਤੇ ਡੂਮੇਵਾਲ ਦੀਆਂ ਸੁਣੀਆਂ ਸ਼ਿਕਾਇਤਾਂ

ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡ ਪੱਧਰ ਉੱਤੇ ਜਨ ਸੁਣਵਾਈ ਕੈਂਪ ਲਗਾ ਕੇ ਲੋਕਾਂ ਦੀਆਂ ਮੁਸਕਲਾਂ ਦੇ ਹੱਲ ਕੀਤੇ ਜਾ ਰਹੇ ਹਨ ਅਤੇ ਸਰਕਾਰੀ ਵਿਭਾਗਾਂ ਵੱਲੋਂ ਲੋਕ ਭਲਾਈ ਸਕੀਮਾਂ ਦਾ ਲਾਭ ਉਨ੍ਹਾਂ ਦੇ ਘਰ ਦੇ ਨੇੜੇ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਰੂਪਨਗਰ ਵੱਲੋਂ ਪਿੰਡ ਝੱਜ ਵਿਖੇ ਜਨ ਸੁਣਵਾਈ ਕੈਂਪ ਲਗਾ ਕੇ ਪਿੰਡ ਝੱਜ, ਪਚਰੰਡਾ ਤੇ ਡੂਮੇਵਾਲ ਦੀਆਂ ਸ਼ਿਕਾਇਤਾਂ ਸੁਣੀਆਂ ਗਈਆਂ। ਕੈਂਪ ਵਿੱਚ ਡਿਪਟੀ ਕਮਿਸ਼ਨਰ ਰੂਪਨਗਰ ਡਾ.ਪ੍ਰੀਤੀ ਯਾਦਵ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਇਸ ਕੈਂਪ ਦੀ ਅਗਵਾਈ ਕਰਦਿਆਂ ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ ਨੇ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਪਿੰਡਾਂ ਵਿੱਚ ਇਹ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਜਮੀਨੀ ਹਕੀਕਤ ਦਾ ਪਤਾ ਚੱਲ ਸਕੇ। ਇਸ ਮੌਕੇ ਉਨ੍ਹਾਂ ਤਿੰਨੋ ਪਿੰਡਾਂ ਦੇ ਮਸਲੇ ਸੁਣੇ ਅਤੇ ਲੰਬਿਤ ਮਾਮਲਿਆਂ ਲਈ ਅਧਿਕਾਰੀਆਂ ਦੀ ਤਾੜਨਾ ਕੀਤੀ। ਡਿਪਟੀ ਕਮਿਸ਼ਨਰ ਨੇ ਕਿਹਾ ਤਿੰਨਾਂ ਪਿੰਡਾਂ ਦੇ ਨਿਵਾਸੀਆਂ ਦੀਆਂ ਸ਼ਿਕਾਇਤਾਂ ਅਤੇ ਮੰਗਾਂ ਨੂੰ ਸੁਣਿਆ ਅਤੇ ਸਮਝਿਆ ਹੈ ਜਿਸ ਉਪਰੰਤ ਸੰਬੰਧਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਅਜਿਹੇ ਕੈਂਪ ਲਗਾਤਾਰ ਲਗਦੇ ਰਹਿਣਗੇ, ਜਿਨ੍ਹਾਂ ਸਦਕਾ ਲੋਕਾਂ ਦੇ ਕੰਮ ਨਿਸ਼ਚਿਤ ਸਮੇਂ ਅੰਦਰ ਹੋ ਜਾਇਆ ਕਰਨਗੇ। ਉਨ੍ਹਾਂ ਲੋਕਾਂ ਨੂੰ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਵੀ ਕੀਤੀ। ਇਸ ਕੈਂਪ ਦੌਰਾਨ ਪਿੰਡ ਝੱਜ ਦੀ ਪੰਚਾਇਤ ਨੇ ਆਪਣੀ ਸਮੱਸਿਆ ਤੋਂ ਜਾਣੂ ਕਰਵਾਉਂਦਿਆਂ ਦੱਸਿਆ ਕਿ ਇਸ ਪਿੰਡ ਵਿੱਚ ਸੋਲਰ ਲਾਈਟਾਂ ਲਗਵਾਉਣ ਸਬੰਧੀ, ਸਮਸਾਨ ਘਾਟ ਤੇ ਹੱਡਾ ਰੋੜੀ ਦੀ ਚਾਰਦੀਵਾਰੀ ਲਈ, ਝੱਜ ਤੋਂ ਰਾਏਪੁਰ ਰੋਡ 'ਤੇ ਪੁਲੀ ਲਗਾਉਣ ਸਬੰਧੀ,

ਸੀਵਰੇਜ ਤੇ ਬਰਸਾਤੀ ਪਾਣੀ ਦੀ ਸਮੱਸਿਆ, ਬੱਸ ਅੱਡੇ ਦੀ ਖਸਤਾ ਹਾਲਤ ਸਬੰਧੀ, ਜਾਨਵਰਾਂ ਦੁਆਰਾ ਫਸਲਾਂ ਦੀ ਬਰਬਾਦੀ ਕਰਨ ਅਤੇ ਪਿੰਡ ਵਿੱਚ ਇੱਕ ਹੋਰ ਆਂਗਨਵਾੜੀ ਸੈਂਟਰ ਬਣਾਉਣ, ਪਿੰਡ ਵਿੱਚ ਮਗਨਰੇਗਾ ਦਾ ਕੰਮ ਲਗਾਉਣ ਸਬੰਧੀ ਸਮੱਸਿਆਵਾਂ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ। ਇਸ ਤੋਂ ਇਲਾਵਾ ਪਿੰਡ ਝੱਜ ਦੀ ਪੰਚਾਇਤ ਵੱਲੋਂ ਬੱਚਿਆਂ ਲਈ ਲਾਇਬ੍ਰੇਰੀ ਅਤੇ ਆਂਗਨਵਾੜੀ ਦੀ ਮੰਗ ਵੀ ਰੱਖੀ ਗਈ, ਜਿਸ 'ਤੇ ਡਿਪਟੀ ਕਮਿਸ਼ਨਰ ਰੂਪਨਗਰ ਡਾ. ਪ੍ਰੀਤੀ ਯਾਦਵ ਵੱਲੋਂ ਇਸ ਮੰਗ ਦੀ ਸ਼ਲਾਘਾ ਵੀ ਕੀਤੀ ਗਈ ਤੇ ਇਸ ਨੂੰ ਜਲਦ ਤੋਂ ਜਲਦ ਬਣਾਉਣ ਦਾ ਸਥਾਨਕ ਵਾਸੀਆਂ ਨੂੰ ਭਰੋਸਾ ਵੀ ਦਿੱਤਾ ਗਿਆ। ਡਿਪਟੀ ਕਮਿਸ਼ਨਰ ਨੇ ਕੈਂਪ ਵਿੱਚ ਮੌਜੂਦ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣ ਤਾਂ ਜੋ ਲੋਕਾਂ ਨੂੰ ਇਹਨਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਮਿਲ ਸਕੇ। ਡਿਪਟੀ ਕਮਿਸ਼ਨਰ ਨੇ ਵੱਖੋ-ਵੱਖ ਸ਼ਿਕਾਇਤ ਕਾਊਂਟਰਜ ਦਾ ਜਾਇਜਾ ਲਿਆ ਤੇ ਲੌੜੀਂਦੇ ਦਿਸ਼ਾ ਨਿਰਦੇਸ਼ ਵੀ ਜਾਰੀ ਕੀਤੇ। ਇਸ ਮੌਕੇ ਲੋਕਾਂ ਨੂੰ ਲੋਕ ਭਲਾਈ ਸਕੀਮਾਂ ਬਾਰੇ ਜਾਗਰੂਕ ਵੀ ਕੀਤਾ ਗਿਆ। ਇਸ ਦੇ ਨਾਲ ਹੀ ਵੱਖ-ਵੱਖ ਲੋਕ ਭਲਾਈ ਸਕੀਮਾਂ ਦਾ ਲਾਭ ਦੇਣ ਸਬੰਧੀ ਲੋੜੀਂਦੀ ਕਾਰਵਾਈ ਵੀ ਸ਼ੁਰੂ ਕੀਤੀ ਗਈ। ਇਸ ਮੌਕੇ ਵੱਖ-ਵੱਖ ਵਿਭਾਗਾਂ ਜਿਵੇਂ ਰੋਜਗਾਰ ਵਿਭਾਗ, ਸਿਹਤ ਵਿਭਾਗ, ਸਮਾਜਿਕ ਸੁਰੱਖਿਆ ਵਿਭਾਗ, ਜ਼ਿਲ੍ਹਾ ਉਦਯੋਗ ਕੇਂਦਰ, ਜਲ ਸਪਲਾਈ ਵਿਭਾਗ, ਹੁਨਰ ਵਿਕਾਸ ਮਿਸ਼ਨ, ਪੰਜਾਬ ਰਾਜ ਦਿਹਾਤੀ ਅਜੀਵਿਕਾ ਮਿਸ਼ਨ, ਲੋਕਾਂ ਨੂੰ ਲੋਕ ਭਲਾਈ ਸਕੀਮਾਂ ਬਾਰੇ ਜਾਗਰੂਕ ਵੀ ਕੀਤਾ ਗਿਆ। ਇਸ ਮੌਕੇ ਮਨੀਸ਼ਾ ਰਾਣਾ ਆਈ.ਏ.ਐਸ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਅਨੰਦਪੁਰ ਸਾਹਿਬ ਨੇ ਦੱਸਿਆ ਕਿ ਸਰਕਾਰ ਦੀਆਂ ਹਦਾਇਤਾ ਅਨੁਸਾਰ ਲਗਾਏ ਜਾ ਰਹੇ ਜਨ ਸੁਣਵਾਈ ਕੈਂਪ ਵਿੱਚ ਮਿਲ ਰਹੀਆਂ ਸ਼ਿਕਾਇਤਾਂ ਦਾ ਸਮਾਂਬੱਧ ਨਿਪਟਾਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਮੁੱਖ ਮੰਤਰੀ ਫੀਲਡ ਅਫਸਰ ਸ੍ਰੀਮਤੀ ਅਨਮਜੋਤ ਕੌਰ, ਤਹਿਸੀਲਦਾਰ ਰਿਤੂ ਕਪੂਰ, ਬੀ.ਡੀ.ਪੀ.ਓ ਜੁਝਾਰ ਸਿੰਘ, ਸੀ.ਡੀ.ਪੀ.ਓ ਜਸਵੀਰ ਕੌਰ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਅਤੇ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਲੋਕ ਹਾਜਰ ਸਨ।